ਮੰਗਲਵਾਰ, 29 ਸਤੰਬਰ, 2026
13 ਅੱਸੂ { ਨਾਨਕਸ਼ਾਹੀ 558, ਬਿਕਰਮੀ 2083
ਜਿਲਦ/VOL. : 75
ਅੰਕ/NO. : 119

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 29 SEPTEMBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਕਾਂਗਰਸ ਪੰਜਾਬ ਬਚਾਉਣ ਲਈ ਗੱਠਜੋੜ ਧਰਮ ਨਿਭਾਏ : ਬਰਾੜ

## ਖਟਕੜ ਕਲਾਂ 'ਚ ਵਿਸ਼ਾਲ ਇਕੱਠ, ਨੌਜਵਾਨ ਸ਼ਹੀਦੇ-ਆਜ਼ਮ ਤੋਂ ਸੇਧ ਲੈਣ : ਦੇਵੀ ਕੁਮਾਰੀ



**ਬੰਗਾ (ਅਵਤਾਰ ਕਲੇਰ)**
'ਦੇਸ਼ ਦੀ ਆਜ਼ਾਦੀ ਸੰਗਰਾਮ ਦੇ ਕੌਮੀ ਸ਼ਹੀਦ, ਨੌਜਵਾਨਾਂ ਦੇ ਰਾਹ ਦਸੇਰਾ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦਾ ਜਨਮ ਦਿਹਾੜਾ ਸੀ ਪੀ ਆਈ ਵੱਲੋਂ ਖਟਕੜ ਕਲਾਂ ਵਿਖੇ ਮਨਾਇਆ ਗਿਆ।ਇਸ ਮੌਕੇ ਸੀ ਪੀ ਆਈ ਦੇ ਕੌਮੀ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ, ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ ਜਨਰਲ ਸਕੱਤਰ ਪੰਜਾਬ ਖੇਤ ਮਜ਼ਦੂਰ ਸਭਾ ਪੰਜਾਬ ਨੇ ਸੰਬੋਧਨ ਕੀਤਾ। ਨਵਾਂਸ਼ਹਿਰ ਰੇਲਵੇ ਸਟੇਸ਼ਨ ਤੋਂ ਗੱਡੀਆਂ ਅਤੇ ਮੋਟਰਸਾਈਕਲਾਂ 'ਤੇ ਮਾਰਚ ਕਰਦਿਆਂ, ਨਾਹਰੇ ਲਗਾਉਂਦਿਆਂ ਜਥਾ ਖਟਕੜ ਕਲਾਂ ਵਿਖੇ ਪਹੁੰਚਿਆ ਤੇ ਸ਼ਹੀਦ ਭਗਤ ਸਿੰਘ ਦੇ ਬੁੱਤ 'ਤੇ ਨਤਮਸਤਕ ਹੋਇਆ।ਇਕੱਠ ਨੂੰ ਸੰਬੋਧਨ ਕਰਦਿਆਂ ਕਾਮਰੇਡ ਬਰਾੜ ਨੇ ਕਿਹਾ ਕਿ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਅਤੇ ਉਸ ਦੇ ਸਾਥੀਆਂ ਨੇ ਭਰ ਜਵਾਨੀ 'ਚ ਹੀ ਦੇਸ਼ ਲਈ ਕੁਰਬਾਨੀਆਂ ਦਿੱਤੀਆਂ। ਭਗਤ ਸਿੰਘ ਦੇਸ਼ ਦੀ ਆਜ਼ਾਦੀ ਦੇ ਨਾਲ-ਨਾਲ ਬਰਾਬਰਤਾ, ਜਾਤ-ਪਾਤ ਤੋਂ ਰਹਿਤ ਸਮਾਜ ਚਾਹੁੰਦਾ ਸੀ। ਪਰ 7-8 ਦਹਾਕੇ ਬੀਤਣ ਦੇ ਬਾਵਜੂਦ ਸਮੇਂ ਦੀਆਂ ਸਰਕਾਰਾਂ ਉਹ ਸਮਾਜ ਸਿਰਜਣ 'ਚ ਨਾਕਾਮ ਰਹੀਆਂ।ਅੱਜ ਹਰ ਪਾਸੇ ਨਸ਼ੇ ਦਾ ਦੌਰ ਜਾਰੀ ਹੈ, ਅਮੀਰੀ ਅਤੇ ਗਰੀਬੀ ਦਾ ਪਾੜਾ ਵਧ ਰਿਹਾ, ਭ੍ਰਿਸ਼ਟਾਚਾਰ, ਅੰਧਵਿਸ਼ਵਾਸ ਜਾਰੀ ਹੈ।ਨੌਜਵਾਨਾਂ ਲਈ ਕੰਮ ਨਹੀਂ, ਬਜ਼ੁਰਗ ਸੜਕਾਂ 'ਤੇ ਰੁਲ ਰਹੇ ਹਨ।ਕੰਮ ਮੰਗਣ ਵਾਲਿਆਂ ਨੂੰ ਕੁੱਟਿਆ ਜਾ ਰਿਹਾ ਹੈ।ਭਗਤ ਸਿੰਘ ਦੇ ਸੁਪਨਿਆਂ ਦਾ ਸਮਾਜ ਸਿਰਜਣ ਲਈ ਨੌਜਵਾਨਾਂ ਨੂੰ ਅੱਗੇ ਆਉਣਾ ਚਾਹੀਦਾ ਹੈ।ਸਾਥੀ ਬਰਾੜ ਨੇ ਕਿਹਾ ਕਿ 26 ਸਤੰਬਰ ਤੋਂ ਲੈ ਕੇ 2 ਅਕਤੂਬਰ ਤੱਕ ਸਾਰਾ ਹਫਤਾ ਰੋਸ ਪ੍ਰਗਟ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੇ ਇਸ਼ਾਰੇ 'ਤੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਲੋਕਤੰਤਰ ਨੂੰ ਕੁਚਲਣ ਲੱਗਾ ਹੈ।ਕਰੋੜਾਂ ਵੋਟਾਂ ਕੱਟ ਦਿੱਤੀਆਂ ਹਨ।ਉਸ ਨੂੰ ਗ੍ਰਿਫਤਾਰ ਕਰ ਕੇ ਉਸ 'ਤੇ ਮੁਕੱਦਮਾ ਚਲਾਉਣਾ ਚਾਹੀਦਾ • ਬਾਕੀ ਸਫਾ 2 'ਤੇ

# ਪੀ ਯੂ ਸੈਨੇਟ ਚੋਣ 'ਚ ਡਾ. ਸੁਖਦੇਵ ਸਿੰਘ ਸਿਰਸਾ ਤੇ ਨਰੇਸ਼ ਗੌੜ ਜੇਤੂ



**ਚੰਡੀਗੜ੍ਹ/ਲੁਧਿਆਣਾ (ਸੁਰਜੀਤ ਸੁਮਨ/ ਰੈਕਟਰ ਕਥੂਰੀਆ)**
ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀਆਂ 20 ਸਤੰਬਰ ਨੂੰ ਹੋਈਆਂ ਗੈਜੂਏਟ ਹਲਕੇ ਦੀਆਂ ਚੋਣਾਂ ਦੇ ਸੋਮਵਾਰ ਐਲਾਨੇ ਨਤੀਜਿਆਂ 'ਚੇ ਡਾ. ਸੁਖਦੇਵ ਸਿੰਘ ਸਿਰਸਾ ਸ਼ਾਨਦਾਰ ਵੋਟਾਂ ਲੈ ਕੇ ਜੇਤੂ ਰਹੇ। ਗੈਜੂਏਟ ਹਲਕੇ ਲਈ 51 ਉਮੀਦਵਾਰ ਚੋਣ ਮੈਦਾਨ ਵਿੱਚ ਸਨ, ਜਿਨ੍ਹਾਂ ਵਿੱਚ 15 ਉਮੀਦਵਾਰਾਂ ਦੀ ਚੋਣ ਹੋਈ। ਚੁਣੇ ਗਏ ਉਮੀਦਵਾਰਾਂ ਵਿੱਚੋਂ ਸੁਖਦੇਵ ਸਿੰਘ ਸਿਰਸਾ 2985 ਵੋਟਾਂ ਪ੍ਰਾਪਤ ਕਰਕੇ ਸੱਤਵੇਂ ਸਥਾਨ ਉੱਤੇ ਰਹੇ। ਇਸ ਦੇ ਨਾਲ ਨਰੇਸ਼ ਗੌੜ 2061 ਵੋਟਾਂ ਪ੍ਰਾਪਤ ਕਰਕੇ 15ਵੇਂ ਸਥਾਨ ਉੱਤੇ ਜੇਤੂ ਰਹੇ। ਜੇਤੂ ਉਮੀਦਵਾਰਾਂ ਵਿੱਚ ਮੁਕੇਸ਼ ਕੁਮਾਰ ਅਰੋੜਾ (ਵੋਟਾਂ 3424), ਡਾ. ਸ਼ੰਕਰ ਚੌਧਰੀ (3380), ਸਿਮਰਨਜੀਤ ਸਿੰਘ ਢਿੱਲੋਂ (3374), ਸੰਦੀਪ ਸਿੰਘ (3044), ਵਰਿੰਦਰ ਸਿੰਘ (3040), ਸੁਰਜੀਤ ਸਿੰਘ (2986), ਸੁਖਦੇਵ ਸਿੰਘ ਸਿਰਸਾ (2985), ਜੋਧ ਸਿੰਘ ਐਡਵੋਕੇਟ (2980), ਅਸ਼ੋਕ ਗੋਇਲ (2775), ਅਮਨਇੰਦਰ ਮਾਨ (2727), ਲਾਜਵੰਤ ਸਿੰਘ ਵਿਰਕ (2517), ਗੌਰਜ ਸਿੰਘ (2415), ਕਪਿਲ ਸਿੰਘ (2392), ਮੇਹਰ ਸਿੰਘ (2375), ਤੇ ਨਰੇਸ਼ ਗੌੜ (2061) ਸ਼ਾਮਲ ਹਨ। ਡਾ. ਸੁਖਦੇਵ ਸਿੰਘ ਸਿਰਸਾ ਦੀ ਇਸ ਸ਼ਾਨਦਾਰ ਜਿੱਤ ਉੱਤੇ ਪ੍ਰਗਤੀਸ਼ੀਲ ਲੇਖਕ ਸੰਘ ਜਲੰਧਰ ਇਕਾਈ ਦੇ ਪ੍ਰਧਾਨ ਪ੍ਰਿੰ. ਜਸਪਾਲ ਸਿੰਘ ਰੰਧਾਵਾ, ਜਨਰਲ ਸਕੱਤਰ ਭਗਵੰਤ ਰਸੂਲਪੁਰੀ, ਸੀਨੀਅਰ ਮੀਤ ਪ੍ਰਧਾਨ ਮੱਖਣ ਮਾਨ, ਦੇਸ਼ ਭਗਤ ਹਾਲ ਦੇ ਜਨਰਲ ਸਕੱਤਰ ਕਾਮਰੇਡ ਗੁਰਮੀਤ ਤੇ ਹੋਰਨਾਂ ਨੇ ਵਧਾਈ ਦਿੱਤੀ।

# ਭਗਤ ਸਿੰਘ ਦੇ ਸੁਪਨਿਆਂ ਦਾ ਪੰਜਾਬ ਬਣਾਉਣ ਲਈ ਸਰਕਾਰ ਵਚਨਬੱਧ : ਮਾਨ



**ਲੁਧਿਆਣਾ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਸੁਪਨਿਆਂ ਅਨੁਸਾਰ ਦੇਸ਼ ਭਗਤੀ, ਬਰਾਬਰੀ, ਇਨਸਾਫ਼ ਅਤੇ ਲੋਕ-ਭਲਾਈ 'ਤੇ ਆਧਾਰਿਤ ਪੰਜਾਬ ਦੀ ਸਿਰਜਣਾ ਲਈ ਕੰਮ ਕਰ ਰਹੀ ਹੈ। ਉਹ ਪੀ.ਏ.ਯੂ. ਵਿਖੇ 'ਜਸ਼ਨ-ਏ-ਇਨਕਲਾਬ' ਸਮਾਗਮ ਨੂੰ ਸੰਬੋਧਨ ਕਰ ਰਹੇ ਸਨ।ਮਾਨ ਨੇ ਕਿਹਾ ਕਿ ਮੋਹਾਲੀ ਹਵਾਈ ਅੱਡੇ ਦਾ ਨਾਮ ਸ਼ਹੀਦ ਭਗਤ ਸਿੰਘ ਦੇ ਨਾਂ 'ਤੇ ਰੱਖਣ, 30 ਫੁੱਟ ਉੱਚਾ ਬੁੱਤ ਸਥਾਪਤ ਕਰਨ ਅਤੇ ਸਰਕਾਰੀ ਦਫ਼ਤਰਾਂ ਵਿੱਚ ਭਗਤ ਸਿੰਘ ਤੇ ਬਾਬਾ ਸਾਹਿਬ ਅੰਬੇਦਕਰ ਦੀਆਂ ਤਸਵੀਰਾਂ ਲਾਉਣ ਸਮੇਤ ਖਟਕੜ ਕਲਾਂ ਵਿਖੇ 52 ਕਰੋੜ ਰੁਪਏ ਦੀ ਲਾਗਤ ਨਾਲ ਵਿਰਾਸਤੀ ਕੰਪਲੈਕਸ ਬਣਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਖਟਕੜ ਕਲਾਂ ਨੂੰ ਵਿਰਾਸਤੀ, ਵਿਦਿਅਕ ਅਤੇ ਸੱਭਿਆਚਾਰਕ-ਸੈਰ-ਸਪਾਟਾ ਕੇਂਦਰ ਵਜੋਂ ਵਿਕਸਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪ੍ਰਾਜੈਕਟ ਦਾ ਕੰਮ ਅੰਤਿਮ ਪੜਾਅ 'ਤੇ ਹੈ ਅਤੇ ਇਸ ਨੂੰ ਜਲਦ ਲੋਕਾਂ ਨੂੰ ਸਮਰਪਿਤ ਕੀਤਾ ਜਾਵੇਗਾ।ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਵੱਲੋਂ ਸਿੱਖਿਆ, ਸਿਹਤ, ਰੁਜ਼ਗਾਰ, ਸੜਕਾਂ ਅਤੇ ਸਿੰਚਾਈ ਸਮੇਤ ਵੱਖ-ਵੱਖ ਖੇਤਰਾਂ ਵਿੱਚ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਲਗਭਗ 1,100 ਆਮ ਆਦਮੀ ਕਲੀਨਿਕ, 70 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ਅਤੇ ਕਰੀਬ 45 ਹਜ਼ਾਰ ਕਿਲੋਮੀਟਰ ਸੜਕਾਂ ਦੀ ਮੁਰੰਮਤ ਤੇ ਅਪਗ੍ਰੇਡੇਸ਼ਨ ਦਾ ਜ਼ਿਕਰ ਕੀਤਾ।ਉਨ੍ਹਾਂ ਕਿਹਾ ਕਿ ਸ਼ਹੀਦ ਭਗਤ ਸਿੰਘ ਦੇ ਸੁਪਨਿਆਂ ਨੂੰ ਸਾਕਾਰ ਕਰਨਾ ਹੀ ਉਨ੍ਹਾਂ ਨੂੰ ਸੱਚੀ ਸ਼ਰਧਾਂਜਲੀ ਹੈ ਅਤੇ ਨੌਜਵਾਨਾਂ ਨੂੰ ਉਨ੍ਹਾਂ ਦੇ ਵਿਚਾਰਾਂ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਿਰਫ਼ ਮੁਫ਼ਤ ਸਹੂਲਤਾਂ ਜਾਂ ਰਿਆਇਤੀ ਕਾਰਡ ਗਰੀਬੀ ਖ਼ਤਮ ਨਹੀਂ ਕਰ ਸਕਦੇ, ਸਗੋਂ ਸਿੱਖਿਆ ਹੀ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਦੀ ਕੁੰਜੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਸਿੱਖਿਆ ਦੇ ਮਿਆਰ ਨੂੰ ਸੁਧਾਰਨ ਅਤੇ ਲੋਕਾਂ ਨੂੰ ਸਮਰੱਥ ਬਣਾਉਣ ਲਈ ਯਤਨਸ਼ੀਲ ਹੈ।ਉਨ੍ਹਾਂ ਦੱਸਿਆ ਕਿ ਸੂਬੇ ਵਿੱਚ ਕਰੀਬ 45 ਹਜ਼ਾਰ ਕਿਲੋਮੀਟਰ ਸੜਕਾਂ ਦੀ ਮੁਰੰਮਤ ਤੇ ਅਪਗ੍ਰੇਡੇਸ਼ਨ ਕੀਤੀ ਜਾ ਰਹੀ ਹੈ, ਜਦਕਿ ਨਹਿਰੀ ਸਿੰਜਾਈ ਅਧੀਨ ਰਕਬਾ 26 ਫੀਸਦੀ ਤੋਂ ਵਧ ਕੇ 80 ਫੀਸਦੀ ਹੋ ਗਿਆ ਹੈ। ਉਨ੍ਹਾਂ ਕਿਹਾ ਕਿ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਪ੍ਰਤੀ ਪਰਿਵਾਰ 10 ਲੱਖ ਰੁਪਏ ਤੱਕ ਦਾ ਕੈਸ਼ਲੈੱਸ ਇਲਾਜ ਦਿੱਤਾ ਜਾ ਰਿਹਾ ਹੈ।

ਮਾਨ ਨੇ ਦੱਸਿਆ ਕਿ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਮਹਿਲਾਵਾਂ ਨੂੰ 1,000 ਰੁਪਏ ਅਤੇ ਅਨੁਸੂਚਿਤ ਜਾਤੀ ਦੀਆਂ ਮਹਿਲਾਵਾਂ ਨੂੰ 1,500 ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਹੈ। ਉਨ੍ਹਾਂ ਨੌਜਵਾਨਾਂ ਨੂੰ ਸ਼ਹੀਦ ਭਗਤ ਸਿੰਘ ਦੇ ਵਿਚਾਰਾਂ ਤੋਂ ਪ੍ਰੇਰਨਾ ਲੈ ਕੇ ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਪਾਉਣ ਦਾ ਸੱਦਾ ਦਿੱਤਾ। ਪੀ.ਏ.ਯੂ. ਵਿਖੇ 'ਜਸ਼ਨ-ਏ-ਇਨਕਲਾਬ' ਸਮਾਗਮ ਦੌਰਾਨ ਪੰਜਾਬੀ ਕਲਾਕਾਰਾਂ ਦੇ ਸੰਗੀਤਕ ਪ੍ਰਦਰਸ਼ਨਾਂ ਅਤੇ ਢਾਡੀ ਜਥਿਆਂ ਦੀਆਂ ਵਾਰਾਂ ਰਾਹੀਂ ਭਗਤ ਸਿੰਘ, ਸੁਖਦੇਵ ਤੇ ਰਾਜਗੁਰੂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਰਣਜੀਤ ਬਾਵਾ ਅਤੇ ਕੁਲਵਿੰਦਰ ਬਿੱਲਾ ਸਮੇਤ ਕਲਾਕਾਰਾਂ ਨੇ ਪੇਸ਼ਕਾਰੀਆਂ ਦਿੱਤੀਆਂ।

# ਭਗਤ ਸਿੰਘ ਦੀ ਵਿਚਾਰਧਾਰਾ 'ਤੇ ਚੱਲਦਿਆਂ ਬੰਦਖਲਾਸੀ ਦੀ ਲੜਾਈ ਤਿੱਖੀ ਕੀਤੀ ਜਾਵੇ : ਧਾਲੀਵਾਲ



**ਜ਼ੀਰਾ** : ਸੋਮਵਾਰ ਇੱਥੇ ਟਰੇਡ ਯੂਨੀਅਨ ਕੌਂਸਲ ਵੱਲੋਂ ਸ਼ਹੀਦੇ-ਆਜ਼ਮ ਭਗਤ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਤ ਮਹੱਤਵਪੂਰਨ ਇਕੱਤਰਤਾ ਕੀਤੀ ਗਈ, ਜਿਸ ਵਿੱਚ ਉਚੇਚੇ ਤੌਰ 'ਤੇ ਕਾਮਰੇਡ ਨਿਰਮਲ ਸਿੰਘ ਧਾਲੀਵਾਲ ਸੂਬਾ ਸਕੱਤਰ ਸੀ ਪੀ ਆਈ ਨੇ ਸ਼ਿਰਕਤ ਕੀਤੀ। ਟਰੇਡ ਯੂਨੀਅਨ ਕੌਂਸਲ ਦੇ ਪ੍ਰਧਾਨ ਸਾਥੀ ਤਰਸੇਮ ਸਿੰਘ ਅਤੇ ਜਨਰਲ ਸਕੱਤਰ ਬਲਦੇਵ ਰਾਜ ਵੱਲੋਂ ਬਹੁਤ ਹੀ ਸ਼ਾਨਦਾਰ ਤਰੀਕੇ ਨਾਲ ਇਸ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਜ਼ਿਲ੍ਹਾ ਸੀ ਪੀ ਆਈ ਫਿਰੋਜ਼ਪੁਰ ਦੇ ਸਕੱਤਰ ਕਸ਼ਮੀਰ ਸਿੰਘ ਅਤੇ ਰਸ਼ਪਾਲ ਸਿੰਘ ਸੰਧੂ ਵੀ ਆਪਣੇ ਸਾਥੀਆਂ ਸਮੇਤ ਸ਼ਾਮਲ ਹੋਏ। ਇਸ ਇਕੱਠ ਵਿੱਚ ਮੰਡੀਕਰਨ ਬੋਰਡ ਦੇ ਮੁਲਾਜ਼ਮ, ਬਿਜਲੀ ਮੁਲਾਜ਼ਮ, ਰੋਡਵੇਜ਼ ਮੁਲਾਜ਼ਮ, ਸਨਅਤੀ ਕਾਮੇ, ਟੈਲੀਫੋਨ ਮੁਲਾਜ਼ਮ, ਆਸ਼ਾ ਵਰਕਰਜ਼, ਆਂਗਣਵਾੜੀ ਵਰਕਰ, ਅਧਿਆਪਕ ਅਤੇ ਇਸਤਰੀ ਸਭਾ ਆਦਿ ਵੱਲੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਗਈ।

ਪ੍ਰੋਗਰਾਮ ਦਾ ਆਗਾਜ਼ ਇਨਕਲਾਬੀ ਗੀਤ ਨਾਲ ਹੋਇਆ, ਉਪਰੰਤ ਸਾਥੀ ਤਰਸੇਮ ਸਿੰਘ ਨੇ ਸਾਰੇ ਆਏ ਹੋਏ ਸਰੋਤਿਆਂ ਨੂੰ ਜੀ ਆਇਆਂ ਕਹਿੰਦਿਆਂ ਕਿਹਾ ਕਿ ਸ਼ਹੀਦੇ-ਆਜ਼ਮ ਭਗਤ ਸਿੰਘ ਨੇ ਦੇਸ਼ ਵਾਸਤੇ ਲਾਸਾਨੀ ਕੁਰਬਾਨੀ ਕੀਤੀ ਅਤੇ ਦੇਸ਼ ਨੂੰ ਆਜ਼ਾਦ ਕਰਾਉਣ ਵਿੱਚ ਵੱਡੀ ਭੂਮਿਕਾ ਅਦਾ ਕੀਤੀ। ਉਨ੍ਹਾਂ ਦੀ ਕੁਰਬਾਨੀ ਨੂੰ ਅੱਜ ਦਾ ਬੱਚਾ ਬੱਚਾ ਬੜੇ ਮਾਣ ਅਤੇ ਸਤਿਕਾਰ ਦੇ ਨਾਲ ਯਾਦ ਵੀ ਕਰਦਾ ਹੈ ਅਤੇ ਉਨ੍ਹਾਂ ਦੀ ਵਿਚਾਰਧਾਰਾ ਅਤੇ ਮਿਸਾਲੀ ਕੁਰਬਾਨੀ ਤੋਂ ਪ੍ਰੇਰਨਾ ਵੀ ਲੈਂਦਾ ਹੈ।

ਕਾਮਰੇਡ ਧਾਲੀਵਾਲ ਨੇ ਸ਼ਹੀਦੇ-ਆਜ਼ਮ ਸਰਦਾਰ ਭਗਤ ਸਿੰਘ ਦੇ ਪਵਿੱਤਰ ਜਨਮ ਦਿਨ ਮੌਕੇ ਦੇਸ਼ ਵਾਸੀਆਂ ਨੂੰ ਅਤੇ ਪੰਜਾਬ ਵਾਸੀਆਂ ਵਧਾਈ ਦਿੰਦਿਆਂ ਕਿਹਾ ਕਿ ਭਗਤ ਸਿੰਘ 'ਤੇ ਛੋਟੀ ਉਮਰ ਵਿੱਚ ਹੀ ਜਲ੍ਹਿਆਂਵਾਲੇ ਬਾਗ ਦੀ ਘਟਨਾ ਦਾ ਡੂੰਘਾ ਅਸਰ ਹੋਇਆ ਸੀ। ਅੰਗਰੇਜ਼ ਹਕੂਮਤ ਦੇ ਖਿਲਾਫ ਲੋਕਾਂ ਨੂੰ ਜਾਗਰੂਕ ਕਰਨ ਲਈ ਭਗਤ ਸਿੰਘ ਅਤੇ ਬਟੁਕੇਸ਼ਵਰ ਦੱਤ ਨੇ 8 ਅਪ੍ਰੈਲ 1929 ਨੂੰ ਕੇਂਦਰੀ ਅਸੈਂਬਲੀ ਵਿੱਚ ਬੰਬ ਸੁੱਟਿਆ ਭਾਵੇਂ ਇਹ ਬੰਬ ਕੋਈ ਖਤਰਨਾਕ ਕਿਸਮ ਦਾ ਨਹੀਂ ਸੀ। ਅਸੈਂਬਲੀ ਵਿੱਚ ਭਗਦੜ ਮੱਚ ਗਈ। ਭਗਤ ਸਿੰਘ ਅਤੇ ਦੱਤ ਉਥੋਂ ਭੱਜੇ • ਬਾਕੀ ਸਫਾ 2 'ਤੇ

# ਨੋ ਇਸ਼ੂ, ਹੋਪ ਫਾਰ ਦੀ ਬੈੱਸਟ !



**ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)**-ਭ੍ਰਿਸ਼ਟਾਚਾਰ ਵਿਰੁੱਧ ਵਿਜੀਲੈਂਸ ਬਿਊਰੋ ਵੱਲੋਂ ਕੋਟ ਈਸੇ ਖਾਂ ਦੀ ਮੁੱਖ ਅਫਸਰ (ਐੱਸ ਐੱਚ ਓ) ਇੰਸਪੈਕਟਰ ਸੁਨੀਤਾ ਬਾਵਾ ਤੇ ਉਸ ਦੇ ਗੰਨਮੈਨ ਹੋਮਗਾਰਡ ਜਵਾਨ ਗੁਰਅਵਤਾਰ ਸਿੰਘ ਨੂੰ 50,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰਨ ਤੋਂ ਬਾਅਦ ਮਹਿਲਾ ਇੰਸਪੈਕਟਰ ਦੇ ਬੇਖੌਫ ਬਿਆਨ ਸੋਸ਼ਲ ਮੀਡੀਆ 'ਤੇ ਅੱਗ ਵਾਂਗ ਫੈਲ ਰਹੇ ਹਨ। ਗ੍ਰਿਫਤਾਰੀ ਤੋਂ ਬਾਅਦ ਮਹਿਲਾ ਇੰਸਪੈਕਟਰ ਦੀ ਇੱਕ ਵੀਡੀਓ ਕਾਫੀ ਚਰਚਾ ਵਿੱਚ ਹੈ। ਜਦੋਂ ਪੱਤਰਕਾਰਾਂ ਨੇ ਉਸ ਤੋਂ ਸਵਾਲ ਪੁੱਛੇ ਤਾਂ ਉਸ ਨੇ ਬੇਖੌਫ ਹੋ ਕੇ ਕਿਹਾ, "ਆਲ ਇਜ਼ ਵੈੱਲ, ਆਲ ਇਜ਼ ਵੈੱਲ।" ਜਦੋਂ ਉਸ ਤੋਂ ਰਿਸ਼ਵਤ ਦੇ ਮਾਮਲੇ ਬਾਰੇ ਪੁੱਛਿਆ ਗਿਆ ਤਾਂ ਉਸ ਨੇ ਜਵਾਬ ਦਿੱਤਾ, "ਦੇਖੋ ਜੀ, ਜੇਲ੍ਹ ਦਾ ਨਵਾਂ ਮਾਡਿਊਲ ਸਟਾਰਟ ਹੋ ਗਿਆ, ਲੈੱਟਸ ਸੀ ਵੱਟ ਹੈਪਨ (ਭਾਵ ਅੱਗੇ ਦੇਖਦੇ ਹਾਂ ਕੀ ਹੁੰਦਾ ਹੈ)।" ਇੰਨਾ ਹੀ ਨਹੀਂ, ਜਦੋਂ ਪੱਤਰਕਾਰਾਂ ਨੇ ਪੁੱਛਿਆ ਕਿ ਇਸ ਸਥਿਤੀ ਵਿੱਚ ਵੀ ਤੁਹਾਡੇ ਚਿਹਰੇ 'ਤੇ ਮੁਸਕਰਾਹਟ ਕਿਵੇਂ ਹੈ, ਤਾਂ ਉਸ ਨੇ ਬੇਬਾਕੀ ਨਾਲ ਕਿਹਾ, "ਬਿਲਕੁੱਲ ਜੀ, ਬੋਲਡ ਰਹਿਣਾ ਚਾਹੀਦਾ, ਘਾਟੇ-ਵਾਧੇ ਚੱਲਦੇ ਰਹਿੰਦੇ ਆ, ਨੋ ਇਸ਼ੂ। ਹੋਪ ਫਾਰ ਦੀ ਬੈੱਸਟ" (ਭਾਵ ਕੋਈ ਸਮੱਸਿਆ ਨਹੀਂ, ਚੰਗੇ ਲਈ ਦੁਆ ਕਰੋ)। ਕੁੱਝ ਸੋਸ਼ਲ ਮੀਡੀਆ ਯੂਜ਼ਰਜ਼ ਮਹਿਲਾ ਇੰਸਪੈਕਟਰ ਦੇ ਰਵੱਈਏ 'ਤੇ ਸਵਾਲ ਚੁੱਕ ਰਹੇ ਹਨ ਅਤੇ ਕੁੱਝ ਦੇਸ਼ ਦੇ ਸਿਸਟਮ ਨੂੰ ਕੋਸ ਰਹੇ ਹਨ। ਕੋਟ ਈਸੇ ਖਾਂ ਥਾਣੇ ਵਿੱਚ ਤਾਇਨਾਤ ਐੱਸ ਐੱਚ ਓ ਦੇ ਰਿਸ਼ਵਤਖੋਰੀ ਵਿੱਚ ਫੜੇ ਜਾਣ ਦਾ ਇਹ ਦੋ ਸਾਲਾਂ ਦਰਮਿਆਨ ਦੂਜਾ ਮਾਮਲਾ ਹੈ। ਇਸ ਤੋਂ ਪਹਿਲਾਂ ਅਕਤੂਬਰ 2024 ਵਿੱਚ ਉਸ ਵੇਲੇ ਦੀ ਐੱਸ ਐੱਚ ਓ ਇੰਸਪੈਕਟਰ ਅਰਸ਼ਪ੍ਰੀਤ ਕੌਰ ਗਰੇਵਾਲ ਅਤੇ ਦੋ ਕਾਂਸਟੇਬਲਾਂ ਖਿਲਾਫ ਭ੍ਰਿਸ਼ਟਾਚਾਰ ਅਤੇ ਐੱਨ ਡੀ ਪੀ ਐੱਸ ਐਕਟ ਤਹਿਤ ਕੇਸ ਦਰਜ ਕੀਤਾ ਗਿਆ ਸੀ। ਉਸ ਮਾਮਲੇ ਵਿੱਚ ਪੁਲਸ ਨੇ ਦੋਸ਼ ਲਾਇਆ ਸੀ ਕਿ ਗਰੇਵਾਲ ਦੀ ਟੀਮ ਨੇ 5 ਕਿੱਲੋ ਅਫੀਮ ਸਮੇਤ ਤਿੰਨ ਵਿਅਕਤੀਆਂ ਨੂੰ ਕਾਬੂ ਕੀਤਾ ਸੀ, ਪਰ 8 ਲੱਖ ਰੁਪਏ ਦੀ ਰਿਸ਼ਵਤ ਲੈ ਕੇ ਦੋ ਮੁਲਜ਼ਮਾਂ ਨੂੰ ਛੱਡ ਦਿੱਤਾ ਅਤੇ ਬਰਾਮਦਗੀ 2 ਕਿੱਲੋ ਦਿਖਾਈ ਸੀ। ਗਰੇਵਾਲ, ਜਿਸ ਨੂੰ ਕੁਝ ਦਿਨ ਪਹਿਲਾਂ ਹੀ ਅਦਾਲਤ ਤੋਂ ਜ਼ਮਾਨਤ ਮਿਲੀ ਹੈ, ਨੇ ਉਸ ਸਮੇਂ ਸੀਨੀਅਰ ਅਧਿਕਾਰੀਆਂ 'ਤੇ ਜਿਨਸੀ ਸ਼ੋਸ਼ਣ ਦਾ ਵਿਰੋਧ ਕਰਨ ਬਦਲੇ ਝੂਠੇ ਕੇਸ ਵਿੱਚ ਫਸਾਉਣ ਦੇ ਦੋਸ਼ ਲਾਏ ਸਨ।

# ਮੋਗਾ 'ਚ ਵਿਸ਼ਾਲ 'ਬਨੇਗਾ' ਵਲੰਟੀਅਰ ਸੰਮੇਲਨ ਤੇ ਮਾਰਚ

## ਪਰਮਗੁਣੀ ਭਗਤ ਸਿੰਘ ਦੀ ਵਿਚਾਰਧਾਰਾ ਤੇ ਇਨਕਲਾਬੀ ਜੋਸ਼ ਅੱਜ ਵੀ ਨਵੀਂ ਪੀੜ੍ਹੀ ਦੀ ਅਗਵਾਈ ਕਰਦੈ : ਜਗਰੂਪ







**ਮੋਗਾ (ਇਕਬਾਲ ਸਿੰਘ ਖਹਿਰਾ)**
ਸਰਬ ਭਾਰਤ ਨੌਜਵਾਨ ਸਭਾ ਅਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਪੰਜਾਬ ਵੱਲੋਂ ਬਨੇਗਾ ਪ੍ਰਾਪਤੀ ਮੁਹਿੰਮ ਦੇ ਬੈਨਰ ਹੇਠ ਸੋਮਵਾਰ ਇਥੇ ਸਥਾਨਕ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਸੈਂਕੜੇ ਲਾਲ ਵਰਦੀਧਾਰੀ ਨੌਜਵਾਨਾਂ ਅਤੇ ਵਿਦਿਆਰਥੀਆਂ ਵੱਲੋਂ ਵਿਸ਼ਾਲ ਬਨੇਗਾ ਵਲੰਟੀਅਰ ਸੰਮੇਲਨ ਉਪਰੰਤ ਬਾਜ਼ਾਰਾਂ ਵਿੱਚ ਵਿਸ਼ਾਲ ਮਾਰਚ ਕੀਤਾ ਗਿਆ। ਸੰਮੇਲਨ ਅਤੇ ਮਾਰਚ ਦੀ ਅਗਵਾਈ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਮੀਤ ਪ੍ਰਧਾਨ ਜਗਵਿੰਦਰ ਕਾਕਾ, ਸੂਬਾ ਸਕੱਤਰ ਚਰਨਜੀਤ ਛਾਂਗਾ ਰਾਏ, ਆਲ ਇੰਡੀਆ ਸਟੂਡੈਂਟਸ ਫੇਡਰੇਸ਼ਨ ਦੇ ਸੂਬਾ ਪ੍ਰਧਾਨ ਰਮਨ ਕੁਮਾਰ ਧਰਮੂਵਾਲਾ, ਸੂਬਾ ਸਕੱਤਰ ਸੁੱਖਵਿੰਦਰ ਮਲੋਟ, ਕੌਮੀ ਕੌਂਸਲ ਮੈਂਬਰ ਗੁਰਜੰਟ ਮਾਜਰੀ, ਸੂਬਾ ਖਜ਼ਾਨਚੀ ਵਿਸ਼ਾਲ ਵਲਟੋਹਾ, ਨਵਜੀਤ ਸੰਗਰੂਰ ਅਤੇ ਸ਼ੁਬੇਗ ਝੰਗੜਭੈਣੀ ਨੇ ਕੀਤੀ। ਸਰਬ ਭਾਰਤ ਨੌਜਵਾਨ ਸਭਾ ਦੇ ਕੌਮੀ ਜਨਰਲ ਸਕੱਤਰ ਸੁਖਜਿੰਦਰ ਮਹੇਸਰੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਪੰਜਾਬ ਭਰ ਵਿੱਚੋਂ ਸੈਂਕੜੇ ਨੌਜਵਾਨਾਂ ਅਤੇ • ਬਾਕੀ ਸਫਾ 12 'ਤੇ

## ਡਰਾਈਵਰ ਤੋਂ ਪੁੱਛਗਿੱਛ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਬਹਿਰੀਨ ਦੀ ਮਹਿਲਾ ਨਾਲ ਜਬਰ-ਜ਼ਨਾਹ ਦੇ ਮਾਮਲੇ ਵਿੱਚ ਪੁਲਸ ਨੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਡਰਾਈਵਰ ਵਜੋਂ ਤਾਇਨਾਤ ਰਹੇ ਮੋਹਨ ਸਿੰਘ ਤੋਂ ਲਗਪਗ ਪੰਜ ਘੰਟਿਆਂ ਤੱਕ ਪੁੱਛਗਿੱਛ ਕਰਕੇ ਅਹਿਮ ਜਾਣਕਾਰੀਆਂ ਹਾਸਲ ਕੀਤੀਆਂ ਹਨ, ਜਿਨ੍ਹਾਂ ਦੀ ਤਸਦੀਕ ਕੀਤੀ ਜਾ ਰਹੀ ਹੈ। ਡੀ ਐੱਸ ਪੀ ਜਸ਼ਨਦੀਪ ਸਿੰਘ ਨੇ ਦੱਸਿਆ ਕਿ ਜਾਂਚ ਦੇ ਦਾਇਰੇ ਵਿੱਚ ਇੱਥੋਂ ਦੇ ਹੋਰ ਮੁਲਾਜ਼ਮਾਂ ਅਤੇ ਸੰਬੰਧਤ ਅਧਿਕਾਰੀਆਂ ਨੂੰ ਵੀ ਲਿਆਂਦਾ ਜਾ ਰਿਹਾ ਹੈ। ਇਸ ਮਾਮਲੇ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮੈਂਬਰ ਰਹਿ ਚੁੱਕਾ ਅਮਰਜੀਤ ਸਿੰਘ ਚਾਵਲਾ ਵੀ ਨਾਮਜ਼ਦ ਹੈ।

## ਪੁਲਸ ਨੇ ਸੰਜਮ ਦਾ ਸਬੂਤ ਦਿੱਤਾ : ਬਲਤੇਜ ਪੰਨੂ



**ਚੰਡੀਗੜ੍ਹ (ਗੁਰਜੀਤ ਬਿੱਲਾ)**
ਆਮ ਆਦਮੀ ਪਾਰਟੀ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਸਿੰਘ ਪੰਨੂ ਨੇ ਸੋਮਵਾਰ ਕਿਹਾ ਕਿ ਐੱਲ ਪੀ ਯੂ ਦੀ ਸਥਿਤੀ ਬਹੁਤ ਸੰਵੇਦਨਸ਼ੀਲ ਸੀ, ਕਿਉਂਕਿ ਇਸ ਵਿੱਚ ਪੰਜਾਬ, ਹੋਰਨਾਂ ਰਾਜਾਂ ਅਤੇ ਦੂਜੇ ਦੇਸ਼ਾਂ ਦੇ ਵਿਦਿਆਰਥੀ ਸ਼ਾਮਲ ਸਨ।ਉਨ੍ਹਾ ਨੇ ਦਾਅਵਾ ਕੀਤਾ ਕਿ ਪੰਜਾਬ ਪੁਲਸ ਨੇ ਇਸ ਸਥਿਤੀ ਨੂੰ ਬੜੇ ਸੰਜਮ ਅਤੇ ਪੇਸ਼ੇਵਰ ਤਰੀਕੇ ਨਾਲ ਸੰਭਾਲਿਆ ਹੈ।ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਨੂ ਨੇ ਕਿਹਾ ਕਿ ਜਦੋਂ ਸਥਿਤੀ ਵਿਗੜ ਗਈ ਅਤੇ ਹਾਈਵੇਅ ਜਾਮ ਕਰ ਦਿੱਤਾ ਗਿਆ, ਤਾਂ ਵੀ ਪੁਲਸ ਨੇ ਵਿਦਿਆਰਥੀਆਂ 'ਤੇ ਕੋਈ ਵਾਧੂ ਬਲ ਪ੍ਰਯੋਗ ਨਹੀਂ ਕੀਤਾ।ਲਾਠੀਚਾਰਜ ਜਾਂ ਪੈਲੇਟ ਗੰਨ ਵਰਗੇ ਕਿਸੇ ਵੀ ਬਲ ਦੀ ਵਰਤੋਂ ਨਹੀਂ ਕੀਤੀ।ਪੰਨੂ ਨੇ ਕਿਹਾ ਕਿ ਕੁਝ ਵਿਰੋਧੀ ਨੇਤਾ ਸਥਿਤੀ ਨੂੰ ਸ਼ਾਂਤ ਕਰਨ ਵਿੱਚ ਮਦਦ ਕਰਨ ਦੀ ਬਜਾਏ ਵਿਵਾਦ ਪੈਦਾ ਕਰਨ ਵਿੱਚ ਜ਼ਿਆਦਾ ਦਿਲਚਸਪੀ ਦਿਖਾ ਰਹੇ ਸਨ।ਉਹ ਗਿੱਧਾਂ ਵਾਂਗ ਲਾਸ਼ਾਂ ਦੀ ਉਡੀਕ ਕਰਦੇ ਪ੍ਰਤੀਤ ਹੋ ਰਹੇ ਹਨ।

## ਐੱਮ ਡੀ ਆਰ 'ਤੇ ਸਟੇਅ ਨਹੀਂ

**ਨਵੀਂ ਦਿੱਲੀ** : ਸੁਪਰੀਮ ਕੋਰਟ ਦੇ ਚੀਫ ਜਸਟਿਸ ਸੂਰੀਆ ਕਾਂਤ, ਜਸਟਿਸ ਜੋਇਮਾਲਿਆ ਬਾਗਚੀ ਅਤੇ ਜਸਟਿਸ ਵੀ ਮੋਹਨਾ ਦੀ ਬੈਂਚ ਸੋਮਵਾਰ 2,000 ਰੁਪਏ ਤੋਂ ਵੱਧ ਦੇ ਨਿਰਧਾਰਤ ਯੂ ਪੀ ਆਈ ਪਰਸਨ-ਟੂ-ਮਰਚੈਂਟ ਲੈਣ-ਦੇਣ 'ਤੇ ਮਰਚੈਂਟ ਡਿਸਕਾਊਂਟ ਰੇਟ (ਐੱਮ ਡੀ ਆਰ) ਲਾਉਣ ਦੇ ਫੈਸਲੇ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ 'ਤੇ ਸੁਣਵਾਈ ਕਰਨ ਲਈ ਰਾਜ਼ੀ ਹੋ ਗਈ ਅਤੇ ਕੇਂਦਰ, ਰਿਜ਼ਰਵ ਬੈਂਕ ਆਫ ਇੰਡੀਆ ਅਤੇ ਹੋਰਾਂ ਨੂੰ ਚਾਰ ਹਫਤਿਆਂ ਦੇ ਅੰਦਰ ਆਪਣੇ ਜਵਾਬੀ ਹਲਫਨਾਮੇ ਦਾਖਲ ਕਰਨ ਦੇ ਨਿਰਦੇਸ਼ ਦਿੱਤੇ।

ਬੈਂਚ ਨੇ ਕੇਂਦਰ ਦੇ ਫੈਸਲੇ 'ਤੇ ਅੰਤਰਿਮ ਰੋਕ ਲਗਾਉਣ ਤੋਂ ਇਨਕਾਰ ਕਰ ਦਿੱਤਾ।

# ਐੱਲ ਪੀ ਯੂ ਦੀਆਂ ਘਟਨਾਵਾਂ ਦੇ ਗੁਨਾਹਗਾਰ ਬਖਸ਼ਾਂਗੇ ਨਹੀਂ : ਡੀ ਜੀ ਪੀ ਯਾਦਵ



**ਜਲੰਧਰ (ਸ਼ੈਲੀ ਐਲਬਰਟ)**
ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਵਿੱਚ ਪਿਛਲੇ ਦਿਨਾਂ ਤੋਂ ਚੱਲ ਰਹੇ ਤਣਾਅ ਅਤੇ ਪ੍ਰਦਰਸ਼ਨਾਂ ਦਰਮਿਆਨ ਮੁੱਖ ਮੰਤਰੀ ਭਗਵੰਤ ਮਾਨ ਦੇ ਨਿਰਦੇਸ਼ਾਂ 'ਤੇ ਡੀ ਜੀ ਪੀ ਗੌਰਵ ਯਾਦਵ ਸੋਮਵਾਰ ਜ਼ਮੀਨੀ ਪੱਧਰ 'ਤੇ ਸਥਿਤੀ ਦਾ ਜਾਇਜ਼ਾ ਲੈਣ ਲਈ ਐੱਲ ਪੀ ਯੂ ਪਹੁੰਚੇ ਤੇ ਕਿਹਾ ਕਿ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਮਾਹੌਲ ਖਰਾਬ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ ਅਤੇ ਕਾਨੂੰਨ ਆਪਣੇ ਹੱਥ ਵਿੱਚ ਲੈਣ ਵਾਲਿਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ। ਕਿਸੇ ਵੀ ਵਿਅਕਤੀ ਨੂੰ ਕਾਨੂੰਨ ਤੋੜਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ ਅਤੇ ਜਾਂਚ ਦੌਰਾਨ ਜੇ ਕਿਸੇ ਦੀ ਭੂਮਿਕਾ ਸਾਹਮਣੇ ਆਉਂਦੀ ਹੈ ਤਾਂ ਉਸ ਖਿਲਾਫ ਕਾਨੂੰਨ ਅਨੁਸਾਰ ਕਾਰਵਾਈ ਹੋਵੇਗੀ।

ਉਨ੍ਹਾ ਕਿਹਾ ਕਿ ਜੰਤਰ-ਮੰਤਰ ਵਿਖੇ ਹੋਏ ਪ੍ਰਦਰਸ਼ਨ ਤੋਂ ਬਾਅਦ ਵਿਦਿਆਰਥੀਆਂ ਵਿੱਚ ਰੋਸ ਸੀ ਅਤੇ ਪੁਲਸ ਵੱਲੋਂ ਵਿਦਿਆਰਥੀਆਂ ਨਾਲ ਬੈਠ ਕੇ ਗੱਲਬਾਤ ਕਰਦਿਆਂ ਮਾਮਲੇ ਨੂੰ ਸੁਲਝਾਉਣ ਦੀ ਕੋਸ਼ਿਸ਼ ਕੀਤੀ ਗਈ ਹੈ। ਪੂਰੇ ਮਾਮਲੇ ਦੀ ਜਾਂਚ ਲਈ ਵਿਸ਼ੇਸ਼ ਜਾਂਚ ਟੀਮ (ਸਿੱਟ) ਦਾ ਗਠਨ ਕੀਤਾ ਗਿਆ ਹੈ ਅਤੇ ਹਰ ਪੱਖ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਵੇਗੀ। ਪੁਲਸ ਵੱਲੋਂ ਦਰਜ ਐੱਫ ਆਈ ਆਰ ਦੀ ਜਾਂਚ ਵੀ ਸਿੱਟ ਕਰ ਰਹੀ ਹੈ।

ਡੀ ਜੀ ਪੀ ਨੇ ਸਪੱਸ਼ਟ ਕੀਤਾ ਕਿ ਜਾਂਚ ਦੌਰਾਨ ਜੇ ਕੋਈ ਵਿਅਕਤੀ, ਭਾਵੇਂ ਉਹ ਕਿੰਨਾ ਵੀ ਪ੍ਰਭਾਵਸ਼ਾਲੀ ਕਿਉਂ ਨਾ ਹੋਵੇ, ਦੋਸ਼ੀ ਪਾਇਆ ਜਾਂਦਾ ਹੈ ਤਾਂ ਉਸ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾ ਲੋਕਾਂ ਅਤੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਸੋਸ਼ਲ ਮੀਡੀਆ 'ਤੇ ਫੈਲ ਰਹੀਆਂ ਅਸਪੱਸ਼ਟ ਖਬਰਾਂ ਅਤੇ ਅਫਵਾਹਾਂ 'ਤੇ ਵਿਸ਼ਵਾਸ ਨਾ ਕਰਨ ਅਤੇ ਕਿਸੇ ਵੀ ਜਾਣਕਾਰੀ ਨੂੰ ਸਾਂਝਾ ਕਰਨ ਤੋਂ ਪਹਿਲਾਂ ਉਸ ਦੀ ਪੁਸ਼ਟੀ ਜ਼ਰੂਰ ਕਰਨ।

ਰਾਜਨੀਤੀ ਸ਼ਾਸਤਰ ਦੇ ਇੱਕ ਸੀਨੀਅਰ ਪ੍ਰੋਫੈਸਰ ਨੇ ਨਾਂਅ ਨਾ ਛਾਪਣ ਦੀ ਸ਼ਰਤ 'ਤੇ ਦੱਸਿਆ, "ਯੂਨੀਵਰਸਿਟੀ ਦੇ ਪੂਰੇ ਹੰਗਾਮੇ ਪਿੱਛੇ ਸਿਆਸੀ ਕਾਰਨ ਹੋ ਸਕਦੇ ਹਨ। ਵਾਇਰਲ ਵੀਡੀਓਜ਼ ਵਿੱਚ ਜੋ ਹੁੜਦੰਗ ਮਚਾਉਂਦੇ ਅਨਸਰ ਦੇਖੇ ਜਾ ਰਹੇ ਹਨ, ਉਨ੍ਹਾਂ ਕੋਲ ਵਾਕੀ-ਟਾਕੀ ਅਤੇ ਤਲਵਾਰਾਂ ਸਨ। ਉਹ ਵਿਦਿਆਰਥੀ ਨਹੀਂ ਲੱਗਦੇ ਅਤੇ ਕਈ ਤਾਂ ਪੰਜਾਬੀ ਵੀ ਨਹੀਂ ਜਾਪਦੇ।

ਕੁਝ ਸਿੱਖਿਆ ਸ਼ਾਸਤਰੀਆਂ ਦਾ ਮੰਨਣਾ ਹੈ ਕਿ ਇਹ ਪ੍ਰਦਰਸ਼ਨ ਵਿਦਿਆਰਥੀਆਂ ਅੰਦਰ ਲੰਮੇ ਸਮੇਂ ਤੋਂ ਭਰੇ ਗੁੱਸੇ ਦਾ ਨਤੀਜਾ ਵੀ ਹੋ ਸਕਦਾ ਹੈ। ਨਿੱਜੀ ਯੂਨੀਵਰਸਿਟੀਆਂ ਦੀਆਂ ਦੋ ਸ਼੍ਰੇਣੀਆਂ ਹਨ-ਇੱਕ ਉਹ ਜੋ ਭਾਰੀ ਫੀਸਾਂ ਲੈ ਕੇ • ਬਾਕੀ ਸਫਾ 2 'ਤੇ

# ਅੱਜ-ਨਾਮਾ

ਫਿਰ ਆ ਖਬਰ ਬੰਗਲੌਰ ਤੋਂ ਆਈ ਓਹੀ,
ਗਲਤੀ ਪਾਇਲਟ ਸੀ ਕਰੀ ਗੰਭੀਰ ਬੇਲੀ।
ਉੱਤਰਿਆ ਇੱਕ ਜਹਾਜ਼ ਸੀ ਇੰਡੀਗੋ ਦਾ,
ਬਚੇ ਮੁਸਾਫਰ ਸਨ ਚੰਗੀ ਤਕਦੀਰ ਬੇਲੀ।
ਰੱਖਿਆ ਐਂਗਲ ਦਾ ਗਿਆ ਖਿਆਲ ਨਾਹੀਂ,
ਅਖਬਾਰਾਂ ਛਾਪੀ ਹੈ ਤਾਜ਼ੀ ਤਸਵੀਰ ਬੇਲੀ।
ਰੰਨਵੇਅ ਨਾਲ ਫਿਰ ਜਿੱਦਾਂ ਸੀ ਪੂਛ ਵੱਜੀ,
ਮੁਸਾਫਰ ਲੱਗੇ ਧਿਆਉਣ ਸੀ ਪੀਰ ਬੇਲੀ।
ਚਿੰਗਾੜੇ ਪੂਛ ਦੇ ਪਿੱਛੇ ਸੀ ਬਹੁਤ ਨਿਕਲੇ,
ਸਭ ਦੀ ਮੁੱਠ ਵਿੱਚ ਆ ਗਈ ਜਾਨ ਬੇਲੀ।
ਮਹੀਨੇ ਡੇਢ ਵਿੱਚ ਛੇਵੀਂ ਜਦ ਵਾਰ ਹੋਈ,
ਦਿੰਦੀ ਸਰਕਾਰ ਨਾ ਕਿਉਂ ਧਿਆਨ ਬੇਲੀ।

-ਤੀਸ ਮਾਰ ਖਾਂ

# ਸੰਵਿਧਾਨ ਬਚਾਉਣ ਲਈ ਫਾਸ਼ੀਵਾਦ ਖਿਲਾਫ ਵਿਸ਼ਾਲ ਲਾਮਬੰਦੀ ਦੀ ਲੋੜ : ਅਰਸ਼ੀ

## ਨੌਜਵਾਨੀ ਦੇ ਭਵਿੱਖ ਲਈ 'ਬਨੇਗਾ' ਅਤਿ ਜ਼ਰੂਰੀ : ਸੋਹਲ




**ਮਾਨਸਾ (ਆਤਮਾ ਸਿੰਘ ਪਮਾਰ)**
ਦੇਸ਼ ਦੀ ਕੌਮੀ ਆਜ਼ਾਦੀ ਦੇ ਪ੍ਰਵਾਨੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ 119ਵੇਂ ਜਨਮ ਦਿਨ ਮੌਕੇ ਸਰਬ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟ ਫੈਡਰੇਸ਼ਨ ਵੱਲੋਂ ਸਥਾਨਕ ਤੇਜਾ ਸਿੰਘ ਸੁਤੰਤਰ ਭਵਨ ਵਿਖੇ ਜਗਤਾਰ ਸਿੰਘ ਕਾਲਾ, ਕੁਲਵਿੰਦਰ ਸਿੰਘ ਭੀਖੀ, ਰਘਵੀਰ ਸਿੰਘ ਤੇ ਸੁਨੀਲ ਕੁਮਾਰ ਬੁਢਲਾਡਾ ਦੇ ਪ੍ਰਧਾਨਗੀ ਮੰਡਲ ਹੇਠ 'ਨਸ਼ੇ ਨਹੀਂ, ਰੁਜ਼ਗਾਰ' ਵਿਸ਼ੇ 'ਤੇ ਇੱਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ।

ਸੈਮੀਨਾਰ ਮੌਕੇ ਵਿਸ਼ੇਸ਼ ਤੌਰ 'ਤੇ ਨੌਜਵਾਨ ਸਭਾ ਦੇ ਸਾਬਕਾ ਆਗੂ ਨਰਿੰਦਰ ਸੋਹਲ ਅਤੇ ਉੱਘੇ ਕਮਿਊਨਿਸਟ ਆਗੂ ਕਾਮਰੇਡ ਹਰਦੇਵ ਸਿੰਘ ਅਰਸ਼ੀ ਨੇ ਸੰਬੋਧਨ ਕੀਤਾ।

ਕਾਮਰੇਡ ਹਰਦੇਵ ਸਿੰਘ ਅਰਸ਼ੀ ਨੇ ਕਿਹਾ ਕਿ ਵਰਤਮਾਨ ਸਮੇਂ ਦੇਸ਼ ਗੰਭੀਰ ਪ੍ਰਸਥਿਤੀਆਂ ਦੇ ਦੌਰ 'ਚੋਂ ਗੁਜ਼ਰ ਰਿਹਾ ਹੈ ਕਿਉਂਕਿ ਫਾਸ਼ੀਵਾਦ ਦੇ ਦੋਗਲੇ ਕਿਰਦਾਰ ਤੇ ਹਮਲਿਆਂ ਕਾਰਨ ਦੇਸ਼ 'ਚ ਧਰਮਨਿਰਪੱਖਤਾ, ਸੰਵਿਧਾਨ ਤੇ ਭਾਈਚਾਰਕ ਸਾਂਝ ਪੂਰੀ ਤਰ੍ਹਾਂ ਖ਼ਤਰੇ 'ਚ ਹੈ।ਦੇਸ਼ ਦੀ ਏਕਤਾ, ਅਖੰਡਤਾ ਤੇ ਅਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਸ਼ਹੀਦਾਂ ਦੇ ਇਤਿਹਾਸ ਨੂੰ ਨੌਜਵਾਨੀ ਤੋਂ ਦੂਰ ਕੀਤਾ ਜਾ ਰਿਹਾ ਹੈ।ਸਿੱਖਿਆ,ਸਿਹਤ ਤੇ ਰੁਜ਼ਗਾਰ ਦੇਣ ਦੀ ਬਜਾਏ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ 'ਚ ਧੱਕਿਆ ਜਾ ਰਿਹਾ ਹੈ।ਉਨ੍ਹਾ ਅੱਗੇ ਕਿਹਾ ਕਿ ਸਮਾਂ ਮੰਗ ਕਰਦਾ ਹੈ ਕਿ ਕਾਰਪੋਰੇਟ ਘਰਾਣਿਆਂ ਤੇ ਫਾਸ਼ੀਵਾਦ ਦੀਆਂ ਨੀਤੀਆਂ ਖਿਲਾਫ਼ ਵੱਡੀ ਲਾਮਬੰਦੀ ਕਰਕੇ ਦੇਸ਼ ਦੇ ਭਵਿੱਖ ਲਈ ਭਗਤ ਸਿੰਘ ਦੀ ਵਿਚਾਰਧਾਰਾ 'ਤੇ ਪਹਿਰਾ ਦਿੰਦਿਆਂ ਦੇਸ਼ ਵਿਰੋਧੀ ਤਾਕਤਾਂ ਖਿਲਾਫ਼ ਸੰਘਰਸ਼ ਕਰਕੇ ਅਖੌਤੀ ਰਾਸ਼ਟਰਵਾਦ ਦੇ ਨਾਂਅ 'ਤੇ ਮਨੂੰ ਸਿਮਰਤੀ ਲਾਗੂ ਕਰਨ ਵਾਲੀਆਂ ਤਾਕਤਾਂ ਨੂੰ ਦੇਸ਼ ਦੀ ਸੱਤਾ ਤੋਂ ਬਾਹਰ ਕੀਤਾ ਜਾਵੇ।

ਕਾਮਰੇਡ ਨਰਿੰਦਰ ਸੋਹਲ ਨੇ ਦੇਸ਼ ਤੇ ਨੌਜਵਾਨਾਂ ਦੇ ਭਵਿੱਖ ਲਈ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ 'ਬਨੇਗਾ' ਦੀ ਸਥਾਪਨਾ ਨੂੰ ਸਮੇਂ ਦੀ ਵੱਡੀ ਲੋੜ ਦੱਸਿਆ। ਉਹਨਾਂ ਸਰਬ ਭਾਰਤ ਨੌਜਵਾਨ ਸਭਾ ਤੇ ਵਿਦਿਆਰਥੀ ਜੱਥੇਬੰਦੀ ਦੇ ਪ੍ਰੋਗਰਾਮ ਤੇ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਾਡਾ ਟੀਚਾ ਸਿੱਖਿਆ, ਸਿਹਤ ਤੇ ਰੁਜ਼ਗਾਰ ਹੈ, ਪ੍ਰੰਤੂ ਸਮੇਂ ਦੇ ਹਾਕਮ ਨੌਜਵਾਨ ਵਰਗ ਨੂੰ ਨਸ਼ਿਆਂ ਵੱਲ ਧੱਕ ਕੇ ਦੇਸ਼ ਨੂੰ ਕਾਰਪੋਰੇਟਰਾਂ ਨੂੰ ਵੇਚ ਰਹੇ ਹਨ। ਨੌਜਵਾਨ ਵਰਗ ਨੂੰ ਕੇਵਲ ਗੈਂਗਸਟਰਵਾਦ, ਧਾਰਮਿਕ ਅਤੇ ਜਾਤੀ ਵਿਤਕਰੇ ਵੱਲ ਤੋਰਿਆ ਜਾ ਰਿਹਾ ਹੈ ਅਤੇ ਮਾਨਸਿਕ ਤੌਰ 'ਤੇ ਨਫ਼ਰਤ ਦਾ ਪਾਤਰ ਵੀ ਬਣਾਇਆ ਜਾ ਰਿਹਾ ਹੈ। ਉਹਨਾਂ ਪੂਰਨ ਅਜ਼ਾਦੀ ਲਈ ਨੌਜਵਾਨਾਂ ਤੇ ਵਿਦਿਆਰਥੀਆਂ ਨੂੰ ਲਾਮਬੰਦੀ ਦਾ ਸੱਦਾ ਦਿੱਤਾ।

ਸੈਮੀਨਾਰ ਮੌਕੇ ਜ਼ਿਲ੍ਹਾ ਸਕੱਤਰ ਸਾਥੀ ਕ੍ਰਿਸ਼ਨ ਸਿੰਘ ਚੌਹਾਨ ਨੇ ਉਦਘਾਟਨੀ ਭਾਸ਼ਣ 'ਚ ਨੌਜਵਾਨਾਂ ਨੂੰ ਜੱਥੇਬੰਦਕ ਤਾਕਤ ਨੂੰ ਮਜ਼ਬੂਤ ਕਰਨ ਦਾ ਸੱਦਾ ਦਿੰਦਿਆਂ ਭਵਿੱਖ ਦੀਆਂ ਚੁਨੌਤੀਆਂ ਦੇ ਟਾਕਰੇ ਲਈ ਤਿੱਖੇ ਸੰਘਰਸ਼ ਦੀ ਅਪੀਲ ਵੀ ਕੀਤੀ।ਸਟੇਜ ਸਕੱਤਰ ਦੀ ਭੂਮਿਕਾ ਸਾਥੀ ਜਗਸੀਰ ਸਿੰਘ ਰਾਏਕੇ ਵੱਲੋਂ ਬਾਖੂਬੀ ਨਿਭਾਈ ਗਈ।

ਸੈਮੀਨਾਰ ਮੌਕੇ ਭਰਾਤਰੀ ਜਥੇਬੰਦੀਆਂ ਏਟਕ ਦੇ ਵੇਦ ਪ੍ਰਕਾਸ਼ ਬੁਢਲਾਡਾ, ਅਸ਼ੋਕ ਲਾਕੜਾ, ਰਤਨ ਭੋਲਾ, ਖੇਤ ਮਜ਼ਦੂਰ ਸਭਾ ਦੇ ਸੀਤਾ ਰਾਮ ਗੋਬਿੰਦਪੁਰਾ, ਕੇਵਲ ਸਿੰਘ ਸਮਾਓਂ, ਕੁਲ ਹਿੰਦ ਕਿਸਾਨ ਸਭਾ ਦੇ ਮਲਕੀਤ ਸਿੰਘ ਮੰਦਰਾਂ, ਹਰਮੀਤ ਬੋੜਾਵਾਲ, ਜਗਰਾਜ ਸਿੰਘ ਹੀਰਕੇ, ਅਰਵਿੰਦਰ ਕੌਰ, ਕਿਰਨਾ ਰਾਣੀ ਪੰਜਾਬ ਇਸਤਰੀ ਸਭਾ, ਨੌਜਵਾਨ ਸਭਾ ਦੇ ਡਾ. ਰੋਹਿਤ ਕੁਮਾਰ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਗੁਰਪ੍ਰੀਤ ਸਿੰਘ ਹੀਰਕੇ, ਪ੍ਰੇਮ ਕੁਮਾਰ ਬਾਜ਼ੀਗਰ, ਹਾਕਮ ਸਿੰਘ, ਬੰਬੂ ਸਿੰਘ, ਜੱਗਾ ਸਿੰਘ ਸੇਰਖਾ, ਅਵਤਾਰ ਸਿੰਘ ਪੂਨੀਆ, ਬੂਟਾ ਸਿੰਘ ਬਾਜੇ ਵਾਲਾ, ਗੁਰਦਿਆਲ ਸਿੰਘ, ਗੁਰਦੇਵ ਸਿੰਘ ਆਦਿ ਵੀ ਹਾਜ਼ਰ ਸਨ।

## ਪੇਟ ਦੀ ਅੱਗ ਬੁਝਾਉਣ ਲਈ ਮਾਪੇ ਬੱਚਿਆਂ ਦੀ ਜ਼ਿੰਦਗੀ ਜੋਖਮ 'ਚ ਪਾ ਸੜਕਾਂ 'ਤੇ ਦਿਖਾ ਰਹੇ ਤਮਾਸ਼ਾ



**ਮਾਨਸਾ (ਰੀਤਵਾਲ)**-ਜ਼ਿਲ੍ਹੇ ਦੇ ਸ਼ਹਿਰਾਂ ਤੇ ਪਿੰਡਾਂ ਦੇ ਵੱਖ-ਵੱਖ ਚੌਕਾਂ, ਲਾਲ ਬੱਤੀਆਂ ਤੇ ਭੀੜ-ਭੜੱਕੇ ਵਾਲੇ ਬਾਜ਼ਾਰਾਂ ਵਿੱਚ ਇਨ੍ਹੀਂ ਦਿਨੀਂ ਇੱਕ ਦਿਲ ਹਿਲਾ ਦੇਣ ਵਾਲਾ ਨਜ਼ਾਰਾ ਆਮ ਹੋ ਗਿਆ ਹੈ, ਗ਼ਰੀਬ ਪਰਿਵਾਰਾਂ ਦੇ ਮਾਪੇ ਆਪਣੇ ਛੋਟੇ-ਛੋਟੇ ਬੱਚਿਆਂ ਨੂੰ ਜੋਖਮ ਭਰੇ ਕਰਤੱਬ ਕਰਨ ਲਈ ਮਜਬੂਰ ਕਰਦੇ ਵੇਖੇ ਜਾ ਰਹੇ ਹਨ।ਲੋਹੇ ਦੀਆਂ ਰਿੰਗਾਂ ਵਿੱਚੋਂ ਦੀ ਛਾਲ, ਰੱਸੀ 'ਤੇ ਸੰਤੁਲਨ, ਅੱਗ ਦੇ ਨਾਲ ਖੇਡ ਤੇ ਹੋਰ ਖਤਰਨਾਕ ਕਰਤੱਬ ਦਿਖਾ ਕੇ ਇਹ ਬੱਚੇ ਲੰਘਦੇ-ਟੱਪਦੇ ਲੋਕਾਂ ਤੋਂ ਕੁਝ ਪੈਸੇ ਇਕੱਠੇ ਕਰਨ ਦੀ ਕੋਸ਼ਿਸ਼ ਕਰਦੇ ਹਨ।ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਇਹ ਪਰਿਵਾਰ ਅਕਸਰ ਪ੍ਰਵਾਸੀ ਜਾਂ ਬੇਘਰ ਵਰਗ ਨਾਲ ਸਬੰਧਤ ਹੁੰਦੇ ਹਨ, ਜਿਨ੍ਹਾਂ ਕੋਲ ਰੋਜ਼ੀ-ਰੋਟੀ ਦਾ ਕੋਈ ਪੱਕਾ ਸਾਧਨ ਨਹੀਂ।ਅਜਿਹੇ ਵਿੱਚ ਢਿੱਡ ਦੀ ਅੱਗ ਬੁਝਾਉਣ ਲਈ ਬੱਚਿਆਂ ਨੂੰ ਹੀ ਕਮਾਈ ਦਾ ਸਾਧਨ ਬਣਾ ਲਿਆ ਜਾਂਦਾ ਹੈ।ਹੈਰਾਨੀ ਦੀ ਗੱਲ ਇਹ ਹੈ ਕਿ ਇਨ੍ਹਾਂ ਵਿੱਚੋਂ ਬਹੁਤੇ ਬੱਚੇ ਸਕੂਲ ਜਾਣ ਦੀ ਉਮਰ ਦੇ ਹਨ, ਪਰ ਪੜ੍ਹਾਈ ਦੀ ਥਾਂ ਉਨ੍ਹਾਂ ਦੇ ਹੱਥਾਂ ਵਿੱਚ ਰਿੰਗਾਂ ਤੇ ਰੱਸੀਆਂ ਫੜਾ ਦਿੱਤੀਆਂ ਗਈਆਂ ਹਨ।ਬਾਲ ਅਧਿਕਾਰ ਕਾਰਕੁਨਾਂ ਨੇ ਇਸ ਰੁਝਾਨ 'ਤੇ ਗਹਿਰੀ ਚਿੰਤਾ ਜ਼ਾਹਰ ਕੀਤੀ ਹੈ।ਉਨ੍ਹਾਂ ਦਾ ਕਹਿਣਾ ਹੈ ਕਿ ਇਹ ਬਾਲ ਮਜ਼ਦੂਰੀ ਦੀ ਹੀ ਇੱਕ ਖਤਰਨਾਕ ਕਿਸਮ ਹੈ, ਜਿਸ ਵਿੱਚ ਬੱਚਿਆਂ ਦੀ ਜਾਨ ਨੂੰ ਸਿੱਧਾ ਖ਼ਤਰਾ ਹੁੰਦਾ ਹੈ ਅਤੇ ਉਨ੍ਹਾਂ ਦਾ ਬਚਪਨ, ਸਿੱਖਿਆ ਤੇ ਸਰੀਰਕ-ਮਾਨਸਿਕ ਵਿਕਾਸ ਬੁਰੀ ਤਰ੍ਹਾਂ ਪ੍ਰਭਾਵਿਤ ਹੁੰਦਾ ਹੈ।ਭਾਰਤ ਵਿੱਚ ਬਾਲ ਮਜ਼ਦੂਰੀ (ਮਨਾਹੀ ਤੇ ਨਿਯਮ) ਐਕਟ ਤਹਿਤ ਅਜਿਹੇ ਖਤਰਨਾਕ ਕੰਮਾਂ ਵਿੱਚ ਬੱਚਿਆਂ ਨੂੰ ਲਗਾਉਣਾ ਕਾਨੂੰਨੀ ਅਪਰਾਧ ਹੈ, ਫਿਰ ਵੀ ਇਹ ਦ੍ਰਿਸ਼ ਖੁੱਲ੍ਹੇਆਮ ਵੇਖੇ ਜਾ ਰਹੇ ਹਨ। ਜ਼ਿਲ੍ਹਾ ਵਾਸੀਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਅਜਿਹੇ ਪਰਿਵਾਰਾਂ ਦੀ ਪਛਾਣ ਕਰ ਕੇ ਉਨ੍ਹਾਂ ਨੂੰ ਬਦਲਵਾਂ ਰੁਜ਼ਗਾਰ ਤੇ ਸਰਕਾਰੀ ਸਹਾਇਤਾ ਮੁਹੱਈਆ ਕਰਵਾਈ ਜਾਵੇ, ਤਾਂ ਜੋ ਗ਼ਰੀਬੀ ਕਾਰਨ ਮਾਸੂਮ ਬੱਚਿਆਂ ਨੂੰ ਸੜਕਾਂ 'ਤੇ ਆਪਣੀ ਜਾਨ ਜੋਖਮ ਵਿੱਚ ਨਾ ਪਾਉਣੀ ਪਵੇ।

## ਕੇਬਲ ਤਾਰਾਂ ਚੋਰੀ ਦੇ ਮਾਮਲੇ 'ਚ ਭਗੌੜਾ ਕਾਬੂ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਪੁਲਸ ਵੱਲੋਂ ਚੋਰੀ ਦੇ ਮਾਮਲੇ ਵਿੱਚ ਲੋੜੀਂਦੇ ਤੇ ਮਾਨਯੋਗ ਅਦਾਲਤ ਵੱਲੋਂ ਭਗੌੜਾ ਕਰਾਰ ਦਿੱਤੇ ਵਿਅਕਤੀ ਨੂੰ ਬਿਲਾਸਪੁਰ ਚੌਂਕੀ ਦੀ ਪੁਲਸ ਪਾਰਟੀ ਵੱਲੋਂ ਕਾਬੂ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਜਾਣਕਾਰੀ ਅਨੁਸਾਰ ਬਿਲਾਸਪੁਰ ਚੌਂਕੀ ਦੇ ਇੰਚਾਰਜ ਜਸਵੰਤ ਸਿੰਘ ਸਰਾਂ ਦੀ ਅਗਵਾਈ ਹੇਠ ਹਰਪ੍ਰੀਤ ਸਿੰਘ ਉਰਫ਼ ਕਾਲੂ ਪੁੱਤਰ ਚਮਕੌਰ ਸਿੰਘ ਵਾਸੀ ਬਿਲਾਸਪੁਰ ਦੇ ਖ਼ਿਲਾਫ਼ ਮੁਕੱਦਮਾ ਦਰਜ ਕੀਤਾ ਗਿਆ ਸੀ।ਇਸ ਮਾਮਲੇ ਵਿੱਚ ਮਾਨਯੋਗ ਐੱਸ.ਡੀ.ਜੇ.ਐੱਮ. ਅਦਾਲਤ ਨਿਹਾਲ ਸਿੰਘ ਵਾਲਾ ਵੱਲੋਂ ਉਸ ਨੂੰ ਭਗੌੜਾ ਕਰਾਰ ਦਿੱਤਾ ਗਿਆ ਸੀ।ਚੌਕੀ ਇੰਚਾਰਜ ਜਸਵੰਤ ਸਿੰਘ ਸਰਾਂ, ਏ.ਐੱਸ.ਆਈ. ਇਕਬਾਲ ਸਿੰਘ, ਐੱਮ.ਐੱਚ.ਸੀ. ਚਮਕੌਰ ਸਿੰਘ ਤੇ ਰਾਜਾ ਸਿੰਘ ਦੀ ਪੁਲਸ ਟੀਮ ਨੇ ਕਾਰਵਾਈ ਕਰਦਿਆਂ ਹਰਪ੍ਰੀਤ ਸਿੰਘ ਉਰਫ਼ ਕਾਲੂ ਨੂੰ ਕਾਬੂ ਕਰ ਲਿਆ।ਪੁਲਸ ਵੱਲੋਂ ਕਾਬੂ ਕੀਤੇ ਵਿਅਕਤੀ ਨੂੰ ਅਗਲੀ ਕਾਰਵਾਈ ਲਈ ਮਾਨਯੋਗ ਅਦਾਲਤ ਵਿੱਚ ਪੇਸ਼ ਕੀਤਾ ਜਾ ਰਿਹਾ ਹੈ।

## ਕੇਵਲ ਸੁਖੀਜਾ ਪੰਜਾਬ ਪ੍ਰਦੇਸ਼ ਵਪਾਰ ਮੰਡਲ ਦੇ ਜ਼ਿਲ੍ਹਾ ਸਕੱਤਰ ਨਿਯੁਕਤ



**ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)**-ਪੰਜਾਬ ਪ੍ਰਦੇਸ਼ ਵਪਾਰ ਮੰਡਲ ਨੇ ਆਪਣੇ ਸੰਗਠਨਾਤਮਕ ਢਾਂਚੇ ਦਾ ਵਿਸਥਾਰ ਕਰਦਿਆਂ ਜਲਾਲਾਬਾਦ ਦੇ ਉੱਘੇ ਆਗੂ ਤੇ ਸਰਗਰਮ ਸਮਾਜ ਸੇਵਕ ਕੇਵਲ ਸੁਖੀਜਾ ਨੂੰ ਫਾਜ਼ਿਲਕਾ ਜ਼ਿਲ੍ਹੇ ਦਾ ਸਕੱਤਰ ਨਿਯੁਕਤ ਕੀਤਾ ਹੈ। ਇਹ ਨਿਯੁਕਤੀ ਵਪਾਰਕ ਤੇ ਸਮਾਜਿਕ ਖੇਤਰਾਂ ਵਿੱਚ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਨੂੰ ਮਾਨਤਾ ਦਿੰਦੀ ਹੈ। ਇਹ ਨਿਯੁਕਤੀ ਸੰਗਠਨ ਦੇ ਸੂਬਾ ਪ੍ਰਧਾਨ ਅਮਿਤ ਕਪੂਰ ਵੱਲੋਂ ਕੀਤੀ ਗਈ, ਜਿਨ੍ਹਾਂ ਨੇ ਸੁਖੀਜਾ ਨੂੰ ਨਿਯੁਕਤੀ ਪੱਤਰ ਸੌਂਪਿਆ ਤੇ ਉਨ੍ਹਾਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਪੂਰੀ ਲਗਨ ਨਾਲ ਨਿਭਾਉਣ ਲਈ ਕਿਹਾ। ਇਸ ਮੌਕੇ ਬੋਲਦਿਆਂ ਨਵੇਂ ਨਿਯੁਕਤ ਜ਼ਿਲ੍ਹਾ ਸਕੱਤਰ ਕੇਵਲ ਸੁਖੀਜਾ ਨੇ ਭਰੋਸਾ ਦਿਵਾਇਆ ਕਿ ਉਹ ਸੂਬਾ ਪ੍ਰਧਾਨ ਅਮਿਤ ਕਪੂਰ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਮਿਹਨਤ ਨਾਲ ਨਿਭਾਉਣਗੇ।

## ਸ਼ਹੀਦ ਭਗਤ ਸਿੰਘ ਦੇ ਸੁਪਨਿਆਂ ਨੂੰ ਅਮਲੀਜਾਮਾ ਪਹਿਨਾਉਣ ਦੀ ਲੋੜ : ਪ੍ਰੋ. ਬਡੂੰਗਰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਸ਼ਹੀਦੇ-ਆਜ਼ਮ ਸ੍ਰ. ਭਗਤ ਸਿੰਘ ਦੇ ਜਨਮ ਦਿਹਾੜੇ ਦੀ ਜਿੱਥੇ ਸਾਰਿਆਂ ਨੂੰ ਵਧਾਈ ਦਿੱਤੀ ਹੈ, ਉੱਥੇ ਹੀ ਸਰਕਾਰਾਂ ਨੂੰ ਯਾਦ ਕਰਵਾਇਆ ਹੈ ਕਿ ਅਜ਼ਾਦੀ ਸੰਗਰਾਮ ਵਿੱਚ ਨਾਇਕ ਵਜੋਂ ਉੱਭਰੇ ਸ਼ਹੀਦ ਭਗਤ ਸਿੰਘ ਨੂੰ ਸੰਘਰਸ਼ੀ ਯੋਧੇ ਦਾ ਖ਼ਿਤਾਬ ਦੇਣਾ ਚਾਹੀਦਾ ਹੈ ਅਜਿਹੇ ਸੂਰਬੀਰ ਯੋਧਿਆਂ ਕਾਰਨ ਅਸੀਂ ਸਾਰੇ ਅਜ਼ਾਦੀ ਦਾ ਨਿੱਘ ਮਾਣ ਰਹੇ ਹਨ। ਸਾਬਕਾ ਪ੍ਰਧਾਨ ਪ੍ਰੋ. ਬਡੂੰਗਰ ਨੇ ਕਿਹਾ ਕਿ ਅੱਜ ਲੋੜ ਹੈ ਕਿ ਸ਼ਹੀਦ ਭਗਤ ਸਿੰਘ ਦੇ ਸੁਪਨਿਆਂ ਨੂੰ ਅਮਲੀਜਾਮਾ ਪਹਿਨਾਇਆ ਜਾਵੇ। ਉਨ੍ਹਾਂ ਕਿਹਾ ਕਿ ਅੱਜ 81 ਕਰੋੜ ਤੋਂ ਵੱਧ ਦੇਸ਼ ਵਾਸੀ ਗਰੀਬੀ ਰੇਖਾ ਤੋਂ ਹੇਠਾਂ ਆਪਣੀ ਨਰਕਮਈ ਜ਼ਿੰਦਗੀ ਬਤੀਤ ਕਰਨ ਲਈ ਮਜਬੂਰ ਹਨ, ਜਦਕਿ ਗਰੀਬਾਂ ਕੋਲ ਅਜੇ ਵੀ ਕੁੱਲੀ, ਗੁੱਲੀ ਤੇ ਜੁੱਲੀ ਦੀ ਜੱਦੋ ਜਹਿਦ ਚਿੰਤਾ ਦਾ ਵਿਸ਼ਾ ਬਣੀ ਹੋਈ ਹੈ।ਉਨ੍ਹਾਂ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਭਾਈ ਮੋਦੀ ਮਹਿਜ਼ ਅੰਕੜਿਆਂ ਨਾਲ ਦੇਸ਼ ਦੀ ਤਰੱਕੀ ਨੂੰ ਵਿਖਾ ਰਹੇ ਹਨ, ਜਦਕਿ ਅਸਲ ਸੱਚਾਈ ਇਹ ਹੈ ਕਿ ਸ਼ਹੀਦੇ ਆਜ਼ਮ ਭਗਤ ਸਿੰਘ ਵਰਗਿਆਂ ਦੀ ਨਿਰਣਾਇਕਾ ਭੂਮਿਕਾ ਕਰਕੇ ਦੇਸ਼ ਨੂੰ ਅਜ਼ਾਦੀ ਮਿਲੀ ਤੇ ਅੱਜ ਤੱਕ ਦੀਆਂ ਸਰਕਾਰ ਸ਼ਹੀਦੇ ਆਜ਼ਮ ਭਗਤ ਨੂੰ ਸੰਘਰਸ਼ੀ ਯੋਧਾ ਤੱਕ ਨਹੀਂ ਐਲਾਨ ਸਕੀਆਂ। ਪ੍ਰੋ. ਬਡੂੰਗਰ ਨੇ ਮੰਗ ਕੀਤੀ ਕਿ ਕੇਂਦਰ ਸਰਕਾਰ ਨੂੰ ਸ਼ਹੀਦ ਆਜ਼ਮ ਭਗਤ ਸਿੰਘ ਦਾ ਸਨਮਾਨ ਤੇ ਕੌਮੀ ਹੀਰੋ ਕਹਿ ਕੇ ਦੇਸ਼ ਦਾ ਸੈਨਾਪਤੀ ਘੋਸ਼ਿਤ ਕਰਨਾ ਚਾਹੀਦਾ ਤਾਂ ਕਿ ਅਜੋਕੀ ਪੀੜ੍ਹੀ ਵੀ ਸ਼ਹੀਦ ਭਗਤ ਸਿੰਘ ਨੂੰ ਆਪਣਾ ਨਾਇਕ ਮੰਨ ਕੇ ਉਨ੍ਹਾਂ ਦੇ ਜੀਵਨ ਤੋਂ ਵੱਡੀ ਪ੍ਰੇਰਨਾ ਲੈ ਸਕੇ।

## ਜ਼ੋਨਲ ਪੱਧਰੀ ਖੇਡਾਂ 'ਚ ਡੀ.ਏ.ਵੀ. ਦੇ ਬੱਚਿਆਂ ਨੇ ਮਾਰੀਆਂ ਮੱਲਾਂ




**ਕੋਟ ਈਸੇ ਖਾਂ (ਅਰੋੜਾ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਗਲੋਟੀ ਵਿਖੇ ਖੇਡਾਂ ਕਰਵਾਈਆਂ ਗਈਆਂ ਜ਼ੋਨਲ ਪੱਧਰੀ ਖੇਡਾਂ ਵਿੱਚ ਡੀ.ਏ.ਵੀ. ਕੇ.ਆਰ.ਬੀ. ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ।ਵੱਖ-ਵੱਖ ਐਥਲੈਟਿਕ ਮੁਕਾਬਲਿਆਂ ਵਿੱਚ ਸਕੂਲ ਦੇ ਖਿਡਾਰੀਆਂ ਨੇ ਕਈ ਤਮਗੇ ਜਿੱਤੇ।ਡਿਸਕਸ ਥ੍ਰੋ 'ਚ ਪੁਸ਼ਕਰ ਸ਼ਰਮਾ ਤੇ ਗੁਰਸ਼ਰਨ ਕੌਰ ਨੇ ਸੋਨ ਤਮਗੇ ਜਿੱਤੇ।ਸ਼ਾਟਪੁੱਟ 'ਚ ਅਨਮੋਲਪ੍ਰੀਤ ਕੌਰ ਨੇ ਸੋਨ ਤੇ ਗੁਰਸ਼ਰਨ ਕੌਰ ਨੇ ਚਾਂਦੀ ਤਮਗਾ ਜਿੱਤਿਆ।ਹਾਈ ਜੰਪ 'ਚ ਮਨਦੀਪ ਕੌਰ ਨੇ ਸੋਨ ਤੇ ਟ੍ਰਿਪਲ ਜੰਪ 'ਚ ਜਸਤਰਨਪ੍ਰੀਤ ਕੌਰ ਨੇ ਚਾਂਦੀ ਦਾ ਤਮਗਾ ਹਾਸਲ ਕੀਤਾ।ਇਸੇ ਤਰ੍ਹਾਂ ਲੌਂਗ ਜੰਪ 'ਚ ਕਰਮਜੀਤ ਕੌਰ ਤੇ 600 ਮੀਟਰ ਦੌੜ 'ਚ ਅਨਮੋਲਪ੍ਰੀਤ ਸਿੰਘ ਨੇ ਕਾਂਸੀ ਦੇ ਤਮਗੇ ਜਿੱਤੇ।ਜੈਵਲਿਨ ਥ੍ਰੋ 'ਚ ਐਸ਼ਮੀਤ ਕੌਰ ਨੇ ਸੋਨੇ ਦਾ ਤਮਗਾ ਹਾਸਲ ਕੀਤਾ।ਸਕੂਲ ਪ੍ਰਿੰਸੀਪਲ ਸ਼੍ਰੀਮਤੀ ਰਿਤੂ ਆਹੂਜਾ ਨੇ ਸਾਰੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।ਸਕੂਲ ਚੇਅਰਮੈਨ ਵਿਜੇ ਕੁਮਾਰ ਧੀਰ ਨੇ ਬੱਚਿਆਂ ਨੂੰ ਤਮਗੇ ਦੇ ਕੇ ਹੌਸਲਾ ਅਫਜ਼ਾਈ ਕੀਤੀ। ਸਕੂਲ ਸਟਾਫ ਵੱਲੋਂ ਵਿਦਿਆਰਥੀਆਂ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਖੁਸ਼ੀ ਪ੍ਰਗਟ ਕੀਤੀ ਗਈ।

## ਕੋਰੀਓਗ੍ਰਾਫੀ 'ਧੀਆਂ' ਦੀ ਰਾਜ ਪੱਧਰੀ ਮੁਕਾਬਲੇ ਲਈ ਚੋਣ



**ਮਾਨਸਾ (ਆਤਮਾ ਸਿੰਘ ਪਮਾਰ)**-ਸਿੱਖਿਆ ਤੇ ਕਲਾ ਮੰਚ ਪੰਜਾਬ ਵੱਲੋਂ 'ਨਵੇਂ ਦਿਸਹੱਦੇ' ਸਿਰਲੇਖ ਹੇਠ ਕਰਵਾਏ ਗਏ ਰਾਜ ਪੱਧਰੀ ਆਨਲਾਈਨ ਮੁਕਾਬਲਿਆਂ 'ਚ ਸਰਕਾਰੀ ਪ੍ਰਾਇਮਰੀ ਸਕੂਲ ਉੱਡਤ ਭਗਤ ਰਾਮ ਦੇ ਬੱਚਿਆਂ ਦੀ ਕੋਰੀਓਗ੍ਰਾਫੀ 'ਧੀਆਂ' ਦੀ ਰਾਜ ਪੱਧਰੀ ਮੁਕਾਬਲੇ ਲਈ ਚੋਣ ਹੋਈ ਹੈ।ਸੈਂਟਰ ਹੈੱਡ ਟੀਚਰ ਕਾਲਾ ਸਿੰਘ ਨੇ ਦੱਸਿਆ ਕਿ ਗਾਈਡ ਅਧਿਆਪਕ ਭੁਪਿੰਦਰ ਸਿੰਘ ਦੀ ਯੋਗ ਅਗਵਾਈ ਤੇ ਬੱਚਿਆਂ ਦੀ ਮਿਹਨਤ ਸਦਕਾ ਪਿਛਲੇ ਦਿਨੀਂ ਹੋਏ ਰਾਜ ਪੱਧਰੀ ਆਨਲਾਈਨ ਮੁਕਾਬਲਿਆਂ ਦੌਰਾਨ ਸਕੂਲ ਦੇ ਹੋਣਹਾਰ ਬੱਚਿਆਂ ਦੀ ਕੋਰੀਓਗ੍ਰਾਫੀ 'ਧੀਆਂ' ਨੇ ਆਪਣੀ ਥਾਂ ਬਣਾ ਲਈ ਹੈ।ਹੁਣ ਇਹ ਟੀਮ ਅਗਾਂਹ ਹੋਣ ਵਾਲੇ ਰਾਜ ਪੱਧਰੀ ਆਫ਼ਲਾਈਨ ਮੁਕਾਬਲੇ ਲਈ ਚੁਣੀ ਗਈ ਹੈ।ਬੱਚਿਆਂ ਦੀ ਇਸ ਮਾਣਮੱਤੀ ਪ੍ਰਾਪਤੀ ਲਈ ਸਮੂਹ ਅਧਿਆਪਕਾਂ, ਸਕੂਲ ਮੈਨੇਜਮੈਂਟ ਕਮੇਟੀ ਮੈਂਬਰਾਂ ਤੇ ਵਿਦਿਆਰਥੀਆਂ ਦੇ ਮਾਪਿਆਂ 'ਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।

## ਜਸ਼ਨਦੀਪ ਸਿੰਘ ਤੇ ਰਵਨੀਤ ਕੌਰ ਦੀ ਹੋਈ ਨੈਸ਼ਨਲ ਪੱਧਰ ਲਈ ਚੋਣ



**ਭੀਖੀ (ਧਰਮਵੀਰ ਸ਼ਰਮਾ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ 70ਵੀਆਂ ਰਾਜ ਪੱਧਰੀ ਖੇਡਾਂ (ਅੰਡਰ-17,19) ਲੜਕੇ/ਲੜਕੀਆਂ ਦੇ ਤੀਰ-ਅੰਦਾਜ਼ੀ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੀਆਂ ਟੀਮਾਂ ਨੇ ਭਾਗ ਲਿਆ। ਇਨ੍ਹਾਂ ਮੁਕਾਬਲਿਆਂ ਵਿੱਚ ਪੈਰਾਮਾਊਂਟ ਪਬਲਿਕ ਸਕੂਲ ਚੀਮਾ ਦੇ 2 ਵਿਦਿਆਰਥੀਆਂ ਨੇ ਰਿਕਰਵ ਈਵੈਂਟ ਵਿੱਚ ਮੈਡਲ ਜਿੱਤੇ, ਜਿਨ੍ਹਾਂ ਵਿੱਚ ਅੰਡਰ-17,19 ਜਸ਼ਨਦੀਪ ਸਿੰਘ ਤੇ ਰਵਨੀਤ ਕੌਰ ਨੇ 4 ਮੈਡਲ ਜਿੱਤੇ ਤੇ ਆਪਣੀ ਚੋਣ ਨੈਸ਼ਨਲ ਪੱਧਰੀ ਖੇਡਾਂ ਲਈ ਕਰਵਾਈ। ਇਹ ਨੈਸ਼ਨਲ ਖੇਡਾਂ ਮਹਾਰਾਸ਼ਟਰ (ਅਮਰਾਵਤੀ) ਵਿਖੇ ਕਰਾਈਆਂ ਜਾਣਗੀਆਂ। ਇਸ ਮੌਕੇ ਖਿਡਾਰੀਆਂ ਨੂੰ ਸੰਸਥਾ ਦੇ ਐੱਮ.ਡੀ. ਜਸਵੀਰ ਸਿੰਘ ਚੀਮਾ ਤੇ ਮੈਡਮ ਕਿਰਨਪਾਲ ਕੌਰ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਸੰਜੇ ਕੁਮਾਰ, ਇੰਜੀਨੀਅਰ ਨਵਦੀਪ ਸਿੰਘ, ਵਾਇਸ-ਪ੍ਰਿੰਸੀਪਲ ਭੁਸ਼ਪਿੰਦਰ ਕੌਰ, ਕੋਚ ਗੁਰਪ੍ਰੀਤ ਸਿੰਘ, ਗਗਨਦੀਪ ਸਿੰਘ ਤੇ ਅਮਿਤ ਕੁਮਾਰ ਹਾਜ਼ਰ ਸਨ।

## ਸਿਟੀਜ਼ਨ ਵੈੱਲਫੇਅਰ ਕੌਂਸਲ ਨੇ ਸ਼ਹੀਦ ਭਗਤ ਸਿੰਘ ਦਾ ਜਨਮ ਦਿਹਾੜਾ ਮਨਾਇਆ



**ਜਲਾਲਾਬਾਦ (ਜੀਤ ਕੁਮਾਰ)**

ਸਿਟੀਜ਼ਨ ਵੈਲਫੇਅਰ ਕੌਂਸਲ ਜਲਾਲਾਬਾਦ (ਰਜਿ.) ਵੱਲੋਂ ਪ੍ਰਧਾਨ ਪ੍ਰਕਾਸ਼ ਦੋਸ਼ੀ ਦੀ ਪ੍ਰਧਾਨਗੀ ਹੇਠ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦਾ 119ਵਾਂ ਜਨਮ ਦਿਨ ਮਨਾਇਆ ਗਿਆ। ਇਸ ਮੌਕੇ ਸਵੇਰੇ ਸਥਾਨਕ ਸ਼ਹਿਰ ਵਿੱਚ ਸ਼ਹੀਦ ਭਗਤ ਸਿੰਘ ਦੇ ਸਥਾਪਤ ਕੱਦ-ਏ-ਬੁੱਤ ਨੂੰ ਹਾਰ ਪਾਏ ਗਏ ਤੇ ਇਸ ਦੇ ਬਾਅਦ ਇੰਨਕਲਾਬ ਜ਼ਿੰਦਾਬਾਦ ਦੇ ਨਾਅਰੇ ਲਗਾਏ ਗਏ। ਵੱਖ-ਵੱਖ ਬੁਲਾਰਿਆਂ ਨੇ ਭਗਤ ਸਿੰਘ ਦੀ ਜੀਵਨ 'ਤੇ ਪ੍ਰਕਾਸ਼ ਪਾਇਆ ਗਿਆ ਤੇ ਉਨ੍ਹਾਂ ਵੱਲੋਂ ਦੇਸ਼ ਨੂੰ ਅਜ਼ਾਦ ਕਰਵਾਉਣ ਲਈ ਦਿੱਤੀ ਗਈ ਕੁਰਬਾਨੀ ਨੂੰ ਯਾਦ ਕੀਤਾ ਗਿਆ। ਇਸ ਦੇ ਬਾਅਦ ਪ੍ਰਧਾਨ ਪ੍ਰਕਾਸ਼ ਦੋਸ਼ੀ ਦੇ ਨਿਵਾਸ ਸਥਾਨ 'ਤੇ ਭਗਤ ਸਿੰਘ ਦੇ ਜਨਮ ਦਿਨ 'ਤੇ ਕੇਕ ਕੱਟਿਆ ਗਿਆ। ਇਸ ਮੌਕੇ ਪ੍ਰਧਾਨ ਪ੍ਰਕਾਸ਼ ਦੋਸ਼ੀ, ਦੁਨੀ ਚੰਦ ਬੱਤਰਾ ਜਨਰਲ ਸਕੱਤਰ, ਕੈਸ਼ੀਅਰ ਅਸ਼ੋਕ ਗਗਨੇਜਾ, ਰਾਜ ਕੁਮਾਰ ਗਗਨੇਜਾ, ਸਤੀਸ਼ ਚਰਾਇਆ, ਪੂਰਨ ਭਗਤ, ਗੁਰਜਿੰਦਰ ਸਿੰਘ ਧਮੀਜਾ, ਰੋਸ਼ਨ ਲਾਲ ਅਸੀਜਾ, ਰੰਜੀਵ ਦਹੂਜਾ, ਪ੍ਰਵੇਸ਼ ਖੰਨਾ, ਦੇਵਰਾਜ ਸ਼ਰਮਾ, ਗੁਰਦੀਪ ਸਿੰਘ ਛਾਬੜਾ, ਰੋਸ਼ਨ ਲਾਲ ਅਸੀਜਾ, ਮਦਨ ਲਾਲ ਗੁੰਬਰਕ ਰਾਕੇਸ਼ ਗਾਂਧੀ ਆਦਿ ਮੌਜੂਦ ਸਨ। ਇਸੇ ਤਰ੍ਹਾਂ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਯਾਦਗਾਰ ਸਭਾ (ਰਜਿ.) ਜਲਾਲਾਬਾਦ ਵੱਲੋਂ ਸਥਾਨਕ ਸ਼ਹੀਦ ਭਗਤ ਸਿੰਘ ਚੌਕ ਵਿਖੇ ਸ਼ਹੀਦ ਭਗਤ ਸਿੰਘ ਦਾ ਜਨਮ ਦਿਨ ਮਨਾਇਆ ਗਿਆ। ਇਸ ਮੌਕੇ ਭਗਤ ਸਿੰਘ ਦੀ ਪ੍ਰਤੀਭਾ ਨੂੰ ਫੁੱਲਾਂ ਦੇ ਹਾਰ ਪਾਏ ਗਏ। ਸਭ ਅਹੁਦੇਦਾਰਾਂ ਨੇ ਸ਼ਹੀਦ ਭਗਤ ਸਿੰਘ ਦੀ ਜੀਵਨੀ 'ਤੇ ਚਾਨਣਾ ਪਾਇਆ ਤੇ ਇਨਕਲਾਬੀ ਵਿਚਾਰਾਂ ਪੇਸ਼ ਕੀਤੀਆਂ। ਇਸ ਮੌਕੇ ਪ੍ਰਧਾਨ ਸੂਬਾ ਸਿੰਘ ਨੰਬਰ, ਪਵਨ ਅਰੋੜਾ, ਮਿਹਰਬਾਨ ਸਿੰਘ ਨਾਰੰਗ, ਸੁਰਜੀਤ ਸਿੰਘ ਸੰਧੂ, ਪ੍ਰੇਮ ਪ੍ਰਕਾਸ਼ ਪਟਵਾਰੀ, ਤੇਜਪਾਲ ਸਿੰਘ ਮੰਨੇਵਾਲਾ, ਦਰਸ਼ਨ ਸਿੰਘ ਭੁੱਲਰ, ਕ੍ਰਿਸ਼ਨ ਬਲਦੇਵ ਧੁਨਕੀਆ, ਕੇਵਲ ਸੁਖੀਜਾ, ਜਗਦੀਸ਼ ਕੁਮਾਰ ਜੀਤਾ, ਮਨਪ੍ਰੀਤ ਸਿੰਘ ਸੰਧੂ, ਫੁੰਮਣ ਸਿੰਘ, ਗੁਰਦੀਪ ਸਿੰਘ ਵਿਰਕ ਆਦਿ ਮੌਜੂਦ ਸਨ।

## 11.65 ਗ੍ਰਾਮ ਹੈਰੋਇਨ, 3.99 ਲੱਖ ਡਰੱਗ ਮਨੀ ਸਮੇਤ 3 ਗ੍ਰਿਫਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਤੇ ਥਾਣਾ ਅਮੀਰ ਖ਼ਾਸ ਦੀ ਪੁਲਸ ਨੇ 11.65 ਗ੍ਰਾਮ ਹੈਰੋਇਨ, 3 ਲੱਖ 99 ਹਜ਼ਾਰ 500 ਰੁਪਏ ਡਰੱਗ ਮਨੀ ਸਮੇਤ 3 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਥਾਣਾ ਸਿਟੀ ਵਿਖੇ ਦਰਜ ਮੁਕੱਦਮੇ ਦੇ ਤਫ਼ਤੀਸ਼ੀ ਅਫ਼ਸਰ ਏ.ਐੱਸ.ਆਈ. ਸੁਨੀਲ ਕੁਮਾਰ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਗਸ਼ਤ ਦੌਰਾਨ ਦਾਣਾ ਮੰਡੀ ਜਲਾਲਾਬਾਦ ਵਿਖੇ ਪੁੱਜੇ ਤਾਂ 2 ਵਿਅਕਤੀ ਪੁਲਸ ਪਾਰਟੀ ਨੂੰ ਵੇਖ ਕੇ ਮੌਕੇ ਤੋਂ ਖਿਸਕਣ ਲੱਗੇ, ਜਿਨ੍ਹਾਂ ਨੂੰ ਪੁਲਸ ਪਾਰਟੀ ਨੇ ਕਾਬੂ ਕਰਕੇ 10.60 ਗ੍ਰਾਮ ਹੈਰੋਇਨ, 3 ਲੱਖ 99 ਹਜ਼ਾਰ 500 ਰੁਪਏ ਡਰੱਗ ਮਨੀ (ਭਾਰਤੀ ਕਰੰਸੀ), ਇਕ ਮੋਟਰਸਾਈਕਲ ਸਪਲੈਂਡਰ, ਇਕ ਮੋਬਾਈਲ ਫੋਨ ਬਰਾਮਦ ਕੀਤੇ ਗਏ ਹਨ, ਇਸ ਦੇ ਇਲਾਵਾ ਤਲਾਸ਼ੀ ਦੌਰਾਨ ਨਿਰਮਲ ਸਿੰਘ ਪਾਸੋਂ 160 ਰੁਪਏ ਤੇ 270 ਰੁਪਏ ਰਵੀ ਪਾਸੋਂ ਬਰਾਮਦ ਹੋਏ ਹਨ। ਪੁਲਸ ਨੇ ਨਿਰਮਲ ਸਿੰਘ ਪੁੱਤਰ ਗੁਰਨਾਮ ਸਿੰਘ ਤੇ ਰਵੀ ਪੁੱਤਰ ਹਰਬੰਸ ਸਿੰਘ ਵਾਸੀਆਨ ਬੀੜ ਤਲਾਬ ਬਠਿੰਡਾ ਨੂੰ ਹੈਰੋਇਨ ਤੇ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕਰਕੇ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ। ਉਧਰ, ਥਾਣਾ ਵੈਰੋਕੇ ਵਿਖੇ ਦਰਜ ਮੁਕੱਦਮੇ ਦੇ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਕੇਵਲ ਕ੍ਰਿਸ਼ਨ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਸੋਮਨਾਲਾ ਜੰਡਵਾਲਾ ਵਿਖੇ ਪੁੱਜੇ ਤਾਂ ਇਕ ਵਿਅਕਤੀ ਪੈਦਲ ਆਉਂਦਾ ਦਿਖਾਈ ਦਿੱਤਾ, ਜੋ ਪੁਲਸ ਪਾਰਟੀ ਦੀ ਗੱਡੀ ਨੂੰ ਵੇਖ ਕੇ ਘਬਰਾ ਗਿਆ ਤੇ ਖਿਸਕਣ ਲੱਗਾ, ਜਿਸ ਨੂੰ ਪੁਲਸ ਪਾਰਟੀ ਨੇ ਕਾਬੂ ਕਰਕੇ ਚੈਕਿੰਗ ਕੀਤੀ ਗਈ ਤਾਂ ਉਸ ਪਾਸੋਂ 1.5 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਹੈਰੋਇਨ ਸਣੇ ਮੰਗਤ ਸਿੰਘ ਉਰਫ਼ ਮੰਗਾ ਪੁੱਤਰ ਭੰਮਾ ਸਿੰਘ ਵਾਸੀ ਬਾਹਮਣੀਵਾਲਾ ਨੂੰ ਗ੍ਰਿਫ਼ਤਾਰ ਕਰਕੇ ਥਾਣਾ ਵੈਰੋਕੇ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

## ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਦਾ ਨਤੀਜਾ ਸ਼ਾਨਦਾਰ



**ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)**-ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਜਲਾਲਾਬਾਦ ਦਾ ਸੈਸ਼ਨ 2025-26 ਦੌਰਾਨ ਉਦਯੋਗਿਕ ਸਿਖਲਾਈ ਸੰਸਥਾ ਜਲਾਲਾਬਾਦ ਦੀ ਐੱਨਸੀਵੀਟੀ ਟਰੇਡਾਂ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ। ਸੰਸਥਾ ਦੇ ਪ੍ਰਿੰਸੀਪਲ ਰਜਿੰਦਰ ਸਿੰਘ ਜੋਸਨ ਦੀ ਯੋਗ ਅਗਵਾਈ ਤੇ ਸਮੂਹ ਇਸਟਰਕਟਰ ਸਾਹਿਬਾਨਾਂ ਦੀ ਸਖ਼ਤ ਮਿਹਨਤ ਸਦਕਾ ਜ਼ਿਆਦਾਤਰ ਸਿਖਿਆਰਥੀਆਂ ਨੇ 90 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕੀਤੇ। ਸੰਸਥਾ ਦੀ ਟਰੇਡ ਇਲੈਕਟਰੀਸ਼ਨ ਦੇ ਪਹਿਲੇ ਸਾਲ ਦੇ ਸਿਖਿਆਰਥੀ ਸੂਰਜ ਨੇ 99% ਅੰਕ ਪ੍ਰਾਪਤ ਕਰਕੇ ਸੰਸਥਾ ਦਾ ਇਤਿਹਾਸ ਰਚਿਆ ਤੇ ਸਵਪ੍ਰੀਤ ਨੇ 97 ਪ੍ਰਤੀਸ਼ਤ ਅੰਕਾਂ ਨਾਲ ਦੂਸਰਾ ਤੇ ਪਰਮਜੀਤ ਕੌਰ ਨੇ 96 ਪ੍ਰਤੀਸ਼ਤ ਲੈ ਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਮੁਸਕਾਨ, ਆਂਚਲ ਕੁਮਾਰ, ਅਨੀਤਾ ਨੇ 90 ਪ੍ਰਤੀਸ਼ਤ ਤੋਂ ਉਪਰ ਅੰਕ ਪ੍ਰਾਪਤ ਕੀਤੇ। ਸੰਸਥਾ ਦੀ ਦੂਸਰੇ ਸਾਲ ਦੀ ਟਰੇਡ ਇਲੈਕਟ੍ਰੀਸ਼ਨ ਦੇ ਸਿਖਿਆਰਥੀ ਨਿਕਤਾ ਸੇਠੀ ਨੇ 97 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਪਹਿਲਾ, ਪੂਜਾ ਰਾਣੀ ਨੇ 96% ਪ੍ਰਾਪਤ ਕਰਕੇ ਦੂਸਰਾ ਤੇ ਰੋਹਿਤ ਕਬੋਜ ਨੇ 95% ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਕੋਪਾ ਟਰੇਡ ਦੇ ਸਿਖਿਆਰਥੀ ਪ੍ਰੀਤ ਕੌਸ਼ੱਲ ਨੇ 97.30% ਲੈ ਕੇ ਪਹਿਲਾ, ਰਿਧੀਮਾ ਨੇ 92% ਨਾਲ ਦੂਸਰਾ ਤੇ ਜਸਵਿੰਦਰ ਕੌਰ ਨੇ 90% ਅੰਕ ਲੈ ਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਰਕੇਸ਼ ਕੁਮਾਰ, ਸਿਮਰਨਜੀਤ ਕੌਰ ਵਿਟਰ ਟਰੇਡ ਦੇ ਸਿਖਿਆਰਥੀਆਂ ਨੇ 95 ਪ੍ਰਤੀਸ਼ਤ ਅੰਕ ਪ੍ਰਾਪਤ ਕੀਤੇ। ਆਈਟੀਆਈ ਦੇ ਵਧਣਤੀ ਸਟਾਫ ਨੇ ਪ੍ਰਿੰਸੀਪਲ ਸਾਹਿਬ ਤੇ ਸਮੂਹ ਇੰਸਟਰਕਟਰ ਸਾਹਿਬਾਨ ਨੂੰ ਵਧਾਈ ਦਿੱਤੀ।

## ਡਾ. ਅਵਿਨਾਸ਼ ਰਾਣਾ ਸੀ ਸੀ ਆਈ ਦੇ ਸੂਬਾ ਪ੍ਰਧਾਨ ਨਿਯੁਕਤ



**ਭਵਾਨੀਗੜ੍ਹ (ਰਾਜ ਖੁਰਮੀ)**-ਲੋਕ ਸਮਾਜ ਸੇਵਾ ਤੇ ਮਾਨਵ ਸੇਵਾ ਤੇ ਲੋਕ ਭਲਾਈ ਦੇ ਕਾਰਜਾਂ ਨਾਲ ਜੁੜੇ ਡਾ. ਅਵਿਨਾਸ਼ ਰਾਣਾ ਨੂੰ ਕੰਜ਼ਿਊਮਰ ਕਨਫੈਡਰੇਸ਼ਨ ਆਫ ਇੰਡੀਆ (ਸੀ.ਸੀ.ਆਈ.) ਦਾ ਪੰਜਾਬ ਸੂਬਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਉਨ੍ਹਾਂ ਦੀ ਨਿਯੁਕਤੀ ਦਾ ਐਲਾਨ ਜੈਪੁਰ (ਰਾਜਸਥਾਨ) ਵਿਖੇ ਹੋਈ ਆਲ ਇੰਡੀਆ ਕੰਜ਼ਿਊਮਰ ਕਾਨਫਰੰਸ ਦੌਰਾਨ ਸੀ.ਸੀ.ਆਈ. ਦੇ ਕੌਮੀ ਚੇਅਰਮੈਨ ਡਾ. ਅਨੰਤ ਸ਼ਰਮਾ ਵੱਲੋਂ ਕੀਤਾ ਗਿਆ।ਇਸ ਮੌਕੇ ਡਾ. ਅਨੰਤ ਸ਼ਰਮਾ ਨੇ ਕਿਹਾ ਕਿ ਡਾ. ਅਵਿਨਾਸ਼ ਰਾਣਾ ਵੱਲੋਂ ਲੰਮੇ ਸਮੇਂ ਤੋਂ ਲੋਕ ਸੇਵਾ ਦੇ ਖੇਤਰ ਵਿੱਚ ਨਿਭਾਈਆਂ ਜਾ ਰਹੀਆਂ ਸੇਵਾਵਾਂ ਤੇ ਖਪਤਕਾਰਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਕੀਤੇ ਜਾ ਰਹੇ ਉਪਰਾਲਿਆਂ ਨੂੰ ਦੇਖਦਿਆਂ ਉਨ੍ਹਾਂ ਨੂੰ ਪੰਜਾਬ ਦਾ ਸੂਬਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਆਲ ਇੰਡੀਆ ਵਾਈਸ ਚੇਅਰਮੈਨ ਅਰੁਣ ਸ਼ਰਮਾ ਨੇ ਕਿਹਾ ਕਿ ਡਾ. ਅਵਿਨਾਸ਼ ਰਾਣਾ ਲੋਕ ਸੇਵਾ ਦੇ ਨਾਲ-ਨਾਲ ਖਪਤਕਾਰਾਂ ਦੇ ਹੱਕਾਂ ਤੇ ਸਮੱਸਿਆਵਾਂ ਲਈ ਵੀ ਸਰਗਰਮੀ ਨਾਲ ਕੰਮ ਕਰਦੇ ਆ ਰਹੇ ਹਨ।ਉਨ੍ਹਾਂ ਦੀਆਂ ਸੇਵਾਵਾਂ ਨੂੰ ਦੇਖਦਿਆਂ ਇਹ ਜ਼ਿੰਮੇਵਾਰੀ ਸੌਂਪਣਾ ਸੰਸਥਾ ਲਈ ਖ਼ੁਸ਼ੀ ਦੀ ਗੱਲ ਹੈ।ਜੈਪੁਰ ਵਿਖੇ ਹੋਈ ਇਸ ਦੋ ਰੋਜ਼ਾ ਕੌਮੀ ਕਾਨਫਰੰਸ ਵਿੱਚ ਉੱਤਰ ਭਾਰਤ ਤੇ ਦੱਖਣੀ ਭਾਰਤ ਸਮੇਤ ਵੱਖ-ਵੱਖ ਸੂਬਿਆਂ ਤੋਂ ਡੈਲੀਗੇਟਾਂ ਤੇ ਕਾਰਜਕਾਰਨੀ ਮੈਂਬਰਾਂ ਨੇ ਸ਼ਮੂਲੀਅਤ ਕੀਤੀ।ਕਾਨਫਰੰਸ ਦੌਰਾਨ ਖਪਤਕਾਰਾਂ ਨੂੰ ਦਰਪੇਸ਼ ਵੱਖ-ਵੱਖ ਸਮੱਸਿਆਵਾਂ, ਉਨ੍ਹਾਂ ਦੇ ਹੱਕਾਂ ਤੇ ਸਮੱਸਿਆਵਾਂ ਦੇ ਹੱਲ ਲਈ ਕੀਤੇ ਜਾਣ ਵਾਲੇ ਕਾਰਜਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਦੌਰਾਨ ਸ਼੍ਰੀ ਸਿਲਵਾਸ (ਤਮਿਲਨਾਡੂ) ਨੂੰ ਸੰਸਥਾ ਦਾ ਕੌਮੀ ਪ੍ਰਧਾਨ, ਰੂਪ ਪਾਲ ਸਿੰਘ ਨੂੰ ਕਾਰਜਕਾਰੀ ਪ੍ਰਧਾਨ ਤੇ ਡਾ. ਭਾਵਨਾ ਸਾਹਨੀ ਨੂੰ ਕੌਮੀ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ।

## ਮਜ਼ਦੂਰਾਂ ਨੇ ਸ਼ਹੀਦ ਭਗਤ ਸਿੰਘ ਦਾ ਜਨਮ ਦਿਨ ਮਨਾਇਆ



**ਸਮਰਾਲਾ (ਸੁਰਜੀਤ ਸਿੰਘ)**-ਸਥਾਨਕ ਲੇਬਰ ਚੌਕ ਵਿੱਚ ਸੀ. ਪੀ. ਆਈ (ਐੱਮ.) ਵੱਲੋਂ ਕਾਮਰੇਡ ਭਜਨ ਸਿੰਘ ਦੀ ਅਗਵਾਈ ਹੇਠ ਸ਼ਹੀਦ-ਏ-ਆਜ਼ਮ ਭਗਤ ਸਿੰਘ ਦਾ ਜਨਮ ਦਿਨ ਸਮਾਗਮ ਦੇ ਰੂਪ ਵਿੱਚ ਮਨਾਇਆ ਗਿਆ, ਜਿਸ ਵਿੱਚ ਇਲਾਕੇ ਦੇ ਆਗਾਵਾਦੀ ਸੋਚ ਰੱਖਣ ਵਾਲੀਆਂ ਸੁਹਿਰਦ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ।ਆਗੂਆਂ ਨੇ ਆਪਣੇ ਸੰਬੋਧਨ ਵਿੱਚ ਭਗਤ ਸਿੰਘ ਦੇ ਜੀਵਨ ਫਲਸਫੇ 'ਤੇ ਵਿਚਾਰ ਵਿਟਾਂਦਰਾ ਕਰਦੇ ਹੋਏ ਕਿਹਾ ਕਿ ਇਹ ਦਿਨ ਮਨਾਉਣਾ ਤਾਂ ਹੀ ਸਾਰਥਕ ਹੋਵੇਗਾ, ਜੇਕਰ ਉਨ੍ਹਾਂ ਦੀ ਸੋਚ ਅਪਣਾਈ ਜਾਵੇ। ਉਨ੍ਹਾਂ ਕਿਹਾ ਕਿ ਭਗਤ ਸਿੰਘ ਸਿਰਫ਼ ਬੰਦੂਕ ਚਲਾਉਣ ਵਾਲੇ ਨਹੀਂ ਸੀ, ਸਗੋਂ ਦੇਸ਼ ਦੇ ਨੌਜਵਾਨਾਂ ਵਿੱਚ ਇੱਕ ਨਵੀਂ ਚਿਣਗ ਵੀ ਲਾਈ ਸੀ। ਕਾਮਰੇਡ ਭਜਨ ਸਿੰਘ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਜਿਸ ਆਜ਼ਾਦੀ ਦਾ ਸੁਫਨਾ ਭਗਤ ਸਿੰਘ ਨੇ ਲਿਆ ਸੀ, ਉਸ ਨੂੰ ਸਾਡੇ ਦੇਸ਼ ਦੇ ਭ੍ਰਿਸ਼ਟ ਰਾਜਨੀਤਕ ਲੋਕਾਂ ਨੇ ਤਬਾਹ ਕਰ ਕੇ ਰੱਖ ਦਿੱਤਾ ਹੈ।ਉਨ੍ਹਾਂ ਕਿਹਾ ਕਿ ਭਾਰਤ ਵਿੱਚ ਚੱਲ ਰਹੀ ਜਨਗਨਣਾ ਦੌਰਾਨ ਭਾਰਤ ਦੇ 13 ਕਰੋੜ ਦੇ ਲਗਭਗ ਵੋਟਰਾਂ ਦੀਆਂ ਵੋਟਾਂ ਕੱਟਣ ਦਾ ਮਾਮਲਾ ਤੂਲ ਫੜਦਾ ਜਾ ਰਿਹਾ ਹੈ, ਜਿਸ ਦੀ ਸਾਰੀ ਜ਼ਿੰਮੇਵਾਰੀ ਮੁੱਖ ਇਲੈਕਸ਼ਨ ਕਮਿਸ਼ਨ ਦੀ ਬਣਦੀ ਹੈ।ਇਨ੍ਹਾਂ ਕੱਟੀਆਂ ਵੋਟਾਂ ਦੇ ਵਿਰੋਧ ਵਿੱਚ 28 ਸਤੰਬਰ ਤੋਂ 2 ਅਕਤੂਬਰ ਤੱਕ ਸੀ. ਪੀ. ਆਈ. ਤੇ ਸੀ. ਪੀ. ਐਮ. ਵੱਲੋਂ ਲਗਾਤਾਰ ਧਰਨੇ ਦਿੱਤੇ ਜਾ ਰਹੇ।ਇਸ ਮੌਕੇ ਡਾ. ਹਰਜਿੰਦਰਪਾਲ ਸਿੰਘ ਸਮਰਾਲਾ ਨੇ ਕਿਹਾ ਕਿ ਅੱਜ ਮਜ਼ਦੂਰ ਦੀ ਹਾਲਤ ਇੰਨੀ ਪਤਲੀ ਹੋ ਚੁੱਕੀ ਹੈ, ਉਸ ਨੂੰ ਦੋ ਵਕਤ ਦੀ ਰੋਟੀ ਮਸਾਂ ਨਸੀਬ ਹੋ ਰਹੀ ਹੈ, ਜਦੋਂ ਕਿ ਅਮੀਰ ਹੋਰ ਅਮੀਰ ਹੋ ਰਿਹਾ ਹੈ।ਇਸ ਤੋਂ ਇਲਾਵਾ ਸਮਰਾਲਾ ਦੇ ਮੇਨ ਚੌਕ ਵਿੱਚ ਟੈਂਪੂ ਯੂਨੀਅਨ ਵੱਲੋਂ ਵੀ ਸ਼ਹੀਦ ਭਗਤ ਸਿੰਘ ਜਨਮ ਦਿਨ ਮਨਾਇਆ ਗਿਆ।

## ਸਹਾਰਾ ਕਲੱਬ ਵੱਲੋਂ ਵੇਦ ਤਾਇਲ ਦੀ ਯਾਦ 'ਚ 2100 ਬੂਟੇ ਲਗਾਉਣ ਦਾ ਅਹਿਦ, ਮੁਹਿੰਮ ਸ਼ੁਰੂ

### 1 ਨਵੰਬਰ ਨੂੰ ਬਰਸੀ ਮੌਕੇ ਵਾਤਾਵਰਨ ਸੰਭਾਲ ਜਾਗਰੂਕਤਾ ਸਮਾਰੋਹ



**ਭੀਖੀ (ਧਰਮਵੀਰ ਸ਼ਰਮਾ)**-ਸਹਾਰਾ ਕਲੱਬ (ਰਜਿ.) ਭੀਖੀ ਵੱਲੋਂ ਭੀਖੀ ਪ੍ਰੈੱਸ ਕਲੱਬ ਦੇ ਤਤਕਾਲ ਪ੍ਰਧਾਨ ਤੇ ਪੰਜਾਬ ਕੇਸਰੀ ਗਰੁੱਪ ਦੇ ਮਰਹੂਮ ਪ੍ਰਤੀਨਿਧੀ ਵੇਦ ਤਾਇਲ ਦੀ ਯਾਦ ਨੂੰ ਸਦੀਵੀਂ ਬਣਾਉਣ ਲਈ 2100 ਬੂਟੇ ਲਗਾਉਣ ਦਾ ਅਹਿਦ ਲਿਆ ਗਿਆ। ਮੁਹਿੰਮ ਦੀ ਸ਼ੁਰੂਆਤ ਭਾਜਪਾ ਦੇ ਜ਼ਿਲ੍ਹਾ ਜਨਰਲ ਸਕੱਤਰ ਮੁਨੀਸ਼ ਬੱਬੀ ਦਾਨੇਵਾਲੀਆ ਤੇ ਭਾਜਪਾ ਮੰਡਲ ਪ੍ਰਧਾਨ ਵਿਵੇਕ ਜੈਨ ਬੱਬੂ ਵੱਲੋਂ ਸ਼੍ਰੀ ਕਾਲੀ ਮਾਤਾ ਮੰਦਿਰ ਭੀਖੀ ਵਿਖੇ ਪੌਦੇ ਲਗਾ ਕੇ ਕੀਤੀ ਗਈ। ਇਸ ਮੌਕੇ ਸਹਾਰਾ ਕਲੱਬ ਦੇ ਮੈਂਬਰਾਂ ਅਤੇ ਸਮਾਜ ਸੇਵੀਆਂ ਨੇ ਵੀ ਉਤਸ਼ਾਹ ਨਾਲ ਹਿੱਸਾ ਲਿਆ ਤੇ ਵਾਤਾਵਰਨ ਦੀ ਸੰਭਾਲ ਲਈ ਆਪਣਾ ਯੋਗਦਾਨ ਪਾਉਣ ਦਾ ਸੰਕਲਪ ਲਿਆ। ਇਸ ਮੌਕੇ ਮੁਨੀਸ਼ ਬੱਬੀ ਦਾਨੇਵਾਲੀਆ ਤੇ ਵਿਵੇਕ ਜੈਨ ਬੱਬੂ ਨੇ ਕਿਹਾ ਕਿ ਰੁੱਖ ਮਨੁੱਖੀ ਜੀਵਨ ਦਾ ਅਹਿਮ ਹਿੱਸਾ ਹਨ। ਰੁੱਖ ਸਾਨੂੰ ਆਕਸੀਜਨ ਪ੍ਰਦਾਨ ਕਰਨ ਦੇ ਨਾਲ-ਨਾਲ ਵਾਤਾਵਰਨ ਨੂੰ ਸਾਫ਼ ਰੱਖਣ, ਤਾਪਮਾਨ ਨੂੰ ਸੰਤੁਲਿਤ ਕਰਨ ਤੇ ਧਰਤੀ ਨੂੰ ਹਰਿਆ-ਭਰਿਆ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਸਿਰਫ਼ ਬੂਟੇ ਲਗਾਉਣਾ ਹੀ ਕਾਫ਼ੀ ਨਹੀਂ, ਸਗੋਂ ਉਨ੍ਹਾਂ ਦੀ ਨਿਯਮਿਤ ਸੰਭਾਲ, ਸਿੰਚਾਈ ਤੇ ਸੁਰੱਖਿਆ ਕਰਨਾ ਵੀ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਸਵ. ਵੇਦ ਤਾਇਲ ਦੀ ਯਾਦ ਵਿੱਚ ਸ਼ੁਰੂ ਕੀਤੀ ਗਈ ਇਹ ਮੁਹਿੰਮ ਉਨ੍ਹਾਂ ਨੂੰ ਸੱਚੀ ਸ਼ਰਧਾਂਜਲੀ ਦੇਣ ਦੇ ਨਾਲ-ਨਾਲ ਸਮਾਜ ਵਿੱਚ ਵਾਤਾਵਰਨ ਪ੍ਰਤੀ ਜਾਗਰੂਕਤਾ ਪੈਦਾ ਕਰਨ ਵਿੱਚ ਵੀ ਸਹਾਇਕ ਹੋਵੇਗੀ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਜੀਵਨ ਦੇ ਖ਼ਾਸ ਮੌਕਿਆਂ ਨੂੰ ਯਾਦਗਾਰ ਬਣਾਉਣ ਲਈ ਬੂਟੇ ਲਗਾਉਣ ਅਤੇ ਉਨ੍ਹਾਂ ਦੀ ਸੰਭਾਲ ਦੀ ਜ਼ਿੰਮਾ ਵੀ ਲੈਣ। ਸਹਾਰਾ ਕਲੱਬ ਵੱਲੋਂ ਇਸ ਮੁਹਿੰਮ ਤਹਿਤ 2100 ਬੂਟੇ ਲਗਾਉਣ ਦਾ ਟੀਚਾ ਰੱਖਿਆ ਗਿਆ ਹੈ। ਇਸ ਤਹਿਤ ਆਉਣ ਵਾਲੇ ਸਮੇਂ ਵਿੱਚ ਭੀਖੀ ਸ਼ਹਿਰ ਤੇ ਆਸ-ਪਾਸ ਦੇ ਇਲਾਕਿਆਂ ਵਿੱਚ ਵੱਖ-ਵੱਖ ਜਨਤਕ ਥਾਵਾਂ, ਧਾਰਮਿਕ ਸਥਾਨਾਂ, ਸੜਕਾਂ ਦੇ ਕਿਨਾਰਿਆਂ ਤੇ ਹੋਰ ਉਚਿਤ ਸਥਾਨਾਂ 'ਤੇ ਪੌਦੇ ਲਗਾਏ ਜਾਣਗੇ। ਇਸ ਮੌਕੇ ਜਾਣਕਾਰੀ ਦਿੰਦਿਆਂ ਕਲੱਬ ਦੇ ਅਹੁਦੇਦਾਰਾਂ ਨੇ ਦੱਸਿਆ ਕਿ 1 ਨਵੰਬਰ ਨੂੰ ਸਵ. ਵੇਦ ਤਾਇਲ ਦੀ ਬਰਸੀ ਮੌਕੇ ਵਾਤਾਵਰਨ ਸੰਭਾਲ ਲਈ ਵਿਸ਼ੇਸ਼ ਜਾਗਰੂਕਤਾ ਸਮਾਰੋਹ ਕੀਤਾ ਜਾਵੇਗਾ। ਮੁਹਿੰਮ ਦੀ ਸ਼ੁਰੂਆਤ ਮੌਕੇ ਸੰਦੀਪ ਤਾਇਲ, ਦੀਪੂ ਅਲੀਸ਼ੇਰ, ਅਰਜੁਨ ਗਰਗ, ਪ੍ਰਦੀਪ ਗਰਗ, ਜਗਭੂਸ਼ਨ ਗੋਇਲ, ਹਰਸ਼ ਸਿੰਗਲਾ, ਸ਼ਿੰਟੂ ਮੈਂਬਰ, ਨਿਖਿਲ ਗੋਇਲ, ਵਿਨੈ ਮਹਿਤਾ, ਗੁਲਸ਼ਨ ਮਿੱਤਲ, ਕੋਮਲ ਸ਼ਰਮਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਤਵੰਤੇ ਹਾਜ਼ਰ ਸਨ।

## ਸ਼ਹੀਦ ਭਗਤ ਸਿੰਘ ਦੇ ਜਨਮ ਦਿਨ ਮੌਕੇ ਚੌਕ ਦਾ ਨਵੀਨੀਕਰਨ, ਵਿਸ਼ਾਲ ਬੁੱਤ ਕੀਤਾ ਸਥਾਪਤ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਜੀ ਦੇ ਜਨਮਦਿਵਸ ਦੇ ਸ਼ੁਭ ਅਵਸਰ 'ਤੇ ਫ਼ਿਰੋਜ਼ਪੁਰ ਵਿਖੇ ਇੱਕ ਵਿਸ਼ੇਸ਼ ਤੇ ਪ੍ਰੇਰਨਾਦਾਇਕ ਉਪਰਾਲਾ ਕੀਤਾ ਗਿਆ ਹੈ। ਇਸ ਖ਼ਾਸ ਮੌਕੇ ਸ਼ਹਿਰ ਦੇ ਪ੍ਰਮੁੱਖ 'ਸ਼ਹੀਦ ਭਗਤ ਸਿੰਘ ਚੌਕ' ਦਾ ਨਵੀਨੀਕਰਨ ਕਰਦਿਆਂ ਉੱਥੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦਾ ਇੱਕ ਵਿਸ਼ਾਲ ਤੇ ਸ਼ਾਨਦਾਰ ਬੁੱਤ ਸਥਾਪਤ ਕੀਤਾ ਗਿਆ ਹੈ। ਚੌਕ 'ਤੇ ਸਥਾਪਤ ਕੀਤੇ ਗਏ ਇਸ ਨਵੇਂ ਬੁੱਤ ਵਿੱਚ ਸ਼ਹੀਦ ਭਗਤ ਸਿੰਘ ਦੇ ਹੱਥ ਵਿੱਚ 'ਇਨਕਲਾਬ ਜ਼ਿੰਦਾਬਾਦ' ਦਾ ਝੰਡਾ ਬੁਲੰਦ ਹੁੰਦਾ ਨਜ਼ਰ ਆ ਰਿਹਾ ਹੈ, ਜੋ ਦੇਸ਼ ਭਗਤੀ ਦੇ ਜਜ਼ਬੇ ਨੂੰ ਹੋਰ ਵੀ ਮਜ਼ਬੂਤ ਕਰਦਾ ਹੈ। ਇਸ ਬੁੱਤ ਦੀ ਸਥਾਪਨਾ ਤੋਂ ਬਾਅਦ ਇਸ ਚੌਕ ਨੂੰ ਸ਼ਹੀਦ ਭਗਤ ਸਿੰਘ ਜੀ ਦੀ ਮਹਾਨ ਵਿਚਾਰਧਾਰਾ, ਦੇਸ਼ ਪ੍ਰਤੀ ਉਨ੍ਹਾਂ ਦੇ ਅਥਾਹ ਪ੍ਰੇਮ ਤੇ ਅਜ਼ਾਦੀ ਲਈ ਦਿੱਤੀ ਗਈ ਅਦੁੱਤੀ ਕੁਰਬਾਨੀ ਦੀ ਯਾਦ ਨਾਲ ਹੋਰ ਵੀ ਗੂੜ੍ਹੇ ਤਰੀਕੇ ਨਾਲ ਜੋੜ ਦਿੱਤਾ ਗਿਆ ਹੈ। ਇਸ ਵਿਸ਼ੇਸ਼ ਸਮਾਗਮ ਦੌਰਾਨ ਸ਼ਹੀਦ ਭਗਤ ਸਿੰਘ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਹਲਕਾ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਆਖਿਆ ਕਿ ਅੱਜ ਦੇ ਸਮੇਂ ਵਿੱਚ ਸਾਨੂੰ ਸਾਰਿਆਂ ਨੂੰ ਸ਼ਹੀਦਾਂ ਦੀ ਦਰਸਾਈ ਸੋਚ 'ਤੇ ਚੱਲਣ ਦੀ ਬਹੁਤ ਲੋੜ ਹੈ। ਉਨ੍ਹਾਂ ਕਿਹਾ ਕਿ ਸਾਡੇ ਮਹਾਨ ਸ਼ਹੀਦਾਂ ਦੁਆਰਾ ਦਿੱਤੀਆਂ ਗਈਆਂ ਅਨੇਕਾਂ ਕੁਰਬਾਨੀਆਂ ਦੀ ਬਦੌਲਤ ਹੀ ਅੱਜ ਅਸੀਂ ਆਜ਼ਾਦ ਫ਼ਿਜ਼ਾ ਵਿੱਚ ਸਾਹ ਲੈ ਰਹੇ ਹਾਂ।

ਵਿਧਾਇਕ ਭੁੱਲਰ ਨੇ ਨੌਜਵਾਨ ਵਰਗ ਨੂੰ ਖ਼ਾਸ ਸੰਦੇਸ਼ ਦਿੰਦਿਆਂ ਕਿਹਾ ਕਿ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਸ਼ਹੀਦ-ਏ-ਆਜ਼ਮ ਭਗਤ ਸਿੰਘ ਜੀ ਦੇ ਜੀਵਨ, ਉਨ੍ਹਾਂ ਦੇ ਉੱਚੇ-ਸੁੱਚੇ ਵਿਚਾਰਾਂ ਤੇ ਦੇਸ਼ ਪ੍ਰਤੀ ਉਨ੍ਹਾਂ ਦੇ ਅਟੁੱਟ ਜਜ਼ਬੇ ਤੋਂ ਪ੍ਰੇਰਨਾ ਲੈ ਕੇ ਦੇਸ਼ ਤੇ ਸਮਾਜ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਇਸ ਦੇ ਨਾਲ ਹੀ ਉਨ੍ਹਾਂ ਦੱਸਿਆ ਕਿ ਸ਼ਹੀਦ-ਏ-ਆਜ਼ਮ ਜੀ ਦੇ ਜਨਮਦਿਨ ਨੂੰ ਸਮਰਪਿਤ ਪੰਜਾਬ ਭਰ ਵਿੱਚ ਵੱਖ-ਵੱਖ ਸਮਾਗਮ ਕਰਵਾਏ ਜਾ ਰਹੇ ਹਨ। ਇਸੇ ਲੜੀ ਤਹਿਤ ਅੱਜ ਲੁਧਿਆਣਾ ਵਿਖੇ ਵੀ 'ਜਸ਼ਨ-ਏ-ਇਨਕਲਾਬ' ਪ੍ਰੋਗਰਾਮ ਦਾ ਬਹੁਤ ਹੀ ਉਤਸ਼ਾਹ ਨਾਲ ਆਯੋਜਨ ਕੀਤਾ ਜਾ ਰਿਹਾ ਹੈ, ਜਿੱਥੇ ਪੂਰੇ ਸੂਬੇ ਵੱਲੋਂ ਸ਼ਹੀਦ-ਏ-ਆਜ਼ਮ ਭਗਤ ਸਿੰਘ ਜੀ ਦੇ ਜੀਵਨ, ਉਨ੍ਹਾਂ ਦੇ ਸੰਘਰਸ਼ ਅਤੇ ਇਨਕਲਾਬੀ ਵਿਚਾਰਧਾਰਾ ਨੂੰ ਸ਼ਰਧਾ ਨਾਲ ਯਾਦ ਕੀਤਾ ਜਾ ਰਿਹਾ ਹੈ।

## ਸਫਾ 1 ਦੇ ਬਾਕੀ...

### ਕਾਂਗਰਸ ਪੰਜਾਬ ਬਚਾਉਣ...

ਹੈ ਅਤੇ ਜੇਲ੍ਹ ਅੰਦਰ ਸੁੱਟਣਾ ਚਾਹੀਦਾ ਹੈ।ਮੋਦੀ-ਸ਼ਾਹ ਜੁੰਡਲੀ ਦੇ ਕਹੇ 'ਤੇ ਜੋ ਗਿਆਨੇਸ਼ ਕੁਮਾਰ ਕਰ ਰਿਹਾ ਹੈ, ਉਸ ਦੀ ਜਾਂਚ ਹੋਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਪੰਜਾਬ 'ਚ ਅਕਾਲੀ ਦਲ ਨੇ ਭਾਜਪਾ, ਆਰ ਐਸ ਐਸ ਨਾਲ ਸਾਂਝ ਪਾ ਕੇ ਲੋਕਾਂ ਨਾਲ ਗ਼ਦਾਰੀ ਕੀਤੀ।ਅਕਾਲੀ ਦਲ ਨੇ ਇਸ ਦੀ ਸ਼ੁਰੂਆਤ ਪੰਜਾਬ ਯੂਨੀਵਰਸਿਟੀ 'ਚ ਸਟੂਡੈਂਟਸ ਯੂਨੀਅਨ ਦੀਆਂ ਚੋਣਾਂ 'ਚ ਏ ਬੀ ਵੀ ਪੀ ਦੇ ਉਮੀਦਵਾਰ ਨੂੰ ਜਿਤਾ ਕੇ ਕੀਤੀ।ਉਸ ਨੇ ਪੰਜਾਬ 'ਚ ਭਾਜਪਾ ਅਤੇ ਆਰ ਐਸ ਐਸ ਦਾ ਮੁੱਢ ਬੰਨ੍ਹਿਆ।ਭਾਜਪਾ ਪੰਜਾਬ 'ਚ ਕਾਂਗਰਸ ਅਤੇ ਆਪ ਦੇ ਬੰਦੇ ਖਰੀਦੇਗੀ।ਭਾਜਪਾ ਅਤੇ ਆਰ ਐੱਸ ਐੱਸ ਸਾਰੇ ਦੇਸ਼ 'ਚ ਘੱਟ ਗਿਣਤੀਆਂ ਖਿਲਾਫ ਹੈ। ਪੰਜਾਬ ਦੇ ਲੋਕ ਅਕਾਲੀਆਂ ਨੂੰ ਕਦੇ ਮੁਆਫ਼ ਨਹੀਂ ਕਰਨਗੇ।ਸਾਥੀ ਬਰਾੜ ਨੇ ਕਿਹਾ ਕਿ ਕਾਂਗਰਸ ਨੇ ਵਾਅਦਾ ਕੀਤਾ ਸੀ ਕਿ ਭਾਜਪਾ ਨੂੰ ਰੋਕਣ ਲਈ ਸਾਰੇ ਦੇਸ਼ ਅੰਦਰ ਰਲ ਕੇ ਚੱਲਾਂਗੇ ਅਤੇ ਇੰਡੀਆ ਗੱਠਜੋੜ ਵੀ ਬਣਿਆ।ਸਾਰੀਆਂ ਹੀ ਖੱਬੀਆਂ ਪਾਰਟੀਆਂ ਚਾਹੁੰਦੀਆਂ ਹਨ ਕਿ ਸਾਰੇ ਦੇਸ਼ ਅੰਦਰ ਰਲ ਕੇ ਚੱਲਿਆ ਜਾਵੇ ਪਰ ਬਦਕਿਸਮਤੀ ਹੈ ਕਿ ਪੰਜਾਬ 'ਚ ਕਾਂਗਰਸ ਆਪਣੇ ਹੀ ਢੰਗ ਨਾਲ ਚੱਲ ਰਹੀ ਹੈ।ਅਸੀਂ ਸਮਝਦੇ ਹਾਂ ਕਿ ਪੰਜਾਬ 'ਚ ਜੇਕਰ ਇਕੱਠੇ ਹੋ ਕੇ ਚੱਲਿਆ ਜਾਵੇ ਤਾਂ ਪੰਜਾਬ ਨੂੰ ਬਚਾਇਆ ਜਾ ਸਕਦਾ ਹੈ। ਪੰਜਾਬ ਦੇ ਮਸਲੇ ਹੱਲ ਹੋਣੇ ਚਾਹੀਦੇ ਹਨ। ਚੰਡੀਗੜ੍ਹ ਪੰਜਾਬ ਨੂੰ ਮਿਲੇ, ਪੰਜਾਬੀ ਯੂਨੀਵਰਸਿਟੀ ਹੋਵੇ, ਭਾਖੜਾ ਅਤੇ ਨੰਗਲ ਡੈਮ ਸਾਡੇ ਹਨ।ਇਹ ਸਾਡੇ ਹਵਾਲੇ ਹੋਣੇ ਚਾਹੀਦੇ ਹਨ। ਪਾਣੀਆਂ ਦਾ ਮਸਲਾ ਹੱਲ ਹੋਣਾ ਚਾਹੀਦਾ ਹੈ। ਸਾਥੀ ਬਰਾੜ ਨੇ ਕਿਹਾ ਕਿ 1-2-3 ਦਸੰਬਰ ਨੂੰ ਸੱਤਿਆਗ੍ਰਹਿ ਹੋਵੇਗਾ।ਪਾਰਲੀਮੈਂਟ ਅਤੇ ਵਿਧਾਨ ਸਭਾ ਦੇ ਘਿਰਾਓ ਕੀਤੇ ਜਾਣਗੇ। ਸਰਕਾਰੀ ਦਫ਼ਤਰਾਂ ਦੇ ਘਿਰਾਓ ਹੋਣਗੇ ਅਤੇ ਗ੍ਰਿਫਤਾਰੀਆਂ ਦਿੱਤੀਆਂ ਜਾਣਗੀਆਂ।ਉਨ੍ਹਾਂ ਨੌਜਵਾਨਾਂ ਨੂੰ ਭਗਤ ਸਿੰਘ ਦੀ ਸੋਚ ਅਪਨਾਉਣ ਲਈ ਅਪੀਲ ਕੀਤੀ। ਦੇਵੀ ਕੁਮਾਰੀ ਸਰਹਾਲੀ ਕਲਾਂ ਨੇ ਕਿਹਾ ਕਿ ਨੌਜਵਾਨਾਂ ਨੂੰ ਭਗਤ ਸਿੰਘ ਬਾਰੇ ਪੜ੍ਹਨਾ ਚਾਹੀਦਾ ਹੈ ਕਿ ਭਗਤ ਸਿੰਘ ਕੀ ਚਾਹੁੰਦਾ ਸੀ। ਭਗਤ ਸਿੰਘ ਨੂੰ ਕਿਤਾਬਾਂ ਪੜ੍ਹਨ ਦਾ ਬਹੁਤ ਸ਼ੌਕ ਸੀ।ਫਾਂਸੀ ਤੋਂ ਕੁਝ ਮਿੰਟ ਪਹਿਲਾਂ ਵੀ ਭਗਤ ਸਿੰਘ ਕਿਤਾਬ ਪੜ੍ਹ ਰਿਹਾ ਸੀ। ਫਾਂਸੀ 'ਤੇ ਜਾਣ ਵੇਲੇ ਕਿਤਾਬ ਦਾ ਪੰਨਾ ਮੋੜ ਦਿੱਤਾ ਸੀ ਅਤੇ ਕਹਿ ਰਿਹਾ ਸੀ ਆਉਣ ਵਾਲੀਆਂ ਪੀੜ੍ਹੀਆਂ ਬਾਕੀ ਕਿਤਾਬ ਨੂੰ ਪੜ੍ਹਨਗੀਆਂ।ਸੋ ਭਗਤ ਸਿੰਘ ਸਾਡੇ 'ਤੇ ਵੱਡੀ ਜ਼ਿੰਮੇਵਾਰੀ ਪਾ ਗਿਆ ਹੈ।ਇਸ ਲਈ ਭਗਤ ਸਿੰਘ ਦੇ ਸੁਪਨਿਆਂ ਦਾ ਸਮਾਜ ਸਿਰਜਣ ਲਈ ਸਾਨੂੰ ਰਲ ਮਿਲ ਕੇ ਕੋਸ਼ਿਸ਼ ਕਰਨੀ ਚਾਹੀਦੀ ਹੈ।ਤਾਂ ਹੀ ਭਗਤ ਸਿੰਘ ਦੇ ਸੁਪਨਿਆਂ ਦਾ ਭਾਰਤ ਬਣੇਗਾ।ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਜਸਵਿੰਦਰ ਸਿੰਘ ਭੰਗਲ, ਜ਼ਿਲ੍ਹਾ ਮੀਤ ਸਕੱਤਰ ਨਰੰਜਣ ਦਾਸ ਮੇਹਲੀ, ਪਰਮਿੰਦਰ ਮੇਨਕਾ ਅਤੇ ਏਟਕ ਆਗੂਆਂ ਨੇ ਵੀ ਸੰਬੋਧਨ ਕੀਤਾ।ਇਸ ਮੌਕੇ ਜਸਵਿੰਦਰ ਸਿੰਘ ਭੰਗਲ, ਪਰਮਿੰਦਰ ਮੇਨਕਾ, ਗੁਰਮੁਖ ਸਿੰਘ ਫਰਾਲਾ, ਨਰੰਜਣ ਦਾਸ ਮੇਹਲੀ, ਅਮਰਜੀਤ ਮੇਹਲੀ, ਜੁਝਾਰ ਸਿੰਘ ਕੁੱਕੜ ਮਜਾਰਾ, ਜਗਤਾਰ ਸਿੰਘ, ਦਸੌਂਧਾ ਸਿੰਘ, ਹਸ਼ਮਤ ਅਲੀ, ਰਾਮ ਆਸਰਾ, ਗੁਰਦੀਪ ਸਿੰਘ, ਵਿਜੇ ਸਿੰਘ, ਰਾਮ ਲਖਣ, ਮੱਖਣ ਸਿੰਘ, ਜਗਦੀਸ਼ ਸਿੰਘ, ਮਨੀ ਰਾਮ, ਪ੍ਰਭਾਕਰ ਤਿਵਾੜੀ, ਕੁਲਵਿੰਦਰ ਸਿੰਘ, ਸਵਰਨ ਦਾਸ, ਸੁਖਵਿੰਦਰ ਸਿੰਘ, ਲਛਮਣ ਦਾਸ ਤੋਂ ਪਾਰਟੀ ਵਰਕਰ ਅਤੇ ਸਮਰਥਕ ਹਾਜ਼ਰ ਸਨ।

### ਭਗਤ ਸਿੰਘ ਦੀ ਵਿਚਾਰਧਾਰਾ...

ਨਹੀਂ, ਉਨ੍ਹਾਂ ਨੇ ਗ੍ਰਿਫਤਾਰੀ ਦਿੱਤੀ। ਮੁਕਦਮੇ ਦੇ ਟਰਾਇਲ ਨੂੰ ਉਨ੍ਹਾਂ ਨੇ ਦੇਸ਼ ਦੇ ਲੋਕਾਂ ਨੂੰ ਲਗਾਤਾਰ ਆਪਣੇ ਵਿਚਾਰਾਂ ਤੋਂ ਜਾਣੂ ਕਰਵਾਉਣ ਵਜੋਂ ਵਰਤਿਆ। ਉਨ੍ਹਾਂ ਕਿਹਾ ਕਿ ਜਿਸ ਲੁੱਟ-ਖਸੁੱਟ ਅਤੇ ਅਨੇਕਾਂ ਕਿਸਮ ਦੀਆਂ ਲੋਕ ਵਿਰੋਧੀ ਬੁਰਾਈਆਂ ਦੇ ਵਿਰੁੱਧ ਲੜਦਿਆਂ ਦੇਸ਼ ਨੂੰ ਗੁਲਾਮੀ ਦੀਆਂ ਜ਼ੰਜੀਰਾਂ ਵਿੱਚੋਂ ਭਗਤ ਸਿੰਘ ਨੇ ਆਪਣੀ ਜਾਨ ਦੀ ਅਹੂਤੀ ਦੇ ਕੇ ਆਜ਼ਾਦ ਕਰਵਾਇਆ ਸੀ, ਅੱਜ ਉਸੇ ਆਜ਼ਾਦ ਦੇਸ਼ ਵਿੱਚ ਬੀ ਜੇ ਪੀ, ਆਰ ਐਸ ਐਸ ਦੀ ਲੋਕ ਵਿਰੋਧੀ ਫਿਰਕਾਪ੍ਰਸਤ ਅਤੇ ਕਾਰਪੋਰੇਟਾਂ ਦੀ ਜੁੰਡੀ ਦੀ ਯਾਰ ਸਰਕਾਰ ਦੀਆਂ ਘੋਰ ਲੋਕ ਵਿਰੋਧੀ ਨੀਤੀਆਂ ਦਾ ਸ਼ਿਕਾਰ ਕਰੋੜਾਂ ਲੋਕ ਗਰੀਬੀ ਤੇ ਗੁਰਬਤ ਵਿੱਚ ਜੀਵਨ ਬਸਰ ਕਰ ਰਹੇ ਹਨ। ਕਾਰਪੋਰੇਟਾਂ ਨੂੰ ਦੇਸ਼ ਦਾ ਧਨ ਬੜੀ ਬੇਕਿਰਕੀ ਨਾਲ ਲੁਟਾਇਆ ਜਾ ਰਿਹਾ ਹੈ। ਆਮ ਲੋਕਾਂ ਦਾ ਜੀਵਨ ਪੱਧਰ ਥੱਲੇ ਜਾ ਰਿਹਾ ਹੈ। ਦੇਸ਼ ਦਾ ਕਿਸਾਨ ਜਿਸ ਨੂੰ ਅੰਨਦਾਤਾ ਕਿਹਾ ਜਾਂਦਾ ਹੈ, ਦੀ ਜ਼ਮੀਨ ਕਾਰਪੋਰੇਟਾਂ ਦੇ ਹਵਾਲੇ ਕਰਨੇ ਦੀਆਂ ਸਾਜ਼ਿਸ਼ਾਂ ਹੋ ਰਹੀਆਂ ਹਨ। ਅਮਰੀਕਾ ਵਰਗੇ ਦੇਸ਼ਾਂ ਨਾਲ ਮੁਕਤ ਵਪਾਰ ਸਮਝੌਤਾ ਕਰਕੇ ਖੇਤੀ ਦੇ ਖਾਤਮੇ ਦਾ ਮੁੱਢ ਬੰਨ੍ਹਿਆ ਜਾ ਰਿਹਾ ਹੈ। ਦੇਸ਼ ਵਿੱਚ ਧਾਰਮਿਕ ਘੱਟਗਿਣਤੀਆਂ ਦਾ ਰਹਿਣਾ ਦੁੱਭਰ ਕੀਤਾ ਪਿਆ ਹੈ। ਦੇਸ਼ ਦੇ ਸੰਵਿਧਾਨ ਨੂੰ ਨਜ਼ਰਅੰਦਾਜ਼ ਕਰਕੇ ਸੰਵਿਧਾਨਕ ਸੰਸਥਾਵਾਂ ਅਤੇ ਅਦਾਰਿਆਂ ਨੂੰ ਖਤਮ ਕੀਤਾ ਜਾ ਰਿਹਾ ਹੈ। ਦੇਸ਼ ਦਾ ਚੋਣ ਕਮਿਸ਼ਨ ਅੱਜ ਖੁੱਲ੍ਹੇਆਮ ਮੋਦੀ ਭਗਤ ਬਣ ਕੇ ਵੋਟਾਂ ਕੱਟਣ ਦਾ ਕੰਮ ਕਰ ਰਿਹਾ ਹੈ, ਜਿਸ ਨੇ ਦੇਸ਼ ਵਿੱਚ 13 ਕਰੋੜ ਵੋਟਾਂ ਕੱਟ ਦਿੱਤੀਆਂ ਹਨ। ਦੋ ਚੋਣ ਕਮਿਸ਼ਨਰ ਮੁੱਖ ਚੋਣ ਕਮਿਸ਼ਨਰ ਦਾ ਵਿਰੋਧ ਕਰ ਰਹੇ ਹਨ ਪਰ ਉਨ੍ਹਾਂ ਦੀ ਵੀ ਨਹੀਂ ਸੁਣੀ ਜਾ ਰਹੀ। ਮਜ਼ਦੂਰਾਂ ਦੇ ਲੇਬਰ ਕਾਨੂੰਨ ਤੇ ਹੋਰ ਅਧਿਕਾਰ ਖਤਮ ਕਰ ਦਿੱਤੇ ਗਏ ਹਨ। ਸੂਬਿਆਂ ਦੇ ਅਧਿਕਾਰ ਇੱਕ ਇੱਕ ਕਰਕੇ ਕੇਂਦਰ ਨੇ ਖੋਹ ਲਏ ਹਨ। ਗੈਰ ਭਾਜਪਾਈ ਸਰਕਾਰਾਂ ਵਾਲੇ ਸੂਬਿਆਂ ਦੀ ਕੋਈ ਮਦਦ ਕੇਂਦਰ ਵੱਲੋਂ ਨਹੀਂ ਕੀਤੀ ਜਾਂਦੀ। ਉਨ੍ਹਾ ਕਿਹਾ ਕਿ ਪੰਜਾਬ ਨਸ਼ੇ ਵਿੱਚ ਗ੍ਰਸਤ ਕਰ ਦਿੱਤਾ ਗਿਆ ਹੈ। ਭ੍ਰਿਸ਼ਟਾਚਾਰ ਦਾ ਬੋਲਬਾਲਾ ਹੈ। ਆਪਣੇ ਹੱਕਾਂ ਲਈ ਸੰਘਰਸ਼ ਕਰਦੇ ਲੋਕਾਂ ਉਪਰ ਪੁਲਸ ਜਬਰ ਕਰ ਰਹੀ ਹੈ, ਮੁਲਾਜ਼ਮਾਂ, ਮਜ਼ਦੂਰਾਂ ਦੇ ਹੱਕਾਂ ਨੂੰ ਕੁਚਲਿਆ ਜਾ ਰਿਹਾ ਹੈ। ਮਾਨ ਸਰਕਾਰ ਵਲੋਂ ਲੋਕਾਂ ਨਾਲ ਕੀਤੇ ਵਾਅਦੇ ਭਾਵੇਂ ਉਹ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਹੋਵੇ, ਨੌਕਰੀਆਂ ਦੇਣ ਦਾ ਹੋਵੇ, ਕਿਸਾਨੀ ਕਰਜ਼ੇ ਮਾਫ ਕਰਨ ਦਾ ਹੋਵੇ ਆਦਿ ਪੂਰੇ ਨਹੀਂ ਕੀਤੇ ਗਏ। ਸੂਬੇ ਦੀ ਹਾਲਤ ਵਿੱਤੀ ਤੌਰ 'ਤੇ ਪੂਰੀ ਤਰ੍ਹਾਂ ਤਰਸਯੋਗ ਬਣਾ ਦਿੱਤੀ ਗਈ ਹੈ। ਸਰਕਾਰ ਦੇ ਸਮਾਂ ਪੂਰਾ ਹੋਣ ਤੱਕ ਸੂਬੇ ਦੇ ਸਿਰ ਪੰਜ ਲੱਖ ਕਰੋੜ ਦਾ ਕਰਜ਼ਾ ਹੋ ਚੁੱਕਿਆ ਹੋਵੇਗਾ। ਅਮਨ-ਕਾਨੂੰਨ ਦੀ ਸਥਿਤੀ ਬਦ ਤੋਂ ਬਦਤਰ ਹੋ ਚੁੱਕੀ ਹੈ। ਧਾਲੀਵਾਲ ਨੇ ਕਿਹਾ ਕਿ ਅੱਜ ਜ਼ਰੂਰਤ ਹੈ ਕਿ ਸ਼ਹੀਦੇ-ਆਜ਼ਮ ਭਗਤ ਸਿੰਘ ਦੀ ਸਮਾਜਵਾਦੀ ਵਿਚਾਰਧਾਰਾ ਨੂੰ ਅਪਣਾ ਕੇ ਲੁੱਟੇ ਜਾਣ ਵਾਲੇ ਲੋਕਾਂ ਦੀ ਦ੍ਰਿੜ੍ਹ ਸੰਘਰਸ਼ ਰਾਹੀਂ ਲੋਕ ਏਕਤਾ ਬਣਾ ਕੇ ਬੰਦ ਖਲਾਸੀ ਦੀ ਲੜਾਈ ਤਿੱਖੀ ਕੀਤੀ ਜਾਵੇ।

ਸਮਾਗਮ ਵਿੱਚ ਵੱਡੀ ਪੱਧਰ 'ਤੇ ਸਰਗਰਮ ਆਗੂਆਂ ਅਤੇ ਵਰਕਰਾਂ ਨੇ ਹਿੱਸਾ ਲਿਆ, ਜਿਨ੍ਹਾਂ ਵਿੱਚ ਮੁੱਖ ਤੌਰ 'ਤੇ ਕਾਮਰੇਡ ਕਸ਼ਮੀਰ ਸਿੰਘ ਜ਼ਿਲ੍ਹਾ ਸਕੱਤਰ, ਸੀ ਪੀ ਆਈ, ਹਰਚਰਨ ਸਿੰਘ ਨੂਰਪੁਰ, ਜਰਨੈਲ ਸਿੰਘ ਭੁੱਲਰ, ਹਰਦੀਪ ਸਿੰਘ ਐਡਵੋਕੇਟ, ਤ੍ਰਿਪਤਾ ਵਾਲੀਆ ਇਸਤਰੀ ਸਭਾ, ਬਲਦੇਵ ਰਾਜ ਜਨਰਲ ਸਕੱਤਰ, ਅੰਗਰੇਜ਼ ਸਿੰਘ ਅਟਵਾਲ, ਹਰਨੇਕ ਸਿੰਘ, ਹਰਪ੍ਰੀਤ ਸਿੰਘ ਭਾਟੀਆ, ਰਛਪਾਲ ਸਿੰਘ ਸੰਧੂ, ਪਿਆਰ ਕੌਰ, ਬਲਵਿੰਦਰ ਕੌਰ ਆਂਗਣਵਾੜੀ ਵਰਕਰਜ਼ ਭੋਲਾਂ ਰਾਣੀ, ਕਮਲਜੀਤ ਕੌਰ ਆਸ਼ਾ ਵਰਕਰਜ਼, ਬਲਵੀਰ ਸਿੰਘ ਅਲੀਪੁਰ, ਕੁਲਵੰਤ ਸਿੰਘ, ਨਛੱਤਰ ਸਿੰਘ, ਸੁਰਿੰਦਰ ਪਾਲ ਸਿੰਘ, ਗੁਰਮੇਲ ਸਿੰਘ, ਹਰਮਨਦੀਪ ਸਿੰਘ, ਸਿਕੰਦਰ ਸਿੰਘ, ਕਿੱਕਰ ਸਿੰਘ, ਮਹਿੰਦਰ ਸਿੰਘ, ਜਗਸੀਰ ਸਿੰਘ ਆਦਿ ਸ਼ਾਮਲ ਸਨ। ਅੰਤ ਵਿੱਚ ਪ੍ਰਧਾਨ ਵੱਲੋਂ ਆਏ ਲੋਕਾਂ ਦਾ ਅਤੇ ਕਾਮਰੇਡ ਧਾਲੀਵਾਲ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ।

### ਐੱਲ ਪੀ ਯੂ ਦੀਆਂ...

ਮਿਆਰੀ ਸਿੱਖਿਆ ਦਿੰਦੀਆਂ ਹਨ ਅਤੇ ਦੂਜੀਆਂ ਜਿੱਥੇ ਸਿਰਫ ਗਿਣਤੀ 'ਤੇ ਧਿਆਨ ਦਿੱਤਾ ਜਾਂਦਾ ਹੈ। ਐੱਲ ਪੀ ਯੂ ਵਿੱਚ 40,000 ਤੋਂ ਵੱਧ ਵਿਦਿਆਰਥੀ ਹਨ ਅਤੇ ਇੱਥੋਂ ਦੇ ਪੜ੍ਹਾਈ ਦੇ ਮਾਹੌਲ 'ਤੇ ਪਹਿਲਾਂ ਵੀ ਸਵਾਲ ਉੱਠਦੇ ਰਹੇ ਹਨ। ਪੰਜਾਬ ਸਟੂਡੈਂਟਸ ਯੂਨੀਅਨ (ਪੀ ਐੱਸ ਯੂ) ਦੇ ਅਹੁਦੇਦਾਰ ਗਗਨ ਸੰਗਰਾਮੀ ਨੇ ਕਿਹਾ, "ਕੈਂਪਸ ਵਿੱਚ ਸਿੱਖਿਆ ਦੇ ਡਿੱਗ ਰਹੇ ਮਿਆਰ, ਗੈਰ-ਵਾਜਬ ਜੁਰਮਾਨਿਆਂ ਅਤੇ ਜ਼ਿਆਦਾ ਪਾਬੰਦੀਆਂ ਕਾਰਨ ਵਿਦਿਆਰਥੀ ਨਿਰਾਸ਼ ਹਨ। ਭਾਵੇਂ ਬਾਹਰੀ ਅਨਸਰਾਂ ਨੇ ਭੰਨਤੋੜ ਕੀਤੀ ਹੋਵੇ, ਪਰ ਸਥਾਨਕ ਵਿਦਿਆਰਥੀਆਂ ਦੇ ਗੁੱਸੇ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ। ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਕੇ ਸਮੱਸਿਆਵਾਂ ਦਾ ਹੱਲ ਕੱਢਣ ਦੀ ਲੋੜ ਹੈ। ਦੋਸ਼ੀ ਕੋਈ ਵੀ ਹੋਵੇ, ਸੱਚ ਜ਼ਿਆਦਾ ਦੇਰ ਨਹੀਂ ਛੁਪ ਸਕਦਾ।

## ਵੋਟ ਚੋਰਾਂ ਨੂੰ ਕਾਂਗਰਸ ਬਰਦਾਸ਼ਤ ਨਹੀਂ ਕਰੇਗੀ : ਗੌਰਵ ਸੰਧੂ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਕਾਂਗਰਸ ਪਾਰਟੀ ਦੇ ਸੀਨੀਅਰ ਆਗੂ, ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਦੇ ਸੂਬਾ ਮੀਤ ਪ੍ਰਧਾਨ ਤੇ ਹਲਕਾ ਸਨੌਰ ਦੇ ਸੰਭਾਵੀ ਉਮੀਦਵਾਰ ਗੁਰਵਿੰਦਰ ਸਿੰਘ, ਗੌਰਵ ਸੰਧੂ ਨੇ ਕਿਹਾ ਕਿ ਕਾਂਗਰਸ ਪਾਰਟੀ ਲੋਕਤੰਤਰਿਕ ਕਦਰਾਂ-ਕੀਮਤਾਂ ਨਾਲ ਹੋ ਰਿਹਾ ਖਿਲਵਾੜ ਹਰਗਿਜ਼ ਬਰਦਾਸ਼ਤ ਨਹੀਂ ਕਰੇਗੀ।ਉਹ ਚੋਣ ਕਮਿਸ਼ਨਰ ਗਿਆਨ ਨੇਸ਼ ਕੁਮਾਰ, ਨਰਿੰਦਰ ਮੋਦੀ ਤੇ ਅਮਿਤ ਸ਼ਾਹ ਦੀ ਮਿਲੀਭੁਗਤ ਅਤੇ ਐੱਸ. ਆਈ. ਆਰ. ਵਿੱਚ ਕੀਤੀ ਘਪਲੇਬਾਜ਼ੀ ਖਿਲਾਫ਼ ਪੰਜਾਬ ਕਾਂਗਰਸ ਇੰਚਾਰਜ ਸਚਿਨ ਪਾਇਲਟ ਤੇ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਦਿਸ਼ਾ ਨਿਰਦੇਸ਼ ਹੇਠ ਪਟਿਆਲਾ ਕਾਂਗਰਸ ਵੱਲੋਂ ਚੋਣ ਕਮਿਸ਼ਨ ਦੇ ਖਿਲਾਫ ਰੋਸ ਪ੍ਰਦਰਸ਼ਨ ਕਰਨ ਤੇ ਚੋਣ ਕਮਿਸ਼ਨਰ ਤੇ ਪ੍ਰਧਾਨ ਮੰਤਰੀ ਮੋਦੀ ਦਾ ਪੁਤਲਾ ਫੂਕਣ ਦੇ ਪ੍ਰੋਗਰਾਮ ਤੋਂ ਪਹਿਲਾਂ ਪਟਿਆਲਾ 'ਚ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਡੱਟ ਕੇ ਜਮਹੂਰੀ ਹੱਕਾਂ ਦੀ ਆਵਾਜ਼ ਬੁਲੰਦ ਕਰੇਗੀ। ਗੌਰਵ ਸੰਧੂ ਨੇ ਕਿਹਾ ਕਿ ਕਾਂਗਰਸ ਪਾਰਟੀ ਲੋਕਤੰਤਰ ਦੀ ਹਾਮੀ ਹੈ ਤੇ ਜਿਸ ਤਰ੍ਹਾਂ ਭਾਜਪਾ ਦੇਸ਼ ਨੂੰ ਹੀ ਨਹੀਂ ਸਗੋਂ ਦੇਸ਼ ਦੇ ਲੋਕਤੰਤਰ ਨੂੰ ਹੀ ਲੁੱਟਣ ਲੱਗੀ ਹੈ, ਪਰ ਕਾਂਗਰਸ ਰਾਹੁਲ ਗਾਂਧੀ ਦੀ ਅਗਵਾਈ ਹੇਠ ਅਜਿਹਾ ਕਿਸੇ ਵੀ ਕੀਮਤ 'ਤੇ ਨਹੀਂ ਹੋਣ ਦੇਵੇਗੀ।ਗੌਰਵ ਸੰਧੂ ਨਾਲ ਹਲਕਾ ਸਨੌਰ ਤੋਂ ਵੱਡੀ ਗਿਣਤੀ 'ਚ ਕਾਂਗਰਸੀ ਆਗੂ ਤੇ ਵਰਕਰ ਵੀ ਧਰਨੇ 'ਚ ਪਹੁੰਚੇ ਹੋਏ ਸਨ।

## ਸ਼ਹੀਦ ਭਗਤ ਸਿੰਘ ਦੇ ਜਨਮ ਦਿਹਾੜੇ 'ਤੇ ਈਕੋ ਵ੍ਹੀਲਰਜ਼ ਕਲੱਬ ਵੱਲੋਂ ਸ਼ਰਧਾਂਜਲੀ ਭੇਟ



**ਮਾਨਸਾ (ਆਤਮਾ ਸਿੰਘ ਪਮਾਰ)**-'ਸ਼ਹੀਦੋਂ ਕੀ ਚਿਤਾਓਂ ਪਰ ਲਗੇਂਗੇ ਹਰ ਵਰਸ ਮੇਲੇ, ਵਤਨ ਪਰ ਮਿਟਨੇ ਵਾਲੋਂ ਕਾ ਬਾਕੀ ਯਹੀ ਨਿਸ਼ਾਂ ਹੋਗਾ' ਇਨ੍ਹਾਂ ਭਾਵਪੂਰਤ ਸ਼ਬਦਾਂ ਨਾਲ ਈਕੋ ਵ੍ਹੀਲਰਜ਼ ਕਲੱਬ ਮਾਨਸਾ ਵੱਲੋਂ ਸ਼ਹੀਦੇ ਆਜ਼ਮ ਸ੍ਰ. ਭਗਤ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।ਕਲੱਬ ਦੇ ਮੈਂਬਰਾਂ ਵੱਲੋਂ ਉਨ੍ਹਾਂ ਦੀ ਕੁਰਬਾਨੀ ਨੂੰ ਯਾਦ ਕਰਦਿਆਂ ਉਨ੍ਹਾਂ ਦੇ ਦੇਸ਼-ਪ੍ਰੇਮ, ਹਿੰਮਤ ਤੇ ਨੌਜਵਾਨ ਪੀੜ੍ਹੀ ਨੂੰ ਦਿੱਤੀ ਪ੍ਰੇਰਨਾ ਨੂੰ ਇਸ ਮੌਕੇ ਸਲਾਮ ਕੀਤਾ ਗਿਆ।ਇਸ ਸਮੇਂ ਵੁਆਇਸ ਆਫ਼ ਮਾਨਸਾ ਦੇ ਪ੍ਰਧਾਨ ਤੇ ਈਕੋ ਵ੍ਹੀਲਰਜ਼ ਕਲੱਬ ਮਾਨਸਾ ਦੇ ਸਰਪ੍ਰਸਤ ਡਾ. ਜਨਕ ਰਾਜ ਸਿੰਗਲਾ ਨੇ ਕਿਹਾ ਕਿ ਅੱਜ ਅਸੀਂ ਜਿਸ ਆਜ਼ਾਦ ਮਾਹੌਲ 'ਚ ਆਪਣੀ ਜ਼ਿੰਦਗੀ ਬਤੀਤ ਕਰ ਰਹੇ ਹਾਂ, ਇਸ ਸਭ ਕੁੱਝ ਦੇਸ਼ ਦੀ ਆਜ਼ਾਦੀ ਲਈ ਸੰਘਰਸ਼ ਕਰਨ ਤੋਂ ਇਲਾਵਾ ਆਪਣੀਆਂ ਜਾਨਾਂ ਤੱਕ ਕੁਰਬਾਨ ਕਰਨ ਵਾਲੇ ਮਹਾਨ ਸ਼ਹੀਦਾਂ ਦੀਆਂ ਵੱਡਮੁਲੀਆਂ ਕੁਰਬਾਨੀਆਂ ਸਦਕਾ ਹੀ ਸੰਭਵ ਹੋ ਸਕਿਆ ਹੈ।ਉਨ੍ਹਾਂ ਕਿਹਾ ਕਿ ਸ਼ਹੀਦ ਭਗਤ ਸਿੰਘ ਜੀ ਨੇ ਬਹੁਤ ਛੋਟੀ ਉਮਰ 'ਚ ਦੇਸ਼ ਦੀ ਆਜ਼ਾਦੀ ਲਈ ਆਪਣਾ ਜੀਵਨ ਸਮਰਪਿਤ ਕਰ ਦਿੱਤਾ ਤੇ ਉਨ੍ਹਾਂ ਦੀ ਸੋਚ ਅੱਜ ਵੀ ਨੌਜਵਾਨ ਪੀੜ੍ਹੀ ਲਈ ਪ੍ਰੇਰਨਾ ਦਾ ਸ੍ਰੋਤ ਹੈ।ਇਸ ਮੌਕੇ ਈਕੋ ਵ੍ਹੀਲਰਜ਼ ਕਲੱਬ ਮਾਨਸਾ ਦੇ ਪ੍ਰਧਾਨ ਬਲਵਿੰਦਰ ਸਿੰਘ ਕਾਕਾ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਜੀ ਨੌਜਵਾਨਾਂ ਲਈ ਹਿੰਮਤ, ਦੇਸ਼-ਪ੍ਰੇਮ ਤੇ ਕੁਰਬਾਨੀ ਦੀ ਪ੍ਰੇਰਣਾ ਹਨ।ਉਨ੍ਹਾਂ ਕਿਹਾ ਕਿ ਕਲੱਬ ਵੱਲੋਂ ਹਰ ਸਾਲ ਸ਼ਹੀਦਾਂ ਨੂੰ ਯਾਦ ਕਰਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਜਾਂਦੀ ਹੈ।ਇਸ ਮੌਕੇ ਐਡਵੋਕੇਟ ਦਰਸ਼ਨ ਸਿੰਘ, ਸਾਬਕਾ ਆਰਮੀ ਅਫ਼ਸਰ, ਲੋਕ ਰਾਮ, ਮਾਸਟਰ ਹਰਮੰਦਰ ਸਿੰਘ, ਬਲਜੀਤ ਸਿੰਘ ਸੂਬਾ, ਜੀਵਨ ਬਾਂਸਲ, ਸਾਬਕਾ ਸੀਵਰੇਜ਼ ਬੋਰਡ ਅਫ਼ਸਰ, ਜਗਸੀਰ ਸਿੰਘ, ਪ੍ਰਦੂਸ਼ਣ ਬੋਰਡ ਅਫ਼ਸਰ, ਬਿੰਦਰ ਪਾਲ ਸਮੇਤ ਕਲੱਬ ਦੇ ਅਹੁਦੇਦਾਰ, ਮੈਂਬਰਾਂ ਸ਼ਹੀਦ ਭਗਤ ਸਿੰਘ ਜੀ ਨੂੰ ਸ਼ਰਧਾ ਦੇ ਫੁੱਲ ਕੀਤੇ।

## ਭਗਤ ਸਿੰਘ ਦੀ ਸੋਚ ਨੂੰ ਅਮਲ 'ਚ ਲਿਆਉਣਾ ਸਮੇਂ ਦੀ ਲੋੜ : ਸਿੰਗਲਾ



**ਭਵਾਨੀਗੜ੍ਹ (ਰਾਜ ਖੁਰਮੀ)**-ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੇ ਜਨਮ ਦਿਹਾੜੇ ਮੌਕੇ ਪਿੰਡ ਭਰਾਜ ਵਿਖੇ ਕਾਂਗਰਸ ਪਾਰਟੀ ਵੱਲੋਂ ਸਮਾਗਮ ਕਰਵਾਇਆ ਗਿਆ।ਇਸ ਦੌਰਾਨ ਵਿਜੈ ਇੰਦਰ ਸਿੰਗਲਾ ਨੇ ਪਿੰਡ ਵਾਸੀਆਂ ਨਾਲ ਮਿਲ ਕੇ ਸ਼ਹੀਦ ਭਗਤ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਉਨ੍ਹਾਂ ਦੀ ਅਮਰ ਸੋਚ, ਨਿੱਡਰਤਾ ਤੇ ਦੇਸ਼ ਦੀ ਆਜ਼ਾਦੀ ਲਈ ਦਿੱਤੀ ਮਹਾਨ ਕੁਰਬਾਨੀ ਨੂੰ ਯਾਦ ਕੀਤਾ।ਇਸ ਮੌਕੇ ਸੰਬੋਧਨ ਕਰਦਿਆਂ ਵਿਜੈ ਇੰਦਰ ਸਿੰਗਲਾ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਸਿਰਫ਼ ਆਜ਼ਾਦੀ ਦੇ ਸੰਘਰਸ਼ ਦੇ ਮਹਾਨ ਨਾਇਕ ਹੀ ਨਹੀਂ ਸਨ, ਸਗੋਂ ਉਹ ਨੌਜਵਾਨੀ ਦੀ ਹਿੰਮਤ, ਜਾਗਰੂਕਤਾ ਤੇ ਅਨਿਆਂ ਦੇ ਵਿਰੁੱਧ ਡੱਟ ਕੇ ਖੜ੍ਹਨ ਵਾਲੀ ਸੋਚ ਦੇ ਪ੍ਰਤੀਕ ਹਨ। ਉਨ੍ਹਾਂ ਕਿਹਾ ਕਿ ਭਗਤ ਸਿੰਘ ਲਈ ਕ੍ਰਾਂਤੀ ਦਾ ਅਰਥ ਸਿਰਫ਼ ਸੱਤਾ ਦੀ ਤਬਦੀਲੀ ਨਹੀਂ ਸੀ, ਬਲਕਿ ਸਮਾਜ ਵਿੱਚ ਬਰਾਬਰੀ, ਇਨਸਾਫ਼, ਮਨੁੱਖੀ ਸਨਮਾਨ ਤੇ ਸ਼ੋਸ਼ਣ ਤੋਂ ਮੁਕਤੀ ਲਿਆਉਣਾ ਸੀ।ਉਨ੍ਹਾਂ ਕਿਹਾ ਕਿ ਭਗਤ ਸਿੰਘ ਦੇ ਜਨਮ ਦਿਹਾੜੇ 'ਤੇ ਉਨ੍ਹਾਂ ਦੀ ਤਸਵੀਰ ਅੱਗੇ ਸਿਰ ਝੁਕਾਉਣ ਦੇ ਨਾਲ-ਨਾਲ ਉਨ੍ਹਾਂ ਦੀ ਸੋਚ ਨੂੰ ਆਪਣੇ ਅੰਦਰ ਜਗਾਉਣਾ ਵੀ ਜ਼ਰੂਰੀ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Executive Editor : **Resham Singh** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਕਾਰਜਕਾਰੀ ਸੰਪਾਦਕ : **ਰੇਸ਼ਮ ਸਿੰਘ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਕਸਬਾ ਭਿੰਡੀ ਸੈਦਾਂ 'ਚ ਲੋਕਾਂ ਨੇ ਮੁੱਖ ਚੋਣ ਕਮਿਸ਼ਨਰ ਦਾ ਪੁਤਲਾ ਫੂਕਿਆ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਸਰਹੱਦੀ ਕਸਬਾ ਭਿੰਡੀ ਸੈਦਾਂ ਦੇ ਨੇੜਲੇ ਪਿੰਡ ਦੇ ਇਲਾਕੇ ਦੇ ਲੋਕਾਂ ਨੇ ਵੋਟ ਚੋਰ ਗਹਿਨੇਸ਼ ਕੁਮਾਰ ਮੁੱਖ ਚੋਣ ਕਮਿਸ਼ਨਰ ਦਾ ਪੁਤਲਾ ਫੂਕ ਕੇ ਬਜ਼ਾਰ ਵਿੱਚ ਵੋਟ ਚੋਰ ਦੇ ਨਾਅਰੇ ਮਾਰਦਿਆਂ ਚੌਂਕ ਵਿੱਚ ਫੂਕਿਆ ਜਿੱਥੇ ਵੋਟ ਚੋਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਕੁਲ ਹਿੰਦ ਕਿਸਾਨ ਸਭਾ ਦੇ ਕੌਮੀ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਨੇ ਦੱਸਿਆ ਕਿ ਕਿਸ ਤਰ੍ਹਾਂ ਚੋਣ ਕਮਿਸ਼ਨਰ ਗਹਿਨੇਸ਼ ਕੁਮਾਰ ਵੋਟਾਂ ਦੀ ਚੋਰੀ ਕਰਦਾ ਫਾਰਮ ਨੰਬਰ 6 ਵਿਚ ਇਕ ਆਦਮੀ 100-100 ਵੋਟਾਂ ਦੀ ਵੋਟ ਕਟਵਾ ਲੈਂਦਾ ਅਤੇ



ਮੋਦੀ ਪੱਖੀ ਆਦਮੀਆਂ ਦੀਆਂ ਵੋਟਾਂ ਬਣਵਾ ਦਿੰਦੇ। ਇਸੇ ਤਰ੍ਹਾਂ ਹੋਰ ਵੀ ਚੋਰ ਮੋਰੀ ਰਾਹੀਂ ਨੌਜਵਾਨਾਂ ਦੀਆਂ ਵੋਟਾਂ ਕੱਟੀਆਂ ਜਾ ਰਹੀਆਂ ਹਨ। ਡਾ. ਅਜਨਾਲਾ ਨੇ ਹੋਰ ਇੰਕਸ਼ਾਫ ਕੀਤਾ ਕਿ ਬਹੁਤ ਸਾਰੇ 18 ਸਾਲ ਦੇ ਬਾਲਗ ਹੋਏ ਨੌਜਵਾਨਾਂ ਦੀਆਂ ਵੋਟਾਂ ਬਣਾਈਆਂ ਨਹੀਂ ਜਾ ਰਹੀਆਂ। ਇਸ ਸਾਰੇ ਘਟਨਾਕ੍ਰਮ ਦਾ ਪਰਦਾਫਾਸ਼ ਹੋ ਗਿਆ ਹੈ ਅਤੇ ਨੌਜਵਾਨਾਂ ਨੇ ਪੁਰਜ਼ੋਰ ਮੰਗ ਕੀਤੀ ਹੈ ਕਿ ਵੋਟ ਚੋਰ ਗਹਿਨੇਸ਼ ਕੁਮਾਰ ਅਸਤੀਫਾ ਦੇਵੇ ਅਤੇ ਇਸ ਨੂੰ ਜੇਲ੍ਹ ਭੇਜਿਆ ਜਾਵੇ। ਇਸ ਮੌਕੇ ਨਵਗਠਿਤ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਭਿੰਡੀ ਸੈਦਾਂ ਜੋਨ ਇਕਾਈ ਦੇ ਪ੍ਰਧਾਨ ਮਨਜੀਤ ਸਿੰਘ, ਮੀਤ ਪ੍ਰਧਾਨ ਅੰਗਰੇਜ਼ ਸਿੰਘ ਤੇ ਭੋਲਾ ਸਿੰਘ, ਸੈਕਟਰੀ ਬਾਗਾ ਸਿੰਘ,ਵਿੱਤ ਸਕੱਤਰ ਕੁਲਵੰਤ ਸਿੰਘ, ਪ੍ਰਚਾਰ ਸਕੱਤਰ ਅਮਨ ਸਿੰਘ ਤੇ ਸਹਿ ਸਕੱਤਰ ਅਮਨਦੀਪ ਸਿੰਘ ਹੋਣਾ ਨੇ ਵੀ ਦੇਸ਼ ਦੇ ਨੌਜਵਾਨਾਂ ਨਾਲ ਇੱਕਮੁੱਠਤਾ ਜ਼ਾਹਰ ਕਰਦੇ ਹੋਏ ਵੋਟ ਚੋਰ ਗਹਿਨੇਸ਼ ਕੁਮਾਰ ਨੂੰ ਅਹੁਦੇ ਤੋਂ ਲਾਹੁਣ ਦੇ ਘੋਲ ਵਿਚ ਵੱਧ ਚੜ੍ਹ ਕੇ ਹਿੱਸਾ ਲਵਾਂਗੇ! ਇਸ ਤੋਂ ਪਹਿਲਾਂ ਵਿਸ਼ਾਲ ਮੀਟਿੰਗ ਕੀਤੀ ਗਈ ਜਿਸ ਦੀ ਪ੍ਰਧਾਨਗੀ ਕਰਨੈਲ ਸਿੰਘ ਭਿੰਡੀ ਸੈਦਾਂ ਦੇਸਾ ਸਿੰਘ ਭਿੰਡੀ ਔਲਖ ਤੇ ਜੱਗਾ ਸਿੰਘ ਡੱਲਾ ਨੇ ਕੀਤੀ ਹੋਰਨਾਂ ਤੋਂ ਇਲਾਵਾ ਗੁਰਨਾਮ ਸਿੰਘ, ਮੈਣ ਸਿੰਘ, ਭਿੰਡੀ ਸੈਦਾਂ, ਹਰਨੇਕ ਸਿੰਘ ਨੇਪਾਲ, ਪੀੜਿਤ ਸੰਗਾਰਾ ਸਿੰਘ, ਮੁਖਤਾਰ ਸਿੰਘ, ਬਲਕਾਰ ਸਿੰਘ , ਕੁਲਵੰਤ ਸਿੰਘ ਮੰਡ ਵਾਲਾ ਹਾਜ਼ਰ ਸਨ।

# ਸ਼ਬਾਜ਼ਪੁਰ ਵਿਖੇ ਨਸ਼ਿਆਂ ਖ਼ਿਲਾਫ਼ ਭਾਜਪਾ ਨੇ ਵਿਸ਼ਾਲ ਰੈਲੀ ਕੱਢੀ

**ਚੋਹਲਾ ਸਾਹਿਬ (ਰਮਨ ਚੱਢਾ)**-ਪੰਜਾਬ ਨੂੰ ਨਸ਼ਾ ਮੁਕਤ ਕਰਨ ਅਤੇ ਰਾਜ ਵਿੱਚ ਅਮਨ-ਸ਼ਾਂਤੀ ਤੇ ਖੁਸ਼ਹਾਲੀ ਦੀ ਬਹਾਲੀ ਲਈ ਹਲਕਾ ਖਡੂਰ ਸਾਹਿਬ ਦੇ ਪਿੰਡ ਸ਼ਬਾਜ਼ਪੁਰ ਵਿਖੇ ਭਾਰਤੀ ਜਨਤਾ ਪਾਰਟੀ ਵੱਲੋਂ ਇਕ ਵਿਸ਼ਾਲ ਰੈਲੀ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਪਾਰਟੀ ਦੇ ਆਗੂਆਂ ਅਤੇ ਵੱਡੀ ਗਿਣਤੀ ਵਿੱਚ ਪਹੁੰਚੇ ਵਰਕਰਾਂ ਨੇ ਪੰਜਾਬ ਨੂੰ ਨਸ਼ਿਆਂ ਦੀ ਦਲਦਲ 'ਚੋਂ ਬਾਹਰ ਕੱਢਣ ਲਈ ਇਕਜੁੱਟ ਹੋ ਕੇ ਹੰਭਲਾ ਮਾਰਨ ਦਾ ਪ੍ਰਣ ਲਿਆ।ਇਸ ਰੈਲੀ ਵਿੱਚ ਮੰਡਲ ਪ੍ਰਧਾਨ ਰਮਨਦੀਪ ਸਿੰਘ ਭਰੋਵਾਲ, ਖੁਸ਼ਵਿੰਦਰ ਸਿੰਘ ਬ੍ਰਹਮਪੁਰ, ਜਵਾਹਰ ਨਈਅਰ, ਡਾ. ਬਲਜੀਤ ਸਿੰਘ ਪੰਧ ਅਤੇ ਸੁਖਵਿੰਦਰ ਸਿੰਘ ਸੈਂਟੀ ਵਰਗੇ ਮੁੱਖ ਭਾਜਪਾ ਆਗੂਆਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਨਸ਼ਾ ਅੱਜ ਪੰਜਾਬ ਦੀ ਜਵਾਨੀ ਨੂੰ ਤਬਾਹ ਕਰ ਰਿਹਾ ਹੈ ਅਤੇ ਭਾਜਪਾ ਹੀ ਇੱਕੋ-ਇੱਕ ਅਜਿਹੀ ਪਾਰਟੀ ਹੈ ਜੋ ਪੰਜਾਬ ਨੂੰ ਮੁੜ 'ਰੰਗਲਾ ਪੰਜਾਬ' ਬਣਾਉਣ ਲਈ ਠੋਸ ਨੀਤੀਆਂ ਨਾਲ ਕੰਮ ਕਰ ਸਕਦੀ ਹੈ।ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਲਈ ਹਰ ਵਰਗ ਨੂੰ ਅੱਗੇ



ਆਉਣਾ ਪਵੇਗਾ।ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਵਿੱਚ ਵਿਸ਼ਾਲ ਸਰਵਣ, ਸੰਨੀ ਬ੍ਰਹਮਪੁਰ, ਨਿਸ਼ਾਨ ਸਿੰਘ, ਬਲਬੀਰ ਸਿੰਘ, ਜੋਗਾ ਸਿੰਘ ਅਤੇ ਬਿੰਦਰ ਸਿੰਘ ਸਮੇਤ ਹੋਰ ਸਥਾਨਕ ਆਗੂਆਂ ਤੇ ਵਰਕਰਾਂ ਨੇ ਅਹਿਮ ਯੋਗਦਾਨ ਪਾਇਆ।ਰੈਲੀ ਦੌਰਾਨ ਵੱਡੀ ਗਿਣਤੀ ਵਿੱਚ ਹਾਜ਼ਰ ਇਲਾਕਾ ਵਾਸੀਆਂ ਨੇ ਭਾਜਪਾ ਦੀਆਂ ਨੀਤੀਆਂ ਵਿੱਚ ਵਿਸ਼ਵਾਸ ਪ੍ਰਗਟਾਇਆ।

# ਭੀਮ ਆਰਮੀ ਭਾਰਤ ਏਕਤਾ ਮਿਸ਼ਨ ਜ਼ਿਲ੍ਹਾ ਗੁਰਦਾਸਪੁਰ ਨੇ ਰਾਸ਼ਟਰਪਤੀ ਦੇ ਨਾਂਅ ਮੰਗ ਪੱਤਰ ਦਿੱਤਾ

**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਭੀਮ ਆਰਮੀ ਭਾਰਤ ਏਕਤਾ ਮਿਸ਼ਨ ਜ਼ਿਲ੍ਹਾ ਗੁਰਦਾਸਪੁਰ ਵੱਲੋਂ ਜ਼ਿਲ੍ਹਾ ਪ੍ਰਧਾਨ ਰਾਜਨ ਭੀਮ ਦੀ ਅਗਵਾਈ ਵਿਚ ਮਹਾਮਹਿਮ ਰਾਸ਼ਟਰਪਤੀ ਦੇ ਨਾਮ ਵਧੀਕ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦਿੱਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਪ੍ਰਧਾਨ ਰਾਜਨ ਭੀਮ ਨੇ ਦੱਸਿਆ ਕਿ ਭਾਰਤੀ ਸੰਵਿਧਾਨ ਸਮਾਨਤਾ ਦਾ ਬਰਾਬਰ ਮੌਕੇ ਦੀ ਗਰੰਟੀ ਦਿੰਦਾ ਹੈ।ਇਸ ਦੇ ਬਾਵਜੂਦ, ਬਹੁਤ ਸਾਰੇ ਪਛੜੇ ਸਮੂਹ, ਜਿਨ੍ਹਾਂ ਵਿੱਚ ਅਨੁਸੂਚਿਤ ਜਾਤੀ, ਅਨੁਸੂਚਿਤ ਜਨਜਾਤੀ, ਹੋਰ ਪੱਛੜੇ ਵਰਗ ਅਤੇ ਔਰਤਾਂ ਸ਼ਾਮਲ ਹਨ, ਸਿੱਖਿਆ, ਰੁਜ਼ਗਾਰ, ਰਾਜਨੀਤੀ, ਪ੍ਰਸ਼ਾਸਨ, ਨਿਆਂਪਾਲਿਕਾ ਅਤੇ ਫੈਸਲਾ ਲੈਣ ਵਾਲੀਆਂ ਸੰਸਥਾਵਾਂ ਵਿੱਚ ਢੁਕਵੀਂ ਭਾਗੀਦਾਰੀ ਪ੍ਰਾਪਤ ਕਰਨ ਦੇ ਯੋਗ ਨਹੀਂ ਰਹੇ ਹਨ।ਇਸ ਲਈ, ਰਾਖਵੇਂਕਰਨ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨਾ, ਖਾਲੀ ਰਾਖਵੀਆਂ ਅਸਾਮੀਆਂ ਅਤੇ ਬੈਕਲਾਗ ਨੂੰ ਤੁਰੰਤ ਭਰਨਾ ਅਤੇ ਐਸਸੀ, ਐੱਸਟੀ ਅਤੇ ਓਬੀਸੀ ਦੀ ਸਹੀ ਅਤੇ ਪ੍ਰਭਾਵਸ਼ਾਲੀ ਭਾਗੀਦਾਰੀ ਨੂੰ ਯਕੀਨੀ ਬਣਾਉਣਾ ਸਬੰਧੀ ਮੰਗ ਪੱਤਰ ਦਿੱਤਾ ਗਿਆ ਹੈ ਉਨ੍ਹਾਂ ਕਿਹਾ ਕਿ ਇਨ੍ਹਾਂ ਮੰਗਾਂ ਦੇ ਹੱਲ ਲਈ, ਆਜ਼ਾਦ ਸਮਾਜ ਪਾਰਟੀ (ਕਾਂਸ਼ੀ ਰਾਮ)



ਅਤੇ ਭੀਮ ਆਰਮੀ ਦੇਸ਼ ਭਰ ਦੇ ਜ਼ਿਲ੍ਹਾ ਹੈੱਡਕੁਆਰਟਰਾਂ ਤੇ ਪੂਰੀ ਭਾਗੀਦਾਰੀ ਅੰਦੋਲਨ ਦਾ ਆਯੋਜਨ ਕਰ ਰਹੇ ਹਨ।ਉਨ੍ਹਾਂ ਦੱਸਿਆ ਕਿ ਸਾਡੀਆਂ ਮੁੱਖ ਮੰਗਾਂ ਵਿਚ ਮਹਿਲਾ ਰਾਖਵਾਂਕਰਨ ਅਤੇ ਨਾਰੀ ਸ਼ਕਤੀ ਵੰਦਨ ਐਕਟ, 2023, ਔਰਤਾਂ ਲਈ 50 ਪ੍ਰਤੀਸ਼ਤ ਰਾਖਵਾਂਕਰਨ ਯਕੀਨੀ ਬਣਾਉਣਾ, ਲੋਕ ਸਭਾ ਅਤੇ ਵਿਧਾਨ ਸਭਾਵਾਂ ਵਿੱਚ ਓਬੀਸੀ ਭਾਈਚਾਰੇ ਨੂੰ ਢੁਕਵੇਂ ਅਤੇ ਪ੍ਰਭਾਵਸ਼ਾਲੀ ਰਾਜਨੀਤਿਕ ਪ੍ਰਤੀਨਿਧਤਾ ਦੇਣਾ, ਉੱਚ ਨਿਆਂਪਾਲਿਕਾ ਵਿੱਚ ਅਨੁਸੂਚਿਤ ਜਾਤੀਆਂ, ਅਨੁਸੂਚਿਤ ਜਨਜਾਤੀਆਂ ਅਤੇ ਹੋਰ ਪਛੜੀਆਂ ਸ਼੍ਰੇਣੀਆਂ ਦੀ ਪ੍ਰਭਾਵਸ਼ਾਲੀ ਪ੍ਰਤੀਨਿਧਤਾ ਯਕੀਨੀ ਬਣਾਈ ਜਾਵੇ।ਜੱਜਾਂ ਦੀ ਨਿਯੁਕਤੀ ਲਈ ਕਾਲਜੀਅਮ ਪ੍ਰਣਾਲੀ ਖਤਮ ਕੀਤੀ ਜਾਵੇ ਅਤੇ ਇਕ ਉੱਚ ਨਿਆਂਇਕ ਕਮਿਸ਼ਨ ਸਥਾਪਤ ਕੀਤਾ ਜਾਣਾ ਆਦਿ ਸ਼ਾਮਿਲ ਹਨ।ਇਸ ਮੌਕੇ ਬਲਜੀਤ ਸਿੰਘ ਮੀਤ ਪ੍ਰਧਾਨ, ਅਨਮੋਲ ਕੁਮਾਰ ਸ਼ਹਿਰੀ ਪ੍ਰਧਾਨ, ਸ਼ਾਮ ਲਾਲ ਸਲਾਹਕਾਰ, ਜੇਥਨ ਦੀਪ ਸਿੰਘ ਯੂਥ ਪ੍ਰਧਾਨ, ਕੁਲਜੀਤ ਸਿੰਘ ਹੈਪੀ ਯੂਥ ਪ੍ਰਧਾਨ, ਆਕਾਸ਼ ਸਨਲ ਸਕੱਤਰ, ਰਾਜ ਕੁਮਾਰ ਦੀਨਾਨਗਰ ਹਲਕਾ ਇੰਚਾਰਜ, ਸੋਨੂੰ ਬਲਾਕ ਪ੍ਰਧਾਨ ਦੀਨਾਨਗਰ , ਵਾਈਸ ਪ੍ਰਧਾਨ ਭਾਰਤੀ ਨਾਹਰ ਬਟਾਲਾ, ਅਨਿਲ, ਸੁਨੀਲ, ਨਵੀਨ, ਦੀਪਕ, ਜਤਨ ਕੁਮਾਰ, ਰੋਹਿਤ ਕੁਮਾਰ, ਰਾਮ ਕਿਸ਼ਨ, ਫੌਜੀ ਜਗਜੀਤ ਸਿੰਘ ਆਦਿ ਵੀ ਹਾਜ਼ਰ ਸਨ।

# ਸ਼੍ਰੀ ਰਾਧਾ ਕ੍ਰਿਸ਼ਨਾ ਮੰਦਰ ਦਾ ਸਥਾਪਨਾ ਦਿਵਸ ਬੜੀ ਧੂਮਧਾਮ ਨਾਲ ਮਨਾਇਆ

**ਬਟਾਲਾ (ਤਰਲੋਕ ਬੱਗਾ)**- ਸ਼੍ਰੀ ਰਾਧਾ ਕ੍ਰਿਸ਼ਨਾ ਮੰਦਰ ਗਾਊਸ਼ਾਲਾ ਦੈਨਿਕ ਪ੍ਰਾਰਥਨਾ ਸਭਾ ਬਟਾਲਾ ਵਿਖੇ ਸ਼੍ਰੀ ਰਾਧਾ ਕ੍ਰਿਸ਼ਨਾ ਮੰਦਰ ਦਾ ਸਥਾਪਨਾ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸੁੰਦਰ ਆਵਾਜ਼ ਦੀ ਮਲਿਕਾ ਮੀਨਾਕਸ਼ੀ ਅਗਰਵਾਲ ਤੇ ਉਨ੍ਹਾਂ ਦੀ ਭਜਨ ਮੰਡਲੀ ਵੱਲੋਂ ਪ੍ਰਭੂ ਦੇ ਭਜਨਾਂ ਦਾ ਗੁਣਗਾਨ ਕੀਤਾ ਗਿਆ।ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਸੰਦੀਪ ਆਜ਼ਾਦ ਜੁਆਇੰਟ ਸੈਕਟਰੀ ਸੱਤੀ ਲਕਸ਼ਮੀ ਦੇਵੀ ਗਊਸ਼ਾਲਾ ਟਰੱਸਟ ਰਜਿ: ਬਟਾਲਾ ਨੇ ਦੱਸਿਆ ਕਿ ਮੰਦਰ ਸਥਾਪਨਾ ਦਿਵਸ ਦੇ ਪ੍ਰੋਗਰਾਮ ਦੀ ਸ਼ੁਰੂਆਤ ਰੋਜ਼ ਦੀ ਤਰ੍ਹਾਂ ਆਰਤੀ ਨਾਲ ਕੀਤੀ ਗਈ। ਬਾਅਦ ਵਿੱਚ ਹਵਨ ਯੱਗ ਕੀਤਾ ਗਿਆ ਸ਼ਾਮ ਤੱਕ ਭਜਨ ਸੰਧਿਆ ਦਾ ਪ੍ਰੋਗਰਾਮ ਕੀਤਾ ਗਿਆ ।ਮੰਦਿਰ ਦੇ ਪੰਡਤ ਰਾਮ ਪ੍ਰਸ਼ਾਦ ਨੇ ਆਰਤੀ ਕੀਤੀ ਇਸ ਤੋਂ ਬਾਅਦ ਅਸ਼ੋਕ ਅਗਰਵਾਲ



ਡਾਇਰੈਕਟਰ ਦੈਨਿਕ ਪ੍ਰਾਰਥਨਾ ਸਭਾ ਬਟਾਲਾ ਵੱਲੋਂ ਆਏ ਹੋਏ ਸਾਰੇ ਭਗਤਾਂ ਨੂੰ ਸ਼੍ਰੀ ਰਾਧਾ ਕ੍ਰਿਸ਼ਨਾ ਮੰਦਰ ਦੇ 10 ਸਾਲ ਪੂਰੇ ਹੋਣ ਤੇ ਵਧਾਈ ਦਿੱਤੀ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਸਾਨੂ ਆਪਣੇ ਬੱਚਿਆਂ ਨੂੰ ਆਪਣੀ ਸੰਸਕ੍ਰਿਤੀ ਨਾਲ ਜੋੜਨਾ ਚਾਹੀਦਾ ਹੈ। ਦਵਿੰਦਰ ਭਨੋਟ ਸੈਕਟਰੀ ਦੈਨਿਕ ਪ੍ਰਾਰਥਨਾ ਸਭਾ ਅਤੇ ਸੁਨੀਲ ਯੁਮਨ ਐਗਜ਼ੈਕਟਿਵ ਮੈਂਬਰ ਨੇ ਸਾਰੇ ਨਗਰ ਨਿਵਾਸੀਆਂ ਦਾ ਸਹਿਯੋਗ ਦੇਣ ਤੇ ਧੰਨਵਾਦ ਕੀਤਾ।ਇਸ ਮੌਕੇ ਸੰਜੀਵ ਸ਼ਰਮਾ, ਰਜਨੀ ਸ਼ਰਮਾ, ਨੀਤੂ ਸ਼ਰਮਾ, ਸੀਮਾ ਸ਼ਰਮਾ, ਸੁਨੀਤਾ ਬੱਗਾ, ਤਰੇਸ਼ ਸ਼ਰਮਾ, ਸੁਮਨ ਮਹਾਜਨ, ਆਦਿ ਬਹੁਤ ਸਾਰੇ ਮੰਦਰ ਭਗਤ ਹਾਜ਼ਰ ਸਨ। ਇਸ ਤੋਂ ਇਲਾਵਾ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਤੇ ਲੰਗਰ ਵੀ ਲਗਾਇਆ ਗਿਆ

# ਲੜਕਿਆਂ ਦੇ ਜ਼ਿਲ੍ਹਾ ਪੱਧਰੀ ਅਥਲੈਟਿਕਸ ਮੁਕਾਬਲੇ ਕਰਵਾਏ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**:70ਵੇਂ ਪੰਜਾਬ ਬੋਰਡ ਜ਼ਿਲਾ ਪੱਧਰੀ ਲੜਕਿਆਂ ਦੇ ਅਥਲੈਟਿਕਸ ਮੁਕਾਬਲੇ ਖਾਲਸਾ ਕਾਲਜ ਸੀਨੀਅਰ ਸੈਕੰਡਰੀ ਸਕੂਲ ਅੰਮ੍ਰਿਤਸਰ ਵਿਚ ਕਰਵਾਏ ਗਏ ਜਿਸ ਵਿੱਚ ਸੈਂਟ ਸੋਲਜਰ ਦੇ ਖਿਡਾਰੀਆਂ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਹੋਇਆਂ ਮੈਡਲ ਹਾਸਲ ਕੀਤੇ ਜਿਸ ਵਿੱਚ ਅੰਡਰ 19 ਕੈਟੇਗਰੀ ਵਿੱਚ ਗੁਰਨੂਰ ਸਿੰਘ ਨੇ ਹਰਡਲ ਰੇਸ 400 ਮੀਟਰ ਵਿੱਚ ਗੋਲਡ ਮੈਡਲ ਹਾਸਲ ਕੀਤਾ।ਨਵਰੂਪ ਸਿੰਘ ਅੰਡਰ 19 ਕੈਟੇਗਰੀ ਵਿੱਚ ਹੈਮਰ ਥਰੋ ਵਿੱਚ ਗੋਲਡ ਮੈਡਲ, ਅੰਸ਼ਪ੍ਰੀਤ ਸਿੰਘ ਅੰਡਰ 19 ਡਿਸਕਸ ਥਰੋ ਵਿੱਚ ਬਰੌਂਜ਼ ਮੈਡਲ, ਅਦਿਤਿਆ ਰਾਜ ਅੰਡਰ 19 ਜੈਵਲਿਨ ਥਰੋ ਬਰੌਂਜ਼ ਮੈਡਲ, ਗੁਰਨੂਰ ਸਿੰਘ ਅੰਡਰ 14, 200 ਮੀਟਰ ਬਰੌਂਜ਼ ਮੈਡਲ ਹਾਸਿਲ ਕੀਤਾ। ਗੋਲਡ ਮੈਡਲ ਹਾਸਲ ਕਰਨ ਵਾਲੇ ਗੁਰਨੂਰ ਸਿੰਘ ਅੰਡਰ 19 ਕੈਟੇਗਰੀ, ਅਤੇ ਨਵਰੂਪ ਸਿੰਘ ਅੰਡਰ 19 ਨੂੰ ਸਟੇਟ ਲੈਵਲ ਵਾਸਤੇ ਚੁਣਿਆ ਗਿਆ।ਸਕੂਲ ਪਹੁੰਚਣ ਤੇ ਸਾਰੇ ਜੇਤੂ ਖਿਡਾਰੀਆਂ ਦਾ ਫੁੱਲਾਂ ਦੇ ਹਾਰ ਪਾ ਕੇ ਅਤੇ ਢੋਲ ਢਮੱਕੇ ਨਾਲ ਸ਼ਾਨਦਾਰ



ਸਵਾਗਤ ਕੀਤਾ ਗਿਆ॥ ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ ਅਤੇ ਡਾਇਰੈਕਟਰ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਨੇ ਜੇਤੂ ਖਿਡਾਰੀਆਂ ਦੀ ਅਣਥੱਕ ਮਿਹਨਤ ਅਤੇ ਲਗਨ ਦੀ ਸਰਾਹਨਾ ਕਰਦਿਆਂ ਵਧਾਈ ਅਤੇ ਸ਼ਾਬਾਸ਼ੀ ਦਿੱਤੀ ਅਤੇ ਇਸੇ ਤਰ੍ਹਾਂ ਆਪਣੀ ਆਪਣੀ ਖੇਡ ਵਿੱਚ ਨਿਰੰਤਰ ਪ੍ਰੈਕਟਿਸ ਕਰਨ ਅਤੇ ਸਟੇਟ ਅਤੇ ਨੈਸ਼ਨਲ ਲੈਵਲ ਵਾਸਤੇ ਸਾਰਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।ਇਸ ਮੌਕੇ ਕੋਚ ਡੀਪੀ ਡਿਪਾਰਟਮੈਂਟ(ਮਨਪ੍ਰੀਤ ਕੌਰ, ਜਤਿੰਦਰ ਸਿੰਘ, ਰਾਜਬੀਰ ਕੌਰ, ਯਾਦਵਿੰਦਰ ਸਿੰਘ, ਰੁਪਿੰਦਰ ਕੌਰ ਅਤੇ ਮੈਡਮ ਨੀਲਮ) ਦੀ ਮਿਹਨਤ ਦੀ ਵੀ ਖੂਬ ਸਰਾਹਨਾ ਕੀਤੀ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੰਦੀਪ ਸ਼ਰਮਾ, ਵਾਈਸ ਪ੍ਰਿੰਸੀਪਲ ਸ਼ਿਲਪਾ ਸ਼ਰਮਾ, ਕੁਆਡੀਨੇਟਰ ਨੀਲਾਕਸ਼ੀ ਗੁਪਤਾ, ਕੋਆਰਡੀਨੇਟਰ ਮਮਤਾ ਅਰੋੜਾ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

# ਖਾਲਸਾ ਯੂਨੀਵਰਸਿਟੀ ਵੱਲੋਂ ਫਾਰਮਾਸਿਸਟ ਦਿਵਸ ਦੇ ਸਬੰਧ 'ਚ ਸੈਮੀਨਾਰ ਤੇ ਰੈਲੀ ਆਯੋਜਿਤ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਖਾਲਸਾ ਯੂਨੀਵਰਸਿਟੀ ਦੇ ਸਕੂਲ ਆਫ ਫਾਰਮੇਸੀ ਵੱਲੋਂ 'ਸਿਹਤਮੰਦ ਭਵਿੱਖ ਲਈ ਫਾਰਮਾਸਿਸਟਾਂ ਨੂੰ ਮਜ਼ਬੂਤ ਬਣਾਉਣਾ' ਵਿਸ਼ੇ 'ਤੇ ਸੈਮੀਨਾਰ ਅਤੇ ਰੈਲੀ ਦਾ ਆਯੋਜਨ ਕੀਤਾ ਗਿਆ। ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ ਦੇ ਦਿਸ਼ਾ-ਨਿਰਦੇਸ਼ਾਂ 'ਤੇ ਵਿਸ਼ਵ ਫਾਰਮਾਸਿਸਟ ਦਿਵਸ ਦੇ ਸਬੰਧ 'ਚ ਕਰਵਾਏ ਗਏ ਉਕਤ ਪ੍ਰੋਗਰਾਮ ਮੌਕੇ ਲਈ ਮੈਡੀਕਲ ਕਾਲਜ ਦੇ ਐੱਸ. ਐੱਮ. ਓ., ਏ. ਆਰ. ਟੀ. ਸੀ. ਡਾ. ਜੋਤੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਸਬੰਧੀ 'ਵਰਸਿਟੀ ਦੇ ਫੈਕਲਟੀ ਆਫ ਫਾਰਮਾਸਿਊਟੀਕਲ ਐਂਡ ਅਲਾਇਡ ਹੈਲਥ ਸਾਇੰਸਿਜ਼ ਡੀਨ ਡਾ. ਆਰ. ਕੇ. ਧਵਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਕਤ ਸਮਾਰੋਹ ਫਾਰਮੇਸੀ ਕੌਂਸਲ ਆਫ਼ ਇੰਡੀਆ ਵੱਲੋਂ "ਸਵਸਥ ਭਾਰਤ: ਰੋਗਾਣੂਨਾਸ਼ਕ ਦਵਾਈਆਂ ਪ੍ਰਤੀ ਰੋਧਕਤਾ (ਏ. ਐੱਮ. ਆਰ) ਨਾਲ ਮੁਕਾਬਲਾ" ਦੇ ਵਿਆਪਕ ਮਿਸ਼ਨ ਤਹਿਤ ਕੀਤਾ ਗਿਆ ਹੈ ਉਨ੍ਹਾਂ ਕਿਹਾ ਕਿ ਇਸਦਾ ਮਕਸਦ ਵਿਦਿਆਰਥੀਆਂ ਅਤੇ ਆਮ ਲੋਕਾਂ 'ਚ ਐਂਟੀਮਾਈਕ੍ਰੋਬੀਅਲ ਰਜ਼ਿਸਟੈਂਸ ਸਬੰਧੀ ਜਾਗਰੂਕਤਾ ਪੈਦਾ ਕਰਨਾ ਅਤੇ ਰੋਗਾਣੂਨਾਸ਼ਕ ਦਵਾਈਆਂ ਦੀ ਤਰਕਸੰਗਤ ਵਰਤੋਂ, ਇਨਫੈਕਸ਼ਨ ਦੀ ਰੋਕਥਾਮ ਅਤੇ ਮਰੀਜ਼ਾਂ ਦੀ ਸੁਰੱਖਿਆ ਸਬੰਧੀ ਜਾਗਰੂਕਤਾ ਨੂੰ ਉਤਸ਼ਾਹਿਤ ਕਰਨਾ ਸੀ। ਡਾ. ਧਵਨ ਨੇ ਕਿਹਾ ਕਿ ਸਮਾਰੋਹ ਨੇ ਫਾਰਮੇਸੀ ਸਿੱਖਿਆ, ਜਨ ਸਿਹਤ ਅਤੇ ਏ. ਐਮ. ਆਰ. ਸਬੰਧੀ ਵਿਚਾਰਾਂ ਦੇ ਆਦਾਨ-ਪ੍ਰਦਾਨ ਸਬੰਧੀ ਮੌਕਾ ਪ੍ਰਦਾਨ ਕੀਤਾ। ਇਸ ਮੌਕੇ ਡਾ. ਜੋਤੀ ਨੇ ਵਿਦਿਆਰਥੀਆਂ ਨੂੰ ਐੱਚ. ਆਈ. ਵੀ. ਏਡਜ਼ ਨਾਲ ਸਬੰਧਿਤ ਜਾਗਰੂਕਤਾ, ਬਚਾਅ ਦੇ ਉਪਾਵਾਂ ਅਤੇ ਸਮਾਜ 'ਚ ਇਸ ਨਾਲ ਜੁੜੀਆਂ ਗਲਤ ਧਾਰਨਾਵਾਂ



ਨੂੰ ਦੂਰ ਕਰਨ ਦੀ ਲੋੜ ਸਬੰਧੀ ਜਾਣਕਾਰੀ ਪ੍ਰਦਾਨ ਕੀਤੀ। ਉਨ੍ਹਾਂ ਨੇ ਇਸ ਦੇ ਨਾਲ ਹੀ ਐਂਟੀਮਾਈਕ੍ਰੋਬੀਅਲ ਰਜ਼ਿਸਟੈਂਸ ਬਾਰੇ ਵਿਚਾਰ-ਵਟਾਂਦਰਾ ਕਰਦਿਆਂ ਕਿਹਾ ਕਿ ਦਵਾਈਆਂ, ਖਾਸ ਕਰਕੇ ਐਂਟੀਬਾਇਓਟਿਕਸ ਦੀ ਗਲਤ ਜਾਂ ਬੇਲੋੜੀ ਵਰਤੋਂ ਨਾਲ ਦਵਾਈਆਂ ਪ੍ਰਤੀ ਰੋਧਕਤਾ ਵੱਧ ਸਕਦੀ ਹੈ, ਜਿਸ ਨਾਲ ਭਵਿੱਖ 'ਚ ਇਨਫੈਕਸ਼ਨਾਂ ਦਾ ਇਲਾਜ ਮੁਸ਼ਕਿਲ ਹੋ ਸਕਦਾ ਹੈ। ਇਸ ਮੌਕੇ ਨੀਲਕਮਲ ਸਵਾਮੀ, ਪ੍ਰੋਜੈਕਟ ਮੈਨੇਜਰ ਟੀਨਾ, ਕਾਊਂਸਲਰ ਮਨਜੀਤ ਕੌਰ ਤੋਂ ਇਲਾਵਾ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰ ਮੌਜੂਦ ਸਨ।

# ਡਾ. ਐੱਸ. ਪੀ. ਸਿੰਘ ਉਬਰਾਏ 'ਅੰਬੈਸਡਰ ਫਾਰ ਪੀਸ' ਐਵਾਰਡ ਨਾਲ ਸਨਮਾਨਿਤ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਆਪਣੀ ਨਿਵੇਕਲੀ ਸੇਵਾ ਕਾਰਜ ਸ਼ੈਲੀ ਕਾਰਨ ਪੂਰੀ ਦੁਨੀਆਂ ਅੰਦਰ ਮਨੁੱਖਤਾ ਦੇ ਮਸੀਹਾ ਵਜੋਂ ਜਾਣੇ ਜਾਂਦੇ ਉੱਘੇ ਸਮਾਜ ਸੇਵਕ ਅਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਬਾਨੀ ਡਾ. ਐੱਸ. ਪੀ. ਸਿੰਘ ਉਬਰਾਏ ਨੂੰ ਡੀ. ਸੀ. ਵਾਸ਼ਿੰਗਟਨ, ਅਮਰੀਕਾ ਵਿਖੇ ਕਰਵਾਏ ਗਏ ਇੱਕ ਵਿਸ਼ੇਸ਼ ਸਮਾਗਮ ਦੌਰਾਨ ਯੂਨੀਵਰਸਲ ਪੀਸ ਫੈਡਰੇਸ਼ਨ (ਯੂ. ਪੀ. ਐੱਫ.) ਵੱਲੋਂ ਅੰਬੈਸਡਰ ਫਾਰ ਪੀਸ ਨਾਮੀ ਵਕਾਰੀ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਜਿਸ ਦੌਰਾਨ ਵੱਖ-ਵੱਖ ਖੇਤਰਾਂ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਵੀ ਮੌਜੂਦ ਸਨ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸਰਬੱਤ ਦਾ ਭਲਾ ਟਰੱਸਟ ਦੇ ਬੁਲਾਰੇ ਮਨਪ੍ਰੀਤ ਸਿੰਘ ਸੰਧੂ ਨੇ ਦੱਸਿਆ ਕਿ ਡਾ. ਉਬਰਾਏ ਨੂੰ ਇਹ ਐਵਾਰਡ ਯੂਨੀਵਰਸਲ ਪੀਸ ਫੈਡਰੇਸ਼ਨ ਯੂ.ਐੱਸ.ਏ. ਦੀ ਵਾਈਸ ਪ੍ਰੈਜ਼ੀਡੈਂਟ ਟੋਮੀਕੋ ਦੁਗਾਨ ਵੱਲੋਂ ਉਨ੍ਹਾਂ ਦੀਆਂ ਬਿਨਾਂ ਕਿਸੇ ਸਵਾਰਥ ਤੋਂ ਲੋੜਵੰਦ ਲੋਕਾਂ ਲਈ ਸਿੱਖਿਆ ਤੇ ਸਿਹਤ ਸੇਵਾਵਾਂ ਦੇ ਨਾਲ-ਨਾਲ ਕੁਦਰਤੀ ਆਫ਼ਤਾਂ ਦੌਰਾਨ ਰਾਹਤ ਕਾਰਜਾਂ ਵਿਚ ਹਮੇਸ਼ਾਂ ਕੀਤੀ ਜਾਂਦੀ ਪਹਿਲਕਦਮੀ ਅਤੇ ਸਮਾਜ ਭਲਾਈ ਦੇ ਹੋਰਨਾਂ ਅਨੇਕਾਂ ਹੀ ਖੇਤਰ ਵਿੱਚ ਨਿਰੰਤਰ ਪਾਏ ਜਾ ਰਹੇ ਬੇਮਿਸਾਲ ਯੋਗਦਾਨ ਲਈ ਭੇਟ




ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਉਕਤ ਸਮਾਗਮ ਨੂੰ ਸੰਬੋਧਨ ਕਰਦਿਆਂ ਟੋਮੀਕੋ ਦੁਗਾਨ ਨੇ ਡਾ. ਉਬਰਾਏ ਨੂੰ "ਭਾਈਚਾਰੇ ਦਾ ਅਨਮੋਲ ਹੀਰਾ" ਕਰਾਰ ਦਿੰਦਿਆਂ ਕਿਹਾ ਕਿ ਡਾ. ਉਬਰਾਏ ਦੀਆਂ ਨਿਰਸਵਾਰਥ ਸੇਵਾਵਾਂ ਨੇ ਅਣਗਿਣਤ ਲੋਕਾਂ ਦੀ ਜ਼ਿੰਦਗੀ ਵਿੱਚ ਆਸ ਦੀ ਕਿਰਨ ਜਗਾਈ ਹੈ। ਬੁਲਾਰੇ ਅਨੁਸਾਰ ਡਾ. ਉਬਰਾਏ ਨੇ ਇਸ ਵੱਕਾਰੀ ਸਨਮਾਨ ਅਤੇ ਨਿੱਘੇ ਸਵਾਗਤ ਲਈ ਯੂਨੀਵਰਸਲ ਪੀਸ ਫੈਡਰੇਸ਼ਨ ਅਤੇ ਭਾਈਚਾਰੇ ਦੇ ਸਮੂਹ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਮਨੁੱਖਤਾ ਦੀ ਸੇਵਾ ਅਤੇ ਵਿਸ਼ਵ ਸ਼ਾਂਤੀ ਦੇ ਆਪਣੇ ਮਿਸ਼ਨ ਨੂੰ ਹੋਰ ਸਮਰਪਣ ਨਾਲ ਅੱਗੇ ਵੀ ਜਾਰੀ ਰੱਖਣਗੇ। ਸਮਾਗਮ ਦੌਰਾਨ ਉਪਰੋਕਤ ਤੋਂ ਇਲਾਵਾ ਡਾ. ਸੁਰਿੰਦਰ ਸਿੰਘ ਗਿੱਲ ਚੇਅਰਮੈਨ ਇੰਟਰਨੈਸ਼ਨਲ ਫੋਰਮ ਯੂ. ਐੱਸ. ਏ., ਡਾ. ਦਵਿੰਦਰ ਸਿੰਘ ਗਿੱਲ ਡਾਇਰੈਕਟਰ ਸਿੱਖਸ ਆਫ਼ ਪੰਜਾਬੀ ਕਲੱਬ ਮੈਰੀਲੈਂਡ, ਕੇ. ਕੇ. ਸਿੱਧੂ ਸੰਸਥਾਪਕ ਪੰਜਾਬੀ ਕਲੱਬ ਮੈਰੀਲੈਂਡ, ਰਣਜੀਤ ਚਹਿਲ ਸਕੱਤਰ ਪੰਜਾਬੀ ਕਲੱਬ, ਗੁਰਚਰਨ ਸਿੰਘ ਗੁਰੂ ਪ੍ਰਧਾਨ ਵਰਲਡ ਯੂਨਾਈਟਿਡ ਗੁਰੂ ਨਾਨਕ ਫਾਊਂਡੇਸ਼ਨ, ਜਗਵਿੰਦਰ ਸਿੰਘ, ਡਾ. ਕਰੀਨਾ ਹੂ ਪੇਟੈਂਟ-ਇਨ-ਚੀਫ਼ ਇੰਟਰਨੈਸ਼ਨਲ ਫੋਰਮ ਯੂ. ਐੱਸ. ਏ., ਨੌਨਿਹਾਲ ਸਿੰਘ, ਨਿਰਪਜੀਤ ਸਿੰਘ, ਰਣਜੀਤ ਰਾਣਾ, ਰਾਇਲ ਤਾਜ ਦੇ ਮਾਲਕ ਜਸਵਿੰਦਰ ਸਿੰਘ ਅਤੇ ਲਲਿਤ ਝਾਅ ਸਮੇਤ ਕਈ ਪ੍ਰਮੁੱਖ ਸਖ਼ਸ਼ੀਅਤਾਂ ਹਾਜ਼ਰ ਸਨ।

# ਸੀ ਐੱਚ ਸੀ ਵੇਰਕਾ (ਅੰਮ੍ਰਿਤਸਰ) 'ਚ ਸਫਾਈ ਦਾ ਮੰਦਾ ਹਾਲ

## • ਮਰੀਜ਼ਾਂ ਦੇ ਇਲਾਜ ਦੇ ਨਾਲ-ਨਾਲ ਖੁਦ ਵੰਡ ਰਿਹੈ ਲੋਕਾਂ ਨੂੰ ਬਿਮਾਰੀਆਂ

**ਵੇਰਕਾ (ਰਾਣਾ)** : ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦਾ ਸੀ. ਐੱਚ. ਸੀ ਵੇਰਕਾ, ਅੰਮ੍ਰਿਤਸਰ ਇਲਾਕੇ ਦੇ ਮਰੀਜ਼ਾਂ ਦਾ ਇਲਾਜ ਕਰਨ ਦੇ ਨਾਲ-ਨਾਲ ਲੋਕਾਂ ਨੂੰ ਖੁਦ ਬਿਮਾਰੀਆਂ ਵੀ ਵੰਡ ਰਿਹਾ ਹੈ।ਸਥਾਨਕ ਕਸਬਾ ਬਹੁਤ ਵੱਡਾ ਹੈ ਅਤੇ ਦਰਜਨਾਂ ਨੇੜਲੇ ਪਿੰਡਾਂ ਦੇ ਲੋਕ ਆਪਣਾ ਇਲਾਜ ਕਰਵਾਉਣ ਵਾਸਤੇ ਉਕਤ ਹਸਪਤਾਲ ਵੇਰਕਾ ਵਿਖੇ ਆਉਂਦੇ ਹਨ।ਕਦੇ ਕੋਈ ਵਕਤ ਸੀ, ਜਦੋਂ ਇਹ ਹਸਪਤਾਲ ਮੁਫਤ ਇਲਾਜ ਕਰਵਾਉਣ ਲਈ ਇਲਾਕੇ ਭਰ ਵਿੱਚ ਮੰਨਿਆ-ਪਰਮੰਨਿਆ ਹੁੰਦਾ ਸੀ। ਹੁਣ ਵੀ ਸਰਕਾਰ ਵੱਲੋਂ ਇੱਥੇ ਮੁਫ਼ਤ ਦਵਾਈਆਂ, ਐਕਸਰੇ, ਅਲਟਰਾ ਸਾਊਂਡ, ਲੈਬੋਰਟਰੀ ਟੈਸਟ ਦੇ ਨਾਲ-ਨਾਲ ਹੋਰ ਵੀ ਅਨੇਕਾਂ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ। ਮਾਹਿਰ ਡਾਕਟਰ ਉਪਲੱਬਧ ਕਰਵਾਏ ਹੋਏ ਹਨ। ਇੱਥੋਂ ਤੱਕ ਕਿ ਲੈਬੋਰਟਰੀ ਟੈਸਟਾਂ ਲਈ ਲੰਘੇ ਦਿਨ ਲੱਖਾਂ ਰੁਪਏ ਨਾਲ ਨਵੀਂ ਉਸਾਰੀ ਗਈ ਬਿਲਡਿੰਗ ਵੀ ਡਾਕਟਰਾਂ ਨੂੰ ਸੌਂਪੀ ਗਈ ਹੈ।ਪ੍ਰੰਤੂ ਇਸ ਸਭ ਕੁਝ ਦੇ ਬਾਵਜੂਦ ਹਸਪਤਾਲ ਵਿੱਚ ਸਾਫ-ਸਫਾਈ ਦਾ ਹਾਲ ਅਤਿਅੰਤ ਮਾੜਾ ਹੈ।ਥਾਂ-ਥਾਂ ਲੱਗੇ ਗੰਦਗੀ,



ਕੂੜੇ ਦੇ ਢੇਰ ਹਸਪਤਾਲ ਦੇ ਡਾਕਟਰਾਂ ਸਣੇ ਸਮੁੱਚੇ ਅਮਲੇ-ਫੈਲੇ ਦਾ ਮੂੰਹ ਚਿੜਾ ਰਹੇ ਹਨ।ਹਸਪਤਾਲ ਦੀਆਂ ਕੰਧਾਂ ਦੇ ਨਾਲ ਲੱਗੇ ਗੰਦਗੀ ਦੇ ਢੇਰਾਂ ਦੀ ਤਾਂ ਛੱਡੋ, ਹਸਪਤਾਲ ਦੀ ਹਦੂਦ ਦੇ ਅੰਦਰ ਬੜਾ ਮਾੜਾ ਹਾਲ ਹੋਇਆ ਹੈ।ਇੱਥੇ ਮੌਜੂਦ ਡਾਕਟਰਾਂ ਨੂੰ ਸ਼ਾਇਦ ਘੱਟ ਗਿਆਨ ਹੈ ਜਾਂ ਹੈ ਹੀ ਨਹੀਂ ਕਿ ਗੰਦਗੀ ਦੇ ਢੇਰਾਂ ਕਾਰਨ ਭਿਆਨਕ ਬਿਮਾਰੀਆਂ ਫੈਲਣ ਦਾ ਭੈਅ ਨਿਰੰਤਰ ਬਣਿਆ ਰਹਿੰਦਾ ਹੈ।ਗੰਦਗੀ ਤੋਂ ਮੱਖੀਆਂ ਤੇ ਜਹਿਰੀਲੇ ਮੱਛਰ ਹੀ ਪੈਦਾ ਨਹੀਂ ਹੁੰਦੇ ਹਨ, ਸਗੋਂ ਪਲਾਸਟਿਕ ਦੇ ਪੌਲੀਥੀਨ ਨਾਲ ਕਾਰਬਨ ਡਾਈ ਆਕਸਾਈਡ ਅਤੇ ਕਾਰਬਨ ਮੋਨੋਆਕਸਾਈਡ ਵਰਗੀਆਂ ਖਤਰਨਾਕ ਤੇ ਜਾਨਲੇਵਾ ਗੈਸਾਂ ਵੀ ਉਤਪੰਨ ਹੁੰਦੀਆਂ ਹਨ। ਹੁਣ ਜਰਾ ਸੋਚੋ ਕਿ ਇੱਥੇ ਇਲਾਜ ਕਰਵਾਉਣ ਲਈ ਆਉਣ ਵਾਲੇ ਜਿਹੜੇ ਪਹਿਲਾਂ ਹੀ ਮਰੀਜ਼ ਹਨ ਅਤੇ ਉਨ੍ਹਾਂ ਦਾ ਕੀ ਹਾਲ ਹੁੰਦਾ ਹੋਵੇਗਾ।ਹਸਪਤਾਲ ਵੇਰਕਾ ਦੀ ਪਿੱਛੋਂ ਇਮਾਰਤ ਵੀ ਘਾਹ, ਬੂਟੀ ਅਤੇ ਵੇਲਾਂ ਨਾਲ ਢੱਕੀ ਪਈ ਹੈ। ਸਮੇਂ-ਸਮੇਂ ਨਾਲ ਹਸਪਤਾਲ ਦੀ ਸਾਂਭ-ਸੰਭਾਲ, ਸਾਫ-ਸਫਾਈ ਅਤੇ ਕਾਰਜਸ਼ੈਲੀ ਦਾ ਨਿਰੀਖਣ ਕਰਨ ਵਾਲੀਆਂ ਸਿਹਤ ਵਿਭਾਗ ਦੀਆਂ ਟੀਮਾਂ ਨੂੰ ਵੀ ਕਦੇ ਉਪਰੋਕਤ ਸਭ ਕੁਝ ਨਜ਼ਰ ਹੀ ਨਹੀਂ ਆਉਂਦਾ ਜਾਂ ਜਾਣਬੁੱਝ ਕੇ ਨਜ਼ਰ-ਅੰਦਾਜ਼ ਕੀਤਾ ਜਾਂਦਾ ਹੈ।ਵੇਰਕਾ ਹਸਪਤਾਲ ਦਾ ਉਕਤ ਹਾਲ ਵੇਖ ਕੇ ਅਨੇਕਾਂ ਹੀ ਸਵਾਲ ਆਪ ਮੁਹਾਰੇ ਉਤਪੰਨ ਹੁੰਦੇ ਹਨ। ਇਸ ਸੰਬੰਧ ਵਿੱਚ ਸਮੂਹਿਕ ਇਲਾਕਾ ਨਿਵਾਸੀ ਅਤੇ ਸਮਾਜਿਕ ਨਿਆਂ, ਸਸ਼ਕਤੀਕਰਨ ਵੈੱਲਫੇਅਰ ਐਸੋਸੀਏਸ਼ਨ ਅੰਮ੍ਰਿਤਸਰ (ਪੰਜਾਬ) ਦੇ ਜ਼ਿਲਾ ਪ੍ਰਧਾਨ ਸਤਿੰਦਰ ਸਿੰਘ ਸਰਕਾਰੀਆ, ਜਨਰਲ ਸਕੱਤਰ ਕੁਲਜੀਤ ਸਿੰਘ ਵੇਰਕਾ ਅਤੇ ਕਾਮਰੇਡ ਹਰੀਸ਼ ਸਿੰਘ ਵੇਰਕਾ ਵੱਲੋਂ ਮਾਨਯੋਗ ਮੁੱਖ ਮੰਤਰੀ ਪੰਜਾਬ ਸਰਕਾਰ, ਮਾਨਯੋਗ ਸਕੱਤਰ ਸਿਹਤ ਤੇ ਪ੍ਰੀਵਾਰ ਕਲਿਆਣ ਵਿਭਾਗ ਪੰਜਾਬ ਸਰਕਾਰ, ਮਾਨਯੋਗ ਜ਼ਿਲਾ ਮੈਜਿਸਟ੍ਰੇਟ ਅੰਮ੍ਰਿਤਸਰ, ਮਾਨਯੋਗ ਸਿਵਲ ਸਰਜਨ ਅੰਮ੍ਰਿਤਸਰ ਪਾਸੋਂ ਹਸਪਤਾਲ ਵਿੱਚ ਇਲਾਜ ਕਰਵਾਉਣ ਲਈ ਆਉਣ ਵਾਲੇ ਰੋਗੀਆਂ ਦੀ ਸਿਹਤ ਨੂੰ ਮੁੱਖ ਰੱਖਦੇ ਹੋਏ ਇਨਸਾਫ ਦੀ ਗੁਹਾਰ ਲਗਾਈ ਹੈ।

# ਔਜਲਾ ਵੱਲੋਂ ਸੰਗਤ ਦੀ ਸਹੂਲਤ ਲਈ ਵੀਹ ਦੇ ਕਰੀਬ ਪਾਣੀ ਵਾਲੇ ਟੈਂਕਰ ਭੇਟ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਸੱਚਖੰਡ ਸਮਾਧ ਬਾਬਾ ਬੁੱਢਾ ਸਾਹਿਬ ਜੀ ਦੇ ਸਾਲਾਨਾ ਜੋੜ ਮੇਲੇ ਨੂੰ ਸਮਰਪਿਤ ਸੰਗਤਾਂ ਦੀ ਸਹੂਲਤ ਲਈ ਅੰਮ੍ਰਿਤਸਰ ਤੋਂ ਕਾਂਗਰਸ ਪਾਰਟੀ ਦੇ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਵਲੋ ਆਪਣੇ ਐੱਮ ਪੀ ਲੈਡ ਫੰਡ ਵਿੱਚੋਂ 20 ਦੇ ਕਰੀਬ ਪਾਣੀ ਵਾਲੇ ਟੈਂਕਰ ਵੱਖ ਵੱਖ ਪਿੰਡਾਂ ਵਿੱਚ ਦਿੱਤੇ ਗਏ! ਇਸ ਮੌਕੇ ਪਾਣੀ ਵਾਲੇ ਇਨ੍ਹਾਂ ਨੂੰ ਟੈਂਕਰ ਰਵਾਨਾ ਕਰਦਿਆਂ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਦੇ ਭਰਾ ਅਤੇ ਅਜਨਾਲਾ ਹਲਕੇ ਤੋਂ ਕਾਂਗਰਸ ਪਾਰਟੀ ਦੀ ਟਿਕਟ ਦੇ ਮਜ਼ਬੂਤ ਦਾਅਵੇਦਾਰ ਸੁਖਜਿੰਦਰ ਸਿੰਘ ਸੁੱਖ ਔਜਲਾ ਨੇ ਕਿਹਾ ਵਿਧਾਨ ਸਭਾ ਹਲਕਾ ਅਜਨਾਲਾ ਗੁਰੂਆਂ ਪੀਰਾਂ ਤੇ ਸ਼ਹੀਦਾਂ ਦੀ ਧਰਤੀ ਹੈ ਜਿੱਥੇ ਕਿ ਅਕਸਰ ਹੀ ਸੰਗਤਾਂ ਵੱਲੋਂ ਸਾਲਾਨਾ ਜੋੜ ਮੇਲੇ ਸ਼ਹੀਦੀ ਸਮਾਗਮ ਅਤੇ ਕੀਰਤਨ ਦਰਬਾਰ ਸੁਸਾਇਟੀ ਵੱਲੋਂ ਸਾਲਾਨਾ ਕੀਰਤਨ ਦਰਬਾਰ ਕਰਵਾਏ ਜਾਂਦੇ ਹਨ ਅਤੇ ਇਨ੍ਹਾਂ ਸਾਰੇ ਸਮਾਗਮਾਂ ਚ ਸੰਗਤਾਂ ਦੀ ਸਹੂਲਤ ਲਈ ਪੀਣ ਵਾਲੇ ਪਾਣੀ ਦੇ ਪ੍ਰਬੰਧ ਨੂੰ ਮੁੱਖ ਰੱਖਦਿਆਂ ਹੋਇਆਂ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਵੱਲੋਂ 20 ਦੇ ਕਰੀਬ ਪਾਣੀ ਵਾਲੇ ਟੈਂਕਰ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ, ਗੁਰਦੁਆਰਿਆਂ ਤੇ ਹੋਰ ਧਾਰਮਿਕ ਸਥਾਨਾਂ ਨੂੰ ਦਿੱਤੇ ਜਾ ਰਹੇ ਹਨ, ਜਿਸ ਨਾਲ ਜਿੱਥੇ ਇਹਨਾਂ ਧਾਰਮਿਕ ਸਮਾਗਮਾਂ ਦੌਰਾਨ ਸੰਗਤਾਂ ਨੂੰ ਪੀਣ ਵਾਲੇ ਪਾਣੀ ਦੀ ਸਹੂਲਤ ਮਿਲੇਗੀ ਉੱਥੇ ਕਿਸੇ ਵੀ ਜਗ੍ਹਾ ਤੇ ਪਾਣੀ ਦੀ ਕਿੱਲਤ ਆਉਣ ਤੇ ਇਨਾਂ ਪਾਣੀ ਵਾਲੇ ਟੈਂਕਰਾਂ ਰਾਹੀਂ ਲੋਕਾਂ ਨੂੰ ਪਾਣੀ ਮੁਹੱਈਆ ਕਰਵਾਇਆ ਜਾਵੇਗਾ! ਉਨ੍ਹਾਂ ਕਿਹਾ ਕਿ ਇਹ ਪਾਣੀ ਵਾਲੇ ਟੈਂਕਰ ਕੋਈ ਵੀ ਲੋੜਵੰਦ ਵਿਅਕਤੀ ਕਿਸੇ ਸਮਾਗਮ ਜਾਂ ਕਿਸੇ ਹੋਰ ਸੇਵਾ ਭਾਵਨਾ ਲਈ ਵਰਤ ਸਕਦਾ ਹੈ।ਇਸ ਮੌਕੇ ਐਡਵੋਕੇਟ ਸੰਦੀਪ ਕੌਸ਼ਲ, ਜਸਕਰਨ ਸਿੰਘ ਸਾਰੰਗਦੇਵ, ਸੁਰਜੀਤ ਸਿੰਘ ਗੱਗੋਮਾਹਲ, ਕੁੰਵਰਨਿਰਭੈ ਸਿੰਘ ਬਾਜਵਾ, ਰਮਨ ਕਾਹਲੋਂ, ਡਾਕਟਰ ਨਿਆਮਤ ਮਸੀਹ ਸੂਫੀ ਆਦੀ ਹਾਜ਼ਰ ਸਨ।



# ਸ਼ੈਲਿੰਦਰਜੀਤ ਸਿੰਘ ਰਾਜਨ ਦੀ ਕਾਵਿ ਪੁਸਤਕ 'ਸਾਰੀ ਧਰਤੀ ਮੇਰੀ' ਲੋਕ ਅਰਪਿਤ

**ਬਾਬਾ ਬਕਾਲਾ ਸਾਹਿਬ, ਬਿਆਸ (ਜਸਪਾਲ ਸਿੰਘ, ਪਰਮਜੀਤ ਸਿੰਘ ਰੱਖੜਾ)** : ਪਿਛਲੇ 41 ਸਾਲਾਂ ਤੋਂ ਲਗਾਤਾਰ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਸਾਹਿਤਕ ਸਰਗਰਮੀਆਂ ਰਚਾਉਣ ਵਾਲੀ ਚਰਚਿੱਤ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਇਕ ਸਾਹਿਤਕ ਸਮਾਗਮ ਮੀਟਿੰਗ ਹਾਲ ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ, ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਸਭਾ ਦੇ ਮੁੱਖ ਸੰਚਾਲਕ ਅਤੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ: ਸ਼ੈਲਿੰਦਰਜੀਤ ਸਿੰਘ ਰਾਜਨ ਦੀ ਕਾਵਿ ਪੁਸਤਕ 'ਸਾਰੀ ਧਰਤੀ ਮੇਰੀ' ਲੋਕ ਅਰਪਿਤ ਕੀਤੀ ਗਈ। ਇਸ ਮੌਕੇ ਪ੍ਰਧਾਨਗੀ ਮੰਡਲ ਵਿੱਚ ਸ਼੍ਰੋਮਣੀ ਸ਼ਾਇਰ ਡਾ: ਰਵਿੰਦਰ, ਡਾ: ਆਸਾ ਸਿੰਘ ਘੁੰਮਣ (ਸਰਪ੍ਰਸਤ ਸਿਰਜਣਾ ਕੇਂਦਰ ਕਪੂਰਥਲਾ), ਅਵਤਾਰ ਸਿੰਘ ਭੁੱਲਰ (ਸਾਬਕਾ ਏ.ਡੀ.ਸੀ.), ਡਾ: ਗੋਪਾਲ ਸਿੰਘ ਬੁੱਟਰ (ਸਹਾਇਕ ਸਕੱਤਰ ਦੇਸ਼ ਭਗਤ ਯਾਦਗਾਰ ਹਾਲ ਕਮੇਟੀ), ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਮੱਖਣ ਕੁਹਾੜ, ਦਫਤਰ ਸਕੱਤਰ ਦੀਪ ਦਵਿੰਦਰ ਸਿੰਘ, ਕਾਰਜਕਾਰਨੀ ਮੈਂਬਰ ਮਾ: ਮਨਜੀਤ ਸਿੰਘ ਵੱਸੀ ਅਤੇ ਡਾ: ਪਰਮਜੀਤ ਸਿੰਘ ਬਾਠ, ਡਾ: ਗਗਨ (ਪਧਾਨ ਮਝੈਲਾਂ ਦੀ ਸੱਥ), ਜਸਵਿੰਦਰ ਸਿੰਘ ਢਿੱਲੋਂ (ਪ੍ਰਧਾਨ ਪੰਜਾਬੀ ਸਾਹਿਤ ਸਭਾ ਅਤੇ ਸਭਿਆਚਾਰਕ ਕੇਂਦਰ ਤਰਨ ਤਾਰਨ), ਸਠਿਆਲਾ, ਸਭਾ ਦੇ ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ ਅਤੇ ਸੀ: ਮੀਤ ਪ੍ਰਧਾਨ ਮੱਖਣ ਭੈਣੀਵਾਲਾ ਸੁਸ਼ੋਭਿਤ ਹੋਏ। ਸੁਖਵੰਤ ਕੌਰ ਵੱਸੀ ਨੇ ਪੁਸਤਕ



ਹਰਦਰਸ਼ਨ ਸਿੰਘ ਕਮਲ (ਜਨਰਲ ਸਕੱਤਰ ਮਜਲਸ), ਕੁਲਵਿੰਦਰ ਸਿੰਘ ਗਾਖਲ (ਪੰਜਾਬ ਸਾਹਿਤਕ ਮੰਚ ਜਲੰਧਰ), ਹਰਕੰਵਲਜੀਤ ਸਾਹਿਲ (ਸੰਪਾਦਕ 7 ਰੀਵਰ), ਡਾ: ਵਿਕਰਮਜੀਤ (ਸੰਪਾਦਕ ਅੱਖਰ), ਪ੍ਰੋ: ਬਖਤਾਵਰ ਧਾਲੀਵਾਲ (ਸੰਪਾਦਕ ਮੰਤਵ), ਮੁਨੀਸ਼ ਕੁਮਾਰ ਭੱਠੇ ਵਾਲੇ, ਸਰਪੰਚ ਗੁਰਪ੍ਰਤਾਪ ਸਿੰਘ ਭਿੱਲਾ 'ਸਾਰੀ ਧਰਤੀ' ਤੇ ਪੇਪਰ ਪੜ੍ਹਿਆ, ਜਿਸ ਉਪਰ ਆਏ ਅਦੀਬਾਂ ਨੇ ਵਿਚਾਰ ਪੇਸ਼ ਕੀਤੇ। ਡਾ: ਰਵਿੰਦਰ ਨੇ ਕਿਹਾ ਕਿ 'ਰਾਜਨ' ਹੁਰਾਂ ਦੇ ਲਿਖਣ ਵਿਚ ਸਹਿਜਤਾ ਅਤੇ ਬੋਲਣ ਵਿਚ ਠਰੰਮਾ ਹੈ। ਇਹੋ ਸਹਿਜਤਾ ਇਹਨਾਂ ਨੇ ਆਪਣੀ ਜੀਵਨ ਸ਼ੈਲੀ ਵਿਚ ਵੀ ਬਰਕਰਾਰ ਰੱਖੀ ਹੈ । ਡਾ: ਆਸਾ ਸਿੰਘ ਘੁੰਮਣ ਨੇ 'ਸਾਰੀ ਧਰਤੀ ਮੇਰੀ' ਦੇ ਹਵਾਲੇ ਨਾਲ ਕਿਹਾ ਕਿ 'ਰਾਜਨ' ਹੁਰੀਂ ਸਫ਼ਰ ਦੇ ਸਾਹਿਤ ਸਿਰਜਕ ਹਨ, ਉਨ੍ਹਾਂ ਦੇ ਇਸ ਸੰਗ੍ਰਹਿ ਵਿੱਚ ਜਿਕਰਯੋਗ ਗ਼ਜ਼ਲਾਂ ਹਨ। ਡਾ: ਗੋਪਾਲ ਸਿੰਘ ਬੁੱਟਰ ਨੇ ਕਿਹਾ ਕਿ 'ਰਾਜਨ' ਕੋਲ ਗੱਲ ਕਹਿਣ ਦਾ ਵੱਡਾ ਤਜਰਬਾ ਹੈ, ਜੋ ਉਸਨੂੰ ਪੁਰਖਿਆਂ ਵੱਲੋਂ ਵਿਰਸੇ ਵਿੱਚ ਮਿਲਿਆ ਹੈ। ਅਵਤਾਰ ਸਿੰਘ ਭੁੱਲਰ ਨੇ ਕਿਹਾ ਕਿ 'ਰਾਜਨ' ਨੂੰ ਆਪਣੇ ਸਾਹਿਤਕ ਸਫਰ ਦੀ ਸਵੈ ਜੀਵਨੀ ਲਿਖਣੀ ਚਾਹੀਦੀ ਹੈ। ਪ੍ਰੋ: ਬਖਤਾਵਰ ਧਾਲੀਵਾਲ, ਪ੍ਰਿੰ: ਰਘਬੀਰ ਸਿੰਘ ਸੋਹਲ, ਸਮੇਤ ਲੇਖਕਾਂ ਨੇ ਸ਼ੈਲਿੰਦਰਜੀਤ ਸਿੰਘ ਰਾਜਨ ਨੂੰ ਆਪੋ ਆਪਣੇ ਅੰਦਾਜ ਵਿੱਚ ਮੁਬਾਰਕਬਾਦ ਦਿੱਤੀ। ਮੰਚ ਸੰਚਾਲਨ ਕਰ ਰਹੇ ਕਥਾਕਾਰ ਦੀਪ ਦੇਵਿੰਦਰ ਸਿੰਘ ਨੇ ਕਿਹਾ ਕਿ 'ਰਾਜਨ' ਸਾਡਾ ਅਜਿਹਾ ਸਾਹਿਤਕ ਦੋਸਤ ਹੈ, ਜਿਸ ਵੱਲੋਂ ਆਯੋਜਿਤ ਸਾਹਿਤਕ ਮਹਿਫਲਾਂ ਜਿੱਥੇ ਸਹਿਤਕ ਦੋਸਤੀਆਂ ਨੂੰ ਪੀਢੀ ਗੰਢ ਮਾਰ ਕੇ ਰੱਖਦੀਆਂ ਹਨ ਉੱਥੇ ਆਪਸੀ ਸੰਵਾਦ ਦਾ ਸਬੱਬ ਵੀ ਬਣਦੀਆਂ ਹਨ । ਇਸ ਮੌਕੇ ਹੋਏ ਕਵੀ ਦਰਬਾਰ ਵਿੱਚ ਸੁਖਵੰਤ ਕੌਰ ਵੱਸੀ, ਸਤਿੰਦਰਜੀਤ ਕੌਰ ਅੰਮ੍ਰਿਤਸਰ, ਅਨੂਪਮਾ ਸਠਿਆਲਾ, ਰਾਜਵਿੰਦਰ ਕੌਰ ਰਾਜ, ਹਰਵਿੰਦਰਜੀਤ ਕੌਰ ਬਾਠ, ਸੁਰਿੰਦਰ ਖਿਲਚੀਆਂ, ਸੁਖਵਿੰਦਰ ਕੌਰ ਬਟਾਲਾ, ਹਰਮੇਸ਼ ਕੌਰ ਜੋਧੇ, ਸਿਮਰਨਜੀਤ ਕੌਰ ਮਾਹਾਲ, ਗੁਰਮੀਤ ਕੌਰ ਬੱਲ, ਮਨਦੀਪ ਸਿੰਘ ਬੋਪਾਰਾਏ, ਰਮੇਸ਼ ਜਾਨੂੰ, ਜਗਨ ਨਾਥ ਨਿਮਾਣਾ, ਜਸਮੇਲ ਸਿੰਘ ਜੋਧੇ, ਸੂਬੇਦਾਰ ਹਰਜਿੰਦਰ ਸਿੰਘ ਨਿੱਝਰ, ਧਰਮ ਸਿੰਘ ਧਿਆਨਪੁਰ, ਸਤਰਾਜ ਜਲਾਲਾਂਬਾਦੀ, ਬਲਬੀਰ ਸਿੰਘ ਬੋਲੇਵਾਲੀਆ, ਅਮਰਪਾਲ ਸਿੰਘ ਖਹਿਰਾ, ਨਵਦੀਪ ਸਿੰਘ ਬਦੇਸ਼ਾ, ਅਵਤਾਰ ਸਿੰਘ ਬੈਂਸ, ਭਗਵੰਤ ਸਿੰਘ, ਇੰਦਰ ਸਿੰਘ ਮਿਸ਼ਰੀ, ਸੂਬੇਦਾਰ ਹਰਜੀਤ ਸਿੰਘ, ਡਾ: ਕੁਲਵੰਤ ਸਿੰਘ ਬਾਠ, ਸੁਰਜੀਤ ਸਿੰਘ ਫੇਰੂਮਾਨ, ਬਲਬੀਰ ਸਿੰਘ ਬੇਲੀ, ਹਰਜਿੰਦਰ ਸਿੰਘ ਜਿੰਦੀ ਮਠੌਲਾ, ਕਾਲੇ ਸ਼ਾਹ ਟਾਂਗਰਾ, ਡਾ: ਅਮਨਦੀਪ ਸਿੰਘ ਬਿਆਸ, ਜਗਦੀਸ਼ ਸਿੰਘ ਬਮਰਾਹ, ਮੁਖਤਾਰ ਸਿੰਘ ਗਿੱਲ, ਡਾ: ਸਰਬਜੀਤ ਸਿੰਘ ਬਿੱਲਾ, ਸੋਨੂੰ ਸੁਲਤਾਨ, ਬੂਟਾ ਰਾਮ ਅਜ਼ਾਦ, ਗੁਰਭੇਜ ਸਿੰਘ ਸਰਾਂ, ਸਕੱਤਰ ਸਿੰਘ ਪੁਰੇਵਾਲ, ਅਜੈਬ ਸਿੰਘ ਬੋਦੇਵਾਲ, ਬਲਵਿੰਦਰ ਸਿੰਘ ਅਠੌਲਾ, ਅਜੀਤ ਸਿੰਘ ਸਠਿਆਲਵੀ, ਲਖਵਿੰਦਰ ਸਿੰਘ ਉੱਪਲ, ਬਲਦੇਵ ਸਿੰਘ ਸਠਿਆਲਾ, ਸ਼ਿੰਗਾਰਾ ਸਿੰਘ ਸਠਿਆਲਾ, ਕੇਵਲ ਸਿੰਘ ਬਿਆਸ, ਜਤਿੰਦਰ ਸਿੰਘ, ਜਸਪਾਲ ਸਿੰਘ ਸਹੋਤਾ, ਸਮੇਤ ਪੰਜਾਬ ਭਰ ਵਿੱਚੋਂ ਪੁਜੇ ਕਵੀਜਨਾਂ ਨੇ ਕਵਿਤਾਵਾਂ ਰਾਹੀ ਚੰਗਾ ਰੰਗ ਬੰਨ੍ਹਿਆ।

# ਤੇਜ਼ ਰ.ਫ਼ਤਾਰ ਕਾਰ ਦੀ ਟੱਕਰ ਵੱਜਣ ਨਾਲ ਵਿਅਕਤੀ ਦੀ ਮੌਤ

**ਗੁਰਦਾਸਪੁਰ, (ਜਨਕ ਮਹਾਜਨ)**-ਤੇਜ਼ ਰਫ਼ਤਾਰ ਗੱਡੀ ਦੀ ਟੱਕਰ ਵੱਜਣ 'ਤੇ ਇਕ ਵਿਅਕਤੀ ਦੀ ਮੌਤ ਹੋ ਜਾਣ ਦੇ ਮਾਮਲੇ ਵਿਚ ਥਾਣਾ ਸਦਰ ਗੁਰਦਾਸਪੁਰ ਪੁਲਸ ਨੇ ਨਾਮਾਲੂਮ ਕਾਰ ਚਾਲਕ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਰਾਜਦੀਪ ਸਿੰਘ ਪੁੱਤਰ ਮੁਖਤਿਆਰ ਸਿੰਘ ਵਾਸੀ ਸੱਦਾ ਨੇ ਦੱਸਿਆ ਕਿ ਮਿਤੀ 26 ਸਤੰਬਰ ਨੂੰ ਉਹ ਅਤੇ ਉਸ ਦਾ ਦੋਸਤ ਸਤੰਵਤ ਸਿੰਘ (31) ਪੁੱਤਰ ਪਾਲ ਸਿੰਘ ਵਾਸੀ ਬਹਿਲੋਲਪੁਰ ਥਾਣਾ ਦੋਰਾਂਗਲਾ ਆਪਣੀ ਗੱਡੀ ਨੰਬਰ ਪੀ.ਬੀ.65.ਏ ਵਾਏ.3040 'ਤੇ ਸਵਾਰ ਹੋ ਕੇ ਗੁਰਦਾਸਪੁਰ ਤੋਂ ਆਪਣੇ ਪਿੰਡ ਨੂੰ ਜਾ ਰਿਹਾ ਸਨ ਕਿ ਜਦੋਂ ਉਹ ਰਾਤ 10.15 ਵਜੇ ਹਰਦੋਛੰਨੀਆ ਬਾਈਪਾਸ ਚੌਕ ਪੁੱਜੇ ਤਾਂ ਗੁਰਦਾਸਪੁਰ ਸਾਇਡ ਤੋਂ ਇਕ ਗੱਡੀ ਨੰਬਰ ਪੀ.ਬੀ. 6 ਏ.ਐਕਸ 1888 ਤੇਜ਼ ਰਫ਼ਤਾਰ ਨਾਲ ਆਈ ਜਿਸ ਨੂੰ ਨਾਮਲੂਮ ਵਿਅਕਤੀ ਚਲਾ ਰਿਹਾ ਸੀ। ਉਕਤ ਕਾਰ ਚਾਲਕ ਨੇ ਕਾਰ ਲਾਪ੍ਰਵਾਹੀ ਨਾਲ ਚਲਾ ਕੇ ਸਤਵੰਤ ਸਿੰਘ ਦੀ ਕਾਰ ਨੂੰ ਟੱਕਰ ਮਾਰ ਦਿੱਤੀ ਜਿਸ ਨਾਲ ਕਾਰ ਬੇਕਾਬੂ ਹੋ ਕੇ ਦਰਖਤ ਨਾਲ ਟਕਰਾਈ ਅਤੇ ਸਤਵੰਤ ਸਿੰਘ ਦੀ ਮੌਤ ਹੋ ਗਈ। ਥਾਣਾ ਸਦਰ ਗੁਰਦਾਸਪੁਰ ਪੁਲਸ ਨੇ ਨਾ-ਮਾਲੂਮ ਕਾਰ ਚਾਲਕ ਖ਼ਿਲਾਫ਼ ਮੁੱਕਦਮਾ ਨੰਬਰ 189, ਜ਼ੇਰੇ ਧਾਰਾ 106 (1), 281, 324 (4) ਬੀ.ਐਨ.ਐਸ. ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅੰਰਭ ਕਰ ਦਿੱਤੀ ਹੈ।

# ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਡਰੋਨ ਸ਼ੋਅ ਅੱਜ

**ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)**- ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਕੱਲ੍ਹ 29 ਸਤੰਬਰ ਨੂੰ ਹੈਲੀਪੈਡ ਗਰਾਊਂਡ ਸਾਹਮਣੇ ਬਰਿਸ਼ਤਾ ਰੈਸਟੋਰੈਂਟ ਦੀਨਾਨਗਰ 'ਚ ਸ਼ਾਮ 6.30 ਵਜੇ ਡਰੋਨ ਸ਼ੋਅ ਹੋਵੇਗਾ।ਹਲਕਾ ਇੰਚਾਰਜ ਦੀਨਾਨਗਰ ਸਮਸ਼ੇਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 500 ਡਰੋਨ ਅਸਮਾਨ ਨੂੰ ਰੁਸ਼ਨਾਉਂਦਿਆਂ ਗੁਰੂ ਜੀ ਦੇ ਜੀਵਨ ਅਤੇ ਸਿੱਖਿਆਵਾਂ ਬਾਰੇ ਬਾਕਮਾਲ ਪੇਸ਼ਕਾਰੀ ਕਰਨਗੇ।ਉਨ੍ਹਾਂ ਦੱਸਿਆ ਕਿ ਇਸ ਵਿਲੱਖਣ ਏਰੀਅਲ ਸ਼ੋਅ ਰਾਹੀਂ ਤਕਨਾਲੋਜੀ ਅਤੇ ਅਧਿਆਤਮਿਕਤਾ ਦਾ ਸੁਮੇਲ ਦਿਖਾਉਣ ਲਈ ਸੰਗਤ ਲਈ ਬੈਠਣ ਦੇ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ ਅਤੇ ਸ਼ੋਅ ਤੋਂ ਪਹਿਲ੍ਹਾਂ ਰਾਗੀ ਜਥੇ ਵੱਲੋਂ ਕੀਰਤਨ ਵੀ ਸਰਵਣ ਕਰਵਾਇਆ ਜਾਵੇਗਾ।ਸ਼ੋਅ ਦੌਰਾਨ ਡਰੋਨਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਫਲਸਫ਼ੇ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਪੂਰੀ ਸ਼ਰਧਾ ਨਾਲ ਮਨਾਉਂਦਿਆ ਆਧੁਨਿਕ ਮਾਧਿਅਮਾਂ ਰਾਹੀਂ ਗੁਰੂ ਜੀ ਦੇ ਸਰਬ-ਸਾਂਝੇ ਫਲਸਫ਼ੇ ਨੂੰ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਹੈ।ਉਨ੍ਹਾਂ ਸਮੂਹ ਹਲਕਾ ਵਾਸੀਆਂ ਨੂੰ ਸਮਾਗਮ ਵਿੱਚ ਪਹੁੰਚਣ ਦੀ ਅਪੀਲ ਕੀਤੀ।

# ਖਾਲਸਾ ਯੂਨੀਵਰਸਿਟੀ ਵਿਖੇ ਔਰਥੋ ਰਿਊਮੈਟੋਲੋਜੀ ਦਿਵਸ ਮਨਾਇਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਖਾਲਸਾ ਯੂਨੀਵਰਸਿਟੀ ਦੇ ਫੈਕਲਟੀ ਆਫ਼ ਆਰਟਸ ਐਂਡ ਸੋਸ਼ਲ ਸਾਇੰਸਿਜ਼ ਵੱਲੋਂ ਇੰਡੀਅਨ ਔਰਥੋਪੈਡਿਕ ਰਿਊਮੈਟੋਲੋਜੀ ਐਸੋਸੀਏਸ਼ਨ ਦੇ ਸਹਿਯੋਗ ਨਾਲ ਔਰਥੋ ਰਿਊਮੈਟੋਲੋਜੀ ਦਿਵਸ ਮਨਾਇਆ ਗਿਆ।ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ ਦੇ ਦਿਸ਼ਾ-ਨਿਰਦੇਸ਼ਾਂ 'ਤੇ ਉਕਤ ਪ੍ਰੋਗਰਾਮ ਦੌਰਾਨ ਜਾਂਚ ਕੈਂਪ ਮੌਕੇ ਹੱਡੀਆਂ ਦੀ ਸਿਹਤ, ਜੋੜਾਂ ਦੀ ਗਤੀਸ਼ੀਲਤਾ ਅਤੇ ਹੱਡੀਆਂ ਨਾਲ ਸਬੰਧਿਤ ਬਿਮਾਰੀਆਂ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਵਿਸ਼ੇਸ਼ ਉਪਰਾਲਾ ਕੀਤਾ ਗਿਆ। ਉਕਤ ਜਾਂਚ ਕੈਂਪ ਦਾ ਅਕਾਦਮਿਕ ਮਾਮਲੇ ਡੀਨ ਡਾ. ਸੁਰਿੰਦਰ ਕੌਰ ਨੇ ਅਗਾਜ਼ ਕਰਨ ਉਪਰੰਤ ਕਿਹਾ ਕਿ ਸਮਾਗਮ ਦਾ ਮਕਸਦ ਹੱਡੀਆਂ ਦੀ ਮਜ਼ਬੂਤੀ, ਜੋੜਾਂ ਦੀ ਸਿਹਤ ਅਤੇ ਸਮੇਂ ਸਿਰ ਜਾਂਚ ਦੀ ਮਹੱਤਤਾ ਬਾਰੇ ਜਾਣੂ ਕਰਵਾਉਣਾ ਸੀ। ਇਸ ਦੌਰਾਨ ਡਾ. ਮਹਿਲ ਸਿੰਘ ਨੇ ਉਕਤ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਿਹਤ ਸਬੰਧੀ ਜਾਗਰੂਕਤਾ ਪੈਦਾ ਕਰਨਾ ਸਿੱਖਿਆ ਸੰਸਥਾਵਾਂ ਦੀ ਸਮਾਜ ਪ੍ਰਤੀ ਜ਼ਿੰਮੇਵਾਰੀ ਦਾ ਅਹਿਮ ਹਿੱਸਾ ਹੈ ਉਨ੍ਹਾਂ ਕਿਹਾ ਕਿ ਹੱਡੀਆਂ ਅਤੇ ਜੋੜਾਂ ਦੀ ਸਿਹਤ ਮਨੁੱਖੀ ਜੀਵਨ ਦੀ ਗੁਣਵੱਤਾ ਨਾਲ ਸਿੱਧੇ ਤੌਰ 'ਤੇ ਜੁੜੀ ਹੋਈ ਹੈ ਉਨ੍ਹਾਂ ਨੇ ਵਿਦਿਆਰਥੀਆਂ ਅਤੇ ਆਮ ਲੋਕਾਂ ਨੂੰ ਸਿਹਤਮੰਦ ਜੀਵਨਸ਼ੈਲੀ ਅਪਨਾਉਣ ਅਤੇ ਸਿਹਤ ਸਬੰਧੀ ਸਮੱਸਿਆਵਾਂ ਦੀ ਸਮੇਂ ਸਿਰ ਜਾਂਚ ਕਰਵਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਡਾ. ਸੁਰਿੰਦਰ ਕੌਰ ਨੇ



ਕਿਹਾ ਕਿ ਸਕੂਲ ਆਫ਼ ਫੈਸ਼ਨ ਡਿਜ਼ਾਈਨਿੰਗ ਅਤੇ ਕਾਸਮੈਟੋਲੋਜੀ ਮੁਖੀ ਡਾ. ਸ਼ਰੀਨਾ ਮਹਾਜਨ ਦੁਆਰਾ ਉਕਤ ਕੈਂਪ ਆਯੋਜਿਤ ਕੀਤਾ ਗਿਆ ਸੀ ਉਨ੍ਹਾਂ ਕਿਹਾ ਕਿ ਜਾਂਚ ਕੈਂਪ ਮੌਕੇ 'ਅਵੇਅਰਨੈੱਸ ਆਫ਼ ਬੋਨ ਹੈਲਥ ਐਂਡ ਜੁਆਇੰਟ ਮੋਬਿਲਿਟੀ' ਵਿਸ਼ੇ ਤਹਿਤ ਹੱਡੀਆਂ ਅਤੇ ਜੋੜਾਂ ਦੀ ਸਿਹਤ ਸਬੰਧੀ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਗਈਆਂ ਇਸ ਦੇ ਨਾਲ ਹੀ ਹੱਡੀਆਂ ਦੀ ਮਜ਼ਬੂਤੀ ਦੀ ਜਾਂਚ ਕਰਨ ਲਈ ਮੁਫ਼ਤ ਬੋਨ ਮਿਨਰਲ ਡੈਂਸਿਟੀ ਟੈਸਟ ਦਾ ਆਯੋਜਨ ਕੀਤਾ ਗਿਆ। ਇਸ ਜਾਂਚ ਰਾਹੀਂ ਹੱਡੀਆਂ ਦੀ ਘਣਤਾ ਦਾ ਮੁਲਾਂਕਣ ਕਰਨ ਅਤੇ ਹੱਡੀਆਂ ਦੀ ਕਮਜ਼ੋਰੀ ਨਾਲ ਸਬੰਧਿਤ ਸਮੱਸਿਆਵਾਂ ਦੀ ਸਮੇਂ ਸਿਰ ਪਛਾਣ ਕਰਨ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਅਜਿਹੇ ਸਿਹਤ ਜਾਗਰੂਕਤਾ ਪ੍ਰੋਗਰਾਮ ਵਿਦਿਆਰਥੀਆਂ ਨੂੰ ਸਮਾਜਿਕ ਜ਼ਿੰਮੇਵਾਰੀਆਂ ਨਾਲ ਜੋੜਨ ਦੇ ਨਾਲ-ਨਾਲ ਸਿਹਤ ਸਬੰਧੀ ਮਹੱਤਵਪੂਰਨ ਜਾਣਕਾਰੀ ਪ੍ਰਦਾਨ ਕਰਦੇ ਹਨ। ਉਨ੍ਹਾਂ ਕਿਹਾ ਕਿ ਹੱਡੀਆਂ ਦੀ ਸਿਹਤ ਪ੍ਰਤੀ ਜਾਗਰੂਕਤਾ ਅਤੇ ਨਿਯਮਤ ਜਾਂਚ ਭਵਿੱਖ 'ਚ ਹਰੇਕ ਇਨਸਾਨ ਨੂੰ ਸਿਹਤਮੰਦ ਜੀਵਨ ਬਤੀਤ ਕਰਨ 'ਚ ਸਹਾਇਕ ਹੋ ਸਕਦੀ ਹੈ। ਇਸ ਮੌਕੇ ਡਾ. ਮਹਾਜਨ ਨੇ ਕਿਹਾ ਕਿ ਕੈਂਪ ਦੌਰਾਨ ਵਿਭਾਗ ਫੈਕਲਟੀ ਨੇ ਉਤਸ਼ਾਹ ਨਾਲ ਹਿੱਸਾ ਲਿਆ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਅਜਿਹੀਆਂ ਪਹਿਲਕਦਮੀਆਂ ਸਬੰਧੀ ਹਮੇਸ਼ਾ ਯਤਨ ਕਰਦੀ ਹੈ ਤਾਂ ਜੋ ਇਸਦੇ ਫੈਕਲਟੀ ਅਤੇ ਸਟਾਫ ਦੀ ਸਿਹਤ, ਤੰਦਰੁਸਤੀ ਅਤੇ ਸਮੁੱਚੀ ਭਲਾਈ 'ਚ ਯੋਗਦਾਨ ਪਾਇਆ ਜਾ ਸਕੇ।

# ਅਣਪਛਾਤੇ ਲੋਕਾਂ ਵੱਲੋਂ ਪੱਤਰਕਾਰ ਵਰਿੰਦਰ ਸ਼ਰਮਾ ਦੀ ਕੁੱਟਮਾਰ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਬੀਤੇ ਦਿਨੀਂ ਅਜਨਾਲਾ ਤੋਂ ਸੀਨੀਅਰ ਪੱਤਰਕਾਰ ਵਰਿੰਦਰ ਸ਼ਰਮਾ ਦੇ ਨਾਲ ਕੁਝ ਗੁੰਡਾ ਅਨਸਰਾਂ ਵੱਲੋਂ ਕੀਤੀ ਗਈ ਕੁੱਟਮਾਰ ਅਤੇ ਉਨ੍ਹਾਂ ਦੇ ਵਲੋਂ ਵਕਫ਼ ਬੋਰਡ ਤੋਂ ਲੀਜ਼ ਤੇ ਲਈ ਹੋਈ ਇਮਾਰਤ ਵਿੱਚੋਂ ਸਾਮਾਨ ਚੋਰੀ ਕਰਨ ਦੇ ਮਾਮਲੇ ਵਿੱਚ ਅਜਨਾਲਾ ਪੁਲਸ ਥਾਣੇ ਵੱਲੋਂ ਐੱਫਆਈ ਆਰ ਦਰਜ ਕੀਤੀ ਗਈ ਸੀ ਪਰ ਹੁਣ ਵੇਖਣ ਵਿੱਚ ਆਇਆ ਹੈ ਇਕ



ਸਿਆਸੀ ਪਾਰਟੀ ਇਸ ਮਾਮਲੇ ਵਿੱਚ ਬੇਲੋੜੀ ਦਖਲਅੰਦਾਜ਼ੀ ਕਰ ਰਹੀ ਹੈ ਜਦਕਿ ਉਹ ਸੱਚਾਈ ਤੋਂ ਕੋਹਾਂ ਦੂਰ ਚੱਲ ਰਹੀ ਹੈ। ਉਸ ਨੂੰ ਇਸ ਵਿੱਚ ਸੱਚਾਈ ਦਾ ਕੁਝ ਵੀ ਨਹੀਂ ਪਤਾ ਅਤੇ ਉਹ ਨਜਾਇਜ਼ ਤੌਰ ਤੇ ਹੀ ਪੁਲਸ 'ਤੇ ਆਪਣਾ ਰਾਜਨੀਤਿਕ ਦਬਾਅ ਬਣਾ ਰਹੀ ਹੈ। ਪੱਤਰਕਾਰਾਂ ਵੱਲੋਂ ਕੀਤੀ ਗਈ ਇਸ ਇੱਕ ਹੰਗਾਮੀ ਮੀਟਿੰਗ ਦੌਰਾਨ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਵਰਿੰਦਰ ਕੁਮਾਰ ਨੇ ਦੱਸਿਆ ਕਿ ਵਿਰੋਧੀ ਧਿਰ ਵੱਲੋਂ ਉਨ੍ਹਾਂ ਨੂੰ ਲਗਾਤਾਰ ਜਾਨੋਂ ਮਾਰਨ ਦੀ ਧਮਕੀਆਂ ਵੀ ਦਿੱਤੀਆਂ ਜਾ ਰਹੀਆਂ ਹਨ। ਉਨਾਂ ਪੁਲਸ ਥਾਣਾ ਅਜਨਾਲਾ ਅਤੇ ਉੱਚ ਅਧਿਕਾਰੀਆਂ ਨੂੰ ਬੇਨਤੀ ਕੀਤੀ ਹੈ ਕਿ ਉਨ੍ਹਾਂ ਦੇ ਜਾਨ ਮਾਲ ਦੀ ਰੱਖਿਆ ਕੀਤੀ ਜਾਵੇ ਅਤੇ ਇਨ੍ਹਾਂ ਗਲਤ ਅਨਸਰਾਂ ਵਿਰੁੱਧ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ। ਇਸ ਮੌਕੇ ਸਮੂਹ ਪੱਤਰਕਾਰਾਂ ਨੇ ਵਰਿੰਦਰ ਸ਼ਰਮਾ ਦਾ ਸਾਥ ਦੇਣ ਦਾ ਪ੍ਰਣ ਕੀਤਾ ਤੇ ਕਿਹਾ ਕਿ ਜੇਕਰ ਰਾਜਨੀਤਿਕ ਪਾਰਟੀਆਂ ਨੇ ਬੇਲੋੜੀ ਦਖਲਅੰਦਾਜ਼ੀ ਬੰਦ ਨਾ ਕੀਤੀ ਤਾਂ ਆਉਣ ਵਾਲੇ ਸਮੇਂ ਵਿੱਚ ਇਨ੍ਹਾਂ ਦਾ ਬਾਈਕਾਟ ਕੀਤਾ ਜਾਵੇਗਾ। ਸਮੂਹ ਭਾਈਚਾਰੇ ਨੇ ਪੰਜਾਬ ਪੁਲਸ ਅਤੇ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਕਿ ਅਜਿਹੇ ਗਲਤ ਅਨਸਰਾਂ ਵਿਰੁੱਧ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ। ਇਸ ਮੌਕੇ ਅਜਨਾਲਾ ਦੇ ਸਮੂਹ ਪੱਤਰਕਾਰ ਭਾਈਚਾਰਾ ਮੌਜੂਦ ਸੀ।

# ਟਰਕੌਲੋਜੀ

*ਆਪਣੀ ਨਿਗਰਾਨੀ ਹੇਠ ਭਾਰਤ ਦੀ ਚੋਣ ਪ੍ਰਣਾਲੀ ਦੀ ਭਰੋਸੇਯੋਗਤਾ 'ਤੇ ਉੱਠ ਰਹੇ ਸਵਾਲਾਂ ਤੋਂ ਲੋਕਾਂ ਦਾ ਧਿਆਨ ਭਟਕਾਉਣ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਆਪਣੇ ਜਾਣੇ-ਪਛਾਣੇ ਵਿਸ਼ੇ 'ਪਾਕਿਸਤਾਨ' ਦਾ ਰਾਗ ਅਲਾਪਿਆ।*

*ਉਨ੍ਹਾ ਨੇ ਆਪਣੇ ਮਾਸਿਕ ਰੇਡੀਓ ਪ੍ਰਸਾਰਣ 'ਮਨ ਕੀ ਬਾਤ' ਵਿੱਚ ਗੁਆਂਢੀ ਦੇਸ਼ ਵਿਰੁੱਧ 'ਸਰਜੀਕਲ ਸਟ੍ਰਾਈਕ' ਦੀ 10ਵੀਂ ਵਰ੍ਹੇਗੰਢ ਨੂੰ ਉਜਾਗਰ ਕੀਤਾ, ਅੱਤਵਾਦ ਪ੍ਰਤੀ ਆਪਣੀ ਸਰਕਾਰ ਦੇ 'ਨਵੇਂ ਦਲੇਰਾਨਾ' ਜਵਾਬ ਦਾ ਜ਼ਿਕਰ ਕਰਦਿਆਂ ਆਪਣੇ ਤੋਂ ਪਹਿਲੇ ਪ੍ਰਧਾਨ ਮੰਤਰੀਆਂ ਨੂੰ ਕਮਜ਼ੋਰ ਸਾਬਤ ਕਰਨ ਦੀ ਕੋਸ਼ਿਸ਼ ਕੀਤੀ। ਉਨ੍ਹਾ ਕਿਹਾ ਕਿ ਦਸ ਸਾਲ ਪਹਿਲਾਂ 28-29 ਸਤੰਬਰ 2016 ਨੂੰ ਭਾਰਤੀ ਫੌਜ ਨੇ ਪਾਕਿਸਤਾਨ ਵਿੱਚ ਅੱਤਵਾਦੀ ਟਿਕਾਣਿਆਂ 'ਤੇ ਸਰਜੀਕਲ ਸਟ੍ਰਾਈਕ ਕੀਤੀਆਂ ਅਤੇ ਬਹਾਦਰ ਸੈਨਿਕਾਂ ਨੇ ਜਿਸ ਤਰੀਕੇ ਨਾਲ ਕੰਟਰੋਲ ਰੇਖਾ ਪਾਰ ਕੀਤੀ, ਉਹ ਦੇਖ ਕੇ ਦੁਨੀਆ ਹੈਰਾਨ ਰਹਿ ਗਈ।*

*ਪਰ ਮੋਦੀ ਨੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫੇ, ਉਸ ਵਿਰੁੱਧ ਮੁਕੱਦਮਾ ਚਲਾਉਣ ਅਤੇ ਐੱਸ ਆਈ ਆਰ ਨੂੰ ਰੱਦ ਕਰਨ ਦੀਆਂ ਮੰਗਾਂ ਦਾ ਕੋਈ ਜ਼ਿਕਰ ਨਹੀਂ ਕੀਤਾ। ਇਸ ਦੀ ਬਜਾਏ ਉਹ ਇੱਕ ਮਨਪਸੰਦ ਵਿਸ਼ੇ ਤੋਂ ਦੂਜੇ ਵਿਸ਼ੇ 'ਤੇ ਛਾਲ ਮਾਰਦੇ ਰਹੇ-ਅੱਤਵਾਦ, ਰਾਸ਼ਟਰੀ ਸੁਰੱਖਿਆ, ਬਾਹਰੀ ਖਤਰੇ, ਭਾਰਤ ਦੀ ਸੱਭਿਅਤਾ ਦੀ ਤਾਕਤ ਦੇ ਪ੍ਰਤੀਕ ਮੰਦਰ। ਮੋਦੀ ਨੇ 1026 ਈਸਵੀ ਵਿੱਚ ਗੁਜਰਾਤ ਦੇ ਸੋਮਨਾਥ ਮੰਦਰ ਅਤੇ ਮੋਢੇਰਾ ਸੂਰਜ ਮੰਦਰ 'ਤੇ ਗਜ਼ਨੀ ਦੇ ਹਮਲਿਆਂ ਦਾ ਜ਼ਿਕਰ ਕਰਦਿਆਂ ਇਹ ਦਲੀਲ ਦਿੱਤੀ ਕਿ ਜਿਨ੍ਹਾਂ ਲੋਕਾਂ ਨੇ ਭਾਰਤ ਦੀ ਪਛਾਣ ਨੂੰ ਮਿਟਾਉਣ ਦੀ ਕੋਸ਼ਿਸ਼ ਕੀਤੀ, ਉਹ ਗਾਇਬ ਹੋ ਗਏ, ਜਦੋਂ ਕਿ ਮੰਦਰ ਸ਼ਾਨ ਨਾਲ ਖੜ੍ਹੇ ਰਹੇ। ਉਨ੍ਹਾ ਇਹ ਵੀ ਕਿਹਾ ਕਿ ਪਿਛਲੇ ਦਹਾਕੇ ਦੌਰਾਨ-ਬਾਲਾਕੋਟ ਹਵਾਈ ਹਮਲੇ ਤੋਂ ਲੈ ਕੇ ਅਪ੍ਰੇਸ਼ਨ ਸਿੰਧੂਰ ਤੱਕ ਭਾਰਤ ਨੇ ਵਾਰ-ਵਾਰ ਇੱਕ ਸਪੱਸ਼ਟ ਸੰਦੇਸ਼ ਦਿੱਤਾ ਹੈ ਕਿ ਜੇ ਅੱਤਵਾਦੀ ਭਾਰਤ 'ਤੇ ਬੁਰੀ ਨਜ਼ਰ ਰੱਖਣ ਦੀ ਹਿੰਮਤ ਕਰਦੇ ਹਨ ਤਾਂ ਉਨ੍ਹਾਂ ਨੂੰ ਢੁਕਵਾਂ ਜਵਾਬ ਦਿੱਤਾ ਜਾਵੇਗਾ। ਉਨ੍ਹਾ 13 ਸਤੰਬਰ 2008 ਦੇ ਦਿੱਲੀ ਧਮਾਕਿਆਂ ਅਤੇ ਨਵੰਬਰ 2008 ਦੇ ਮੁੰਬਈ ਹਮਲਿਆਂ ਦਾ ਹਵਾਲਾ ਦਿੰਦੇ ਹੋਏ ਯੂ ਪੀ ਏ ਯੁੱਗ ਨੂੰ ਇੱਕ ਅਜਿਹਾ ਸਮਾਂ ਦੱਸਿਆ, ਜਦੋਂ ਦੇਸ਼ ਵਿੱਚ ਲੜੀਵਾਰ ਧਮਾਕੇ ਇੱਕ ਆਮ ਘਟਨਾ ਬਣ ਗਏ ਸਨ।*

*ਕਿਸਾਨਾਂ ਤੋਂ ਬਾਅਦ ਜਦੋਂ ਤੋਂ ਦੇਸ਼ ਦੇ ਨੌਜਵਾਨ ਉੱਠੇ ਹਨ, ਪ੍ਰਧਾਨ ਮੰਤਰੀ ਨੂੰ ਸੁੱਝ ਨਹੀਂ ਰਿਹਾ ਕਿ ਦੇਸ਼ ਵਿੱਚ ਵਧ ਰਹੀ ਬੇਚੈਨੀ ਨਾਲ ਕਿਵੇਂ ਨਜਿੱਠਣਾ ਹੈ। ਜੰਤਰ-ਮੰਤਰ ਦੇ ਪ੍ਰੋਟੈੱਸਟ ਦੌਰਾਨ ਨੌਜਵਾਨਾਂ ਨੂੰ ਪਰਚਾਉਣ ਲਈ ਬਣਾਈਆਂ ਰੀਲ੍ਹਾਂ ਦਾ ਕੋਈ ਅਸਰ ਨਹੀਂ ਹੋਇਆ। ਮੰਤਰੀਆਂ ਨੂੰ ਯੂਨੀਵਰਸਿਟੀਆਂ ਤੇ ਕਾਲਜਾਂ ਵਿੱਚ ਭੇਜ ਕੇ ਵਿਦਿਆਰਥੀਆਂ ਨਾਲ ਸਿੱਧਾ ਸੰਵਾਦ ਰਚਾਉਣ ਦਾ ਵੀ ਕੋਈ ਫਾਇਦਾ ਨਹੀਂ ਹੋਇਆ। ਇਸ ਦੇ ਉਲਟ ਨੌਜਵਾਨ ਨਵੇਂ-ਨਵੇਂ ਸਵਾਲ ਪੁੱਛ ਰਹੇ ਹਨ, ਜਿਨ੍ਹਾਂ ਦਾ ਜਵਾਬ ਨਾ ਪ੍ਰਧਾਨ ਮੰਤਰੀ ਤੇ ਨਾ ਹੀ ਉਨ੍ਹਾ ਦੇ ਲਫਟੈਣ ਦੇ ਪਾ ਰਹੇ ਹਨ। ਹੁਣ ਸਮਾਂ ਇਧਰਲੀਆਂ-ਉਧਰਲੀਆਂ ਮਾਰ ਕੇ ਮਾਮਲਾ ਰਫਾ-ਦਫਾ ਕਰਨ ਵਾਲਾ ਨਹੀਂ ਰਿਹਾ। ਪ੍ਰਧਾਨ ਮੰਤਰੀ ਨੂੰ ਆਪਣੇ 'ਮਨ ਕੀ ਬਾਤ' ਕਰਨ ਦੇ ਨਾਲ-ਨਾਲ ਦੇਸ਼ ਦੇ 'ਮਨ ਕੀ ਬਾਤ' ਵੀ ਸੁਣਨੀ ਹੀ ਪੈਣੀ ਹੈ।*

# ਭਾਰਤ ਦੀ ਰਣਨੀਤਕ ਵਿਦੇਸ਼ ਨੀਤੀ

**ਰਵੀ ਜੋਸ਼ੀ**

ਅੱਜ ਦੇ ਯੁੱਗ ਵਿੱਚ ਕੋਈ ਵੀ ਦੇਸ਼ ਆਪਣੇ ਆਪ ਨੂੰ ਦੁਨੀਆ ਤੋਂ ਵੱਖ ਕਰਕੇ ਆਰਥਿਕ ਵਿਕਾਸ, ਰਾਸ਼ਟਰੀ ਸੁਰੱਖਿਆ ਅਤੇ ਤਕਨਾਲੋਜੀ ਦੇ ਖੇਤਰ ਵਿੱਚ ਅੱਗੇ ਨਹੀਂ ਲੈ ਕੇ ਜਾ ਸਕਦਾ। ਹਰ ਦੇਸ਼ ਆਪਣੀ ਭੂਗੋਲਿਕ ਸਥਿਤੀ, ਆਰਥਿਕ ਤਾਕਤ, ਕੁਦਰਤੀ ਸਰੋਤਾਂ, ਆਬਾਦੀ, ਸੁਰੱਖਿਆ, ਵਿਦੇਸ਼ੀ ਵਪਾਰ ਅਤੇ ਤਕਨਾਲੋਜੀ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖ ਕੇ ਦੂਜੇ ਦੇਸ਼ਾਂ ਨਾਲ ਸੰਬੰਧ ਬਣਾਉਂਦਾ ਹੈ।ਇਸੇ ਕਾਰਨ ਦੇਸ਼ ਆਪਸੀ ਵਪਾਰ ਸਮਝੌਤੇ ਕਰਦੇ ਹਨ, ਰੱਖਿਆ ਸਹਿਯੋਗ ਵਧਾਉਂਦੇ ਹਨ ਅਤੇ ਵੱਖ-ਵੱਖ ਅੰਤਰ-ਰਾਸ਼ਟਰੀ ਮੰਚਾਂ, ਜਿਵੇਂ ਜੀ-20, ਬ੍ਰਿਕਸ, ਸ਼ੰਘਾਈ ਸਹਿਯੋਗ ਸੰਗਠਨ ਅਤੇ 'ਕੁਆਡ' ਵਿੱਚ ਭਾਗ ਲੈਂਦੇ ਹਨ। ਇਸ ਰਾਹੀਂ ਉਹ ਆਪਣੀ ਆਰਥਿਕਤਾ, ਸੁਰੱਖਿਆ ਅਤੇ ਵਿਸ਼ਵ ਪੱਧਰ 'ਤੇ ਆਪਣੀ ਆਵਾਜ਼ ਨੂੰ ਮਜ਼ਬੂਤ ਕਰਨ ਦੀ ਕੋਸ਼ਿਸ਼ ਕਰਦੇ ਹਨ।

ਭਾਰਤ ਵੀ ਇਸੇ ਦਿਸ਼ਾ ਵਿੱਚ ਅੱਗੇ ਵਧ ਰਿਹਾ ਹੈ। ਭਾਰਤ ਤਰੱਕੀ ਵੱਲ ਤੇਜ਼ੀ ਨਾਲ ਵਧ ਰਿਹਾ ਹੈ। ਇਸ ਕੋਲ ਵੱਡਾ ਘਰੇਲੂ ਬਾਜ਼ਾਰ, ਨੌਜਵਾਨ ਆਬਾਦੀ, ਵੱਡੀ ਕਾਰਜਸ਼ੀਲ ਤਾਕਤ ਅਤੇ ਵਿਸ਼ਵ ਪੱਧਰ 'ਤੇ ਵਧਦਾ ਪ੍ਰਭਾਵ ਹੈ।ਇਸ ਲਈ ਭਾਰਤ ਅਮਰੀਕਾ, ਫਰਾਂਸ, ਯੂਰਪੀ ਸੰਘ, ਰੂਸ, ਚੀਨ ਅਤੇ ਆਪਣੇ ਗੁਆਂਢੀ ਦੇਸ਼ਾਂ ਨਾਲ ਵੱਖ-ਵੱਖ ਤਰ੍ਹਾਂ ਦੇ ਸੰਬੰਧ ਬਣਾ ਰਿਹਾ ਹੈ।

ਪਰ ਇੱਥੇ ਇੱਕ ਮਹੱਤਵਪੂਰਨ ਸਵਾਲ ਪੈਦਾ ਹੁੰਦਾ ਹੈ—ਕੀ ਭਾਰਤ ਆਪਣੀ ਵਿਦੇਸ਼ ਨੀਤੀ ਆਪਣੀਆਂ ਰਾਸ਼ਟਰੀ ਲੋੜਾਂ ਦੇ ਅਨੁਸਾਰ ਬਣਾ ਰਿਹਾ ਹੈ ਜਾਂ ਵਿਸ਼ਵ ਦੀਆਂ ਵੱਡੀਆਂ ਤਾਕਤਾਂ ਦੇ ਦਬਾਅ ਕਾਰਨ ਆਪਣੇ ਫੈਸਲਿਆਂ ਵਿੱਚ ਤਬਦੀਲੀ ਕਰ ਰਿਹਾ ਹੈ?

ਭਾਰਤ ਦੀ ਵਿਦੇਸ਼ ਨੀਤੀ ਦਾ ਮੁੱਖ ਉਦੇਸ਼ ਰਾਸ਼ਟਰੀ ਹਿੱਤਾਂ ਦੀ ਰੱਖਿਆ ਕਰਨਾ ਹੈ। ਇਸ ਵਿੱਚ ਰਾਸ਼ਟਰੀ ਸੁਰੱਖਿਆ, ਆਰਥਿਕ ਵਿਕਾਸ, ਊਰਜਾ ਸੁਰੱਖਿਆ, ਤਕਨਾਲੋਜੀ, ਨਿਵੇਸ਼, ਰੋਜ਼ਗਾਰ ਅਤੇ ਵਿਸ਼ਵ ਪੱਧਰ 'ਤੇ ਭਾਰਤ ਦੀ ਭੂਮਿਕਾ ਸ਼ਾਮਲ ਹੈ।ਭਾਰਤ ਦੀ ਕੋਸ਼ਿਸ਼ ਇਹ ਰਹੀ ਹੈ ਕਿ ਉਹ ਕਿਸੇ ਇੱਕ ਤਾਕਤ ਦੇ ਗਰੁੱਪ ਵਿੱਚ ਪੂਰੀ ਤਰ੍ਹਾਂ ਸ਼ਾਮਲ ਹੋਣ ਦੀ ਬਜਾਏ ਵੱਖ-ਵੱਖ ਦੇਸ਼ਾਂ ਨਾਲ ਆਪਣੇ ਹਿੱਤਾਂ ਅਨੁਸਾਰ ਸੰਬੰਧ ਬਣਾਏ।ਇੱਕ ਪਾਸੇ ਭਾਰਤ ਅਮਰੀਕਾ ਨਾਲ ਰੱਖਿਆ, ਤਕਨਾਲੋਜੀ ਅਤੇ ਵਪਾਰਕ ਸਹਿਯੋਗ ਵਧਾ ਰਿਹਾ ਹੈ, ਦੂਜੇ ਪਾਸੇ ਰੂਸ ਤੋਂ ਊਰਜਾ ਅਤੇ ਰੱਖਿਆ ਸਹਿਯੋਗ ਲੈ ਰਿਹਾ ਹੈ। ਫਰਾਂਸ ਨਾਲ ਰੱਖਿਆ ਅਤੇ ਤਕਨਾਲੋਜੀ ਵਿੱਚ ਸਹਿਯੋਗ ਹੈ, ਯੂਰਪੀ ਸੰਘ ਨਾਲ ਵਪਾਰ ਵਧ ਰਿਹਾ ਹੈ ਅਤੇ ਚੀਨ ਨਾਲ ਵਪਾਰ ਵੀ ਜਾਰੀ ਹੈ।ਇਸ ਤੋਂ ਪਤਾ ਲੱਗਦਾ ਹੈ ਕਿ ਭਾਰਤ ਰਣਨੀਤਕ ਆਜ਼ਾਦੀ ਬਣਾਈ ਰੱਖਣ ਦੀ ਕੋਸ਼ਿਸ਼ ਕਰ ਰਿਹਾ ਹੈ, ਪਰ ਭਾਰਤ ਦੀ ਤਰੱਕੀ ਦੇ ਰਾਹ ਵਿੱਚ ਸਭ ਤੋਂ ਵੱਡੀ ਚੁਣੌਤੀ ਹੈ—ਆਰਥਿਕ ਨਿਰਭਰਤਾ, ਜੇ ਦੇਖਿਆ ਜਾਵੇ ਤਾਂ ਭਾਰਤ ਇਸ ਸਮੇਂ ਐਕਸਪੋਰਟ ਘੱਟ ਅਤੇ ਵਿਦੇਸ਼ਾਂ ਤੋਂ ਵੱਧ ਵਸਤੂਆਂ ਮੰਗਵਾਉਂਦਾ ਹੈ, ਜਿਵੇਂ : ਕੱਚਾ ਤੇਲ — ਭਾਰਤ ਦੀ ਸਭ ਤੋਂ ਵੱਡੀ ਆਯਾਤੀ ਵਸਤੂਆਂ ਵਿੱਚੋਂ ਇੱਕ।ਸੋਨਾ, ਇਲੈਕਟ੍ਰਾਨਿਕ ਵਸਤੂਆਂ, ਕੋਲਾ ਅਤੇ ਹੋਰ ਊਰਜਾ ਸਰੋਤ, ਮਸ਼ੀਨਰੀ, ਰਸਾਇਣਕ ਪਦਾਰਥ ਅਤੇ ਖਾਦਾਂ, ਜਿਸ ਕਾਰਨ ਭਾਰਤ ਨੂੰ ਹੋਰਨਾਂ ਦੇਸ਼ਾਂ ਦੇ ਉਪਰ ਨਿਰਭਰ ਰਹਿਣਾ ਪੈਂਦਾ ਹੈ।

**ਭਾਰਤ ਦੇ ਵਿਦੇਸ਼ਾਂ ਨਾਲ ਵਪਾਰ**

ਭਾਰਤ-ਅਮਰੀਕਾ: ਅਮਰੀਕਾ ਭਾਰਤ ਦੇ ਸਭ ਤੋਂ ਮਹੱਤਵਪੂਰਨ ਵਪਾਰਕ ਭਾਈਵਾਲਾਂ ਵਿੱਚੋਂ ਇੱਕ ਹੈ। 2025-26 ਵਿੱਚ ਭਾਰਤ ਨੇ ਅਮਰੀਕਾ ਨੂੰ ਲਗਭਗ 87 ਅਰਬ ਡਾਲਰ ਦਾ ਸਮਾਨ ਨਿਰਯਾਤ ਕੀਤਾ ਅਤੇ ਅਮਰੀਕਾ ਤੋਂ ਲਗਭਗ 53 ਅਰਬ ਡਾਲਰ ਦਾ ਸਮਾਨ ਆਯਾਤ ਕੀਤਾ। ਜੇ ਦੇਖਿਆ ਜਾਵੇ ਤਾਂ ਭਾਰਤ ਅਮਰੀਕਾ ਨੂੰ ਜ਼ਿਆਦਾ ਸਮਾਨ ਵੇਚਦਾ ਹੈ ਅਤੇ ਅਮਰੀਕਾ ਤੋਂ ਘੱਟ ਸਮਾਨ ਖਰੀਦਦਾ ਹੈ।ਭਾਰਤ ਅਮਰੀਕਾ ਨੂੰ ਦਵਾਈਆਂ, ਇਲੈਕਟ੍ਰਾਨਿਕ ਸਮਾਨ, ਇੰਜੀਨੀਅਰਿੰਗ ਉਤਪਾਦ, ਕੱਪੜੇ ਅਤੇ ਹੋਰ ਉਦਯੋਗਿਕ ਵਸਤੂਆਂ ਭੇਜਦਾ ਹੈ। ਅਮਰੀਕਾ ਤੋਂ ਭਾਰਤ ਮਸ਼ੀਨਰੀ, ਹਵਾਈ ਜਹਾਜ਼ਾਂ ਨਾਲ ਜੁੜਿਆ ਸਮਾਨ, ਊਰਜਾ ਅਤੇ ਹੋਰ ਉਦਯੋਗਿਕ ਵਸਤੂਆਂ ਲੈਂਦਾ ਹੈ।ਇੱਥੇ ਇੱਕ ਮਹੱਤਵਪੂਰਨ ਗੱਲ ਹੈ ਕਿ ਭਾਰਤ ਦੇ ਨਿਰਯਾਤ ਲਈ ਅਮਰੀਕੀ ਬਾਜ਼ਾਰ ਬਹੁਤ ਮਹੱਤਵਪੂਰਨ ਹੈ। ਇਸ ਲਈ ਜੇ ਅਮਰੀਕਾ ਭਾਰਤੀ ਉਤਪਾਦਾਂ 'ਤੇ ਕਰ ਵਧਾਉਂਦਾ ਹੈ ਜਾਂ ਵਪਾਰਕ ਪਾਬੰਦੀਆਂ ਲਗਾਉਂਦਾ ਹੈ ਤਾਂ ਇਸ ਦਾ ਪ੍ਰਭਾਵ ਭਾਰਤੀ ਉਦਯੋਗਾਂ ਅਤੇ ਰੋਜ਼ਗਾਰ 'ਤੇ ਪੈ ਸਕਦਾ ਹੈ।ਇਹ ਆਰਥਿਕ ਨਿਰਭਰਤਾ ਕਈ ਵਾਰ ਭਾਰਤ ਲਈ ਰਣਨੀਤਕ ਦਬਾਅ ਦਾ ਕਾਰਨ ਬਣ ਸਕਦਾ ਹੈ।

ਭਾਰਤ-ਫਰਾਂਸ ਨਾਲ ਭਾਰਤ ਦਾ ਵਪਾਰ ਅਮਰੀਕਾ ਜਾਂ ਚੀਨ ਦੇ ਮੁਕਾਬਲੇ ਘੱਟ ਹੈ, ਪਰ ਰਣਨੀਤਕ ਮਹੱਤਵ ਕਾਫ਼ੀ ਵੱਧ ਹੈ।ਭਾਰਤ ਫਰਾਂਸ ਨੂੰ ਦਵਾਈਆਂ, ਇੰਜੀਨੀਅਰਿੰਗ ਸਮਾਨ, ਰਸਾਇਣਕ ਉਤਪਾਦ ਅਤੇ ਹੋਰ ਉਦਯੋਗਿਕ ਵਸਤੂਆਂ ਭੇਜਦਾ ਹੈ। ਫਰਾਂਸ ਤੋਂ ਭਾਰਤ ਮਸ਼ੀਨਰੀ, ਉੱਚ ਤਕਨਾਲੋਜੀ ਵਾਲਾ ਸਮਾਨ, ਹਵਾਈ ਜਹਾਜ਼ਾਂ ਨਾਲ ਜੁੜਿਆ ਸਮਾਨ ਅਤੇ ਹੋਰ ਉਦਯੋਗਿਕ ਵਸਤੂਆਂ ਲੈਂਦਾ ਹੈ।ਇਸ ਤੋਂ ਇਲਾਵਾ ਰੱਖਿਆ ਖੇਤਰ ਵਿੱਚ ਵੀ ਦੋਵਾਂ ਦੇਸ਼ਾਂ ਦਾ ਸਹਿਯੋਗ ਮਹੱਤਵਪੂਰਨ ਹੈ। ਰਾਫੇਲ ਜਹਾਜ਼ ਅਤੇ ਪਣਡੁੱਬੀਆਂ ਇਸ ਦੀਆਂ ਉਦਾਹਰਨਾਂ ਹਨ।ਫਰਾਂਸ ਨਾਲ ਸੰਬੰਧ ਭਾਰਤ ਲਈ ਇਸ ਲਈ ਵੀ ਮਹੱਤਵਪੂਰਨ ਹਨ, ਕਿਉਂਕਿ ਇਹ ਭਾਰਤ ਨੂੰ ਇੱਕ ਤੋਂ ਵੱਧ ਤਾਕਤਾਂ ਨਾਲ ਸੰਬੰਧ ਬਣਾਈ ਰੱਖਣ ਵਿੱਚ ਮਦਦ ਕਰਦੇ ਹਨ।ਭਾਰਤ-ਯੂਰਪੀ ਭਾਰਤ ਦਾ ਇੱਕ ਵੱਡਾ ਵਪਾਰਕ ਭਾਈਵਾਲ ਹੈ। 2025 ਵਿੱਚ ਦੋਵਾਂ ਵਿਚਕਾਰ ਵਸਤੂਆਂ ਦਾ ਕੁੱਲ ਵਪਾਰ ਲਗਭਗ 118 ਅਰਬ ਯੂਰੋ ਰਿਹਾ।ਭਾਰਤ ਯੂਰਪੀ ਦੇਸ਼ਾਂ ਨੂੰ ਕੱਪੜੇ, ਦਵਾਈਆਂ, ਇੰਜੀਨੀਅਰਿੰਗ ਉਤਪਾਦ, ਰਸਾਇਣਕ ਸਮਾਨ ਅਤੇ ਹੋਰ ਉਦਯੋਗਿਕ ਵਸਤੂਆਂ ਭੇਜਦਾ ਹੈ।ਯੂਰਪੀ ਸੰਘ ਤੋਂ ਭਾਰਤ ਮਸ਼ੀਨਰੀ, ਬਿਜਲੀ ਦੇ ਉਪਕਰਨ, ਆਵਾਜਾਈ ਨਾਲ ਜੁੜਿਆ ਸਮਾਨ ਅਤੇ ਉਚ ਤਕਨਾਲੋਜੀ ਵਾਲੀਆਂ ਵਸਤੂਆਂ ਲੈਂਦਾ ਹੈ।2026 ਵਿੱਚ ਭਾਰਤ ਅਤੇ ਯੂਰਪੀ ਸੰਘ ਵਿਚਕਾਰ ਮੁਕਤ ਵਪਾਰ ਸਮਝੌਤੇ ਲਈ ਗੱਲਬਾਤ ਪੂਰੀ ਹੋਈ। ਇਸ ਨਾਲ ਭਵਿੱਖ ਵਿੱਚ ਦੋਵਾਂ ਪਾਸਿਆਂ ਦੇ ਵਪਾਰ ਅਤੇ ਬਾਜ਼ਾਰ ਤੱਕ ਪਹੁੰਚ ਵਧਣ ਦੀ ਸੰਭਾਵਨਾ ਹੈ।ਇਹ ਭਾਰਤ ਲਈ ਮਹੱਤਵਪੂਰਨ ਹੈ, ਕਿਉਂਕਿ ਇਸ ਨਾਲ ਭਾਰਤ ਆਪਣੇ ਨਿਰਯਾਤ ਨੂੰ ਇੱਕੋ ਬਾਜ਼ਾਰ 'ਤੇ ਨਿਰਭਰ ਹੋਣ ਤੋਂ ਬਚਾ ਸਕਦਾ ਹੈ।ਭਾਰਤ-ਰੂਸ ਨਾਲ ਭਾਰਤ ਦੇ ਵਪਾਰ ਵਿੱਚ ਊਰਜਾ ਅਤੇ ਰੱਖਿਆ ਦਾ ਵਿਸ਼ੇਸ਼ ਮਹੱਤਵ ਹੈ।ਭਾਰਤ ਰੂਸ ਤੋਂ ਵੱਡੀ ਮਾਤਰਾ ਵਿੱਚ ਕੱਚਾ ਤੇਲ, ਕੋਲਾ, ਖਾਦ ਅਤੇ ਹੋਰ ਊਰਜਾ ਨਾਲ ਸੰਬੰਧਤ ਉਤਪਾਦ ਲੈਂਦਾ ਹੈ।2025-26 ਵਿੱਚ ਭਾਰਤ ਨੇ ਰੂਸ ਤੋਂ ਲਗਭਗ 55 ਅਰਬ ਡਾਲਰ ਦਾ ਸਮਾਨ ਆਯਾਤ ਕੀਤਾ, ਜਦਕਿ ਰੂਸ ਨੂੰ ਲਗਭਗ 4.5 ਅਰਬ ਡਾਲਰ ਦਾ ਸਮਾਨ ਨਿਰਯਾਤ ਕੀਤਾ।ਇਸ ਲਈ ਰੂਸ ਨਾਲ ਭਾਰਤ ਦਾ ਵਪਾਰ ਵੱਡੇ ਪੱਧਰ 'ਤੇ ਆਯਾਤ-ਅਧਾਰਤ ਹੈ।ਰੂਸ ਤੋਂ ਸਸਤੇ ਕੱਚੇ ਤੇਲ ਦੀ ਖਰੀਦ ਨੇ ਭਾਰਤ ਨੂੰ ਊਰਜਾ ਦੀਆਂ ਲੋੜਾਂ ਪੂਰੀਆਂ ਕਰਨ ਵਿੱਚ ਮਦਦ ਕੀਤੀ, ਪਰ ਰੂਸ ਅਤੇ ਪੱਛਮੀ ਦੇਸ਼ਾਂ ਵਿਚਕਾਰ ਟਕਰਾਅ ਕਾਰਨ ਭਾਰਤ ਲਈ ਇੱਕ ਮੁਸ਼ਕਲ ਸਥਿਤੀ ਵੀ ਬਣੀ।ਭਾਰਤ ਨੂੰ ਇੱਕ ਪਾਸੇ ਸਸਤੀ ਊਰਜਾ ਦੀ ਲੋੜ ਹੈ ਅਤੇ ਦੂਜੇ ਪਾਸੇ ਅਮਰੀਕਾ ਅਤੇ ਯੂਰਪ ਨਾਲ ਆਪਣੇ ਵਪਾਰਕ ਸੰਬੰਧ ਵੀ ਬਣਾਈ ਰੱਖਣੇ ਹਨ।

ਭਾਰਤ-ਚੀਨ ਭਾਰਤ ਲਈ ਸਭ ਤੋਂ ਵੱਡੇ ਆਯਾਤ ਸਰੋਤਾਂ ਵਿੱਚੋਂ ਇੱਕ ਹੈ। 2025-26 ਵਿੱਚ ਭਾਰਤ ਨੇ ਚੀਨ ਤੋਂ ਲਗਭਗ 132 ਅਰਬ ਡਾਲਰ ਦਾ ਸਮਾਨ ਆਯਾਤ ਕੀਤਾ, ਜਦਕਿ ਚੀਨ ਨੂੰ ਭਾਰਤ ਦਾ ਨਿਰਯਾਤ ਸਿਰਫ਼ ਲਗਭਗ 19.5 ਅਰਬ ਡਾਲਰ ਰਿਹਾ।ਭਾਰਤ ਚੀਨ ਤੋਂ ਇਲੈਕਟ੍ਰਾਨਿਕ ਸਮਾਨ, ਮਸ਼ੀਨਰੀ, ਬਿਜਲੀ ਦੇ ਉਪਕਰਨ, ਰਸਾਇਣਕ ਸਮਾਨ, ਦਵਾਈਆਂ ਬਣਾਉਣ ਲਈ ਕੱਚਾ ਮਾਲ ਅਤੇ ਉਦਯੋਗਿਕ ਉਪਕਰਨ ਲੈਂਦਾ ਹੈ।ਭਾਰਤ ਚੀਨ ਨੂੰ ਰਸਾਇਣਕ ਉਤਪਾਦ, ਲੋਹਾ, ਖੇਤੀਬਾੜੀ ਉਤਪਾਦ ਅਤੇ ਕੁਝ ਉਦਯੋਗਿਕ ਵਸਤੂਆਂ ਭੇਜਦਾ ਹੈ।

**ਕੀ ਭਾਰਤ ਵਿਦੇਸ਼ੀ ਦਬਾਅ ਹੇਠ ਆ ਰਿਹਾ**

ਭਾਰਤ ਦੀ ਵਿਦੇਸ਼ ਨੀਤੀ ਨੂੰ ਸਿਰਫ਼ ਵਿਦੇਸ਼ੀ ਦਬਾਅ ਦਾ ਨਤੀਜਾ ਕਹਿਣਾ ਸਹੀ ਨਹੀਂ ਹੋਵੇਗਾ, ਪਰ ਇਹ ਵੀ ਸੱਚ ਹੈ ਕਿ ਆਰਥਿਕ ਨਿਰਭਰਤਾ ਕਿਸੇ ਵੀ ਦੇਸ਼ ਦੀ ਫੈਸਲਾ ਲੈਣ ਦੀ ਸਮਰੱਥਾ ਨੂੰ ਪ੍ਰਭਾਵਿਤ ਕਰ ਸਕਦੀ ਹੈ।ਉਦਾਹਰਨ ਵਜੋਂ, ਜੇ ਭਾਰਤ ਦੇ ਕਿਸੇ ਵੱਡੇ ਬਾਜ਼ਾਰ ਵਿੱਚ ਬਹੁਤ ਜ਼ਿਆਦਾ ਨਿਰਯਾਤ ਹਨ ਅਤੇ ਉਹ ਦੇਸ਼ ਭਾਰਤੀ ਵਸਤੂਆਂ 'ਤੇ ਵਾਧੂ ਕਰ ਲਗਾ ਦਿੰਦਾ ਹੈ, ਤਾਂ ਭਾਰਤੀ ਉਦਯੋਗਾਂ 'ਤੇ ਦਬਾਅ ਪੈ ਸਕਦਾ ਹੈ।

ਪਿਛਲੇ ਕੁਝ ਸਮੇਂ ਤੋਂ ਭਾਰਤ ਦੀ ਰੂਸ ਤੋਂ ਕੱਚੇ ਤੇਲ ਦੀ ਖਰੀਦ ਵੀ ਚਰਚਾ ਦਾ ਵਿਸ਼ਾ ਰਹੀ ਹੈ। ਭਾਰਤ ਆਪਣੀ ਊਰਜਾ ਦੀਆਂ ਲੋੜਾਂ ਲਈ ਵੱਡੀ ਮਾਤਰਾ ਵਿੱਚ ਕੱਚਾ ਤੇਲ ਆਯਾਤ ਕਰਦਾ ਹੈ ਅਤੇ ਰੂਸ ਇਸ ਦਾ ਇੱਕ ਮਹੱਤਵਪੂਰਨ ਸਪਲਾਇਰ ਹੈ। ਅਮਰੀਕਾ ਵੱਲੋਂ ਰੂਸੀ ਤੇਲ 'ਤੇ ਪਾਬੰਦੀਆਂ ਅਤੇ ਵਾਧੂ ਟੈਕਸ ਲਗਾਉਣ ਦੇ ਦਬਾਅ ਕਾਰਨ ਭਾਰਤ ਲਈ ਰੂਸ ਤੋਂ ਤੇਲ ਖਰੀਦਣਾ ਪਹਿਲਾਂ ਨਾਲੋਂ ਵਧੇਰੇ ਚੁਣੌਤੀਪੂਰਨ ਹੋ ਗਿਆ ਹੈ। ਜੇ ਭਾਰਤ ਨੂੰ ਰੂਸ ਦੀ ਥਾਂ ਹੋਰ ਦੇਸ਼ਾਂ ਤੋਂ ਮਹਿੰਗਾ ਕੱਚਾ ਤੇਲ ਖਰੀਦਣਾ ਪੈਂਦਾ ਹੈ, ਤਾਂ ਇਸ ਨਾਲ ਦੇਸ਼ ਦਾ ਆਯਾਤ ਖਰਚ ਵਧਦਾ ਹੈ। ਕੱਚੇ ਤੇਲ ਦੀ ਕੀਮਤ ਵਿੱਚ ਵਾਧਾ, ਆਵਾਜਾਈ ਅਤੇ ਉਤਪਾਦਨ ਦੀ ਲਾਗਤ ਨੂੰ ਪ੍ਰਭਾਵਿਤ ਕਰ ਸਕਦਾ ਹੈ, ਜਿਸ ਨਾਲ ਮਹਿੰਗਾਈ 'ਤੇ ਵੀ ਦਬਾਅ ਪੈ ਸਕਦਾ ਹੈ। ਇਸ ਲਈ ਇਹ ਮਾਮਲਾ ਭਾਰਤ ਦੀ ਊਰਜਾ ਸੁਰੱਖਿਆ ਅਤੇ ਰਣਨੀਤਕ ਸੁਤੰਤਰਤਾ ਦੋਵਾਂ ਨਾਲ ਜੁੜਿਆ ਹੋਇਆ ਹੈ।ਇਸੇ ਤਰ੍ਹਾਂ ਜੇ ਭਾਰਤ ਕਿਸੇ ਇੱਕ ਦੇਸ਼ ਤੋਂ ਕਿਸੇ ਜ਼ਰੂਰੀ ਵਸਤੂ ਦਾ ਵੱਡਾ ਹਿੱਸਾ ਆਯਾਤ ਕਰਦਾ ਹੈ ਤਾਂ ਉਸ ਦੇਸ਼ ਨਾਲ ਸੰਬੰਧ ਖਰਾਬ ਹੋਣ ਦੀ ਸਥਿਤੀ ਵਿੱਚ ਭਾਰਤ ਨੂੰ ਮੁਸ਼ਕਲ ਆ ਸਕਦੀ ਹੈ।

**ਭਾਰਤ ਨੂੰ ਕੀ ਕਰਨਾ ਚਾਹੀਦਾ**

ਭਾਰਤ ਨੂੰ ਨਿਰਯਾਤ ਘਟਾ ਕੇ ਆਯਾਤ ਵਧਾਉਣ ਦੀ ਨੀਤੀ ਨਹੀਂ ਅਪਣਾਉਣੀ ਚਾਹੀਦੀ। ਇਸ ਦੀ ਬਜਾਏ ਭਾਰਤ ਨੂੰ ਉਚ ਮੁੱਲ ਵਾਲੇ ਨਿਰਯਾਤ ਵਧਾਉਣੇ ਅਤੇ ਜ਼ਰੂਰੀ ਵਸਤੂਆਂ ਲਈ ਵਿਦੇਸ਼ੀ ਨਿਰਭਰਤਾ ਘਟਾਉਣੀ ਚਾਹੀਦੀ ਹੈ।ਇਸ ਲਈ ਕੁਝ ਮੁੱਖ ਕਦਮ ਜ਼ਰੂਰੀ ਹਨ।

**ਪਹਿਲਾ—ਖੋਜ ਅਤੇ ਵਿਕਾਸ** :ਭਾਰਤ ਨੂੰ ਖੋਜ ਅਤੇ ਵਿਕਾਸ ਵਿੱਚ ਵੱਡਾ ਨਿਵੇਸ਼ ਕਰਨਾ ਚਾਹੀਦਾ ਹੈ। ਜੇ ਭਾਰਤ ਆਪਣੀ ਤਕਨਾਲੋਜੀ ਖੁਦ ਵਿਕਸਤ ਕਰੇਗਾ ਤਾਂ ਵਿਦੇਸ਼ੀ ਤਕਨਾਲੋਜੀ 'ਤੇ ਨਿਰਭਰਤਾ ਘਟੇਗੀ।

**ਦੂਜਾ—ਉਦਯੋਗੀਕਰਨ** : ਭਾਰਤ ਵਿੱਚ ਵੱਡੇ ਪੱਧਰ 'ਤੇ ਉਦਯੋਗ ਲਗਾਉਣੇ ਚਾਹੀਦੇ ਹਨ। ਇਲੈਕਟ੍ਰਾਨਿਕ ਸਮਾਨ, ਮਸ਼ੀਨਰੀ, ਦਵਾਈਆਂ, ਰੱਖਿਆ ਉਪਕਰਨ, ਬਿਜਲੀ ਦੇ ਉਪਕਰਨ ਅਤੇ ਹੋਰ ਵਸਤੂਆਂ ਦਾ ਉਤਪਾਦਨ ਦੇਸ਼ ਵਿੱਚ ਵਧਾਉਣਾ ਚਾਹੀਦਾ ਹੈ।ਇਸ ਨਾਲ ਇੱਕ ਪਾਸੇ ਆਯਾਤ ਘਟੇਗਾ ਅਤੇ ਦੂਜੇ ਪਾਸੇ ਨੌਜਵਾਨਾਂ ਲਈ ਰੋਜ਼ਗਾਰ ਪੈਦਾ ਹੋਵੇਗਾ।

**ਤੀਜਾ—ਖੇਤੀਬਾੜੀ ਨੂੰ ਮਜ਼ਬੂਤ ਕਰਨਾ** : ਭਾਰਤ ਦੀ ਖੇਤੀਬਾੜੀ ਨੂੰ ਸਿਰਫ਼ ਘਰੇਲੂ ਲੋੜਾਂ ਪੂਰੀਆਂ ਕਰਨ ਤੱਕ ਸੀਮਿਤ ਨਹੀਂ ਰੱਖਣਾ ਚਾਹੀਦਾ।ਭਾਰਤ ਨੂੰ ਖੇਤੀਬਾੜੀ ਨਾਲ ਭੋਜਨ ਪ੍ਰੋਸੈਸਕਰਨ, ਭੰਡਾਰਨ, , ਆਵਾਜਾਈ ਅਤੇ ਨਿਰਯਾਤ ਨੂੰ ਜੋੜਨਾ ਚਾਹੀਦਾ ਹੈ।ਇਸ ਨਾਲ ਕਿਸਾਨਾਂ ਦੀ ਆਮਦਨ ਅਤੇ ਪੇਂਡੂ ਰੋਜ਼ਗਾਰ ਦੋਵੇਂ ਵਧ ਸਕਦੇ ਹਨ।

**ਚੌਥਾ—ਸੈਮੀਕੰਡਕਟਰ ਉਤਪਾਦਨ** : ਅੱਜ ਮੋਬਾਈਲ, ਕਾਰਾਂ, ਉਪਗ੍ਰਹਿ, ਰੱਖਿਆ ਉਪਕਰਨ ਅਤੇ ਨਕਲੀ ਬੁੱਧੀ (ਏ ਆਈ) ਨਾਲ ਜੁੜੀਆਂ ਮਸ਼ੀਨਾਂ ਲਈ ਸੈਮੀਕੰਡਕਟਰ ਬਹੁਤ ਜ਼ਰੂਰੀ ਹਨ।ਭਾਰਤ ਨੂੰ ਸਿਰਫ਼ ਬਾਹਰੋਂ ਚਿਪਾਂ ਮੰਗਵਾਉਣ ਦੀ ਬਜਾਏ ਦੇਸ਼ ਵਿੱਚ ਚਿਪਾਂ ਦੀ ਡਿਜ਼ਾਈਨ, ਤਿਆਰੀ, ਪੈਕਿੰਗ ਅਤੇ ਜਾਂਚ ਦੀ ਪੂਰੀ ਸਮਰੱਥਾ ਵਿਕਸਿਤ ਕਰਨੀ ਚਾਹੀਦੀ ਹੈ।

**ਪੰਜਵਾਂ—ਨਕਲੀ ਬੁੱਧੀ** (19) **ਅਤੇ ਨਵੀਂ ਤਕਨਾਲੋਜੀ** : ਭਾਰਤ ਕੋਲ ਵੱਡੀ ਨੌਜਵਾਨ ਆਬਾਦੀ ਅਤੇ ਤਕਨੀਕੀ ਮਨੁੱਖੀ ਸਰੋਤ ਹਨ। ਇਸ ਤਾਕਤ ਦੀ ਵਰਤੋਂ ਨਕਲੀ ਬੁੱਧੀ, ਰੋਬੋਟਿਕਸ, ਰੱਖਿਆ ਤਕਨਾਲੋਜੀ ਅਤੇ ਖੇਤੀਬਾੜੀ ਤਕਨਾਲੋਜੀ ਦੇ ਵਿਕਾਸ ਵਿੱਚ ਕੀਤੀ ਜਾਣੀ ਚਾਹੀਦੀ ਹੈ।

ਭਾਰਤ ਦੀ ਵਿਦੇਸ਼ ਨੀਤੀ ਨੂੰ ਨਾ ਤਾਂ ਪੂਰੀ ਤਰ੍ਹਾਂ ਵਿਦੇਸ਼ੀ ਦਬਾਅ ਦਾ ਨਤੀਜਾ ਕਿਹਾ ਜਾ ਸਕਦਾ ਹੈ ਅਤੇ ਨਾ ਹੀ ਇਹ ਕਹਿਣਾ ਠੀਕ ਹੋਵੇਗਾ ਕਿ ਭਾਰਤ ਹਰ ਮਾਮਲੇ ਵਿੱਚ ਪੂਰੀ ਤਰ੍ਹਾਂ ਆਜ਼ਾਦ ਹੋ ਕੇ ਫੈਸਲੇ ਲੈਂਦਾ ਹੈ।ਅਸਲ ਵਿੱਚ ਭਾਰਤ ਦੀ ਵਿਦੇਸ਼ ਨੀਤੀ ਰਾਸ਼ਟਰੀ ਹਿੱਤ, ਆਰਥਿਕ ਲੋੜਾਂ, ਸੁਰੱਖਿਆ, ਵਿਸ਼ਵ ਸ਼ਕਤੀ ਸੰਤੁਲਨ ਅਤੇ ਆਰਥਿਕ ਨਿਰਭਰਤਾ ਦੇ ਵਿਚਕਾਰ ਸੰਤੁਲਨ ਬਣਾਉਣ ਦੀ ਕੋਸ਼ਿਸ਼ ਹੈ।ਅਮਰੀਕਾ ਭਾਰਤ ਲਈ ਵੱਡਾ ਨਿਰਯਾਤ ਬਾਜ਼ਾਰ ਹੈ। ਰੂਸ ਊਰਜਾ ਅਤੇ ਰੱਖਿਆ ਲਈ ਮਹੱਤਵਪੂਰਨ ਹੈ। ਯੂਰਪੀ ਸੰਘ ਵਪਾਰ ਅਤੇ ਨਿਵੇਸ਼ ਲਈ ਮਹੱਤਵਪੂਰਨ ਹੈ। ਫਰਾਂਸ ਰੱਖਿਆ ਅਤੇ ਤਕਨਾਲੋਜੀ ਲਈ ਮਹੱਤਵਪੂਰਨ ਹੈ ਅਤੇ ਚੀਨ ਨਾਲ ਵੱਡਾ ਵਪਾਰ ਹੋਣ ਦੇ ਨਾਲ ਰਣਨੀਤਕ ਮੁਕਾਬਲਾ ਵੀ ਹੈ।ਇਸ ਲਈ ਭਾਰਤ ਨੂੰ ਕਿਸੇ ਇੱਕ ਦੇਸ਼ ਤੋਂ ਦੂਰ ਹੋਣ ਦੀ ਬਜਾਏ ਕਿਸੇ ਇੱਕ ਦੇਸ਼ ਉੱਤੇ ਬਹੁਤ ਜ਼ਿਆਦਾ ਨਿਰਭਰਤਾ ਘਟਾਉਣੀ ਚਾਹੀਦੀ ਹੈ।ਅਸਲ ਰਣਨੀਤਕ ਆਜ਼ਾਦੀ ਦਾ ਅਰਥ ਦੁਨੀਆ ਤੋਂ ਦੂਰ ਰਹਿਣਾ ਨਹੀਂ, ਸਗੋਂ ਏਨੀਆਰਥਿਕ ਅਤੇ ਤਕਨੀਕੀ ਸਮਰੱਥਾ ਪੈਦਾ ਕਰਨਾ ਹੈ ਕਿ ਭਾਰਤ ਕੋਲ ਹਰ ਸਥਿਤੀ ਵਿੱਚ ਵਿਕਲਪ ਮੌਜੂਦ ਹੋਣ। ਜਿੰਨਾ ਮਜ਼ਬੂਤ ਭਾਰਤ ਦਾ ਘਰੇਲੂ ਉਤਪਾਦਨ, ਖੋਜ, ਤਕਨਾਲੋਜੀ ਅਤੇ ਨਿਰਯਾਤ ਆਧਾਰ ਹੋਵੇਗਾ, ਓਨਾ ਹੀ ਭਾਰਤ ਵਿਦੇਸ਼ੀ ਦਬਾਅ ਤੋਂ ਮੁਕਤ ਹੋ ਕੇ ਆਪਣੇ ਰਾਸ਼ਟਰੀ ਹਿੱਤਾਂ ਅਨੁਸਾਰ ਫੈਸਲੇ ਲੈ ਸਕੇਗਾ।

**# ਸੰਪਰਕ** : 73473-09384

# ਖੁਦਕੁਸ਼ੀਆਂ ਦੀ ਭੇਟ ਚੜ੍ਹਦੀ ਵਿਦਿਆਰਥੀ ਜਵਾਨੀ

**ਲਵਪ੍ਰੀਤ**

ਕਿਸੇ ਵਿਦਿਆਰਥੀ ਦੀ ਮੌਤ ਤੋਂ ਬਾਅਦ ਉੱਠਣ ਵਾਲਾ ਸਭ ਤੋਂ ਔਖਾ ਸਵਾਲ ਇਹ ਨਹੀਂ ਕਿ ਉਸ ਨੇ ਇਹ ਕਦਮ ਕਿਉਂ ਚੁੱਕਿਆ; ਸਵਾਲ ਇਹ ਹੈ ਕਿ ਉਸ ਦੀ ਪੀੜਾ ਸਾਡੇ ਤੱਕ ਸਮੇਂ ਸਿਰ ਕਿਉਂ ਨਹੀਂ ਪਹੁੰਚੀ। ਆਈ ਆਈ ਟੀ ਬੰਬੇ ਦੇ ਬੀ.ਟੈਕ. ਦੂਜੇ ਸਾਲ ਦੇ ਵਿਦਿਆਰਥੀ ਸਾਹਿਲ ਵਾਕੋਡੇ ਦੀ ਮੌਤ ਨੇ ਇਸ ਸਵਾਲ ਨੂੰ ਮੁੜ ਦੇਸ਼ ਦੇ ਸਾਹਮਣੇ ਲਿਆ ਖੜ੍ਹਾ ਕੀਤਾ ਹੈ। ਉਸ ਦੇ ਪਰਵਾਰ ਨੇ ਜਾਤੀ-ਆਧਾਰਿਤ ਭੇਦਭਾਵ ਦੇ ਦੋਸ਼ ਲਾਏ ਹਨ, ਜਦਕਿ ਸੰਸਥਾ ਨੇ ਇਨ੍ਹਾਂ ਦੋਸ਼ਾਂ ਤੋਂ ਇਨਕਾਰ ਕੀਤਾ ਹੈ। ਮਾਮਲਾ ਜਾਂਚ ਅਧੀਨ ਹੈ; ਇਸ ਲਈ ਕਿਸੇ ਇੱਕ ਕਾਰਨ ਨੂੰ ਨਿਰਣਾਇਕ ਮੰਨਣਾ ਠੀਕ ਨਹੀਂ, ਪਰ ਇੱਕ ਵਿਦਿਆਰਥੀ ਦੀ ਮੌਤ ਸਾਨੂੰ ਇਹ ਜ਼ਰੂਰ ਸੋਚਣ ਲਈ ਮਜਬੂਰ ਕਰਦੀ ਹੈ ਕਿ ਸਾਡੇ ਕੈਂਪਸ ਵਿਦਿਆਰਥੀਆਂ ਦੀ ਪੀੜਾ ਸੁਣਨ ਅਤੇ ਸਮਝਣ ਲਈ ਕਿੰਨੇ ਤਿਆਰ ਹਨ।

ਆਈ ਆਈ ਟੀ, ਕੇਂਦਰੀ ਯੂਨੀਵਰਸਿਟੀਆਂ ਅਤੇ ਹੋਰ ਉਚ ਸਿੱਖਿਆ ਸੰਸਥਾਵਾਂ ਨੂੰ ਅਕਸਰ ਸਫਲਤਾ, ਮੌਕਿਆਂ ਅਤੇ ਉੱਤਮਤਾ ਦੇ ਕੇਂਦਰਾਂ ਵਜੋਂ ਵੇਖਿਆ ਜਾਂਦਾ ਹੈ, ਪਰ ਇਨ੍ਹਾਂ ਸੰਸਥਾਵਾਂ ਦੀ ਚਮਕਦਾਰ ਪਛਾਣ ਦੇ ਪਿੱਛੇ ਵਿਦਿਆਰਥੀਆਂ ਦੇ ਤਣਾਅ, ਇਕੱਲੇਪਣ ਅਤੇ ਅਸੁਰੱਖਿਆ ਦੇ ਅਨੁਭਵ ਵੀ ਹੋ ਸਕਦੇ ਹਨ। ਵੱਡੀਆਂ ਇਮਾਰਤਾਂ, ਆਧੁਨਿਕ ਸਹੂਲਤਾਂ ਅਤੇ ਵੱਕਾਰੀ ਡਿਗਰੀਆਂ ਆਪਣੇ ਆਪ ਕਿਸੇ ਵਿਦਿਆਰਥੀ ਨੂੰ ਮਾਨਸਿਕ ਸਹਾਰਾ ਨਹੀਂ ਦਿੰਦੀਆਂ। ਸਹਾਰਾ ਤਦੋਂ ਮਿਲਦਾ ਹੈ, ਜਦੋਂ ਉਸ ਦੀ ਗੱਲ ਧਿਆਨ ਨਾਲ ਸੁਣੀ ਜਾਵੇ, ਉਸ ਨੂੰ ਬਿਨਾਂ ਡਰ ਮਦਦ ਮੰਗਣ ਦਾ ਮੌਕਾ ਮਿਲੇ ਅਤੇ ਸੰਸਥਾ ਉਸ ਦੀ ਸਮੱਸਿਆ ਨੂੰ ਗੰਭੀਰਤਾ ਨਾਲ ਲਵੇ।ਵਿਦਿਆਰਥੀਆਂ ਦੀਆਂ ਖੁਦਕੁਸ਼ੀਆਂ ਨੂੰ ਕੇਵਲ ਵਿਅਕਤੀਗਤ ਕਮਜ਼ੋਰੀ ਜਾਂ ਪੜ੍ਹਾਈ ਵਿੱਚ ਅਸਫਲਤਾ ਨਾਲ ਜੋੜਨਾ ਅਧੂਰੀ ਸੋਚ ਹੈ। ਅਕਾਦਮਿਕ ਦਬਾਅ, ਮੁਕਾਬਲੇ ਦੀ ਦੌੜ, ਰੁਜ਼ਗਾਰ ਬਾਰੇ ਅਨਿ;ਚਿਤਤਾ, ਵਿੱਤੀ ਤੰਗੀ, ਪਰਿਵਾਰਕ ਉਮੀਦਾਂ, ਭੇਦਭਾਵ ਅਤੇ ਇਕੱਲਾਪਣ—ਇਹ ਸਾਰੇ ਹਾਲਾਤ ਕਿਸੇ ਨੌਜਵਾਨ ਦੀ ਮਾਨਸਿਕ ਸਿਹਤ 'ਤੇ ਡੂੰਘਾ ਅਸਰ ਪਾ ਸਕਦੇ ਹਨ। ਹਰ ਘਟਨਾ ਦੇ ਕਾਰਨ ਵੱਖਰੇ ਹੋ ਸਕਦੇ ਹਨ; ਇਸ ਲਈ ਅਟਕਲਾਂ ਲਗਾਉਣ ਦੀ ਬਜਾਏ ਸੰਵੇਦਨਸ਼ੀਲ ਜਾਂਚ ਅਤੇ ਮਜ਼ਬੂਤ ਸਹਾਇਤਾ ਪ੍ਰਣਾਲੀ ਲਾਜ਼ਮੀ ਹੈ।ਅੰਕੜੇ ਇਸ ਚਿੰਤਾ ਨੂੰ ਹੋਰ ਗੰਭੀਰ ਬਣਾਉਂਦੇ ਹਨ। ਰਾਸ਼ਟਰੀ ਅਪਰਾਧ ਰਿਕਾਰਡ ਬਿਊਰੋ ਦੇ ਅੰਕੜਿਆਂ ਅਨੁਸਾਰ ਦੇਸ਼ ਵਿੱਚ ਵਿਦਿਆਰਥੀਆਂ ਦੀਆਂ ਖੁਦਕੁਸ਼ੀਆਂ ਦੀ ਗਿਣਤੀ 2014 ਵਿੱਚ 8,068 ਸੀ, ਜੋ 2024 ਵਿੱਚ ਵਧ ਕੇ 14,488 ਹੋ ਗਈ। ਇਹ ਦੇਸ਼ ਭਰ ਦੇ ਵਿਦਿਆਰਥੀਆਂ ਦਾ ਅੰਕੜਾ ਹੈ, ਇਸ ਨੂੰ ਸਿਰਫ਼ ਕਾਲਜਾਂ ਜਾਂ ਯੂਨੀਵਰਸਿਟੀ ਕੈਂਪਸਾਂ ਵਿੱਚ ਹੋਈਆਂ ਮੌਤਾਂ ਦੀ ਗਿਣਤੀ ਨਹੀਂ ਸਮਝਣਾ ਚਾਹੀਦਾ। ਫਿਰ ਵੀ ਇੱਕ ਦਹਾਕੇ ਵਿੱਚ ਹੋਇਆ ਇਹ ਵਾਧਾ ਸਿੱਖਿਆ ਪ੍ਰਣਾਲੀ ਅਤੇ ਸਮਾਜ ਦੋਵਾਂ ਲਈ ਗੰਭੀਰ ਚੇਤਾਵਨੀ ਹੈ।

ਰੋਹਿਤ ਵੇਮੁਲਾ ਦੀ 2016 ਵਿੱਚ ਹੋਈ ਮੌਤ ਨੇ ਜਾਤੀ, ਸਮਾਜਿਕ ਪਛਾਣ ਅਤੇ ਉੱਚ ਸਿੱਖਿਆ ਦੇ ਮਾਹੌਲ ਬਾਰੇ ਦੇਸ਼-ਪੱਧਰੀ ਚਰਚਾ ਛੇੜੀ ਸੀ। ਅਜਿਹੀਆਂ ਘਟਨਾਵਾਂ ਤੋਂ ਬਾਅਦ ਬਹਿਸ ਤਾਂ ਹੁੰਦੀ ਹੈ, ਪਰ ਅਕਸਰ ਕੁਝ ਦਿਨਾਂ ਪਿੱਛੋਂ ਮੁੱਦਾ ਜਨਤਕ ਧਿਆਨ ਤੋਂ ਹਟ ਜਾਂਦਾ ਹੈ। ਜੇਕਰ ਹਰ ਦੁਖਦਾਈ ਘਟਨਾ ਤੋਂ ਬਾਅਦ ਸਿਰਫ਼ ਬਿਆਨ ਜਾਰੀ ਹੋਣ ਅਤੇ ਕੈਂਪਸਾਂ ਦੀਆਂ ਕਮੀਆਂ ਜਿਉਂ ਦੀਆਂ ਤਿਉਂ ਰਹਿਣ, ਤਾਂ ਚਰਚਾ ਦਾ ਕੋਈ ਅਰਥ ਨਹੀਂ ਰਹਿੰਦਾ। ਯਾਦਗਾਰੀ ਸ਼ਰਧਾਂਜਲੀ ਨਾਲੋਂ ਵੱਧ ਜ਼ਰੂਰੀ ਹੈ ਕਿ ਸੰਸਥਾਵਾਂ ਆਪਣੇ ਮਾਹੌਲ ਅਤੇ ਕਾਰਜ-ਪ੍ਰਣਾਲੀ ਦੀ ਇਮਾਨਦਾਰੀ ਨਾਲ ਸਮੀਖਿਆ ਕਰਨ।ਇਸੇ ਚਿੰਤਾ ਦੇ ਮੱਦੇਨਜ਼ਰ ਸੁਪਰੀਮ ਕੋਰਟ ਨੇ 24 ਮਾਰਚ 2025 ਨੂੰ ਅਮਿਤ ਕੁਮਾਰ ਅਤੇ ਹੋਰ ਬਨਾਮ ਭਾਰਤ ਸੰਘ ਮਾਮਲੇ ਵਿੱਚ ਜਸਟਿਸ (ਸੇਵਾਮੁਕਤ) ਐੱਸ. ਰਵਿੰਦਰ ਭੱਟ ਦੀ ਅਗਵਾਈ ਹੇਠ ਰਾਸ਼ਟਰੀ ਟਾਸਕ ਫੋਰਸ ਬਣਾਈ। ਇਸ ਨੂੰ ਵਿਦਿਆਰਥੀਆਂ ਦੀ ਮਾਨਸਿਕ ਸਿਹਤ, ਖੁਦਕੁਸ਼ੀਆਂ ਦੇ ਸੰਭਾਵੀ ਕਾਰਨਾਂ ਅਤੇ ਉਚ ਸਿੱਖਿਆ ਸੰਸਥਾਵਾਂ ਵਿੱਚ ਮੌਜੂਦਾ ਸਹਾਇਤਾ ਪ੍ਰਣਾਲੀਆਂ ਦੀ ਜਾਂਚ ਕਰਨ ਦੀ ਜ਼ਿੰਮੇਵਾਰੀ ਦਿੱਤੀ ਗਈ। ਟਾਸਕ ਫੋਰਸ ਦੀ ਅੰਤਰਿਮ ਰਿਪੋਰਟ ਨੇ ਕੈਂਪਸਾਂ ਵਿੱਚ ਸਹਾਇਤਾ ਦੀ ਘਾਟ ਵੱਲ ਧਿਆਨ ਦਿਵਾਇਆ। ਇਸ ਦੇ ਸਰਵੇਖਣ ਵਿੱਚ ਸ਼ਾਮਲ 70 ਫ਼ੀਸਦੀ ਤੋਂ ਵੱਧ ਸੰਸਥਾਵਾਂ ਨੇ ਦੱਸਿਆ ਕਿ ਉਨ੍ਹਾਂ ਕੋਲ ਪੂਰੇ ਸਮੇਂ ਦੇ ਮਾਨਸਿਕ ਸਿਹਤ ਪੇਸ਼ੇਵਰ ਨਹੀਂ ਸਨ; ਚਾਰ ਫ਼ੀਸਦੀ ਤੋਂ ਵੀ ਘੱਟ ਕੋਲ ਖੁਦਕੁਸ਼ੀ ਦੇ ਖ਼ਤਰੇ ਨਾਲ ਨਜਿੱਠਣ ਲਈ ਨਿਰਧਾਰਤ ਪ੍ਰੋਟੋਕੋਲ ਸਨ। ਇਹ ਸਰਵੇਖਣ ਅੰਤਰਿਮ ਅਤੇ ਗੈਰ-ਪ੍ਰਤੀਨਿਧਕ ਸੀ, ਇਸ ਲਈ ਇਸ ਨੂੰ ਦੇਸ਼ ਦੀ ਹਰ ਸੰਸਥਾ ਦੀ ਪੂਰੀ ਤਸਵੀਰ ਨਹੀਂ ਮੰਨਿਆ ਜਾ ਸਕਦਾ। ਫਿਰ ਵੀ ਇਹ ਨਤੀਜੇ ਦੱਸਦੇ ਹਨ ਕਿ ਕਈ ਕੈਂਪਸਾਂ ਵਿੱਚ ਸੰਕਟ ਦੀ ਪਛਾਣ ਅਤੇ ਮਦਦ ਤੱਕ ਪਹੁੰਚ ਲਈ ਪ੍ਰਬੰਧ ਮਜ਼ਬੂਤ ਕਰਨ ਦੀ ਲੋੜ ਹੈ। ਇੱਕ ਕਾਊਂਸਲਰ ਦੀ ਨਿਯੁਕਤੀ ਸਮੱਸਿਆ ਦਾ ਪੂਰਾ ਹੱਲ ਨਹੀਂ। ਲੋੜ ਹੈ ਕਿ ਕਾਊਂਸਲਿੰਗ ਆਸਾਨੀ ਨਾਲ ਮਿਲੇ, ਗੁਪਤਤਾ ਦਾ ਭਰੋਸਾ ਹੋਵੇ ਅਤੇ ਵਿਦਿਆਰਥੀ ਉਸ ਨੂੰ ਬਿਨਾਂ ਡਰ ਜਾਂ ਝਿਜਕ ਵਰਤ ਸਕਣ। ਅਧਿਆਪਕਾਂ, ਵਾਰਡਨਾਂ ਅਤੇ ਪ੍ਰਸ਼ਾਸਕੀ ਕਰਮਚਾਰੀਆਂ ਨੂੰ ਵੀ ਸਿਖਲਾਈ ਮਿਲੇ ਕਿ ਉਹ ਤਣਾਅ ਜਾਂ ਸੰਕਟ ਦੇ ਸੰਕੇਤ ਪਛਾਣ ਕੇ ਵਿਦਿਆਰਥੀ ਨੂੰ ਢੁਕਵੀਂ ਸਹਾਇਤਾ ਨਾਲ ਜੋੜ ਸਕਣ। ਇਸ ਦੇ ਨਾਲ ਹੀ ਸਕਾਲਰਸ਼ਿਪਾਂ ਵਿੱਚ ਦੇਰੀ, ਸ਼ਿਕਾਇਤਾਂ ਦਾ ਨਿਪਟਾਰਾ, ਭੇਦਭਾਵ ਵਿਰੁੱਧ ਕਾਰਵਾਈ ਅਤੇ ਪੜ੍ਹਾਈ ਦੇ ਦਬਾਅ ਨੂੰ ਘਟਾਉਣ ਵਾਲੇ ਉਪਾਅ ਵੀ ਸੰਸਥਾਗਤ ਜ਼ਿੰਮੇਵਾਰੀ ਦਾ ਹਿੱਸਾ ਹੋਣੇ ਚਾਹੀਦੇ ਹਨ।

ਵਿਦਿਆਰਥੀਆਂ ਨੂੰ ਹਰ ਹਾਲਤ ਵਿੱਚ ਮਜ਼ਬੂਤ ਰਹਿਣ ਦੀ ਸਲਾਹ ਦੇਣਾ ਕਾਫ਼ੀ ਨਹੀਂ—ਸੰਸਥਾਵਾਂ ਨੂੰ ਵੀ ਅਜਿਹਾ ਮਾਹੌਲ ਬਣਾਉਣਾ ਪਵੇਗਾ, ਜਿੱਥੇ ਉਹ ਮਦਦ ਮੰਗ ਸਕਣ, ਆਪਣੀ ਗੱਲ ਕਹਿ ਸਕਣ ਅਤੇ ਗਲਤੀ ਜਾਂ ਅਸਫਲਤਾ ਤੋਂ ਬਾਅਦ ਮੁੜ ਸੰਭਲਣ ਦਾ ਮੌਕਾ ਲੈ ਸਕਣ। ਕਿਸੇ ਵਿਦਿਆਰਥੀ ਦੀ ਜ਼ਿੰਦਗੀ ਅੰਕਾਂ, ਰੈਂਕਾਂ ਅਤੇ ਨੌਕਰੀ ਦੀ ਪੇਸ਼ਕਸ਼ ਨਾਲੋਂ ਕਿਤੇ ਵੱਧ ਕੀਮਤੀ ਹੈ। ਕੈਂਪਸ ਦੀ ਅਸਲ ਕਾਮਯਾਬੀ ਸਿਰਫ਼ ਉੱਚ ਨਤੀਜਿਆਂ ਨਾਲ ਨਹੀਂ, ਸਗੋਂ ਇਸ ਗੱਲ ਨਾਲ ਵੀ ਮਾਪੀ ਜਾਣੀ ਚਾਹੀਦੀ ਹੈ ਕਿ ਉੱਥੇ ਵਿਦਿਆਰਥੀ ਕਿੰਨਾ ਸੁਰੱਖਿਅਤ, ਸਨਮਾਨਤ ਅਤੇ ਸੁਣਿਆ ਹੋਇਆ ਮਹਿਸੂਸ ਕਰਦਾ ਹੈ।ਵਿਦਿਆਰਥੀ ਖੁਦਕੁਸ਼ੀਆਂ ਨੂੰ ਰੋਕਣਾ ਕੇਵਲ ਪਰਵਾਰਾਂ, ਅਧਿਆਪਕਾਂ ਜਾਂ ਕਾਊਂਸਲਰਾਂ ਦਾ ਕੰਮ ਨਹੀਂ। ਇਹ ਸਰਕਾਰ, ਸਿੱਖਿਆ ਸੰਸਥਾਵਾਂ ਅਤੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਹੁਣ ਲੋੜ ਸਿਰਫ਼ ਦੁੱਖ ਪ੍ਰਗਟ ਕਰਨ ਦੀ ਨਹੀਂ, ਸਗੋਂ ਅਜਿਹੀਆਂ ਪ੍ਰਣਾਲੀਆਂ ਬਣਾਉਣ ਦੀ ਹੈ, ਜੋ ਸੰਕਟ ਆਉਣ ਤੋਂ ਪਹਿਲਾਂ ਵਿਦਿਆਰਥੀ ਤੱਕ ਪਹੁੰਚਣ। ਕੈਂਪਸਾਂ ਦੀ ਚੁੱਪ ਤੋੜਨਾ ਅਤੇ ਹਰ ਵਿਦਿਆਰਥੀ ਨੂੰ ਇਹ ਭਰੋਸਾ ਦੇਣਾ ਕਿ ਉਸ ਦੀ ਜ਼ਿੰਦਗੀ ਮਹੱਤਵਪੂਰਨ ਹੈ, ਇਹੀ ਇਸ ਵੇਲੇ ਦੀ ਸਭ ਤੋਂ ਵੱਡੀ ਲੋੜ ਹੈ।

**#ਸੰਪਰਕ** : 94984-00004

# ਸੋਲਰ ਸਿਸਟਮ ਲਈ ਸਬਸਿਡੀ ਦਾ ਚੋਣ ਵਾਅਦਾ ਜ਼ਰੂਰੀ!



**ਬਲਜਿੰਦਰ ਅਕਲੀਆ**

ਪੰਜਾਬ ਵਿੱਚ ਬਿਜਲੀ ਸਿਰਫ਼ ਘਰਾਂ ਦੀ ਰੋਜ਼ਾਨਾ ਲੋੜ ਨੂੰ ਪੂਰਾ ਕਰਨ ਦਾ ਸਾਧਨ ਨਹੀਂ, ਸਗੋਂ ਇਹ ਸੂਬੇ ਦੀ ਖੇਤੀਬਾੜੀ, ਉਦਯੋਗ ਅਤੇ ਵਪਾਰਕ ਖੇਤਰ ਦੀ ਰੀੜ੍ਹ ਦੀ ਹੱਡੀ ਹੈ। ਹਰ ਸਾਲ ਗਰਮੀਆਂ ਦੇ ਮੌਸਮ ਵਿੱਚ ਜਦੋਂ ਤਾਪਮਾਨ ਵਧਦਾ ਹੈ ਤਾਂ ਘਰਾਂ ਵਿੱਚ ਏਅਰ ਕੰਡੀਸ਼ਨਰ, ਕੂਲਰ, ਪੱਖੇ ਅਤੇ ਹੋਰ ਬਿਜਲੀ ਦੇ ਭਾਰੀ ਉਪਕਰਨਾਂ ਦੀ ਵਰਤੋਂ ਬੇਹੱਦ ਤੇਜ਼ੀ ਨਾਲ ਵਧ ਜਾਂਦੀ ਹੈ, ਜਿਸ ਕਾਰਨ ਪਾਵਰ ਗਰਿੱਡ ׳ਤੇ ਬਿਜਲੀ ਦੀ ਮੰਗ ਦਾ ਬਹੁਤ ਵੱਡਾ ਦਬਾਅ ਪੈਂਦਾ ਹੈ। ਇਸ ਸਥਿਤੀ ਵਿੱਚ ਹੁਣ ਸਮਾਂ ਆ ਗਿਆ ਹੈ ਕਿ ਪੰਜਾਬ ਬਿਜਲੀ ਦੀ ਇਸ ਸਾਲਾਨਾ ਸਮੱਸਿਆ ਦਾ ਹੱਲ ਸਿਰਫ਼ ਬਾਹਰੋਂ ਮਹਿੰਗੀ ਬਿਜਲੀ ਖਰੀਦਣ ਵਿੱਚ ਹੀ ਨਾ ਲੱਭੇ, ਸਗੋਂ ਬਿਜਲੀ ਦੀ ਖਪਤਕਾਰ ਆਬਾਦੀ ਨੂੰ ਬਿਜਲੀ ਪੈਦਾ ਕਰਨ ਵਾਲੇ ਉਤਪਾਦਕਾਂ ਵਿੱਚ ਤਬਦੀਲ ਕਰਨ ਬਾਰੇ ਵੀ ਗੰਭੀਰਤਾ ਨਾਲ ਸੋਚੇ। ਇਸ ਦਿਸ਼ਾ ਵਿੱਚ ਛੱਤਾਂ 'ਤੇ ਸੋਲਰ ਪੈਨਲ ਲਗਾਉਣ ਦੀ ਨੀਤੀ ਪੰਜਾਬ ਦੀ ਆਰਥਿਕ ਅਤੇ ਊਰਜਾ ਸੁਰੱਖਿਆ ਲਈ ਇੱਕ ਕ੍ਰਾਂਤੀਕਾਰੀ ਕਦਮ ਸਾਬਤ ਹੋ ਸਕਦੀ ਹੈ। ਮੌਜੂਦਾ ਸਮੇਂ ਵਿੱਚ ਕੇਂਦਰ ਸਰਕਾਰ ਦੀ ਪ੍ਰਧਾਨ ਮੰਤਰੀ ਸੂਰਿਆ ਘਰ ਮੁਫ਼ਤ ਬਿਜਲੀ ਯੋਜਨਾ ਤਹਿਤ ਦੇਸ਼ ਭਰ ਵਿੱਚ ਘਰੇਲੂ ਖਪਤਕਾਰਾਂ ਲਈ ਰੂਫਟਾਪ ਸੋਲਰ ਸਿਸਟਮ ਨੂੰ ਵੱਡੇ ਪੱਧਰ 'ਤੇ ਉਤਸ਼ਾਹਤ ਕੀਤਾ ਜਾ ਰਿਹਾ ਹੈ। ਸਰਕਾਰੀ ਅੰਕੜਿਆਂ ਅਤੇ ਦਿਸ਼ਾ-ਨਿਰਦੇਸ਼ਾਂ ਅਨੁਸਾਰ 3 ਕਿਲੋਵਾਟ ਤੱਕ ਦੇ ਸਿਸਟਮ ਲਈ ਕੇਂਦਰੀ ਵਿੱਤੀ ਸਹਾਇਤਾ ਅਤੇ ਸਬਸਿਡੀ ਦੀ ਵੱਧ ਤੋਂ ਵੱਧ ਰਕਮ 78,000 ਰੁਪਏ ਤੱਕ ਨਿਰਧਾਰਤ ਕੀਤੀ ਗਈ ਹੈ। ਇਸ ਯੋਜਨਾ ਦਾ ਮੁੱਖ ਉਦੇਸ਼ ਘਰੇਲੂ ਪੱਧਰ 'ਤੇ ਸੂਰਜੀ ਊਰਜਾ ਦੀ ਪੈਦਾਵਾਰ ਨੂੰ ਹੁਲਾਰਾ ਦੇਣਾ ਅਤੇ ਆਮ ਪਰਵਾਰਾਂ ਨੂੰ ਹਰ ਮਹੀਨੇ ਆਉਣ ਵਾਲੇ ਬਿਜਲੀ ਦੇ ਭਾਰੀ ਬਿੱਲਾਂ ਦੇ ਬੋਝ ਤੋਂ ਮੁਕਤ ਕਰਨਾ ਹੈ।

ਪੰਜਾਬ ਦੇ ਵਿਸ਼ੇਸ਼ ਸੰਦਰਭ ਵਿੱਚ ਇਸ ਨੀਤੀ ਨੂੰ ਹੋਰ ਅੱਗੇ ਵਧਾਉਣ ਦੀ ਲੋੜ ਹੈ, ਤਾਂ ਜੋ ਆਉਣ ਵਾਲੇ ਸਾਲਾਂ ਵਿੱਚ ਸੂਬੇ ਦੀ ਤਾਕਤ ਨੂੰ ਨਵਾਂ ਆਧਾਰ ਮਿਲ ਸਕੇ।ਪੰਜਾਬ ਵਿੱਚ ਪਿਛਲੇ ਕੁਝ ਸਾਲਾਂ ਤੋਂ 300 ਯੂਨਿਟ ਤੱਕ ਮੁਫ਼ਤ ਬਿਜਲੀ ਦੇਣ ਦੀ ਮੌਜੂਦਾ ਵਿਵਸਥਾ ਲਾਗੂ ਹੈ, ਜਿਸ ਨੇ ਆਮ ਲੋਕਾਂ ਨੂੰ ਆਰਥਿਕ ਤੌਰ 'ਤੇ ਸਿੱਧੀ ਅਤੇ ਵੱਡੀ ਰਾਹਤ ਦਿੱਤੀ ਹੈ,ਪਰੰਤੂ ਨੀਤੀਗਤ ਪੱਧਰ 'ਤੇ ਇਹ ਸਵਾਲ ਲਗਾਤਾਰ ਬਣਿਆ ਹੋਇਆ ਹੈ ਕਿ ਕੀ ਇਸੇ ਸਬਸਿਡੀ ਦੇ ਪੈਸੇ ਨੂੰ ਕਿਸੇ ਯੋਜਨਾਬੱਧ ਤਰੀਕੇ ਨਾਲ ਅਜਿਹੇ ਸਥਾਈ ਸਾਧਨ ਵਿੱਚ ਨਹੀਂ ਬਦਲਿਆ ਜਾ ਸਕਦਾ, ਜੋ ਲੰਮੇ ਸਮੇਂ ਲਈ ਬਿਜਲੀ ਪੈਦਾ ਕਰਨ ਦੀ ਸਮਰੱਥਾ ਪੈਦਾ ਕਰ ਸਕੇ? ਇਸ ਬੁਨਿਆਦੀ ਸਵਾਲ ਦਾ ਸਭ ਤੋਂ ਪ੍ਰਭਾਵਸ਼ਾਲੀ ਅਤੇ ਵਿਹਾਰਕ ਜਵਾਬ 'ਹਰ ਘਰ ਸੋਲਰ' ਯੋਜਨਾ ਦਾ ਸੰਕਲਪ ਹੈ। ਆਉਣ ਵਾਲੀਆਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਮੱਦੇਨਜ਼ਰ ਰੱਖਦਿਆਂ ਜੇਕਰ ਵੱਖ-ਵੱਖ ਰਾਜਨੀਤਕ ਪਾਰਟੀਆਂ ਆਪਣੇ ਚੋਣ ਮੈਨੀਫੈਸਟੋ ਵਿੱਚ ਇਸ ਮੁੱਦੇ ਨੂੰ ਪ੍ਰਮੁੱਖਤਾ ਨਾਲ ਰੱਖਣ ਤਾਂ ਇਹ ਸੂਬੇ ਦੇ ਭਵਿੱਖ ਲਈ ਇੱਕ ਦੂਰਅੰਦੇਸ਼ੀ ਕਦਮ ਹੋਵੇਗਾ। ਮੈਨੀਫੈਸਟੋ ਵਿੱਚ ਇਹ ਪ੍ਰਸਤਾਵ ਰੱਖਿਆ ਜਾ ਸਕਦਾ ਹੈ ਕਿ ਪੰਜਾਬ ਦੇ ਹਰ ਯੋਗ ਘਰ ਦੀ ਛੱਤ 'ਤੇ ਸਰਕਾਰੀ ਅਤੇ ਵਿੱਤੀ ਸਹਾਇਤਾ ਨਾਲ ਘੱਟੋ-ਘੱਟ 3 ਕਿਲੋਵਾਟ ਤੱਕ ਦਾ ਰੂਫਟਾਪ ਸੋਲਰ ਸਿਸਟਮ ਲਗਾਉਣ ਦੀ ਯੋਜਨਾ ਨੂੰ ਅਮਲੀ ਜਾਮਾ ਪਹਿਨਾਇਆ ਜਾਵੇ। ਇਸ ਦਾ ਹਰਗਿਜ਼ ਇਹ ਮਤਲਬ ਨਹੀਂ ਕਿ ਹਰ ਪਰਵਾਰ ਨੂੰ ਬਿਨਾਂ ਕਿਸੇ ਤਿਆਰੀ ਜਾਂ ਯੋਜਨਾ ਦੇ ਰਾਤੋ-ਰਾਤ ਮੁਫ਼ਤ ਸਿਸਟਮ ਦੇ ਦਿੱਤਾ ਜਾਵੇ, ਸਗੋਂ ਇਸ ਲਈ ਕੇਂਦਰ ਸਰਕਾਰ ਦੀ ਸਬਸਿਡੀ, ਪੰਜਾਬ ਸਰਕਾਰ ਦੀ ਵਿਸ਼ੇਸ਼ ਹਿੱਸੇਦਾਰੀ, ਵਪਾਰਕ ਬੈਂਕਾਂ ਵੱਲੋਂ ਆਸਾਨ ਅਤੇ ਸਸਤੇ ਲੋਨ, ਡਿਸਕਾਮ ਅਥਾਰਟੀ ਦੀ ਸਰਗਰਮ ਭੂਮਿਕਾ ਅਤੇ ਲਾਭਪਾਤਰੀ ਪਰਵਾਰ ਦੀ ਯੋਗਤਾ ਨੂੰ ਆਪਸ ਵਿੱਚ ਜੋੜ ਕੇ ਇੱਕ ਮਜ਼ਬੂਤ ਅਤੇ ਵਿਹਾਰਕ ਮਾਡਲ ਤਿਆਰ ਕੀਤਾ ਜਾਵੇ।

ਪੰਜਾਬ ਵਿੱਚ ਬਿਜਲੀ ਦੀ ਮੰਗ ਦੇ ਪੀਕ ਸਮੇਂ ਨੂੰ ਸੰਭਾਲਣਾ ਹਮੇਸ਼ਾ ਤੋਂ ਪਾਵਰ ਕਾਰਪੋਰੇਸ਼ਨ ਅਤੇ ਸਰਕਾਰ ਲਈ ਇੱਕ ਵੱਡੀ ਚੁਣੌਤੀ ਰਿਹਾ ਹੈ। ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਅਧਿਕਾਰਤ ਦਸਤਾਵੇਜ਼ਾਂ ਅਤੇ ਰਿਪੋਰਟਾਂ ਵਿੱਚ ਵੀ ਇਸ ਗੱਲ ਦੀ ਪੁਸ਼ਟੀ ਕੀਤੀ ਜਾਂਦੀ ਹੈ ਕਿ ਗਰਮੀਆਂ ਦੇ ਦਿਨਾਂ ਵਿੱਚ ਜਦੋਂ ਘਰੇਲੂ, ਉਦਯੋਗਿਕ ਅਤੇ ਖੇਤੀਬਾੜੀ ਖੇਤਰਾਂ ਦੀ ਮੰਗ ਸਿਖਰ 'ਤੇ ਹੁੰਦੀ ਹੈ ਤਾਂ ਪੀਕ ਡਿਮਾਂਡ ਨੂੰ ਪੂਰਾ ਕਰਨਾ ਤਕਨੀਕੀ ਅਤੇ ਵਿੱਤੀ ਤੌਰ 'ਤੇ ਕਾਫ਼ੀ ਮੁਸ਼ਕਲ ਹੋ ਜਾਂਦਾ ਹੈ। ਕਈ ਵਾਰ ਪੰਜਾਬ ਦੀ ਮੰਗ 17,000 ਮੈਗਾਵਾਟ ਦੇ ਅੰਕੜੇ ਨੂੰ ਵੀ ਪਾਰ ਕਰ ਜਾਂਦੀ ਹੈ। ਅਜਿਹੇ ਹਾਲਾਤ ਵਿੱਚ ਜੇਕਰ ਪੰਜਾਬ ਦੇ ਲੱਖਾਂ ਘਰਾਂ ਦੀਆਂ ਛੱਤਾਂ 'ਤੇ ਸੋਲਰ ਪੈਨਲ ਲੱਗੇ ਹੋਣ ਤਾਂ ਦਿਨ ਦੇ ਸਮੇਂ ਜਦੋਂ ਸਭ ਤੋਂ ਵੱਧ ਬਿਜਲੀ ਦੀ ਲੋੜ ਹੁੰਦੀ ਹੈ, ਘਰੇਲੂ ਖਪਤ ਦਾ ਇੱਕ ਬਹੁਤ ਵੱਡਾ ਹਿੱਸਾ ਸਥਾਨਕ ਪੱਧਰ 'ਤੇ ਹੀ ਉਤਪਾਦਨ ਰਾਹੀਂ ਪੂਰਾ ਹੋ ਜਾਵੇਗਾ। ਇਸ ਨਾਲ ਗਰਮੀਆਂ ਦੇ ਦਿਨਾਂ ਵਿੱਚ ਮੁੱਖ ਗਰਿੱਡ 'ਤੇ ਪੈਣ ਵਾਲਾ ਭਾਰੀ ਦਬਾਅ ਕਾਫ਼ੀ ਹੱਦ ਤੱਕ ਘੱਟ ਜਾਵੇਗਾ ਅਤੇ ਬਿਜਲੀ ਦੇ ਕੱਟਣ ਜਾਂ ਪਾਵਰ ਕੱਟਾਂ ਦੀ ਸਮੱਸਿਆ ਤੋਂ ਵੀ ਨਿਜਾਤ ਮਿਲ ਸਕੇਗੀ। ਹਾਲਾਂਕਿ ਇਸ ਤਕਨੀਕ ਨਾਲ ਜੁੜੀ ਇੱਕ ਅਹਿਮ ਤਕਨੀਕੀ ਹਕੀਕਤ ਨੂੰ ਸਮਝਣਾ ਵੀ ਬੇਹੱਦ ਜ਼ਰੂਰੀ ਹੈ ਕਿ ਸੋਲਰ ਪੈਨਲ ਸਿਰਫ਼ ਦਿਨ ਦੇ ਸਮੇਂ ਹੀ ਸੂਰਜ ਦੀ ਰੌਸ਼ਨੀ ਤੋਂ ਭਰਪੂਰ ਬਿਜਲੀ ਪੈਦਾ ਕਰਦੇ ਹਨ, ਜਦਕਿ ਸ਼ਾਮ ਅਤੇ ਰਾਤ ਦੇ ਸਮੇਂ ਸੂਰਜ ਡੁੱਬਣ ਤੋਂ ਬਾਅਦ ਬੈਟਰੀ ਸਟੋਰੇਜ ਜਾਂ ਮੇਨ ਗਰਿੱਡ ਦੀ ਸਹਾਇਤਾ ਦੀ ਲੋੜ ਬਣੀ ਰਹਿੰਦੀ ਹੈ। ਇਸ ਲਈ 'ਹਰ ਘਰ ਸੋਲਰ' ਪ੍ਰੋਜੈਕਟ ਦੇ ਨਾਲ-ਨਾਲ ਉੱਨਤ ਬੈਟਰੀ ਸਟੋਰੇਜ ਪ੍ਰਣਾਲੀਆਂ, ਨੈੱਟ ਮੀਟਰਿੰਗ ਨੀਤੀ ਅਤੇ ਸਮਾਰਟ ਗਰਿੱਡ ਪ੍ਰਬੰਧਨ ਦੀ ਯੋਜਨਾਬੰਦੀ ਵੀ ਓਨੀ ਹੀ ਲਾਜ਼ਮੀ ਹੋਵੇਗੀ।

ਅੱਜ ਦੇ ਸਮੇਂ ਵਿੱਚ ਸਰਕਾਰ ਨੂੰ ਹਰ ਸਾਲ ਲੱਖਾਂ ਪਰਵਾਰਾਂ ਨੂੰ ਬਿਜਲੀ ਬਿੱਲਾਂ ਵਿੱਚ ਰਾਹਤ ਦੇਣ ਲਈ ਅਰਬਾਂ ਰੁਪਏ ਦੀ ਸਬਸਿਡੀ ਨਿਯਮਤ ਤੌਰ 'ਤੇ ਅਦਾ ਕਰਨੀ ਪੈਂਦੀ ਹੈ। ਜੇਕਰ ਇਸ ਰਵਾਇਤੀ ਸੋਚ ਵਿੱਚ ਬਦਲਾਅ ਲਿਆਂਦਾ ਜਾਵੇ ਅਤੇ ਇਸ ਸਬਸਿਡੀ ਦੇ ਫੰਡਾਂ ਦਾ ਇੱਕ ਹਿੱਸਾ ਸਥਾਈ ਤੌਰ 'ਤੇ ਘਰਾਂ ਦੀਆਂ ਛੱਤਾਂ 'ਤੇ ਸੋਲਰ ਸਿਸਟਮ ਸਥਾਪਤ ਕਰਨ ਵੱਲ ਮੋੜ ਦਿੱਤਾ ਜਾਵੇ, ਤਾਂ ਇਹ ਸਰਕਾਰ ਲਈ ਇੱਕ ਵਧੀਆ ਪੂੰਜੀਗਤ ਨਿਵੇਸ਼ ਬਣ ਜਾਵੇਗਾ, ਜੋ ਆਉਣ ਵਾਲੇ ਕਈ ਸਾਲਾਂ ਤੱਕ ਲਾਭ ਦਿੰਦਾ ਰਹੇਗਾ। ਪੰਜਾਬ ਲਈ ਜੇਕਰ ਇਸ ਨੂੰ ਵਿਸਤ੍ਰਿਤ ਰੂਪ ਵਿੱਚ ਲਾਗੂ ਕਰਨਾ ਹੋਵੇ ਤਾਂ ਇੱਕ ਬਹੁਤ ਹੀ ਪ੍ਰਭਾਵਸ਼ਾਲੀ ਮਾਡਲ ਬਣਾਇਆ ਜਾ ਸਕਦਾ ਹੈ, ਜਿਸ ਵਿੱਚ ਕੇਂਦਰ ਦੀ ਤਰਫ਼ੋਂ ਮਿਲਣ ਵਾਲੀ 78,000 ਰੁਪਏ ਤੱਕ ਦੀ ਸਬਸਿਡੀ ਦਾ ਪੂਰਾ ਲਾਭ ਲਿਆ ਜਾਵੇ, ਜਦਕਿ ਬਾਕੀ ਬਚਦੀ ਮਾਮੂਲੀ ਰਕਮ ਲਈ ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਵਾਧੂ ਸਹਾਇਤਾ ਜਾਂ ਬਹੁਤ ਹੀ ਘੱਟ ਵਿਆਜ 'ਤੇ ਸਸਤੇ ਕਰਜ਼ੇ ਮੁਹੱਈਆ ਕਰਵਾਏ ਜਾਣ। ਇਸ ਸਾਰੀ ਪ੍ਰਕਿਰਿਆ ਵਿੱਚ ਸਭ ਤੋਂ ਪਹਿਲਾਂ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਮੱਧ ਵਰਗੀ ਪਰਵਾਰਾਂ ਨੂੰ ਪਹਿਲ ਦਿੱਤੀ ਜਾਣੀ ਚਾਹੀਦੀ ਹੈ, ਤਾਂ ਜੋ ਸਮਾਜ ਦੇ ਹਰ ਵਰਗ ਤੱਕ ਇਸ ਦਾ ਫਾਇਦਾ ਪਹੁੰਚ ਸਕੇ। ਸਿਰਫ਼ ਰਿਹਾਇਸ਼ੀ ਘਰ ਹੀ ਨਹੀਂ, ਸਗੋਂ ਪੰਜਾਬ ਭਰ ਦੇ ਸਰਕਾਰੀ ਸਕੂਲਾਂ, ਕਾਲਜਾਂ, ਸਰਕਾਰੀ ਹਸਪਤਾਲਾਂ ਅਤੇ ਹੋਰ ਪ੍ਰਸ਼ਾਸਕੀ ਇਮਾਰਤਾਂ ਦੀਆਂ ਵਿਸ਼ਾਲ ਛੱਤਾਂ ਨੂੰ ਵੀ ਇਸ ਮੁਹਿੰਮ ਤਹਿਤ ਸੋਲਰ ਊਰਜਾ ਨਾਲ ਲੈਸ ਕੀਤਾ ਜਾ ਸਕਦਾ ਹੈ। ਪਿੰਡਾਂ ਦੀ ਪੱਧਰ 'ਤੇ 'ਸੋਲਰ ਪਿੰਡ' ਅਤੇ ਸ਼ਹਿਰੀ ਖੇਤਰਾਂ ਵਿੱਚ 'ਸੋਲਰ ਵਾਰਡ' ਵਰਗੇ ਪ੍ਰਭਾਵਸ਼ਾਲੀ ਪਾਇਲਟ ਪ੍ਰਾਜੈਕਟ ਸ਼ੁਰੂ ਕਰਕੇ ਇਸ ਯੋਜਨਾ ਨੂੰ ਜ਼ਮੀਨੀ ਪੱਧਰ 'ਤੇ ਸਫ਼ਲ ਬਣਾਇਆ ਜਾ ਸਕਦਾ ਹੈ।

ਸਾਲ 2027 ਦੀਆਂ ਚੋਣਾਂ ਵਿੱਚ ਜੇਕਰ ਪੰਜਾਬ ਦੀਆਂ ਸਿਆਸੀ ਪਾਰਟੀਆਂ ਇਸ ਵਿਚਾਰ ਨੂੰ ਆਪਣੇ ਚੋਣ ਮੈਨੀਫੈਸਟੋ ਦਾ ਹਿੱਸਾ ਬਣਾਉਂਦੀਆਂ ਹਨ ਤਾਂ ਉਨ੍ਹਾਂ ਨੂੰ ਇਸ ਨਾਲ ਜੁੜੇ ਸਾਰੇ ਵਿੱਤੀ ਅਤੇ ਤਕਨੀਕੀ ਪਹਿਲੂਆਂ ਨੂੰ ਬਹੁਤ ਹੀ ਪਾਰਦਰਸ਼ੀ ਢੰਗ ਨਾਲ ਜਨਤਾ ਦੇ ਸਾਹਮਣੇ ਰੱਖਣਾ ਚਾਹੀਦਾ ਹੈ। ਜਨਤਾ ਇਹ ਜਾਣਨਾ ਚਾਹੁੰਦੀ ਹੈ ਕਿ ਪਹਿਲੇ ਪੜਾਅ ਵਿੱਚ ਕਿੰਨੇ ਲੱਖ ਘਰਾਂ ਨੂੰ ਇਸ ਯੋਜਨਾ ਦਾ ਲਾਭ ਮਿਲੇਗਾ। ਇਸ ਮਕਸਦ ਲਈ ਸਰਕਾਰ ਦਾ ਸਲਾਨਾ ਬਜਟ ਅਤੇ ਖਰਚਾ ਕਿੰਨਾ ਹੋਵੇਗਾ, ਕੇਂਦਰੀ ਸਬਸਿਡੀ ਤੋਂ ਬਾਅਦ ਪੰਜਾਬ ਸਰਕਾਰ ਨੂੰ ਆਪਣੇ ਖਜ਼ਾਨੇ ਵਿੱਚੋਂ ਕਿੰਨੀ ਰਕਮ ਦੇਣੀ ਪਵੇਗੀ ਅਤੇ ਪੁਰਾਣੇ ਮਕਾਨਾਂ ਦੀਆਂ ਛੱਤਾਂ ਦੀ ਮਜ਼ਬੂਤੀ ਇਸ ਤਕਨੀਕ ਲਈ ਢੁਕਵੀਂ ਹੈ ਜਾਂ ਨਹੀਂ।ਇਹੀ ਕਿਹਾ ਜਾ ਸਕਦਾ ਹੈ ਕਿ ਪੰਜਾਬ ਨੇ ਪਿਛਲੇ ਲੰਮੇ ਸਮੇਂ ਤੋਂ ਮੁਫ਼ਤ ਬਿਜਲੀ ਦੀ ਸਿਆਸਤ ਅਤੇ ਚਰਚਾ ਬਹੁਤ ਕਰ ਲਈ ਹੈ, ਪਰ ਹੁਣ ਸਮੇਂ ਦੀ ਮੰਗ ਹੈ ਕਿ ਚਰਚਾ ਦੇ ਅਗਲੇ ਪੜਾਅ ਵੱਲ ਵਧਦਿਆਂ ਹੋਇਆ ਜਨਤਾ ਨੂੰ ਸਿਰਫ਼ ਮੁਫ਼ਤ ਬਿਜਲੀ ਖਪਤਕਾਰ ਬਣਾਉਣ ਦੀ ਬਜਾਏ ਉਨ੍ਹਾਂ ਨੂੰ 'ਮੁਫ਼ਤ ਬਿਜਲੀ ਪੈਦਾ ਕਰਨ ਦੀ ਸਮਰੱਥਾ' ਦਾ ਮਾਲਕ ਬਣਾਇਆ ਜਾਵੇ। ਜੇਕਰ ਪੰਜਾਬ ਦੀਆਂ ਲੱਖਾਂ ਛੱਤਾਂ ਆਉਣ ਵਾਲੇ ਸਮੇਂ ਵਿੱਚ ਛੋਟੇ-ਛੋਟੇ ਬਿਜਲੀ ਉਤਪਾਦਨ ਕੇਂਦਰਾਂ ਵਿੱਚ ਤਬਦੀਲ ਹੋ ਜਾਂਦੀਆਂ ਹਨ ਤਾਂ ਇਹ ਤਬਦੀਲੀ ਸਿਰਫ਼ ਇੱਕ ਆਮ ਪਰਵਾਰ ਦੇ ਮਹੀਨਾਵਾਰ ਬਿੱਲ ਤੱਕ ਸੀਮਤ ਨਹੀਂ ਰਹੇਗੀ, ਸਗੋਂ ਇਹ ਪੂਰੇ ਸੂਬੇ ਦੇ ਊਰਜਾ ਪ੍ਰਬੰਧ, ਆਰਥਿਕਤਾ ਅਤੇ ਵਾਤਾਵਰਣ ਨੂੰ ਇੱਕ ਸਕਾਰਾਤਮਕ ਦਿਸ਼ਾ ਪ੍ਰਦਾਨ ਕਰੇਗੀ। ਪੰਜਾਬ ਦੇ ਸੁਨਹਿਰੀ ਭਵਿੱਖ ਦੀ ਬਿਜਲੀ ਨੀਤੀ ਲਈ ਇਹ ਵਿਚਾਰ ਨਾ ਸਿਰਫ਼ ਵਿਚਾਰਨਯੋਗ ਹੈ, ਸਗੋਂ ਲਾਗੂ ਕਰਨ ਯੋਗ ਵੀ ਹੈ।

**# ਸੰਪਰਕ** : 95018 67733

# ਬੀਕੇਯੂ ਡਕੌਂਦਾ ਤੇ ਕਾਦੀਆਂ ਦੀ ਅਗਵਾਈ 'ਚ ਪੀੜਤਾਂ ਵੱਲੋਂ ਏਜੰਟ ਦੇ ਘਰ ਅੱਗੇ ਧਰਨਾ

■ ਇਮੀਗ੍ਰੇਸ਼ਨ ਏਜੰਟ 'ਤੇ ਸਵਾ ਦੋ ਕਰੋੜ ਦੀ ਕਥਿਤ ਠੱਗੀ ਦੇ ਦੋਸ਼ ■ ਪੈਸੇ ਵਾਪਸ ਨਾ ਮਿਲਣ 'ਤੇ ਹਾਈਵੇ ਜਾਮ ਸਮੇਤ ਸੰਘਰਸ਼ ਹੋਰ ਤਿੱਖਾ ਕਰਨ ਦੀ ਚਿਤਾਵਨੀ





**ਜਲਾਲਾਬਾਦ (ਬਲਵਿੰਦਰ ਸਿੰਘ)**

ਫਾਜ਼ਿਲਕਾ ਦੇ ਹਲਕਾ ਜਲਾਲਾਬਾਦ ਅਧੀਨ ਆਉਂਦੇ ਪਿੰਡ ਨਕੇਰੀਆਂ ਵਿਖੇ ਇਮੀਗ੍ਰੇਸ਼ਨ ਏਜੰਟ ਵਜੋਂ ਕੰਮ ਕਰਨ ਵਾਲੇ ਹਰਜੋਬਨਪ੍ਰੀਤ ਸਿੰਘ ਪੁੱਤਰ ਜਸਵਿੰਦਰ ਸਿੰਘ ਵਿਰੁੱਧ ਵੱਖ-ਵੱਖ ਜ਼ਿਲ੍ਹਿਆਂ ਨਾਲ ਸਬੰਧਤ ਲੋਕਾਂ ਤੋਂ ਵਿਦੇਸ਼ ਭੇਜਣ ਦੇ ਨਾਂ 'ਤੇ ਕਥਿਤ ਤੌਰ 'ਤੇ ਕਰੋੜਾਂ ਰੁਪਏ ਲੈਣ ਦੇ ਦੋਸ਼ ਲੱਗੇ ਹਨ।ਇਸ ਮਾਮਲੇ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਤੇ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਵੱਲੋਂ ਪੀੜਤ ਪਰਿਵਾਰਾਂ ਦੇ ਨਾਲ ਮਿਲ ਕੇ ਪਿੰਡ ਨਕੇਰੀਆਂ ਵਿਖੇ ਹਰਜੋਬਨਪ੍ਰੀਤ ਸਿੰਘ ਦੇ ਘਰ ਦੇ ਸਾਹਮਣੇ ਧਰਨਾ ਲਗਾਇਆ ਗਿਆ।ਧਰਨਾਕਾਰੀਆਂ ਵੱਲੋਂ ਪੀੜਤਾਂ ਦੀ ਰਕਮ ਵਾਪਸ ਕਰਵਾਉਣ ਤੇ ਮਾਮਲੇ ਵਿੱਚ ਇਨਸਾਫ਼ ਦੀ ਮੰਗ ਕੀਤੀ ਜਾ ਰਹੀ ਹੈ।

ਧਰਨੇ ਦੌਰਾਨ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਪੰਜਾਬ ਦੇ ਸੂਬਾ ਮੀਤ ਪ੍ਰਧਾਨ ਸ੍ਰ. ਬਲਦੇਵ ਸਿੰਘ ਭਾਈ ਰੂਪਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹਰਜੋਬਨਪ੍ਰੀਤ ਸਿੰਘ ਵੱਲੋਂ ਬਠਿੰਡਾ ਵਿਖੇ 'ਐਂਟਰਸੈਟ ਐਂਟਰੀ ਓਵਰਸੀਜ਼' ਨਾਮ ਹੇਠ ਇਮੀਗ੍ਰੇਸ਼ਨ ਦਫ਼ਤਰ ਚਲਾਉਣ ਦੀ ਜਾਣਕਾਰੀ ਸਾਹਮਣੇ ਆਈ ਹੈ।ਉਨ੍ਹਾਂ ਦੋਸ਼ ਲਗਾਇਆ ਕਿ ਵਿਦੇਸ਼ ਜਾਣ ਦੇ ਚਾਹਵਾਨ ਪੜ੍ਹੇ-ਲਿਖੇ ਬੇਰੁਜ਼ਗਾਰ ਨੌਜਵਾਨਾਂ ਤੇ ਹੋਰ ਲੋਕਾਂ ਨੂੰ ਵਿਦੇਸ਼ ਭੇਜਣ ਦਾ ਭਰੋਸਾ ਦੇ ਕੇ ਉਨ੍ਹਾਂ ਤੋਂ ਲੱਖਾਂ ਰੁਪਏ ਲਏ ਗਏ।ਬਲਦੇਵ ਸਿੰਘ ਭਾਈ ਰੂਪਾ ਨੇ ਕਿਹਾ ਕਿ ਪੀੜਤਾਂ ਵਿੱਚੋਂ ਕਿਸੇ ਵੱਲੋਂ 20 ਲੱਖ, ਕਿਸੇ ਵੱਲੋਂ 25 ਲੱਖ ਤੇ ਕਿਸੇ ਵੱਲੋਂ ਇਸ ਤੋਂ ਵੀ ਵੱਧ ਰਕਮ ਦਿੱਤੇ ਜਾਣ ਦਾ ਦਾਅਵਾ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਪੀੜਤ ਪਰਵਾਰਾਂ ਵੱਲੋਂ ਪਹਿਲਾਂ ਵੀ ਹਰਜੋਬਨਪ੍ਰੀਤ ਸਿੰਘ ਦੇ ਘਰ ਦੇ ਕਈ ਗੇੜੇ ਲਗਾਏ ਗਏ ਅਤੇ ਪੈਸੇ ਵਾਪਸ ਕਰਨ ਦੀ ਮੰਗ ਕੀਤੀ ਗਈ। ਇਸ ਤੋਂ ਇਲਾਵਾ ਪਿੰਡ ਦੇ ਸਰਪੰਚ ਤੇ ਮੋਹਤਬਰ ਵਿਅਕਤੀਆਂ ਨਾਲ ਵੀ ਗੱਲਬਾਤ ਕੀਤੀ ਗਈ ਤੇ ਸਬੰਧਤ ਪੁਲਸ ਥਾਣੇ ਵਿੱਚ ਸ਼ਿਕਾਇਤਾਂ ਦਿੱਤੀਆਂ ਗਈਆਂ।ਉਨ੍ਹਾਂ ਕਿਹਾ ਕਿ ਕਥਿਤ ਤੌਰ 'ਤੇ ਕੋਈ ਹੱਲ ਨਾ ਨਿਕਲਣ ਕਾਰਨ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਤੇ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਨੂੰ ਪੀੜਤਾਂ ਦੇ ਹੱਕ ਵਿੱਚ ਧਰਨਾ ਲਗਾਉਣਾ ਪਿਆ ਹੈ।ਉਨ੍ਹਾਂ ਸਪਸ਼ਟ ਕੀਤਾ ਕਿ ਜਦੋਂ ਤੱਕ ਪੀੜਤਾਂ ਦੀ ਰਕਮ ਵਾਪਸ ਨਹੀਂ ਕੀਤੀ ਜਾਂਦੀ, ਉਦੋਂ ਤੱਕ ਧਰਨਾ ਜਾਰੀ ਰੱਖਿਆ ਜਾਵੇਗਾ।ਉਨ੍ਹਾਂ ਚਿਤਾਵਨੀ ਦਿੱਤੀ ਕਿ ਇਨਸਾਫ਼ ਨਾ ਮਿਲਣ ਦੀ ਸੂਰਤ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕਰਦਿਆਂ ਇਸ ਨੂੰ ਵੱਡੇ ਧਰਨੇ ਦਾ ਰੂਪ ਦਿੱਤਾ ਜਾਵੇਗਾ।

ਬਲਦੇਵ ਸਿੰਘ ਭਾਈ ਰੂਪਾ ਨੇ ਦੱਸਿਆ ਕਿ ਸਬੰਧਤ ਥਾਣੇ ਦੇ ਐੱਸ.ਐੱਚ.ਓ. ਵੱਲੋਂ ਪਿੰਡ ਦੇ ਸਰਪੰਚ ਨੂੰ ਨਾਲ ਲੈ ਕੇ ਹਰਜੋਬਨਪ੍ਰੀਤ ਸਿੰਘ ਦੇ ਘਰ ਜਾ ਕੇ ਉਸ ਦੇ ਪਿਤਾ ਜਸਵਿੰਦਰ ਸਿੰਘ ਨਾਲ ਗੱਲਬਾਤ ਕੀਤੀ ਗਈ ਸੀ।ਉਨ੍ਹਾਂ ਅਨੁਸਾਰ ਜਸਵਿੰਦਰ ਸਿੰਘ ਵੱਲੋਂ ਪੀੜਤਾਂ ਨੂੰ ਸਬੂਤਾਂ ਸਮੇਤ ਅਗਲੇ ਦਿਨ 12 ਵਜੇ ਥਾਣੇ ਪਹੁੰਚਣ ਤੇ ਗੱਲਬਾਤ ਰਾਹੀਂ ਉਨ੍ਹਾਂ ਦੀ ਰਕਮ ਵਾਪਸ ਕਰਵਾਉਣ ਦਾ ਭਰੋਸਾ ਦਿੱਤਾ ਗਿਆ ਸੀ।ਹਾਲਾਂਕਿ ਬਾਅਦ ਵਿੱਚ ਕਥਿਤ ਤੌਰ 'ਤੇ ਇਸ ਮਾਮਲੇ 'ਤੇ ਸਹਿਮਤੀ ਨਹੀਂ ਬਣੀ।ਬਲਦੇਵ ਸਿੰਘ ਨੇ ਇਹ ਵੀ ਕਿਹਾ ਕਿ ਹਰਜੋਬਨਪ੍ਰੀਤ ਸਿੰਘ ਵੱਲੋਂ ਮੁਹਾਲੀ ਵਿਖੇ ਵੀ ਦਫ਼ਤਰ ਚਲਾਉਣ ਦੀ ਗੱਲ ਸਾਹਮਣੇ ਆਈ ਹੈ ਤੇ ਜੇਕਰ ਲੋੜ ਪਈ ਤਾਂ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਤੇ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਵੱਲੋਂ ਉੱਥੇ ਵੀ ਪਹੁੰਚ ਕਰਕੇ ਪੀੜਤਾਂ ਲਈ ਇਨਸਾਫ਼ ਦੀ ਮੰਗ ਉਠਾਈ ਜਾਵੇਗੀ।ਕਾਦੀਆਂ ਯੂਨੀਅਨ ਨੇ ਹਾਈਵੇ ਜਾਮ ਕਰਨ ਦੀ ਵੀ ਚਿਤਾਵਨੀ ਦਿੱਤੀ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਸੂਬਾ ਮੀਤ ਪ੍ਰਧਾਨ ਮਨਪ੍ਰੀਤ ਸਿੰਘ ਸੰਧੂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਹਰਜੋਬਨਪ੍ਰੀਤ ਸਿੰਘ ਦੇ ਪਿਤਾ ਜਸਵਿੰਦਰ ਸਿੰਘ ਵੱਲੋਂ ਉਨ੍ਹਾਂ ਦੇ ਪੁੱਤਰ ਦੇ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਨਾਲ ਸਬੰਧ ਹੋਣ ਦੀ ਗੱਲ ਕਹੀ ਜਾ ਰਹੀ ਹੈ, ਜਿਸ ਨੂੰ ਉਨ੍ਹਾਂ ਨੇ ਨਕਾਰਿਆ।ਮਨਪ੍ਰੀਤ ਸਿੰਘ ਸੰਧੂ ਨੇ ਕਿਹਾ ਕਿ ਹਰਜੋਬਨਪ੍ਰੀਤ ਸਿੰਘ ਦਾ ਉਨ੍ਹਾਂ ਦੀ ਯੂਨੀਅਨ ਨਾਲ ਕੋਈ ਲੈਣਾ-ਦੇਣਾ ਨਹੀਂ ਹੈ।

ਉਨ੍ਹਾਂ ਕਿਹਾ ਕਿ ਜੇਕਰ ਪੀੜਤਾਂ ਦੀ ਰਕਮ ਵਾਪਸ ਨਾ ਕੀਤੀ ਗਈ ਤਾਂ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਵੱਲੋਂ ਸੰਘਰਸ਼ ਨੂੰ ਹੋਰ ਵਧਾਇਆ ਜਾਵੇਗਾ ਤੇ ਲੋੜ ਪੈਣ 'ਤੇ ਹਾਈਵੇ ਜਾਮ ਕਰਨ ਵਰਗੇ ਕਦਮ ਵੀ ਚੁੱਕੇ ਜਾਣਗੇ।ਇਸੇ ਦੌਰਾਨ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਫਾਜ਼ਿਲਕਾ ਜੋਗਾ ਸਿੰਘ ਨੇ ਧਰਨੇ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜੇਕਰ ਪੀੜਤਾਂ ਨੂੰ ਇਨਸਾਫ਼ ਨਾ ਮਿਲਿਆ ਤਾਂ ਜਥੇਬੰਦੀ ਵੱਲੋਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।

ਪੀੜਤਾਂ ਵੱਲੋਂ ਦਿੱਤੀਆਂ ਦਰਖਾਸਤਾਂ ਵਿੱਚ ਦਰਜ ਵੇਰਵਿਆਂ ਅਨੁਸਾਰ ਧਰਨੇ ਵਿੱਚ ਸ਼ਾਮਲ ਪੀੜਤਾਂ ਵਿੱਚ ਦਵਿੰਦਰ ਸਿੰਘ ਪੁੱਤਰ ਸਿਕੰਦਰ ਸਿੰਘ ਵਾਸੀ ਢਿਪਾਲੀ, ਬਠਿੰਡਾ ਵੱਲੋਂ 26 ਲੱਖ ਰੁਪਏ, ਸੁਰਿੰਦਰ ਸਿੰਘ ਪੁੱਤਰ ਚਰਨਜੀਤ ਸਿੰਘ ਵਾਸੀ ਜੈਤੋ ਮੰਡੀ ਵੱਲੋਂ 22 ਲੱਖ ਰੁਪਏ, ਜਗਦੀਪ ਸਿੰਘ ਪੁੱਤਰ ਜੀਤ ਸਿੰਘ ਵਾਸੀ ਢਿੱਲਵਾਂ, ਜ਼ਿਲ੍ਹਾ ਬਰਨਾਲਾ ਵੱਲੋਂ 27 ਲੱਖ ਰੁਪਏ, ਜਗਸੀਰ ਸਿੰਘ ਪੁੱਤਰ ਮੱਘਰ ਸਿੰਘ ਵਾਸੀ ਬਸਤੀ ਰਾਮ ਲਾਲ, ਜ਼ਿਲ੍ਹਾ ਫਿਰੋਜ਼ਪੁਰ ਵੱਲੋਂ 21 ਲੱਖ ਰੁਪਏ, ਲਵਪ੍ਰੀਤ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਪਿਓਰ, ਜ਼ਿਲ੍ਹਾ ਬਠਿੰਡਾ ਵੱਲੋਂ 21 ਲੱਖ 60 ਹਜ਼ਾਰ ਰੁਪਏ, ਵਾਸੂ ਸ਼ਰਮਾ ਪੁੱਤਰ ਵਿਪਨ ਸ਼ਰਮਾ ਵਾਸੀ ਮੋਗਾ ਵੱਲੋਂ 1 ਕਰੋੜ 1 ਲੱਖ ਰੁਪਏ ਤੇ ਗੁਰਜਸ਼ਨਪ੍ਰੀਤ ਕੌਰ ਪਤਨੀ ਸੁਖਜੀਵਨ ਸਿੰਘ ਵੱਲੋਂ 8.50 ਲੱਖ ਰੁਪਏ ਦੀ ਰਕਮ ਸਬੰਧੀ ਦਾਅਵਾ ਕੀਤਾ ਗਿਆ ਹੈ।ਦਰਖਾਸਤਾਂ ਵਿੱਚ ਦਰਜ ਉਪਰੋਕਤ ਰਕਮਾਂ ਦਾ ਕੁੱਲ ਜੋੜ 2 ਕਰੋੜ 27 ਲੱਖ 10 ਹਜ਼ਾਰ ਰੁਪਏ ਬਣਦਾ ਹੈ।ਇਹ ਰਕਮ ਪੀੜਤਾਂ ਵੱਲੋਂ ਦਿੱਤੇ ਗਏ ਦਾਅਵਿਆਂ ਅਨੁਸਾਰ ਹੈ ਅਤੇ ਮਾਮਲੇ ਦੀ ਅਸਲ ਵਿੱਤੀ ਜ਼ਿੰਮੇਵਾਰੀ ਦੀ ਪੁਸ਼ਟੀ ਸਬੰਧਤ ਜਾਂਚ ਤੋਂ ਬਾਅਦ ਹੀ ਹੋਵੇਗੀ।

ਜਦੋਂ ਇਸ ਮਾਮਲੇ ਸਬੰਧੀ ਪੱਤਰਕਾਰਾਂ ਵੱਲੋਂ ਹਰਜੋਬਨਪ੍ਰੀਤ ਸਿੰਘ ਦੇ ਪਿਤਾ ਜਸਵਿੰਦਰ ਸਿੰਘ ਨਾਲ ਗੱਲਬਾਤ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਉਨ੍ਹਾਂ ਨੇ ਇਸ ਮਾਮਲੇ 'ਤੇ ਪੱਤਰਕਾਰਾਂ ਨਾਲ ਗੱਲਬਾਤ ਕਰਨ ਤੋਂ ਇਨਕਾਰ ਕਰ ਦਿੱਤਾ।

# ਸ਼ਹੀਦ ਭਗਤ ਸਿੰਘ ਆਜ਼ਾਦੀ ਸੰਗਰਾਮ 'ਚ ਨੌਜਵਾਨਾਂ ਦੇ ਪ੍ਰੇਰਨਾ ਸਰੋਤ ਸਨ : ਡਾ. ਮਿੱਤਰਾ

**ਆਰ ਐੱਸ ਐੱਸ ਨੇ ਆਜ਼ਾਦੀ ਦੇ ਸੰਘਰਸ਼ 'ਚ ਹਿੱਸਾ ਲੈਣ ਦੀ ਬਜਾਏ ਅੰਗਰੇਜ਼ਾਂ ਨਾਲ ਗੰਢਤੁੱਪ ਕੀਤੀ**



**ਲੁਧਿਆਣਾ (ਐੱਮ ਐੱਸ ਭਾਟੀਆ)**

ਸ਼ਹੀਦ ਭਗਤ ਸਿੰਘ ਨੇ ਕੁਰਬਾਨੀ ਦੇ ਕੇ ਦੇਸ਼ ਦੇ ਨੌਜਵਾਨਾਂ ਨੂੰ ਜਗਾਇਆ ਤੇ ਸੁਤੰਤਰਤਾ ਸੰਗਰਾਮ ਵਿੱਚ ਯੋਗਦਾਨ ਪਾਉਣ ਦੇ ਲਈ ਪ੍ਰੇਰਿਆ।ਇਹ ਨੌਜਵਾਨ ਪੀੜ੍ਹੀ ਹੀ ਹੈ, ਜੋ ਕਿ ਸੰਘਰਸ਼ ਕਰਕੇ ਸਮਾਜ ਤੇ ਦੇਸ਼ ਵਿੱਚ ਤਬਦੀਲੀ ਲਿਆ ਸਕਦੀ ਹੈ।ਇਸ ਲਈ ਨੌਜਵਾਨਾਂ ਨੂੰ ਛੋਟੀਆਂ ਗੱਲਾਂ ਨੂੰ ਛੱਡ ਕੇ ਆਜ਼ਾਦੀ ਦੇ ਸੰਗਰਾਮ ਵਿੱਚ ਕੁੱਦਣਾ ਚਾਹੀਦਾ ਹੈ ਤੇ ਆਜ਼ਾਦ ਭਾਰਤ ਬਣਨ ਉਪਰੰਤ ਨਿਆਂ ਤੇ ਬਰਾਬਰੀ 'ਤੇ ਅਧਾਰਤ ਸਮਾਜ ਦੀ ਸਿਰਜਣਾ ਲਈ ਚੇਤਨ ਹੋ ਕੇ ਕੰਮ ਕਰਨਾ ਪਏਗਾ।

ਸਾਥੀ ਤੇਜਾ ਸਿੰਘ ਸੁਤੰਤਰ ਲੋਕ ਚੇਤਨਾ ਸੋਸਾਇਟੀ ਵੱਲੋਂ ਸ਼ਹੀਦੇ ਆਜ਼ਮ ਭਗਤ ਸਿੰਘ ਦੇ ਜਨਮ ਦਿਨ ਦੀ ਪੂਰਵ ਸੰਧਿਆ 'ਤੇ ਕਾਮਰੇਡ ਰਣਧੀਰ ਸਿੰਘ ਪ੍ਰਧਾਨ ਦੀ ਅਗਵਾਈ ਹੇਠ ਇੱਕ ਵਿਚਾਰ ਚਰਚਾ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ 'ਅਜੋਕੇ ਸਮੇਂ ਵਿੱਚ ਭਗਤ ਸਿੰਘ ਦੇ ਵਿਚਾਰਾਂ ਦੀ ਪ੍ਰਸੰਗਤਾ' ਵਿਸ਼ੇ 'ਤੇ ਡਾਕਟਰ ਅਰੁਣ ਮਿੱਤਰਾ ਨੇ ਵਿਚਾਰ ਸਾਂਝੇ ਕੀਤੇ।ਉਨ੍ਹਾ ਕਿਹਾ ਕਿ ਸ਼ਹੀਦ ਭਗਤ ਸਿੰਘ ਨੇ ਛੋਟੀ ਜਿਹੀ ਉਮਰ ਵਿੱਚ ਜਿੰਨਾ ਗਿਆਨ ਪ੍ਰਾਪਤ ਕਰ ਲਿਆ ਸੀ, ਉਹ ਲਾ-ਮਿਸਾਲ ਹੈ। ਨੌਜਵਾਨਾਂ ਨੂੰ ਸੰਬੋਧਨ ਕਰਦੇ ਹੋਏ ਉਨ੍ਹਾ ਭਗਤ ਸਿੰਘ ਦੇ ਉਨ੍ਹਾਂ ਨੂੰ ਛੋਟੇ-ਮੋਟੇ ਪਰਉਪਕਾਰ ਦੇ ਕੰਮ ਕਰਨ ਤੇ ਖੁਸ਼ੀਆਂ ਮਨਾਉਣ ਦੇ ਨਾਲ ਨਾਲ ਦੇਸ਼ ਤੇ ਸਮਾਜ ਨੂੰ ਦਰਪੇਸ਼ ਵੱਡੇ ਮਸਲਿਆਂ ਬਾਰੇ ਸੰਘਰਸ਼ ਕਰਨ ਲਈ ਪ੍ਰੇਰਿਤ ਕੀਤਾ।ਭਗਤ ਸਿੰਘ ਨੇ ਕਿਹਾ ਸੀ ਕਿ ਧਰਮ ਦੇ ਅਧਾਰ 'ਤੇ ਵੰਡੀਆਂ ਪਾਉਣਾ ਤੇ ਜਾਤ-ਪਾਤ ਦੇ ਨਾਮ 'ਤੇ ਉਚ-ਨੀਚ ਦਾ ਭੇਦ ਕਰਨਾ ਬਹੁਤ ਹੀ ਮਾੜੀ ਗੱਲ ਹੈ, ਇਸ ਦੇ ਖਿਲਾਫ ਸਮਾਜਿਕ ਚੇਤਨਾ ਪੈਦਾ ਕਰਨ ਦੀ ਬੜੀ ਲੋੜ ਹੈ।ਆਜ਼ਾਦੀ ਦੇ ਸੰਘਰਸ਼ ਵਿੱਚ ਸਭਨਾਂ ਦੀ ਭੂਮਿਕਾ ਦਾ ਹਵਾਲਾ ਦਿੰਦੇ ਹੋਏ ਡਾਕਟਰ ਅਰੁਣ ਮਿੱਤਰਾ ਨੇ ਦੱਸਿਆ ਕਿ ਜੈ ਹਿੰਦ ਦਾ ਨਾਅਰਾ ਤੇ ਇਨਕਲਾਬ ਜ਼ਿੰਦਾਬਾਦ ਦਾ ਨਾਅਰਾ ਆਬਿਦੀਨ ਹਸਨ ਤੇ ਹਸਰਤ ਮੁਹਾਨੀ ਨੇ ਦਿੱਤਾ ਸੀ, ਜੋ ਕਿ ਦੋਨੋਂ ਮੁਸਲਮਾਨ ਸਨ। ਆਰ ਐੱਸ ਐੱਸ ਜੋ ਕਿ ਹੁਣ ਰਾਸ਼ਟਰਵਾਦ ਦੀਆਂ ਗੱਲਾਂ ਕਰਦੀ ਹੈ, ਉਸ ਵੇਲੇ ਇਹ ਇਨ੍ਹਾਂ ਇਨਕਲਾਬੀਆਂ ਦੇ ਉਲਟ ਸਨ ਤੇ ਅੰਗਰੇਜ਼ਾਂ ਦੇ ਨਾਲ ਰਲੇ ਹੋਏ ਸਨ।ਇਸ ਲਈ ਅਜੋਕੇ ਸਮੇਂ 'ਚ ਸ਼ਹੀਦੇ ਆਜ਼ਮ ਭਗਤ ਸਿੰਘ ਦੀ ਸਦਭਾਵਨਾ ਦੀ ਗੱਲ ਬਹੁਤ ਢੁੱਕਵੀਂ ਹੈ।

ਮੀਟਿੰਗ ਵਿੱਚ ਹਾਜ਼ਰ ਸਾਥੀਆਂ ਵਿੱਚ ਕਾਮਰੇਡ ਰਣਧੀਰ ਸਿੰਘ ਧੀਰਾ ਪ੍ਰਧਾਨ, ਸੁਸ਼ੀਲ ਅਗਰਵਾਲ, ਮੁੰਨਾ ਕਮਲੇਸ਼, ਸੁਰਿੰਦਰ, ਪ੍ਰਮੋਦ, ਸੁਰਜੀਤ ਸਿੰਘ, ਪੁਨੀਤ, ਗੁੱਡੂ ਰਾਏ, ਚੰਦਰ ਰਾਏ, ਗੁਰਦੀਪ ਤੇ ਬਿੱਟੂ ਨੇ ਵਿਚਾਰ ਚਰਚਾ ਵਿੱਚ ਹਿੱਸਾ ਲਿਆ।ਐੱਮ ਐੱਸ ਭਾਟੀਆ ਜਨਰਲ ਸਕੱਤਰ ਸਾਥੀ ਤੇਜਾ ਸਿੰਘ ਸੁਤੰਤਰ ਲੋਕ ਚੇਤਨਾ ਸੁਸਾਇਟੀ (ਰਜਿ) ਨੇ ਦੱਸਿਆ ਕਿ ਵਿਚਾਰ ਵਟਾਂਦਰੇ ਤੋਂ ਬਾਅਦ ਮੋਮਬੱਤੀਆਂ ਜਗਾਈਆਂ ਗਈਆਂ ਤੇ ਲੱਡੂ ਵੰਡੇ ਗਏ।

## ਕਾਤਰਾਂ

### ਮੋਟਰਸਾਈਕਲ ਚੋਰੀ ਕਰਨ ਦੇ ਦੋਸ਼ 'ਚ 3 ਵਿਅਕਤੀ ਗ੍ਰਿਫ਼ਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਵੈਰੋਕੇ ਦੀ ਪੁਲਸ ਵੱਲੋਂ ਮੋਟਰਸਾਈਕਲ ਚੋਰੀ ਹੋਣ ਦੇ ਸਬੰਧ ਵਿੱਚ 4 ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਖੁਸ਼ਿਵਾਲ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਲਖਵੀਰ ਸਿੰਘ ਪੁੱਤਰ ਕੁਲਵੰਤ ਸਿੰਘ ਵਾਸੀ ਢਾਣੀ ਰਸਮ ਸਿੰਘ (ਚੱਕ ਪਾਲੀਵਾਲਾ) ਵੱਲੋਂ ਪੁਲਸ ਕੋਲ ਦਰਜ ਕਰਵਾਏ ਗਏ ਬਿਆਨਾਂ ਦੇ ਅਧਾਰ 'ਤੇ ਥਾਣਾ ਵੈਰੋਕੇ ਵਿਖੇ ਚੰਦ ਸਿੰਘ ਪੁੱਤਰ ਸੁਖਮੰਦਰ ਸਿੰਘ ਵਾਸੀ ਅਕਾਲਗੜ੍ਹ (ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ), ਲਖਵੀਰ ਸਿੰਘ ਪੁੱਤਰ ਨਿਸ਼ਾਨ ਸਿੰਘ ਵਾਸੀ ਚੱਕ ਸੁਹੇਲੇ ਵਾਲਾ, ਸੁਖਵਿੰਦਰ ਸਿੰਘ ਪੁੱਤਰ ਸੰਤਪਾਲ ਵਾਸੀ ਲੱਧੂਵਾਲਾ ਉਤਾੜ, ਹਰਮਨਦੀਪ ਸਿੰਘ ਪੁੱਤਰ ਸੁਖਵਿੰਦਰ ਸਿੰਘ ਵਾਸੀ ਲੱਧੂਵਾਲਾ ਉਤਾੜ ਦੇ ਵਿਰੁੱਧ ਦਰਜ ਕੀਤਾ ਗਿਆ ਹੈ। ਪੁਲਸ ਵੱਲੋਂ ਨਾਮਜ਼ਦ ਵਿਅਕਤੀ ਚੰਦ ਸਿੰਘ, ਲਖਵੀਰ ਸਿੰਘ ਤੇ ਸੁਖਵਿੰਦਰ ਸਿੰਘ ਨੂੰ 2 ਚੋਰੀ ਹੋਏ ਮੋਟਰਸਾਈਕਲ ਸਮੇਤ ਗ੍ਰਿਫ਼ਤਾਰ ਕਰਨ ਉਪਰੰਤ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

### ਬਲਕੌਰ ਸਿੰਘ ਨੇ ਨਵੇਂ ਥਾਣਾ ਮੁਖੀ ਦਾ ਚਾਰਜ ਸੰਭਾਲਿਆ



**ਬਰੇਟਾ (ਰੀਤਵਾਲ)**-ਸਥਾਨਕ ਪੁਲਸ ਸਟੇਸ਼ਨ ਵਿਖੇ ਸੋਮਵਾਰ ਨਵੇਂ ਆਏ ਐੱਸ ਐੱਚ ਓ ਬਲਕੌਰ ਸਿੰਘ ਨੇ ਆਪਣੇ ਅਹੁਦੇ ਦਾ ਚਾਰਜ ਸੰਭਾਲ ਲਿਆ ਹੈ।ਚਾਰਜ ਸੰਭਾਲਣ ਮੌਕੇ ਥਾਣੇ ਦੇ ਸਮੂਹ ਸਟਾਫ਼ ਨੇ ਉਨ੍ਹਾਂ ਦਾ ਸਵਾਗਤ ਕੀਤਾ।ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਥਾਣਾ ਮੁਖੀ ਬਲਕੌਰ ਸਿੰਘ ਨੇ ਕਿਹਾ ਕਿ ਇਲਾਕੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਹਰ ਹਾਲ ਵਿੱਚ ਬਣਾਈ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ, ਸਮਾਜ ਵਿਰੋਧੀ ਅਨਸਰਾਂ ਤੇ ਅਪਰਾਧੀ ਪ੍ਰਵਿਰਤੀ ਵਾਲੇ ਲੋਕਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ ਤੇ ਕਿਸੇ ਨੂੰ ਵੀ ਕਾਨੂੰਨ ਹੱਥ ਵਿੱਚ ਲੈਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੁਲਸ ਨਾਲ ਸਹਿਯੋਗ ਕਰਨ ਤੇ ਕਿਸੇ ਵੀ ਸ਼ੱਕੀ ਗਤੀਵਿਧੀ ਦੀ ਸੂਚਨਾ ਤੁਰੰਤ ਥਾਣੇ ਵਿੱਚ ਦੇਣ।ਉਨ੍ਹਾਂ ਭਰੋਸਾ ਦਿੱਤਾ ਕਿ ਥਾਣੇ ਵਿੱਚ ਆਉਣ ਵਾਲੇ ਹਰ ਵਿਅਕਤੀ ਦੀ ਸ਼ਿਕਾਇਤ ਨੂੰ ਸੁਣਿਆ ਜਾਵੇਗਾ ਤੇ ਬਿਨਾਂ ਕਿਸੇ ਪੱਖਪਾਤ ਦੇ ਇਨਸਾਫ਼ ਦਿੱਤਾ ਜਾਵੇਗਾ।ਇਸ ਮੌਕੇ ਥਾਣੇ ਦੇ ਹੋਰ ਪੁਲਸ ਕਰਮਚਾਰੀ ਵੀ ਹਾਜ਼ਰ ਸਨ।

### ਸ਼੍ਰੀਮਦ ਭਾਗਵਤ ਕਥਾ 4 ਤੋਂ

**ਸ੍ਰੀ ਮੁਕਤਸਰ ਸਾਹਿਬ (ਸਮਿੰਦਰ ਪਾਲ, ਪੂਜਾ)**-ਸ਼੍ਰੀਮਦ ਭਾਗਵਤ ਕਥਾ ਸੁਸਾਇਟੀ ਵੱਲੋਂ ਅਜਮੇਰ ਪੈਲੇਸ ਵਿੱਚ 4 ਤੋਂ 11 ਅਕਤੂਬਰ ਤੱਕ ਸ਼੍ਰੀਮਦ ਭਾਗਵਤ ਕਥਾ ਦਾ ਆਯੋਜਨ ਕੀਤਾ ਜਾਵੇਗਾ।ਇਸ ਸਬੰਧੀ ਸੁਸਾਇਟੀ ਦੇ ਪ੍ਰਧਾਨ ਤਰਸੇਮ ਗੋਇਲ ਤੇ ਹੋਰ ਅਹੁਦੇਦਾਰਾਂ ਨੇ ਮੌੜ ਰੋਡ 'ਤੇ ਪ੍ਰੈੱਸ ਕਾਨਫਰੰਸ ਦਾ ਆਯੋਜਨ ਕੀਤਾ।ਪ੍ਰਧਾਨ ਤਰਸੇਮ ਗੋਇਲ ਨੇ ਦੱਸਿਆ ਕਿ ਪਿੱਤਰ ਪੱਖ ਦੇ ਸਬੰਧ ਵਿੱਚ ਇਸ ਕਥਾ ਦਾ ਆਯੋਜਨ ਹੋ ਰਿਹਾ ਹੈ।ਪਿੱਤਰ ਪੱਖ ਵਿੱਚ ਸ਼੍ਰੀਮਦ ਭਾਗਵਤ ਕਥਾ ਸੁਣਨ ਦਾ ਬਹੁਤ ਵੱਡਾ ਮਹੱਤਵ ਹੈ। ਇਸ ਲਈ ਸਾਰੇ ਰੋਜ਼ਾਨਾ ਸ਼ਾਮ 6:00 ਤੋਂ 9:00 ਵਜੇ ਤੱਕ ਕਥਾ ਵਿੱਚ ਜ਼ਰੂਰ ਪਹੁੰਚੋ ਤੇ ਕਥਾ ਵਾਚਕ ਸ੍ਰੀ ਅਨਿਲ ਦਾਸ ਜੀ ਦੇ ਮੁਖਾਰਬਿੰਦ ਤੋਂ ਸ਼੍ਰੀਮਦ ਭਾਗਵਤ ਕਥਾ ਦਾ ਰਸਪਾਨ ਕਰਕੇ ਪੁੰਨ ਲਾਭ ਕਮਾਓ।ਇਸ ਮੌਕੇ ਪੱਪੂ ਸਿੰਗਲਾ, ਸੰਜੀਵ ਜਿੰਦਲ, ਭਾਰਤ ਅਗਰਵਾਲ, ਸੋਨੂੰ ਗੋਇਲ, ਰਾਜੂ ਸ਼ਰਮਾ, ਜੀਵਨ ਸ਼ਰਮਾ, ਸਵਿੱਕੀ ਗਰਗ, ਈਸ਼ਵਰ, ਹੈਪੀ ਬਾਂਸਲ, ਸੁਨੀਲ ਜੈਨ, ਅਜੈ ਕੁੱਚਲ, ਕੁਲਦੀਪ ਗੋਇਲ, ਰਾਜਨ ਬਾਂਸਲ, ਵਿੱਕੀ, ਦੀਪਕ ਪਾਲ ਸ਼ਰਮਾ, ਪੰਡਿਤ ਆਦੇਸ਼ ਸ਼ਰਮਾ ਮੰਨੂ, ਰਾਜੂ ਸ਼ਰਮਾ ਸਮੇਤ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਸਨ।

# 'ਅਜੋਕੇ ਫਾਸ਼ੀਵਾਦੀ ਦੌਰ 'ਚ ਭਗਤ ਸਿੰਘ ਦੇ ਵਿਚਾਰਾਂ ਦੀ ਮਹੱਤਤਾ' ਵਿਸ਼ੇ 'ਤੇ ਸੈਮੀਨਾਰ

**ਲੁਧਿਆਣਾ (ਸਤੀਸ਼ ਸਚਦੇਵਾ)**



ਸ਼ਹੀਦ ਭਗਤ ਸਿੰਘ ਦੇ ਜਨਮ ਦਿਵਸ ਉਪਰ ਤਰਕਸ਼ੀਲ ਸੁਸਾਇਟੀ ਪੰਜਾਬ (ਜੋਨ ਲੁਧਿਆਣਾ) ਵੱਲੋਂ 'ਅਜੋਕੇ ਫਾਸ਼ੀਵਾਦੀ ਦੌਰ ਵਿੱਚ ਭਗਤ ਸਿੰਘ ਦੇ ਵਿਚਾਰਾਂ ਦੀ ਮਹੱਤਤਾ' ਵਿਸ਼ੇ 'ਤੇ ਗਦਰੀ ਸ਼ਹੀਦ ਬਾਬਾ ਭਾਨ ਸਿੰਘ ਯਾਦਗਾਰ ਸੁਨੇਤ (ਲੁਧਿਆਣਾ) ਵਿਖੇ ਸੈਮੀਨਾਰ ਕਰਵਾਇਆ ਗਿਆ, ਜਿਸ ਦੇ ਮੁੱਖ ਬੁਲਾਰੇ ਉੱਘੇ ਸਮਾਜਿਕ ਚਿੰਤਕ ਬਲਵੀਰ ਲੌਂਗੋਵਾਲ ਸਨ।ਪ੍ਰੋਗਰਾਮ ਦੀ ਸ਼ੁਰੂਆਤ ਸਮੇਂ ਉਪਰੋਕਤ ਯਾਦਗਾਰ ਵਿੱਚ ਲੱਗੇ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਬੁੱਤਾਂ ਨੂੰ ਹਾਰ ਪਾ ਕੇ ਉਨ੍ਹਾਂ ਦੇ ਅਧੂਰੇ ਰਹੇ ਨਿਸ਼ਕਾਮੀ ਕਾਰਜ ਨੂੰ ਪੂਰਾ ਕਰਨ ਦਾ ਪ੍ਰਣ ਦੁਹਰਾਇਆ।ਸੈਮੀਨਾਰ ਦੇ ਸ਼ੁਰੂ ਵਿੱਚ ਸਟੇਜ ਸਕੱਤਰ ਜਸਵੰਤ ਜੀਰਖ ਨੇ ਸ਼ਹੀਦ ਭਗਤ ਸਿੰਘ ਵੱਲੋਂ ਆਜ਼ਾਦੀ ਉਪਰੰਤ ਦੇਸ਼ ਦੇ ਨਿਰਮਾਣ ਲਈ ਜੋ ਚਿਤਵਿਆ ਸੀ, ਬਾਰੇ ਭੂਮਿਕਾ ਬਨਦਿਆਂ ਅੱਜ ਦੇ ਫਾਸ਼ੀਵਾਦ ਦੌਰ ਦੀ ਗੱਲ ਕੀਤੀ।ਇਸ ਦੇ ਬਾਅਦ ਮੁਖ ਬੁਲਾਰੇ ਬਲਵੀਰ ਲੌਂਗੋਵਾਲ ਨੇ ਸ਼ਹੀਦ ਭਗਤ ਸਿੰਘ ਦੇ ਜੀਵਨ ਅਤੇ ਆਜ਼ਾਦੀ ਦੇ ਸੰਘਰਸ਼ ਨਾਲ ਸਬੰਧਤ ਫਲਸਫ਼ੇ ਪ੍ਰਤੀ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਦੱਸਿਆ ਕਿ ਸ਼ਹੀਦ ਭਗਤ ਸਿੰਘ ਨੇ ਜੇਲ੍ਹ ਕੱਟਣ ਸਮੇਂ ਹੀ 4 ਮਹੱਤਵਪੂਰਨ ਕਿਤਾਬਾਂ, ਲੋਕ ਚੇਤਨਾ ਲਈ ਦੇਸ਼ ਵਾਸੀਆਂ ਦੀ ਝੋਲੀ ਪਾਈਆਂ ਤੇ ਗਦਰੀ ਵਿਰਾਸਤ ਨੂੰ ਅੱਗੇ ਤੋਰਿਆ।ਉਨ੍ਹਾਂ ਫਲਸਫੇ ਬਾਰੇ ਬੋਲਦਿਆਂ ਕਿਹਾ ਕਿ ਇਕ ਵਿਚਾਰਵਾਦੀ ਤੇ ਦੂਜਾ ਪਦਾਰਥਵਾਦੀ ਫਲਸਫ਼ਾ ਹਨ।ਵਿਚਾਰਵਾਦੀ ਫਲਸਫ਼ਾ ਸਰਮਾਏਦਾਰੀ ਦੇ ਹੱਕ ਵਿੱਚ ਤੇ ਪਦਾਰਥਵਾਦੀ ਫ਼ਲਸਫ਼ਾ ਕਿਰਤੀ ਦੇ ਪੱਖ 'ਚ ਭੁਗਤਦਾ ਹੈ।ਇਸੇ ਕਾਰਨ ਧਰਮਾਂ ਦੀ ਸੋਚ ਸਰਮਾਏਦਾਰੀ ਨਾਲ ਹੈ।ਮੌਜੂਦਾ ਸਿਆਸਤਦਾਨਾਂ ਬਾਰੇ ਬੋਲਦਿਆਂ ਕਿਹਾ ਕਿ ਇਹ ਸ਼ਹੀਦਾਂ ਪ੍ਰਤੀ ਲੋਕਾਂ ਦੇ ਸਤਿਕਾਰ ਨੂੰ ਵੋਟਾਂ ਪ੍ਰਾਪਤ ਕਰਨ ਲਈ ਹੀ ਉਨ੍ਹਾਂ ਦੇ ਗਲਾਂ 'ਚ ਹਾਰ ਪਾਉਂਦੇ ਹਨ, ਉਨ੍ਹਾਂ ਦੀ ਵਿਚਾਰਧਾਰਾ ਨਾਲ ਕੋਈ ਮਤਲਬ ਨਹੀਂ ਰੱਖਦੇ।ਮੌਜੂਦਾ ਸਰਕਾਰਾਂ ਲੋਕਾਂ ਨੂੰ ਧਰਮਾਂ, ਜਾਤਾਂ, ਭਾਸ਼ਾਵਾਂ ਆਦਿ ਵਿੱਚ ਵੰਡ ਕੇ ਉਨ੍ਹਾਂ ਵਿੱਚ ਨਫ਼ਰਤ ਫੈਲਾਅ ਰਹੀਆਂ ਹਨ, ਜਿਸ ਬਾਰੇ ਸ਼ਹੀਦ ਭਗਤ ਸਿੰਘ ਦੇ ਵਿਚਾਰਾਂ ਨੂੰ ਅਪਨਾਉਣ ਦੀ ਅਹਿਮ ਲੋੜ ਹੈ।

ਪ੍ਰੋ. ਜਗਮੋਹਨ ਸਿੰਘ ਪ੍ਰਧਾਨ ਜਮਹੂਰੀ ਅਧਿਕਾਰ ਸਭਾ ਪੰਜਾਬ ਨੇ ਸ਼ਹੀਦ ਭਗਤ ਸਿੰਘ ਦੀਆਂ ਲਿਖਤਾਂ ਸਬੰਧੀ ਖੋਜ ਭਰਪੂਰ ਜਾਣਕਾਰੀ ਦਿੰਦਿਆਂ ਕਿਹਾ ਕਿ ਉਨ੍ਹਾਂ ਨੇ ਨੌਜਵਾਨਾਂ ਨੂੰ ਅੱਗੇ ਵਧਣ ਲਈ ਆ ਰਹੀਆਂ ਸਮੱਸਿਆਵਾਂ ਪ੍ਰਤੀ ਚਿੰਤਨ ਕਰਦਿਆਂ ਆਪਣੀਆਂ ਲਿਖਤਾਂ ਰਾਹੀਂ ਜਾਤ-ਪਾਤ ਤੇ ਧਰਮਾਂ ਦੀਆਂ ਵਲਗਣਾਂ 'ਚੋਂ ਬਾਹਰ ਨਿਕਲਣ ਲਈ ਪ੍ਰੇਰਿਤ ਕੀਤਾ।ਅਗਲੇ ਦੌਰ ਵਿੱਚ ਸਰੋਤਿਆਂ ਦੇ ਸਵਾਲਾਂ ਬਾਰੇ ਪ੍ਰੋ. ਜਗਮੋਹਨ ਸਿੰਘ ਤੇ ਬਲਬੀਰ ਲੌਂਗੋਵਾਲ ਵੱਲੋਂ ਸੰਤੁਸ਼ਟ ਕੀਤਾ ਗਿਆ।ਇਸ ਮੌਕੇ ਮਨਜੀਤ ਘਣਗਸ, ਗੋਲਡੀ ਚੌਹਾਨ, ਕਰਤਾਰ ਵੀਰਾਨ, ਬਲਵਿੰਦਰ ਸਿੰਘ ਨੇ ਬਹੁਤ ਹੀ ਭਾਵਪੂਰਕ ਗੀਤਾਂ ਰਾਹੀਂ ਸ਼ਹੀਦ ਭਗਤ ਸਿੰਘ ਦੀਆਂ ਯਾਦਾਂ ਨਾਲ ਸਾਂਝ ਪਾਈ।ਸੈਮੀਨਾਰ ਵਿੱਚ ਉਪਰੋਕਤ ਦੇ ਇਲਾਵਾ ਸੂਬਾ ਆਗੂ ਮੋਹਨ ਬਡਲਾ, ਜ਼ੋਨ ਆਗੂ ਧਰਮਪਾਲ ਸਿੰਘ ਸਮਸ਼ੇਰ ਨੂਰਪੁਰੀ, ਹਰਚੰਦ ਭਿੰਡਰ, ਸਮੇਤ ਇਕਾਈਆਂ ਦੇ ਮੁਖੀ ਵੱਡੀ ਗਿਣਤੀ ਵਿੱਚ ਹਾਜ਼ਰ ਹੋਏ।ਅਰੁਣ ਕੁਮਾਰ ਨੇ ਤਰਕਸ਼ੀਲ, ਅਗਾਂਹਵਧੂ ਸਾਹਿਤ ਦੀਆਂ ਕਿਤਾਬਾਂ ਦੀ ਸਟਾਲ ਲਾਈ ਤੇ ਮਹੇਸ਼ ਕੁਮਾਰ ਨੇ ਸਮੁੱਚੇ ਪ੍ਰਬੰਧਾਂ ਵਿੱਚ ਅਹਿਮ ਭੂਮਿਕਾ ਨਿਭਾਈ।

# ਰੇਲਵੇ ਲਾਈਨ ਕੋਲੋਂ ਅਣਪਛਾਤੀ ਲਾਸ਼ ਬਰਾਮਦ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਬਠਿੰਡਾ-ਡੱਬਵਾਲੀ ਨੈਸ਼ਨਲ ਹਾਈਵੇਅ 'ਤੇ ਪੈਂਦੇ ਪਿੰਡ ਪਥਰਾਲਾ ਨੇੜੇ ਬਠਿੰਡੇ-ਬੀਕਾਨੇਰ ਰੇਲਵੇ ਲਾਈਨ ਕੋਲੋਂ ਇੱਕ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲਣ ਨਾਲ ਇਲਾਕੇ ਵਿੱਚ ਚਰਚਾ ਫੈਲ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜੀ.ਆਰ.ਪੀ. ਚੌਕੀ ਸੰਗਤ ਦੇ ਹੌਲਦਾਰ ਗਗਨਦੀਪ ਸਿੰਘ ਨੇ ਦੱਸਿਆ ਕਿ ਮ੍ਰਿਤਕ ਦੀ ਲਾਸ਼ ਬਾਰੇ ਅਜਿਹਾ ਕੋਈ ਦਸਤਾਵੇਜ਼ ਜਾਂ ਵਸਤੂ ਨਹੀਂ ਮਿਲੀ, ਜਿਸ ਰਾਹੀਂ ਉਸ ਦੀ ਪਛਾਣ ਹੋ ਸਕੇ।ਮੁੱਢਲੀ ਜਾਂਚ ਦੌਰਾਨ ਇਹ ਅੰਦਾਜ਼ਾ ਲਗਾਇਆ ਜਾ ਰਿਹਾ ਹੈ ਕਿ ਇਸ ਵਿਅਕਤੀ ਦੀ ਮੌਤ ਚੱਲਦੀ ਰੇਲਗੱਡੀ ਤੋਂ ਡਿੱਗਣ ਕਾਰਨ ਹੋਈ ਹੋ ਸਕਦੀ ਹੈ। ਉਨ੍ਹਾਂ ਦੱਸਿਆ ਕਿ ਮ੍ਰਿਤਕ ਦੀ ਉਮਰ ਕਰੀਬ 38-40 ਸਾਲ ਦੇ ਲਗਭਗ ਹੈ।ਉਸ ਨੇ ਲਾਲ, ਕਾਲੀ ਤੇ ਪੀਲੇ ਰੰਗ ਦੀ ਟੀ-ਸ਼ਰਟ ਅਤੇ ਸਲੇਟੀ ਤੇ ਚਿੱਟੀਆਂ ਧਾਰੀਆਂ ਵਾਲੀ ਕੈਪਰੀ ਪਹਿਨੀ ਹੋਈ ਹੈ।ਉਸ ਦੀ ਸੱਜੀ ਬਾਂਹ 'ਤੇ ਕਿਸੇ ਮਹਾਤਮਾ ਦਾ ਵੱਡਾ ਸਾਰਾ ਚਿੱਤਰ ਟੈਟੂ ਦੇ ਰੂਪ ਵਿੱਚ ਬਣਿਆ ਹੋਇਆ ਹੈ, ਜੋ ਉਸ ਦੀ ਪਛਾਣ ਕਰਨ ਵਿੱਚ ਮਹੱਤਵਪੂਰਨ ਸੁਰਾਗ ਬਣ ਸਕਦਾ ਹੈ। ਹੌਲਦਾਰ ਗਗਨਦੀਪ ਸਿੰਘ ਨੇ ਦੱਸਿਆ ਕਿ ਲਾਸ਼ ਦੀ ਪਛਾਣ ਨਾ ਹੋਣ ਕਾਰਨ ਮੌਕੇ ਡੱਬਵਾਲੀ ਐਂਬੂਲੈਂਸ ਟਰੱਸਟ ਦੇ ਹਰਪ੍ਰੀਤ ਸਿੰਘ ਦੀ ਮਦਦ ਨਾਲ ਲਾਸ਼ ਨੂੰ ਬਠਿੰਡਾ ਦੇ ਸਿਵਲ ਹਸਪਤਾਲ ਦੀ ਮੋਰਚਰੀ ਵਿੱਚ 72 ਘੰਟਿਆਂ ਲਈ ਰੱਖਿਆ ਗਿਆ ਹੈ।ਪੁਲਸ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਜੇਕਰ ਕੋਈ ਵਿਅਕਤੀ ਉਪਰੋਕਤ ਹੁਲੀਏ ਜਾਂ ਟੈਟੂ ਦੇ ਆਧਾਰ 'ਤੇ ਮ੍ਰਿਤਕ ਦੀ ਪਛਾਣ ਕਰ ਸਕਦਾ ਹੈ ਤਾਂ ਉਹ ਜੀ.ਆਰ.ਪੀ. ਥਾਣਾ ਸੰਗਤ ਦੇ ਹੌਲਦਾਰ ਗਗਨਦੀਪ ਸਿੰਘ ਨਾਲ 9779710039 'ਤੇ ਸੰਪਰਕ ਕਰੇ।

# ਪੰਜਾਬ ਦੀਆਂ ਇਤਿਹਾਸਕ ਮੰਗਾਂ ਨਾਲ ਜੁੜੇ ਮੁੱਦਿਆਂ ਨੂੰ ਗੰਭੀਰਤਾ ਨਾਲ ਉਠਾਉਣਾ ਸਮੇਂ ਦੀ ਲੋੜ : ਸਿਮਰਨਜੀਤ ਸਿੰਘ ਮਾਨ

**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**



ਸੁਨਾਮ ਇੱਕ ਬਹੁਤ ਹੀ ਇਤਿਹਾਸਕ ਸ਼ਹਿਰ ਹੈ, ਜਿਸ ਨੇ ਸ਼ਹੀਦ ਊਧਮ ਸਿੰਘ ਵਰਗੇ ਮਹਾਨ ਸਪੂਤ ਨੂੰ ਜਨਮ ਦਿੱਤਾ ਤੇ ਸ਼ਹਿਰ ਸੁਨਾਮ ਅਤੇ ਆਸ-ਪਾਸ ਦਾ ਇਲਾਕਾ ਪੰਜਾਬੀ ਤੇ ਸਿੱਖ ਇਤਿਹਾਸ, ਸੱਭਿਆਚਾਰ ਤੇ ਵਿਰਾਸਤ ਨਾਲ ਡੂੰਘੀ ਤਰ੍ਹਾਂ ਜੁੜਿਆ ਹੋਇਆ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ (ਅ) ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਨੇ ਪ੍ਰੈੱਸ ਕਾਨਫਰੰਸ ਦੌਰਾਨ ਕੀਤਾ।

ਮਾਨ ਨੇ 1947 ਦੀ ਵੰਡ ਦਾ ਜ਼ਿਕਰ ਕਰਦਿਆਂ ਕਿਹਾ ਕਿ ਪਾਕਿਸਤਾਨ ਤੋਂ ਉਜੜ ਕੇ ਆਏ ਸਿੱਖ ਪਰਿਵਾਰਾਂ ਨੇ ਪੰਜਾਬ ਤੇ ਇਸ ਇਲਾਕੇ ਵਿੱਚ ਮੁੜ ਆਪਣਾ ਜੀਵਨ ਵਸਾਇਆ।ਉਨ੍ਹਾਂ ਕਿਹਾ ਕਿ ਪੰਜਾਬ ਨਾਲ ਇਤਿਹਾਸਕ ਤੌਰ 'ਤੇ ਕਈ ਵਾਅਦੇ ਤੇ ਰਾਜਨੀਤਕ ਘਟਨਾਵਾਂ ਜੁੜੀਆਂ ਰਹੀਆਂ ਹਨ, ਜਿਨ੍ਹਾਂ ਦਾ ਪ੍ਰਭਾਵ ਅੱਜ ਵੀ ਪੰਜਾਬ ਦੀ ਰਾਜਨੀਤੀ ਤੇ ਸਮਾਜ 'ਤੇ ਦਿਖਾਈ ਦਿੰਦਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੀ ਵੰਡ ਤੋਂ ਲੈ ਕੇ ਬਾਅਦ ਦੀਆਂ ਘਟਨਾਵਾਂ ਤੱਕ ਪੰਜਾਬੀਆਂ ਨੇ ਕਈ ਵੱਡੇ ਦੌਰ ਦੇਖੇ ਹਨ।ਉਨ੍ਹਾਂ ਬੰਦਾ ਸਿੰਘ ਬਹਾਦਰ ਵੱਲੋਂ ਸਰਹਿੰਦ ਦੇ ਸੂਬੇਦਾਰ ਵਜ਼ੀਰ ਖਾਨ ਵਿਰੁੱਧ ਕੀਤੀ ਕਾਰਵਾਈ ਦਾ ਹਵਾਲਾ ਦਿੰਦਿਆਂ ਕਿਹਾ ਕਿ ਪੰਜਾਬ ਦੀ ਧਰਤੀ ਨੇ ਜ਼ੁਲਮ ਦੇ ਖ਼ਿਲਾਫ਼ ਲੜਨ ਵਾਲੇ ਯੋਧਿਆਂ ਨੂੰ ਜਨਮ ਦਿੱਤਾ ਹੈ।ਸਿਆਸੀ ਗੱਠਜੋੜ ਬਾਰੇ ਪੁੱਛੇ ਸਵਾਲ ਦੇ ਜਵਾਬ ਵਿੱਚ ਸਿਮਰਨਜੀਤ ਸਿੰਘ ਮਾਨ ਨੇ ਕਿਹਾ ਕਿ ਵੱਖ-ਵੱਖ ਪਾਰਟੀਆਂ ਨਾਲ ਗੱਲਬਾਤ ਚੱਲ ਰਹੀ ਹੈ, ਪਰ ਅਜੇ ਤੱਕ ਕਿਸੇ ਗੱਠਜੋੜ ਨੂੰ ਅੰਤਿਮ ਰੂਪ ਨਹੀਂ ਦਿੱਤਾ ਗਿਆ।ਚੋਣ ਲੜਨ ਸਬੰਧੀ ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਉਮੀਦਵਾਰਾਂ ਦੀ ਚੋਣ ਕਰਦਿਆਂ ਉਨ੍ਹਾਂ ਦੀ ਪੁਰਾਣੀ ਕਾਰਗੁਜ਼ਾਰੀ, ਲੋਕਾਂ ਨਾਲ ਜੁੜਾਅ ਤੇ ਮੈਦਾਨ ਵਿੱਚ ਕੀਤੇ ਕੰਮ ਨੂੰ ਧਿਆਨ ਵਿੱਚ ਰੱਖਿਆ ਜਾਵੇਗਾ।

ਉਨ੍ਹਾਂ ਕਿਹਾ ਕਿ ਟਿਕਟਾਂ ਦੀ ਵੰਡ ਕਿਸੇ ਰੈਂਡਮ ਤਰੀਕੇ ਨਾਲ ਨਹੀਂ, ਸਗੋਂ ਸਾਰੇ ਪੱਖਾਂ ਨੂੰ ਵੇਖ ਕੇ ਕੀਤੀ ਜਾਵੇਗੀ।ਮਾਨ ਨੇ ਕਿਹਾ ਕਿ ਪੰਜਾਬ ਦੇ ਕਿਸਾਨਾਂ, ਸਿੱਖ ਸੰਸਥਾਵਾਂ, ਧਾਰਮਿਕ ਸਥਾਨਾਂ ਅਤੇ ਪੰਜਾਬ ਦੀਆਂ ਇਤਿਹਾਸਕ ਮੰਗਾਂ ਨਾਲ ਜੁੜੇ ਮੁੱਦਿਆਂ ਨੂੰ ਗੰਭੀਰਤਾ ਨਾਲ ਉਠਾਉਣਾ ਸਮੇਂ ਦੀ ਲੋੜ ਹੈ। ਇਸ ਮੌਕੇ ਸਤਨਾਮ ਸਿੰਘ ਰੱਤੋਕੇ, ਗੁਰਨੈਬ ਸਿੰਘ ਰਾਮਪੁਰਾ ਆਦਿ ਮੌਜੂਦ ਸਨ।

# ਅੰਗਹੀਣ ਯੂਨੀਅਨ ਪੰਜਾਬ ਬਲਾਕ ਜਲਾਲਾਬਾਦ ਵੱਲੋਂ ਸਰਕਾਰ ਵਿਰੁੱਧ ਨਾਅਰੇਬਾਜ਼ੀ



**ਜਲਾਲਾਬਾਦ (ਜੀਤ ਕੁਮਾਰ)**-ਪਿਛਲੇ ਕਾਫੀ ਲੰਮੇ ਤੋਂ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੀ ਅੰਗਹੀਣ ਯੂਨੀਅਨ ਪੰਜਾਬ ਬਲਾਕ ਜਲਾਲਾਬਾਦ (ਪੱਛਮੀ) ਦੀ ਅਹਿਮ ਮੀਟਿੰਗ ਦਾਣਾ ਮੰਡੀ ਦੇ ਸ਼ੈੱਡ ਵਿਖੇ ਬਲਾਕ ਪ੍ਰਧਾਨ ਕ੍ਰਿਸ਼ਨ ਟਿਵਾਣਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਅੰਗਹੀਣ ਸਮਾਜ ਨਾਲ ਸਬੰਧਤ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਤੇ ਸਮੱਸਿਆਵਾਂ ਸਬੰਧੀ ਵਿਚਾਰ-ਵਟਾਂਦਰਾ ਕਰਕੇ ਆਪ ਸਰਕਾਰ ਵੱਲੋਂ ਮੰਗਾਂ ਨੂੰ ਪ੍ਰਵਾਨ ਨਾ ਕਰਨ ਦੇ ਰੋਸ 'ਚ ਨਾਅਰੇਬਾਜ਼ੀ ਕੀਤੀ। ਇਸ ਮੌਕੇ ਸਾਬਕਾ ਜੰਗਲਾਤ ਮੰਤਰੀ ਹੰਸ ਰਾਜ ਜੋਸਨ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਕੁਦਰਤ ਦੀ ਮਾਰ ਦਾ ਸੰਤਾਪ ਭੋਗ ਰਹੇ ਅੰਗਹੀਣ ਵਰਗ ਨੂੰ ਸਰਕਾਰ ਵੱਲੋਂ ਬਣਦੀਆਂ ਸਹੂਲਤਾਂ ਪਹਿਲ ਦੇ ਆਧਾਰ 'ਤੇ ਮੁਹੱਈਆ ਕਰਵਾਈਆਂ ਜਾਣੀਆਂ ਚਾਹੀਦੀਆਂ ਹਨ। ਉਨ੍ਹਾਂ ਕਿਹਾ ਕਿ ਅੰਗਹੀਣਾਂ ਨੂੰ ਲਾਰਿਆਂ ਵਿੱਚ ਰੱਖਣ ਦੀ ਬਜਾਏ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦਾ ਸਥਾਈ ਹੱਲ ਕੀਤਾ ਜਾਣਾ ਚਾਹੀਦਾ ਹੈ। ਹੰਸ ਰਾਜ ਜੋਸਨ ਨੇ ਅੰਗਹੀਣ ਯੂਨੀਅਨ ਦੇ ਆਗੂਆਂ ਨੂੰ ਭਰੋਸਾ ਦਿੰਦਿਆਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਕਾਂਗਰਸ ਪਾਰਟੀ ਵੱਲੋਂ ਤਿਆਰ ਕੀਤੇ ਜਾਣ ਵਾਲੇ ਮੈਨੀਫੈਸਟੋ ਵਿੱਚ ਅੰਗਹੀਣ ਸਮਾਜ ਦੀਆਂ ਮੰਗਾਂ ਨੂੰ ਸ਼ਾਮਲ ਕਰਵਾਉਣ ਲਈ ਯਤਨ ਕੀਤੇ ਜਾਣਗੇ ਅਤੇ ਸਰਕਾਰ ਬਣਨ ਦੀ ਸੂਰਤ ਵਿੱਚ ਇਨ੍ਹਾਂ ਮੰਗਾਂ ਦੇ ਹੱਲ ਨੂੰ ਪਹਿਲ ਦਿੱਤੀ ਜਾਵੇਗੀ। ਮੀਟਿੰਗ ਦੌਰਾਨ ਯੂਨੀਅਨ ਆਗੂਆਂ ਕਿਸ਼ਨ ਟਿਵਾਣਾ ਨੇ ਆਖਿਆ ਕਿ ਸਮਾਂ ਰਹਿੰਦੇ ਸਰਕਾਰ ਨੂੰ ਅੰਗਹੀਣ ਪੈਨਸ਼ਨ ਘੱਟੋ-ਘੱਟ 5 ਹਜ਼ਾਰ ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇ, ਇਸ ਤੋਂ ਇਲਾਵਾ ਖਾਲੀ ਬੈਕਲਾਗ ਤੇ ਰਾਖਵੀਆਂ ਸਰਕਾਰੀ ਅਸਾਮੀਆਂ ਭਰਨ, ਆਰ ਪੀ ਡਬਲਯੂ ਡੀ ਐਕਟ-2016 ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਤੇ ਯੂ.ਆਈ.ਡੀ. ਕਾਰਡ ਦੀ ਸਹੂਲਤ ਨੂੰ ਜ਼ਮੀਨੀ ਪੱਧਰ 'ਤੇ ਪੂਰੀ ਤਰ੍ਹਾਂ ਲਾਗੂ ਕਰਨ ਦੀ ਮੰਗ ਕੀਤੀ ਗਈ। ਆਗੂਆਂ ਨੇ ਕਿਹਾ ਕਿ ਸਰਕਾਰੀ ਦਫ਼ਤਰਾਂ ਤੇ ਵੱਖ-ਵੱਖ ਸਰਕਾਰੀ ਯੋਜਨਾਵਾਂ ਦਾ ਲਾਭ ਅੰਗਹੀਣ ਵਿਅਕਤੀਆਂ ਨੂੰ ਬਿਨਾਂ ਬੇਲੋੜੀ ਪ੍ਰੇਸ਼ਾਨੀ ਤੋਂ ਮਿਲਣਾ ਯਕੀਨੀ ਬਣਾਇਆ ਜਾਵੇ। ਇਸ ਦੇ ਨਾਲ ਪੰਜਾਬ ਰੋਡਵੇਜ਼ ਦੀਆਂ ਬੱਸਾਂ ਵਿੱਚ ਅੰਗਹੀਣਾਂ ਲਈ ਪੂਰਾ ਕਿਰਾਇਆ ਮੁਆਫ਼ ਕਰਨ ਤੇ ਸਰਕਾਰੀ ਇਮਾਰਤਾਂ ਤੇ ਜਨਤਕ ਥਾਵਾਂ ਨੂੰ ਅੰਗਹੀਣਾਂ ਲਈ ਪੂਰੀ ਤਰ੍ਹਾਂ ਪਹੁੰਚਯੋਗ ਬਣਾਉਣ ਦੀ ਮੰਗ ਵੀ ਰੱਖੀ ਗਈ। ਯੂਨੀਅਨ ਮੈਂਬਰਾਂ ਨੇ ਕਿਹਾ ਕਿ ਇਹ ਮੰਗਾਂ ਕਿਸੇ ਇੱਕ ਵਿਅਕਤੀ ਦੀ ਨਹੀਂ, ਸਗੋਂ ਪੂਰੇ ਅੰਗਹੀਣ ਸਮਾਜ ਦੇ ਹੱਕਾਂ ਨਾਲ ਜੁੜੀਆਂ ਹੋਈਆਂ ਹਨ।

ਇਨ੍ਹਾਂ ਹੱਕਾਂ ਦੀ ਪ੍ਰਾਪਤੀ ਲਈ ਸਮੂਹ ਅੰਗਹੀਣ ਵਰਗ ਨੂੰ ਇਕਜੁੱਟ ਹੋ ਕੇ ਆਵਾਜ਼ ਬੁਲੰਦ ਕਰਨ ਦੀ ਲੋੜ ਹੈ। ਇਸ ਮੌਕੇ ਪ੍ਰਧਾਨ ਕ੍ਰਿਸ਼ਨ ਟਿਵਾਣਾ, ਪਰਮਜੀਤ ਸਿੰਘ ਦੁੱਲੇ ਕੇ, ਪ੍ਰਕਾਸ਼ ਸਿੰਘ, ਪਰਮਜੀਤ ਸਿੰਘ, ਬਲਵਿੰਦਰ ਸਿੰਘ, ਮੰਗਲ ਸਿੰਘ ਮੋਹਣੇ ਵਾਲਾ, ਗੁਰਵਿੰਦਰ ਮਿੱਡਾ, ਹਰਮੇਸ਼ ਅਜਾਬਾ, ਮਨਜੀਤ ਮੌਜੇ ਵਾਲਾ, ਬਾਲ ਕ੍ਰਿਸ਼ਨ ਗੁਮਾਨੀ ਵਾਲਾ, ਸੁਖਚੈਨ ਸਿੰਘ ਜਲਾਲਾਬਾਦ, ਕੈਸ਼ੀਅਰ ਸੁਰਿੰਦਰ ਸਿੰਘ ਸੰਤੋਖਾ, ਪ੍ਰੈਸ ਸਕੱਤਰ ਰਾਜ ਸਿੰਘ ਸਮੇਤ ਹੋਰ ਮੈਂਬਰ ਹਾਜ਼ਰ ਸਨ।

# ਅਜਮੇਰ ਔਲਖ ਦੇ ਨਾਟਕ 'ਸਲਮਾਨ' ਦੀ ਸਫ਼ਲ ਪੇਸ਼ਕਾਰੀ

**ਬਠਿੰਡਾ (ਬਖਤੌਰ ਢਿੱਲੋਂ)**-ਥੀਏਟਰ ਫਾਰ ਥੀਏਟਰ ਚੰਡੀਗੜ੍ਹ ਦੀ ਟੀਮ ਵੱਲੋਂ ਬੀਤੀ ਦੇਰ ਸਾਮ ਸਥਾਨਕ ਬਲਵੰਤ ਗਾਰਗੀ ਐਡੀਟੋਰੀਅਮ ਵਿਖੇ ਉੱਘੇ ਨਾਟਕਕਾਰ ਸ੍ਰੀ ਅਜਮੇਰ ਔਲਖ ਦਾ ਨਾਟਕ 'ਸਲਮਾਨ' ਗੁਰਪ੍ਰੀਤ ਸਿੰਘ ਦੀ ਨਿਰਦੇਸ਼ਨਾ ਹੇਠ ਖੇਡਿਆ ਗਿਆ। ਨਾਟਿਅਮ ਵੱਲੋਂ ਕਰਵਾਏ ਜਾ ਰਹੇ ਨੈਸ਼ਨਲ ਥੀਏਟਰ ਫੈਸਟੀਵਲ ਦੇ ਦੂਜੇ ਦਿਨ ਖੇਡੇ ਇਸ ਨਾਟਕ ਰਾਹੀਂ ਗਰੀਬੀ, ਆਰਥਿਕ ਤੰਗੀ ਤੇ ਮਨੁੱਖੀ ਰਿਸ਼ਤਿਆਂ ਦੀਆਂ ਗੁੰਝਲਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਰਸ਼ਕਾਂ ਅੱਗੇ ਪੇਸ਼ ਕਰਕੇ ਦਰਸ਼ਕਾਂ ਨੂੰ ਸੋਚਣ ਲਈ ਮਜਬੂਰ ਕਰ ਦਿੱਤਾ। ਸਲਮਾਨ, ਜੋ ਨਾਟਕ ਦਾ ਮੁੱਖ ਪਾਤਰ ਹੈ, ਬਹੁਤ ਗਰੀਬ ਤੇ ਆਰਥਿਕ ਤੰਗ ਹੰਢਾ ਰਿਹਾ ਹੈ। ਉਹ ਆਪਣੀ ਗਰਭਵਤੀ ਪਤਨੀ ਤੇ ਘਰ ਪਰਿਵਾਰ ਛੱਡ ਦਿੰਦਾ ਹੈ। ਪੈਸਾ ਕਮਾਉਣ ਦੀ ਲਾਲਸਾ ਵਿੱਚ ਗਲਤ ਰਸਤਾ ਅਪਣਾਉਂਦਾ ਹੋਇਆ ਅਪਰਾਧ ਦੀ ਦੁਨੀਆ ਵਿੱਚ ਸ਼ਾਮਲ ਹੋ ਜਾਂਦਾ ਹੈ। ਕਰੀਬ ਤੀਹ ਸਾਲ ਬਾਅਦ ਧਨ ਦੌਲਤ ਕਮਾ ਕੇ ਆਪਣੇ ਘਰ ਆਉਂਦਾ ਹੈ, ਪਰ ਉਦੋਂ ਤੱਕ ਪਰਵਾਰ ਦੇ ਹਾਲਾਤ ਬਦਲ ਚੁੱਕੇ ਹੁੰਦੇ ਹਨ। ਨਾਟਕ ਰਾਹੀਂ ਦਰਸਾਇਆ ਗਿਆ ਹੈ ਕਿ ਪੈਸਾ ਮਨੁੱਖ ਦੀਆਂ ਸਾਰੀਆਂ ਕਮੀਆਂ ਪੂਰੀਆਂ ਨਹੀਂ ਕਰ ਸਕਦਾ ਅਤੇ ਬੀਤਿਆ ਸਮਾਂ ਤੇ ਗੁਆਏ ਰਿਸ਼ਤੇ ਮੁੜ ਹਾਸਲ ਕਰਨੇ ਹਮੇਸ਼ਾ ਸੰਭਵ ਨਹੀਂ ਹੁੰਦੇ। ਦਿਨ ਸਮੇਂ ਪੁਸਤਕ ਪ੍ਰਦਰਸ਼ਨੀਆਂ ਵਿੱਚ ਵੀ ਗਹਿਮਾ ਗਹਿਮੀ ਰਹੀ। ਸਕੂਲੀ ਵਿਦਿਆਰਥੀਆਂ ਨੇ ਫੈਸਟੀਵਲ ਦੀ ਰੌਣਕ ਵਧਾਈ। ਦਰਸ਼ਕਾਂ ਨੇ ਯਾਦਗਾਰੀ ਏ ਰਵੀ ਸੁਸਾਇਟੀ ਵੱਲੋਂ ਪੇਸ਼ ਕੀਤੀ ਗਾਇਕੀ ਦਾ ਵੀ ਆਨੰਦ ਮਾਣਿਆ।



# ਸਰਕਾਰੀ ਤੇ ਅਰਧ ਸਰਕਾਰੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਵੱਡਾ ਮੋਰਚਾ ਖੋਲ੍ਹਣ ਦਾ ਫੈਸਲਾ



**ਲੁਧਿਆਣਾ (ਸਤੀਸ਼ ਸਚਦੇਵਾ)**-ਪੰਜਾਬ ਸਰਕਾਰ ਦੇ ਸਮੂਹ ਸਰਕਾਰੀ ਤੇ ਅਰਧ ਸਰਕਾਰੀ ਮੁਲਾਜ਼ਮਾਂ ਤੇ ਸੇਵਾਮੁਕਤ ਹੋਏ ਪੈਨਸ਼ਨਰਾਂ ਵੱਲੋਂ ਵੱਖ-ਵੱਖ ਮੰਗਾਂ ਨੂੰ ਲੈ ਕੇ ਪੰਜਾਬ ਸਰਕਾਰ ਵਿਰੁੱਧ ਪਿਛਲੇ ਸਮੇਂ ਦੇ ਮੁਕਾਬਲੇ ਹੁਣ ਹੋਰ ਵੱਡਾ ਮੋਰਚਾ ਖੋਲ੍ਹਣ ਦਾ ਫੈਸਲਾ ਲਿਆ ਗਿਆ ਹੈ। ਲੁਧਿਆਣਾ ਵਿੱਚ ਵੱਖ ਵੱਖ-ਵੱਖ ਮੁਲਾਜ਼ਮ ਜਥੇਬੰਦੀਆਂ ਦਾ ਸਾਂਝਾ ਸੰਗਠਨ ਸਾਂਝਾ ਮੁਲਾਜ਼ਮ ਮੰਚ ਪੰਜਾਬ ਅਤੇ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਤੋਂ ਇਲਾਵਾ ਸਕੱਤਰੇਤ ਪੰਜਾਬ ਚੰਡੀਗੜ੍ਹ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਸਾਂਝਾ ਗੱਠਜੋੜ ਲੀਡਰਸ਼ਿਪ ਦੀ ਲੁਧਿਆਣਾ ਵਿੱਚ ਮਹੱਤਵਪੂਰਨ ਬੈਠਕ ਹੋਈ, ਜਿਸ ਦੀ ਅਗਵਾਈ ਸਾਂਝੇ ਤੌਰ 'ਤੇ ਸਾਂਝਾਂ ਮੁਲਾਜ਼ਮ ਮੰਚ ਪੰਜਾਬ ਦੇ ਮੁੱਖ ਕਨਵੀਨਰ ਗੁਰਨਾਮ ਸਿੰਘ ਵਿਰਕ ਅਤੇ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਮੁੱਖ ਕੋਆਰਡੀਨੇਟਰ ਸਤੀਸ਼ ਰਾਣਾ ਤੇ ਸਕੱਤਰੇਤ ਪੰਜਾਬ ਚੰਡੀਗੜ੍ਹ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਪ੍ਰਮੁੱਖ ਆਗੂ ਸੁਖਚੈਨ ਸਿੰਘ ਖਹਿਰਾ ਨੇ ਕੀਤੀ।ਇਸ ਮੌਕੇ ਸੂਬਾਈ ਆਗੂਆਂ ਵੱਲੋਂ ਮੰਗਾਂ ਨੂੰ ਲੈ ਕੇ ਸੰਘਰਸ਼ ਨੂੰ ਹੋਰ ਤੇਜ਼ ਕਰਨ ਲਈ ਲਏ ਗਏ ਅਹਿਮ ਫ਼ੈਸਲਿਆਂ ਨੂੰ ਸੂਬੇ ਦੇ ਸਮੂਹ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਬਾਹਾਂ ਖੜ੍ਹੀਆਂ ਕਰਕੇ ਪ੍ਰਵਾਨ ਕੀਤਾ ਗਿਆ ਕਿ ਅਗਲੇ ਮਹੀਨੇ 10 ਅਕਤੂਬਰ ਨੂੰ ਸੰਗਰੂਰ ਵਿੱਚ ਸੂਬੇ ਦੇ ਸਮੂਹ ਵਿਭਾਗਾਂ ਦੇ ਸਮੂਹ ਮੁਲਾਜ਼ਮ ਤੇ ਪੈਨਸ਼ਨਰ ਸੂਬਾ ਪੱਧਰੀ ਰੋਸ ਰੈਲੀ ਕਰਕੇ ਪਿਛਲੇ ਦਿਨੀਂ ਚੰਡੀਗੜ੍ਹ ਵਿੱਚ ਕੀਤੀ ਗਈ ਰੋਸ ਰੈਲੀ ਨਾਲੋਂ ਵੱਡਾ ਇਕੱਠ ਕਰਕੇ ਰਿਕਾਰਡ ਤੋੜਨਗੇ ਅਤੇ ਮਾਨ ਸਰਕਾਰ ਨੂੰ ਦੱਸਣਗੇ ਕਿ 18 ਸਤੰਬਰ ਨੂੰ ਚੰਡੀਗੜ੍ਹ ਵਿੱਚ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਕਿਵੇਂ ਬਲੈਕਮੇਲ ਕਰਕੇ ਉਨ੍ਹਾਂ ਦੀਆਂ ਮੰਗਾਂ ਤੇ ਵੱਕਾਰ ਨੂੰ ਸੱਟ ਮਾਰਨ ਦੀ ਸਾਜ਼ਿਸ਼ ਕੀਤੀ ਗਈ ਹੈ।ਆਗੂਆਂ ਨੇ ਕਿਹਾ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਪੰਜਾਬ ਸਰਕਾਰ ਵੱਲੋਂ ਦਿੱਤਾ ਗਿਆ 8 ਫ਼ੀਸਦੀ ਮਹਿੰਗਾਈ ਭੱਤਾ ਕਿਸੇ ਵੀ ਕੀਮਤ 'ਤੇ ਮਨਜ਼ੂਰ ਨਹੀਂ ਹੈ।ਉਨ੍ਹਾਂ ਕਿਹਾ ਕਿ 21 ਤੇ 22 ਅਕਤੂਬਰ ਨੂੰ ਸਮੂਹ ਮੁਲਾਜ਼ਮ ਸਮੂਹਕ ਛੁੱਟੀ ਲੈ ਕੇ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ ਕਰਨਗੇ।

ਉਨ੍ਹਾਂ ਮੰਗ ਕੀਤੀ ਕਿ ਹਾਈਕੋਰਟ ਵੱਲੋਂ ਸੂਬੇ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਹੱਕ ਵਿੱਚ ਸੁਣਾਏ ਗਏ ਫ਼ੈਸਲੇ ਤਹਿਤ 60 ਫ਼ੀਸਦੀ ਮਹਿੰਗਾਈ ਭੱਤਾ ਦਿੱਤਾ ਜਾਵੇ।ਆਗੂਆਂ ਨੇ ਕਿਹਾ ਕਿ ਮੁਲਾਜ਼ਮ/ਪੈਨਸ਼ਨਰ ਫਰੰਟ ਮੁਲਾਜ਼ਮ ਮੰਚ ਵੱਲੋਂ 30 ਸਤੰਬਰ ਨੂੰ ਚੰਡੀਗੜ੍ਹ ਵਿਖੇ ਵਿਧਾਨ ਸਭਾ ਦਾ ਸੈਸ਼ਨ ਬੁਲਾਉਣ ਲਈ, ਜੋ ਪ੍ਰੋਗਰਾਮ ਉਲੀਕਿਆ ਗਿਆ ਸੀ, ਨੂੰ ਹਾਲ ਦੀ ਘੜੀ ਮੁਲਤਵੀ ਕਰ ਦਿੱਤਾ ਗਿਆ ਹੈ।

# ਮਾਰਕੀਟ ਕਮੇਟੀ ਮਹਿਲ ਕਲਾਂ 'ਚ ਛਿੜੀ ਕੁਰਸੀ ਦੀ ਜੰਗ

**ਦਫ਼ਤਰ 'ਤੇ ਆਪੋ ਆਪਣੇ ਨਾਮ ਦੀ ਤਖ਼ਤੀ ਲਗਾਉਣ ਨੂੰ ਲੈ ਕੇ ਆਹਮੋ-ਸਾਹਮਣੇ ਹੋਏ ਦੋਵੇਂ ਚੇਅਰਮੈਨ**



ਦਫ਼ਤਰ 'ਚੋਂ ਚੇਅਰਮੈਨ ਪੁਨੀਤ ਮਾਨ ਦੇ ਨਾਂਅ ਵਾਲੀ ਤਖ਼ਤੀ ਉਤਾਰਦੇ ਹੋਏ ਚੇਅਰਮੈਨ ਸੁਖਵਿੰਦਰ ਦਾਸ ਕੁਰੜ ਤੇ ਉਨ੍ਹਾਂ ਦੇ ਸਮਰਥਕ।

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਮਾਰਕੀਟ ਕਮੇਟੀ ਮਹਿਲ ਕਲਾਂ ਵਿੱਚ ਚੇਅਰਮੈਨੀ ਦੇ ਅਹੁਦੇ ਨੂੰ ਲੈ ਕੇ ਆਮ ਆਦਮੀ ਪਾਰਟੀ ਦੇ ਦੋ ਆਗੂਆਂ ਦਰਮਿਆਨ ਸਿਆਸੀ ਖਿੱਚੋਤਾਣ ਤੇਜ਼ ਹੋ ਗਈ ਹੈ।ਸਰਕਾਰ ਵੱਲੋਂ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਪੁਨੀਤ ਮਾਨ ਨੂੰ ਨਵਾਂ ਚੇਅਰਮੈਨ ਨਿਯੁਕਤ ਕੀਤੇ ਜਾਣ ਦੇ ਐਲਾਨ ਤੋਂ ਬਾਅਦ ਮੌਜੂਦਾ ਚੇਅਰਮੈਨ ਸੁਖਵਿੰਦਰ ਦਾਸ ਕੁਰੜ ਨੇ ਕੁਰਸੀ ਛੱਡਣ ਤੋਂ ਸਾਫ਼ ਇਨਕਾਰ ਕਰ ਦਿੱਤਾ ਹੈ।ਇਹ ਵਿਵਾਦ ਉਸ ਵੇਲੇ ਹੋਰ ਗੰਭੀਰ ਹੋ ਗਿਆ, ਜਦੋਂ ਦਫ਼ਤਰ ਵਿੱਚ ਲੱਗੀਆਂ ਨੇਮ ਪਲੇਟਾਂ ਨੂੰ ਲੈ ਕੇ ਟਕਰਾਅ ਵਾਲੀ ਸਥਿਤੀ ਬਣ ਗਈ।ਜਾਣਕਾਰੀ ਅਨੁਸਾਰ ਬੀਤੇ ਸ਼ਨੀਵਾਰ ਨੂੰ ਨਵੇਂ ਨਿਯੁਕਤ ਚੇਅਰਮੈਨ ਬਰਜਿੰਦਰਪਾਲ ਸਿੰਘ ਪੁਨੀਤ ਮਾਨ ਦੇ ਸਮਰਥਕਾਂ ਨੇ ਦਫ਼ਤਰ ਪਹੁੰਚ ਕੇ ਸੁਖਵਿੰਦਰ ਦਾਸ ਕੁਰੜ ਦੇ ਨਾਂ ਵਾਲੀ ਤਖ਼ਤੀ ਉਤਾਰ ਦਿੱਤੀ ਅਤੇ ਪੁਨੀਤ ਮਾਨ ਦੇ ਨਾਂ ਦੀ ਤਖ਼ਤੀ ਲਗਾ ਕੇ ਮੀਟਿੰਗ ਕੀਤੀ।ਇਸ ਦੇ ਜਵਾਬ ਵਿੱਚ ਅੱਜ ਮੌਜੂਦਾ ਚੇਅਰਮੈਨ ਸੁਖਵਿੰਦਰ ਦਾਸ ਕੁਰੜ ਆਪਣੇ ਸਮਰਥਕਾਂ ਸਮੇਤ ਦਫ਼ਤਰ ਪੁੱਜੇ ਤੇ ਪੁਨੀਤ ਮਾਨ ਦੇ ਨਾਂ ਵਾਲੀ ਤਖ਼ਤੀ ਉਤਾਰ ਕੇ ਮੁੜ ਆਪਣੇ ਨਾਂ ਦੀ ਤਖ਼ਤੀ ਲਗਾ ਦਿੱਤੀ।ਉਨ੍ਹਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਹ ਸਾਲ 2013 ਤੋਂ ਪਾਰਟੀ ਦੀ ਸੇਵਾ ਕਰ ਰਹੇ ਹਨ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਸੌਂਪੀ ਗਈ ਸੀ।ਉਨ੍ਹਾਂ ਸਪੱਸ਼ਟ ਕੀਤਾ ਕਿ ਪੁਨੀਤ ਮਾਨ ਦੀ ਨਿਯੁਕਤੀ ਸਬੰਧੀ ਨੋਟੀਫ਼ਿਕੇਸ਼ਨ ਜਾਂ ਹੁਕਮ ਉਨ੍ਹਾਂ ਤੱਕ ਨਹੀਂ ਪਹੁੰਚਿਆ ਤੇ ਨਾ ਹੀ ਪਾਰਟੀ ਨੇ ਉਨ੍ਹਾਂ ਦਾ ਕੋਈ ਅਸਤੀਫ਼ਾ ਮੰਗਿਆ ਹੈ।ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਮੁੜ ਕਿਸੇ ਨੇ ਉਨ੍ਹਾਂ ਦੇ ਨਾਮ ਵਾਲੀ ਤਖ਼ਤੀ ਨਾਲ ਛੇੜਛਾੜ ਕੀਤੀ ਤਾਂ ਉਸ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇਗਾ।ਉਨ੍ਹਾਂ ਪੁਨੀਤ ਮਾਨ ਵੱਲੋਂ ਚੇਅਰਮੈਨ ਦੀ ਕੁਰਸੀ 'ਤੇ ਬੈਠ ਕੇ ਫੋਟੋਆਂ ਤੇ ਵੀਡੀਓਜ਼ ਸੋਸ਼ਲ ਮੀਡੀਆ 'ਤੇ ਵਾਇਰਲ ਕੀਤੇ ਜਾਣ ਨੂੰ ਗੈਰ-ਕਾਨੂੰਨੀ ਦੱਸਿਆ।ਇਸ ਸਮੇਂ ਦਲਿਤ ਆਗੂ ਰਿੰਕਾ ਕੁਤਬਾ ਬਾਹਮਣੀਆਂ, ਗੁਰਦੀਪ ਸਿੰਘ ਸੋਢਾ, ਸਮਨਦੀਪ ਸਿੰਘ, ਹਬੀਬ ਮੁਹੰਮਦ, ਹਰਦੀਪ ਸਿੰਘ ਦੀਪੀ, ਪੰਚ ਸਰਬਜੀਤ ਸਿੰਘ, ਸੋਨੀ ਜਗਦੇ, ਗੁਰਤੇਜ ਸਰਾਂ, ਸੁੱਖਾ ਸਿੰਘ ਨੰਬਰਦਾਰ, ਹਰਪ੍ਰੀਤ ਸਿੰਘ ਟਿੱਬਾ, ਬਲਵਿਦਰ ਸਿੰਘ, ਹੈਪੀ ਔਲਖ, ਸਤਨਾਮ ਸਿੰਘ ਪੰਚ, ਜਗਸੀਰ ਸਿੰਘ ਪੰਚ, ਦਵਿੰਦਰ ਸਿੰਘ ਬਧੇਸ਼ਾ ਆਦਿ ਹਾਜ਼ਰ ਸਨ।ਦੂਜੇ ਪਾਸੇ ਪੁਨੀਤ ਮਾਨ ਨੇ ਕਿਹਾ ਕਿ ਪਾਰਟੀ ਹਾਈ ਕਮਾਨ ਉਨ੍ਹਾਂ ਨੂੰ ਚੇਅਰਮੈਨ ਨਿਯੁਕਤ ਕਰ ਚੁੱਕੀ ਹੈ ਤੇ ਉਹ ਅੱਜ ਵਾਲੀ ਘਟਨਾ ਸਬੰਧੀ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨਾਲ ਗੱਲ ਕਰਨਗੇ। ਹਲਕਾ ਵਿਧਾਇਕ ਪੰਡੋਰੀ ਨੇ ਕਿਹਾ ਕਿ ਪੁਨੀਤ ਮਾਨ ਨੂੰ ਨਵਾਂ ਚੇਅਰਮੈਨ ਥਾਪਿਆ ਗਿਆ ਹੈ ਤੇ ਨੋਟੀਫ਼ਿਕੇਸ਼ਨ ਇਕ-ਦੋ ਦਿਨਾਂ ਵਿੱਚ ਹੋ ਜਾਵੇਗਾ।

# ਵਿਸ਼ਾਲ ਖ਼ੂਨਦਾਨ ਕੈਂਪ ਦੌਰਾਨ 350 ਯੂਨਿਟ ਖ਼ੂਨ ਇਕੱਤਰ



**ਬੁਢਲਾਡਾ (ਅਸ਼ੋਕ ਲਾਕੜਾ)**-ਸ਼ਹੀਦ-ਏ-ਆਜ਼ਮ ਸ੍ਰ. ਭਗਤ ਸਿੰਘ ਜੀ ਦੇ ਜਨਮ ਦਿਨ ਨੂੰ ਸਮਰਪਤ ਨੇਕੀ ਫਾਊਂਡੇਸ਼ਨ ਬੁਢਲਾਡਾ ਵੱਲੋਂ ਇੰਡੀਅਨ ਰੈੱਡ ਕਰਾਸ ਮਾਨਸਾ ਦੀ ਅਗਵਾਈ ਹੇਠ ਸਮੂਹ ਸਮਾਜ ਸੇਵੀ ਸੰਸਥਾਵਾਂ, ਕਲੱਬਾਂ ਤੇ ਸਹਿਯੋਗੀ ਸੱਜਣਾਂ ਦੇ ਸਹਿਯੋਗ ਨਾਲ ਸ਼੍ਰੀ ਰਾਮ ਲੀਲ੍ਹਾ ਗਰਾਊਂਡ ਬੁਢਲਾਡਾ ਵਿਖੇ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ ਗਿਆ।ਕੈਂਪ ਸਵੇਰੇ 8 ਵਜੇ ਤੋਂ ਦੁਪਹਿਰ 3 ਵਜੇ ਤੱਕ ਚੱਲਿਆ।ਕੈਂਪ ਵਿੱਚ ਖ਼ੂਨਦਾਨੀਆਂ ਦਾ ਉਤਸ਼ਾਹ ਇੰਨਾ ਜ਼ਿਆਦਾ ਸੀ ਕਿ ਖ਼ੂਨ ਦਾਨ ਕਰਨ ਲਈ ਲੰਬੀਆਂ-ਲੰਬੀਆਂ ਕਤਾਰਾਂ ਲੱਗੀਆਂ ਰਹੀਆਂ ਤੇ ਕਈ ਖ਼ੂਨਦਾਨੀਆਂ ਨੇ ਘੰਟਿਆਂ ਤੱਕ ਆਪਣੀ ਵਾਰੀ ਦੀ ਉਡੀਕ ਕੀਤੀ।ਆਪਣੀ ਵਾਰੀ ਆਉਣ 'ਤੇ ਇਨ੍ਹਾਂ ਸੇਵਾਦਾਰਾਂ ਨੇ ਪੂਰੇ ਉਤਸ਼ਾਹ ਨਾਲ ਖ਼ੂਨ ਦਾਨ ਕਰਕੇ ਮਨੁੱਖਤਾ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾਇਆ।ਕੈਂਪ ਦੌਰਾਨ ਕੁੱਲ 350 ਯੂਨਿਟ ਖ਼ੂਨ ਦਾਨ ਹੋਇਆ।ਇਸ ਵਿੱਚੋਂ 150 ਯੂਨਿਟ ਬਲੱਡ ਬੈਂਕ ਮਾਨਸਾ ਤੇ 200 ਯੂਨਿਟ ਸਿਵਲ ਬਲੱਡ ਬੈਂਕ ਬਠਿੰਡਾ ਨੂੰ ਦਿੱਤੇ ਗਏ।ਕੈਂਪ ਦੌਰਾਨ ਸ਼ਹੀਦ ਭਗਤ ਸਿੰਘ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਕੇ ਉਨ੍ਹਾਂ ਦੀ ਮਹਾਨ ਕੁਰਬਾਨੀ ਨੂੰ ਯਾਦ ਕੀਤਾ ਗਿਆ।ਖ਼ੂਨਦਾਨੀਆਂ ਤੇ ਨੇਕੀ ਫਾਊਂਡੇਸ਼ਨ ਦੇ ਮੈਂਬਰਾਂ ਵੱਲੋਂ ਸ਼ਮ੍ਹਾਂ ਰੌਸ਼ਨ ਕਰਕੇ ਸ਼ਹੀਦ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੌਕੇ ਇੰਡੀਅਨ ਰੈੱਡ ਕਰਾਸ ਸੋਸਾਇਟੀ, ਮਾਨਸਾ ਦੇ ਸਕੱਤਰ ਉਤਮਪਾਲ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ।ਨੇਕੀ ਫਾਊਂਡੇਸ਼ਨ ਦੇ ਸਮੂਹ ਮੈਂਬਰਾਂ ਤੋਂ ਇਲਾਵਾ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ, ਕਲੱਬਾਂ ਤੇ ਹੋਰ ਸੰਗਠਨਾਂ ਦੇ ਨੁਮਾਇੰਦਿਆਂ ਨੇ ਵੀ ਕੈਂਪ ਵਿੱਚ ਪਹੁੰਚ ਕੇ ਸਹਿਯੋਗ ਦਿੱਤਾ।ਕੈਂਪ ਦੌਰਾਨ ਮਸ਼ਹੂਰ ਪੰਜਾਬੀ ਅਦਾਕਾਰ ਰਣਵੀਰ ਰਾਣਾ ਦੇ ਸ਼ੋਅ ਬੰਦੇ ਬਣੋ ਬੰਦੇ, ਜੋ ਕਿ 24 ਅਕਤੂਬਰ 2026 ਨੂੰ ਬੁਢਲਾਡਾ ਵਿਖੇ ਹੋਣ ਜਾ ਰਿਹਾ ਹੈ, ਦੇ ਵਿਸ਼ੇਸ਼ ਪਾਸ ਵੀ ਸਾਰੇ ਖ਼ੂਨਦਾਨੀਆਂ ਨੂੰ ਵੰਡੇ ਗਏ।ਖ਼ੂਨਦਾਨੀਆਂ ਨੂੰ ਸ਼ਹੀਦ ਭਗਤ ਸਿੰਘ ਜੀ ਦੀ ਯਾਦ ਵਿੱਚ ਸਨਮਾਨਤ ਟੀ-ਸ਼ਰਟਾਂ ਵੀ ਦਿੱਤੀਆਂ ਗਈਆਂ।

# ਬੀਬਾ ਰੰਧਾਵਾ ਤੇ ਦੁੱਗਲ ਦੀ ਅਗਵਾਈ 'ਚ ਕਾਂਗਰਸ ਵੱਲੋਂ ਵਿਸ਼ਾਲ ਧਰਨਾ

■ ਪ੍ਰਧਾਨ ਮੰਤਰੀ ਮੋਦੀ ਦਾ ਫੂਕਿਆ ਪੁਤਲਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਜ਼ਿਲ੍ਹਾ ਕਾਂਗਰਸ ਪਟਿਆਲਾ ਦਿਹਾਤੀ ਤੇ ਸ਼ਹਿਰੀ ਨੇ ਦੇਸ਼ ਦੀ ਚੋਣ ਪ੍ਰਕਿਰਿਆ ਦੇ ਗੰਭੀਰ ਖ਼ਤਰੇ ਨੂੰ ਮੱਦੇਨਜ਼ਰ ਰੱਖਦੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੂੰ ਦਖ਼ਲ ਦੇਣ ਦੀ ਅਪੀਲ ਕੀਤੀ ਹੈ।ਜ਼ਿਲ੍ਹਾ ਕਾਂਗਰਸ ਦੇ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਤੇ ਨਰੇਸ਼ ਦੁੱਗਲ ਨੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਅਹੁਦੇ ਤੋਂ ਹਟਾਉਣ ਤੇ ਉਨ੍ਹਾਂ ਖ਼ਿਲਾਫ਼ ਐੱਫ.ਆਈ.ਆਰ. ਦਰਜ ਕਰਨ ਦੀ ਮੰਗ ਕੀਤੀ ਹੈ।ਰਾਸ਼ਟਰਪਤੀ ਨੂੰ ਸੰਬੋਧਤ ਇੱਕ ਮੰਗ ਪੱਤਰ ਵਿੱਚ ਜ਼ਿਲ੍ਹਾ ਕਾਂਗਰਸ ਪਟਿਆਲਾ ਦਿਹਾਤੀ ਦੇ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਤੇ ਸ਼ਹਿਰੀ ਪ੍ਰਧਾਨ ਨਰੇਸ਼ ਦੁੱਗਲ ਨੇ ਦੋਸ਼ ਲਾਇਆ ਕਿ ਕੁਮਾਰ ਨੇ ਚੋਣ ਪ੍ਰਕਿਰਿਆ ਨੂੰ 'ਖਰਾਬ ਕੀਤਾ ਤੇ ਨੁਕਸਾਨ ਪਹੁੰਚਾਇਆ' ਹੈ।ਉਨ੍ਹਾਂ ਦਾਅਵਾ ਕੀਤਾ ਕਿ ਵੋਟਰ ਸੂਚੀਆਂ ਵਿੱਚੋਂ ਨਾਂ ਕੱਟ ਕੇ ਇਕੱਲੇ ਦਮ 'ਤੇ ਹੀ 13.8 ਕਰੋੜ ਵੋਟਰਾਂ ਨੂੰ ਵੋਟ ਦੇ ਅਧਿਕਾਰ ਤੋਂ ਵਾਂਝਾ ਕਰ ਦਿੱਤਾ ਗਿਆ ਹੈ।ਇਸ ਮੌਕੇ ਪਟਿਆਲਾ ਦੇ ਸਾਂਸਦ ਡਾਕਟਰ ਧਰਮਵੀਰ ਗਾਂਧੀ ਨੇ ਕਿਹਾ ਕਿ ਵੋਟਾਂ ਕੱਟਣ ਦਾ ਇਹ ਅੰਕੜਾ ਦੇਸ਼ ਦੇ ਕੁੱਲ ਵੋਟਰਾਂ ਦਾ ਲਗਭਗ 15 ਫ਼ੀਸਦੀ ਬਣਦਾ ਹੈ।ਉਨ੍ਹਾਂ ਦਲੀਲ ਦਿੱਤੀ ਕਿ ਵੋਟ ਦਾ ਅਧਿਕਾਰ ਚੋਣਵੇਂ ਲੋਕਤੰਤਰ ਦੀ ਬੁਨਿਆਦ ਹੈ।ਉਨ੍ਹਾਂ ਦੋਸ਼ ਲਾਇਆ ਕਿ ਜਿਨ੍ਹਾਂ ਵੋਟਰਾਂ ਦੇ ਨਾਂ ਕੱਟੇ ਗਏ ਹਨ, ਉਨ੍ਹਾਂ ਨੂੰ ਆਪਣਾ ਪੱਖ ਰੱਖਣ ਤੇ ਆਪਣੇ ਵੋਟ ਦੇ ਅਧਿਕਾਰ ਦੀ ਰਾਖੀ ਕਰਨ ਦਾ ਢੁੱਕਵਾਂ ਮੌਕਾ ਨਹੀਂ ਦਿੱਤਾ ਗਿਆ।ਉਨ੍ਹਾਂ ਵੋਟਾਂ ਕੱਟੇ ਜਾਣ ਦੇ ਇਸ ਪੈਮਾਨੇ ਨੂੰ 'ਬੇਮਿਸਾਲ' ਦੱਸਿਆ ਤੇ ਕਿਹਾ ਕਿ ਇਸ ਮਸਲੇ ਨੇ ਭਾਰਤ ਦੀ ਚੋਣ ਪ੍ਰਕਿਰਿਆ ਦੀ ਭਰੋਸੇਯੋਗਤਾ 'ਤੇ ਸਵਾਲ ਖੜ੍ਹੇ ਕਰ ਦਿੱਤੇ ਹਨ।ਇਸ ਮੌਕੇ ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ ਤੇ ਹਰਦਿਆਲ ਸਿੰਘ ਕੰਬੋਜ ਸਾਬਕਾ ਵਿਧਾਇਕ ਨੇ ਅੱਗੇ ਦੋਸ਼ ਲਾਇਆ ਕਿ ਕੁਮਾਰ ਦੀ ਅਗਵਾਈ ਹੇਠਲਾ ਚੋਣ ਕਮਿਸ਼ਨ ਨੂੰਚੋਣਾਂ ਚੋਰੀ ਕਰਨ' ਲਈ ਕੇਂਦਰ ਸਰਕਾਰ ਨਾਲ ਮਿਲੀਭੁਗਤ ਕਰਕੇ ਕੰਮ ਕਰ ਰਿਹਾ ਹੈ।ਉਨ੍ਹਾਂ ਦਾਅਵਾ ਕੀਤਾ ਕਿ ਕਾਂਗਰਸ ਨੇ ਆਪਣੇ ਦੋਸ਼ਾਂ ਦੇ ਸਮਰਥਨ ਵਿੱਚ ਸਬੂਤ ਵੀ ਮੁਹੱਈਆ ਕਰਵਾਏ ਹਨ।ਡੀ.ਸੀ.ਸੀ. ਪ੍ਰਧਾਨ ਨਰੇਸ਼ ਦੁੱਗਲ ਨੇ ਕਿਹਾ ਕਿ ਇਹ ਕਾਰਵਾਈਆਂ 'ਸਰਬਵਿਆਪੀ ਬਾਲਗ ਮਤਾਧਿਕਾਰ' ਦੇ ਸੰਵਿਧਾਨਕ ਸਿਧਾਂਤ ਦੀ ਉਲੰਘਣਾ ਕਰਦੀਆਂ ਹਨ ਤੇ ਚੋਣਾਂ ਵਿੱਚ ਜਨਤਾ ਦੇ ਵਿਸ਼ਵਾਸ ਨੂੰ ਢਾਹ ਲਾ ਸਕਦੀਆਂ ਹਨ।ਕਾਂਗਰਸੀ ਆਗੂ ਨੇ ਗਣਰਾਜ ਦੇ ਮੁਖੀ ਵਜੋਂ ਰਾਸ਼ਟਰਪਤੀ ਮੁਰਮੂ ਨੂੰ ਅਪੀਲ ਕੀਤੀ ਕਿ ਉਹ ਤੁਰੰਤ ਦਖ਼ਲ ਦੇ ਕੇ ਕੁਮਾਰ ਨੂੰ ਮੁੱਖ ਚੋਣ ਕਮਿਸ਼ਨਰ ਦੇ ਅਹੁਦੇ ਤੋਂ ਹਟਾਉਣ ਦੇ ਨਾਲ-ਨਾਲ ਉਨ੍ਹਾਂ ਖ਼ਿਲਾਫ਼ ਐਫ ਆਈ ਆਰ ਦਰਜ ਕਰਨ ਤੇ ਜਾਂਚ ਕਰਵਾਉਣ ਦੇ ਹੁਕਮ ਦੇਣ।ਇਸ ਮੌਕੇ ਹਰਿੰਦਰ ਪਾਲ ਸਿੰਘ ਹੈਰੀਮਾਨ, ਨਿਰਮਲ ਸਿੰਘ ਭੱਟੀਆ, ਹਰਵਿੰਦਰ ਸਿੰਘ ਖਨੌੜਾ, ਗੌਰਵ ਸੰਧੂ ਸਨੌਰ, ਨਛੱਤਰ ਸਿੰਘ, ਅਮਰਜੀਤ ਸਿੰਘ ਘੱਗਾ, ਰਛਪਾਲ ਸਿੰਘ ਜੌੜਾਮਾਜਰਾ, ਦਰਬਾਰਾ ਸਿੰਘ ਵਣਵਾਲਾ, ਕੁਲਵਿੰਦਰ ਸਿੰਘ ਅਰਨੌਂ, ਐਡਵੋਕੇਟ ਕਰਮਜੀਤ ਚੌਧਰੀ, ਗੁਰਪ੍ਰੀਤ ਸਿੰਘ ਸੰਧੂ, ਨੈਬ ਸਿੰਘ ਭਾਂਨਰੀ, ਰਤਨਜੀਤ ਜਾਹਲਾਂ, ਪਰਮਜੀਤ ਚੌਹਾਨ, ਕੁਲਵਿੰਦਰ ਟੋਨੀ, ਮਨੂ ਸ਼ਰਮਾ ਸਮੇਤ ਸੈਂਕੜੇ ਵਰਕਰ ਤੇ ਕਈ ਸੀਨੀਅਰ ਆਗੂ ਹਾਜ਼ਰ ਸਨ।

## ਦਾਊਮਾਜਰਾ ਵਿਖੇ ਜਿੰਮ ਦਾ ਉਦਘਾਟਨ



ਦੋਰਾਹਾ (ਹਰਮਿੰਦਰ ਸੇਠ)-ਨੌਜਵਾਨਾਂ ਨੂੰ ਤੰਦਰੁਸਤ ਰੱਖਣ ਤੇ ਉਨ੍ਹਾਂ ਨੂੰ ਖੇਡਾਂ ਨਾਲ ਜੋੜਨ ਦੇ ਮਕਸਦ ਨਾਲ ਪਿੰਡਾਂ ਵਿੱਚ ਖੇਡਾਂ ਤੇ ਸਿਹਤ ਸਹੂਲਤਾਂ ਨੂੰ ਲਗਾਤਾਰ ਮਜ਼ਬੂਤ ਕੀਤਾ ਜਾ ਰਿਹਾ ਹੈ।ਇਸੇ ਤਹਿਤ ਹਲਕਾ ਪਾਇਲ ਦੇ ਵਿਧਾਇਕ ਇੰਜ. ਮਨਵਿੰਦਰ ਸਿੰਘ ਗਿਆਸਪੁਰਾ ਵੱਲੋਂ ਨੇੜਲੇ ਪਿੰਡ ਦਾਊਮਾਜਰਾ ਵਿਖੇ ਨਵੇਂ ਜਿੰਮ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਵਿਧਾਇਕ ਗਿਆਸਪੁਰਾ ਨੇ ਕਿਹਾ ਕਿ ਨੌਜਵਾਨਾਂ ਦਾ ਖੇਡਾਂ ਤੇ ਸਰੀਰਕ ਤੰਦਰੁਸਤੀ ਵੱਲ ਉਤਸ਼ਾਹਤ ਹੋਣਾ ਇੱਕ ਚੰਗਾ ਸੰਕੇਤ ਹੈ।ਇਸ ਨਾਲ ਮਾਪਿਆਂ ਨੂੰ ਵੀ ਤਸੱਲੀ ਮਿਲਦੀ ਹੈ ਕਿ ਉਨ੍ਹਾਂ ਦੇ ਬੱਚੇ ਆਪਣਾ ਸਮਾਂ ਸਿਹਤਮੰਦ ਤੇ ਉਸਾਰੂ ਗਤੀਵਿਧੀਆਂ ਵਿੱਚ ਬਤੀਤ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਜੇਕਰ ਨੌਜਵਾਨ ਪੜ੍ਹਾਈ ਦੇ ਨਾਲ-ਨਾਲ ਆਪਣੀ ਸਿਹਤ ਤੇ ਖੇਡਾਂ ਵੱਲ ਵੀ ਧਿਆਨ ਦੇਣ ਤਾਂ ਉਹ ਭਵਿੱਖ ਵਿੱਚ ਚੰਗੇ ਰੁਜ਼ਗਾਰ ਦੇ ਮੌਕੇ ਹਾਸਲ ਕਰ ਸਕਦੇ ਹਨ ਤੇ ਨਾਲ-ਨਾਲ ਆਪਣਾ ਕਾਰੋਬਾਰ ਵੀ ਸਥਾਪਤ ਕਰ ਸਕਦੇ ਹਨ।ਇਸ ਮੌਕੇ ਪਿੰਡ ਦੇ ਪਤਵੰਤੇ ਤੇ ਹੋਰ ਪਿੰਡ ਵਾਸੀ ਵੀ ਹਾਜ਼ਰ ਸਨ।

## ਨਮਨ ਧੀਰ ਦੀ ਟੀਮ ਇੰਡੀਆ 'ਚ ਐਂਟਰੀ 'ਤੇ ਖੱਤਰੀ ਭਾਈਚਾਰੇ 'ਚ ਖ਼ੁਸ਼ੀ ਦੀ ਲਹਿਰ



ਮੋਗਾ (ਇਕਬਾਲ ਸਿੰਘ ਖਹਿਰਾ)-ਫਰੀਦਕੋਟ ਦੇ ਹੋਣਹਾਰ ਕ੍ਰਿਕਟ ਖਿਡਾਰੀ ਨਮਨ ਧੀਰ ਦੀ ਭਾਰਤੀ ਕ੍ਰਿਕਟ ਟੀਮ ਵਿੱਚ ਬਤੌਰ ਖਿਡਾਰੀ ਚੋਣ ਹੋਣ ਦੀ ਖ਼ਬਰ ਨਾਲ ਮੋਗਾ ਦੇ ਖੱਤਰੀ ਭਾਈਚਾਰੇ ਵਿਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਇਸ ਸਬੰਧੀ ਖੱਤਰੀ ਭਵਨ ਮੋਗਾ ਵਿਖੇ ਖੱਤਰੀ ਭਾਈਚਾਰੇ ਦੇ ਆਗੂਆਂ ਅਤੇ ਮੈਂਬਰਾਂ ਵੱਲੋਂ ਖੁਸ਼ੀ ਸਾਂਝੀ ਕੀਤੀ ਗਈ।ਇਸ ਮੌਕੇ ਖੱਤਰੀ ਸਭਾ ਦੇ ਚੇਅਰਮੈਨ ਵਿਜੇ ਧੀਰ ਐਡਵੋਕੇਟ ਅਤੇ ਪ੍ਰਧਾਨ ਡਾ. ਐਮ.ਐਲ. ਜੈਦਕਾ ਨੇ ਕਿਹਾ ਕਿ ਨਮਨ ਧੀਰ ਦੀ ਚੋਣ ਨਾਲ ਪੂਰੇ ਪੰਜਾਬ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਦੱਸਿਆ ਕਿ ਨਮਨ ਧੀਰ ਨੂੰ ਪਹਿਲੀ ਵਾਰ ਵੈਸਟਇੰਡੀਜ਼ ਵਿਰੁੱਧ ਹੋਣ ਵਾਲੀ ਟੀ-20 ਸੀਰੀਜ਼ ਵਿਚ ਭਾਰਤੀ ਟੀਮ ਵਿੱਚ ਖੇਡਣ ਦਾ ਮੌਕਾ ਮਿਲਿਆ ਹੈ।ਉਨ੍ਹਾਂ ਕਿਹਾ ਕਿ ਨਮਨ ਧੀਰ ਨੇ ਸ਼ੇਰੇ ਪੰਜਾਬ ਟੀ-20 ਵਿਚ ਸ਼ਾਨਦਾਰ ਬੱਲੇਬਾਜ਼ੀ ਕਰਦਿਆਂ 64 ਗੇਂਦਾਂ 'ਤੇ 173 ਦੌੜਾਂ ਦੀ ਤੂਫ਼ਾਨੀ ਪਾਰੀ ਖੇਡੀ ਸੀ। ਇਸ ਮੌਕੇ ਵਿਜੇ ਧੀਰ ਨੇ ਕਿਹਾ ਕਿ ਨਮਨ ਧੀਰ ਦੀ ਇਸ ਪ੍ਰਾਪਤੀ ਨਾਲ ਧੀਰ ਪਰਿਵਾਰ ਦੇ ਨਾਲ-ਨਾਲ ਜ਼ਿਲ੍ਹਾ ਫਰੀਦਕੋਟ, ਪੰਜਾਬ ਅਤੇ ਸਮੁੱਚੇ ਖੱਤਰੀ ਭਾਈਚਾਰੇ ਦਾ ਨਾਮ ਰੌਸ਼ਨ ਹੋਇਆ ਹੈ।ਖੱਤਰੀ ਸਭਾ ਦੇ ਚੇਅਰਮੈਨ ਵਿਜੇ ਧੀਰ ਐਡਵੋਕੇਟ ਅਤੇ ਪ੍ਰਧਾਨ ਡਾ. ਐਮ.ਐਲ. ਜੈਦਕਾ ਨੇ ਖੱਤਰੀ ਸਭਾ ਦੇ ਮੈਂਬਰਾਂ ਦੀ ਵੱਡੀ ਇਕੱਤਰਤਾ ਦੌਰਾਨ ਐਲਾਨ ਕੀਤਾ ਕਿ ਜਲਦ ਹੀ ਮੋਗਾ ਵਿਖੇ ਹੋਣਹਾਰ ਕ੍ਰਿਕਟ ਖਿਡਾਰੀ ਨਮਨ ਧੀਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਜਾਵੇਗਾ।ਇਸ ਮੌਕੇ ਕਨਵੀਨਰ ਸੁਸ਼ੀਲ ਸਿਆਲ, ਸ਼ਸ਼ੀਕਾਂਤ ਮੋਂਗੀ, ਅਸ਼ੋਕ ਕਾਲੀਆ ਹਾਜ਼ਰ ਸਨ।

## ਰਾਕੇਸ਼ ਬੱਗਾ ਦੀ ਲੋਕ ਮਿਲਣੀ ਨੇ ਰੈਲੀ ਦਾ ਰੂਪ ਧਾਰਿਆ




ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਡਾਇਮੰਡ ਪੈਲੇਸ ਬਹਾਦੁਰਗੜ੍ਹ ਵਿਖੇ ਅੱਜ ਆਜ਼ਾਦ ਉਮੀਦਵਾਰ ਰਾਕੇਸ਼ ਬੱਗਾ ਵੱਲੋਂ ਲੋਕ ਮਿਲਣੀ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਇਲਾਕੇ ਦੇ ਵੱਖ-ਵੱਖ ਪਿੰਡਾਂ ਤੇ ਖੇਤਰਾਂ 'ਚੋਂ ਵੱਡੀ ਗਿਣਤੀ ਵਿੱਚ ਲੋਕ ਪਹੁੰਚੇ ਅਤੇ ਰਾਕੇਸ਼ ਬੱਗਾ ਨਾਲ ਮੁਲਾਕਾਤ ਕੀਤੀ।ਲੋਕ ਮਿਲਣੀ ਦੌਰਾਨ ਰਾਕੇਸ਼ ਬੱਗਾ ਨੇ ਹਾਜ਼ਰ ਲੋਕਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ, ਸੁਝਾਅ ਤੇ ਇਲਾਕੇ ਨਾਲ ਜੁੜੇ ਮੁੱਦਿਆਂ ਬਾਰੇ ਜਾਣਕਾਰੀ ਹਾਸਲ ਕੀਤੀ।ਇਸ ਮੌਕੇ ਲੋਕਾਂ ਵੱਲੋਂ ਵੀ ਆਪਣੇ ਵਿਚਾਰ ਸਾਂਝੇ ਕੀਤੇ ਗਏ।ਇਸ ਮੌਕੇ ਰਾਕੇਸ਼ ਬੱਗਾ ਨੇ ਕਿਹਾ ਕਿ ਜੋ ਰਾਜਸੀ ਪਾਰਟੀਆਂ ਨਹੀਂ ਕਰ ਸਕੀਆਂ, ਜੇ ਹਲਕੇ ਦੇ ਲੋਕਾਂ ਨੇ ਉਨ੍ਹਾਂ ਨੂੰ ਮੌਕਾ ਦਿੱਤਾ ਤਾਂ ਉਹ ਲੋਕਾਂ ਨਾਲ ਕੀਤੇ ਸਾਰੇ ਵਾਅਦੇ ਪੂਰੇ ਕਰਨਗੇ। ਉਨ੍ਹਾਂ ਕਿਹਾ ਕਿ ਉਨ੍ਹਾਂ ਵੱਲੋਂ ਜੋ ਚੋਣ ਮੈਨੀਫੈਸਟੋ 'ਚ ਵਾਅਦੇ ਕੀਤੇ ਗਏ ਹਨ, ਉਨ੍ਹਾਂ ਅਨੁਸਾਰ ਬੇਘਰਿਆਂ ਨੂੰ ਘਰ ਬਣਾ ਕੇ ਦੇਣਗੇ।ਰਾਕੇਸ਼ ਬੱਗਾ ਨੇ ਕਿਹਾ ਕਿ ਉਨ੍ਹਾਂ ਦਾ ਉਦੇਸ਼ ਲੋਕਾਂ ਨਾਲ ਸਿੱਧਾ ਸੰਪਰਕ ਬਣਾਈ ਰੱਖਣਾ ਤੇ ਇਲਾਕੇ ਦੀਆਂ ਸਮੱਸਿਆਵਾਂ ਨੂੰ ਨਜ਼ਦੀਕ ਤੋਂ ਸਮਝਣਾ ਹੈ।ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਮਿਲ ਰਹੇ ਹੁੰਗਾਰੇ ਨਾਲ ਉਨ੍ਹਾਂ ਨੂੰ ਹੋਰ ਉਤਸ਼ਾਹ ਮਿਲ ਰਿਹਾ ਹੈ।ਡਾਇਮੰਡ ਪੈਲੇਸ ਵਿਖੇ ਇਸ ਲੋਕ ਮਿਲਣੀ ਦੌਰਾਨ ਹੋਈ ਭਰਵੀਂ ਸ਼ਮੂਲੀਅਤ ਨੇ ਸਥਾਨਕ ਚੋਣ ਮਾਹੌਲ ਵਿੱਚ ਚਰਚਾ ਨੂੰ ਵਧਾ ਦਿੱਤਾ ਹੈ।ਸਮਾਗਮ ਦੌਰਾਨ ਸਮਰਥਕਾਂ ਤੇ ਹਾਜ਼ਰ ਲੋਕਾਂ ਵਿੱਚ ਕਾਫ਼ੀ ਉਤਸ਼ਾਹ ਦੇਖਣ ਨੂੰ ਮਿਲਿਆ।

## ਸਾਹਿਤ ਸਭਾ 'ਚ ਗੁਰਭਗਤ ਗਿੱਲ ਦੇ ਯਾਤਰਾ ਬਿਰਤਾਂਤ 'ਤੇ ਚਰਚਾ



ਸਮਰਾਲਾ (ਸੁਰਜੀਤ ਸਿੰਘ)-ਸਾਹਿਤ ਸਭਾ ਮਾਛੀਵਾੜਾ ਦੀ ਸ਼ਾਇਰ ਐੱਸ ਨਸੀਮ ਦੀ ਪ੍ਰਧਾਨਗੀ ਹੇਠ ਹੋਈ ਮਾਸਿਕ ਮੀਟਿੰਗ ਵਿੱਚ ਉੱਘੇ ਚਿੰਤਕ ਗੁਰਭਗਤ ਸਿੰਘ ਗਿੱਲ ਵੱਲੋਂ ਕੀਤੀਆਂ ਯਾਤਰਾਵਾਂ ਦੇ ਬਿਰਤਾਂਤ 'ਤੇ ਨਿੱਠ ਕੇ ਚਰਚਾ ਕੀਤੀ ਗਈ।ਗੁਰਭਗਤ ਗਿੱਲ ਨੇ ਮੀਟਿੰਗ ਦੌਰਾਨ ਦੱਸਿਆ ਕਿ ਉਨ੍ਹਾਂ ਬੀਤੇ ਦਿਨੀਂ ਦੇਸ਼ ਦੇ ਵੱਖ ਵੱਖ ਰਾਜਾਂ ਵਿੱਚ ਯਾਤਰਾਵਾਂ ਕੀਤੀਆਂ, ਜਿਨ੍ਹਾਂ ਵਿਚ ਬੰਗਲੌਰ, ਕੇਰਲਾ, ਗੁਜਰਾਤ, ਬੰਬੇ ਤੇ ਮਹਾਰਾਸ਼ਟਰ ਦੇ ਇਤਿਹਾਸਕ ਅਸਥਾਨਾਂ ਦਾ ਭ੍ਰਮਣ ਕੀਤਾ।ਉਨ੍ਹਾਂ ਨੈਸ਼ਨਲ ਪਾਰਕ ਦੇਖੇ।ਗਵਾਲੀਅਰ ਤੇ ਹੈਦਰਾਬਾਦ ਸ਼ਹਿਰਾਂ ਬਾਰੇ ਗੱਲ ਕਰਦਿਆਂ ਉਨ੍ਹਾਂ ਦੱਸਿਆ ਕਿ ਬੇਸ਼ੱਕ ਇਹ ਸ਼ਹਿਰ ਬਹੁਤ ਪੁਰਾਣੇ ਹੋ ਚੁੱਕੇ ਹਨ, ਪਰ ਉਸ ਵੇਲੇ ਦੇ ਰਾਜਿਆਂ ਨੇ ਬਹੁਤ ਹੀ ਸੁਚੱਜੇ ਢੰਗ ਅਤੇ ਵਿਉਂਤਬੰਦੀ ਨਾਲ ਇਮਾਰਤਾਂ ਤੇ ਸੜਕਾਂ ਦਾ ਨਿਰਮਾਣ ਕਰਵਾਇਆ ਗਿਆ।ਉਨ੍ਹਾਂ ਦੱਸਿਆ ਕਿ ਉਸ ਵੇਲੇ ਦੀ ਇਮਾਰਤਸਾਜ਼ੀ ਅੱਜ ਦੀ ਨਿਰਮਾਣ ਕਲਾ ਨੂੰ ਮਾਤ ਪਾਉਂਦੀ ਹੈ।ਇਸ ਦੌਰਾਨ ਉਨ੍ਹਾਂ ਨੇ ਉੱਥੇ ਦੇ ਲੋਕਾਂ ਦੇ ਸਮਾਜਿਕ ਰੀਤੀ ਰਿਵਾਜ, ਕੰਮ ਧੰਦੇ, ਅਨੁਭਵ ਤੇ ਉੱਥੇ ਦੇ ਪ੍ਰਾਚੀਨ ਇਤਿਹਾਸਕ ਅਸਥਾਨਾਂ ਦੀਆਂ ਵਾਸਤੂ ਕਲਾਵਾਂ ਦੇ ਦਰਸ਼ਨ ਤੇ ਅਧਿਐਨ ਕੀਤੇ।ਉਨ੍ਹਾਂ ਦੱਸਿਆ ਕਿ ਇਨ੍ਹਾਂ ਰਾਜਾਂ ਵਿੱਚ ਜਿੱਥੇ ਭੂਮੀ ਬੰਜਰ ਸੀ, ਹੁਣ ਉਥੇ ਸ਼ਾਨਦਾਰ ਫ਼ਸਲਾਂ ਉਗਾਈਆਂ ਜਾ ਰਹੀਆਂ ਹਨ।ਇੱਕ ਇੰਚ ਜ਼ਮੀਨ ਵੀ ਕਿਧਰੇ ਬਰਾਨੀ ਨਜ਼ਰ ਨਹੀਂ ਆਉਂਦੀ।ਉਨ੍ਹਾਂ ਦੱਸਿਆ ਕਿ ਜ਼ਿਮੀਂਦਾਰ ਪੰਜਾਬੀ ਕਿਸਾਨਾਂ ਨੇ ਸਖ਼ਤ ਮਿਹਨਤ ਕਰਕੇ ਬੰਜਰ ਭੂਮੀ ਨੂੰ ਉਪਜਾਊ ਬਣਾ ਲਿਆ ਹੈ।ਇਸ ਉਪਰੰਤ ਜਸਵੀਰ ਸਿੰਘ ਤੇ ਕਸ਼ਮੀਰ ਸਿੰਘ ਨੇ ਗੀਤ ਸੁਣਾਏ।ਮਨਜੀਤ ਸਿੰਘ ਬਲੀਏਵਾਲ ਨੇ ਕਵਿਤਾ ਪੇਸ਼ ਕੀਤੀ।ਜਗਤਾਰ ਸਿੰਘ ਸੇਖਾ, ਨਿਰੰਜਣ ਸੂਖਮ ਤੇ ਐੱਸ ਨਸੀਮ ਨੇ ਗ਼ਜ਼ਲ ਸੁਣਾਈ। ਪੇਸ਼ ਕੀਤੀਆਂ ਰਚਨਾਵਾਂ 'ਤੇ ਚਰਚਾਵਾਂ ਦਾ ਦਿਲਚਸਪ ਦੌਰ ਚੱਲਿਆ।

## ਪੀ ਐੱਮ ਸ਼੍ਰੀ ਸਕੂਲ 'ਚ 'ਬੈਗਲੈੱਸ ਡੇ' ਮੌਕੇ ਖੇਡ ਮੁਕਾਬਲੇ



ਕੋਟਕਪੂਰਾ (ਗੁਰਪਾਲ ਭੁੱਲਰ)-ਸਥਾਨਕ ਪੀ ਐੱਮ ਸ਼੍ਰੀ ਸਰਕਾਰੀ ਹਾਈ ਸਕੂਲ ਸੁਰਗਾਪੁਰੀ ਵਿਖੇ ਵਿਦਿਆਰਥੀਆਂ ਦੇ ਸਰੀਰਕ ਤੇ ਮਾਨਸਿਕ ਵਿਕਾਸ ਨੂੰ ਉਤਸ਼ਾਹਤ ਕਰਨ ਦੇ ਮਨੋਰਥ ਨਾਲ 'ਬੈਗਲੈੱਸ ਡੇ' ਮਨਾਉਂਦਿਆਂ ਸ਼ਾਨਦਾਰ 'ਸਪੋਰਟਸ ਡੇ' ਦਾ ਆਯੋਜਨ ਕੀਤਾ ਗਿਆ।ਇਸ ਖੇਡ ਸਮਾਗਮ ਦੌਰਾਨ ਬੱਚਿਆਂ ਦੇ ਵੱਖ-ਵੱਖ ਤਰ੍ਹਾਂ ਦੇ ਇੰਡੋਰ ਤੇ ਆਊਟਡੋਰ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਕੋਟਲਾ ਛਪਾਕੀ, ਸ਼ਤਰੰਜ (ਚੈੱਸ), ਕੈਰਮ ਬੋਰਡ, ਰੱਸੀ ਟੱਪਣਾ, ਲੂਡੋ ਤੇ ਦੌੜਾਂ ਵਿਸ਼ੇਸ਼ ਤੌਰ 'ਤੇ ਸ਼ਾਮਲ ਸਨ। ਸਕੂਲ ਦੇ ਸਮੂਹ ਵਿਦਿਆਰਥੀਆਂ ਨੇ ਇਨ੍ਹਾਂ ਖੇਡਾਂ ਵਿੱਚ ਬਹੁਤ ਹੀ ਉਤਸ਼ਾਹ ਤੇ ਭਾਵਨਾ ਨਾਲ ਹਿੱਸਾ ਲਿਆ।ਇਸ ਪੂਰੇ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਤੇ ਬੱਚਿਆਂ ਦੀ ਸਰਗਰਮ ਭਾਗੀਦਾਰੀ ਯਕੀਨੀ ਬਣਾਉਣ ਵਿੱਚ ਸਕੂਲ ਦੇ ਸਮੂਹ ਸਟਾਫ਼ ਨੇ ਅਹਿਮ ਯੋਗਦਾਨ ਪਾਇਆ।ਇਸ ਮੌਕੇ ਸਕੂਲ ਦੇ ਹੈੱਡਮਾਸਟਰ ਸ਼੍ਰੀਮਾਨ ਮਨੀਸ਼ ਛਾਬੜਾ ਨੇ ਵਿਦਿਆਰਥੀਆਂ ਨੂੰ ਖੇਡਾਂ ਦਾ ਮਹੱਤਵ ਸਮਝਾਉਂਦਿਆਂ ਦੱਸਿਆ ਕਿ ਪੜ੍ਹਾਈ ਦੇ ਨਾਲ-ਨਾਲ ਖੇਡਾਂ ਬੱਚਿਆਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ ਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਲਈ ਬੇਹੱਦ ਜ਼ਰੂਰੀ ਹਨ।ਖੇਡਾਂ ਨਾਲ ਜਿੱਥੇ ਸਰੀਰ ਨਰੋਇਆ ਰਹਿੰਦਾ ਹੈ, ਉੱਥੇ ਹੀ ਮਾਨਸਿਕ ਤੌਰ 'ਤੇ ਵੀ ਬੱਚੇ ਮਜ਼ਬੂਤ ਬਣਦੇ ਹਨ।

## ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ ਸ਼ਹੀਦ ਟੀਚਰਜ਼ ਹੋਮ ਰਾਮਪੁਰਾ ਫੂਲ ਵਿਖੇ ਬਲਾਕ ਪ੍ਰਧਾਨ ਡਾਕਟਰ ਨਿਰਮਲ ਸਿੰਘ ਚਾਉਕੇ ਤੇ ਜ਼ਿਲ੍ਹਾ ਚੇਅਰਮੈਨ ਡਾਕਟਰ ਜਗਤਾਰ ਸਿੰਘ ਫੂਲ ਦੀ ਰਹਿਨੁਮਾਈ ਹੇਠ ਹੋਈ।ਪਿਛਲੇ ਦਿਨੀਂ ਵਿਛੜ ਚੁੱਕੇ ਸਾਥੀਆਂ ਦੇ ਪਰਿਵਾਰਕ ਮੈਂਬਰਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਸ਼ੁਰੂ ਹੋਈ, ਜਿਸ ਵਿੱਚ ਸਟੇਜ ਦੀ ਕਾਰਵਾਈ ਬਲਾਕ ਸਕੱਤਰ ਡਾਕਟਰ ਦੇਵਰਾਜ ਕੋਟੜਾ ਕੌੜਿਆਂਵਾਲੀ ਨੇ ਨਿਭਾਈ।ਪਹਿਲਾ ਬੁਲਾਰੇ ਡਾਕਟਰ ਸਾਥੀਆਂ ਨੂੰ ਸਟੇਜ 'ਤੇ ਸੱਦਾ ਦਿੰਦਿਆਂ ਆਪਣੇ ਵਿਚਾਰ ਸਾਂਝੇ ਕਰਨ ਲਈ ਕਿਹਾ।ਡਾਕਟਰ ਆਤਮ ਭਗਤ ਸਿੰਘ ਦੇ ਜਨਮ ਦਿਨ ਦੀਆਂ ਮੁਬਾਰਕਾਂ ਦਿੰਦਿਆਂ ਡਾਕਟਰ ਹਰਜਿੰਦਰ ਸਿੰਘ ਸਮੇਤ ਬਹੁਤ ਸਾਰਿਆਂ ਨੇ ਜੀਵਨ 'ਤੇ ਆਪਣੇ ਵਿਚਾਰ ਸਾਂਝੇ ਕੀਤੇ।ਇਸ ਮੌਕੇ ਡਾਕਟਰ ਸਾਥੀਆਂ ਦੀ ਸਾਂਝ ਪਾਈ, ਮੀਤ ਪ੍ਰਧਾਨ ਡਾਕਟਰ ਰਵੇਲ ਸਿੰਘ, ਡਾਕਟਰ ਤਰਸੇਮ ਸ਼ਰਮਾ, ਬਲਾਕ ਪ੍ਰਧਾਨ ਡਾਕਟਰ ਨਿਰਮਲ ਸਿੰਘ ਚਾਉਕੇ, ਜ਼ਿਲ੍ਹਾ ਚੇਅਰਮੈਨ ਡਾਕਟਰ ਜਗਤਾਰ ਸਿੰਘ ਫੂਲ ਨੇ ਵੀ ਆਪਣੇ ਵਡਮੁੱਲੇ ਵਿਚਾਰਾਂ ਦੀ ਸਾਂਝ ਪਾਈ।ਅੰਤ ਵਿੱਚ ਡਾਕਟਰ ਜਗਤਾਰ ਸਿੰਘ ਫੂਲ ਨੇ ਹਾਜ਼ਰ ਸਾਰੇ ਹੀ ਡਾਕਟਰ ਸਾਥੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਆਸਰਾ ਹਸਪਤਾਲ ਤੋਂ ਡਾਕਟਰ ਤੇਜਸ ਭਾਸਕਰ ਨਿਊਰੋਲੋਜੀ ਸਿਖ, ਸਿਮਰਨ ਨਿਊਰੋ ਮਲਟੀਸਪੈਸ਼ਲਿਟੀ ਹਸਪਤਾਲ ਬਠਿੰਡਾ ਤੋਂ ਡਾਕਟਰ ਹੱਡੀਆਂ ਦੇ ਮਾਹਿਰ ਤੇ ਐਨਸਥੀਸੀਆ ਮਾਹਿਰ ਲੇਡੀਜ਼ ਡਾਕਟਰ ਸਾਹਿਬਾਨ ਪਹੁੰਚੇ ਸਨ।

# ਤਿੰਨ ਰੋਜ਼ਾ ਪ੍ਰਾਇਮਰੀ ਸਕੂਲ ਖੇਡਾਂ ਦਾ ਸੈਂਟਰ ਰਾਮਪੁਰਾ 'ਚ ਧੂਮ-ਧੜੱਕੇ ਨਾਲ ਆਗਾਜ਼



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਪੰਜਾਬ ਸਰਕਾਰ ਅਧੀਨ ਸਾਲ 2026 ਲਈ ਤਿੰਨ ਰੋਜ਼ਾ ਪ੍ਰਾਇਮਰੀ ਸਕੂਲੀ ਖੇਡਾਂ ਸੈਂਟਰ ਰਾਮਪੁਰਾ ਪਿੰਡ ਦਾ ਆਗਾਜ਼ ਧੂਮ ਧੜੱਕੇ ਨਾਲ ਡੀ ਐੱਮ ਸਕੂਲ ਕਰਾੜਵਾਲਾ ਦੇ ਖੁੱਲ੍ਹੇ ਵਿਹੜੇ ਵਿੱਚ ਹੋਇਆ ਅਤੇ ਇਸ ਸੰਬੰਧੀ ਸੈਂਟਰ ਪਿੰਡ ਰਾਮਪੁਰਾ ਅਧੀਨ ਵੱਖ-ਵੱਖ ਸਕੂਲਾਂ ਦੇ ਖਿਡਾਰੀਆਂ ਨੇ ਭਾਗ ਲਿਆ।ਇਸ ਮੌਕੇ ਡੀ ਐੱਮ ਗਰੁੱਪ ਕਰਾੜਵਾਲਾ ਦੇ ਚੇਅਰਮੈਨ ਇੰਜੀ. ਅਵਤਾਰ ਸਿੰਘ ਢਿੱਲੋਂ ਨੇ ਜਿੱਥੇ ਰਿਬਨ ਕੱਟ ਕੇ ਖੇਡਾਂ ਦਾ ਉਦਘਾਟਨ ਕੀਤਾ, ਉੱਥੇ ਖੇਡਾਂ ਦੇ ਮੈਦਾਨ ਵਿੱਚ ਆਪਣਾ ਪਹਿਲਾ ਕਦਮ ਪੁੱਟਦੇ ਹੋਏ ਨੰਨ੍ਹੇ ਮੁੰਨੇ ਖਿਡਾਰੀਆਂ ਨੂੰ ਵਿਸ਼ਵ ਪੱਧਰ 'ਤੇ ਸੁਨਹਿਰੀ ਪੈੜਾਂ ਪਾਉਣ ਲਈ ਪ੍ਰੇਰਿਆ।ਇਸ ਸੰਬੰਧੀ ਖੇਡਾਂ ਦੇ ਵਿਭਾਗ ਮੁਖੀ ਸ੍ਰੀ ਬਲਕਾਰ ਸਿੰਘ ਔਲਖ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਵੱਖ-ਵੱਖ ਸਕੂਲਾਂ ਦੇ ਅਧਿਕਾਰੀ, ਜਿਸ ਤਰ੍ਹਾਂ ਕਿ ਸੀ ਐੱਚ ਟੀ ਮਨਜਿੰਦਰ ਕੌਰ, ਹੈੱਡ ਟੀਚਰ ਦਵਿੰਦਰ ਰਾਣਾ ਪਿੱਥੋ (ਬ੍ਰਾਂਚ) ਤੇ ਅਧਿਆਪਕ ਸ੍ਰੀ ਨਿਰਭੈ ਸਿੰਘ ਤੋਂ ਇਲਾਵਾ ਨਵਨੀਤ ਸਿੰਘ, ਰਾਮ ਤੀਰਥ ਸਿੰਘ, ਗੁਰਜੀਵਨ ਸਿੰਘ, ਰਮਨਦੀਪ ਕੌਰ, ਨੀਤੂ ਰਾਣੀ, ਜੈਸਮੀਨ ਕੌਰ, ਹਰਕੇਸ਼ ਕੌਰ, ਅਮਰਜੀਤ ਕੌਰ, ਗੁਰਪਿਆਰ ਸਿੰਘ, ਰਾਜਵਿੰਦਰ ਕੌਰ, ਹਰਜਿੰਦਰ ਕੌਰ, ਗੁਰਪ੍ਰੀਤ ਕੌਰ, ਇੰਦਰਜੀਤ ਕੌਰ, ਸੁਮਨਦੀਪ ਕੌਰ ਤੋਂ ਇਲਾਵਾ ਹੋਰ ਵੀ ਸਟਾਫ ਮੈਂਬਰ ਹਾਜ਼ਰ ਰਹੇ।ਇਨ੍ਹਾਂ ਸਬੰਧੀ ਪਹਿਲੇ ਦਿਨ ਦੇ ਹੋਏ ਮੁਕਾਬਲਿਆਂ ਦੇ ਨਤੀਜੇ ਜਿਸ ਵਿੱਚ ਕਿ ਡੀ ਐੱਮ ਸਕੂਲ ਕਰਾੜਵਾਲਾ ਦੇ ਫੁੱਟਬਾਲ ਲੜਕੇ-ਲੜਕੀਆਂ, ਹੈਂਡਬਾਲ ਲੜਕੇ-ਲੜਕੀਆਂ ਤੇ ਰੱਸਾਕੱਸੀ ਲੜਕੇ 'ਚ ਪਹਿਲਾ ਸਥਾਨ ਹਾਸਲ ਕੀਤਾ।ਕਬੱਡੀ ਨੈਸ਼ਨਲ ਵਿੱਚ ਕੋਟੜਾ ਕੌੜਾ ਪਹਿਲਾ ਸਥਾਨ, ਸ਼੍ਰੀ ਗੁਰੂ ਹਰਗੋਬਿੰਦ ਸਕੂਲ ਪਿੱਥੋ ਨੇ ਦੂਸਰਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ ਕਬੱਡੀ ਨੈਸ਼ਨਲ ਲੜਕੀਆਂ ਵਿੱਚ ਸ਼੍ਰੀ ਗੁਰੂ ਹਰਗੋਬਿੰਦ ਸਕੂਲ ਪਿੱਥੋ ਨੇ ਪਹਿਲਾ ਸਥਾਨ, ਕੋਟੜਾ ਕੌੜਾ ਦੀ ਟੀਮ ਨੇ ਦੂਜਾ ਸਥਾਨ। ਕਬੱਡੀ ਸਰਕਲ ਲੜਕੇ ਰਾਮਪੁਰਾ ਪਿੰਡ ਨੇ ਪਹਿਲਾ ਸਥਾਨ ਹਾਸਲ ਕੀਤਾ।ਇਸ ਦੇ ਨਾਲ ਹੀ ਯੋਗਾ ਲੜਕੀਆਂ ਆਰਟਿਸਟਿਕ ਵਿੱਚ ਭੂੰਦੜ ਨੇ ਪਹਿਲਾ, ਰਾਮਪੁਰਾ ਪਿੰਡ ਨੇ ਦੂਜਾ ਸਥਾਨ ਹਾਸਲ ਕੀਤਾ। ਲੜਕੀਆਂ ਰਿਦਮਿਕ ਰਾਮਪੁਰਾ ਪਿੰਡ ਨੇ ਪਹਿਲਾ ਤੇ ਕੋਟੜਾ ਕੌੜਾ ਸਕੂਲ ਨੇ ਦੂਜਾ ਸਥਾਨ ਹਾਸਲ ਕੀਤਾ। ਯੋਗਾ ਲੜਕੇ ਰਿਦਮਿਕ ਰਾਮਪੁਰਾ ਪਿੰਡ ਨੇ ਪਹਿਲਾ, ਭੂੰਦੜ ਨੇ ਦੂਜਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ ਕਰਾਟੇ ਵਿੱਚ, ਜਿਵੇਂ ਕਿ 20 ਕਿੱਲੋ 'ਚ ਨਵਜੋਤ ਸਿੰਘ ਫਸਟ, ਬਲਬੀਰ ਹੱਸਵਾਲ 23 ਕਿੱਲੋ 'ਚ ਫਸਟ, ਗੈਵੀ ਸ਼ਰਮਾ 32 ਕਿੱਲੋ 'ਚ ਫਸਟ, ਲੜਕੀਆਂ 18 ਕਿੱਲੋ 'ਚ ਕੋਮਲਪ੍ਰੀਤ ਕੌਰ ਫਸਟ, 21 ਕਿੱਲੋ 'ਚ ਜਸਪ੍ਰੀਤ ਕੌਰ, 24 ਕਿੱਲੋ 'ਚ ਅਮਨਦੀਪ ਕੌਰ, 27 ਕਿੱਲੋ 'ਚ ਖੁਸ਼ਦੀਪ ਕੌਰ, 30 ਕਿੱਲੋ 'ਚ ਨਵਨੀਤ ਕੌਰ ਤੇ 34 ਕਿੱਲੋ 'ਚ ਗੁਰਨੂਰ ਕੌਰ (ਸਾਰੇ ਬੱਚੇ ਭੂੰਦੜ ਸਕੂਲ) ਨੇ ਪਹਿਲਾ ਸਥਾਨ ਹਾਸਲ ਕੀਤਾ। ਅਖੀਰ ਵਿੱਚ ਇੰਜ. ਢਿੱਲੋਂ ਨੇ ਜਿੱਥੇ ਆਏ ਹੋਏ ਸੰਬੰਧਤ ਅਧਿਆਪਕਾਂ ਨੂੰ ਜੀ ਆਇਆਂ ਆਖਿਆ, ਉੱਥੇ ਹੀ ਜੇਤੂ ਖਿਡਾਰੀਆਂ ਨੂੰ ਮੁਬਾਰਕਬਾਦ ਦਿੱਤੀ ਹੈ।

## ਕੈਪਟਨ ਲਈ ਅਕਾਲੀ ਦਲ ਵਾਰਿਸ ਪੰਜਾਬ ਦੇ ਦਰਵਾਜ਼ੇ ਖੁੱਲ੍ਹੇ : ਬਾਪੂ ਤਰਸੇਮ ਸਿੰਘ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਸੂਬੇ ਦੀਆਂ ਵਿਧਾਨ ਸਭਾ ਚੋਣਾਂ ਆਪਣੇ ਤੌਰ 'ਤੇ ਲੜ ਕੇ ਜਿੱਤ ਪ੍ਰਾਪਤ ਕਰੇਗੀ ਅਤੇ ਕਿਸੇ ਰਾਜਨੀਤਕ ਪਾਰਟੀ ਨਾਲ ਕੋਈ ਗੱਠਜੋੜ ਨਹੀਂ ਕਰੇਗੀ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪਾਰਟੀ ਦੇ ਸਰਪ੍ਰਸਤ ਬਾਪੂ ਤਰਸੇਮ ਸਿੰਘ ਖਾਲਸਾ ਨੇ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਪਿੰਡ ਖਾਂਗ ਵਿਖੇ ਪਵਿੱਤਰ ਸਿੰਘ ਯੂਐੱਸਏ ਪੁੱਤਰ ਕੁਲਦੀਪ ਸਿੰਘ ਨੰਬਰਦਾਰ ਦੇ ਘਰ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਉਹ ਸਾਰੇ ਪੰਜਾਬ ਵਿੱਚ ਪਾਰਟੀ ਪ੍ਰਚਾਰ ਲਈ ਜਾ ਰਹੇ ਹਨ ਤੇ ਲੋਕਾਂ ਦੇ ਮਿਲ ਰਹੇ ਸਹਿਯੋਗ ਸਦਕਾ ਉਨ੍ਹਾਂ ਦੀ ਪਾਰਟੀ ਪੰਜਾਬ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸਰਕਾਰ ਬਣਾਉਣ ਜਾ ਰਹੀ ਹੈ।ਰਾਜਨੀਤਕ ਪਾਰਟੀਆਂ ਨਾਲ ਗੱਠਜੋੜ ਬਾਰੇ ਪੁੱਛੇ ਸਵਾਲ 'ਤੇ ਉਨ੍ਹਾਂ ਦਾ ਪ੍ਰਤੀਕਰਮ ਸੀ ਕਿ ਉਨ੍ਹਾਂ ਨੂੰ ਕਿਸੇ ਰਾਜਨੀਤਕ ਪਾਰਟੀ ਨਾਲ ਗੰਢਤੁੱਪ ਕਰਨ ਦੀ ਲੋੜ ਨਹੀਂ ਪਵੇਗੀ।ਉਨ੍ਹਾਂ ਕਿਹਾ ਕਿ ਦਿੱਲੀ ਅਧਾਰਤ ਕਿਸੇ ਵੀ ਰਾਜਨੀਤਕ ਪਾਰਟੀ ਤੋਂ ਪੰਜਾਬੀਆਂ ਨੂੰ ਕੋਈ ਉਮੀਦ ਨਹੀਂ ਹੈ, ਕਿਉਂਕਿ ਦਿੱਲੀ ਨੇ ਸਦਾ ਪੰਜਾਬੀਆਂ ਨਾਲ ਧੱਕਾ ਕੀਤਾ ਹੈ।ਸੂਬੇ ਦੇ ਸਾਬਕਾ ਮੁੱਖ ਮੰਤਰੀ ਤੇ ਭਾਜਪਾ ਆਗੂ ਕੈਪਟਨ ਅਮਰਿੰਦਰ ਸਿੰਘ ਵੱਲੋਂ ਇੱਕ ਇੰਟਰਵਿਊ ਦੌਰਾਨ ਅਕਾਲੀ ਦਲ ਵਾਰਸ ਪੰਜਾਬ ਦੇ ਵਧਦੇ ਅਧਾਰ ਸੰਬੰਧੀ ਦਿੱਤੇ ਗਏ ਬਿਆਨ ਉੱਤੇ ਪ੍ਰਤੀਕਿਰਿਆ ਪ੍ਰਗਟ ਕਰਦਿਆਂ ਉਨ੍ਹਾਂ ਕਿਹਾ ਕਿ ਸੂਬੇ ਦੀ ਰਾਜਨੀਤੀ ਵਿੱਚ ਲੰਬਾ ਸਮਾਂ ਬਿਤਾਉਣ ਵਾਲੇ ਕੈਪਟਨ ਅਮਰਿੰਦਰ ਸਿੰਘ ਰਾਜਨੀਤੀ ਦੀ ਡੂੰਘੀ ਸਮਝ ਰੱਖਦੇ ਹਨ, ਇਸ ਲਈ ਉਨ੍ਹਾਂ ਵੱਲੋਂ ਦਿੱਤੇ ਗਏ ਬਿਆਨ ਦੇ ਵੱਡੇ ਅਰਥ ਹਨ।ਉਨ੍ਹਾਂ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਸਮੇਤ ਕਿਸੇ ਵੀ ਆਗੂ ਦੇ ਪੰਜਾਬ ਦੇ ਭਲੇ ਲਈ ਅਕਾਲੀ ਦਲ ਵਾਰਸ ਪੰਜਾਬ ਦੇ ਵਿੱਚ ਸ਼ਾਮਲ ਹੋਣ 'ਤੇ ਕਿਸੇ ਨੂੰ ਕੋਈ ਇਤਰਾਜ਼ ਨਹੀਂ। ਉਨ੍ਹਾਂ ਅਪੀਲ ਕੀਤੀ ਕਿ ਕੈਪਟਨ ਅਮਰਿੰਦਰ ਸਿੰਘ ਦਿੱਲੀ ਵਾਲਿਆਂ ਦਾ ਖਹਿੜਾ ਛੱਡ ਕੇ ਪੰਜਾਬ ਦੇ ਹਿੱਤਾਂ ਲਈ ਅਕਾਲੀ ਦਲ ਵਾਰਸ ਪੰਜਾਬ ਦੇ ਵਿੱਚ ਆਉਣ।ਇਸ ਮੌਕੇ ਉਨ੍ਹਾਂ ਨਾਲ ਅਮ੍ਰਿਤਪਾਲ ਸਿੰਘ ਦੇ ਚਾਚਾ ਪਲਵਿੰਦਰ ਸਿੰਘ ਜੱਲੂਪੁਰ ਖੇੜਾ, ਜ਼ਿਲ੍ਹਾ ਪ੍ਰਧਾਨ ਪਟਿਆਲਾ ਨਰਿੰਦਰ ਸਿੰਘ ਭਿੰਡਰ, ਜਸਵਿੰਦਰ ਸਿੰਘ ਡਰੌਲੀ, ਮੁੱਖ ਬੁਲਾਰਾ ਬੀਬੀ ਸਤਨਾਮ ਕੌਰ, ਜਸਕਰਨ ਸਿੰਘ ਕਾਹਨਸਿੰਘ ਵਾਲਾ, ਹਲਕਾ ਪੰਜ ਮੈਂਬਰੀ ਕਮੇਟੀ ਮੈਂਬਰ ਭਗਵੰਤ ਸਿੰਘ ਸ਼ੁਤਰਾਣਾ, ਦਲੇਰ ਸਿੰਘ, ਗੁਰਜੰਟ ਸਿੰਘ, ਦਵਿੰਦਰ ਸਿੰਘ, ਗੋਬਿਦਪਰੀਤ ਸਿੰਘ, ਹਰਵਿੰਦਰ ਸਿੰਘ ਸ਼ੁਤਰਾਣਾ, ਰਮਨਦੀਪ ਤੋਂ ਇਲਾਵਾ ਵੱਡੀ ਗਿਣਤੀ 'ਚ ਲੋਕ ਹਾਜ਼ਰ ਸਨ।

## ਅਧਿਆਪਕਾਂ ਤੋਂ ਗੈਰ-ਵਿੱਦਿਅਕ ਕੰਮ ਲੈਣੇ ਤੁਰੰਤ ਬੰਦ ਕੀਤੇ ਜਾਣ : ਆਗੂ



ਬੱਧਨੀ ਕਲਾਂ (ਲਵਲੀ ਕੁਮਾਰ)-ਅਧਿਆਪਕ ਦਲ ਪੰਜਾਬ ਜ਼ਿਲ੍ਹਾ ਮੋਗਾ ਦੀ ਇੱਕ ਅਹਿਮ ਮੀਟਿੰਗ ਸੂਬਾ ਸਕੱਤਰ ਜਨਰਲ ਹਰਜੰਟ ਸਿੰਘ ਬੌਡੇ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਸੂਬਾ ਜਨਰਲ ਸਕੱਤਰ ਗੁਰਜੀਤ ਸਿੰਘ ਮਾਛੀਕੇ, ਪ੍ਰਧਾਨ ਕੁਲਵਿੰਦਰ ਸਿੰਘ ਖਾਲਸਾ, ਜਨਰਲ ਸਕੱਤਰ ਤਜਿੰਦਰ ਸਿੰਘ ਰੌਂਤਾ ਤੇ ਪ੍ਰਧਾਨ ਜਤਿੰਦਰਪਾਲ ਸਿੰਘ ਖੋਸਾ ਸਮੇਤ ਜਥੇਬੰਦੀ ਦੇ ਆਗੂਆਂ ਨੇ ਪੰਜਾਬ ਸਰਕਾਰ ਤੇ ਸਿੱਖਿਆ ਵਿਭਾਗ ਤੋਂ ਮੰਗ ਕੀਤੀ ਕਿ ਅਧਿਆਪਕਾਂ ਤੋਂ ਲਏ ਜਾ ਰਹੇ ਸਮੂਹ ਗੈਰ-ਵਿੱਦਿਅਕ ਕੰਮ ਤੁਰੰਤ ਬੰਦ ਕੀਤੇ ਜਾਣ।ਆਗੂਆਂ ਨੇ ਕਿਹਾ ਕਿ ਅਧਿਆਪਕਾਂ ਦਾ ਮੁੱਖ ਕੰਮ ਵਿਦਿਆਰਥੀਆਂ ਨੂੰ ਗੁਣਵੱਤਾਪੂਰਨ ਸਿੱਖਿਆ ਪ੍ਰਦਾਨ ਕਰਨਾ ਹੈ।ਜਦੋਂ ਅਧਿਆਪਕਾਂ ਨੂੰ ਲੰਬੇ ਸਮੇਂ ਤੱਕ ਗੈਰ-ਵਿੱਦਿਅਕ ਕੰਮਾਂ ਵਿੱਚ ਲਗਾਇਆ ਜਾਂਦਾ ਹੈ ਤਾਂ ਉਹ ਸਕੂਲਾਂ ਵਿੱਚ ਆਪਣਾ ਬਣਦਾ ਸਮਾਂ ਨਹੀਂ ਦੇ ਸਕਦੇ, ਜਿਸ ਕਾਰਨ ਆਮ ਘਰਾਂ ਨਾਲ ਸਬੰਧਤ ਹੋਣਹਾਰ ਵਿਦਿਆਰਥੀਆਂ ਦੀ ਪੜ੍ਹਾਈ ਸਿੱਧੇ ਤੌਰ 'ਤੇ ਪ੍ਰਭਾਵਿਤ ਹੁੰਦੀ ਹੈ।ਜਥੇਬੰਦੀ ਨੇ ਮੰਗ ਕੀਤੀ ਕਿ ਅਧਿਆਪਕਾਂ ਤੋਂ ਬੇਲੋੜੀਆਂ ਡਾਕਾਂ ਤੇ ਵਾਰ-ਵਾਰ ਮੰਗੀਆਂ ਜਾਣ ਵਾਲੀਆਂ ਰਿਪੋਰਟਾਂ ਦਾ ਕੰਮ ਬੰਦ ਕੀਤਾ ਜਾਵੇ।ਆਗੂਆਂ ਨੇ ਮਿੱਡ-ਡੇ ਮੀਲ ਦੀ ਬਕਾਇਆ ਰਾਸ਼ੀ ਜਲਦ ਜਾਰੀ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਮਿੱਡ-ਡੇ ਮੀਲ ਲਈ ਰਾਸ਼ਨ ਖ੍ਰੀਦਣ ਸਮੇਂ ਜੀ ਐੱਸ ਟੀ ਬਿੱਲਾਂ ਨਾਲ ਸਬੰਧਤ ਆ ਰਹੀਆਂ ਵਿਹਾਰਕ ਮੁਸ਼ਕਲਾਂ ਦਾ ਵੀ ਤੁਰੰਤ ਹੱਲ ਕੀਤਾ ਜਾਵੇ। ਅਧਿਆਪਕ ਦਲ ਪੰਜਾਬ ਦੇ ਆਗੂਆਂ ਨੇ ਅਧਿਆਪਕਾਂ, ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਤੁਰੰਤ ਪ੍ਰਵਾਨ ਕਰਨ ਦੀ ਮੰਗ ਕੀਤੀ।ਇਨ੍ਹਾਂ ਵਿੱਚ ਪੁਰਾਣੀ ਪੈਨਸ਼ਨ ਬਹਾਲ ਕਰਨਾ, 17.07.2020 ਦਾ ਪੱਤਰ ਰੱਦ ਕਰਕੇ ਪੰਜਾਬ ਦੇ ਸਮੁੱਚੇ ਮੁਲਾਜ਼ਮਾਂ 'ਤੇ ਪੰਜਾਬ ਦਾ ਛੇਵਾਂ ਪੇ ਕਮਿਸ਼ਨ ਲਾਗੂ ਕਰਨਾ, ਐੱਨ ਐੱਸ ਕਿਊ ਐੱਫ ਸਮੇਤ ਸਾਰੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨਾ, ਮਿੱਡ-ਡੇ ਮੀਲ ਵਰਕਰਾਂ ਤੇ ਆਸ਼ਾ ਵਰਕਰਾਂ ਦੇ ਨਿਗੂਣੇ ਮਾਣ-ਭੱਤੇ ਵਿੱਚ ਸਨਮਾਨਯੋਗ ਵਾਧਾ ਕਰਨਾ ਅਤੇ ਪੈਨਸ਼ਨਰਾਂ ਲਈ 2.59 ਦਾ ਗੁਣਾਂਕ ਲਾਗੂ ਕਰਨਾ ਆਦਿ ਮੰਗਾਂ ਸ਼ਾਮਲ ਹਨ।ਆਗੂਆਂ ਨੇ ਆਉਣ ਵਾਲੇ ਸਾਰੇ ਸਾਂਝੇ ਸੰਘਰਸ਼ਾਂ ਵਿੱਚ ਹਰ ਤਰ੍ਹਾਂ ਨਾਲ ਸ਼ਮੂਲੀਅਤ ਕਰਨ ਦਾ ਫੈਸਲਾ ਵੀ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਹੋਰ ਆਗੂ ਤੇ ਅਧਿਆਪਕ ਹਾਜ਼ਰ ਸਨ।

## ਚੋਣ ਕਮਿਸ਼ਨ ਦੀ ਕਾਰਗੁਜ਼ਾਰੀ ਚਿੰਤਾ ਦਾ ਵਿਸ਼ਾ : ਰਾਏ



ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੀ ਅਗਵਾਈ ਹੇਠ ਚੋਣ ਕਮਿਸ਼ਨ ਦੀ ਕਾਰਗੁਜ਼ਾਰੀ ਨਾਲ ਸੰਬੰਧਤ ਸਾਹਮਣੇ ਆ ਰਹੇ ਗੰਭੀਰ ਸਵਾਲਾਂ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਦੇਸ਼ ਦੀ ਲੋਕਤੰਤਰਿਕ ਪ੍ਰਣਾਲੀ ਵਿੱਚ ਚੋਣ ਕਮਿਸ਼ਨ ਦੀ ਨਿਰਪੱਖਤਾ, ਪਾਰਦਰਸ਼ਤਾ ਤੇ ਭਰੋਸੇਯੋਗਤਾ ਸਭ ਤੋਂ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਵੋਟਰ ਸੂਚੀਆਂ ਵਿੱਚ ਸੋਧ, ਨਵੇਂ ਵੋਟਰਾਂ ਦੀ ਰਜਿਸਟ੍ਰੇਸ਼ਨ, ਵੋਟਰਾਂ ਦੇ ਨਾਮ ਹਟਾਉਣ ਤੇ ਚੋਣੀ ਡਾਟਾਬੇਸ ਦੇ ਪ੍ਰਬੰਧਨ ਨੂੰ ਲੈ ਕੇ ਜੇਕਰ ਖੁਦ ਚੋਣ ਕਮਿਸ਼ਨ ਦੇ ਅੰਦਰੋਂ ਸਵਾਲ ਉੱਠ ਰਹੇ ਹਨ ਤਾਂ ਇਨ੍ਹਾਂ ਮਾਮਲਿਆਂ ਨੂੰ ਗੰਭੀਰਤਾ ਨਾਲ ਲੈਣਾ ਜ਼ਰੂਰੀ ਹੈ।ਸ੍ਰ. ਰਾਏ ਨੇ ਕਿਹਾ ਕਿ ਹਾਲ ਹੀ ਵਿੱਚ ਸਾਹਮਣੇ ਆਈ ਇੱਕ ਰਿਪੋਰਟ ਮੁਤਾਬਕ ਚੋਣ ਕਮਿਸ਼ਨ ਦੇ ਦੋ ਮੈਂਬਰਾਂ ਵੱਲੋਂ ਪਿਛਲੇ 10 ਮਹੀਨਿਆਂ ਦੌਰਾਨ ਘੱਟੋ-ਘੱਟ 14 ਵਾਰ ਵੱਖ-ਵੱਖ ਫੈਸਲਿਆਂ ਤੇ ਹੁਕਮਾਂ ਸਬੰਧੀ ਲਿਖਤੀ ਇਤਰਾਜ਼ ਦਰਜ ਕੀਤੇ ਗਏ।ਇਨ੍ਹਾਂ ਵਿੱਚ ਨਵੇਂ ਵੋਟਰਾਂ ਨੂੰ ਸ਼ਾਮਲ ਕਰਨ, ਵੋਟਰ ਸੂਚੀਆਂ ਵਿੱਚੋਂ ਨਾਮ ਹਟਾਉਣ, ਫਾਰਮ-6 ਵਿੱਚ ਤਬਦੀਲੀਆਂ ਤੇ ਵੋਟਰ ਡਾਟਾਬੇਸ ਦੇ ਕੇਂਦਰੀਕਰਨ ਵਰਗੇ ਮੁੱਦੇ ਸ਼ਾਮਲ ਦੱਸੇ ਗਏ ਹਨ।ਉਨ੍ਹਾਂ ਕਿਹਾ ਕਿ ਅਜਿਹੀਆਂ ਰਿਪੋਰਟਾਂ ਨਾਲ ਆਮ ਵੋਟਰ ਦੇ ਮਨ ਵਿੱਚ ਵੀ ਕਈ ਸਵਾਲ ਪੈਦਾ ਹੋਣਾ ਸੁਭਾਵਿਕ ਹੈ।ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਕੋਈ ਆਮ ਸਰਕਾਰੀ ਵਿਭਾਗ ਨਹੀਂ, ਸਗੋਂ ਸੰਵਿਧਾਨਕ ਸੰਸਥਾ ਹੈ, ਜਿਸ 'ਤੇ ਦੇਸ਼ ਦੇ ਕਰੋੜਾਂ ਲੋਕਾਂ ਦੇ ਵੋਟ ਦੇ ਅਧਿਕਾਰ ਦੀ ਰੱਖਿਆ ਦੀ ਜ਼ਿੰਮੇਵਾਰੀ ਹੈ।ਇਸ ਲਈ ਕਿਸੇ ਵੀ ਵੋਟਰ ਦਾ ਨਾਮ ਸੂਚੀ ਵਿੱਚੋਂ ਹਟਾਉਣ ਜਾਂ ਉਸ ਨੂੰ ਵੋਟ ਦੇ ਅਧਿਕਾਰ ਤੋਂ ਵਾਂਝਾ ਕਰਨ ਦੀ ਪ੍ਰਕਿਰਿਆ ਪੂਰੀ ਤਰ੍ਹਾਂ ਪਾਰਦਰਸ਼ੀ, ਕਾਨੂੰਨੀ ਤੇ ਜਾਂਚਯੋਗ ਹੋਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਯੋਗ ਨਾਗਰਿਕ ਦਾ ਨਾਮ ਗਲਤੀ ਨਾਲ ਵੋਟਰ ਸੂਚੀ ਵਿੱਚੋਂ ਹਟ ਜਾਂਦਾ ਹੈ ਤਾਂ ਇਸ ਦਾ ਸਿੱਧਾ ਅਸਰ ਉਸ ਦੇ ਲੋਕਤੰਤਰਿਕ ਅਧਿਕਾਰ 'ਤੇ ਪੈਂਦਾ ਹੈ।ਵਿਧਾਇਕ ਰਾਏ ਨੇ ਕਿਹਾ ਕਿ ਚੋਣੀ ਪ੍ਰਕਿਰਿਆ ਸਬੰਧੀ ਸਾਹਮਣੇ ਆ ਰਹੇ ਹਰ ਇਤਰਾਜ਼ ਦਾ ਚੋਣ ਕਮਿਸ਼ਨ ਵੱਲੋਂ ਤੱਥਾਂ ਸਮੇਤ ਸਪੱਸ਼ਟ ਜਵਾਬ ਦਿੱਤਾ ਜਾਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਚੋਣਾਂ ਸਿਰਫ਼ ਵੋਟ ਪਾਉਣ ਦੀ ਪ੍ਰਕਿਰਿਆ ਨਹੀਂ, ਸਗੋਂ ਲੋਕਾਂ ਦੇ ਲੋਕਤੰਤਰਿਕ ਅਧਿਕਾਰਾਂ ਨਾਲ ਸਿੱਧਾ ਜੁੜਿਆ ਮਾਮਲਾ ਹੈ।ਇਸ ਲਈ ਚੋਣ ਕਮਿਸ਼ਨ ਦੀ ਹਰ ਕਾਰਵਾਈ ਪਾਰਦਰਸ਼ਤਾ, ਨਿਰਪੱਖਤਾ ਤੇ ਕਾਨੂੰਨ ਦੇ ਦਾਇਰੇ ਵਿੱਚ ਹੋਣੀ ਚਾਹੀਦੀ ਹੈ।


**AXIS BANK**

**Retail Asset Centre:** AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana-141001.
**Corporate Office:** 'Axis House', Block-B, Bombay Dyeing Mills Compound, Pandurang Budhkar Marg, Worli, Mumbai-400025.
**Registered Office:** 'Trishul', 3rd Floor, Oppsite Samartheswar Temple, Law Garden, Ellisbridge, Ahmedabad-380006.

**[ ਰੂਲ-8 (1)] ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ 2002 (2002 ਦਾ 54 ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ 04/05/2026 ਨੂੰ ਡਿਮਾਂਡ ਨੋਟਿਸ ਜਾਰੀ ਕਰਦਿਆਂ (ਮੈਸਰਜ਼ ਵਿਨੋਦ ਫਾਊਂਡਰੀ ਵਰਕਸ ਰਾਹੀਂ ਇਸ ਦੇ ਮਾਲਕ (2) ਸ੍ਰੀ ਵਿਨੋਦ ਸ਼ਰਮਾ (3) ਸ੍ਰੀਮਤੀ ਪ੍ਰਿਅੰਕਾ ਸ਼ਰਮਾ ਨੂੰ ਨੋਟਿਸ 'ਚ ਦਰਸਾਈ ਰਕਮ ਰੁਪਏ 1,25,90,013.88/- (ਇੱਕ ਕਰੋੜ ਪੰਝੀ ਲੱਖ ਨੱਬੇ ਹਜ਼ਾਰ ਤੇਰਾਂ ਰੁਪਏ ਅਤੇ ਅਠਾਸੀ ਪੈਸੇ ਕੇਵਲ) ਉਕਤ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਵਾਪਸ ਮੋੜਨ ਦਾ ਸੱਦਾ ਦਿੱਤਾ ਸੀ।

ਕਰਜ਼ਦਾਰ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ। ਕਰਜ਼ਦਾਰ/ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਗਿਆ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ 23 ਸਤੰਬਰ 2026 ਨੂੰ ਕਬਜ਼ਾ ਹਾਸਲ ਕਰ ਲਿਆ ਹੈ।

ਕਰਜ਼ਦਾਰ/ਗਰੰਟਰ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਐਕਸਿਸ ਬੈਂਕ ਲਿਮਟਿਡ ਦੀ ਬਕਾਇਆ ਰਕਮ ਰੁਪਏ 1,25,90,013.88/- ਅਤੇ ਇਸ 'ਤੇ ਵਿਆਜ ਦੀ ਵਸੂਲੀ ਲਈ ਜਵਾਬਦੇਹ ਹੋਣਗੇ।

ਉਪਲੱਬਧ ਸਮੇਂ 'ਚ ਸਕਿਉਰਡ ਐਸੇਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

**ਅਚੱਲ ਜਾਇਦਾਦ ਦਾ ਵੇਰਵਾ**

ਪਲਾਟ ਰਕਬਾ 2 ਕਨਾਲ 19 ਮਰਲੇ 5.5 ਸਰਸਾਈ (ਮਰਲੇ ਦੀ ਪੈਮਾਇਸ਼ 272 ਵਰਗ ਫੁੱਟ) ਖਸਰਾ ਨੰ. 6//21/2, 22, 10//2/1, 3/1, 5//24/3, 25/1/1, 15//5/2/3, 6/1/1, 16//1/2, 10/3, 3//18/2, 19, 22/2, 23, 24/1, 4//1/1, 1/2/2, 2/2, 9/3, 10/1, 5//22/2, 23/2, 24/1, 25/1/2, 9//11/2, 15//5/1, 15//5/2/1, 6/1/3, 6/2, 6/3, 7/1, 8/1, 14/2/1, 15/1, 15/2, 16//11/1, 9//20/2, 10//16/1/2, 10//16/1/1, 5//16/2, 6//19/2, 20/2 ਮਿੰਨ, 20/2 ਮਿੰਨ, 5//25/2, 6//21/1, ਜਮ੍ਹਾਂਬੰਦੀ ਸਾਲ 2019-20, ਪਿੰਡ ਕੰਗਣੀਵਾਲ ਵਿਖੇ ਸਥਿਤ, ਹੱਦਬਸਤ ਨੰ. 202, ਤਹਿਸੀਲ ਤੇ ਜ਼ਿਲ੍ਹਾ ਜਲੰਧਰ, ਪੰਜਾਬ ਨਾਲ ਸੰਬੰਧਤ ਸਭ ਕੁਝ, ਜੋ ਕਿ ਰਜਿਸਟਰਡ ਬੈਨਾਮਾ ਵਸੀਕਾ/ਦਸਤਾਵੇਜ਼ ਨੰ. 2023-24/186/1/14235 ਮਿਤੀ 27.02.2024 ਅਨੁਸਾਰ ਸ੍ਰੀ ਵਿਨੋਦ ਸ਼ਰਮਾ ਪੁੱਤਰ ਦਰਸ਼ਨ ਲਾਲ ਦੇ ਨਾਂਅ ਦਰਜ। ਹੱਦਾਂ : ਬੈਨਾਮੇ ਅਨੁਸਾਰ : ਪੂਰਬ : ਐੱਨ ਏ, ਪੱਛਮ : ਐੱਨ ਏ, ਉੱਤਰ : ਐੱਨ ਏ, ਦੱਖਣ : ਐੱਨ ਏ ।

ਮਿਤੀ : 23.09.2026 ਸਥਾਨ : ਜਲੰਧਰ
ਸਹੀ/- (ਅਧਿਕਾਰਤ ਅਫਸਰ) ਐਕਸਿਸ ਬੈਂਕ ਲਿਮਟਿਡ



**UMMEED HOUSING FINANCE PVT. LTD**
Registered office at: Unit 2009-14,20th Floor, Magnum Global Park, Golf Course Extension Road,Sec-58, Gurugram (Haryana)-122011)
CIN: U65922HR2016PTC057984.

**ਅੰਤਿਕਾ IV [(ਦੇਖੋ ਰੂਲ 8 (1)] ਕਬਜ਼ਾ ਨੋਟਿਸ**

ਜਦੋਂਕਿ ਨਿਮਨਹਸਤਾਖਰੀ ਸਕਿਉਰਿਟੀਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ (ਐਕਟ 2002 (54 ਆਫ 2002) ਅਧੀਨ ਉਮੀਦ ਹਾਊਸਿੰਗ ਫਾਈਨਾਂਸ ਪ੍ਰਾਈ: ਲਿਮ: ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ (ਰੂਲ 3) ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਏ ਕਰਜ਼ਦਾਰਾਂ ਨੂੰ ਨੋਟਿਸ 'ਚ ਦਰਸਾਈ ਰਕਮ ਸਮੇਤ ਲਾਗਤਾਂ, ਚਾਰਜਿਜ਼ ਅਤੇ ਖਰਚੇ ਅਦਾਇਗੀ ਦੀ ਅਸਲ ਮਿਤੀ ਤੋਂ ਨੋਟਿਸ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਵਾਪਸ ਅਦਾ ਕਰਨ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਸੰਬੰਧਤ ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਰਹਿਣਕਾਰ ਰਾਸ਼ੀ ਵਾਪਸ ਅਦਾ ਕਰਨ 'ਚ ਅਸਫਲ ਰਹੇ ਹਨ ਅਤੇ ਉਨ੍ਹਾਂ ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਰਹਿਣਕਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਿਟੀ ਇੰਟਰੈੱਸਟ ਇਨਫੋਰਸਮੈਂਟ ਰੂਲਜ਼, 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਈ ਜਾਇਦਾਦ ਦਾ ਸੰਕੇਤਕ ਕਬਜ਼ਾ ਪ੍ਰਾਪਤ ਕਰ ਲਿਆ ਹੈ।

ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਰਹਿਣਕਾਰ ਨੂੰ ਖਾਸ ਕਰ ਅਤੇ ਆਮ ਜਨਤਾ ਨੂੰ ਆਮ ਤੌਰ 'ਤੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਸੌਦੇਬਾਜ਼ੀ ਨਾ ਕਰਨ ਅਤੇ ਜਾਇਦਾਦ ਸੰਬੰਧੀ ਕੀਤੀ ਗਈ ਕੋਈ ਵੀ ਸੌਦੇਬਾਜ਼ੀ ਉਮੀਦ ਹਾਊਸਿੰਗ ਫਾਈਨਾਂਸ ਪ੍ਰਾਈ: ਲਿਮ: ਨੂੰ ਰਕਮ ਉਸ 'ਤੇ ਅਗਲਾ ਵਿਆਜ, ਲਾਗਤਾਂ ਅਤੇ ਚਾਰਜਿਜ਼ ਆਦਿ ਨੂੰ ਨਿਮਨਲਿਖਤ ਨਿਰਧਾਰਤ ਮਿਤੀਆਂ ਤੋਂ ਮੁਕੰਮਲ ਅਦਾਇਗੀ ਤੱਕ ਹੱਕਦਾਰ ਬਣਾਏਗੀ।

ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ ਸੈਕਸ਼ਨ (8) ਦੀਆਂ ਵਿਵਸਥਾਵਾਂ ਅਧੀਨ ਸਕਿਉਰਡ ਐੱਸਟਸ ਨੂੰ ਗਿਰਵੀ ਰੱਖਣ ਲਈ ਦਿੱਤੇ ਗਏ ਸਮੇਂ ਵੱਲ ਦਿਵਾਇਆ ਜਾਂਦਾ ਹੈ।

ਕਰਜ਼ਦਾਰਾਂ, ਸਹਿ-ਕਰਜ਼ਦਾਰਾਂ ਅਤੇ ਗਰੰਟਰਾਂ, ਸਕਿਉਰਿਟੀਜ਼, ਬਕਾਇਆ ਰਕਮਾਂ, ਡਿਮਾਂਡ ਨੋਟਿਸ ਦੇ ਵੇਰਵੇ ਸੈਕਸ਼ਨ 13 (2) ਅਧੀਨ ਭੇਜੇ ਗਏ ਹਨ ਅਤੇ ਇਸ ਅਧੀਨ ਦਾਅਵਾ ਕੀਤੀ ਗਈ ਰਕਮ ਅਤੇ ਕਬਜ਼ੇ ਦੀ ਮਿਤੀ ਹੇਠਾਂ ਦਰਸਾਏ ਅਨੁਸਾਰ ਹੈ :

| ਲੜੀ ਨੰ: | ਕਰਜ਼ਦਾਰ, ਸਹਿ-ਕਰਜ਼ਦਾਰ, ਗਰੰਟਰ ਦਾ ਨਾਂਅ ਅਤੇ ਪਤਾ ਕਰਜ਼ਾ ਖਾਤਾ ਨੰ. ਅਤੇ ਕਰਜ਼ਾ ਰਾਸ਼ੀ | ਡਿਮਾਂਡ ਨੋਟਿਸ ਦੀ ਮਿਤੀ | ਸੰਕੇਤਕ ਕਬਜ਼ਾ ਮਿਤੀ |
|---|---|---|---|
| 1. | 1. ਹਰਵਿੰਦਰ ਕੌਰ ਪਤਨੀ ਸੁਰੇਸ਼ ਕੁਮਾਰ (ਕਰਜ਼ਦਾਰ) 2. ਵਿਨੋਦ ਕੁਮਾਰ ਪੁੱਤਰ ਸੁਰੇਸ਼ ਕੁਮਾਰ (ਸਹਿ-ਕਰਜ਼ਦਾਰ) ਦੋਵੇਂ ਵਾਸੀ 246, ਪ੍ਰੀਤ ਨਗਰ, ਗੁਲਾਬਗੜ੍ਹ ਰੋਡ, ਤਹਿਸੀਲ ਡੇਰਾਬੱਸੀ, ਐੱਸ.ਏ.ਐੱਸ ਨਗਰ, ਮੁਹਾਲੀ-140507 ਨਾਲ ਹੀ: ਐਸ ਸੀ ਓ-37, ਪਹਿਲੀ ਮੰਜ਼ਲ, ਬਲਾਕ-ਬੀ, ਜ਼ੀਰਕਪੁਰ, ਮੁਹਾਲੀ, ਪੰਜਾਬ-140603 ਕਰਜ਼ਾ ਨੰ: ਐਲ ਐਕਸ ਸੀ ਐਚ ਡੀ 02917-180000856 ਕਰਜ਼ਾ ਇਕਰਾਰਨਾਮਾ ਮਿਤੀ: 30 ਨਵੰਬਰ, 2017 ਕਰਜ਼ਾ ਰਾਸ਼ੀ: ਰੁਪਏ 20,72,302/- | 15 ਜੁਲਾਈ, 2026<br>ਬਕਾਇਆ ਰਕਮ ਰੁਪਏ 'ਚ<br>15 ਜੁਲਾਈ, 2026 ਨੂੰ ਰੁਪਏ 19,99, 353/- (ਉੱਨੀ ਲੱਖ ਨੜਿੰਨਵੇਂ ਹਜ਼ਾਰ ਤਿੰਨ ਸੌ ਤਿਰਵੰਜਾ ਰੁਪਏ ਕੇਵਲ) +16 ਜੁਲਾਈ 2026 ਤੋਂ ਅਗਲਾ ਵਿਆਜ ਅਤੇ ਹੋਰ ਚਾਰਜਿਜ਼। | 26 ਸਤੰਬਰ, 2026 |

**ਸਕਿਓਰਡ ਐਸਟ ਦਾ ਵੇਰਵਾ: ਜਾਇਦਾਦ 00 ਬਿੱਘੇ 03 ਬਿਸਵਾ 03 ਬਿਸਵਾਸੀ ਨਾਲ ਸੰਬੰਧਿਤ ਸਭ ਕੁਝ, ਖੱਤਾ ਨੰ: 126/178 ਤੋਂ 228, ਖਸਰਾ ਨੰ:** 1710/1109/838/5min (2-3), 1717/839/5min (0-8), 1729/1181/840 Min 5(0-18), 1984/1725/841/7 Min(1-15-4), 1904/1725/ 841 Min (0-0-13), 1904/1725/841/7min(0-0-13)1901/841/3(0-0-13), 1902/841/1(0-0-10), 1903/841/1(0-0-10), 1730-31/841/1(0-6-0), 1732/841/2(0-4-0), 1711/839/1(0-4-0), 1734/841/5(0-0-10), 1715/839/4(0-4-0), 1714/839/3(0-4-0), 1727/1181/840/1(0-2-0), 741/841/1(0-20), 1898/1702/837/5min(1-6-11), 1710/1109/838/5min(1-3-10), 1717/ 839/5min(1-7-7), 1729/1181/840/5 Min(0-8-0), 1899/1181/840/1(0-4-0), 1742/841/1 Min(0-6-0), 1717/839/5 (0-4-0), 1717/839/ 5min(0-2-13), 1704/1109/838/2(0-8-0), 1724/1181/840/3(0-4-0), 1739/841/3(0-6 10), 1737/841/1(0-4-10), 1738/1181/840/2(0-3-0), 1708/1109/832/6(0-4-0), 1696/ 837/1(0-4-0), 1694/837/2(0-4-0), 1181/ 840/1(0-4), 1726/1181/840/1(0-2), 1740/ 841/1(0-2), 1696/837/4(0-4), 1698/837/2(0-6), 1701/837/1(10), 1897/1702/837/5/1(0-15), 1898/1702/837/5/2min(0-9), 1693/ 837/1(0-12), 1181/840/1(0-4), 1712/839/1(0-4), 1669/837/1(0-4), 1713/839/2(0-2), 1719/ 1140/840/2(0-2), 1735/841/6(0-0-12), 1720/ 1121/840/3(0-5), 1733/841/4(0-4), 1703/ 1109/838/1(0-2-10), 1705/1104/838/1(0-4), 1706/1109/838/2(0-4), 1707/ 1109/ 838/ 4(0-4), 1736/841/1(0-0-12), 481/2(0-0-10), 1697/837/2(0-3-9), 1725/1181/840/4(0-6-0), 1716/839/1(0-4), 1709/1109/838/1(0-4), 1181/240/2(0-4) ਕਿੱਤੇ 58 ਕੁੱਲ ਜ਼ਮੀਨ ਰਕਬਾ 20 ਬਿੱਘੇ 04 ਬਿਸਵੇ ਇਸ ਦਾ 54/8080 ਹਿੱਸਾ ਜੋ ਕਿ 00 ਬਿੱਘੇ 02 ਬਿਸਵਾ 14 ਵਿਸਵਾਸੀ ਅਤੇ ਖੱਤਾ ਨੰ: 126/211, ਖਸਰਾ ਨੰ: 1693/837/1 (0-12) ਕਿੱਤੇ 01 ਕੁੱਲ ਜ਼ਮੀਨ ਰਕਬਾ 00 ਬਿੱਘੇ 12 ਬਿਸਵੇ ਇਸ ਦਾ 9/240 ਹਿੱਸਾ ਜੋ ਕਿ 00 ਬਿੱਘੇ 00 ਬਿਸਵਾ 09 ਬਿਸਵਾਸੀ (ਕੁੱਲ ਜ਼ਮੀਨ ਰਕਬਾ 00 ਬਿੱਘਾ 03 ਬਿਸਵਾ 03 (ਬਿਸਵਾਸੀ) ਜਾਇਦਾਦ ਅੰਦਾਜ਼ਨ 157.5 ਵਰਗ ਗਜ਼, ਗਲੀ ਨੰ: 6, ਵਾਰਡ ਨੰ: 1, ਪ੍ਰੀਤ ਕਲੋਨੀ, ਮਾਧੋਪੁਰ, ਹੱਦਬਸਤ ਨੰ: 11 ਡੇਰਾਬੱਸੀ। ਹੱਦਾਂ: ਉੱਤਰ: ਹੋਰ ਮਾਲਕ, ਦੱਖਣ: ਨਰੇਸ਼ ਕੁਮਾਰ, ਪੂਰਬ: ਗਲੀ, ਪੱਛਮ: ਹੋਰ ਮਾਲਕ।

ਮਿਤੀ : 29 ਸਤੰਬਰ, 2026 ਸਥਾਨ : ਗੁਰੂਗ੍ਰਾਮ, ਹਰਿਆਣਾ
ਅਧਿਕਾਰਤ ਅਫਸਰ, ਸ੍ਰੀ ਗੌਰਵ ਤ੍ਰਿਪਾਠੀ ਮੋਬਾਇਲ-9650055701 ਉਮੀਦ ਹਾਊਸਿੰਗ ਫਾਈਨਾਂਸ ਪ੍ਰਾਈ. ਲਿਮ.



**YES BANK** ਯੈੱਸ ਬੈਂਕ ਲਿਮਟਿਡ
ਰਜਿਸਟਰਡ ਦਫ਼ਤਰ: ਯੈੱਸ ਬੈਂਕ ਹਾਊਸ, ਵੈਸਟਰਨ ਐਕਸਪ੍ਰੈਸ ਹਾਈਵੇ, ਸਾਂਤਾਕਰੂਜ਼ ਈਸਟ ਮੁੰਬਈ-400055 ਸ਼ਾਖਾ ਦਫ਼ਤਰ: ਪੰਜਾਬ 42 ਮਾਲ ਰੋਡ, ਅੰਮ੍ਰਿਤਸਰ/B-XX 2427-928, ਪਹਿਲੀ ਮੰਜ਼ਲ, ਗੋਬਿੰਦ ਨਗਰ, ਫਿਰੋਜ਼ਾਬਾਦ, ਲੁਧਿਆਣਾ-141001

**ਸਰਫੇਸੀ ਐਕਟ ਦੇ ਸੈਕਸ਼ਨ 13 (2) ਅਧੀਨ ਨੋਟਿਸ ਦੀ ਪ੍ਰਕਾਸ਼ਨਾ**

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰ (ਕਰਜ਼ਦਾਰਾਂ)/ਸਹਿ-ਕਰਜ਼ਦਾਰ (ਸਹਿ-ਕਰਜ਼ਦਾਰਾਂ) ਗਰੰਟਰ/(ਗਰੰਟਰਾਂ)/ਗਿਰਵੀਕਾਰ (ਗਿਰਵੀਕਾਰਾਂ), ਜਿਨ੍ਹਾਂ ਨੇ ਬੈਂਕ ਤੋਂ ਲਈ ਕਰਜ਼ਾ ਸਹੂਲਤ ਦਾ ਮੂਲ ਅਤੇ ਵਿਆਜ ਵਾਪਸ ਮੋੜਨ 'ਚ ਅਸਫਲਤਾ ਦਿਖਾਈ ਅਤੇ ਜਿਨ੍ਹਾਂ ਦੇ ਕਰਜ਼ਾ ਖਾਤੇ ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਵਰਗੀਕ੍ਰਿਤ ਕਰ ਦਿੱਤੇ ਗਏ ਹਨ। ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਦੇ ਸੈਕਸ਼ਨ 13 (2) ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 (ਸਰਫੇਸੀ ਐਕਟ) ਤਹਿਤ ਉਨ੍ਹਾਂ ਦੇ ਜਾਣਕਾਰੀ ਵਾਲੇ ਆਖਰੀ ਪਤਿਆਂ 'ਤੇ ਨੋਟਿਸ ਜਾਰੀ ਕੀਤੇ ਗਏ ਸਨ ਜੋ ਕਿ ਬਿਨਾਂ ਤਾਮੀਲ ਵਾਪਸ ਆ ਗਏ ਅਤੇ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਗਈ ਹੈ।

| ਲੜੀ ਨੰ: | ਖਾਤਾ ਨੰ: ਕਰਜ਼ੇ ਦੀ ਕਿਸਮ | ਕਰਜ਼ਦਾਰਾਂ, ਸਹਿ-ਕਰਜ਼ਦਾਰਾਂ, ਰਹਿਣਕਾਰਾਂ ਦੇ ਨਾਮ | 13 (2) ਨੋਟਿਸ ਅਨੁਸਾਰ ਬਕਾਇਆ ਰਕਮ | ਨੋਟਿਸ ਦੀ ਮਿਤੀ / ਐਨ ਪੀ ਏ ਦੀ ਮਿਤੀ |
|---|---|---|---|---|
| 1. | AFH001500938639 Home Loan facility | 1. ਸ੍ਰੀ ਮਨੋਜ ਵੈਸ਼ਨੇ ਪੁੱਤਰ ਕਾਲੀ ਚਰਨ ਵਾਸੀ ਮਕਾਨ # 1730, ਸੈਕਟਰ 52, ਚੰਡੀਗੜ੍ਹ ("ਕਰਜ਼ਦਾਰ") 2. ਸ੍ਰੀਮਤੀ ਮੀਨਾਕਸ਼ੀ ਵੈਸ਼ਨੇ ਪਤਨੀ ਮਨੋਜ ਵੈਸ਼ਨੇ ਵਾਸੀ ਮਕਾਨ # 1730, ਸੈਕਟਰ 52, ਚੰਡੀਗੜ੍ਹ (ਸਹਿ-ਕਰਜ਼ਦਾਰ ਅਤੇ ਰਹਿਣਕਾਰ) | 14 ਸਤੰਬਰ, 2026 ਨੂੰ ਰੁਪਏ 30,70,899.61/- (ਤੀਹ ਲੱਖ ਸੱਤਰ ਹਜ਼ਾਰ ਅੱਠ ਸੌ ਨੜਿੰਨਵੇਂ ਰੁਪਏ ਅਤੇ ਇਕਾਹਠ ਪੈਸੇ ਕੇਵਲ) | 15.09.26 / 13.09.26 |
| | | ਸਕਿਓਰਡ ਐਸਟ ਦਾ ਵੇਰਵਾ: ਜਾਇਦਾਦ ਮਕਾਨ ਨੰ: (ਜਾਇਦਾਦ ਨੰ: ਬੀ ਓ ਜ਼ੈੱਡ 1,00920) ਸੰਤੇ ਮਾਜਰਾ ਕਾਲੋਨੀ, ਸੈਕਟਰ-4, ਰਕਬਾ 4-1/2 1/36 ਮਰਲੇ, ਜ਼ਮੀਨ ਰਕਬਾ 8 ਕਨਾਲ ਦਾ ਹਿੱਸਾ, ਖੇਵਟ/ਖਤੌਨੀ 306/313 ਨੰ: 9/125 (8-0), ਟੁਕੜੇ (ਕਿੱਤੇ-1) ਜਮ੍ਹਾਂਬੰਦੀ ਸਾਲ 2013-14, ਸੰਤੇ ਮਾਜਰਾ ਵਿਖੇ ਸਥਿਤ, ਹੱਦਬਸਤ ਨੰ: 186 ਐਮ ਸੀ ਅਤੇ ਤਹਿਸੀਲ ਖਰੜ, ਜ਼ਿਲ੍ਹਾ ਐਸ ਏ ਐਸ ਨਗਰ, ਪੰਜਾਬ ਨਾਲ ਸੰਬੰਧਤ ਸਭ ਕੁਝ। ਉੱਤਰ: ਹੋਰ ਮਾਲਕ, ਦੱਖਣ: ਹੋਰ ਮਾਲਕ, ਪੂਰਬ: ਹੋਰ ਮਾਲਕ, ਪੱਛਮ: ਗਲੀ। | | |
| 2. | 002388900 001123 DOD Limit facility | ਮੈਸਰਜ਼ ਭਾਗਵਤੀ ਜਵੈਲਰਜ਼ ਰਾਹੀਂ ਇਸ ਦੇ ਮਾਲਕ ਸ੍ਰੀ ਨਿਸ਼ਾਂਤ ਖੱਤਰੀ ਵਾਸੀ 7411-ਬੀ-9, ਨਿਊ ਦੁਰਗਾ ਪੁਰੀ ਹੈਬੋਵਾਲ ਕਲਾਂ, ਲੁਧਿਆਣਾ-141001, ਨਾਲ ਹੀ:- 10281 ਦੀਪ ਨਗਰ ਬੀ-1, ਸਿਵਲ ਲਾਈਨਜ਼, ਲੁਧਿਆਣਾ-141001 ("ਕਰਜ਼ਦਾਰ") 1. ਸ੍ਰੀ ਨਿਸ਼ਾਂਤ ਖੱਤਰੀ ਪੁੱਤਰ ਓਮ ਪ੍ਰਕਾਸ਼ ਵਾਸੀ 7411-ਬੀ-9, ਨਿਊ ਦੁਰਗਾ ਪੁਰੀ ਹੈਬੋਵਾਲ ਕਲਾਂ, ਲੁਧਿਆਣਾ 141001, (ਸਹਿ-ਕਰਜ਼ਦਾਰ ਅਤੇ ਰਹਿਣਕਾਰ) 2. ਸ੍ਰੀਮਤੀ ਮਧੂਬਾਲਾ ਪਤਨੀ ਓਮ ਪ੍ਰਕਾਸ਼ ਵਾਸੀ 7411-ਬੀ-9, ਨਿਊ ਦੁਰਗਾ ਪੁਰੀ, ਹੈਬੋਵਾਲ ਕਲਾਂ, ਲੁਧਿਆਣਾ-141001, ਨਾਲ ਹੀ: ਪੁਸ਼ਪਾਂਜਲੀ ਗਾਰਡਨ, ਅਮਰ ਵਿਹਾਰ ਪੁਲਸ ਚੌਕੀ, ਦਿਆਲ ਬਾਗ, ਆਗਰਾ-982005 (ਸਹਿ-ਕਰਜ਼ਦਾਰ) | 7 ਸਤੰਬਰ, 2026 ਨੂੰ ਰੁਪਏ 3,48,971.21/- (ਤਿੰਨ ਲੱਖ ਅਠਤਾਲੀ ਹਜ਼ਾਰ ਨੌਂ ਸੌ ਇਕੱਤਰ ਰੁਪਏ ਅਤੇ ਇੱਕੀ ਪੈਸੇ ਕੇਵਲ) | 14.09.26 / 28.08.26 |
| | | ਸਕਿਓਰਡ ਐਸਟ ਦਾ ਵੇਰਵਾ: ਰਹਿਣ ਕੀਤੀ ਜਾਇਦਾਦ ਜੋ ਕਿ ਦੁਕਾਨ ਐਮ ਸੀ ਨੰ: ਬੀ-1-1257 (ਪੁਰਾਣਾ) ਬੀ-1-1028-1029, ਜਾਇਦਾਦ ਰਕਬਾ 19 ਵਰਗ ਗਜ਼ (ਕੇਵਲ ਧਰਾਤਲ ਮੰਜ਼ਲ) ਪਿੰਡ ਮਾਹਲ ਭਗਤ ਵਿਖੇ ਸਥਿਤ, ਹੱਦਬਸਤ ਨੰ: 164 ਅਬਾਦੀ ਦੀਪ ਨਗਰ ਵਜੋਂ ਜਾਣੀ ਜਾਂਦੀ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਉੱਤਰ: ਸਾਂਝੀ ਕੰਧ, ਦੱਖਣ: ਮਾਲਕ ਦੀ ਜਾਇਦਾਦ, ਪੂਰਬ: ਗੁਆਂਢ, ਪੱਛਮ: ਸੜਕ 20' ਚੌੜੀ। | | |
| 3. | 0001005150005717042 and AFH007101715048 | 1. ਸ੍ਰੀ ਅਮਰਜੀਤ ਸਿੰਘ ਪੁੱਤਰ ਸਤਨਾਮ ਸਿੰਘ (ਕਰਜ਼ਦਾਰ) ਵਾਸੀ ਸਟਾਰ ਐਨੀਮੇਸ਼ਨ, ਵਾਰਡ #7 ਵਿਸ਼ਵਕਰਮਾ ਗਲੀ ਦਸਮੇਸ਼ ਨਗਰ, ਭੋਗਪੁਰ, ਜਲੰਧਰ-144201 (2) ਸ੍ਰੀਮਤੀ ਪਰਮਜੀਤ ਕੌਰ ਪਤਨੀ ਸਤਨਾਮ ਸਿੰਘ (ਸਹਿ-ਕਰਜ਼ਦਾਰ-ਰਹਿਣਕਾਰ) ਵਾਸੀ ਵਾਰਡ # 7 ਵਿਸ਼ਵਕਰਮਾ ਗਲੀ, ਦਸਮੇਸ਼ ਨਗਰ, ਭੋਗਪੁਰ, ਜਲੰਧਰ-144201 | 8/09/2026 ਨੂੰ ਰੁਪਏ 19,71,231.42/- (ਉੱਨੀ ਲੱਖ ਇਕੱਤਰ ਹਜ਼ਾਰ ਦੋ ਸੌ ਇਕੱਤੀ ਰੁਪਏ ਅਤੇ ਬਤਾਲੀ ਪੈਸੇ ਕੇਵਲ) | 04.09.2026 / 14.09.2026 |
| | | ਸਕਿਓਰਡ ਐਸਟ ਦਾ ਵੇਰਵਾ: ਜਾਇਦਾਦ ਰਕਬਾ 03 ਮਰਲਾ 08 ਸਰਸਾਈ, ਖਸਰਾ ਨੰ: 15//3/2 (1-6), 4/1 (4-0), 7 (6-6), 8/1 (1-8), 13/2 (1-8), 14 (4-2), ਵਾਕਿਆ ਰਕਬਾ ਵਾਲੀ ਭੋਗਪੁਰ, ਹੱਦਬਸਤ ਨੰ: 86 ਜਲੰਧਰ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ। ਹੱਦਾਂ: ਪੂਰਬ: ਮਾਲਕ ਦਾ ਬਾਕੀ ਹਿੱਸਾ, ਪੱਛਮ: ਪਰਮਜੀਤ ਕੌਰ ਪਤਨੀ ਸੋਮ ਰਾਜ, ਉੱਤਰ: ਰਸਤਾ। | | |

ਉਪਰੋਕਤ ਕਰਜ਼ਦਾਰ ਅਤੇ/ਜਾਂ ਉਨ੍ਹਾਂ ਦੇ ਗਰੰਟਰ(ਗਰੰਟਰਾਂ)/ਰਹਿਣਕਾਰ (ਰਹਿਣਕਾਰਾਂ) (ਜਦੋਂ ਵੀ ਲਾਗੂ ਹੋਵੇ) ਨੂੰ ਬਕਾਇਆ ਰਕਮ, ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਦਾ ਸੱਦਾ ਦਿੱਤਾ ਜਾਂਦਾ ਹੈ। ਅਸਫਲ ਰਹਿਣ 'ਤੇ 60 ਦਿਨ ਗੁਜ਼ਰ ਜਾਣ ਤੋਂ ਬਾਅਦ ਸਰਫੇਸੀ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਤਹਿਤ ਅਗਲੇ ਕਦਮ ਉਠਾਏ ਜਾਣਗੇ। ਇਸ ਤੋਂ ਅੱਗੇ ਇਹ ਵੀ ਤੁਹਾਡੇ ਧਿਆਨ 'ਚ ਲਿਆਂਦਾ ਜਾਂਦਾ ਹੈ ਕਿ ਉਕਤ ਸਰਫੇਸੀ ਐਕਟ 2002 ਦੇ ਸੈਕਸ਼ਨ 13 (8) ਤਹਿਤ, ਜੇਕਰ ਸਾਡੇ ਬਕਾਏ ਸਮੇਤ ਸਾਡੇ ਵੱਲੋਂ ਸਹਿਣ ਕੀਤੀਆਂ ਗਈਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਵਿਕਰੀ ਜਾਂ ਤਬਾਦਲੇ ਲਈ ਤੈਅ ਕੀਤੀ ਗਈ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਅਦਾ ਕਰ ਦਿੱਤੇ ਜਾਂਦੇ ਹਨ ਤਾਂ ਸਾਡੇ ਵੱਲੋਂ ਸਕਿਉਰਡ ਐੱਸਟ ਵਿਕਰੀ ਜਾਂ ਤਬਦੀਲ ਨਹੀਂ ਕੀਤੇ ਜਾਣਗੇ ਅਤੇ ਸਾਡੇ ਵੱਲੋਂ ਸਕਿਉਰਡ ਐੱਸਟ ਨੂੰ ਤਬਦੀਲ ਜਾਂ ਵਿਕਰੀ ਕਰਨ ਸੰਬੰਧੀ ਅਗਲੇ ਕਦਮ ਨਹੀਂ ਉਠਾਏ ਜਾਣਗੇ।

ਮਿਤੀ: 29.09.2026 ਸਥਾਨ: ਚੰਡੀਗੜ੍ਹ ਸਹੀ/-ਅਧਿਕਾਰਤ ਅਫ਼ਸਰ, ਵਾਸਤੇ ਯੈੱਸ ਬੈਂਕ ਲਿਮਟਿਡ



**ਉੱਤਰ ਰੇਲਵੇ**

**ਈ-ਨੀਲਾਮੀ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਸੀਨੀਅਰ ਮੰਡਲ ਵਪਾਰਕ ਪ੍ਰਬੰਧਕ, ਉੱਤਰ ਰੇਲਵੇ, ਫ਼ਿਰੋਜ਼ਪੁਰ ਦੁਆਰਾ ਹੇਠਾ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜ਼ਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਜਾਂਦੀ ਹੈ :

| ਲੜੀ ਨੰਬਰ | ਕੈਟਲਾਗ ਨੰਬਰ | ਕੰਮ ਦਾ ਨਾਮ |
|---|---|---|
| **ਈ-ਨੀਲਾਮੀ ਦੀ ਮਿਤੀ : 06.10.2026** | | |
| 1 | ZR-DRMO-Cntn26- | ਡੀਆਰਐਮ ਦਫਤਰ, ਫ਼ਿਰੋਜ਼ਪੁਰ ਕੈਂਟ ਵਿਚ ਸਟਾਫ ਕੈਂਟੀਨ ਦੇ ਸੰਚਾਲਨ ਦੇ ਲਈ ਠੇਕੇ ਦਾ ਅਲਾਟਮੈਂਟ। |
| **ਈ-ਨੀਲਾਮੀ ਦੀ ਮਿਤੀ : 07.10.2026** | | |
| 2 | EAFZR-PRKG26-12 | ਕ) ਅੰਮ੍ਰਿਤਸਰ, ਜਲੰਧਰ ਸ਼ਹਿਰ ਅਤੇ ਫ਼ਿਰੋਜ਼ਪੁਰ ਛਾਵਣੀ ਰੇਲਵੇ ਸਟੇਸ਼ਨ ਉਤੇ ਬਹੁਉਦੇਸ਼ੀਯ ਸਟਾਲ (ਐਮਪੀਐਸ) ਦੇ ਠੇਕੇ ਦਾ ਅਲਾਟਮੈਂਟ।<br>ਖ) ਲੁਧਿਆਣਾ ਰੇਲਵੇ ਸਟੇਸ਼ਨ ਉਤੇ ਐਪ-ਆਧਾਰਿਤ ਕੈਬ/ਰੇਡਿਯੋ ਟੈਕਸੀ ਦੀ ਪਾਰਕਿੰਗ ਦੇ ਲਈ ਜਗ੍ਹਾਂ ਦੇ ਠੇਕੇ ਦਾ ਅਲਾਟਮੈਂਟ। |
| **ਈ-ਨੀਲਾਮੀ ਦੀ ਮਿਤੀ : 08.10.2026** | | |
| 3 | EAFZR-MIS26-19 | ਕ) ਅੰਮ੍ਰਿਤਸਰ ਰੇਲਵੇ ਸਟੇਸ਼ਨ ਉਤੇ ਯਾਤਰਾ ਹੈਲਪ ਡੇਸਕ ਦੀ ਸਥਾਪਨਾ ਅਤੇ ਸੰਚਾਲਨ।<br>ਖ) ਅੰਮ੍ਰਿਤਸਰ, ਢੰਢਾਰੀ ਕਲਾਂ, ਫਗਵਾੜਾ ਅਤੇ ਫ਼ਿਰੋਜ਼ਪੁਰ ਕੈਂਟ ਰੇਲਵੇ ਸਟੇਸ਼ਨ ਉਤੇ ਵਾਟਰ ਵੇਂਡਿੰਗ ਮਸ਼ੀਨਾਂ ਦੀ ਸਥਾਪਨਾ ਅਤੇ ਸੰਚਾਲਨ।<br>ਗ) ਕਾਲੋਨੀ ਨੰਬਰ 10 ਵਿਚ ਜਗਰਾਉਂ ਪੁਲ ਦੀ ਦੀਵਾਰ ਦੇ ਨਾਲ ਲੁਧਿਆਣਾ ਰੇਲਵੇ ਪਰਿਸਰ ਵਿਚ ਫੂਡ ਵੈਨ ਅਤੇ ਲੁਧਿਆਣਾ ਰੇਲਵੇ |

ਪੂਰੀ ਜਾਣਕਾਰੀ ਅਤੇ ਰਜਿਸਟਰੈਸ਼ਨ ਦੇ ਲਈ ਕ੍ਰਿਪਾ ਰੇਲਵੇ ਦੀ ਵੈੱਬਸਾਈਟ www.ireps.gov.in ਉਤੇ ਜਾਉ।
ਨੰ: NR-FZR0COML(NFR)/18/2024 ਮਿਤੀ : 25.09.2026 3370/2026
ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



**PUNJAB NATIONAL BANK**
Branch Office:- Basti Jodhewal, DISTT. LUDHIANA

**ਰੂਲ-8 (1) ਕਬਜ਼ਾ ਨੋਟਿਸ (ਅਚੱਲ-ਜਾਇਦਾਦ ਲਈ)**

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਓਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਓਰਟੀ ਇੰਟਰੈਸਟ ਐਕਟ 2002 ਅਧੀਨ ਪੰਜਾਬ ਨੈਸ਼ਨਲ ਬੈਂਕ ਬਸਤੀ ਜੋਧੇਵਾਲ, ਲੁਧਿਆਣਾ ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਅਤੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਕਰਜ਼ਦਾਰਾਂ/ਗਰੰਟਰਾਂ ਨੂੰ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈਆਂ ਮਿਤੀਆਂ 'ਤੇ ਡਿਮਾਂਡ ਨੋਟਿਸ ਜਾਰੀ ਕਰਦਿਆਂ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਨੋਟਿਸ 'ਚ ਦਰਸਾਈ ਰਕਮ ਅਦਾ ਕਰਨ ਲਈ ਕਿਹਾ ਸੀ।

ਕਰਜ਼ਦਾਰ/ਗਰੰਟਰ/ਰਹਿਣਕਾਰ ਰਾਸ਼ੀ ਅਦਾ ਕਰਨ ਵਿੱਚ ਅਸਫਲ ਰਹੇ ਹਨ। ਜਾਇਦਾਦ ਦੇ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸ਼ੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਹਰੇਕ ਖਾਤੇ ਵਿਰੁੱਧ ਦਰਸਾਈਆਂ ਗਈਆਂ ਮਿਤੀਆਂ ਨੂੰ (ਭੌਤਿਕ/ਸੰਕੇਤਕ ਕਬਜ਼ਾ) ਪ੍ਰਾਪਤ ਕਰ ਲਿਆ ਹੈ।

ਵਿਸ਼ੇਸ਼ ਕਰਕੇ ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਲੈਣ-ਦੇਣ ਨਾ ਕਾਰਨ ਅਤੇ ਜਾਇਦਾਦ ਸੰਬੰਧੀ ਕੀਤਾ ਗਿਆ ਕੋਈ ਵੀ ਲੈਣ-ਦੇਣ ਪੰਜਾਬ ਨੈਸ਼ਨਲ ਬੈਂਕ ਬਸਤੀ ਜੋਧੇਵਾਲ, ਲੁਧਿਆਣਾ ਦੀ ਨੂੰ ਹੇਠਾਂ ਦਰਸਾਈ ਰਕਮ ਅਤੇ ਉਸ ਉੱਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਦੀ ਵਸੂਲੀ ਹੇਠ ਹੋਵੇਗਾ।

**ਉਪਲਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਦਾ ਧਿਆਨ ਐਕਟ ਦੇ ਸ਼ੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।**

| ਕਰਜ਼ਦਾਰ/ਗਰੰਟਰ/ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ਾ ਨੋਟਿਸ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|
| (ਕਰਜ਼ਦਾਰ) : (1) ਸ੍ਰੀਮਤੀ ਰਾਜਵਿੰਦਰ ਕੌਰ ਪਤਨੀ ਸ੍ਰੀ ਅਮਿਤ ਸਿੰਘ # ਮਕਾਨ ਨੰ. 312/1, ਗਲੀ ਨੰ. 5, ਵਾਰਡ ਨੰ. 64, ਗੋਬਿੰਦਸਰ, ਨਿਊ ਸ਼ਿਮਲਾਪੁਰੀ, ਲੁਧਿਆਣਾ। (2) (ਸਹਿ-ਕਰਜ਼ਦਾਰ) : ਸ੍ਰੀ ਅਮਿਤ ਸਿੰਘ ਪੁੱਤਰ ਸ੍ਰੀ ਕੀਰਤ ਸਿੰਘ # ਮਕਾਨ ਨੰ. 312/1, ਗਲੀ ਨੰ. 5, ਵਾਰਡ ਨੰ. 64, ਗੋਬਿੰਦਸਰ, ਨਿਊ ਸ਼ਿਮਲਾਪੁਰੀ, ਲੁਧਿਆਣਾ। | ਅਚੱਲ ਜਾਇਦਾਦਾਂ ਦਾ ਉਚਿਤ ਗਿਰਵੀਨਾਮਾ ਰਕਬਾ 100 ਵਰਗ ਗਜ਼, ਖੱਤਾ ਨੰ. 390/471, ਖਸਰਾ ਨੰ. 511-512, ਜਮ੍ਹਾਂਬੰਦੀ ਸਾਲ 2008-2009, ਪਿੰਡ ਡਾਬਾ ਅਬਾਦੀ ਗੋਬਿੰਦਨਗਰ ਵਿਖੇ ਸਥਿਤ, (ਪੁਰਾਣਾ ਖੇਤਰ ਨਾਂਅ) ਗੋਬਿੰਦਸਰ (ਨਵਾਂ ਖੇਤਰ ਨਾਂਅ) ਤਹਿ. ਤੇ ਜ਼ਿਲ੍ਹਾ ਲੁਧਿਆਣਾ, ਬੈਨਾਮਾ ਵਸੀਕਾ ਨੰ. 6638 ਮਿਤੀ 23/10/2017 ਅਨੁਸਾਰ ਸ੍ਰੀਮਤੀ ਰਾਜਵਿੰਦਰ ਕੌਰ ਪਤਨੀ ਸ੍ਰੀ ਅਮਿਤ ਸਿੰਘ ਦੇ ਨਾਂਅ। ਹੱਦਾਂ ਹੇਠ ਅਨੁਸਾਰ : ਪੂਰਬ : ਗੁਆਂਢ, ਪੱਛਮ : ਬਾਲਾ ਕਬਾੜੀਆ, ਉੱਤਰ : ਗਲੀ, ਦੱਖਣ : ਗੁਆਂਢ। | 08.06.2026 | 24.09.2026 | ਭੌਤਿਕ ਕਬਜ਼ਾ<br>03.06.2026 ਨੂੰ ਰੁਪਏ 7,94,861.85 (ਸੱਤ ਲੱਖ ਚੋਰਾਨਵੇ ਹਜ਼ਾਰ ਅੱਠ ਸੋ ਇਕਾਹਠ ਰੁਪਏ ਅਤੇ ਪਚਾਸੀ ਪੈਸੇ ਕੇਵਲ) ਖਾਤਾ ਨੰ. 345700 ਐੱਨ ਸੀ 000 54865 ਲਈ, ਰੁਪਏ |

15,83,768.39 (ਪੰਦਰਾਂ ਲੱਖ ਤਰਿਆਸੀ ਹਜ਼ਾਰ ਸੱਤ ਸੋ ਅਠਾਹਠ ਰੁਪਏ ਅਤੇ ਉਨਤਾਲੀ ਪੈਸੇ ਕੇਵਲ) ਮਿਤੀ 03.06.2026 ਨੂੰ ਖਾਤਾ ਨੰ. 12526016000419 ਲਈ ਅਤੇ 3,19,302.52 (ਤਿੰਨ ਲੱਖ ਉੱਨੀ ਹਜ਼ਾਰ ਤਿੰਨ ਸੋ ਦੋ ਰੁਪਏ ਅਤੇ ਬਵੰਜਾ ਪੈਸੇ ਕੇਵਲ) ਮਿਤੀ 03.06.2026 ਨੂੰ, ਖਾਤਾ ਨੰ. 12526771000117 ਲਈ (ਕੁਲ ਰਕਮ ਰੁਪਏ 26,97,932.76 (ਛੱਬੀ ਲੱਖ ਸਤਾਨਵੇ ਹਜ਼ਾਰ ਨੌ ਸੋ ਬੱਤੀ ਰੁਪਏ ਅਤੇ ਛਿਹੱਤਰ ਪੈਸੇ ਕੇਵਲ) ਮਿਤੀ 03.06.2026 ਨੂੰ ਜਮ੍ਹਾਂ ਇਸ 'ਤੇ 03/07/2026 ਤੋਂ ਅਗਲਾ ਵਿਆਜ, ਹੋਰ ਚਾਰਜਿਜ਼ ਅਤੇ ਖਰਚੇ।

ਮਿਤੀ : 28-09-2026 ਸਥਾਨ : ਲੁਧਿਆਣਾ ਅਧਿਕਾਰਤ ਅਫਸਰ



**ਉਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਸੀਨੀਅਰ ਮੰਡਲ ਇੰਜੀਨੀਅਰ-ਫਸਟ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਟਾਈਟਲ ਵਾਲੀ ਈ-ਟੈਂਡਰਾਂ ਦੀ ਮੰਗ ਕਰਦੇ ਹਨ ਜੋ www.ireps.gov.in 'ਤੇ ਉਪਲਬਧ ਹਨ ਅਤੇ ਜਿਨ੍ਹਾਂ ਦੇ ਬੰਦ ਹੋਣ ਦੀ ਮਿਤੀ 19.10.2026 ਦੁਪਹਿਰ15:00 ਵਜੇ ਤਕ ਹੈ।ਨਿਵਿਦਾਕਰਤਾ ਕੇਵਲ ਨਿਵਿਦਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਆਪਣੇ ਮੂਲ/ਸੰਸ਼ੋਧਿਤ ਨਿਵਿਦਾਵਾਂ ਪੇਸ਼ ਕਰ ਸਕਦੇ ਹਨ।। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਦੀ ਇਜਾਜਤ ਨਹੀਂ ਹੈ ਅਤੇ ਪ੍ਰਾਪਤ ਹੋਣ ਵਾਲੇ ਐਸੇ ਕਿਸੇ ਵੀ ਮੈਨੂੰਅਲ ਪ੍ਰਸਤਾਵ ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰਾਂ ਇਸ ਨਿਵਿਦਾ ਦੇ ਲਈ ਨਿਵਿਦਾ ਫਾਰਮ ਫੀਸ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਭੁਗਤਾਨ ਮੋਡ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ। ਨੈਟ ਬੈਂਕਿੰਗ, ਡੇਬਿਟ ਕਾਰਡ ਤੇ ਕਰੈਡਿਟ ਕਾਰਡ ਆਦਿ ਜਿਵੇਂ ਪੋਰਟਲ, ਡਿਮਾਂਡ ਡ੍ਰਾਫਟ ਬੈਂਕਰ ਚੈਕ, ਜਮ੍ਹਾ ਰਸੀਦਾਂ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਭੁਗਤਾਨ ਦੀ ਇਜਾਜਤ ਨਹੀਂ ਹੈ। ਵਧੇਰੇ ਜਾਣਕਾਰੀ ਦੇ ਲਈ www.ireps.gov.in. ਲਾਗ ਇਨ ਕਰੋ

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| **ਨਿਵਿਦਾ ਅਪਲੋਡ ਕਰਨ ਦੀ ਮਿਤੀ** | **ਬੋਲੀ ਸ਼ੁਰੂ ਦੀ ਮਿਤੀ** | **ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ** |
| 25.09.2026 | 05.10.2026 | 19.10.2026 / 15:00 ਵਜੇ |

| ਲੜੀ ਨੰ. | ਨਿਵਿਦਾ ਸੰਖਿਆ ਮਿਤੀ | ਨਿਵਿਦਾ ਦਾ ਵੇਰਵਾ |
|---|---|---|
| 1. | 167-2026-27-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਸੈਕਸ਼ਨ ਦੇ ਤਹਿਤ ਜੈਜੋਂ, ਗੜ੍ਹਸ਼ੰਕਰ, ਕੁਲਧਮ, ਸੈਲਾਖੁਰਦ ਅਤੇ ਮਾਲੂ ਪੋਟਾ ਸਟੇਸ਼ਨਾਂ ਤੇ ਯਾਤਰੀ ਪਲੇਟਫਾਰਮ ਨੂੰ R.L./L.L.ਤੋਂ ਹਾਈ ਲੇਵਲ ਪੈਸੰਜਰ ਪਲੇਟਫਾਰਮ ਵਿਚ ਬਦਲਣਾ। ਇਸ ਵਿਚ 0.15 ਮੀਟਰ ਮੋਟੀ ਵੀਡੀਸੀ ਫਲੋਰਿੰਗ, ਸਟੇਨਲੇਸ ਸਟੀਲ ਬੇਂਚ, ਛੋਟੇ ਸ਼ੇਡ ਅਤੇ ਪਾਣੀ ਦੇ ਬੂਥ ਆਦਿ ਜਿਹੀਆਂ ਸਹੂਲਤਾਂ ਵੀ ਸ਼ਾਮਲ ਹਨ। |
| 2. | 168-2026-27-ADEN-JRC | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਛਾਉਣੀ ਸੈਕਸ਼ਨ ਦੇ ਤਹਿਤ ਦੋਆਬਾ ਅਤੇ ਖੁਰਦਪੁਰ ਸਟੇਸ਼ਨਾਂ ਤੇ ਯਾਤਰੀ ਪਲੇਟਫਾਰਮ ਨੂੰ R.L./L.L. ਤੋਂ ਹਾਈ ਲੇਵਲ ਪੈਸੰਜਰ ਪਲੇਟਫਾਰਮ ਵਿਚ ਬਦਲਣਾ। ਇਸ ਵਿਚ 0.15 ਮੀਟਰ ਮੋਟੀ ਵੀਡੀਸੀ ਫਲੋਰਿੰਗ, ਸਟੇਨੇਸੇ ਸਟੀਲ ਬੇਂਚ ਛੋਟੇ ਸ਼ੇਡ ਅਤੇ ਪਾਣੀ ਦੇ ਬੂਥ ਆਦਿ ਲਗਾਉਣਾ ਸ਼ਾਮਲ ਹੈ, ਨਾਲ ਹੀ ਯਾਤਰੀਆਂ ਦੇ ਲਈ ਪਾਣੀ ਦੇ ਬੂਥ ਅਤੇ ਬੇਂਚ ਜਿਹੀਆਂ ਹੋਰ ਸਹੂਲਤਾਂ ਵੀ ਉਪਲਬਧ ਕਰਾਈ ਜਾਏਗੀ। |
| 3. | 169-2026-27-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ਲੁਧਿਆਣਾ ਸੈਕਸ਼ਨ ਵਿਚ ਡੀਜਲ ਸ਼ੇਡ, ਲੁਧਿਆਣਾ ਵਿਚ ਬੁਨਿਆਦੀ ਢਾਂਚੇ ਦਾ ਅਪਗ੍ਰੇਡੇਸ਼ਨ। |

| ਲੜੀ ਨੰ. | ਵਿਗਿਆਪਨ ਮੂਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ | ਸਮਾਨ ਨੇਚਰ ਦਾ ਕੰਮ |
|---|---|---|---|---|---|
| 1. | 69620189.59 | 1392400.00 | 60 ਦਿਨ | 08 ਮਹੀਨੇ | "ਟ੍ਰੈਕ ਦੇ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" |
| 2. | 24426087.74 | 488500.00 | 60 ਦਿਨ | 06 ਮਹੀਨੇ | "ਟ੍ਰੈਕ ਦੇ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" |
| 3. | 21000067.94 | 420000.00 | 60 ਦਿਨ | 06 ਮਹੀਨੇ | "ਟ੍ਰੈਕ ਦੇ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ। ਨਿਵਿਦਾ ਸੂਚਨਾ ਪੱਤਰ ਨੰ.:167,169-2026-27-ADEN-LDH & 168-2026-27-ADEN-JRC ਤਾਰੀਕ : 28.09.2026 3374/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਸਹਾਰਾ ਕਲੱਬ ਵੱਲੋਂ ਮਰਹੂਮ ਪੱਤਰਕਾਰ ਵੇਦ ਤਾਇਲ ਦੀ ਯਾਦ 'ਚ 2100 ਬੂਟੇ ਲਗਾਉਣ ਦਾ ਅਹਿਦ



ਭੀਖੀ (ਧਰਮਵੀਰ ਸ਼ਰਮਾ)-ਸਹਾਰਾ ਕਲੱਬ (ਰਜਿ.) ਭੀਖੀ ਵੱਲੋਂ ਭੀਖੀ ਪ੍ਰੈਸ ਕਲੱਬ ਦੇ ਤਤਕਾਲ ਪ੍ਰਧਾਨ ਅਤੇ ਮਰਹੂਮ ਪੱਤਰਕਾਰ ਵੇਦ ਤਾਇਲ ਦੀ ਯਾਦ ਨੂੰ ਸਦੀਵੀ ਬਣਾਉਣ ਲਈ 2100 ਬੂਟੇ ਲਗਾਉਣ ਦਾ ਅਹਿਦ ਲਿਆ ਗਿਆ। ਮੁਹਿੰਮ ਦੀ ਸ਼ੁਰੂਆਤ ਭਾਜਪਾ ਦੇ ਜ਼ਿਲ੍ਹਾ ਜਨਰਲ ਸਕੱਤਰ ਮੁਨੀਸ਼ ਬੱਬੀ ਦਾਨੇਵਾਲੀਆ ਅਤੇ ਭਾਜਪਾ ਮੰਡਲ ਪ੍ਰਧਾਨ ਵਿਵੇਕ ਜੈਨ ਬੱਬੂ ਵੱਲੋਂ ਸ੍ਰੀ ਕਾਲੀ ਮਾਤਾ ਮੰਦਰ ਭੀਖੀ ਵਿਖੇ ਪੌਦੇ ਲਗਾ ਕੇ ਕੀਤੀ ਗਈ। ਇਸ ਮੌਕੇ ਮੁਨੀਸ਼ ਬੱਬੀ ਦਾਨੇਵਾਲੀਆ ਅਤੇ ਵਿਵੇਕ ਜੈਨ ਬੱਬੂ ਨੇ ਕਿਹਾ ਕਿ ਰੁੱਖ ਮਨੁੱਖੀ ਜੀਵਨ ਦਾ ਅਹਿਮ ਹਿੱਸਾ ਹਨ। ਰੁੱਖ ਸਾਨੂੰ ਆਕਸੀਜਨ ਪ੍ਰਦਾਨ ਕਰਨ ਦੇ ਨਾਲ-ਨਾਲ ਵਾਤਾਵਰਨ ਨੂੰ ਸਾਫ਼ ਰੱਖਣ, ਤਾਪਮਾਨ ਨੂੰ ਸੰਤੁਲਿਤ ਕਰਨ ਅਤੇ ਧਰਤੀ ਨੂੰ ਹਰਿਆ-ਭਰਿਆ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਸਵ. ਵੇਦ ਤਾਇਲ ਦੀ ਯਾਦ ਵਿੱਚ ਸ਼ੁਰੂ ਕੀਤੀ ਗਈ ਇਹ ਮੁਹਿੰਮ ਉਨ੍ਹਾਂ ਨੂੰ ਸੱਚੀ ਸ਼ਰਧਾਂਜਲੀ ਦੇਣ ਦੇ ਨਾਲ-ਨਾਲ ਸਮਾਜ ਵਿੱਚ ਵਾਤਾਵਰਨ ਪ੍ਰਤੀ ਜਾਗਰੂਕਤਾ ਪੈਦਾ ਕਰਨ ਵਿੱਚ ਵੀ ਸਹਾਇਕ ਹੋਵੇਗੀ। ਸਹਾਰਾ ਕਲੱਬ ਵੱਲੋਂ ਇਸ ਮੁਹਿੰਮ ਤਹਿਤ 2100 ਬੂਟੇ ਲਗਾਉਣ ਦਾ ਟੀਚਾ ਰੱਖਿਆ ਗਿਆ ਹੈ। ਇਸ ਤਹਿਤ ਆਉਣ ਵਾਲੇ ਸਮੇਂ ਵਿੱਚ ਭੀਖੀ ਸ਼ਹਿਰ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਵੱਖ-ਵੱਖ ਜਨਤਕ ਥਾਵਾਂ, ਧਾਰਮਿਕ ਸਥਾਨਾਂ, ਸੜਕਾਂ ਦੇ ਕਿਨਾਰਿਆਂ ਅਤੇ ਹੋਰ ਉਚਿਤ ਸਥਾਨਾਂ 'ਤੇ ਪੌਦੇ ਲਗਾਏ ਜਾਣਗੇ। ਮੁਹਿੰਮ ਦੀ ਸ਼ੁਰੂਆਤ ਮੌਕੇ ਸੰਦੀਪ ਤਾਇਲ, ਦੀਪੂ ਅਲੀਸ਼ੇਰ, ਅਰਜੁਨ ਗਰਗ, ਪ੍ਰਦੀਪ ਗਰਗ, ਜਗਭੂਸ਼ਨ ਗੋਇਲ, ਹਰਸ਼ ਸਿੰਗਲਾ, ਸ਼ਿੰਟੂ ਮੈਂਬਰ, ਨਿਖਿਲ ਗੋਇਲ, ਵਿਨੈ ਮਹਿਤਾ, ਗੁਲਸ਼ਨ ਮਿੱਤਲ, ਕੋਮਲ ਸ਼ਰਮਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਤਵੰਤੇ ਹਾਜ਼ਰ ਸਨ।

# ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ 25 ਮੁਕੱਦਮੇ ਦਰਜ

ਸੰਗਰੂਰ (ਪ੍ਰਵੀਨ ਸਿੰਘ)- ?ਡਾ. ਰਵਜੋਤ ਗਰੇਵਾਲ ਐਸ.ਐਸ.ਪੀ. ਸੰਗਰੂਰ ਨੇ ਪ੍ਰੈਸ ਨੂੰ ਦੱਸਿਆ ਕਿ ਜ਼ਿਲ੍ਹਾ ਪੁਲਸ ਸੰਗਰੂਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਅਤੇ ਪਿੰਡਾਂ ਦੇ ਪਹਿਰੇਦਾਰ ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਮਿਤੀ 19 ਸਤੰਬਰ ਤੋਂ 25 ਸਤੰਬਰ ਤੱਕ ਡਰੱਗ ਦੇ 18 ਮੁਕੱਦਮੇ ਦਰਜ ਕਰਕੇ 26 ਦੋਸ਼ੀਆਂ ਨੂੰ ਕਾਬੂ ਕਰਕੇ 88 ਗ੍ਰਾਮ ਹੈਰੋਇਨ, 14 ਕਿੱਲੋ ਭੁੱਕੀ ਚੂਰਾ ਪੋਸਤ ਅਤੇ 70 ਨਸ਼ੀਲੀਆਂ ਗੋਲੀਆਂ ਬ੍ਰਾਮਦ ਕਰਵਾਈਆਂ ਗਈਆਂ। ਸ਼ਰਾਬ ਦਾ ਧੰਦਾ ਕਰਨ ਵਾਲਿਆਂ ਖਿਲਾਫ 7 ਮੁਕੱਦਮੇ ਦਰਜ ਕਰਕੇ 7 ਦੋਸ਼ੀਆਂ ਨੂੰ ਕਾਬੂ ਕਰਕੇ 134.500 ਲੀਟਰ ਸ਼ਰਾਬ ਠੇਕਾ ਦੇਸੀ, 7.500 ਲੀਟਰ ਸਰਾਬ ਨਜਾਇਜ਼ ਅਤੇ 600 ਲੀਟਰ ਲਾਹਣ ਬ੍ਰਾਮਦ ਕਰਵਾਈ ਗਈ।ਇਸ ਤੋਂ ਇਲਾਵਾ ਅਸਲਾ ਐਕਟ ਤਹਿਤ 1 ਮੁਕੱਦਮਾ ਦਰਜ ਕਰਕੇ 1 ਦੋਸ਼ੀ ਨੂੰ ਕਾਬੂ ਕਰਕੇ ਉਸ ਪਾਸੋਂ 1 ਪਿਸਟਲ ਅਤੇ 2 ਜਿੰਦਾ ਕਾਰਤੂਸ ਬ੍ਰਾਮਦ ਕੀਤੇ ਗਏ। ਇਸ ਦੌਰਾਨ 3 ਪੀ.ਓਜ਼ (ਭਗੌੜੇ) ਨੂੰ ਗ੍ਰਿਫਤਾਰ ਕੀਤਾ ਗਿਆ ।ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਵਰਾਂ ਨਾਲ ਮੀਟਿੰਗਾਂ/ਸੰਪਰਕ ਮੀਟਿੰਗਾਂ ਕਰਕੇ ਆਮ ਪਬਲਿਕ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਅਰਸੇ ਦੌਰਾਨ ਵੱਖ-ਵੱਖ ਗਜ਼ਟਿਡ ਅਫਸਰਾਂ/ਮੁੱਖ ਅਫਸਰਾਂ ਵੱਲੋਂ 19 ਪਿੰਡਾਂ/ਸ਼ਹਿਰਾਂ ਵਿੱਚ ਆਮ ਪਬਲਿਕ ਨਾਲ ਮੀਟਿੰਗਾਂ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ।

## ਜਨਤਕ ਸੂਚਨਾ

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਲੁਧਿਆਣਾ ਮੈਡੀਵੇਜ਼ ਹਸਪਤਾਲ (ਲੁਧਿਆਣਾ ਮੈਡੀਵੇਜ਼ ਪ੍ਰਾਈਵੇਟ ਲਿਮਿਟਡ ਦਾ ਇੱਕ ਅਦਾਰਾ) ਦਾ ਮਿਤੀ 1 ਅਪ੍ਰੈਲ 2015 ਤੋਂ 31 ਮਾਰਚ 2021 ਤੱਕ ਦਾ ਮਰੀਜ਼ਾਂ ਦਾ ਦਾਖਲੇ, ਡਿਸਚਾਰਜ ਦੀਆਂ ਸੰਬੰਧਿਤ ਫਾਈਲਾਂ ਅਤੇ ਮੈਡੀਕਲ ਰਿਕਾਰਡ ਨਸ਼ਟ ਕੀਤਾ ਜਾਣਾ ਹੈ ਕਿਸੇ ਵੀ ਸੰਬੰਧਿਤ ਨੂੰ ਇਸ ਸਬੰਧੀ ਕੋਈ ਇਤਰਾਜ਼ ਹੋਵੇ ਜਾਂ ਰਿਕਾਰਡ ਦੀ ਜਰੂਰਤ ਹੋਵੇ ਤਾਂ ਉਹ ਮੈਡੀਕਲ ਰਿਕਾਰਡ ਡਿਪਾਰਟਮੈਂਟ, ਲੁਧਿਆਣਾ ਮੈਡੀਵੇਜ਼ ਪ੍ਰਾਈਵੇਟ ਲਿਮਿਟਿਡ ਜਾਂ ਮੋਬਾਈਲ ਨੰਬਰ 87250-99531 ਜਾਂ 74930-75930 ਤੇ ਇਸ ਇਸ਼ਤਿਹਾਰ ਦੇ ਛਪਣ ਦੇ ਇਕ ਮਹੀਨੇ ਅੰਦਰ ਸੰਪਰਕ ਕਰ ਸਕਦਾ ਹੈ।

## ਨਿਲਾਮੀ ਨੋਟਿਸ

ਦੀ ਤੇੜਾ ਰਾਜਪੂਤਾਂ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸਭਾ ਲਿਮ: ਤੇੜਾ ਰਾਜਪੂਤਾਂ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਖੇਤੀਬਾੜੀ ਸੰਦਾਂ ਦੀ ਨਿਲਾਮੀ ਮਿਤੀ 16-10-2026 ਨੂੰ ਸਵੇਰੇ 11.00 ਵਜੇ ਸਭਾ ਦੇ ਦਫਤਰ ਪਿੰਡ ਤੇੜਾ ਰਾਜਪੂਤਾਂ ਵਿਖੇ ਕੀਤੀ ਜਾਵੇਗੀ। ਖੇਤੀ ਸੰਦਾਂ ਦਾ ਵੇਰਵਾ (ਟਰੈਕਟਰ 1, ਰੋਟਾਵੇਟਰ 1, ਹੈਪੀ ਸੀਡਰ 2, ਐਮ.ਬੀ.ਪਲਾਉ 2, ਮਲਚਰ 2, ਜ਼ੀਰੋ ਡਰਿਲ 1) ਹੋਰ ਜਾਣਕਾਰੀ ਸਭਾ ਦੇ ਸੈਕਟਰੀ ਸ੍ਰੀ ਹੁਸ਼ਿਆਰ ਸਿੰਘ ਮੋਬਾਈਲ ਨੰ: 98559-66123 ਉੱਪਰ ਫੋਨ ਕਰਕੇ ਪ੍ਰਾਪਤ ਕੀਤੀ ਜਾ ਸਕਦੀ ਹੈ।

ਪ੍ਰਧਾਨ, ਦੀ ਤੇੜਾ ਰਾਜਪੂਤਾਂ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸਭਾ ਲਿਮ:

## ਗੁੰਮਸ਼ੁਦਾ ਦੀ ਤਲਾਸ਼



72 ਸਾਲ ਦੇ ਕਰੀਬ, ਕਾਲੀ ਨਿੱਕਰ ਤੇ ਗਰੇ ਰੰਗ ਦੀ ਸ਼ਰਟ ਪਾਈ ਹੋਈ (ਕਮਲ ਕੁਮਾਰ ਖੇਤਾਵਤ) ਘਰੋਂ ਚਲੇ ਗਏ ਤੇ ਲਭ ਨਹੀਂ ਰਹੇ। ਜੇ ਕਿਸੇ ਨੂੰ ਮਿਲਣ ਤੇ ਉਹ ਹੇਠ ਲਿਖੇ ਨੰਬਰ 'ਤੇ ਸੰਪਰਕ ਕਰੇ 9971791292

## ਨਿਲਾਮੀ ਨੋਟਿਸ

ਦੀ ਚੱਕ ਡੋਗਰਾਂ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸਭਾ ਲਿਮ: ਚੱਕ ਡੋਗਰਾਂ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਖੇਤੀਬਾੜੀ ਸੰਦਾਂ ਦੀ ਨਿਲਾਮੀ ਮਿਤੀ 19-10-2026 ਨੂੰ ਸਵੇਰੇ 11.00 ਵਜੇ ਸਭਾ ਦੇ ਦਫਤਰ ਪਿੰਡ ਚੱਕ ਡੋਗਰਾਂ ਵਿਖੇ ਕੀਤੀ ਜਾਵੇਗੀ। ਖੇਤੀ ਸੰਦਾਂ ਦਾ ਵੇਰਵਾ (ਟਰੈਕਟਰ 1, ਰੋਟਾਵੇਟਰ 1, ਹੈਪੀ ਸੀਡਰ 2, ਐਮ.ਬੀ.ਪਲਾਉ 2, ਮਲਚਰ 2, ਜ਼ੀਰੋ ਡਰਿੱਲ 1) ਹੋਰ ਜਾਣਕਾਰੀ ਸਭਾ ਦੇ ਸੈਕਟਰੀ ਸ੍ਰੀ ਹਰਦੀਪ ਸਿੰਘ ਮੋਬਾਈਲ ਨੰ: 98144-87240 ਉੱਪਰ ਫੋਨ ਕਰਕੇ ਪ੍ਰਾਪਤ ਕੀਤੀ ਜਾ ਸਕਦੀ ਹੈ।

ਪ੍ਰਧਾਨ, ਦੀ ਚੱਕ ਡੋਗਰਾਂ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸਭਾ ਲਿਮ:

## ਸ਼ਾਰਟ ਟਰਮ ਟੈਂਡਰ ਨੋਟਿਸ

ਪੀ ਐਮ ਸ਼੍ਰੀ ਭਾਈ ਕਿਸ਼ਨ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੰਧਵਾਂ, ਜ਼ਿਲ੍ਹਾ ਫ਼ਰੀਦਕੋਟ (ਪੰਜਾਬ )ਦਾ ਪੰਜਾਹ (50) ਵਿਦਿਆਰਥੀਆਂ ਅਤੇ ਨਿਯਮਤ ਅਧਿਆਪਕਾਂ ਦਾ ਵਿੱਦਿਅਕ ਟੂਰ ਉਦੇਪੁਰ ਅਤੇ ਮਾਊਂਟ ਆਬੂ ਸਕੂਲ ਸਿੱਖਿਆ ਵਿਭਾਗ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਆਦਿ ਥਾਵਾਂ ਤੇ ਅਕਤੂਬਰ ਦੇ ਪਹਿਲੇ ਹ਼ਫਤੇ ਲੈ ਕੇ ਜਾਣਾ ਹੈ ਟੂਰ ਸਬੰਧੀ ਸ਼ਰਤਾਂ ਦੇ ਪੱਤਰ ਕਿਸੇ ਵੀ ਸਮੇਂ ਦੇਖੇ ਜਾ ਸਕਦੇ ਹਨ ਚਾਹਵਾਨ ਫਰਮਾਂ ਸੰਪਰਕ ਕਰਨ

ਪ੍ਰਿੰਸੀਪਲ :- 9814256625
Gmail- gsss.fdk.sandhwan@punjabeducation.gov.in

## ਜਨਤਕ ਸੂਚਨਾ

ਮੈ ਗੁਰਮੀਤ ਸਿੰਘ ਪੁੱਤਰ ਸ੍ਰੀ ਅਮਰਜੀਤ ਸਿੰਘ ਵਾਸੀ ਪਿੰਡ ਸਾਲੋਪੁਰ ਡਾਕ: ਚੱਕ ਸ਼ਰੀਫ ਤਹਿ: ਵਾ ਜਿਲ੍ਹਾ ਗੁਰਦਾਸਪੁਰ ਦਾ ਰਹਿਣ ਵਾਲਾ ਹਾਂ ਅਤੇ ਹਲਫੀਆ ਬਿਆਨ ਕਰਦਾ ਹਾਂ ਕਿ ਮਿਤੀ 21-9-2026 ਨੂੰ ਸਮਾਂ ਕਰੀਬ ਸ਼ਾਮ 4:00 ਵਜੇ ਗੁਰਦਾਸਪੁਰ ਸ਼ਹਿਰ ਹਨੂੰਮਾਨ ਚੌਕ ਵਿਖੇ ਦਸਤਾਵੇਜ ਤਬਦੀਲ ਮਲਕੀਅਤ ਡਾਕੂਮੈਂਟ ਨੰ 2025-26/142/1/1734 ਵਾਲੀਅਮ ਨੰ : 1118 ਮਿਤੀ 25-2-2026 ਨੂੰ ਰਜਿਸਟਰਡਰ ਹੋਇਆ ਸੀ ਜੋ ਕਿ ਕਿਤੇ ਡਿਗ ਗਿਆ ਮੈ ਕਾਫੀ ਲੱਭਣ ਦੀ ਕੋਸ਼ਿਸ਼ ਕੀਤੀ ਪਰ ਨਹੀਂ ਮਿਲਿਆ ਜਿਸ ਵਿਚ ਉਕਤ ਤਬਦੀਲ ਮਲਕੀਅਤ ਜੋ ਕਿ ਪਿੰਡ ਸਾਲੋਪੁਰ ਹਦਬਸਤ ਨੰ: 578 ਵਿਚ ਰਕਬਾ (0-6) ਛੇ ਮਰਲੇ ਮੁਤਾਬਿਕ ਜਮਾਂਬੰਦੀ ਸਾਲ 2022-23 ਖੇਵਟ ਨੰ: 170 ਖਸਰਾ ਨੰ : 44/10/2 (1-10) 11/2 (0-16) ਕਿੱਤੇ 2 ਰਕਬਾ (2-6) ਦਾ 3/23 ਹਿਸਾ (06) ਜੋ ਕਿ ਮੇਰੇ ਹੱਕ ਵਿਚ ਹੈ । ਜੇ ਕਿਸੇ ਨੂੰ ਇਹ ਦਸਤਾਵੇਜ ਮਿਲੇ ਜਾਂ ਕੋਈ ਜਾਣਕਾਰੀ ਹੋਵੇ ਤਾਂ ਕਿਰਪਾ ਕਰਕੇ ਮੈਨੂੰ ਜਾਂ ਨਜਦੀਕੀ ਪੁਲਿਸ ਥਾਣੇ ਨੂੰ ਸੰਪਰਕ ਕਰੋ

## ਪਬਲਿਕ ਨੋਟਿਸ

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਅਤੇ ਇਤਰਾਜ਼ ਮੰਗੇ ਜਾਂਦੇ ਹਨ ਕਿ ਸਾਡੇ ਮੁਵੱਕਿਲ ਸ਼੍ਰੀਮਤੀ ਨੰਦੀ ਦੇਵੀ (ਪਤਨੀ ਸ਼੍ਰੀ ਸ਼ੱਲੂ ਕੁਮਾਰ, ਵਾਸੀ ਮਕਾਨ ਨੰਬਰ 1753/36, ਗਾਂਧੀ ਨਗਰ, ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ, ਪੰਜਾਬ) ਨੇ LIC ਹਾਊਸਿੰਗ ਫਾਈਨਾਂਸ ਲਿਮਿਟਡ, ਏਰੀਆ ਦਫ਼ਤਰ ਅੰਮ੍ਰਿਤਸਰ ਤੋਂ ਘਰ ਲਈ ਕਰਜ਼ਾ ਮਨਜ਼ੂਰ ਕਰਵਾਇਆ ਹੈ। ਸ਼੍ਰੀਮਤੀ ਨੰਦੀ ਦੇਵੀ, ਜੋ ਕਿ 02 ਮਰਲੇ 03 ਸਰਸਾਈ (20' X 30') ਜ਼ਮੀਨ/ਮਕਾਨ (ਜਿਸਦਾ ਹਿੱਸਾ 21/26361 ਹੈ ਅਤੇ ਜੋ ਮੁਰੱਬਾ ਨੰਬਰ 396/2/2 (146-9), ਖੇਵਟ ਨੰਬਰ 2248/2164, ਖਤੌਨੀ ਨੰਬਰ 3702, ਜਮਾਬੰਦੀ ਸਾਲ 2013-14 ਅਧੀਨ ਆਉਂਦੀ ਹੈ) ਦੀ ਖਰੀਦਦਾਰ ਹਨ, ਸੂਚਿਤ ਕਰਦੇ ਹਨ ਕਿ ਇਸ ਜਾਇਦਾਦ ਨਾਲ ਸਬੰਧਤ ... ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ-ਅੰਦਰ ਸਬੰਧਤ ਦਸਤਾਵੇਜ਼ਾਂ/ਸਬੂਤਾਂ ਸਮੇਤ ਹਸਤਾਖਰਕਰਤਾ ਦੇ ਧਿਆਨ ਵਿੱਚ ਲਿਆਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ, ਅਜਿਹੇ ਕਿਸੇ ਵੀ ਦਾਅਵੇ ਨੂੰ ਤਿਆਗਿਆ ਹੋਇਆ ਮੰਨਿਆ ਜਾਵੇਗਾ ਅਤੇ ਇਹ ਮੰਨ ਲਿਆ ਜਾਵੇਗਾ ਕਿ ਕਿਸੇ ਵੀ ਵਿਅਕਤੀ ਦਾ ਕੋਈ ਦਾਅਵਾ ਨਹੀਂ ਹੈ; ਅਤੇ ਬਾਅਦ ਵਿੱਚ ਕੀਤਾ ਗਿਆ ਕੋਈ ਵੀ ਦਾਅਵਾ ਸਾਡੇ ਮੁਵੱਕਿਲ ਜਾਂ ਉਨ੍ਹਾਂ ਦੇ ਉੱਤਰਾਧਿਕਾਰੀਆਂ/ਨਾਮਜ਼ਦ ਵਿਅਕਤੀਆਂ/ਅਧਿਕਾਰ-ਪ੍ਰਾਪਤ ਵਿਅਕਤੀਆਂ 'ਤੇ ਕਿਸੇ ਵੀ ਤਰ੍ਹਾਂ ਲਾਗੂ ਨਹੀਂ ਹੋਵੇਗਾ।

ਵਿਸ਼ਾਲ ਸੇਤੀਆ, ਵਕੀਲ, ਕੋਰਟ ਕੰਪਲੈਕਸ, ਜਲਾਲਾਬਾਦ, ਮੋਬਾਈਲ ਨੰਬਰ: 9855455956

## ਨੋਟਿਸ

ਵਿਸ਼ਾ : ਦਰਖਾਸਤ ਬਾਬਤ ਮਾਲ ਰਿਕਾਰਡ ਵਿੱਚ ਨਾਂਅ ਦੀ ਦਰੁਸਤੀ ਕਰਨ ਸੰਬੰਧੀ ਦ/ਵ ਗੋਵਿੰਦਰ ਸਿੰਘ ਸਿੱਧੂ ਪੁੱਤਰ ਮਲਕੀਤ ਸਿੰਘ ਸਿੱਧੂ ਵਾਸੀ ਬਜਰੰਗਗੜ੍ਹ ਫਾਰਮ, ਡੱਕਰਵਾਖਾਲਸਾ, ਜ਼ਿਲ੍ਹਾ ਲਖੀਮਪੁਰਾ ਖੀਰੀ ਯੂ.ਪੀ

ਉਪਰੋਕਤ ਵਿਸ਼ੇ ਸੰਬੰਧੀ ਦਰਖਾਸਤੀ ਵੱਲੋਂ ਨਿਮਨ ਹਸਤਾਖਰ ਦੇ ਦਫਤਰ ਵਿੱਚ ਪੇਸ਼ ਹੋ ਕੇ ਬੇਨਤੀ ਕੀਤੀ ਕਿ ਗੋਵਿੰਦਰ ਸਿੰਘ ਸਿੱਧੂ ਪੁੱਤਰ ਮਲਕੀਤ ਸਿੰਘ ਸਿੱਧੂ ਵਾਸੀ ਬਜਰੰਗਗੜ੍ਹ ਫਾਰਮ, ਡੱਕਰਵਾਖਾਲਸਾ, ਜ਼ਿਲ੍ਹਾ ਲਖੀਮਪੁਰ ਖੀਰੀ ਯੂ.ਪੀ ਦਾ ਵਸਨੀਕ ਹੈ। ਜੋ ਕਿ ਉਸ ਦੀ ਪਤਨੀ ਜਸਵੀਰ ਕੌਰ ਪੁੱਤਰੀ ਮੱਘਰ ਸਿੰਘ ਪੁੱਤਰ ਅਰਜਨ ਸਿੰਘ ਦੀ ਪੇਕੇ ਪਰਿਵਾਰ ਦੀ ਜ਼ਮੀਨ ਵਾਕਿਆ ਪਿੰਡ ਰਣੀਆਂ-1 ਅਤੇ 2 ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਵਿਖੇ ਹੈ । ਉਸ ਦੀ ਪਤਨੀ ਜਸਵੀਰ ਕੌਰ ਦੀ ਮੌਤ ਮਿਤੀ 02-12-2023 ਨੂੰ ਹੋ ਚੁੱਕੀ ਹੈ। ਉਸ ਦੀ ਪਤਨੀ ਜਸਵੀਰ ਕੌਰ ਦੀ ਮਾਲਕੀ ਦੀ ਜ਼ਮੀਨ ਵਾਕਿਆ ਪਿੰਡ ਰਣੀਆਂ- 1 ਅਤੇ 2 ਤਹਿ. ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਵਿੱਚ ਉਸ ਦਾ ਨਾਂਅ ਭਜਨ ਕੌਰ ਪੁੱਤਰੀ ਮੱਘਰ ਸਿੰਘ ਪੁੱਤਰ ਅਰਜਨ ਸਿੰਘ ਦਰਜ ਹੈ ਪ੍ਰੰਤੂ ਉਸ ਦੀ ਪਤਨੀ ਦੇ ਪਾਸਪੋਰਟ, ਅਧਾਰ ਕਾਰਡ, ਮੌਤ ਸਰਟੀਫਿਕੇਟ ਅਤੇ ਹੋਰ ਦਸਤਾਵੇਜ਼ਾਂ ਵਿੱਚ ਉਸ ਦਾ ਨਾਂਅ ... 7-2013 ਦੇ ਹਵਾਲੇ ਮੁਤਾਬਿਕ ਮਾਲ ਰਿਕਾਰਡ ਵਿੱਚ ਨਾਂਅ ਤਬਦੀਲੀ ਕਰਾਉਣੀ ਹੈ।

ਹੁਣ ਮਾਲ ਰਿਕਾਰਡ ਵਿੱਚ ਭਜਨ ਕੌਰ ਉਰਫ ਜਸਵੀਰ ਕੌਰ ਪੁੱਤਰੀ ਮੱਘਰ ਸਿੰਘ ਪੁੱਤਰ ਅਰਜਨ ਸਿੰਘ ਦਾ ਇੰਦਰਾਜ਼ ਕਰਨਾ ਹੈ । ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਇਸ ਦਫਤਰ ਵਿੱਚ ਆਪਣਾ ਇਤਰਾਜ਼ 10 ਦਿਨਾਂ ਦੇ ਅੰਦਰ-ਅੰਦਰ ਪੇਸ਼ ਕਰ ਸਕਦਾ ਹੈ।ਬਾਅਦ ਗੁਜ਼ਰਨੇ ਮਿਆਦ ਕੋਈ ਵੀ ਇਤਰਾਜ਼ ਕਾਬਲੇ-ਗੌਰ ਨਹੀਂ ਹੋਵੇਗਾ ।

ਸਹੀ/-ਤਹਿਸੀਲਦਾਰ-ਕਮ-ਸਰਕਲ ਰੈਵੀਨਿਊ ਅਫਸਰ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ।
ਨੰਬਰ: 27/ਰੀਡਰ ਮਿਤੀ : 25.9.2026

## ਨੋਟਿਸ

ਵਿਸ਼ਾ: ਦਰਖਾਸਤ ਬਾਬਤ ਮਾਲ ਰਿਕਾਰਡ ਵਿੱਚ ਨਾਂਅ ਦੀ ਦਰੁਸਤੀ ਕਰਨ ਸੰਬੰਧੀ ਦ/ਵ ਮਲਕੀਤ ਕੌਰ ਪਤਨੀ ਜਸਬੀਰ ਸਿੰਘ ਵਾਸੀ ਭਾਈਰੂਪਾ, ਤਹਿਸੀਲ ਰਾਮਪੁਰਾ ਫੂਲ, ਜ਼ਿਲ੍ਹਾ ਬਠਿੰਡਾ।

ਉਪਰੋਕਤ ਵਿਸ਼ੇ ਸੰਬੰਧੀ ਦਰਖਾਸਤੀ ਵੱਲੋਂ ਨਿਮਨ ਹਸਤਾਖਰ ਦੇ ਦਫਤਰ ਵਿੱਚ ਪੇਸ਼ ਹੋ ਕੇ ਬੇਨਤੀ ਮਲਕੀਤ ਕੌਰ ਪਤਨੀ ਜਸਬੀਰ ਸਿੰਘ ਵਾਸੀ ਭਾਈਰੂਪਾ, ਤਹਿਸੀਲ ਰਾਮਪੁਰਾ ਫੂਲ, ਜ਼ਿਲ੍ਹਾ ਬਠਿੰਡਾ ਦੀ ਵਸਨੀਕ ਹੈ । ਜੋ ਕਿ ਉਸ ਦੇ ਪੇਕੇ ਪਰਿਵਾਰ ਦੀ ਜ਼ਮੀਨ ...

ਸਹੀ/-ਸਹਾਇਕ ਕੁਲੈਕਟਰ ਦਰਜਾ-1 ਬੱਧਨੀ ਕਲਾਂ, ਤਹਿ. ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ।
ਨੰ:339/ਰੀਡਰ ਮਿਤੀ : 23/09/2026

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ-ਕਮ-ਤਹਿਸੀਲਦਾਰ ਮੂਨਕ, ਜ਼ਿਲ੍ਹਾ ਸੰਗਰੂਰ

ਵਿਸ਼ਾ : ਤਕਸੀਮ ਕੇਸ, ਮਿਸਲ ਨੰ. 27/ਏ.ਸੀ.ਫਸਟ, ਰਜੂਆ 24.01.2024, ਖੇਵਟ ਨੰ. 419/367, ਵਾਕਾ ਰਕਬਾ ਹਮੀਰਗੜ੍ਹ

1. ਪਰਮਜੀਤ ਸਿੰਘ ਪੁੱਤਰ ਮਲੂਕ ਸਿੰਘ ਪੁੱਤਰ ਜੱਸਾ ਸਿੰਘ 2. ਸ਼ੇਰ ਸਿੰਘ ਪੁੱਤਰ ਮਲੂਕ ਸਿੰਘ ਪੁੱਤਰ ਜੱਸਾ ਸਿੰਘ ਵਾਸੀਆਨ ਪਿੰਡ ...

## ਅਦਾਲਤੀ ਇਸ਼ਤਿਹਾਰ

ਸਹੀ/-ਸਹਾਇਕ ਕੁਲੈਕਟਰ ਦਰਜਾ-1, ਖਡੂਰ ਸਾਹਿਬ।
ਨੰਬਰ : ਰੀਡਰ/392 ਮਿਤੀ : 25.09.2026

# ਕਲਾਸੀਫਾਈਡ ਇਸ਼ਤਿਹਾਰ

## Change of Name

I, Jaspreet Singh son of Shri Chand Raja resident of VPO. Patial, District Jalandhar, Punjab have declare that Singh is my Surname Jaspreet is my given name. All concerned note.

I, Varinder Kumar Sharma S/O Raj Kumar Sharma R/O H. No.1587, Gali No.8, Sharifpura, Amritsar, Punjab have changed my name from Varinder Kumar Sharma to Varinder Sharma. Concerned note.

I, Monica W/O Nikka R/O 18, Near Pani Wali Tanki, Guru Ram Dass Nagar, Amritsar, Punjab have changed my name from Monica to Monika. Concerned note.

I, Ranjit Singh S/o Karamjit Singh R/o VPO Pandori Nijjran, Distt. Jalandhar Punjab declare that my surname is Singh and my given name is Ranjit. Concerned note.

I, Tejinder kaur W/o Sh Mohinder Singh, Resident of Flat No. 102, Tower-2, Palm Royale Estate, Green Model Town, Jalandhar-144003, have changed my name from Tejinder Kaur to Tajendra Pal Kaur.

I, Robanpreet Singh S/o Rashpal Singh R/o VPO Tarsikka, Tehsil Baba Bakala, Distt. Amritsar, Punjab have changed my name from Robanpreet Singh to Singh is my surname and Robanpreet is my given name.

I, Baljeet Kaur W/o Harpreet Singh R/o H.no. B-33/614, Hakim Jafar Ali, Distt. Kapurthala - 144601, Punjab have changed my name from Baljeet Kaur to Simranpreet Kaur. All concerned please note.

I, Jiwan Kumar S/O.mohinder Pal Singh R/O Vill. Mahal Khurd, Po. Garcha, The.nawanshahr, Distt. S.b.s Nagar Pin. 154518, Punjab Have Changed My Name Jiwan Kumar To Kumar Jiwan. (Surname Kumar).

I Kiran Rani D/o Sat Pal W/o Jaswinder Kumar R/o. VPO Randhawa Masandan, Distt Jalandhar Punjab, India have changed my name from Kirna Rani to Kiran Rani. Kiran as Given name & Rani as surname. Please note.

I, Tejwinder Singh S/o Joginder Singh R/o H.No. 111, Green Park, Jalandhar - 144001, Punjab. I have changed my name from Tejwinder to Tejwinder as given name and Singh as surname. All concerned please note.

I, Rajni Devi W/o Rajesh Kumar R/o Village Mastiwal, PO. Garhdiwala, Tehsil Dasuya, Distt. Hoshiarpur, Punjab, India declare that I have changed my name Rajni Devi to my first name Rajni and Surname as Devi. All concerned note.

I, Sahil S/o Jeet Raj, R/o WN-216, Balmiki Mohalla, Basti Danishmandan, Jalandhar city have changed my name from Shail to Sahil Loach.

I, Narotam Singh S/o Tarsem Singh R/o Flat No. Y-602, 66 Futti Road, Near Curo Mall, Jalandhar Heights-1, Jalandhar, have changed my name from Narotam Singh to Narotam Singh Kalsi. Please note.

I Rajinder Kaur W/O Lal Singh R/O Gali No.8 Opp. Khalsa College New Mohni Park Amritsar Have Changed My Name To Baljinder Kaur

I, Gourav Sharma S/o Ashwani Sharma R/o 2124, Gali No.2, Near Joura Phatak, Hari Singh Nagar, Amritsars have changed my name from Gourav Sharma to Gaurav Sharma

I, Yogesh Kumar son of Ramesh Chand resident of 29 B-2, Backside Adlakha Hospital, Basant Avenue, Amritsar, Punjab, declared that I have changed my name from Yogesh Kumar To Yogesh Kumar Nevtia

I, Kavljeet Kaur W/o Balwinder Singh R/o Village Sadhpur PO Chogawan District Amritsar have changed my name from Kavaljeet Kaur to Kawaljit Kaur

I, Himmat Singh S/o Balwinder Singh R/o VPO Bhangali Kalan, Amritsar have declare that Himmat is my Given name and Singh is my Surname

I Vriti D/o Kapil Aggarwal, House no. 203, Bazar Ghumiaran Wala, Bohar Wala Shivala, Chowk Chabutra, Amritsar-I, Amritsar G.P.O, District Amritsar, Punjab 143001 have changed my name from Vriti to Vriti Aggarwal.

I, Navneet W/o Rajnish Bhagat R/o H.NO- 785, Urban Estate Phase- 2, Jalandhar Punjab declare that I have changed my name from Navneet to Navneet Bhagat ( Bhagat as sur-name).

I, Manisha w/o Sahil Dadra r/o Vill. Khurla Kingra, Po. Khurla, Distt. Jalandhar (PB) have changed my name to Manisha to Manisha Kumari. All Please Note.

I, Jatinder Pal S/o Rajinder Singh R/o Haller, Distt. Jalandhar, Punjab have changed my Given name as Jatinder & Surname as Pal. All Please Note.

## Change of Name

I, Tajinder Pal Singh Dhingra S/o Anup Singh R/o H.No. 287, Lajpat Nagar, Jalandhar, Punjab have changed my name from Tajinder Pal Singh Dhingra to Tajinder Pal Singh. All Please Note.

I, Simranjit Singh S/o Kulwant Singh R/o Vill. Suchetgarh, PO. Naushehra Majja Singh, Distt. Gurdaspur, Punjab-143518 have changed my name from Simranjit Singh to Singh Simranjit. That Singh is my Surname & Simranjit is my Given Name. Concerned Note.

I, Karandeep Singh S/o Jasbir Singh R/o Vill. Ladhu Bhana, P.O. Udhoke, Tehsil Batala, Distt. Gurdaspur, Punjab have changed my name from Karandeep Singh to Singh Karandeep. That Singh is my Surname & Karandeep is my Given Name. Concerned Note.

I, Anmolpreet Singh S/o Davinder Singh R/o V.P.O. Rangar Nangal, Tehsil Batala, Distt. Gurdaspur, Punjab have changed my name from Anmolpreet Singh to Singh Anmolpreet. That Singh is my Surname & Anmolpreet is my Given Name. Concerned Note.

I, Varun Kumar S/o Gorkha Ram R/o H.No. 13, Gali No. 3, Nurpur Sarabha Nagar, Jalandhar-144012, Punjab have changed my name from Varun Kumar to Given Name Varun & Surname as Kumar. All concerned please note.

I, Navneet Kaur D/O Balwinder Singh R/O Village Nawan Pind, District Kapurthala, Punjab have changed my name from Navneet Kaur to Given name Navneet and surname as Kaur. All concerned please note.

I, Mahajan Madan alias Madan Lal S/O Chuni Lal Gupta, R/O Bhagat Singh Colony, Near Mahajan Hall, Mission Road, PO: Pathankot, DIST: Pathankot, Punjab- 145001, have changed my name and shall here-after be Known as Madan Gupta.

I, Suresh Kumar alias Suresh Bassi S/O Dharamvir Bassi, R/O House No 1104, Basti Bawa Khel, Jalandhar Prime Enclave, Jalandhar-I, PO: Basti Bawa Khel, Dist: Jalandhar, Punjab- 144021, have changed my name and shall here-after be Known as Suresh Kumar Bassi.

I, Sumanjit Kaur, D/O Dhanpat Ram R/o V.P.O. Bal, VTC: Bal, District: Jalandhar, State: Punjab- 144012. have changed my name and shall hereafter be Known as Maanvi Kaur.

I, Richa Pal wife of Krishna Singh resident of H.No. 82, Panchsheel Avenue Near Goindi Traders, Deep Nagar, PO: Jalandhar Cantt, District Jalandhar, Punjab-144005 have changed the name of my daughter from Agrima to Agrima Pal Yadav. All concerned please note.

I, Rahul son of Sh. Anup Kumar resident of H.No. NA : 176, Street No. 4, Kishanpura, Jalandhar-144004, Punjab have changed my name from Rahul to Rahul Sharma. All concerned please note.

## PUBLIC NOTICE

I, Parbinder Kaur W/o Manmohan Singh R/o E-7/21, Gali Ekta Bhawan, Ranjitpura, Chheharta, Amritsar have changed my date of birth in my aadhar card from 01/01/1969 to 01/01/1967. Please concerned note.

I, Harpreet Singh S/o Baljit Singh R/o H.No. B-33/614, Hakim Jafar Ali, Distt. Kapurthala - 144601, Punjab declare that name of my wife has been wrongly written as Simarprit Kaur in my passport No.(M2233100), Actual name of my wife is Simranpreet Kaur, which may be amended Accordingly.

We Ranjit Singh son of Late Gulzar Singh and Jaswant Kaur wife of Ranjit Singh resident of Lohinda Pasa, Village & Post Office Raipur Rasulpur, District Jalandhar, Punjab-144012 declare that our son Gagandeep Kumar is out of our control. So we disinherit him from all our movable and immovable properties. We and our family shall not be held responsible for any kind of his act, deed and things related to him. All concerned please note.

I Onkar Singh S/o Rachhpal Singh R/o House No. 59, Waryam Nagar, Jalandhar-144001 have lost my Sale deed No. 6183 Dated 25-10-1994 at PUDA Complex Market, Jalandhar with LIR No: LAR-2026-JALC-801131. If any-one found above said Sale Deed or have any objection with regard to the above said deed, Kindly contact Advocate Mr. Vikas Sood. M. No. 98140 94356 District courts Jalandhar within 14 days from the date of publication." Thereafter no claim Shell be considered.

## ਬੇਦਖਲੀ ਨੋਟਿਸ

ਮੈਂ ਜਸਵਿੰਦਰ ਕੌਰ ਪਤਨੀ ਲੇਟ ਕੇਵਲ ਕ੍ਰਿਸ਼ਨ ਵਾਸੀ ਪਿੰਡ ਭਬਿਆਣਾ ਤਹਿਸੀਲ ਫਗਵਾੜਾ ਜਿਲਾਂ ਕਪੂਰਥਲਾ ਦੀ ਹਲਫੀਆ ਬਿਆਨ ਕਰਦੀ ਹਾਂ। ਮੇਰਾ ਲੜਕਾ ਮਨਦੀਪ ਸਿੰਘ ਨੂੰਹ ਅਮਰਜੀਤ ਕੌਰ ਪੋਤਰਾ ਅਮਰਜੋਤ ਸਿੰਘ ਆਪਣੀ ਮਨ ਮਰਜੀ ਕਰਦੇ ਹਨ। ਮੇਰੇ ਕਹਿਣੇ ਵਿੱਚ ਨਹੀਂ ਹਨ। ਮੈਂ ਇਹਨਾਂ ਨੂੰ ਆਪਣੀ ਚੱਲ ਅੱਚਲ ਜਾਇਦਾਦ ਵਿੱਚੋਂ ਬੇਦਖਲ ਕਰ ਦਿੱਤਾ ਹੈ ।ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ ਸਤਨਾਮ ਕੌਰ ਪਤਨੀ ਸਵ: ਪਿਆਰਾ ਰਾਮ ਵਾਸੀ ਗਲੀ ਨੰਬਰ 4 ਬੀ ਮੇਨ ਰੋਡ ਸ਼ਾਮ ਨਗਰ ਫਗਵਾੜਾ ਜਿਲਾਂ ਕਪੂਰਥਲਾ ਦੀ ਹਲਫੀਆ ਬਿਆਨ ਕਰਦੀ ਹਾਂ। ਮੇਰਾ ਲੜਕਾ ਸੁਖਵਿੰਦਰ ਸਿੰਘ ਅਤੇ ਉਸਦੀ ਪਤਨੀ ਅਮਨਦੀਪ ਕੌਰ ਮੇਰੇ ਨਾਲ ਲੜਾਈ ਝਗੜਾ ਕਰਦੇ ਹਨ। ਮੇਰੇ ਕਹਿਣੇ ਵਿੱਚ ਨਹੀਂ ਹਨ। ਮੈ ਇਹਨਾਂ ਨੂੰ ਆਪਣੀ ਚੱਲ ਅੱਚਲ ਜਾਇਦਾਦ ਵਿੱਚੋਂ ਬੇਦਖਲ ਕਰ ਦਿੱਤਾ ਹੈ । ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਮਲਕੀਤ ਸਿੰਘ ਪੁੱਤਰ ਸ਼੍ਰੀ ਸੁਰਜੀਤ ਸਿੰਘ ਵਾਸੀ ਪਿੰਡ ਢੱਡਾ ਡਾਕਖਾਨਾ ਸਨੌਰਾ ਜਿਲਾ ਜਲੰਧਰ, ਪੰਜਾਬ ਬਿਆਨੀ ਹਾਂ ਕਿ ਮੇਰਾ ਲੜਕਾ ਸੁਖਜਿੰਦਰ ਸਿੰਘ, ਨੂੰਹ ਮਨਿੰਦਰ ਕੌਰ ਅਤੇ ਪੋਤਰੀਆਂ ਗੁਰਲੀਨ ਕੌਰ ਅਤੇ ਜਸਮੀਨ ਕੌਰ ਮੇਰੇ ਕਹਿਣੇਂ ਤੋਂ ਬਾਹਰ ਹੋਣ ਕਾਰਨ ਮੈਂ ਉਹਨਾਂ ਨੂੰ ਆਪਣੀਂ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਹੁਣ ਉਹਨਾਂ ਦਾ ਮੇਰੇ ਅਤੇ ਮੇਰੇ ਪਰਿਵਾਰ ਨਾਲ ਕੋਈ ਸੰਬਧ ਨਹੀਂ ਹੈ। ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਸੋਮਾ ਦੇਵੀ ਪਤਨੀ ਲੇਟ ਸ਼੍ਰੀ ਕਸ਼ਮੀਰੀ ਲਾਲ ਨਿਵਾਸੀ: 165, ਗਲੀ ਨੰਬਰ 3, ਬਾਹਰਵਾਰ ਲਾਹੌਰੀ ਗੇਟ,ਖਾਈ ਮੁਹੱਲਾ,ਅੰਮ੍ਰਿਤਸਰ ਅਤੇ ਮੌਜੂਦਾ/ਪੱਕੀ ਨਿਵਾਸੀ: ਮਕਾਨ ਨੰਬਰ 112, ਗਲੀ ਨੰਬਰ 3, ਨਵਾਂ ਦਸ਼ਮੇਸ਼ ਨਗਰ, ਕੋਟ ਖਾਲਸਾ,ਅੰਮ੍ਰਿਤਸਰ ਇਹ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਲੱਕੀ ਅਤੇ ਮੇਰੀ ਨੂਹ ਸੋਨੀਆ ਮੇਰੇ ਕਹਿਣੇ ਤੋ ਬਾਹਰ ਹਨ । ਇਹਨਾ ਨੂੰ ਮੈ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋ ਬੇਦਖਲ ਕਰਦੀ ਹਾਂ ਇਹਨਾ ਨਾਲ ਲੈਣ ਦੇਣ ਕਰਨ ਵਾਲਾ ...

... ਮੇਰੇ ਕਹਿਣੇ-ਸੁਣਨੇ ਤੋਂ ਬਾਹਰ ਹੈ ਅਤੇ ਮੈਂ ਇਹਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇੰਨਾ ਨਾਲ ਕਿਸੇ ਵੀ ਤਰ੍ਹਾਂ ਦਾ ਲੈਣ-ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਅਨੀਤਾ ਰਾਣੀ ਪਤਨੀ ਯਸ਼ਪਾਲ ਵਾਸੀ ਮਕਾਨ ਨੰ. 34, ਧੀਰ ਕਲੌਨੀ, ਪਿੰਡ ਬੁਲੰਦਪੁਰ, ਜਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਕਰੁਣ ਕੁਮਾਰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਨਾਂਅ ਦੀ ਬਦਲੀ

ਮੈਂ ਅਨਿਲ ਦੀਪ ਸਪੁੱਤਰ ਸਵਰਗਵਾਸੀ ਪਰਕਾਸ਼ ਮਸੀਹ, ਵਾਸੀ ਗੁਰੂ ਨਾਨਕ ਇਨਕਲੇਵ, ਜੰਡ ਪੀਰ, ਖੰਡਵਾਲਾ, ਛੇਹਾਰਟਾ, ਅਮ੍ਰਿਤਸਰ, ਪੰਜਾਬ-143105, ਨੇ ਆਪਣਾ ਨਾਮ ਅਨਿਲ ਦੀਪ ਤੋਂ ਬਦਲ ਕੇ ਅਨਿਲ ਦੀਪ ਗਿੱਲ ਰੱਖ ਲਿਆ ਹੈ।

## ਆਮ ਸੂਚਨਾ

ਮੋਟਰ ਕੁਨੈਕਸ਼ਨ ਖਾਤਾ ਨੰਬਰ ਏ ਪੀ 32/49 ਨੱਥਾ ਸਿੰਘ ਪੁੱਤਰ ਸੰਤਾ ਸਿੰਘ ਨੂੰ ਆਪਣੇ ਨਾਂਅ ਕਰਨ ਲਈ ਯਾਦਵਿੰਦਰ ਸਿੰਘ ਧਾਲੀਵਾਲ ਪੁੱਤਰ ਕਾਬਲ ਸਿੰਘ ਧਾਲੀਵਾਲ ਰਕਬਾ ਮਾਨੋਚਾਹਲ, ਤਹਿਸੀਲ ਜ਼ੀਰਾ ਨੇ ਇਸ ਦਫ਼ਤਰ ਨੂੰ ਬੇਨਤੀ ਕੀਤੀ ਹੈ। ਇਤਰਾਜ਼ਯੋਗ ਵਿਅਕਤੀ 10 ਦਿਨਾਂ ਦੇ ਵਿਚ ਐੱਸ ਡੀ ਓ ਵੰਡ ਮੱਲਾਂਵਾਲਾ ਨਾਲ ਸੰਪਰਕ ਕਰੇ।

ਮੈਂ ਹੋਨੌਰਬਿਰ ਸਿੰਘ ਬਾਜਵਾ ਪੁੱਤਰ ਰੇਸ਼ਮ ਸਿੰਘ ਵਾਸੀ ਮਕਾਨ ਨੰ: ਐੱਮ-1, ਗਰੀਨ ਐਵੀਨਿਊ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ, ਭਾਰਤ ਸੂਚਿਤ ਕਰਦਾ ਹਾਂ ਕਿ ਕੁਝ ਦਸਤਾਵੇਜ਼ਾਂ ਵਿਚ ਮੇਰਾ ਨਾਂਅ ਹੋਨੌਰਬਿਰ ਸਿੰਘ ਬਾਜਵਾ, ਹੋਨਰਬੀਰ ਸਿੰਘ ਬਾਜਵਾ, ਹੋਨਰਬੀਰ ਬਾਜਵਾ ਅਤੇ ਔਨਰਬੀਰ ਸਿੰਘ ਲਿਖਿਆ ਹੋਇਆ ਹੈ। ਇਹ ਤਿੰਨੋਂ ਨਾਂਅ ਮੇਰੇ ਹੀ ਹਨ ਅਤੇ ਮੈਂ ਇਨ੍ਹਾਂ ਤਿੰਨੋਂ ਨਾਵਾਂ ਨਾਲ ਜਾਣਿਆ ਜਾਂਦਾ ਹੈ।

## ਬੇਦਖਲੀ ਨੋਟਿਸ

ਮੈਂ, ਜਗਨ ਨਾਥ ਪੁੱਤਰ ਸ੍ਰੀ ਚਾਨਣ ਰਾਮ ਪੁੱਤਰ ਸ੍ਰੀ ਬੂਟਾ ਰਾਮ, ਵਾਸੀ ਹਰਸੀ ਪਿੰਡ, ਤਹਿ. ਟਾਂਡਾ (ਹੁਸ਼ਿਆਰਪੁਰ) ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਅਮਰਜੀਤ ਸਿੰਘ, ਇਸ ਦੀ ਪਤਨੀ ਗੀਤਾ ਇਨ੍ਹਾਂ ਦਾ ਪੁੱਤਰ ਅੰਸੂਮੰਨ ਥਾਪਰ ਅਤੇ ਮੇਰੀ ਪੁੱਤਰੀਆਂ ਮਨਦੀਪ ਕੌਰ ਅਤੇ ਰਮਨਾ, ਜੋ ਕਿ ਮੇਰੇ ਕਹਿਣੇਕਾਰ ਨਹੀਂ ਹਨ, ਜਿਸ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਵੀ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਰਾਣੀ ਪਤਨੀ ਸ੍ਰੀ ਪਲਵਿੰਦਰ ਕੁਮਾਰ ਵਾਸੀ ਪਿੰਡ ਤੇ ਡਾਕ. ਚੋਟਾਲਾ, ਤਹਿ. ਟਾਂਡਾ (ਹੁਸ਼ਿਆਰਪੁਰ) ਬਿਆਨ ਕਰਦੀ ਹਾਂ ਕਿ ਮੇਰਾ ਪਤੀ ਪਲਵਿੰਦਰ ਕੁਮਾਰ, ਜੋ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਆਪਣੇ ਪਤੀ ਪਲਵਿੰਦਰ ਕੁਮਾਰ ਨੂੰ ਆਪਣੀ ਚੱਲ/ਅਚੱਲ ਜਾਇਦਾਦ ...

... ਨਿਵਾਸੀ 165, ਗਲੀ ਨੰਬਰ 3, ਬਾਹਰਵਾਰ ਲਾਹੌਰੀ ਗੇਟ, ਖਾਈ ਮੁਹੱਲਾ, ਅੰਮ੍ਰਿਤਸਰ ਹਾਲ ਵਾਸੀ ਮਕਾਨ ਨੰ: 112, ਗਲੀ ਨੰ: 3, ਨਵਾਂ ਦਸਮੇਸ਼ ਨਗਰ, ਕੋਟ ਖਾਲਸਾ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਲੱਕੀ ਅਤੇ ਨੂੰਹ ਸੋਨੀਆ, ਜੋ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਮੇਰੇ ਨਾਲ ਚੰਗਾ ਵਿਹਾਰ ਨਹੀਂ ਕਰਦੇ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

## Lost and Found

ਮੈਂ ਅਜੇ ਸ਼ਰਮਾ ਪੁੱਤਰ ਕਿਸ਼ਨ ਚੰਦ ਸ਼ਰਮਾ ਪਿੰਡ ਸੁਚਾਨੀਆ ਡਾਕਖਾਨਾ ਨੋਸ਼ਹਿਰਾ ਮੱਝਾ ਸਿੰਘ ਜ਼ਿਲ੍ਹਾ ਗੁਰਦਾਸਪੁਰ ਥਾਣਾ ਘੁੰਮਣਕਲਾਂ ਦਾ ਰਹਿਣ ਵਾਲਾ ਹਾਂ।ਇਕ ਰਜਿਸਟਰੀ ਜਿਸ ਦਾ ਅਸ਼ਟਾਮ ਨੰਬਰ 369 ਮਿਤੀ 29/8/2012 ਜੋ ਵਨੀਤਾ ਸੇਠੀ ਪਤਨੀ ਅਰੁਣ ਕੁਮਾਰ ਸੇਠੀ ਵਾਸੀ A36JF ਸੈਕਟਰ 34 ਨੋਇਡਾ ਦੇ ਨਾਮ ਤੇ ਕੁਲ ਜਗ੍ਹਾ 14-1/2 ਮਰਲੇ ਸਾਢੇ ਪੰਜ ਫੁੱਟ ਦੀ ਕਰਮ ਦੇ ਹਿਸਾਬ ਨਾਲ ਸੀ, ਮਿਤੀ 26/9/2026 ਨੂੰ ਆਪਣੀ ਮੋਟਰ ਸਾਈਕਲ ਤੇ ਦੁਕਾਨ ਤੇ ਆਉਂਦੇ ਸਮੇਂ ਕਾਗਜਾਤ ਵਾਲਾ ਲਿਫਾਫਾ ਰਸਤੇ ਵਿੱਚ ਡਿੱਗ ਪਿਆ ਸੀ। ਉਸ ਵਿੱਚ ਰੱਖੀ ਉਕਤ ਰਿਜਸਟਰੀ ਗੁੰਮ ਹੋ ਗਈ ਹੈ । ਜਿਸ ਦੀ ਇਤਲਾਹ ਥਾਣਾ ਘੁੰਮਣ ਕਲਾਂ ਵਿਖੇ 27/9/2026 ਨੂੰ ਦਰਜ ਕਰਵਾ ਦਿੱਤੀ ਹੈ। ਕਿਸੇ ਨੂੰ ਮਿਲੇ ਤਾਂ ਉਕਤ ਪਤੇ ਤੇ ਸੂਚਿਤ ਕਰੇ।


## B.M.S.M. COLLEGE OF EDUCATION
VPO-KALANAUR, TEH. & DISTT. GURDASPUR
[Affiliated to GNDU, Amritsar]
Admission open for Direct & Management Quota Seats
B.Ed. 2026-27
Applications are invited for eligible candidates for the 3rd offline counselling at college level against unfilled seats upto 30.09.2026 at 10:00 am and for the management quota seats upto 03.10.2026 at 2:00 pm for the 2026-27 session for the following major subjects: Computers, Maths, Life Sciences, Sciences, Commerce, Economics, History, Physical Education, Social Studies, Political Science, Music, Home Science, Geography, and Fine Arts.
The 3rd offline college level counselling will be held on 30.09.2026 at 2:00 pm in the college campus. Counselling for the Management quota seat will be held on 05.10.2026 at 11:00 am in the college campus. Preference will be given to Common Entrance Test (CET) qualified candidates. Minor subjects will be allotted at the time of counselling.
Helpline : 87279-00312

## TAGORE COLLEGE OF EDUCATION FOR WOMEN,
Behrampur Road, Gurdaspur Affiliated to GNDU Amritsar
B. Ed Management Quota Seats (2026-28)
Applications are invited for B. Ed Admission in Management Quota. Forms are available from the College Office 29/09/2026 from 9 a.m. to 3 pm. Counselling for the same is on 05/10/2026 at 11 am in the College Campus
Mobile No. 9988196382

## Sidana Institute of Education
SIDANA INSTITUTES AMRITSAR
Khiala Khurd, Ram Tirath Road, Amritsar-143106, Punjab
Approved by NCTE, Permanently Affiliated to GNDU & Accredited by NAAC
Website: https://www.sidanainstitutes.com/sie.php, E-Mail: sie.amritsar@gmail.com
ADMISSION OPEN FOR DIRECT ADMISSION in B.Ed
(Management Quota Seats 2026-28)
Application are invited on the Prescribed Performa Available at College
Eligibility for General Category: 50% marks in Graduation or in PG.
Eligibility for SC/CT Category: 45% marks in Graduation or in PG.
Subject Combinations: All Subject Combinations are Available. Apply by 29th Sept., 2026. Attend Counseling on 30th Sept., 2026 at 11:00 AM in College Campus.
Contact: 85560-01106, 96462-02041


## ਦਫਤਰ : ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਅਜਨਾਲਾ।
## ਨਿਲਾਮੀ ਨੋਟਿਸ

ਮਾਨਯੋਗ ਡਿਪਟੀ ਰਜਿਸਟਰਾਰ, ਸਹਿਕਾਰੀ ਸਭਾਵਾਂ, ਅੰਮ੍ਰਿਤਸਰ ਜੀ ਨੇ ਆਪਣੇ ਦਫਤਰ ਦੇ ਪੱਤਰ ਨੰਬਰ ਪੀ.ਏ/ 308 ਮਿਤੀ 12-02-2026 ਰਾਹੀ ਸ੍ਰੀਮਤੀ ਸੁਰਜੀਤ ਕੌਰ ਵਿਧਵਾ ਲਖਵਿੰਦਰ ਸਿੰਘ ਅਤੇ ਸ੍ਰੀ ਕਰਮਜੀਤ ਸਿੰਘ ਪੁੱਤਰ ਲਖਵਿੰਦਰ ਸਿੰਘ, ਵਾਸੀ ਪਿੰਡ ਕੋਲੋਵਾਲ, ਤਹਿ: ਲੋਪੋਕੇ, ਜ਼ਿਲ੍ਹਾ ਅੰਮ੍ਰਿਤਸਰ ਦੀ ਜ਼ਮੀਨ/ਜਾਇਦਾਦ ਦੀ ਨਿਲਾਮੀ ਕਰਨ ਲਈ ਸੇਲ ਅਫਸਰ ਨਿਯੁਕਤ ਕੀਤਾ ਹੈ। ਲੇਟ ਲਖਵਿੰਦਰ ਸਿੰਘ ਪੁੱਤਰ ਸ੍ਰੀ ਕਰਤਾਰ ਸਿੰਘ ਦੀ ਬੋਪਾਰਾਏ ਕਲਾਂ ਸਹਿਕਾਰੀ ਖੇਤੀਬਾੜੀ ਸਭਾ ਲਿਮ: ਵਿੱਚ ਬਤੌਰ ਸਕੱਤਰ ਕੰਮ ਕਰਦਾ ਸੀ। ਲਖਵਿੰਦਰ ਸਿੰਘ ਮਿਤੀ 22-04-2006 ਨੂੰ ਮਰ ਚੁੱਕਾ ਹੈ। ਲਖਵਿੰਦਰ ਸਿੰਘ ਨੇ ਜਾਅਲੀ ਮੈਂਬਰ ਭਰਤੀ ਕਰਕੇ 614275.24/- ਰੁਪਏ ਦਾ ਗਬਨ ਕੀਤਾ ਸੀ। ਇਸ ਰਕਮ ਦੀ ਵਸੂਲੀ ਲਈ 37 ਸਾਲਸੀ ਮਿਸਲਾ ਅਸਲ 614275.24/- ਰੁਪਏ, ਸੂਦ 283700.76/- ਰੁਪਏ, ਖਰਚਾ 9500/- ਰੁਪਏ, ਕੁੱਲ 907476/- ਰੁਪਏ ਤਿਆਰ ਕੀਤੇ ਗਏ ਸਨ। ਇਨ੍ਹਾਂ ਕੇਸਾਂ ਦਾ ਨਿਪਟਾਰਾ ਸ.ਰ. ਤਰਨਤਾਰਨ ਵੱਲੋਂ ਮਿਤੀ 04-02- 1998 ਅਤੇ 02-03-1998 ਨੂੰ ਕਰਦੇ ਹੋਏ ਸਾਰੇ ਗਬਨ ਦਾ ਜ਼ਿੰਮੇਵਾਰ ਸ੍ਰੀ ਲਖਵਿੰਦਰ ਸਿੰਘ ਨੂੰ ਠਹਿਰਾਇਆ ਗਿਆ ਸੀ। ਇਹ ਫੈਸਲੇ ਜੋ ਇਸ ਵਿਰੁੱਧ ਕੀਤੇ ਗਏ ਹਨ ਇਸ ਉਪਰੰਤ ਵਿਭਾਗ ਦੇ ਉੱਚ ਅਧਿਕਾਰੀਆ ਪਾਸ ਅਪੀਲਾਂ ਰਵਿਜ਼ਨਾਂ ਜੋ ਕਿ ਡਿਸਮਿਸ ਹੋ ਚੁੱਕੀਆਂ ਹਨ। ਇਨਾਂ ਫੈਸਲਿਆਂ ਵਿਰੁੱਧ ਸ੍ਰੀ ਲਖਵਿੰਦਰ ਸਿੰਘ ਸਾਬਕਾ ਸਕੱਤਰ, ਉਸ ਦੇ ਕਾਨੂੰਨੀ ਵਾਰਸਾਂ ਨੇ ਉਹ ਰਕਮ ਜਮ੍ਹਾਂ ਨਹੀਂ ਕਰਵਾਈ ਜਿਸ ਕਰਕੇ ਸ:ਰ. ਅਜਨਾਲਾ ਨੇ ਹੇਠ ਲਿਖੀ ਉਸ ਦੀ ਜ਼ਮੀਨ ਜੋ ਕਿ ਪਿੰਡ ਕੋਲੋਵਾਲ ਵਿੱਚ ਹੈ। ਜ਼ਮੀਨ ਦਾ ਵੇਰਵਾ :-

ਖੇਵਟ ਨੰਬਰ 81, 232 ਖਤੌਨੀ ਨੰਬਰ 181, 529 ਖਸਰਾ ਨੰਬਰ 16// 12/1, 16// 19//1, 16// 23//1/1, 16//6/1, ਰਕਬਾ 7-0, 8-4, 1-16, 2-18, ਵਿਸ਼ੇਸ਼ ਕਥਨ ਹਿੱਸਾ ਸ੍ਰੀ ਲਖਵਿੰਦਰ ਸਿੰਘ ਪੁੱਤਰ ਕਰਤਾਰ ਸਿੰਘ

ਉਪਰੋਕਤ ਜ਼ਮੀਨ ਦੀ ਨਿਲਾਮੀ ਮਿਤੀ 15-10-2026 ਨੂੰ ਪਿੰਡ ਬੋਪਾਰਾਏ ਕਲਾਂ ਖੇਤੀਬਾੜੀ ਸਹਿਕਾਰੀ ਸਭਾ ਲਿਮ: ਦੇ ਦਫਤਰ ਵਿੱਚ ਸਵੇਰੇ 11.00 ਵਜੇ ਕੀਤੀ ਜਾਵੇਗੀ। ਇਹ ਨਿਲਾਮੀ ਪੰਜਾਬ ਸਹਿਕਾਰੀ ਸਭਾਵਾਂ ਰੂਲਜ਼ 1963 ਦੀ ਧਾਰਾ 72 ਅਧੀਨ ਹੋਵੇਗੀ।

ਨਿਲਾਮੀ ਦੀਆਂ ਸ਼ਰਤਾਂ:-

1. ਵਿਆਜ ਵਸੂਲੀ ਦੀ ਤਰੀਕ ਫਾਈਨਲ ਪੇਮੈਂਟ ਤੱਕ ਜਾਰੀ ਰਹੇਗਾ, 2. ਬੋਲੀ ਵਿੱਚ ਹਾਜ਼ਰ ਹੋਣ ਵਾਲੇ ਵਿਅਕਤੀ ਨੂੰ 10 ਹਜ਼ਾਰ ਰੁਪਏ ਬਤੌਰ ਸਕਿਉਰਿਟੀ ਜਮ੍ਹਾਂ ਕਰਵਾਉਣੀ ਹੋਵੇਗੀ , 3. ਸਭ ਤੋਂ ਜ਼ਿਆਦਾ ਬੋਲੀ ਦੇਣ ਵਾਲੇ ਦੇ ਹੱਕ ਵਿੱਚ ਬੋਲੀ ਜਾਵੇਗੀ ਅਤੇ ਉਸ ਨੂੰ ਮੌਕੇ 'ਤੇ ਹੀ ਕੁੱਲ ਰਕਮ ਦਾ 15% ਨਾਲ ਹੀ ਜਮ੍ਹਾਂ ਕਰਵਾਉਣਾ ਹੋਵੇਗਾ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਜਮ੍ਹਾਂ ਕਰਵਾਈ ਰਕਮ ਜ਼ਬਤ ਕੀਤੀ ਜਾਵੇਗੀ, 4. ਸ੍ਰੀ ਲਖਵਿੰਦਰ ਸਿੰਘ ਸਾਬਕਾ ਸਕੱਤਰ ਦੇ ਕਾਨੂੰਨੀ ਵਾਰਸ ਵੱਲੋਂ ਜੇਕਰ ਬੋਲੀ ਤੋਂ ਪਹਿਲਾਂ ਸਾਰੀ ਰਕਮ ਦੀ ਅਦਾਇਗੀ ਕਰ ਦਿੱਤੀ ਜਾਂਦੀ ਹੈ ਤਾਂ ਬੋਲੀ ਨਹੀਂ ਕਰਵਾਈ ਜਾਵੇਗੀ, 5. ਬੋਲੀ ਨੂੰ ਮੁਅੱਤਲ ਜਾਂ ਅੱਗੇ ਪਾਇਆ ਜਾ ਸਕਦਾ ਹੈ, 6. ਬੋਲੀ ਸੰਬੰਧੀ ਹੋਰ ਵੇਰਵੇ ਸੇਲ ਅਫਸਰ ਦੇ ਦਫਤਰ ਤੋਂ ਪ੍ਰਾਪਤ ਕੀਤੇ ਜਾ ਸਕਦੇ ਹਨ, 7. ਬਾਕੀ ਬੋਲੀ ਸੰਬੰਧੀ ਸ਼ਰਤਾਂ ਮੌਕੇ 'ਤੇ ਸੁਣਾਈਆਂ ਜਾਣਗੀਆਂ।

(ਸੇਲ ਅਫਸਰ), ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਅਜਨਾਲਾ।
ਪਿੱਠ ਅੰਕਣ ਨੰ: ਆਰ.ਕੇ. /ਏ.ਆਰ.ਏ. /1344-50 ਮਿਤੀ : 25.09.26

## ਅਦਾਲਤੀ ਇਸ਼ਤਿਹਾਰ

## NOTICE TO APPEAR/ ATTEND PROCEEDING OF DLM&SFC-LDH

Through this Publication This is for Constructive Notice for Respondent **M/s Shiv Shakti Steel Corporation, 136-R, Opposite Pahwa Hospital, Basant Road, Industrial Area-B, 141003** to appear in person or through Authorized representative before **The District level Micro & Small Facilitation Council, Ludhiana, District Industries Centre, Ludhiana on 18-11-2026, 10:00 AM** regarding claim reference petition submitted by Claimant **M/s Punj Engineers, Plot No. 2084, Street No. 34, Janta Nagar, Block 21, Ludhiana** Act 2006 bearing **Reference No. PB-12-0030952**. If respondent still fails or omits to appear as above then Arbitration proceedings shall be conducted as per section 23 & 25 of Arbitration & Conciliation Act and Award shall also be passed on the basis of evidence before it.

Member Secretary cum General Manager **District Industries Centre,** Industrial Estate, Ludhiana, Ph. No. 0161-2540695, Email Id:-dicludhiana5@gmail.com, Ludhiana.msefc@gmail.com


## B.M.S.M. COLLEGE OF EDUCATION
VPO-PURANA SHALLA, DISTT. GURDASPUR
[Affiliated to GNDU, Amritsar]
Admission open for Direct & Management Quota Seats
B.Ed. 2026-27
Applications are invited for eligible candidates for the 3rd offline counselling at college level against unfilled seats upto 30.09.2026 at 10:00 am and for the management quota seats upto 03.10.2026 at 2:00 pm for the 2026-27 session for the following major subjects: Computers, Maths, Life Sciences, Sciences, Commerce, Economics, History, Physical Education, Social Studies, Political Science, Music, Home Science, Geography, and Fine Arts.
The 3rd offline college level counselling will be held on 30.09.2026 at 2:00 pm in the college campus. Counselling for the Management quota seat will be held on 05.10.2026 at 11:00 am in the college campus. Preference will be given to Common Entrance Test (CET) qualified candidates. Minor subjects will be allotted at the time of counselling.
Helpline : 99158-91863, 84371-20123(M)


## ਅਦਾਲਤੀ ਇਸ਼ਤਿਹਾਰ

ਨਾਇਬ-ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਨਵਾਂਸ਼ਹਿਰ

ਮਿਸਲ ਨੰ 10 ਐਨ.ਟੀ ਕਿਸਮ - ਤਕਸੀਮ, ਪਿੰਡ -ਲੰਗੜੋਆ, ਦਾਇਰ ਮਿਤੀ : 09/08/2024, ਫੈਸਲਾ ਮਿਤੀ

ਅਨੁਵਾਨ ਮੁਕੱਦਮਾ: ਗੁਰਮੇਜ ਕੌਰ ਵਗੈਰਾ ਬਨਾਮ ਲਖਵੀਰ ਸਿੰਘ ਵਗੈਰਾ

1. ਗੁਰਮੇਜ ਕੌਰ ਵਿਧਵਾ ਕਸ਼ਮੀਰ ਸਿੰਘ ਪੁੱਤਰ ਮਹਿੰਗਾ ਸਿੰਘ ਰਾਹੀਂ ਮੁਖਤਿਆਰ ਕਸ਼ਮੀਰ ਸਿੰਘ ਪੁੱਤਰ ਗੋਕੁਲ ਸਿੰਘ ਵਾਸੀ ਚਾਹਲ ਖੁਰਦ, ਤਹਿ. ਨਵਾਂਸ਼ਹਿਰ 2. ਦਾਰਾ ਸਿੰਘ ਪੁੱਤਰ ਰਾਮਜੀ ਪੁੱਤਰ ਮਹਿੰਗਾ ਸਿੰਘ 3. ਗੁਰਬਖਸ਼ ਕੌਰ ਵਿਧਵਾ ਰਾਮਜੀ ਪੁੱਤਰ ਮਹਿੰਗਾ ਸਿੰਘ, ਜ਼ਿਲ੍ਹਾ ਸ਼ਹੀਦ ਭਗਤ ਸਿੰਘ। .......ਫਰੀਕ ਅੱਵਲ

ਬਨਾਮ

1. ਲਖਵੀਰ ਸਿੰਘ ਪੁੱਤਰ ਪ੍ਰੀਤਮ ਸਿੰਘ ਪੁੱਤਰ ਬੁੱਧੂ ਪੁੱਤਰ ਨਾਨਕ 2. ਪ੍ਰੀਤਮ ਸਿੰਘ ਪੁੱਤਰ ਬੁੱਧੂ ਪੁੱਤਰ ਨਾਨਕ ਵੱਲੋਂ ਕੁਦਰਤੀ ਵਾਰਸ ਏ. ਸੰਤੋਖ ਸਿੰਘ ਬੀ. ਜਸਵੀਰ ਸਿੰਘ ਪੁੱਤਰ ਪ੍ਰਤੀਮ ਸਿੰਘ ਵੱਲੋਂ ਕੁਦਰਤੀ ਵਾਰਸ ਦਿਲਪ੍ਰੀਤ ਸਿੰਘ 3. ਸੰਤੋਖ ਸਿੰਘ 4. ਜਸਵੀਰ ਸਿੰਘ ਪੁੱਤਰਾਨ ਪ੍ਰੀਤਮ ਸਿੰਘ ਪੁੱਤਰ ਬੁੱਧੂ ਪੁੱਤਰ ਨਾਨਕ 5. ਸਤਵੰਤ ਕੌਰ ਵਿਧਵਾ ਸਵਰਨਾ 6. ਸੁਰਿੰਦਰ ਸਿੰਘ ਪੁੱਤਰ ਸਵਰਨਾ 7. ਸੁਰਜੀਤ ਸਿੰਘ ਪੁੱਤਰਾਨ ਸਵਰਨਾ 8. ਹਰਭਜਨ ਕੌਰ 9. ਸੁਰਿੰਦਰ ਕੌਰ 10. ਹਰਭਜਨ ਕੌਰ 11. ਨਰਿੰਦਰ ਕੌਰ ਪੁੱਤਰੀਆਂ ਸਵਰਨਾ ਪੁੱਤਰ ਮੁਨਸ਼ੀ (5 ਤੋਂ 11 ਨੰ. ਦੇ ਵਿਅਕਤੀ ਵਾਸੀ ਭੌਰਾ) 12. ਦਿਲਪ੍ਰੀਤ ਸਿੰਘ ਪੁੱਤਰ ਜਸਵੀਰ ਸਿੰਘ ਪੁੱਤਰ ਪ੍ਰੀਤਮ ਸਿੰਘ 13. ਬਲਜਿੰਦਰ ਕੌਰ ਵਿਧਵਾ ਲਖਵੀਰ ਸਿੰਘ ਪੁੱਤਰ ਰਾਮਜੀ14. ਗੁਰਦੀਪ ਸਿੰਘ ਪੁੱਤਰ ਲਖਵੀਰ ਸਿੰਘ ਪੁੱਤਰ ਰਾਮਜੀਤ (ਨਾਬਾਲਿਗ) ਰਾਹੀਂ ਮਾਤਾ ਬਲਜਿੰਦਰ ਕੌਰ 15. ਬਲਕਾਰ ਸਿੰਘ ਪੁੱਤਰ ਤਰਸੇਮ ਸਿੰਘ ਪੁੱਤਰ ਮਹਿੰਗਾ ਸਿੰਘ 16. ਜਸਵਿੰਦਰ ਕੌਰ ਪਤਨੀ ਸੁਖਵਿੰਦਰ ਸਿੰਘ ਪੁੱਤਰ ਜੋਗਿੰਦਰ ਸਿੰਘ 17. ਪੰਜਾਬ ਅਤੇ ਸਿੰਧ ਬੈਂਕ ਬਰਾਂਚ ਆਫਿਸ ਨਵਾਂਸ਼ਹਿਰ। ............ਫਰੀਕ ਦੋਇਮ

ਦਰਖਾਸਤ ਕੀਏ ਜਾਣ ਤਕਸੀਮ ਅਰਾਜੀ ਖੇਵਟ ਨੰ 700 ਖਤੌਨੀ ਨੰ 748 (ਰਕਬਾ 09 ਕਨਾਲ 18 ਮਰਲੇ), ਖੇਵਟ ਨੰ. 300, 620, 675, 675/1, 705, 705/1, 705/2, 714, 702, 1138, 1295 ਖਤੌਨੀ ਨੰ: 317, 654, 723, 723/1, 750, 753, 753/1, 753/2, 762, 1214, 1532 (ਰਕਬਾ 112 ਕਨਾਲ 10 ਮਰਲੇ), ਖੇਵਟ ਨੰ. 712 ਖਤੌਨੀ ਨੰ 760 (ਰਕਬਾ 09 ਕਨਾਲ 15 ਮਰਲੇ), ਬਰੂਏ ਜਮ੍ਹਾਂਬੰਦੀ ਸਾਲ 2015-2016.

ਤਹਿਸੀਲ ਦਫਤਰ ਜਮਾਂਦਾਰ

ਉਕਤ ਮੁਕੱਦਮੇ ਵਿੱਚ ਅਦਾਲਤ ਨੂੰ ਪੂਰਾ ਯਕੀਨ ਹੋ ਚੁੱਕਾ ਹੈ ਕਿ ਮੁਦਾਇਲਾ ਦੀ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਣੀ ਮੁਸ਼ਕਲ ਹੈ। ਇਸ ਲਈ ਮਿਤੀ 22/10//2026 ਦੀ ਤਾਰੀਖ ਪੇਸ਼ੀ ਨਿਸਚਿਤ ਕਰਕੇ ਇਸ ਇਸ਼ਤਿਹਾਰ ਰਾਹੀਂ ਮੁਦਾਇਲਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਤਾਰੀਖ ਪੇਸ਼ੀ 'ਤੇ ਅਸਾਲਤਨ ਜਾਂ ਵਕਾਲਤਨ ਹਾਜ਼ਰ ਅਦਾਲਤ ਆਉਣ, ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਅੱਜ ਮਿਤੀ 23/09/2026 ਨੂੰ ਮੇਰੇ ਦਸਤਖਤ ਅਤੇ ਮੋਹਰ ਅਦਾਲਤ ਨਾਲ ਇਹ ਪਬਲੀਕੇਸ਼ਨ ਨੋਟਿਸ ਜਾਰੀ ਕੀਤਾ ਜਾਂਦਾ ਹੈ।

ਸਹੀ/-ਨਾਇਬ-ਤਹਿਸੀਲਦਾਰ ਸਹਾਇਕ-ਕਮ ਕੁਲੈਕਟਰ ਦਰਜਾ ਅੱਵਲ ਨਵਾਂਸ਼ਹਿਰ

## ਅਦਾਲਤੀ ਇਸ਼ਤਿਹਾਰ

ਨਾਇਬ-ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਨਵਾਂਸ਼ਹਿਰ ।

ਮਿਸਲ ਨੰ 18 ਐਨ.ਟੀ ਦਾਇਰ ਮਿਤੀ -10/12/2024 ਕਿਸਮ : ਤਕਸੀਮ ਪਿੰਡ : ਰਾਹੋਂ-1,2,3 ਫੈਸਲਾ ਮਿਤੀ

ਅਨੁਵਾਨ ਮੁਕੱਦਮਾ -: ਗੁਰਮੇਜ ਸਿੰਘ ਵਗੈਰਾ ਬਨਾਮ ਆਤਮਾ ਸਿੰਘ ਵਗੈਰਾ

1. ਗੁਰਮੇਜ ਸਿੰਘ ਪੁੱਤਰ ਕੇਹਰ ਸਿੰਘ ਪੁੱਤਰ ਹਾਕਮ ਸਿੰਘ ਵਾਸੀ ਨੇੜੇ ਰੇਲਵੇ ਸਟੇਸ਼ਨ, ਰਾਹੋਂ, ਤਹਿਸੀਲ ਨਵਾਂਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ.2. ਆਤਮਾ ਸਿੰਘ ਪੁੱਤਰ ਗੁਰਮੇਜ ਸਿੰਘ ਪੁੱਤਰ ਕੇਹਰ ਸਿੰਘ ਵਾਸੀ ਨੇੜੇ ਰੇਲਵੇ ਸਟੇਸ਼ਨ, ਰਾਹੋਂ, ਤਹਿਸੀਲ ਨਵਾਂਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ, ਹਾਲ ਵਾਸੀ। ..........ਫਰੀਕ ਅੱਵਲ

ਬਨਾਮ
...

## ਬਾਬਾ ਸ੍ਰੀ ਚੰਦ ਦੇ ਜਨਮ ਦਿਹਾੜੇ 'ਤੇ ਮੈਡੀਕਲ ਕੈਂਪ ਲਗਾਇਆ

**ਆਦਮਪੁਰ (ਪਰਮਜੀਤ ਸਿੰਘ)**- ਆਦਮਪੁਰ ਦੋਆਬਾ ਦੇ ਨਜ਼ਦੀਕ ਪਿੰਡ ਸਲਾਲਾ ਵਿਖੇ ਬਾਬਾ ਸ੍ਰੀ ਚੰਦ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ 11 ਵੇਂ ਆਯੁਰਵੈਦ ਦਿਹਾੜੇ ਦੇ ਮੌਕੇ ਡਾਇਰੈਕਟਰ ਆਯੁਰਵੈਦਾ ਪੰਜਾਬ ਡਾ. ਮਨਸ਼ ਕੁਮਾਰ ਖੰਨਾ ਅਤੇ ਡਾਇਰੈਕਟਰ ਹੋਮਿਓਪੈਥੀ ਡਾ.ਹਰਿਵਾਲ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਜ਼ਿਲ੍ਹਾ ਆਯੁਰਵੈਦਿਕ ਅਤੇ ਯੂਨਾਨੀ ਅਫਸਰ ਜਲੰਧਰ ਡਾ.ਦੀਵਾਨ ਚੰਦ ਧੀਰ ਅਤੇ ਜ਼ਿਲ੍ਹਾ ਹੋਮਿਓਪੈਥੀ ਅਫਸਰ ਡਾ.ਸੁਰਿੰਦਰ ਕੌਰ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਜਲੰਧਰ ਦਾ ਦਸਵਾਂ ਸ੍ਰੀ ਆਯੂਸ਼ ਕੈਂਪ ਗੁਰਦੁਆਰਾ ਬਾਬਾ ਸ੍ਰੀ ਚੰਦ ਜੀ ਸਲਾਲਾ ਜਲੰਧਰ ਵਿਖੇ ਲਗਾਇਆ ਗਿਆ ਜਿਸਦਾ ਰਸਮੀ ਉਦਘਾਟਨ ਗੁਰਮਿੰਦਰ ਸਿੰਘ ਬਾਬਾ ਰਾਜਪਾਲ ਜੀ ਅਤੇ ਡਾਕਟਰ ਸੁਮਨ ਗਿੱਲ, ਆਯੁਰਵੈਦਿਕ ਮੈਡੀਕਲ ਅਫਸਰ ਵੱਲੋਂ ਕੀਤਾ ਗਿਆ। ਕੈਂਪ ਵਿੱਚ ਆਯੁਰਵੈਦਿਕ ਵਿਭਾਗ ਦੀ ਟੀਮ ਡਾ. ਮਨਵੀਰ ਕੌਰ, ਡਾ. ਅਦਿਤੀ ਸੋਂਧੀ ਉਪ ਵੈਦ ਪਰਮਜੀਤ ਕੌਰ, ਉਪ ਵੈਦ ਹਰਮਿੰਦਰ ਤੇ ਅਟੈਂਡੈਂਟ ਨਰੇਸ਼ ਨੇ ਆਯੁਰਵੈਦਿਕ ਪੱਧਤੀ ਨਾਲ 517 ਮਰੀਜ਼ਾਂ ਦੀ ਜਾਂਚ ਕੀਤੀ ਅਤੇ ਮੁਫ਼ਤ ਦਵਾਈਆਂ ਦਿੱਤੀਆਂ। ਨਾਲ ਪੋਸ਼ਣ ਪਖਵਾੜੇ ਤਹਿਤ ਲੋਕਾਂ ਨੂੰ ਸੰਤੁਲਿਤ ਆਹਾਰ ਵਿਹਾਰ ਕਰਨ ਲਈ ਵੀ ਜਾਗਰੂਕ ਕੀਤਾ ਗਿਆ। ਹੋਮਿਓਪੈਥੀ ਵਿਭਾਗ ਦੀ ਟੀਮ ਡਾ. ਅਰਵਿੰਦ ਕੁਮਾਰ, ਡਾ. ਜਤਿੰਦਰ ਕੁਮਾਰ, ਸ੍ਰੀ ਵਿਸ਼ਾਲ ਮਹਿਤਾ ਹੋਮਿਓਪੈਥਿਕ ਡਿਸਪੈਂਸਰ, ਸੀਮਾ ਹੋਮਿਓਪੈਥਿਕ ਡਿਸਪੈਂਸਰ, ਮਨੀਸ਼ ਕੁਮਾਰ ਅਟੈਂਡੈਂਟ ਦੀ ਟੀਮ ਨੇ ਹੋਮਿਓਪੈਥੀ ਪੱਧਤੀ 452 ਮਰੀਜ਼ਾਂ ਦੀ ਜਾਂਚ ਕਰਦੇ ਹੋਏ ਮੁਫ਼ਤ ਦਵਾਈਆਂ ਦਿੱਤੀਆਂ। ਕੈਂਪ ਵਿੱਚ ਸਟਾਰ ਲੈਬੋਰਟਰੀ ਦੁਆਰਾ ਮਰੀਜ਼ਾਂ ਦੀ ਫਰੀ ਸ਼ੂਗਰ ਅਤੇ ਖ਼ੂਨ ਦੀ ਜਾਂਚ ਕੀਤੀ ਗਈ। ਮਰੀਜ਼ਾਂ ਨੂੰ ਰੋਗ ਅਨੁਸਾਰ ਯੋਗ ਅਭਿਆਸ ਕਰਨ ਲਈ ਜਾਗਰੂਕ ਕੀਤਾ ਗਿਆ।ਇਸ ਮੌਕੇ ਨੰਬਰਦਾਰ ਅਮਨਦੀਪ ਸਿੰਘ ਢਿੱਲੋਂ,ਜਗਦੀਸ਼ ਸਿੰਘ ਹਾਜ਼ਰ ਸਨ।



## ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਰੋਸ ਪ੍ਰਦਰਸ਼ਨ 1 ਨੂੰ

**ਦਸੂਹਾ (ਕਰਨੈਲ ਮਾਂਗਟ)**-ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਦੇ ਬਲਾਕ ਪ੍ਰਧਾਨ ਸਰਬਜੀਤ ਕੌਰ ਰੂਪ ਤੇ ਸਕੱਤਰ ਬਲਵਿੰਦਰ ਕੌਰ ਲੁਗਾਣਾ ਨੇ ਸਾਂਝੇ ਤੌਰ ਤੇ ਪ੍ਰੈਸ ਦੇ ਨਾਮ ਬਿਆਨ ਜਾਰੀ ਕਰਦੇ ਹੋਏ ਦੱਸਿਆ ਕਿ ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਪਿਛਲੇ ਲੰਬੇ ਸਮੇਂ ਤੋਂ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਲੈ ਕੇ ਸੰਘਰਸ਼ ਕਰ ਰਹੀ ਹੈ ਪਰ ਪੰਜਾਬ ਦੀ ਸਰਕਾਰ ਨੇ ਆਂਗਣਵਾੜੀ ਵਰਕਰਾਂ ਹੈਲਪਰਾਂ ਦਾ ਕੋਈ ਮਸਲਾ ਹੱਲ ਨਹੀਂ ਕੀਤਾ ਗਿਆ। ਆਂਗਣਵਾੜੀ ਵਰਕਰਾਂ ਹੈਲਪਰਾਂ ਨਾਲ ਵੋਟਾਂ ਤੋਂ ਪਹਿਲਾਂ ਵਾਅਦਾ ਕੀਤਾ ਸੀ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੇ ਉਹਨਾਂ ਦਾ ਮਾਣ ਭੱਤਾ ਦੁਗਣਾ ਕੀਤਾ ਜਾਵੇਗਾ ਜੋ ਅੱਜ ਤੱਕ ਲਾਗੂ ਨਹੀਂ ਕੀਤਾ। ਆਂਗਣਵਾੜੀ ਕੇਂਦਰਾਂ ਦੇ ਵਿੱਚ ਆ ਰਿਹਾ ਰਾਸ਼ਨ ਪ੍ਰਾਈਵੇਟ ਕੰਪਨੀਆਂ ਰਾਹੀਂ ਦਿੱਤਾ ਜਾ ਰਿਹਾ ਹੈ, ਜਿਸ ਦੀ ਕੁਆਲਿਟੀ ਬਹੁਤ ਘਟੀਆ ਹੈ, ਜਿਸ ਨੂੰ ਲੈ ਕੇ ਜਥੇਬੰਦੀ ਸੰਘਰਸ਼ ਕਰ ਰਹੀ ਹੈ। ਉਹਨਾਂ ਮੰਗ ਕੀਤੀ ਕਿ ਆਂਗਣਵਾੜੀ ਕੇਂਦਰਾਂ ਦੇ ਵਿੱਚ ਲਾਭਪਾਤਰੀਆਂ ਨੂੰ ਦਿੱਤਾ ਜਾਣ ਵਾਲਾ ਖਾਣਾ ਤਾਜ਼ਾ ਬਣਾ ਕੇ ਦਿੱਤਾ ਜਾਵੇ ਜੋ ਕਿ ਆਂਗਣਵਾੜੀ ਹੈਲਪਰ ਦੁਆਰਾ ਬਣਾਇਆ ਜਾਵੇ। ਆਂਗਣਵਾੜੀ ਵਰਕਰ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ। ਜੇਕਰ ਸਰਕਾਰ ਨੇ ਆਂਗਣਵਾੜੀ ਵਰਕਰਾਂ ਦੀਆਂ ਮੰਗਾਂ ਨਾ ਮੰਨੀਆਂ ਤਾਂ 1 ਅਕਤੂਬਰ ਨੂੰ ਵੱਡੀ ਗਿਣਤੀ ਦੇ ਵਿੱਚ ਆਂਗਣਵਾੜੀ ਵਰਕਰ, ਹੈਲਪਰ ਮੁੱਖ ਮੰਤਰੀ ਦੀ ਸ਼ਹਿਰ ਸੰਗਰੂਰ ਵਿਖੇ ਪਹੁੰਚਣਗੀਆਂ ਅਤੇ ਭਾਰੀ ਰੋਸ ਮੁਜ਼ਾਹਰਾ ਕਰਨਗੀਆਂ।



## ਐੱਨ ਐੱਸ ਐੱਸ ਦਿਵਸ ਮਨਾਇਆ




**ਕਪੂਰਥਲਾ (ਮਨਜੀਤ ਮਾਨ)**-ਸੰਤ ਹੀਰਾ ਦਾਸ ਕੰਨਿਆ ਮਹਾਂ ਵਿਦਿਆਲਿਆ ਕਾਲਾ ਸੰਘਿਆਂ ਵਿਖੇ ਪ੍ਰਿੰਸੀਪਲ ਬਲਜਿੰਦਰ ਕੌਰ ਸਚਦੇਵਾ ਦੀ ਅਗਵਾਈ ਹੇਠ ਐੱਨ ਐੱਸ ਐੱਸ ਅਤੇ ਰੈਡ ਰਿਬਨ ਵਿਭਾਗ ਵੱਲੋਂ ਐੱਨ ਐੱਸ ਐੱਸ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ ਜਿਸ ਵਿੱਚ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਭਾਗ ਲਿਆ ।ਇਸ ਪ੍ਰੋਗਰਾਮ ਦਾ ਮੂਲ ਮਨੋਰਥ ਵਿਦਿਆਰਥੀਆਂ ਅੰਦਰ ਸਮਾਜ ਸੇਵਾ ਪ੍ਰਤੀ ਰੁਚੀ ਪੈਦਾ ਕਰਨਾ ਅਤੇ ਆਪਣੀ ਜੀਵਨ ਸ਼ੈਲੀ ਨੂੰ ਸਹੀ ਢੰਗ ਨਾਲ ਨਿਖਾਰਨਾ ਹੈ। ਇਸ ਮੌਕੇ ਤੇ ਪ੍ਰਿੰਸੀਪਲ ਬਲਜਿੰਦਰ ਕੌਰ ਸਚਦੇਵਾ ਨੇ ਆਪਣੇ ਵਿਚਾਰ ਪ੍ਰਗਟ ਕਰਦੇ ਕਿਹਾ ਕਿ ਐੱਨ ਐੱਸ ਐੱਸ ਦਾ ਉਦੇਸ਼ ਨਿਸਵਾਰਥ ਭਾਵਨਾ ਨਾਲ ਦੇਸ਼ ਅਤੇ ਸਮਾਜ ਦੀ ਸੇਵਾ ਕਰਨਾ ਹੈ। ਉਹਨਾਂ ਨੇ ਵਿਦਿਆਰਥੀਆਂ ਨੂੰ ਆਪਣੀ ਪੜ੍ਹਾਈ ਦੇ ਨਾਲ-ਨਾਲ ਆਪਣੇ ਆਲੇ-ਦੁਆਲੇ ਨੂੰ ਸਾਫ ਸੁਥਰਾ ਰੱਖਣ ਲਈ ਤੇ ਵਾਤਾਵਰਨ ਦੀ ਸੰਭਾਲ ਰੱਖਣ ਪ੍ਰਤੀ ਜਾਗਰੂਕ ਕੀਤਾ।

ਉਨਾਂ ਨੇ ਐੱਨ ਐੱਸ ਐੱਸ ਵਿਭਾਗ ਵੱਲੋਂ ਕਰਵਾਏ ਜਾਂਦੇ ਪ੍ਰੋਗਰਾਮਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਤੇ ਪ੍ਰੋਗਰਾਮ ਇੰਚਾਰਜ ਡਾ.ਕੁਲਵਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਐੱਨ ਐੱਸ ਐੱਸ ਦਾ ਮੂਲ ਟੀਚਾ ਸਵੈ ਇੱਛਾ ਰਾਹੀਂ ਸਮਾਜ ਦੀ ਸੇਵਾ ਕਰਨ ਨਾਲ ਚਰਿੱਤਰ ਅਤੇ ਸ਼ਖ਼ਸੀਅਤ ਦਾ ਵਿਕਾਸ ਹੁੰਦਾ ਹੈ।

ਵਿਦਿਆਰਥੀਆਂ ਨੇ ਵੀ ਸਮਾਜ ਸੇਵਾ ਕਰਨ ਦਾ ਅਤੇ ਵਾਤਾਵਰਨ ਦੀ ਸੰਭਾਲ ਰੱਖਣ ਅਤੇ ਨਸ਼ਿਆਂ ਵਿਰੁੱਧ ਆਪਣੀ ਸਮਾਜ ਬੁਲੰਦ ਕਰਨ ਦਾ ਅਤੇ ਸਿਹਤਮੰਦ ਜੀਵਨ ਸ਼ੈਲੀ ਬਣਾਉਣ ਦਾ ਸੰਕਲਪ ਲਿਆ।

## ਮੁਫ਼ਤ ਮੈਡੀਕਲ ਕੈਂਪ ਲਗਾਇਆ



**ਜਲੰਧਰ (ਰਾਜੇਸ਼ ਥਾਪਾ)**-ਸ੍ਰੀ ਗੁਰੂ ਨਾਨਕ ਦੇਵ ਚੈਰੀਟੇਬਲ ਸੋਸਾਇਟੀ (ਰਜਿ.) ਵੱਲੋਂ ਗੁਰਦੁਆਰਾ ਸਿੰਘ ਸਭਾ ਲਿੰਕ ਕਲੋਨੀ ਨਕੋਦਰ ਰੋਡ ਜਲੰਧਰ ਵਿਖੇ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ ਜਿਸ ਵਿਚ ਲੋਕਾਂ ਨੇ ਵੱਡੀ ਗਿਣਤੀ ਵਿਚ ਕੈਂਪ ਵਿੱਚ ਆ ਇਸ ਮੈਡੀਕਲ ਕੈਂਪ ਦਾ ਲਾਭ ਚੁਕਿਆ। ਕੈਂਪ ਵਿੱਚ ਲਗਭਗ 150 ਤੋਂ ਜ਼ਿਆਦਾ ਲੋਕਾਂ ਦਾ ਮੁਫ਼ਤ ਚੈਕ ਅੱਪ ਕੀਤਾ ਗਿਆ ਅਤੇ ਲੋੜਵੰਦਾਂ ਨੂੰ ਮੁਫ਼ਤ ਦਿਵਾਈਆਂ ਵੀ ਦਿਤੀਆਂ ਗਈਆਂ।ਸੋਸਾਇਟੀ ਦੇ ਪ੍ਰਧਾਨ ਡਾ. ਗੁਰਵਿੰਦਰ ਪਾਲ ਸਿੰਘ ਛਾਬੜਾ ਨੇ ਦੱਸਿਆ ਕਿ ਇਸ ਮੈਡੀਕਲ ਕੈਂਪ ਵਿੱਚ ਹੱਡੀਆਂ ਦਾ ਮੁਫ਼ਤ ਚੈੱਕਅਪ, ਬਲੱਡ ਸ਼ੂਗਰ ਟੈਸਟ, ਹੱਡੀਆਂ ਦੀ ਸਕੈਨ ਅਤੇ ਦਵਾਈਆਂ ਦੀ ਸਹੂਲਤ ਉਪਲਬਧ ਕਰਵਾਈਆਂ ਗਈਆਂ। ਡਾ. ਸਾਹਿਲ ਮਹਿਰਾ ਤੇ ਡਾ. ਮੰਜਰ ਪ੍ਰਦੀਪ ਮਹਿੰਦਰ ਨੇ ਮਰੀਜ਼ਾਂ ਦਾ ਚੈਕ ਅੱਪ ਕੀਤਾ।

ਮਾਹਿਰ ਡਾਕਟਰਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਤੇ ਸੋਸਾਇਟੀ ਦੇ ਪ੍ਰਧਾਨ ਡਾ ਗੁਰਵਿੰਦਰ ਪਾਲ ਸਿੰਘ ਛਾਬੜਾ, ਸਕੱਤਰ ਚਰਨਜੀਤ ਸਿੰਘ, ਜਾਇੰਟ ਸਕੱਤਰ ਪਰਮਿੰਦਰ ਪਾਲ ਸਿੰਘ, ਖਜ਼ਾਨਚੀ ਪਰਵੀਨ ਰਾਮਗੜ੍ਹੀਆ, ਉਮ ਗੌਰੀ ਦੱਤ ਸ਼ਰਮਾ, ਰਵਿੰਦਰ ਪਾਲ ਸਿੰਘ ਗੋਰਵਰ, ਲੱਖਵਿੰਦਰ ਸਿੰਘ, ਵੀਨਾ ਅਗਰਵਾਲ, ਸੁਰਿੰਦਰ ਪਾਲ ਸਿੰਘ,ਜਸਲੀਨ ਸਿੰਘ, ਕੁਸ਼ਾਗਰ ਮਲਹੋਤਰਾ,ਗੁਰਦਿੰਰ ਦੀਪ ਭਾਟੀਆ, ਸੁਖਵਿੰਦਰ ਕੌਰ,ਆਦਿ ਮੈਂਬਰਾਂ ਨੇ ਇਸ ਮੈਡੀਕਲ ਕੈਂਪ ਵਿੱਚ ਵਧ ਚੜ੍ਹ ਕੇ ਸੇਵਾ ਨਿਭਾਈ।

## ਸ਼ਹੀਦ-ਏ-ਆਜ਼ਮ ਭਗਤ ਸਿੰਘ ਦਾ ਜਨਮ ਦਿਹਾੜਾ ਮਨਾਇਆ

**ਡੇਰਾਬੱਸੀ (ਵਿਨੈ ਕੁਮਾਰ ਜੈਨ)**-ਬਾਰ ਐਸੋਸੀਏਸ਼ਨ ਡੇਰਾਬੱਸੀ ਦੇ ਮੈਂਬਰ ਸਾਹਿਬਾਨ ਵੱਲੋਂ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਜੀ ਦਾ 119ਵਾਂ ਜਨਮ ਦਿਹਾੜਾ ਨਿਮਰਤਾ, ਸ਼ਰਧਾ ਅਤੇ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਬਾਰ ਮੈਂਬਰਾਂ ਵੱਲੋਂ ਸ਼ਹੀਦ ਭਗਤ ਸਿੰਘ ਦੀ ਵਿਚਾਰਧਾਰਾ, ਉਨ੍ਹਾਂ ਦੀ ਸੋਚ ਅਤੇ ਉਨ੍ਹਾਂ ਵੱਲੋਂ ਲਿਖੀਆਂ ਕਿਤਾਬਾਂ ਅਤੇ ਇਨਕਲਾਬੀ ਵਿਚਾਰਾਂ 'ਤੇ ਆਪਸ ਵਿੱਚ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਬਾਰ ਮੈਂਬਰਾਂ ਨੇ ਸ਼ਹੀਦ ਭਗਤ ਸਿੰਘ ਦੀ ਵਿਚਾਰਧਾਰਾ 'ਤੇ ਪਹਿਰਾ ਦੇਣ ਅਤੇ ਉਨ੍ਹਾਂ ਦੇ ਦਿਖਾਏ ਇਨਕਲਾਬੀ ਮਾਰਗ 'ਤੇ ਚੱਲਣ ਦਾ ਪ੍ਰਣ ਲਿਆ।ਬਾਰ ਐਸੋਸੀਏਸ਼ਨ ਦੇ ਪ੍ਰਧਾਨ ਵਿਕਰਮਜੀਤ ਸਿੰਘ ਦੱਪਰ ਨੇ ਕਿਹਾ ਕਿ ਮਹਾਨ ਸ਼ਹੀਦਾਂ ਦੀਆਂ ਕੁਰਬਾਨੀਆਂ ਸਦਕਾ ਹੀ ਅੱਜ ਅਸੀਂ ਆਜ਼ਾਦੀ ਦਾ ਆਨੰਦ ਮਾਣ ਰਹੇ ਹਾਂ। ਉਨ੍ਹਾਂ ਕਿਹਾ ਕਿ ਹਰੇਕ ਨਾਗਰਿਕ ਦਾ ਫਰਜ਼ ਬਣਦਾ ਹੈ ਕਿ ਅਸੀਂ ਸ਼ਹੀਦ ਭਗਤ ਸਿੰਘ ਦੇ ਸੁਪਨਿਆਂ ਵਾਲਾ ਸਮਾਜ ਸਿਰਜਣ ਲਈ ਯਤਨ ਕਰੀਏ, ਜਿੱਥੇ ਹਰ ਵਿਅਕਤੀ ਨੂੰ ਬਰਾਬਰੀ, ਧਰਮ ਨਿਰਪੱਖਤਾ ਅਤੇ



ਇਨਸਾਫ਼ ਮਿਲੇ ਅਤੇ ਮਜ਼ਦੂਰਾਂ ਤੇ ਕਿਸਾਨਾਂ ਸਮੇਤ ਸਮਾਜ ਦੇ ਹਰ ਵਰਗ ਨੂੰ ਉਸਦਾ ਬਣਦਾ ਹੱਕ ਪ੍ਰਾਪਤ ਹੋਵੇ। ਇਸ ਮੌਕੇ ਬਾਰ ਐਸੋਸੀਏਸ਼ਨ ਦੇ ਜਨਰਲ ਸਕੱਤਰ ਜਗਤਾਰ ਸਿੰਘ ਅਤੇ ਵਾਈਸ ਪ੍ਰੈਜ਼ੀਡੈਂਟ ਸ਼ਿਵ ਸ਼ਰਮਾ ਨੇ ਸ਼ਹੀਦ ਭਗਤ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਇਸ ਸਮਾਗਮ ਵਿੱਚ ਸ਼ਾਮਲ ਹੋਏ ਸਮੂਹ ਬਾਰ ਮੈਂਬਰਾਂ ਦਾ ਧੰਨਵਾਦ ਕੀਤਾ।ਇਸ ਮੌਕੇ ਵਾਈਸ ਪ੍ਰੈਜ਼ੀਡੈਂਟ (ਵੂਮੈਨ) ਗੀਤਿਕਾ ਗੋਇਲ, ਜੁਆਇੰਟ ਸਕੱਤਰ ਸੁਮਨ ਚੌਹਾਨ, ਕੈਸ਼ੀਅਰ ਵਿਪਿਨ ਸ਼ਰਮਾ ਤੋਂ ਇਲਾਵਾ ਬਾਰ ਮੈਂਬਰ ਰਾਜਬੀਰ ਸਿੰਘ ਮੁੰਦਰਾ, ਅਮਰਿੰਦਰ ਸਿੰਘ ਨਨਵਾ, ਗੁਰਜੰਟ ਸਿੰਘ ਚੌਹਾਨ, ਯਤਿਨ ਭਾਟੀਆ, ਹਰੀ ਸਿੰਘ ਸੈਣੀ, ਜਗਤਾਰ ਸਿੰਘ ਜੈਨਤਪੁਰ, ਇੰਦਰਜੀਤ ਕੰਬੋਜ, ਰਾਜੇਸ਼ ਸਾਗਰ, ਹਰਦੀਪ ਸੈਣੀ, ਮਹਿਕ ਗੁਪਤਾ, ਨੇਹਾ ਹਾਂਡਾ, ਸੁਨੀਤਾ ਕੌਸ਼ਿਕ, ਕਰਮਜੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਬਾਰ ਮੈਂਬਰ ਹਾਜ਼ਰ ਸਨ।

## ਅਣਪਛਾਤੇ ਨਿਹੰਗ ਸਿੰਘ ਦੀ ਰੇਲ ਗੱਡੀ ਹੇਠਾਂ ਆਉਣ ਨਾਲ ਮੌਤ

**ਫਿਲੌਰ (ਨਿਰਮਲ)**-ਰੇਲਵੇ ਸਟੇਸ਼ਨ ਗੁਰਾਇਆ ਵਿਖੇ ਰੇਲ ਗੱਡੀ ਹੇਠਾਂ ਆਉਣ ਨਾਲ ਨਿਹੰਗ ਸਿੰਘ ਦੀ ਮੌਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜੀ ਆਰ ਪੀ ਚੌਕੀ ਇੰਚਾਰਜ਼ ਪ੍ਰੇਮ ਨਾਥ ਨੇ ਦੱਸਿਆ ਕਿ ਰੇਲਵੇ ਸਟੇਸ਼ਨ ਗੁਰਾਇਆ ਵਿਖੇ ਨਿਹੰਗ ਸਿੰਘ ਦੀ ਗੱਡੀ ਹੇਠਾਂ ਆਉਣ ਨਾਲ ਮੌਤ ਹੋ ਗਈ ਜਿਸ ਦੀ ਸ਼ਨਾਖਤ ਨਹੀਂ ਹੋ ਪਾਈ। ਜਿਸ ਦੀ ਉਮਰ 50-55 ਸਾਲ, ਜਿਸ ਨੇ ਨੀਲਾ ਬਾਣਾ ਪਾਇਆ ਹੋਇਆ, ਸਿਰ ਤੇ ਚਿੱਟਾ ਪਰਨਾ ਬੰਨਿਆ ਅਤੇ ਚਿੱਟਾ ਕਛੈਹਰਾ ਪਾਇਆ ਹੋਇਆ ਹੈ ਜਿਸ ਦੀ ਲਾਸ਼ ਸ਼ਨਾਖਤ ਲਈ 72 ਘੰਟੇ ਲਈ ਸਿਵਲ ਹਸਪਤਾਲ ਫਿਲੌਰ ਵਿਖੇ ਰੱਖਕੇ ਵਾਰਸਾਂ ਦੀ ਭਾਲ ਕੀਤੀ ਜਾ ਰਹੀ ਹੈ।

## ਰੱਤੇਵਾਲ ਦੇ ਵਿਕਾਸ ਕਾਰਜਾਂ ਲਈ ਸਰਪੰਚ ਨੂੰ 4 ਲੱਖ ਦਾ ਚੈੱਕ ਭੇਟ

**ਪੋਜੇਵਾਲ (ਰਾਮ ਲਾਲ)**-ਹਲਕਾ ਬਲਾਚੌਰ ਦੇ ਪਿੰਡ ਪੁਰਾਣਾ ਰੱਤੇਵਾਲ ਦੇ ਵਿਕਾਸ ਨੂੰ ਹੋਰ ਤੇਜ਼ ਗਤੀ ਦੇਣ ਲਈ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਸ਼ੋਕ ਕਟਾਰੀਆ ਵੱਲੋਂ ਪਿੰਡ ਦੇ ਮਿਹਨਤੀ ਅਤੇ ਇਮਾਨਦਾਰ ਸਰਪੰਚ ਰਾਕੇਸ਼ ਕੁਮਾਰ ਬੰਟੀ ਨੂੰ ਵਿਕਾਸ ਕਾਰਜਾਂ ਲਈ 4 ਲੱਖ ਰੁਪਏ ਦਾ ਚੈੱਕ ਭੇਟ ਕੀਤਾ ਗਿਆ। ਇਹ ਚੈੱਕ ਭੇਟ ਕਰਨ ਦੀ ਰਸਮ ਪਿੰਡ ਵਿੱਚ ਹੀ ਬੜੇ ਹੀ ਸਾਦੇ ਪਰ ਪ੍ਰਭਾਵਸ਼ਾਲੀ ਢੰਗ ਨਾਲ ਅਦਾ ਕੀਤੀ ਗਈ, ਜਿੱਥੇ ਪਿੰਡ ਦੀ ਪੰਚਾਇਤ ਅਤੇ ਪਿੰਡ ਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੀਨੀਅਰ ਆਗੂ ਅਸ਼ੋਕ ਕਟਾਰੀਆ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਿੰਡ ਦੀ ਤਰੱਕੀ ਅਤੇ ਲੋਕਾਂ ਦੀਆਂ ਬੁਨਿਆਦੀ ਸਹੂਲਤਾਂ ਜਿਵੇਂ ਗਲੀਆਂ, ਨਾਲੀਆਂ, ਸਾਫ਼ ਪਾਣੀ ਅਤੇ ਸਟਰੀਟ ਲਾਈਟਾਂ ਨੂੰ ਬਿਹਤਰ ਬਣਾਉਣ ਲਈ ਵਿਕਾਸ ਕਾਰਜ ਲਗਾਤਾਰ ਜਾਰੀ ਰਹਿਣਗੇ। ਸਰਪੰਚ ਰਾਕੇਸ਼ ਕੁਮਾਰ ਬੰਟੀ ਨੇ ਇਸ ਮੌਕੇ ਤੇ ਸੀਨੀਅਰ ਆਗੂ ਅਸ਼ੋਕ ਕਟਾਰੀਆ ਅਤੇ ਪੰਜਾਬ ਸਰਕਾਰ ਦਾ ਤਹਿ ਦਿਲੋਂ ਧੰਨਵਾਦ ਕੀਤਾ।



ਉਨ੍ਹਾਂ ਕਿਹਾ ਕਿ ਇਸ ਗ੍ਰਾਂਟ ਨਾਲ ਪਿੰਡ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਨੂੰ ਵੱਡਾ ਹੁਲਾਰਾ ਮਿਲੇਗਾ ਅਤੇ ਪਿੰਡ ਨੂੰ ਹੋਰ ਸੁੰਦਰ ਅਤੇ ਸਹੂਲਤਾਂ ਭਰਪੂਰ ਬਣਾਇਆ ਜਾਵੇਗਾ। ਇਸ ਮੌਕੇ ਤੇ ਸਮੂਹ ਪਰਿਵਾਰ, ਪੰਚਾਇਤ ਮੈਂਬਰ ਅਤੇ ਪਤਵੰਤੇ ਸੱਜਣ ਹਾਜ਼ਰ ਸਨ।

## ਇਲੈਕਟ੍ਰੀਕਲ ਇੰਜੀਨੀਅਰਿੰਗ ਵਿਭਾਗ ਨੇ ਕਰੀਅਰ ਮਾਰਗਦਰਸ਼ਨ ਪ੍ਰੋਗਰਾਮ ਕਰਵਾਇਆ



**ਜਲੰਧਰ (ਸ਼ੈਲੀ ਐਲਬਰਟ)**-ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਰਹਿਨੁਮਾਈ ਹੇਠ ਇਲੈਕਟ੍ਰੀਕਲ ਇੰਜੀਨੀਅਰਿੰਗ ਵਿਭਾਗ ਵੱਲੋਂ ਫਿਨਿਸ਼ਿੰਗ ਸਕੂਲ ਗਤੀਵਿਧੀ ਅਧੀਨ ਕਰੀਅਰ ਮਾਰਗਦਰਸ਼ਨ ਪ੍ਰੋਗਰਾਮ ਕਰਵਾਇਆ ਗਿਆ। ਪ੍ਰੋਗਰਾਮ ਦੌਰਾਨ ਉੱਚ ਸਿੱਖਿਆ, ਮੁਕਾਬਲੇ ਦੀਆਂ ਪ੍ਰੀਖਿਆਵਾਂ, ਸਰਕਾਰੀ ਅਤੇ ਨਿੱਜੀ ਖੇਤਰ ਦੀਆਂ ਨੌਕਰੀਆਂ ਅਤੇ ਇਲੈਕਟ੍ਰੀਕਲ ਉਦਯੋਗ ਵਿੱਚ ਉੱਭਰ ਰਹੇ ਕਰੀਅਰ ਮੌਕਿਆਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਵਿਦਿਆਰਥੀਆਂ ਨੂੰ ਤਕਨੀਕੀ ਹੁਨਰ ਵਿਕਸਿਤ ਕਰਨ, ਵਿਹਾਰਕ ਗਿਆਨ ਹਾਸਲ ਕਰਨ ਅਤੇ ਨਵੀਆਂ ਤਕਨੀਕਾਂ ਨਾਲ ਅਪਡੇਟ ਰਹਿਣ ਲਈ ਪ੍ਰੇਰਿਤ ਕੀਤਾ ਗਿਆ।ਇਹ ਪ੍ਰੋਗਰਾਮ ਵਿਦਿਆਰਥੀਆਂ ਲਈ ਬਹੁਤ ਹੀ ਜਾਣਕਾਰੀ ਭਰਪੂਰ ਅਤੇ ਲਾਭਦਾਇਕ ਰਿਹਾ। ਇਸ ਰਾਹੀਂ ਵਿਦਿਆਰਥੀਆਂ ਨੂੰ ਆਪਣੇ ਭਵਿੱਖ ਲਈ ਵੱਖ-ਵੱਖ ਕਰੀਅਰ ਮਾਰਗਾਂ ਨੂੰ ਸਮਝਣ ਅਤੇ ਸਹੀ ਫੈਸਲੇ ਲੈਣ ਵਿੱਚ ਮਦਦ ਮਿਲੀ

## ਸੈਂਟਰਲ ਇੰਸਟੀਚਿਊਟ ਆਫ ਪੋਸਟ-ਹਾਰਵੈਸਟਰ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਨੇ ਤਿੰਨ-ਰੋਜ਼ਾ ਹੁਨਰ ਵਿਕਾਸ ਸਿਖਲਾਈ ਪ੍ਰੋਗਰਾਮ ਕਰਵਾਇਆ

**ਲੁਧਿਆਣਾ**-ਸੈਂਟਰਲ ਇੰਸਟੀਚਿਊਟ ਆਫ ਪੋਸਟ-ਹਾਰਵੈਸਟਰ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਲੁਧਿਆਣਾ ਨੇ ਛੱਤੀਸਗੜ੍ਹ ਦੇ ਰਾਏਪੁਰ ਸਥਿਤ ਸ਼ਹਿਦ-ਪ੍ਰੋਸੈਸਿੰਗ ਇਕਾਈਆਂ ਨਾਲ ਜੁੜੇ ਵਨ ਧਨ ਵਿਕਾਸ ਕੇਂਦਰਾਂ ਦੇ ਮੈਂਬਰਾਂ ਅਤੇ ਪ੍ਰਬੰਧਕਾਂ ਲਈ ਤਿੰਨ-ਰੋਜ਼ਾ ਹੁਨਰ ਵਿਕਾਸ ਸਿਖਲਾਈ ਪ੍ਰੋਗਰਾਮ ਦਾ ਆਯੋਜਨ ਕੀਤਾ। ਇਹ ਸਿਖਲਾਈ ਛੱਤੀਸਗੜ੍ਹ ਰਾਜ ਦੇ ਜੰਗਲਾਤ ਉਤਪਾਦਾਂ ਦੀ ਪ੍ਰੋਸੈਸਿੰਗ ਅਤੇ ਮੁੱਲ-ਵਰਧਿਤ ਕਰਨ 'ਤੇ ਖੋਜ ਵਿਕਾਸ ਅਤੇ ਸਮਰੱਥਾ ਨਿਰਮਾਣ ਗਤੀਵਿਧੀਆਂ ਦੇ ਸਹਿਯੋਗੀ ਪ੍ਰੋਜੈਕਟ ਦੇ ਤਹਿਤ ਮੋਮ-ਅਧਾਰਤ ਕਾਸਮੈਟਿਕ ਅਤੇ ਮੁੱਲ-ਵਰਧਿਤ ਉਤਪਾਦਾਂ ਦੇ ਵਿਕਾਸ ਲਈ ਮਧੂ-ਮੱਖੀਆਂ ਦੀ ਵਰਤੋਂ 'ਤੇ ਆਯੋਜਿਤ ਕੀਤੀ ਗਈ ਸੀ। ਪ੍ਰੋਗਰਾਮ ਭਾਗੀਦਾਰਾਂ ਨੂੰ ਇਹ ਸਿੱਖਣ ਵਿੱਚ ਮਦਦ ਕਰਨ 'ਤੇ ਕੇਂਦ੍ਰਿਤ ਸੀ ਕਿ ਮਧੂ-ਮੱਖੀਆਂ ਦੀ ਪ੍ਰੋਸੈਸਿੰਗ ਕਿਵੇਂ ਕੀਤੀ ਜਾ ਸਕਦੀ ਹੈ ਅਤੇ ਕਾਸਮੈਟਿਕਸ ਅਤੇ ਹੋਰ ਮੁੱਲ-ਵਰਧਿਤ ਵਸਤੂਆਂ ਵਰਗੇ ਉਪਯੋਗੀ ਉਤਪਾਦ ਬਣਾਉਣ ਲਈ ਕਿਵੇਂ ਵਰਤੀ ਜਾ ਸਕਦੀ ਹੈ। ਸਿਖਲਾਈ ਪ੍ਰੋਗਰਾਮ ਦਾ ਤਾਲਮੇਲ ਡਾ. ਟੀ ਵਿਦਿਆਲਕਸ਼ਮੀ, (ਵਿਗਿਆਨੀ), ਡਾ. ਸੰਦੀਪ ਪੀ. ਦਵਾਂਗੇ (ਵਿਗਿਆਨੀ), ਡਾ. ਸੰਦੀਪ ਮਾਨ (ਪ੍ਰੋ: ਵਿਗਿਆਨੀ), ਅਤੇ ਡਾ. ਮੰਜੂ ਬਾਲਾ (ਪ੍ਰੋ. ਵਿਗਿਆਨੀ) ਦੁਆਰਾ ਕੀਤਾ ਗਿਆ ਸੀ। ਡਾ. ਨਚਿਕੇਤ ਕੋਤਵਾਲੀਵਾਲੇ, ਡਾਇਰੈਕਟਰ, ਆਈ ਸੀ ਏ ਆਰ-ਸੀ ਪੀ ਐੱਚ ਈ ਟੀ 23 ਸਤੰਬਰ ਨੂੰ ਉਦਘਾਟਨ ਸਮਾਰੋਹ ਵਿੱਚ ਸ਼ਾਮਲ ਹੋਏ ਅਤੇ ਭਾਗੀਦਾਰਾਂ ਨਾਲ ਗਲਬਾਤ ਕੀਤੀ। ਉਨ੍ਹਾਂ ਨੇ ਮੋਮ ਦੀ ਪ੍ਰੋਸੈਸਿੰਗ, ਮੁੱਲ ਜੋੜ ਅਤੇ ਉਤਪਾਦ ਵਿਕਾਸ ਦੀ ਮਹੱਤਤਾ 'ਤੇ ਜ਼ੋਰ ਦਿੱਤਾ, ਜੋ ਜੰਗਲ-ਉਤਪਾਦਾਂ ਅਤੇ ਸ਼ਹਿਦ ਨਾਲ ਸਬੰਧਤ ਗਤੀਵਿਧੀਆਂ ਵਿੱਚ ਸ਼ਾਮਲ ਲੋਕਾਂ ਲਈ ਵੱਧੂ ਆਮਦਨ ਅਤੇ ਉੱਦਮੀ ਮੌਕੇ ਪੈਦਾ ਕਰ ਸਕਦਾ ਹੈ।



## ਭਗਵਾਨ ਵਾਲਮੀਕਿ ਨੌਜਵਾਨ ਸਭਾ ਦੀ ਮੀਟਿੰਗ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਭਗਵਾਨ ਵਾਲਮੀਕਿ ਨੌਜਵਾਨ ਸਭਾ ਮੁਹੱਲਾ ਵਾਲਮੀਕਿ ਗੇਟ ਦੀ ਵਿਸ਼ੇਸ਼ ਮੀਟਿੰਗ ਸਭਾ ਦੇ ਪ੍ਰਧਾਨ ਮੁਨੀਸ਼ ਗਿੱਲ ਕਾਲੀ ਦੀ ਅਗਵਾਈ ਵਿੱਚ ਕੀਤੀ ਗਈ । ਇਸ ਮੀਟਿੰਗ ਵਿੱਚ ਹਰ ਸਾਲ ਦੀ ਤਰ੍ਹਾਂ ਭਗਵਾਨ ਵਾਲਮੀਕਿ ਜੀ ਦਾ ਪ੍ਰਗਟ ਦਿਵਸ ਮਨਾਉਣ ਸਬੰਧੀ ਅਹਿਮ ਵਿਚਾਰਾਂ ਕੀਤੀਆਂ ਗਈਆਂ ਜਿਸ ਦੌਰਾਨ ਬੱਬੂ ਗਿੱਲ, ਬੱਬਾ ਸਹੋਤਾ, ਸੰਨੀ ਭੱਟੀ, ਦਿਨੇਸ਼ ਗਿੱਲ, ਵਿਨੈ ਗਿੱਲ, ਸੋਨੀ ਮੱਟੂ, ਸ਼ਿਨੇ ਗਿੱਲ, ਮੋਨੂੰ ਗਿੱਲ, ਜਿੰਮੀ ਨਾਹਰ, ਜੱਸ ਚੀਮਾ, ਵਿਜੇ ਸੌਂਧੀ ਨੇ ਆਪਣਾ ਵਿਚਾਰ ਪੇਸ਼ ਕੀਤੇ । ਇਸ ਦੌਰਾਨ ਸਰਬ ਸੰਮਤੀ ਨਾਲ ਫੈਸਲਾ ਕੀਤਾ ਕਿ 11 ਅਕਤੂਬਰ ਨੂੰ ਪਹਿਲੀ ਪ੍ਰਭਾਤ ਫੇਰੀ ਦੀ ਸ਼ੁਰੂਆਤ ਹੋਵੇਗੀ । 24 ਅਕਤੂਬਰ ਨੂੰ ਹਰ ਸਾਲ ਦੀ ਤਰ੍ਹਾਂ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਜਾਵੇਗੀ । 25 ਅਤੇ 26 ਅਕਤੂਬਰ ਕਲਾਕਾਰ ਅਤੇ ਪ੍ਰਚਾਰਕ ਸਟੇਜ ਪ੍ਰੋਗਰਾਮ ਦੌਰਾਨ ਭਗਵਾਨ ਵਾਲਮੀਕਿ ਜੀ ਦਾ ਗੁਣਗਾਨ ਕਰਨਗੇ । 27 ਅਕਤੂਬਰ ਨੂੰ ਪੁਰਾਣਾ ਬੱਸ ਅੱਡਾ ਵਿਖੇ ਲੰਗਰ ਲਗਾਇਆ ਜਾਵੇਗਾ । ਪ੍ਰਗਟ ਦਿਵਸ ਮਨਾਉਣ ਸੰਬੰਧੀ ਪ੍ਰੋਗਰਾਮ ਦੌਰਾਨ ਮਨਮੋਹਕ ਲਾਈਟ ਅਤੇ ਡੈਕੋਰੇਸ਼ਨ ਕੀਤੀ ਜਾਵੇਗੀ । ਮੀਟਿੰਗ ਵਿੱਚ ਮੰਗਾ ਭੰਡਾਲ, ਆਸ਼ੀਸ਼ ਗਿੱਲ, ਸ਼ੁਭਮ ਸਹੋਤਾ, ਰੋਹਿਤ ਨਾਹਰ, ਸੈਮ ਗਿੱਲ, ਗੱਗੀ ਸ਼ੌਂਧੀ, ਹਿਮਾਂਸ਼ੂ,ਉਮਾ ਸੌਂਧੀ ਸਮੇਤ ਸਮੂਹ ਮੈਂਬਰ ਹਾਜ਼ਰ ਸਨ ।

## ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਸੈਮੀਨਾਰ

**ਖਰੜ (ਹਰਨਾਮ ਸਿੰਘ ਡੱਲਾ)**-ਸ੍ਰੀ ਗੁਰੂ ਰਵਿਦਾਸ ਸਭਾ ਰਜਿ: ਵਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650 ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇੱਕ ਵਿਸ਼ਾਲ ਸੈਮੀਨਾਰ ਦਾ ਆਯੋਜਨ ਕਰਵਾਇਆ ਗਿਆ ਜਿਸ ਵਿੱਚ 200 ਤੋਂ ਵੱਧ ਸਰੋਤਿਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਸਮੇਂ ਮੰਚ ਉੱਤੇ ਸਭਾ ਦੇ ਪ੍ਰਧਾਨ ਮਦਨ ਲਾਲ ਜਨਾਗਲ, ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਖਰੜ ਦੇ ਪ੍ਰਧਾਨ ਹਰਨੇਕ ਸਿੰਘ ਦੇਵਪੁਰੀ ਤੇ ਸੈਮੀਨਾਰ ਵਿੱਚ ਸੱਦੇ ਗਏ ਮਹਿਮਾਨ ਬੁਲਾਰੇ ਦਰਸ਼ਨ ਸਿੰਘ ਬਾਜਵਾ ਤੇ ਇੰਜ: ਜਸਬੀਰ ਸਿੰਘ ਮੋਰੋਂ ਸੁਸ਼ੋਭਤ ਸਨ। ਚੇਤੇ ਰਹੇ ਕਿ ਦੇਸ਼-ਵਿਦੇਸ਼ ਵਿੱਚ ਮਨਾਏ ਜਾ ਰਹੇ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਜਨਮ ਦਿਨ ਦੀ ਕੜੀ ਵਿੱਚ ਹੀ ਇਹ ਸੈਮੀਨਾਰ ਕਰਵਾਇਆ ਗਿਆ ਹੈ। ਇਸ ਸਮੇਂ ਸੈਮੀਨਾਰ ਦੇ ਪਹਿਲੇ ਬੁਲਾਰੇ ਦਰਸ਼ਨ ਸਿੰਘ ਬਾਜਵਾ ਨੇ ਆਪਣੇ ਭਾਸ਼ਣ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੇ ਬੇਗ਼ਮਪੁਰੇ ਦੇ ਸੰਕਲਪ ਦੀ ਪ੍ਰਾਪਤੀ ਬਾਰੇ ਕੁਝ ਤੱਥ ਰੱਖੇ ਅਤੇ ਜਿਸ ਦੀ ਪ੍ਰਾਪਤੀ ਲਈ ਰਾਜ ਪ੍ਰਾਪਤ ਕਰਨ ਨੂੰ ਮੁੱਖ ਮੁੱਦਾ ਬਣਾਇਆ ਗਿਆ। ਜਸਬੀਰ ਸਿੰਘ ਮੋਰੋਂ ਨੇ ਆਪਣੇ ਭਾਸ਼ਣ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੀ ਵਿਚਾਰਧਾਰਾ ਨੂੰ ਸਮਾਜਵਾਦ, ਫਿਰਕਾਪ੍ਰਸਤੀ ਨੂੰ ਲੈ ਕੇ ਆਪਣੇ ਵਿਚਾਰ ਕੇਂਦਰਤ ਕੀਤੇ। ਦੋਵਾਂ ਹੀ ਬੁਲਾਰਿਆਂ ਵੱਲੋਂ ਇਸ ਗੱਲ ਉੱਤੇ ਜ਼ੋਰ ਦਿੱਤਾ ਗਿਆ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ ਬੇਗਮਪੁਰਾ ਦੇ ਸੰਕਲਪ ਦੀ ਪ੍ਰਾਪਤੀ ਦੇ ਲਈ ਭਾਰਤੀ ਸਮਾਜ ਖਾਸ ਕਰਕੇ ਗ਼ਰੀਬ ਅਤੇ ਦਲਿਤ ਸਮਾਜ ਨੂੰ ਪੜਨ ਲਿਖਣ ਵੱਲ ਧਿਆਨ ਦੇਣਾ ਚਾਹੀਦਾ ਹੈ। ਦੋਵਾਂ ਬੁਲਾਰਿਆਂ ਦੇ ਵਿਚਾਰਾਂ ਅਤੇ ਪਰਚਿਆਂ ਉੱਤੇ ਕੁਲਵੰਤ ਕੋਟਲੀ, ਅਰਸ਼ਦੀਪ,ਚਮਨ ਲਾਲ ਚਣਕੋਆ,ਨਿਰਵੈਰ ਕੌਰ, ਸ਼ਮਸ਼ੇਰ ਸਿੰਘ ਸ਼ੇਰਪੁਰੀ, ਜਸਬੀਰ ਸਿੰਘ ਰੜਿਆਲਾ, ਮੇਵਾ ਸਿੰਘਪੁਰਖਾਲੀ ਅਤੇ ਕਿਰਪਾਲ ਸਿੰਘ ਵੱਲੋਂ ਟਿੱਪਣੀਆਂ ਕੀਤੀਆਂ ਗਈਆਂ। ਇਸ ਸਮਾਗਮ ਦੀ ਸਫਲਤਾ ਲਈ ਪ੍ਰਬੰਧਕਾਂ ਪ੍ਰਿੰਸੀਪਲ ਹਰਚਰਨ ਸਿੰਘ, ਸਭਾ ਦੇ ਖਜ਼ਾਨਚੀ ਜੰਗ ਸਿੰਘ, ਆਰ ਐੱਸ ਮੱਲ, ਸੱਜਨ ਸਿੰਘ, ਗੁਰਬਚਨ ਸਿੰਘ ਮੁੰਡੀ ਖਰੜ, ਸਵਰਨ ਸਿੰਘ ਬਡਵਾਲੀ, ਪਾਲ ਸਿੰਘ ਘੇੜਾ, ਗੁਰਬਖ਼ਸ਼ ਸਿੰਘ ਅਤੇ ਚਰਨ ਸਿੰਘ ਕੰਗ ਵਲੋਂ ਵੀ ਵਿਸ਼ੇਸ਼ ਭੂਮਿਕਾ ਨਿਭਾਈ ਗਈ। ਇਸ ਮੌਕੇ ਮਹਿਮਾਨ ਨੇਤਰ ਸਿੰਘ,ਪ੍ਰਿੰਸੀਪਲ ਚਰਨ ਸਿੰਘ, ਲੈਕਚਰਾਰ ਜਸਵਿੰਦਰ ਕੌਰ ਗੇਰਾ, ਮੋਹਣ ਲਾਲ ਰਾਹੀ, ਕਾਮਰੇਡ ਯੋਗ ਰਾਜ,ਰਾਮ ਕਿਸ਼ਨ ਧੁਨਕੀਆ, ਲੇਖਕ ਸਰੂਪ ਸਿਆਲਵੀ,ਗੁਰਮੇਲ ਸਿੰਘ ਧਾਲੀਵਾਲ, ਸੁਰਿੰਦਰ ਸਿੰਘ ਬਡਾਲਾ, ਸੁਖਵਿੰਦਰ ਸਿੰਘ ਦੁੱਮਣਾ,ਨੇਤਰ ਸਿੰਘ ਸਾਂਤਪੁਰ, ਕਮਲਜੀਤ ਕੌਰ, ਕੁਲਬੀਰ ਕੌਰ, ਵਨੀਤਾ, ਯੱਸਵੀ, ਰਮੇਸ਼ ਕੁਮਾਰੀ, ਤੇਜਿੰਦਰ ਕੌਰ, ਰਾਜਵਿੰਦਰ ਕੌਰ, ਜਸਪਾਲ ਕੌਰ, ਦਲਜੀਤ ਕੌਰ, ਗੁਰਦੀਪ ਕੁਮਾਰ, ਮਨਦੀਪ ਮਾਹੀ, ਬਲਵਿੰਦਰ ਸਿੰਘ ਬੰਟੀ, ਕੈਪਟਨ ਚੰਦਰ ਗੇਰਾ, ਜਸਪਾਲ ਸਿੰਘ ਅਤੇ ਸੈਕੜੇ ਸਰੋਤਿਆਂ ਨੇ ਭਾਗ ਲਿਆ।



## ਏ ਐਸ ਆਈ ਰਛਪਾਲ ਸਿੰਘ ਸਨਮਾਨਤ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਅਕਾਲੀ ਬਾਬਾ ਫੂਲਾ ਸਿੰਘ ਜੀ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਜੀ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ. ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ। ਸੰਸਥਾ ਵਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਅਪਾਰ ਮਿਹਰ ਸਦਕਾ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਏ ਮਹਾਰਾਜ ਜੀ ਵੱਲੋਂ ਵਰਸਾਏ ਬਾਬਾ ਯੱਖ ਜੀ ਦੇ ਜੱਦੀ ਪਿੰਡ ਨੂਰੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ ਜਾ ਰਹੀ ਹੈ। ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਸੰਸਥਾ ਨੂੰ ਸਹਿਯੋਗ ਦੇਣ ਵਾਲੀਆਂ ਸੰਗਤਾਂ ਨੂੰ ਲਗਾਤਾਰ ਸਨਮਾਨਤ ਕੀਤਾ ਜਾ ਰਿਹਾ ਹੈ। ਪਿੰਡ ਟੋਡਰਪੁਰ ਨਿਵਾਸੀ ਏ ਐਸ ਆਈ ਰਛਪਾਲ ਸਿੰਘ ਨੂੰ ਸੰਸਥਾ ਦੀ ਟੀਮ ਵਲੋਂ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨੂਰੜ ਵਿਖੇ ਸਨਮਾਨਤ ਕੀਤਾ ਗਿਆ। ਏ ਐਸ ਆਈ ਸਾਹਿਬ ਜੋ ਸੰਸਥਾ ਨੂੰ ਲਗਾਤਾਰ ਤਨ ਮਨ ਧਨ ਨਾਲ ਸਹਿਯੋਗ ਦੇ ਰਹੇ ਨੇ। ਇਸ ਮੌਕੇ ਹਾਜ਼ਰ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਏ ਐਸ ਆਈ ਰਛਪਾਲ ਸਿੰਘ, ਡਾਕਟਰ ਸਤਨਾਮ ਸਿੰਘ ਖਾਲਸਾ,ਉਂਕਾਰ ਸਿੰਘ ਨੂਰੜ, ਬਲਜੀਤ ਸਿੰਘ ਅਜਨੋਹਾ , ਲੰਬੜਦਾਰ ਪਰਮਜੀਤ ਸਿੰਘ ਜਲਵੇਹੜਾ, ਚਰਨਜੀਤ ਸਿੰਘ ਜਾਗਨੀਆਣਾ,ਜਰਨੈਲ ਸਿੰਘ ਅਜਨੋਹਾ, ਅਤੇ ਕੁਲਵੰਤ ਸਿੰਘ ਆਦਿ ਹਾਜ਼ਰ ਸਨ।



## ਨਸ਼ਾ ਮੁਕਤ ਪੰਜਾਬ ਯਾਤਰਾ ਦਾ ਕਿਸਾਨਾਂ ਵੱਲੋਂ ਕਾਲੇ ਝੰਡਿਆਂ ਨਾਲ ਵਿਰੋਧ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਭਾਰਤੀ ਜਨਤਾ ਪਾਰਟੀ ਵੱਲੋਂ ਨਸ਼ਿਆਂ ਖ਼ਿਲਾਫ਼ ਕੱਢੀ ਜਾ ਰਹੀ 'ਨਸ਼ਾ ਮੁਕਤ ਪੰਜਾਬ ਯਾਤਰਾ' ਦਾ ਸੁਲਤਾਨਪੁਰ ਲੋਧੀ ਵਿਖੇ ਕਿਸਾਨ ਜਥੇਬੰਦੀਆਂ ਵੱਲੋਂ ਕਾਲੇ ਝੰਡਿਆਂ ਨਾਲ ਵਿਰੋਧ ਕੀਤਾ ਗਿਆ। ਭਾਜਪਾ ਦੀ ਇਹ ਯਾਤਰਾ ਗੁਰਦੁਆਰਾ ਸ੍ਰੀ ਬੇਰ ਸਾਹਿਬ ਤੋਂ ਸ਼ੁਰੂ ਹੋਈ, ਜਦਕਿ ਯਾਤਰਾ ਦੇ ਅਗਲੇ ਪੜਾਅ ਦੌਰਾਨ ਗਰਾਰੀ ਚੌਕ ਵਿਖੇ ਕਿਸਾਨ ਕਾਲੇ ਝੰਡੇ ਲੈ ਕੇ ਵਿਰੋਧ ਕਰਨ ਲਈ ਪਹੁੰਚ ਗਏ। ਵਿਰੋਧ ਕਰ ਰਹੇ ਕਿਸਾਨਾਂ ਨੇ ਭਾਜਪਾ ਦੀ ਨਸ਼ਾ ਮੁਕਤ ਪੰਜਾਬ ਮੁਹਿੰਮ 'ਤੇ ਸਵਾਲ ਚੁੱਕਦਿਆਂ ਦੋਸ਼ ਲਾਇਆ ਕਿ ਨਸ਼ਿਆਂ ਦੇ ਗੰਭੀਰ ਮੁੱਦੇ ਨੂੰ ਸਿਆਸੀ ਮੁਹਿੰਮ ਵਜੋਂ ਪੇਸ਼ ਕਰਕੇ ਲੋਕਾਂ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ। ਇਸ ਮੌਕੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਆਗੂ ਸਰਵਨ ਸਿੰਘ ਬਾਊਪੁਰ ਅਤੇ ਸ਼ੇਰ ਸਿੰਘ ਮਾਹੀਵਾਲ ਅਤੇ ਹੋਰ ਕਿਸਾਨ ਆਗੂਆਂ ਨੇ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਦੇ ਖ਼ਾਤਮੇ ਲਈ ਸਿਰਫ਼ ਯਾਤਰਾਵਾਂ ਕੱਢਣਾ ਹੀ ਕਾਫ਼ੀ ਨਹੀਂ, ਸਗੋਂ ਨਸ਼ੇ ਦੀ ਸਪਲਾਈ 'ਤੇ ਰੋਕ ਲਗਾਉਣ ਦੇ ਨਾਲ-ਨਾਲ ਨਸ਼ਾ ਪੀੜਤਾਂ ਦੇ ਇਲਾਜ ਅਤੇ ਮੁੜ ਵਸੇਬੇ ਲਈ ਠੋਸ ਕਦਮ ਚੁੱਕਣ ਦੀ ਲੋੜ ਹੈ।ਕਿਸਾਨਾਂ ਨੇ ਭਾਜਪਾ ਵੱਲੋਂ ਪੰਜਾਬ ਵਿੱਚ ਸਰਕਾਰ ਬਣਨ 'ਤੇ ਨਸ਼ਾ ਖਤਮ ਕਰਨ ਸਬੰਧੀ ਕੀਤੇ ਜਾ ਰਹੇ ਦਾਅਵਿਆਂ 'ਤੇ ਵੀ ਸਵਾਲ ਖੜ੍ਹੇ ਕੀਤੇ। ਉਨ੍ਹਾਂ ਕਿਹਾ ਕਿ ਭਾਜਪਾ ਨੂੰ ਇਹ ਵੀ ਦੱਸਣਾ ਚਾਹੀਦਾ ਹੈ ਕਿ ਹਰਿਆਣਾ ਸਮੇਤ ਜਿਨ੍ਹਾਂ ਹੋਰ ਸੂਬਿਆਂ ਵਿੱਚ ਭਾਜਪਾ ਦੀਆਂ ਸਰਕਾਰਾਂ ਹਨ, ਉੱਥੇ ਨਸ਼ਿਆਂ ਦੀ ਸਮੱਸਿਆ ਪੂਰੀ ਤਰ੍ਹਾਂ ਖਤਮ ਹੋਈ ਹੈ ਜਾਂ ਨਹੀਂ।

## ਕਲਸਟਰ ਧੁੱਗਾ ਕਲਾਂ ਦਾ ਬਲਾਕ ਪੱਧਰੀ ਖੇਡਾਂ 'ਚ ਓਵਰਆਲ ਟਰਾਫੀ 'ਤੇ ਕਬਜ਼ਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਪੰਜਾਬ ਸਕੂਲ ਸਿੱਖਿਆ ਵਿਭਾਗ ਅਧੀਨ ਪ੍ਰਾਈਮਰੀ ਸਕੂਲਾਂ ਦੀਆਂ ਬਲਾਕ ਟਾਂਡਾ -2 ਦੀਆਂ ਬਲਾਕ ਪੱਧਰੀ ਖੇਡਾਂ ਸਰਕਾਰੀ ਕਾਲਜ ਟਾਂਡਾ ਦੀ ਗਰਾਉਂਡ ਵਿੱਚ ਕਰਵਾਈਆਂ ਗਈਆਂ । ਇਸ ਵਿੱਚ ਕਲਸਟਰ ਧੁੱਗਾ ਕਲਾਂ ਦਾ ਸ਼ਾਨਦਾਰ ਪ੍ਰਦਰਸ਼ਨ ਰਿਹਾ ਅਤੇ ਕਲਸਟਰ ਦੇ ਵਿਦਿਆਰਥੀਆਂ ਨੇ ਸਭ ਤੋਂ ਵੱਧ ਇਨਾਮ ਜਿੱਤ ਕੇ ਤੀਸਰੀ ਵਾਰੀ ਓਵਰ ਆਲ ਟਰਾਫੀ ਤੇ ਕਬਜ਼ਾ ਕੀਤਾ। ਸੈਂਟਰ ਹੈਡ ਟੀਚਰ ਧੁੱਗਾ ਕਲਾਂ ਅਤੇ (ਬੀ ਐੱਨ ਓ ਟਾਂਡਾ-ਬੀ) ਗੁਰਪ੍ਰੀਤ ਸਿੰਘ ਨੇ ਬੱਚਿਆਂ ਨੂੰ ਵਧਾਈ ਦਿੰਦੇ ਹੋਏ ਹੋਰ ਮਿਹਨਤ ਕਰਨ ਲਈ ਪ੍ਰੇਰਿਆ ਤਾਂ ਜੋ ਜ਼ਿਲ੍ਹਾ ਲੈਵਲ ਤੇ ਵੀ ਸ਼ਾਨਦਾਰ ਪ੍ਰਦਰਸ਼ਨ ਕੀਤਾ ਜਾ ਸਕੇ ਅਤੇ ਦੱਸਿਆ ਕਿ ਪਿਛਲੇ ਸਾਲ ਸਰਕਲ ਸਟਾਈਲ ਕਬੱਡੀ ਟੀਮ ਨੇ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਸੀ। ਇਸ ਮੌਕੇ ਪ੍ਰਿੰਸ ਪਲਿਆਲ ਗੜ੍ਹਦੀਵਾਲਾ ਨੇ ਦੱਸਿਆ ਕਿ ਕਲਸਟਰ ਦੇ ਵਿਦਿਆਰਥੀਆਂ ਨੇ ਕਬੱਡੀ ਸਰਕਲ ਸਟਾਈਲ (ਲੜਕੇ), ਕਬੱਡੀ ਨੈਸ਼ਨਲ ਸਟਾਈਲ (ਲੜਕੀਆਂ), ਫੁੱਟਬਾਲ (ਲੜਕੇ) ਅਤੇ ਰੱਸਾ ਕਸੀ (ਲੜਕੇ) ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ। 100 ਮੀਟਰ ਲੜਕੇ , 200 ਮੀਟਰ (ਲੜਕੇ), ਲੰਬੀ ਛਾਲ (ਲੜਕੇ) , ਰਿਲੇਅ (ਲੜਕੇ), ਰਿਲੇਅ (ਲੜਕੀਆਂ) ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ। ਸ਼ਾਟ ਪੁੱਟ (ਲੜਕੀਆਂ) ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਕੁਸ਼ਤੀਆਂ ਵਿੱਚੋਂ ਦੋ ਗੋਲਡ ਅਤੇ ਦੋ ਸਿਲਵਰ ਮੈਡਲ ਹਾਸਿਲ ਕੀਤੇ। ਇਸ ਮੌਕੇ ਹੈਡ ਟੀਚਰ ਰਵਿੰਦਰਜੀਤ ਸਿੰਘ ਅਧਿਆਪਕ ਸੰਜੀਵ ਕੁਮਾਰ ,ਪ੍ਰਦੀਪ ਕੁਮਾਰ, ਸੰਗਤ ਸਿੰਘ, ਜਤਿੰਦਰ ਕੌਰ, ਰਾਜਵਿੰਦਰ ਕੌਰ, ਰਿੰਕੂ ਪਟਿਆਲ, ਮੀਨਾ ਕੁਮਾਰੀ, ਅਮਨਦੀਪ ਕੌਰ, ਰਾਜ ਰਾਣੀ, ਅਮਨਦੀਪ ਕੌਰ ਸੰਤੋਸ਼ ਕੁਮਾਰੀ, ਜਸਲੀਨ ਕੌਰ, ਕੁਲਵਿੰਦਰ ਕੌਰ, ਸੰਦੀਪ ਕੌਰ ਆਦਿ ਹਾਜ਼ਰ ਸਨ ।



## ਕੋਟ ਫਤੂਹੀ ਵਿਖੇ ਸੁਖਬੀਰ ਸਿੰਘ ਬਾਦਲ ਦੀ 2 ਨੂੰ ਹੋਣ ਵਾਲੀ ਰੈਲੀ ਸੰਬੰਧੀ ਮੀਟਿੰਗ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਪਿੰਡ ਕੋਟ ਫਤੂਹੀ ਵਿਖੇ ਸੁਖਬੀਰ ਸਿੰਘ ਬਾਦਲ ਦੀ 2 ਅਕਤੂਬਰ ਨੂੰ ਹੋਣ ਵਾਲੀ ਰੈਲੀ ਸਬੰਧੀ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੌਕੇ ਪਰਮਜੀਤ ਸਿੰਘ ਰੱਕੜ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ 2 ਅਕਤੂਬਰ ਦੀ ਰੈਲੀ ਸੰਬੰਧੀ ਸੁਖਬੀਰ ਸਿੰਘ ਬਾਦਲ ਗੁਰਦੁਆਰਾ ਹਰੀਸਰ ਮੰਨਣਹਾਨਾ ਹਰਮਿੰਦਰ ਸੰਧੂ ਹਲਕਾ ਇੰਚਾਰਜ ਚੱਬੇਵਾਲ ਕੋਟ ਫਤੂਹੀ ਵਰਕਰਾਂ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਮੀਟਿੰਗ ਦੌਰਾਨ ਪਰਮਜੀਤ ਸਿੰਘ ਰੱਕੜ, ਧਰਮਿੰਦਰ ਟੋਨੀ, ਗੁਰਮੀਤ ਰਾਮ ਪੰਚ, ਫ਼ਕਰ ਸਿੰਘ, ਮਨਜੀਤ ਸਿੰਘ ਢਿੱਲੋਂ, ਇੰਦਰਜੀਤ ਸਿੰਘ ਢਿੱਲੋਂ, ਮੱਖਣ ਸਿੰਘ ਢਿੱਲੋਂ, ਸ਼ਰਧਾ ਸਿੰਘ,ਜੀਤ ਰਾਮ ਪੰਚ, ਗੁਰਮੀਤ ਰਾਮ ਪਚ, ਮਾਸਟਰ ਬਿਲੁ ਰਾਮ, ਮਹਿੰਦਰ ਪੰਚ, ਕਮਲਜੀਤ ਸਿੰਘ ਭੋਲਾ, ਜਸਵਿੰਦਰ ਸਿੰਘ ਥਿੰਦ, ਮੋਹਣਾ ਰਾਮ,ਵਿਦਰ ਸਿੰਘ ਵਿਰਦੀ, ਬਲਦੇਵ ਸਿੰਘ, ਕਾਲਾ ਟੇਲਰ,ਹਬਰਲਾਸ ਸਿੰਘ, ਦੇਸ ਰਾਜ, ਅਮਰਜੀਤ ਸਿੰਘ ਆਦਿ ਹਾਜ਼ਰ ਸਨ।

## ਸਕੇਪ ਸਾਹਿਤਕ ਸੰਸਥਾ ਨੇ ਮਹੀਨਾਵਾਰ ਸਾਹਿਤਕ ਸਮਾਗਮ ਕਰਵਾਇਆ




**ਫਗਵਾੜਾ (ਜਸਵਿੰਦਰ ਢੱਡਾ)**-ਸਕੇਪ ਸਾਹਿਤਕ ਸੰਸਥਾ (ਰਜਿ.) ਫਗਵਾੜਾ ਵੱਲੋਂ ਆਪਣਾ ਮਹੀਨਾਵਾਰ ਸਾਹਿਤਕ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਦੇ ਪ੍ਰਧਾਨਗੀ ਮੰਡਲ ਵਿੱਚ ਸੰਸਥਾ ਦੇ ਸਰਪ੍ਰਸਤ ਗੁਰਮੀਤ ਸਿੰਘ ਪਲਾਹੀ, ਪ੍ਰਧਾਨ ਪਰਵਿੰਦਰ ਜੀਤ ਸਿੰਘ, ਗ਼ਜ਼ਲਗੋ ਜਸਵਿੰਦਰ ਫਗਵਾੜਾ ਅਤੇ ਕਵੀ ਦਵਿੰਦਰ ਜੱਸਲ ਸ਼ਾਮਲ ਹੋਏ।ਸਮਾਗਮ ਦੀ ਸ਼ੁਰੂਆਤ ਵਿੱਚ ਪ੍ਰਿੰਸੀਪਲ ਗੁਰਮੀਤ ਸਿੰਘ ਪਲਾਹੀ ਨੇ ਸਭ ਹਾਜ਼ਰ ਸਾਹਿਤਕਾਰਾਂ ਦਾ ਸਵਾਗਤ ਕੀਤਾ। ਇਸ ਦੌਰਾਨ ਉਨ੍ਹਾਂ ਨੇ ਰਾਜਨੀਤਿਕ ਪਾਰਟੀਆਂ ਵੱਲੋਂ ਪੰਜਾਬ ਦੇ ਨਸ਼ਿਆਂ ਦੇ ਮੁੱਦੇ ਨੂੰ ਸਿਆਸੀ ਰੰਗਤ ਦੇਣ 'ਤੇ ਗੰਭੀਰ ਚਿੰਤਾ ਪ੍ਰਗਟਾਈ। ਇਸ ਸਮਾਗਮ ਵਿੱਚ ਪੰਜਾਬ ਭਰ ਤੋਂ ਆਏ ਨਾਮਵਰ ਕਵੀਆਂ ਨੇ ਹਿੱਸਾ ਲਿਆ ਜਿਨ੍ਹਾਂ ਵਿੱਚ ਰਵਿੰਦਰ ਚੋਟ, ਅਜੀਤ ਪਾਲ ਕੌਚਰ, ਸਤੀਸ਼ ਸਿੰਘ ਨਿਆਣਾ, ਦਵਿੰਦਰ ਜੱਸਲ, ਰਵਿੰਦਰ ਸਿੰਘ ਰਾਏ, ਲਵਪ੍ਰੀਤ ਸਿੰਘ ਰਾਏ, ਨਾਨਕ ਚੰਦ ਵਸ਼ਿਸ਼ਟ, ਹਰਭਜਨ ਸਿੰਘ ਭਗਰਥ, ਅਵਤਾਰ ਸਿੰਘ ਗੋਇੰਦਵਾਲੀਆ, ਸਤੀਸ਼ ਕੁਮਾਰ, ਲਸ਼ਕਰ ਸਿੰਘ, ਦੇਵ ਰਾਜ ਦਾਦਰ, ਸਿਮਰਤ ਕੌਰ, ਲਾਲੀ ਕਰਤਾਰਪੁਰੀ, ਦਲਜੀਤ ਮਹੀਮੀ, ਮੋਹਣ ਆਰਟਿਸਟ, ਸੂਬੇਗ ਸਿੰਘ ਹੰਝਰਾਂ, ਹਰਚਰਨ ਭਾਰਤੀ, ਨਿਰਵੈਰ ਸਿੰਘ ਨੱਢਾ ਅਤੇ ਜਸਵਿੰਦਰ ਫਗਵਾੜਾ ਆਦਿ ਸ਼ਾਮਲ ਸਨ, ਜਿਨ੍ਹਾਂ ਨੇ ਆਪਣੀਆਂ ਖ਼ੂਬਸੂਰਤ ਰਚਨਾਵਾਂ ਨਾਲ ਸਮਾਗਮ ਵਿੱਚ ਰੰਗ ਬੰਨ੍ਹਿਆ।

ਸਮਾਗਮ ਦੌਰਾਨ ਸਤਨਾਮ ਸਿੰਘ ਨਿਆਣਾ ਦੀ ਕਾਵਿ-ਪੁਸਤਕ 'ਦੂਰ ਬੈਠਾ ਸੱਜਣ' ਲੋਕ ਅਰਪਣ ਕੀਤੀ ਗਈ। ਮੰਚ ਸੰਚਾਲਨ ਦੀ ਭੂਮਿਕਾ ਹਰਜਿੰਦਰ ਨਿਆਣਾ ਵੱਲੋਂ ਬਾਖ਼ੂਬੀ ਨਿਭਾਈ ਗਈ। ਅੰਤ ਵਿੱਚ ਰਵਿੰਦਰ ਚੋਟ ਨੇ ਆਏ ਹੋਏ ਸਾਰੇ ਸਾਹਿਤਕਾਰਾਂ ਦਾ ਧੰਨਵਾਦ ਕੀਤਾ ਅਤੇ ਚਾਹ-ਸਮੋਸਿਆਂ ਤੋਂ ਬਾਅਦ ਸਮਾਗਮ ਸਫ਼ਲਤਾਪੂਰਵਕ ਸਮਾਪਤ ਹੋਇਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮਨਦੀਪ ਸਿੰਘ, ਜਪਜੀਤ ਸਿੰਘ, ਪ੍ਰੀਤੀ ਅਤੇ ਨਰਿੰਦਰ ਆਦਿ ਵੀ ਹਾਜ਼ਰ ਸਨ।

## ਸਰੀਂਹ 'ਚ ਹਾਕੀ ਖੇਡ ਮੈਦਾਨ ਦਾ ਵਿਧਾਇਕ ਵੱਲੋਂ ਉਦਘਾਟਨ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਪੰਜਾਬ ਸਰਕਾਰ ਵੱਲੋਂ ਪਿੰਡਾਂ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਵੱਡੇ ਪੱਧਰ 'ਤੇ ਆਧੁਨਿਕ ਖੇਡ ਮੈਦਾਨ ਤਿਆਰ ਕਰਨ ਦੀ ਮੁਹਿੰਮ ਤਹਿਤ ਪਿੰਡ ਸਰੀਂਹ ਦਾ ਹਾਕੀ ਖੇਡ ਮੈਦਾਨ 20 ਲੱਖ ਦੀ ਲਾਗਤ ਨਾਲ ਤਿਆਰ ਹੋਇਆ ਹੈ ਜਿਸ ਵਿਚ ਲਾਈਟ, ਗਰਾਉਂਡ ਲਈ ਪਾਣੀ, ਬਾਥਰੂਮ ਆਦਿ ਪ੍ਰਬੰਧ ਕੀਤੇ ਗਏ ਦਾ ਉਦਘਾਟਨ ਕਰਨ ਸਮੇਂ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਆਖਿਆ ਕਿ ਸਰੀਂਹ ਪਿੰਡ ਨੇ ਹਾਕੀ ਦੇ ਇੰਟਰਨੈਸ਼ਨਲ ਖਿਡਾਰੀ ਪੈਦਾ ਕੀਤਾ ਹਨ। ਉਹਨਾਂ ਮਾਪਿਆ ਨੂੰ ਅਪੀਲ ਕਰਦਿਆਂ ਆਖਿਆ ਕਿ ਆਪਣੇ ਬੱਚਿਆ ਨੂੰ ਗਰਾਉਂਡ ਤੱਕ ਲੈ ਕੇ ਆਓ ਤਾਂ ਕਿ ਅਸੀਂ ਆਪਣੇ ਬੱਚਿਆ ਨੂੰ ਚੰਗੀ ਖੇਡ ਵੱਲ ਉਤਸ਼ਾਹਿਤ ਕਰ ਸਕੀਏ। ਇਸ ਮੌਕੇ ਤੇ ਜ਼ਿਲਾ ਖੇਡ ਅਫਸਰ ਗੁਰਪ੍ਰੀਤ ਸਿੰਘ, ਐਸ ਡੀ ਓ ਅਸ਼ਵਨੀ ਗੇੜਾ, ਜੇ. ਈ ਅਵਿਨਾਸ਼, ਚੇਅਰਮੈਨ ਚਰਨਜੀਤ ਸਿੰਘ, ਸਰਪੰਚ ਦਰਸ਼ਨ ਸਿੰਘ, ਸਾਬਕਾ ਗੁਰਮੁੱਖ ਸਿੰਘ, ਮਨਜੀਤ ਸਿੰਘ, ਮੱਖਣ ਸਿੰਘ, ਸੰਤੋਖ ਸਿੰਘ, ਗੁਰਜਿੰਦਰ ਸਿੰਘ, ਦਲਵਿੰਦਰ ਸਿੰਘ ਸਰਪੰਚ ਹੁਸੈਨਾਵਾਦ, ਅਮਨਦੀਪ ਬਿੱਟੂ ਬਲਾਕ ਪ੍ਰਧਾਨ, ਸਤਨਾਮ ਸਿੰਘ ਸ਼ੰਕਰ, ਦਰਸ਼ਨ ਸਿੰਘ ਸਾਬਕਾ ਸਰਪੰਚ ਚਾਨੀਆ, ਜਰਨੈਲ ਸਿੰਘ, ਅਮਨਦੀਪ ਸਿੰਘ, ਮਹਿੰਦਰ ਸਿੰਘ ਚਾਨੀਆ, ਤਲਵਿੰਦਰ ਸਿੰਘ ਸਾਬਕਾ ਸਰਪੰਚ ਧਾਲੀਵਾਲ, ਹਰਪ੍ਰੀਤ ਸਿੰਘ ਧਾਲੀਵਾਲ, ਮੇਜਰ ਸਿੰਘ, ਬਲਦੇਵ ਸਿੰਘ, ਪਰਮਜੀਤ ਸਿੰਘ, ਹਰਦੀਪ ਸਿੰਘ ਆਦਿ ਹਾਜ਼ਰ ਸਨ।



## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਡੇਰਾਬੱਸੀ ਤੋਂ ਤਿੰਨ ਬੱਸਾਂ ਰਵਾਨਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਹਲਕਾ ਡੇਰਾਬੱਸੀ ਦੇ ਵੱਖ-ਵੱਖ ਵਾਰਡਾਂ ਤੋਂ ਸੰਗਤਾਂ ਨੂੰ ਅੰਮ੍ਰਿਤਸਰ ਦੇ ਪਵਿੱਤਰ ਤੀਰਥ ਸਥਾਨਾਂ ਅਤੇ ਇਤਿਹਾਸਕ ਸਥਾਨਾਂ ਦੇ ਦਰਸ਼ਨਾਂ ਲਈ ਤਿੰਨ ਬੱਸਾਂ ਰਾਹੀਂ ਰਵਾਨਾ ਕੀਤਾ ਗਿਆ। ਇਸ ਮੌਕੇ ਸੰਗਤਾਂ ਵਿੱਚ ਯਾਤਰਾ ਨੂੰ ਲੈ ਕੇ ਵਿਸ਼ੇਸ਼ ਉਤਸ਼ਾਹ ਦੇਖਣ ਨੂੰ ਮਿਲਿਆ। ਯਾਤਰਾ ਦੌਰਾਨ ਸੰਗਤਾਂ ਅੰਮ੍ਰਿਤਸਰ ਵਿਖੇ ਵੱਖ-ਵੱਖ ਧਾਰਮਿਕ ਅਤੇ ਇਤਿਹਾਸਕ ਸਥਾਨਾਂ ਦੇ ਦਰਸ਼ਨ ਕਰਨਗੀਆਂ।ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦਾ ਉਦੇਸ਼ ਸੰਗਤਾਂ ਨੂੰ ਦੇਸ਼ ਦੇ ਮਹੱਤਵਪੂਰਨ ਧਾਰਮਿਕ ਅਤੇ ਇਤਿਹਾਸਕ ਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਪ੍ਰਦਾਨ ਕਰਨਾ ਹੈ।



ਉਨ੍ਹਾਂ ਕਿਹਾ ਕਿ ਅਜਿਹੀਆਂ ਯਾਤਰਾਵਾਂ ਲੋਕਾਂ ਨੂੰ ਆਪਣੇ ਧਾਰਮਿਕ ਅਤੇ ਇਤਿਹਾਸਕ ਵਿਰਸੇ ਨਾਲ ਜੋੜਨ ਵਿੱਚ ਵੀ ਸਹਾਈ ਹੁੰਦੀਆਂ ਹਨ।ਇਸ ਮੌਕੇ ਨਗਰ ਕੌਂਸਲ ਡੇਰਾਬੱਸੀ ਦੇ ਸੀਨੀਅਰ ਮੀਤ ਪ੍ਰਧਾਨ ਦਵਿੰਦਰ ਸੈਣੀ, ਕੌਂਸਲਰ ਭੁਪਿੰਦਰ ਸ਼ਰਮਾ ਤੋਂ ਇਲਾਵਾ ਹੋਰ ਕੌਂਸਲਰ ਅਤੇ ਵਾਰਡ ਇੰਚਾਰਜ ਵੀ ਮੌਜੂਦ ਸਨ।

# ਭਾਜਪਾ ਸਰਕਾਰ ਵੋਟ ਚੋਰੀ ਕਰਕੇ ਸੱਤਾ 'ਚ ਆਈ : ਅਜੇ ਮੰਗੂਪੁਰ



ਬਲਾਚੌਰ (ਜਸਵਿੰਦਰ ਬੈਂਸ)-ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਦੀ ਅਗਵਾਈ ਹੇਠ ਸੁਭਾਸ਼ ਭਾਰਗਵ ਪੰਜਾਬ ਪ੍ਰਧਾਨ ਸੇਵਾ ਦੱਲ ਅਤੇ ਜ਼ਿਲ੍ਹਾ ਕਾਂਗਰਸ ਕਮੇਟੀ ਸ਼ਹੀਦ ਭਗਤ ਸਿੰਘ ਨਗਰ ਦੀ ਸਮੂਹ ਟੀਮ ਵੱਲੋਂ 'ਵੋਟ ਚੋਰੀ' ਦੇ ਖੁਲਾਸਿਆਂ ਨੂੰ ਲੈ ਕੇ ਅਤੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੀ ਗ੍ਰਿਫ਼ਤਾਰੀ ਦੀ ਮੰਗ ਅਤੇ ਉਨ੍ਹਾਂ ਵੱਲੋਂ ਲਏ ਗਏ ਕਥਿਤ ਗ਼ਲਤ ਫ਼ੈਸਲਿਆਂ ਦੇ ਵਿਰੋਧ ਵਿੱਚ ਡੀ ਸੀ ਦਫ਼ਤਰ ਸ਼ਹੀਦ ਭਗਤ ਸਿੰਘ ਨਗਰ ਦੇ ਸਾਹਮਣੇ ਰੋਸ ਮਾਰਚ ਕਰਦਿਆਂ, ਭਾਰਤ ਦੇ ਰਾਸ਼ਟਰਪਤੀ ਨੂੰ ਡਿਪਟੀ ਕਮਿਸ਼ਨਰ ਨਵਾਂਸ਼ਹਿਰ ਰਾਹੀਂ ਮੰਗ ਪੱਤਰ ਸੌਂਪਣ ਉਪਰੰਤ ਭਾਜਪਾ ਸਰਕਾਰ ਅਤੇ ਗਿਆਨੇਸ਼ ਕੁਮਾਰ ਦਾ ਪੁਤਲਾ ਫੂਕਿਆ ਗਿਆ। ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਨੇ ਕਿਹਾ ਕਿ ਭਾਜਪਾ ਸਰਕਾਰ ਵੋਟਾਂ ਚੋਰੀ ਕਰਕੇ ਸਿਤਾ ਵਿੱਚ ਆਈ ਹੈ ਅਤੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੇ ਇਸ ਵੋਟ ਚੋਰੀ ਵਿੱਚ ਭਾਜਪਾ ਸਰਕਾਰ ਦਾ ਸਾਥ ਦਿੱਤਾ ਹੈ। ਅਜੇ ਮੰਗੂਪੁਰ ਦੀ ਅਗਵਾਈ ਹੇਠ ਜ਼ਿਲ੍ਹਾ ਕਾਂਗਰਸ ਕਮੇਟੀ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਕਾਂਗਰਸ ਦਫ਼ਤਰ ਤੋਂ ਡਿਪਟੀ ਕਮਿਸ਼ਨਰ ਦਫ਼ਤਰ ਤੱਕ ਰੋਸ ਮਾਰਚ ਵੀ ਕੱਢਿਆ ਗਿਆ ਅਤੇ ਨੰਰਿਦਰ ਮੋਦੀ ਸਮੇਤ ਗਿਆਨੇਸ਼ ਕੁਮਾਰ ਦਾ ਪੁਤਲਾ ਫੂਕਿਆ ਗਿਆ। ਸੁਭਾਸ਼ ਭਾਰਗਵ ਪੰਜਾਬ ਪ੍ਰਧਾਨ ਸੇਵਾ ਦੱਲ, ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ, ਅੰਗਦ ਸਿੰਘ ਸੈਣੀ ਸਾਬਕਾ ਵਿਧਾਇਕ ਨਵਾਂਸ਼ਹਿਰ, ਮੀਨਾ ਕੁਮਾਰੀ ਹਲਕਾ ਇੰਚਾਰਜ ਬੰਗਾ, ਰਾਜ ਕੁਮਾਰ ਜਿਲਾ ਪ੍ਰਧਾਨ ਸੇਵਾ ਦੱਲ, ਬਲਜਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਆਰ ਜੀ ਪੀ ਆਰ ਐੱਸ, ਸਤਵੀਰ ਸਿੰਘ ਪੱਲੀ ਝਿੱਕੀ ਸੀਨੀਅਰ ਆਗੂ, ਮੋਹਨ ਲਾਲ ਸੰਧੂ ਬਲਾਕ ਪ੍ਰਧਾਨ ਬਲਾਚੌਰ, ਸੁਦੇਸ਼ ਕੁਮਾਰ ਸਾਬਕਾ ਡੀ.ਜੀ.ਪੀ, ਨਾਨਕ ਸਿੰਘ ਬਾਂਠ ਚੇਅਰਮੈਨ ਬਲਾਕ ਸੰਮਤੀ ਬਲਾਚੌਰ, ਸਰਬਜੀਤ ਸਿੰਘ ਬਲਾਕ ਪ੍ਰਧਾਨ ਨਵਾਂਸ਼ਹਿਰ-2, ਕੁਲਵਰਨ ਸਿੰਘ ਬਲਾਕ ਪ੍ਰਧਾਨ ਬੰਗਾ, ਰਾਮਦਾਸ ਸਿੰਘ ਬਲਾਕ ਪ੍ਰਧਾਨ ਔੜ,ਜਿੰਦਰ ਕੁਮਾਰ ਪ੍ਰਧਾਨ ਐਸ ਸੀ ਸੈੱਲ, ਸੁਰਿੰਦਰ ਸ਼ਿੰਦਾ ਬੁਲਾਰਾ ਡੀ ਸੀ ਸੀ, ਹਰਪ੍ਰੀਤ ਹੈਰੀ ਯੂਥ ਪ੍ਰਧਾਨ ਸ਼ਹਿਰੀ, ਸੋਮਨਾਥ ਤੱਕਲਾ ਸੀਨੀਅਰ ਆਗੂ, ਹਰਮੇਸ਼ ਕੁਮਾਰ ਪ੍ਰਧਾਨ , ਸੁਭਾਸ਼ ਕੁਮਾਰ ਸਰਪੰਚ ਆਦਿ ਕਾਂਗਰਸੀ ਵਰਕਰ ਹਾਜ਼ਰ ਸਨ।

# ਕਾਂਗਰਸ ਦੀ ਟਿਕਟ ਲਈ ਰਵਿੰਦਰ ਸਿੰਘ ਟੁਰਨਾ ਨੇ ਪੇਸ਼ ਕੀਤੀ ਦਾਅਵੇਦਾਰੀ



ਨਕੋਦਰ (ਬਲਵਿੰਦਰ ਸਿੰਘ)- ਵਿਧਾਨ ਸਭਾ ਹਲਕਾ ਨਕੋਦਰ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਿਆਸੀ ਸਰਗਰਮੀਆਂ ਤੇਜ਼ ਹੋਣ ਲੱਗੀਆਂ ਹਨ। ਇਸੇ ਦੌਰਾਨ ਕਾਂਗਰਸ ਪਾਰਟੀ ਦੀ ਟਿਕਟ ਲਈ ਰਵਿੰਦਰ ਸਿੰਘ ਟੁਰਨਾ ਨੇ ਆਪਣੀ ਦਾਅਵੇਦਾਰੀ ਪੇਸ਼ ਕਰਦਿਆਂ ਹਲਕੇ ਵਿੱਚ ਲੋਕ ਸੰਪਰਕ ਮੁਹਿੰਮ ਤੇਜ਼ ਕਰ ਦਿੱਤੀ ਹੈ। ਟੁਰਨਾ ਵੱਲੋਂ ਆਪਣੇ ਸਮਰਥਕਾਂ ਅਤੇ ਕਾਂਗਰਸੀ ਵਰਕਰਾਂ ਨਾਲ ਹਲਕੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਲੋਕਾਂ ਨਾਲ ਮੁਲਾਕਾਤਾਂ ਕੀਤੀਆਂ ਜਾ ਰਹੀਆਂ ਹਨ। ਇਸ ਦੌਰਾਨ ਉਹ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਦੇ ਨਾਲ-ਨਾਲ ਕਾਂਗਰਸੀ ਵਰਕਰਾਂ ਨਾਲ ਵਿਚਾਰ-ਵਟਾਂਦਰਾ ਕਰ ਰਹੇ ਹਨ ਅਤੇ ਪਾਰਟੀ ਦੀਆਂ ਗਤੀਵਿਧੀਆਂ ਨੂੰ ਮਜ਼ਬੂਤ ਕਰਨ ਲਈ ਸੰਪਰਕ ਵਧਾ ਰਹੇ ਹਨ।ਇਸ ਮੌਕੇ ਟੁਰਨਾ ਨੇ ਕਿਹਾ ਕਿ ਉਹ ਨਕੋਦਰ ਹਲਕੇ ਦੇ ਲੋਕਾਂ ਨਾਲ ਲਗਾਤਾਰ ਸੰਪਰਕ ਵਿੱਚ ਹਨ ਅਤੇ ਲੋਕਾਂ ਦੀਆਂ ਮੁਸ਼ਕਲਾਂ ਨੂੰ ਨੇੜਿਓਂ ਸਮਝ ਰਹੇ ਹਨ। ਟੁਰਨਾ ਨੇ ਕਿਹਾ ਕਿ ਉਨ੍ਹਾਂ ਨੂੰ ਪੂਰਾ ਭਰੋਸਾ ਹੈ ਕਿ ਕਾਂਗਰਸ ਹਾਈ ਕਮਾਂਡ ਉਨ੍ਹਾਂ ਦੀਆਂ ਪਾਰਟੀ ਪ੍ਰਤੀ ਸੇਵਾਵਾਂ, ਲੋਕਾਂ ਨਾਲ ਲਗਾਤਾਰ ਰਾਬਤੇ ਅਤੇ ਹਲਕੇ ਵਿੱਚ ਕੀਤੀਆਂ ਜਾ ਰਹੀਆਂ ਸਰਗਰਮੀਆਂ ਨੂੰ ਧਿਆਨ ਵਿੱਚ ਰੱਖਦਿਆਂ ਉਨ੍ਹਾਂ 'ਤੇ ਭਰੋਸਾ ਕਰੇਗੀ। ਉਨ੍ਹਾਂ ਆਸ ਪ੍ਰਗਟਾਈ ਕਿ ਪਾਰਟੀ ਵੱਲੋਂ ਉਨ੍ਹਾਂ ਨੂੰ ਨਕੋਦਰ ਵਿਧਾਨ ਸਭਾ ਹਲਕੇ ਦੀ ਸੇਵਾ ਕਰਨ ਦਾ ਮੌਕਾ ਦਿੱਤਾ ਜਾਵੇਗਾ।ਇਸ ਦੌਰਾਨ ਰਵਿੰਦਰ ਸਿੰਘ ਟੁਰਨਾ ਦੇ ਸਮਰਥਕਾਂ ਵੱਲੋਂ ਵੀ ਹਲਕੇ ਵਿੱਚ ਵੱਖ-ਵੱਖ ਪੱਧਰਾਂ 'ਤੇ ਲੋਕਾਂ ਨਾਲ ਸੰਪਰਕ ਵਧਾਇਆ ਜਾ ਰਿਹਾ ਹੈ। ਨਕੋਦਰ ਵਿੱਚ ਕਾਂਗਰਸ ਦੀ ਟਿਕਟ ਲਈ ਦਾਅਵੇਦਾਰੀ ਨੂੰ ਲੈ ਕੇ ਆਉਣ ਵਾਲੇ ਦਿਨਾਂ ਵਿੱਚ ਸਿਆਸੀ ਸਰਗਰਮੀਆਂ ਹੋਰ ਵਧਣ ਦੀ ਸੰਭਾਵਨਾ

# ਸ੍ਰੀ ਗੁਰੂ ਅਮਰਦਾਸ ਜੀ ਦਾ ਜੋਤੀ ਜੋਤ ਪੁਰਬ ਸ਼ਰਧਾ ਪੂਰਵਕ ਮਨਾਇਆ



ਮੁਹਾਲੀ (ਗੁਰਜੀਤ ਬਿੱਲਾ)-ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਤੀਜੇ ਪਾਤਿਸ਼ਾਹ ਧੰਨ ਧੰਨ ਸ੍ਰੀ ਗੁਰੂ ਅਮਰਦਾਸ ਜੀ ਮਹਾਰਾਜ ਦਾ 452 ਸਾਲਾ ਜੋਤੀ ਜੋਤ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਸਬੰਧ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਭਾਈ ਗੁਰਦਿਆਲ ਸਿੰਘ ਦੇ ਇਟਰਨੈਸ਼ਨਲ ਢਾਡੀ ਜੱਥੇ ਨੇ ਧੰਨ ਧੰਨ ਸ੍ਰੀ ਗੁਰੂ ਅਮਰਦਾਸ ਜੀ ਦੇ ਜੀਵਨ ਬ੍ਰਿਤਾਂਤ ਅਤੇ 1574 ਈ ਨੂੰ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਜੋਤੀ ਜੋਤ ਸਮਾਉਣ ਬਾਰੇ ਸੰਗਤਾਂ ਨੂੰ ਢਾਡੀ ਵਾਰਾਂ ਵਿੱਚ ਵਿਸਥਾਰ ਵਿੱਚ ਜਾਣੂੰ ਕਰਵਾਇਆ। ਬੀਬੀ ਇੰਦਰਪ੍ਰੀਤ ਕੌਰ ਦੇ ਰਾਗੀ ਜੱਥੇ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਜੋੜਨ ਦਾ ਉਪਰਾਲਾ ਕੀਤਾ। ਸ਼੍ਰੋਮਣੀ ਪ੍ਰਚਾਰਕ ਭਾਈ ਸੁਭਕਰਨ ਸਿੰਘ ਜੀ ਦਮਦਮੀ ਟਕਸਾਲ ਵਾਲਿਆਂ ਨੇ ਆਪਣੇ ਪ੍ਰਵਚਨਾਂ ਰਾਹੀ ਧੰਨ ਧੰਨ ਸ੍ਰੀ ਗੁਰੂ ਅਮਰਦਾਸ ਜੀ ਮਹਾਰਾਜ ਦੁਆਰਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਵਿੱਚ ਦਰਜ ਧੁਰ ਕੀ ਬਾਣੀ ਦੇ 17 ਰਾਗਾਂ ਵਿੱਚ 885 ਸ਼ਬਦਾਂ ਬਾਰੇ ਸੰਗਤਾਂ ਨੂੰ ਵਿਸਥਾਰ ਪੂਰਵਕ ਜਾਣੂੰ ਕਰਵਾਇਆ। ਇਸ ਤੋਂ ਇਲਾਵਾ ਹਰਜੀਤ ਕੀਰਤਨੀ ਜੱਥਾ, ਭਾਈ ਰਵਿੰਦਰ ਸਿੰਘ, ਭਾਈ ਹਰਪ੍ਰੀਤ ਸਿੰਘ, ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ, ਭਾਈ ਗੁਰਵਿੰਦਰ ਸਿੰਘ, ਭਾਈ ਨਿਸ਼ਾਨ ਸਿੰਘ, ਭਾਈ ਕੁਲਦੀਪ ਸਿੰਘ, ਸ਼ੇਰੇ ਪੰਜਾਬ ਕਵੀਸ਼ਰੀ ਜਥਾ, ਭਾਈ ਪ੍ਰਿਤਪਾਲ ਸਿੰਘ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਰਾਗੀ ਸਿੰਘ ਭਾਈ ਇੰਦਰਜੀਤ ਸਿੰਘ, ਭਾਈ ਜਸਵੰਤ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਸੁਖਵਿੰਦਰ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸਾਰਾ ਦਿਨ ਹਰਿ ਜਸ ਗਾਇਨ ਕੇ ਨਿਹਾਲ ਕੀਤਾ। ਮਾਹਿਰ ਡਾਕਟਰਾਂ ਵੱਲੋਂ ਮਰੀਜ਼ਾਂ ਦਾ ਮੁਆਇਨਾ ਕੀਤਾ ਗਿਆ ਅਤੇ ਦਵਾਈ ਗੁ: ਸਾਹਿਬ ਵੱਲੋਂ ਫਰੀ ਦਿੱਤੀ ਗਈ। ਗੁਰੂ ਕਾ ਲੰਗਰ ਇਸ ਮੌਕੇ ਅਟੁੱਟ ਵਰਤਾਇਆ ਗਿਆ।

## ਲੰਗੇਰੀ ਨਿਵਾਸੀਆਂ ਨੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਦਾ ਜਨਮ ਦਿਨ ਮਨਾਇਆ



ਮਾਹਿਲਪੁਰ (ਸਫ਼ਰੀ)-ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ ਦਿਵਸ ਮੌਕੇ ਸਪੋਰਟਸ ਕਲੱਬ, ਪਰਵਾਸੀ ਭਾਰਤੀਆਂ, ਨਗਰ ਨਿਵਾਸੀ ਅਤੇ ਸਰਕਾਰੀ ਮਿਡਲ ਸਕੂਲ ਲੰਗੇਰੀ ਜ਼ਿਲ੍ਹਾ ਹੁਸ਼ਿਆਰਪੁਰ ਦੇ ਬੱਚਿਆਂ ਵੱਲੋਂ ਮਿਲ ਕੇ ਸਾਂਝੇ ਤੌਰ 'ਤੇ ਫੁੱਲਾਂ ਦੇ ਹਾਰ ਪਹਿਨਾ ਨਾਅਰਿਆਂ ਦੀ ਗੂੰਜ ਵਿਚ ਮਨਾਇਆ ਗਿਆ। ਮਨਜੀਤ ਸਿੰਘ ਲਾਲੀ ਯਾਦਗਾਰੀ ਕਮੇਟੀ ਦੇ ਜਨਰਲ ਸਕੱਤਰ ਸਰਦਾਰ ਗੁਰਭਜਨ ਸਿੰਘ ਸੰਘਾ ਬੋਲੀਨਾਅ ਅਤੇ ਪ੍ਰਧਾਨ ਡਾ ਓ. ਪੀ. ਸਿੰਘ ਵੱਲੋਂ ਸਮੂਹ ਹਾਜ਼ਰੀਨ ਦਾ ਇਸ ਮੌਕੇ ਸ਼ਿਰਕਤ ਕਰਨ ਤੇ ਨਿੱਘਾ ਸਵਾਗਤ ਕੀਤਾ। ਪਿੰਡ ਵਾਸੀਆਂ ਤੇ ਸਕੂਲੀ ਵਿਦਿਆਰਥੀਆਂ ਨੂੰ ਸੰਬੋਧਨ ਹੁੰਦਿਆਂ ਸਟੇਟ ਐਵਾਰਡੀ ਅਧਿਆਪਕ ਸ੍ਰੀ ਅਵਤਾਰ ਲੰਗੇਰੀ ਕਿਹਾ ਕਿ ਅਜ ਤੱਕ ਸਾਨੂੰ ਸ਼ਹੀਦ ਏ ਆਜ਼ਮ ਸਰਦਾਰ ਭਗਤ ਸਿੰਘ ਦੀ ਸੋਚ ਦੇ ਸੁਪਨਿਆਂ ਵਾਲੀ ਅਸਲੀ ਆਜ਼ਾਦੀ ਪ੍ਰਾਪਤ ਨਹੀਂ ਹੋਈ। ਉਨ੍ਹਾਂ ਦੇ ਕਥਨ ਅਨੁਸਾਰ 'ਜਦੋਂ ਤੱਕ ਸਮਾਜ ਵਿਚ ਮਨੁੱਖ ਵੱਲੋਂ ਮਨੁੱਖ ਦੀ ਲੁੱਟ ਖਤਮ ਨਹੀਂ ਹੁੰਦੀ ਜੰਗ ਰਹੇਗੀ।' ਇਸ ਸਮਾਗਮ ਵਿਚ ਵਿਸ਼ੇਸ਼ ਤੌਰ ਤੇ ਰਜਿੰਦਰ ਕੌਰ, ਪੁਸ਼ਪਾ ਦੇਵੀ, ਸੁਖਵਿੰਦਰ ਕੌਰ, ਹਰਦੇਵ ਕੌਰ, ਹਰਬੰਸ ਕੌਰ, ਪੋਸਟ ਮਾਸਟਰ ਮੈਡਮ ਗੀਤੂ ਬਾਲਾ, ਡਾਕਟਰ ਓ ਪੀ ਸਿੰਘ,ਗੁਰਮੇਲ ਸਿੰਘ ਸੰਘਾ, ਬਲਜੀਤ ਕੁਮਾਰ ਭੁੱਕ, ਇੰਸਪੈਕਟਰ ਅੰਮ੍ਰਿਤਪਾਲ ਸਿੰਘ ਸੰਘਾ ਜਸਵਿੰਦਰ ਸਿੰਘ ਸੰਘਾ, ਰਜਿੰਦਰ ਕੁਮਾਰ ਧਨੀ, ਜਗਜੀਤ ਸਿੰਘ ਸੰਘਾ, ਸੈਕਟਰੀ ਰੇਸ਼ਮ ਸਿੰਘ,ਹਰਭਜਨ ਸਿੰਘ ਸੰਘਾ, ਮਿਸਟਰ ਯੋਗਰਾਜ,ਬਬਲੂ ਲੰਗੇਰੀ ਆਦਿ ਨੇ ਸ਼ਿਰਕਤ ਕੀਤੀ।

## ਬਾਗ਼ਬਾਨੀ ਫ਼ਸਲਾਂ ਦੀ ਖੇਤੀ ਲਈ ਕਿਸਾਨਾਂ ਨੂੰ ਮਿਲੇਗੀ ਗ੍ਰਾਂਟ

ਚੰਡੀਗੜ੍ਹ (ਕ੍ਰਿਸ਼ਨ ਗਰਗ)-ਹਰਿਆਣਾ ਸਰਕਾਰ ਵੱਲੋਂ ਸੂਬੇ ਵਿੱਚ ਬਾਗ਼ਬਾਨੀ ਨੂੰ ਉਤਸ਼ਾਹਿਤ ਕਰਨ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਦੇ ਉਦੇਸ਼ ਨਾਲ 'ਬਾਗ਼ਬਾਨੀ ਫ਼ਸਲਾਂ ਦੀ ਖੇਤੀ ਲਈ ਅਨੁਦਾਨ ਪ੍ਰਾਵਧਾਨ' ਯੋਜਨਾ ਲਾਗੂ ਕੀਤੀ ਗਈ ਹੈ।ਬਾਗ਼ਬਾਨੀ ਵਿਭਾਗ ਹਰਿਆਣਾ ਦੇ ਇੱਕ ਬੁਲਾਰੇ ਨੇ ਇਸ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਰਕਾਰ ਸੂਬੇ ਦੇ ਕਿਸਾਨਾਂ ਨੂੰ ਫ਼ਲ, ਸਬਜ਼ੀਆਂ, ਫੁੱਲ, ਮਸਾਲੇ ਅਤੇ ਖੁਸ਼ਬੂਦਾਰ ਪੌਦਿਆਂ ਦੀ ਖੇਤੀ ਕਰਨ 'ਤੇ ਭਾਰੀ ਸਬਸਿਡੀ ਪ੍ਰਦਾਨ ਕਰ ਰਹੀ ਹੈ। ਇਸ ਯੋਜਨਾ ਤਹਿਤ ਅਨੁਦਾਨ ਦੀ ਸੀਮਾ ਅਤੇ ਗ੍ਰਾਂਟ ਦੀ ਸੀਮਾ ਵੀ ਨਿਰਧਾਰਿਤ ਕੀਤੀ ਗਈ ਹੈ, ਜਿਸ ਅਨੁਸਾਰ ਫ਼ਲਾਂ ਦੇ ਨਵੇਂ ਬਾਗ਼ ਲਗਾਉਣ ਅਤੇ ਮਸਾਲਿਆਂ ਦੀ ਖੇਤੀ 'ਤੇ ਵੱਧ ਤੋਂ ਵੱਧ 5 ਏਕੜ ਤੱਕ ਦਾ ਲਾਭ ਲਿਆ ਜਾ ਸਕਦਾ ਹੈ। ਉੱਥੇ ਹੀ ਸਬਜ਼ੀਆਂ ਦੀ ਖੇਤੀ ਲਈ ਆਮ ਵਰਗ ਦੇ ਕਿਸਾਨ ਵੱਧ ਤੋਂ ਵੱਧ 5 ਏਕੜ ਅਤੇ ਅਨੁਸੂਚਿਤ ਵਰਗ ਦੇ ਕਿਸਾਨ 1 ਏਕੜ ਤੱਕ ਦਾ ਲਾਭ ਲੈ ਸਕਦੇ ਹਨ, ਜਦਕਿ ਫੁੱਲਾਂ ਅਤੇ ਖੁਸ਼ਬੂਦਾਰ ਪੌਦਿਆਂ ਦੀ ਖੇਤੀ 'ਤੇ ਇਹ ਸੀਮਾ 5 ਏਕੜ ਤੱਕ ਤੈਅ ਕੀਤੀ ਗਈ ਹੈ।

## ਚਾਹਲ ਗੋਤ ਜਠੇਰਿਆਂ ਦਾ ਮੇਲਾ ਸ਼ਰਧਾ ਪੂਰਵਕ ਮਨਾਇਆ



ਕਿਸ਼ਨਗੜ੍ਹ (ਸੁਖਜੀਤ ਕੁਮਾਰ)-ਨਜ਼ਦੀਕੀ ਪਿੰਡ ਸੰਘਵਾਲ ਵਿਖੇ ਚਾਹਲ ਗੋਤ ਜਠੇਰਿਆਂ ਦਾ ਸਲਾਨਾ ਜੋੜ ਮੇਲਾ ਰਾਮ ਜੋਗੀ ਪੀਰ ਚਾਹਲ ਦੇ ਧਾਰਮਿਕ ਅਸਥਾਨ ਵਿਖੇ ਪ੍ਰਬੰਧਕ ਕਮੇਟੀ, ਸਮੂਹ ਨਗਰ ਨਿਵਾਸੀਆਂ ਅਤੇ ਚਾਹਲ ਗੋਤ ਜਠੇਰਿਆ ਦੇ ਸਮੂਹ ਪਰਿਵਾਰਾਂ ਵੱਲੋਂ ਸਲਾਨਾ ਜੋੜ ਮੇਲਾ ਬੜੀ ਸ਼ਰਧਾ ਪੂਰਵਕ ਮਨਾਇਆ ਗਿਆ। ਇਸ ਮੌਕੇ ਸਵੇਰੇ ਨਿਸ਼ਾਨ ਸਾਹਿਬ ਚੜਾਏ ਗਏ ਨਿਸ਼ਾਨ ਸਾਹਿਬ ਉਪਰੰਤ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਪਾਠਾਂ ਦੇ ਭੋਗ ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਢਾਡੀ ਜਥਾ ਸਰੂਪ ਸਿੰਘ ਪੰਡੋਰੀ ਵੱਲੋਂ ਢਾਡੀ ਵਾਰਾਂ ਗਾ ਕੇ ਸੰਗਤ ਨੂੰ ਗੁਰੂ ਇਤਿਹਾਸ ਸਰਵਣ ਕਰਾਇਆ ਤੇ ਇਸ ਮੌਕੇ ਵੱਖ ਵੱਖ ਰਾਗੀ ਜਥਿਆਂ ਵੱਲੋਂ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਪ੍ਰਬੰਧਕ ਕਮੇਟੀ ਵੱਲੋਂ ਦਾਨੀ ਸੱਜਣ ਨੂੰ ਗੁਰੂ ਘਰ ਦੇ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਗੁਰੂ ਜੀ ਦੇ ਲੰਗਰ ਅਟੁੱਟ ਵਰਤਾਏ ਗਏ।

# ਸਾਂਝੀ ਤਾਲਮੇਲ ਕਮੇਟੀ ਵੱਲੋਂ 10 ਨੂੰ ਸੰਗਰੂਰ ਰੈਲੀ ਦੀਆਂ ਤਿਆਰੀਆਂ

## 21-22 ਅਕਤੂਬਰ ਨੂੰ ਦੋ ਦਿਨਾ ਸਮੂਹਿਕ ਛੁੱਟੀ ਤੇ ਜਾਣ ਦਾ ਐਲਾਨ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ, ਪੰਜਾਬ ਤੇ ਯੂ.ਟੀ. ਦੇ ਅਧਾਰਤ ਬਣੀ ਸਾਂਝੀ ਤਾਲਮੇਲ ਕਮੇਟੀ ਦੀ ਮੀਟਿੰਗ ਸਾਂਝਾ ਫਰੰਟ ਤੇ ਕਨਵੀਨਰ ਕਮ ਕੋਆਰਡੀਨੇਟਰ ਸਤੀਸ਼ ਰਾਣਾ ਅਤੇ ਸਾਂਝਾ ਮੰਚ ਦੇ ਮੁੱਖ ਕਨਵੀਨਰ ਗੁਰਨਾਮ ਸਿੰਘ ਵਿਰਕ ਦੀ ਸਾਂਝੀ ਪ੍ਰਧਾਨਗੀ ਹੇਠ ਬੱਚਤ ਭਵਨ ਵਿਖੇ ਹੋਈ। ਮੀਟਿੰਗ ਦੇ ਫੈਸਲੇ ਪ੍ਰੈਸ ਬਿਆਨ ਜਾਰੀ ਕਰਦਿਆਂ ਸਾਂਝੀ ਤਾਲਮੇਲ ਕਮੇਟੀ ਦੇ ਪ੍ਰਮੁੱਖ ਆਗੂਆਂ ਵੱਲੋਂ ਦੱਸਿਆ ਗਿਆ ਕਿ ਮੀਟਿੰਗ ਵਿੱਚ ਪਿਛਲੇ ਸੰਘਰਸ਼ਾਂ ਦਾ ਮੁਲਾਂਕਣ ਕੀਤਾ ਗਿਆ, ਜਿਸ ਦੇ ਤਹਿਤ 12-13 ਅਤੇ 19-20 ਸਤੰਬਰ ਨੂੰ ਮੰਤਰੀਆਂ ਅਤੇ ਵਿਧਾਇਕਾਂ ਦੀਆਂ ਕੋਠੀਆਂ ਦੇ ਘਰਾਓ ਕੀਤੇ ਗਏ ਸਨ, ਇਹਨਾਂ ਐਕਸ਼ਨਾਂ ਵਿੱਚ ਮੁਲਾਜ਼ਮਾ ਅਤੇ ਪੈਨਸ਼ਨਰਾਂ ਵੱਲੋਂ ਕੀਤੀ ਗਈ ਭਰਵੀਂ ਸ਼ਮੂਲੀਅਤ ਉੱਤੇ ਆਗੂਆਂ ਵੱਲੋਂ ਤਸੱਲੀ ਦਾ ਪ੍ਰਗਟਾਵਾ ਕੀਤਾ ਗਿਆ। ਮੀਟਿੰਗ ਦੌਰਾਨ ਸਾਂਝੀ ਤਾਲਮੇਲ ਕਮੇਟੀ ਦੇ ਬੈਨਰ ਥੱਲੇ ਸੰਘਰਸ਼ਸ਼ੀਲ ਜਥੇਬੰਦੀਆਂ ਦੇ ਪ੍ਰਮੁੱਖ ਆਗੂਆਂ ਵੱਲੋਂ ਮੁੱਖ ਮੰਤਰੀ ਨਾਲ ਮੀਟਿੰਗ ਵਿੱਚ ਗਏ ਆਗੂਆਂ ਤੋਂ ਪੂਰਨ ਭਰੋਸੇ ਦਾ



ਪ੍ਰਗਟਾਵਾ ਕੀਤਾ ਗਿਆ। ਮੀਟਿੰਗ ਵਿੱਚ ਤਨਖਾਹ ਕਮਿਸ਼ਨ ਦੀ ਸਿਫਾਰਿਸ਼ ਅਨੁਸਾਰ ਪੈਨਸ਼ਨਰਾਂ ਦੀ ਪੈਨਸ਼ਨ ਸੁਧਾਈ 2.59 ਗੁਣਾਂਕ ਨਾਲ ਲਾਗੂ ਕਰਨ, ਪੁਰਾਣੀ ਪੈਨਸ਼ਨ ਬਹਾਲ ਕਰਨ, ਵਿਭਾਗਾਂ ਅੰਦਰ ਪਈਆਂ ਖਾਲੀ ਅਸਾਮੀਆਂ ਪੂਰੀਆਂ ਤਨਖਾਹਾਂ ਰਾਹੀਂ ਭਰਨ, ਹਰ ਤਰ੍ਹਾਂ ਦੇ ਕੱਚੇ ਮੁਲਾਜ਼ਮ ਵਿਭਾਗਾਂ ਅੰਦਰ ਪੱਕੇ ਕਰਨ ਅਤੇ ਰੈਗੂਲਰ ਕੀਤੇ ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਮਰਜ ਕਰਨ, ਰੈਗੂਲਰ ਕਰਨ ਸਬੰਧੀ 16.5.2023 ਦੀ ਪੌਲਸੀ ਵਿੱਚ ਲੁੜੀਂਦੀਆਂ ਸੋਧਾਂ ਕਰਨ, ਮਾਣ ਭੱਤਾ/ ਇਨਸੈਂਟਿਵ ਤੇ ਕੰਮ ਕਰਦੇ ਮਿਡ ਡੇ ਮੀਲ, ਆਸ਼ਾ ਵਰਕਰਾਂ, ਆਂਗਨਵਾੜੀ ਵਰਕਰਾਂ, ਸਫਾਈ ਕਰਮੀਆਂ ਚੌਕੀਦਾਰ ਤੇ ਸੇਵਾਦਾਰ ਆਦਿ ਨੂੰ ਘੱਟੋ ਘੱਟ ਉਜਰਤ ਦੇ ਵਿੱਚ ਲਿਆਉਣ, ਜਬਰੀ ਥੋਪੇ ਕੇਂਦਰੀ ਤਨਖਾਹ ਸਕੇਲ ਰੱਦ ਕਰਾਉਣ ਸਬੰਧੀ 17.07.2020 ਅਤੇ ਅਤੇ ਤਿੰਨ ਸਾਲ ਪ੍ਰੋਵੇਸ਼ਨਲ ਪੀਰੀਅਡ ਤੇ ਮੁਢਲੀ ਤਨਖਾਹ ਦੇਣ ਸਬੰਧੀ 15.01.2015 ਅਤੇ 07.09.2016 ਦਾ ਪੱਤਰ ਰੱਦ ਕਰਵਾਉਣ, ਪੇਂਡੂ ਭੱਤੇ ਸਮੇਤ ਸਮੁੱਚੇ ਬੰਦ ਕੀਤੇ ਭੱਤੇ ਸੋਧ ਕੇ ਲਾਗੂ ਕਰਵਾਉਣ, ਤਨਖਾਹ ਕਮਿਸ਼ਨ ਦੀ ਦੂਜੇ ਹਿੱਸੇ ਦੀ ਰਿਪੋਰਟ ਲਾਗੂ ਕਰਦਿਆਂ ਏ.ਸੀ.ਪੀ. ਸਕੀਮ ਬਹਾਲ ਕਰਾਉਣ ਅਤੇ ਮੈਡੀਕਲ ਭੱਤਾ 2000 ਪ੍ਰਤੀ ਮਹੀਨਾ ਕਰਨ, ਮਹਿਗਾਈ ਭੱਤੇ ਦੀਆਂ ਰਹਿੰਦੀਆਂ ਕਿਸ਼ਤਾਂ ਅਤੇ ਬਕਾਏ ਜਾਰੀ ਕਰਾਉਣ ਆਦਿ ਮੰਗਾਂ ਦੀ ਪ੍ਰਾਪਤੀ ਲਈ 10 ਅਕਤੂਬਰ ਨੂੰ ਸੰਗਰੂਰ ਵਿਖੇ ਕੀਤੀ ਜਾ ਰਹੀ ਮਹਾਂ ਰੈਲੀ ਸਬੰਧੀ ਤਿਆਰੀਆਂ ਦੀ ਸਮੀਖਿਆ ਕੀਤੀ ਗਈ।ਮੀਟਿੰਗ ਵਿੱਚ ਸਾਂਝੀ ਤਾਲਮੇਲ ਕਮੇਟੀ ਦੇ ਪ੍ਰਮੁੱਖ ਆਗੂ ਸੁਖਚੈਨ ਸਿੰਘ ਖਹਿਰਾ, ਰਣਜੀਤ ਸਿੰਘ ਰਾਣਵਾ, ਹਰਜਿੰਦਰ ਪਾਲ ਸਿੰਘ ਪੰਨੂ, ਜਰਮਨਜੀਤ ਸਿੰਘ, ਸਾਹਿਲ ਸ਼ਰਮਾ, ਧਨਵੰਤ ਸਿੰਘ ਭੱਠਲ, ਮਨਪ੍ਰੀਤ ਸਿੰਘ, ਕਰਮ ਸਿੰਘ ਧਨੋਆ, ਅਜਮੇਰ ਸਿੰਘ, ਗਗਨਦੀਪ ਸਿੰਘ ਭੁੱਲਰ, ਬਲਜਿੰਦਰ ਸਿੰਘ ਧਾਲੀਵਾਲ, ਭਜਨ ਸਿੰਘ ਗਿੱਲ, ਗੁਰਸ਼ਰਨਜੀਤ ਸਿੰਘ ਹੁੰਦਲ, ਜਸਵੀਰ ਸਿੰਘ ਤਲਵਾੜਾ, ਪ੍ਰਗਟਜੀਤ ਸਿੰਘ ਕਿਸ਼ਨਪੁਰਾ ਆਦਿ ਆਗੂ ਹਾਜ਼ਰ ਸਨ।

## ਸੜਹਾਲਾ ਰਾਣੂੰਆਂ ਵਿਖੇ ਸਾਲਾਨਾ ਛਿੰਝ ਮੇਲਾ ਕਰਵਾਇਆ



ਬੰਗਾ (ਅਵਤਾਰ ਕਲੇਰ)-ਪਿੰਡ ਸੜਹਾਲਾ-ਰਾਣੂੰਆਂ ਵਿਖੇ ਪ੍ਰਬੰਧਕ ਕਮੇਟੀ,ਐਨ ਆਰ ਆਈ ਵੀਰਾਂ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਧੰਨ ਧੰਨ ਗੁੱਗਾ ਜਾਹਰ ਪੀਰ ਜੀ ਨੂੰ ਸਮਰਪਿਤ ਸਾਲਾਨਾ ਛਿੰਝ ਮੇਲਾ ਕਰਵਾਇਆ ਗਿਆ। ਸੁਖਵਿੰਦਰ ਸਿੰਘ ਅਤੇ ਪ੍ਰਿੰਸੀਪਲ ਰੋਸ਼ਨ ਲਾਲ ਨੰਬਰਦਾਰ ਨੇ ਦੱਸਿਆ ਕਿ ਇੱਕ ਨੰਬਰ ਪਟਕੇ ਦੀ ਕੁਸ਼ਤੀ ਲਾਲੀ ਫਗਵਾੜਾ ਅਤੇ ਸ਼ਹਿਬਾਜ਼ ਵਿਚਕਾਰ ਕਰਵਾਈ ਗਈ ਜਿਸ ਵਿੱਚ ਦੋਨੋਂ ਪਹਿਲਵਾਨਾਂ ਨੇ ਇੱਕ ਦੂਜੇ ਨੂੰ ਹਰਾਉਣ ਲਈ ਕਾਫ਼ੀ ਜ਼ੋਰ ਅਜ਼ਮਾਈ ਕੀਤੀ। ਪ੍ਰਬੰਧਕਾਂ ਵੱਲੋਂ ਜਿੱਤ ਹਾਰ ਦਾ ਫੈਸਲਾ ਪੁਆਇੰਟਾਂ ਦੇ ਅਧਾਰ ਤੇ ਕਰਵਾਉਣ ਦਾ ਫੈਸਲਾ ਕੀਤਾ ਪਰ ਕੋਈ ਨਤੀਜਾ ਨਾ ਨਿਕਲਣ ਕਾਰਨ ਦੋਨਾਂ ਪਹਿਲਵਾਨਾਂ ਨੂੰ ਜੇਤੂ ਐਲਾਨਿਆ ਗਿਆ। ਪ੍ਰਬੰਧਕਾਂ ਵੱਲੋਂ ਦੋਨਾਂ ਪਹਿਲਵਾਨਾਂ ਨੂੰ ਟਰਾਫੀਆਂ ਅਤੇ ਇਕੱਤੀ ਹਜ਼ਾਰ ਰੁਪਏ ਨਾਲ ਸਨਮਾਨਿਤ ਕੀਤਾ ਗਿਆ। ਦੂਜੇ ਨੰਬਰ ਦੇ ਪਟਕੇ ਦੀ ਕੁਸ਼ਤੀ ਹੈਪੀ ਉੱਚਾ ਪਿੰਡ ਅਤੇ ਰਫੀ ਹੁਸ਼ਿਆਰਪੁਰ ਵਿਚਕਾਰ ਕਰਵਾਈ ਗਈ ਜਿਸ ਵਿੱਚ ਰਫੀ ਹੁਸ਼ਿਆਰਪੁਰ ਜੇਤੂ ਰਿਹਾ। ਪ੍ਰਬੰਧਕਾਂ ਵੱਲੋਂ ਜੇਤੂ ਪਹਿਲਵਾਨ ਨੂੰ ਗਿਆਰਾਂ ਹਜ਼ਾਰ ਰੁਪਏ ਨਕਦ ਤੇ ਟਰਾਫੀ ਅਤੇ ਦੂਜਾ ਸਥਾਨ ਪ੍ਰਾਪਤ ਪਹਿਲਵਾਨ ਨੂੰ ਦਸ ਹਜ਼ਾਰ ਰੁਪਏ ਨਕਦ ਤੇ ਟਰਾਫੀ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੀਨੀਅਰ ਕਾਂਗਰਸੀ ਆਗੂ ਅਮਰਜੀਤ ਕਲਸੀ ਵਿਸ਼ੇਸ਼ ਤੌਰ ਤੇ ਪਹੁੰਚੇ ਜਿਨ੍ਹਾਂ ਨੂੰ ਪ੍ਰਬੰਧਕਾਂ ਵੱਲੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਗੁਰਦਿਆਲ ਸਿੰਘ ਰਾਣਾ, ਸੁਖਵਿੰਦਰ ਸਿੰਘ, ਪ੍ਰਿੰ. ਰੋਸ਼ਨ ਲਾਲ ਨੰਬਰਦਾਰ, ਨਿਰਮਲ ਸਿੰਘ ਰਾਣਾ, ਮਾਸਟਰ ਬਲਵੀਰ ਸਿੰਘ, ਮਾਸਟਰ ਜੋਗਿੰਦਰ ਸਿੰਘ, ਰਾਣਾ ਬਾਬਾ ਕੋਚ ਫਰਾਲਾ, ਅਵਤਾਰ ਰਾਮ, ਜਥੇ ਪ੍ਰੇਮ ਸਿੰਘ, ਅਮਰਦੀਪ ਸਿੰਘ ਹਨੀ ਰਾਣਾ, ਸੁਖਵਿੰਦਰ ਸਿੰਘ, ਗੁਰਮਿੰਦਰ ਸਿੰਘ, ਤਰਲੋਚਨ ਸਿੰਘ ਨੰਬਰਦਾਰ, ਕੁਲਵੰਤ ਸਿੰਘ ਚੱਕ ਗੁਰੂ, ਗੁਰਦੇਵ ਸਿੰਘ, ਬਹਾਦਰ ਸਿੰਘ ਅਤੇ ਇਲਾਕਾ ਨਿਵਾਸੀ ਹਾਜ਼ਰ ਸਨ।

# ਭਾਈ ਲਾਲੋ ਜੀ ਦਾ ਜਨਮ ਦਿਹਾੜਾ ਮਨਾਇਆ

ਮੋਰਿੰਡਾ (ਨਿਹਾਲ ਸਿੰਘ ਕਲਸੀ)-ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਮੋਰਿੰਡਾ ਵੱਲੋ ਭਾਈ ਲਾਲੋ ਜੀ ਦਾ 573ਵਾਂ ਜਨਮ ਦਿਹਾੜਾ ਗੁਰੂਦਵਾਰਾ ਸ੍ਰੀ ਕੋਤਵਾਲੀ ਸਾਹਿਬ ਮੋਰਿੰਡਾ ਵਿਖੇ ਡੇਰਾ ਕਾਰ ਸੇਵਾ ਤੇ ਪ੍ਰਬੰਧਕ ਕਮੇਟੀ ਗੁਰੂਦਵਾਰਾ ਸ੍ਰੀ ਕੋਤਵਾਲੀ ਸਾਹਿਬ ਦੇ ਪੂਰਨ ਸਹਿਯੋਗ ਨਾਲ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਫੈਡਰੇਸਨ ਦੇ ਸਰਪ੍ਰਸਤ ਕੁਲਵੀਰ ਸਿੰਘ ਗੀਹਲ ਸੋਨੂੰ ਤੇ ਪ੍ਰਧਾਨ ਬਿਕਰਮਜੀਤ ਸਿੰਘ ਸੋਹਣਪਾਲ ਨੇ ਦੱਸਿਆ ਕਿ ਭਾਈ ਹਰਵਿੰਦਰ ਸਿੰਘ ਜੀ ਮਨੈਲੀ ਹੈੱਡ ਗ੍ਰੰਥੀ ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਨੇ ਭਾਈ ਲਾਲੋ ਜੀ ਦੇ ਜੀਵਨ ਸਾਖੀ ਬਾਰੇ ਗੁਰੂ ਦੀਆਂ ਸੰਗਤਾਂ ਨੂੰ ਦੱਸਿਆ। ਭਾਈ ਸੇਵਕ ਸਿੰਘ ਕੰਵਲ ਹਜ਼ੂਰੀ ਰਾਗੀ ਜਥਾ




ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਮੋਰਿੰਡਾ ਅਤੇ ਰਾਗੀ ਜੱਥਾ ਭਾਈ ਗੁਰਪ੍ਰੀਤ ਸਿੰਘ ਮੋਹਾਲੀ ਵਾਲਿਆਂ ਵੱਲੋਂ ਸੰਗਤਾਂ ਨੂੰ ਕੀਰਤਨ ਦੁਆਰਾ ਨਿਹਾਲ ਕੀਤਾ ਗਿਆ। ਕਥਾਵਾਚਕ ਭਾਈ ਸਾਹਿਬ ਗੁਰਬਾਜ ਸਿੰਘ ਗੁਰਦੁਆਰਾ ਕਤਲਗੜ੍ਹ ਸਾਹਿਬ ਸ੍ਰੀ ਚਮਕੌਰ ਸਾਹਿਬ ਨੇ ਗੁਰੂ ਦੀਆਂ ਸੰਗਤਾਂ ਨੂੰ ਬ੍ਰਹਮਗਿਆਨੀ ਭਾਈ ਲਾਲੋ ਜੀ ਦੇ ਜੀਵਨ ਤੇ ਵਿਸਥਾਰ ਨਾਲ ਚਾਨਣਾ ਪਾਇਆ ਭਾਈ ਲਾਲੋ ਜੀ ਦੇ ਦੱਸੇ ਮਾਰਗ ਤੇ ਚੱਲਣ ਅਤੇ ਗੁਰੂ ਘਰ ਨਾਲ ਜੁੜਨ ਲਈ ਪ੍ਰੇਰਤ ਕੀਤਾ। ਫੈਡਰੇਸ਼ਨ ਵੱਲੋਂ ਕਥਾ ਵਾਚਕ ਅਤੇ ਰਾਗੀ ਜੱਥਿਆਂ ਨੂੰ ਸਿਰੋਪਾਉ ਨਾਲ ਸਨਮਾਨਤ ਕੀਤਾ ਗਿਆ । ਇਸ ਮੌਕੇ ਤੇਜਿੰਦਰ ਸਿੰਘ ਕਲਸੀ, ਗੁਰਵਿੰਦਰ ਸਿੰਘ ਗੀਹਲ, ਜਗਵਿੰਦਰ ਸਿੰਘ ਜੰਡੂ, ਭੁਪਿੰਦਰ ਸਿੰਘ ਗੀਹਲ, ਚਰਨਜੀਤ ਸਿੰਘ ਗੀਹਲ, ਜਸਪ੍ਰੀਤ ਸਿੰਘ ਕਲਸੀ, ਗੁਰਪ੍ਰੀਤ ਸਿੰਘ ਬਿੰਮਰਾ, ਮਾਸਟਰ ਮੇਜਰ ਸਿੰਘ, ਹਰਮੀਤ ਸਿੰਘ ਦਤਾਰਪੁਰ , ਮਨਦੀਪ ਸਿੰਘ ਸੋਹਣਪਾਲ, ਜਗਜੀਤ ਸਿੰਘ ਗੀਹਲ, ਕੁਲਦੀਪ ਸਿੰਘ ਸੱਲ੍ਹ, ਜਗਦੀਪ ਸਿੰਘ ਘਟੌੜੇ, ਪ੍ਰਿੰਸ ਵਿਰਦੀ, ਰਮਨਦੀਪ ਸਿੰਘ ਘੜੂੰਆ, ਇੰਦਰਜੀਤ ਸਿੰਘ, ਦਰਸ਼ਨ ਸਿੰਘ ਸੋਹਣਪਾਲ, ਅਮਨਿੰਦਰ ਸਿੰਘ ਕਲਸੀ, ਜਸਵਿੰਦਰ ਸਿੰਘ ਮਠਾੜੂ, ਮਨਵਿੰਦਰ ਸਿੰਘ ਜੰਡੂ ,ਦਵਿੰਦਰ ਸਿੰਘ ਦੇਵਗਨ, ਅਮਨਿੰਦਰ ਸਿੰਘ ਰਾਜੂ, ਇੰਦਰਜੀਤ ਸਿੰਘ, ਬਲਵੀਰ ਸਿੰਘ ਬਿਲਖੂ, ਪਵਨ ਕੁਮਾਰ ਧੀਮਾਨ ਪ੍ਰਧਾਨ ਸ੍ਰੀ ਵਿਸ਼ਵਕਰਮਾ ਸਭਾ ਮੋਰਿੰਡਾ, ਜਸਵੰਤ ਸਿੰਘ ਗੀਹਲ ਪ੍ਰਧਾਨ ਗੁ: ਰਾਮਗੜ੍ਹੀਆ ਸਿੰਘ ਸਭਾ ਮੋਰਿੰਡਾ, ਹਰਵਿੰਦਰ ਸਿੰਘ ਕਲਸੀ , ਰਜਿੰਦਰ ਸਿੰਘ ਸਾਬਕਾ ਕੌਂਸਲਰ, ਹਰਮੀਤ ਸਿੰਘ ਸੱਲ, ਸਤਵਿੰਦਰ ਸਿੰਘ ਸੌਂਦ, ਗੁਰਿੰਦਰ ਸਿੰਘ ਗੋਗੀ, ਗੁਰਮੀਤ ਸਿੰਘ, ਅਮਰੀਕ ਸਿੰਘ ਡੱਫੂ, ਜੁਝਾਰ ਸਿੰਘ ਮਾਵੀ, ਗੁਰਨਾਮ ਸਿੰਘ ਘਟੌੜੇ, ਜਤਿੰਦਰ ਸਿੰਘ ਰੂਪਰਾਏ, ਗੁਰਿੰਦਰ ਸਿੰਘ ਸੋਨੀ, ਧੰਨਾ ਸਿੰਘ, ਹਰਬੰਸ ਸਿੰਘ ਸਮਾਣਾ, ਹਰਵਿੰਦਰ ਸਿੰਘ ਬੱਬੂ ਸਾਬਕਾ ਕੌਂਸਲਰ, ਗੁਰਬਚਨ ਸਿੰਘ ਗੀਹਲ ਸ਼ਹਿਰ ਮੋਰਿੰਡਾ ਤੇ ਇਲਾਕਾ ਨਵਾਸੀ ਮਾਈ-ਭਾਈ ਨੇ ਗੁਰੂ ਘਰ ਵਿੱਚ ਹਾਜ਼ਰੀ ਭਰੀ, ਗੁਰੂ ਦਾ ਲੰਗਰ ਅਟੁੱਟ ਵਰਤਿਆ। ਸੈਕਟਰੀ ਦਲਜੀਤ ਸਿੰਘ ਬਿੱਟੂ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ।

# ਨੌਜਵਾਨ ਪੀੜ੍ਹੀ ਲਈ ਸਦਾ ਪ੍ਰੇਰਨਾ ਸਰੋਤ ਰਹੇਗਾ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦਾ ਜੀਵਨ : ਰੌੜੀ



ਬੰਗਾ (ਅਵਤਾਰ ਕਲੇਰ)-ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੇ ਜਨਮ ਦਿਹਾੜੇ ਮੌਕੇ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ, ਵਿਧਾਇਕ ਬੰਗਾ ਡਾ. ਸੁਖਵਿੰਦਰ ਕੁਮਾਰ ਸੁੱਖੀ ਅਤੇ ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਗੁਲਪ੍ਰੀਤ ਸਿੰਘ ਔਲਖ ਨੇ ਸੋਮਵਾਰ ਖਟਕੜ ਕਲਾਂ ਸਥਿਤ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਸਮਾਰਕ ਵਿਖੇ ਜਾ ਕੇ ਸ਼ਰਧਾ ਦੇ ਫੁੱਲ ਅਰਪਿਤ ਕੀਤੇ। ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਦਾ ਜੀਵਨ ਅਤੇ ਉਨ੍ਹਾਂ ਦੀ ਸਰਬਉੱਚ ਕੁਰਬਾਨੀ ਦੇਸ਼ ਦੀ ਨੌਜਵਾਨ ਪੀੜ੍ਹੀ ਲਈ ਸਦਾ ਪ੍ਰੇਰਨਾ ਸਰੋਤ ਰਹੇਗੀ। ਉਨ੍ਹਾਂ ਕਿਹਾ ਕਿ ਸ਼ਹੀਦ ਭਗਤ ਸਿੰਘ ਨੇ ਦੇਸ਼ ਦੀ ਆਜ਼ਾਦੀ ਲਈ ਆਪਣੇ ਪ੍ਰਾਣਾਂ ਦੀ ਆਹੂਤੀ ਦੇ ਕੇ ਰਾਸ਼ਟਰ ਪ੍ਰਤੀ ਸਮਰਪਣ ਅਤੇ ਦੇਸ਼ ਭਗਤੀ ਦੀ ਮਿਸਾਲ ਕਾਇਮ ਕੀਤੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸ਼ਹੀਦ ਭਗਤ ਸਿੰਘ ਦੇ ਦੱਸੇ ਮਾਰਗ 'ਤੇ ਚੱਲ ਕੇ ਲੋਕ ਸੇਵਾ ਦਾ ਕਾਰਜ ਕਰ ਰਹੀ ਹੈ। ਵਿਧਾਇਕ ਬੰਗਾ ਡਾ. ਸੁਖਵਿੰਦਰ ਕੁਮਾਰ ਸੁੱਖੀ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਦੇ ਵਿਚਾਰ ਅੱਜ ਵੀ ਨੌਜਵਾਨਾਂ ਨੂੰ ਦੇਸ਼ ਅਤੇ ਸਮਾਜ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਲਈ ਪ੍ਰੇਰਿਤ ਕਰਦੇ ਹਨ।ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਦਾ ਜਨਮ ਦਿਹਾੜਾ ਉਨ੍ਹਾਂ ਦੀ ਮਹਾਨ ਕੁਰਬਾਨੀ, ਵਿਚਾਰਾਂ ਅਤੇ ਦੇਸ਼ ਪ੍ਰਤੀ ਸਮਰਪਣ ਨੂੰ ਯਾਦ ਕਰਨ ਦਾ ਮੌਕਾ ਹੈ।ਉਨ੍ਹਾਂ ਨੌਜਵਾਨਾਂ ਨੂੰ ਸੱਦਾ ਦਿੱਤਾ ਕਿ ਉਹ ਸ਼ਹੀਦ ਭਗਤ ਸਿੰਘ ਦੇ ਜੀਵਨ ਅਤੇ ਵਿਚਾਰਾਂ ਤੋਂ ਪ੍ਰੇਰਨਾ ਲੈਂਦਿਆਂ ਸਿੱਖਿਆ, ਸਮਾਜ ਸੇਵਾ ਅਤੇ ਦੇਸ਼ ਦੀ ਤਰੱਕੀ ਵਿੱਚ ਸਕਾਰਾਤਮਕ ਯੋਗਦਾਨ ਪਾਉਣ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਵਨੀਤ ਕੌਰ, ਐਸ.ਡੀ.ਐਮ. ਨਵਾਂਸ਼ਹਿਰ ਅਨਮਜੋਤ ਕੌਰ, ਐਸ.ਡੀ.ਐਮ. ਬੰਗਾ ਵਿਪਿਨ ਭੰਡਾਰੀ, ਸਹਾਇਕ ਕਮਿਸ਼ਨਰ ਰਮਨਜੀਤ, ਪੰਜਾਬ ਜਲ ਸਰੋਤ ਪ੍ਰਬੰਧਨ ਤੇ ਵਿਕਾਸ ਨਿਗਮ ਦੇ ਵਾਈਸ ਚੇਅਰਮੈਨ ਕੁਲਜੀਤ ਸਰਹਾਲ, ਚੇਅਰਮੈਨ ਮਾਰਕਿਟ ਕਮੇਟੀ ਗਗਨ ਅਗਨੀਹੋਤਰੀ, ਸਤਨਾਮ ਜਲਾਲਪੁਰ, ਲਲਿਤ ਮੋਹਨ ਪਾਠਕ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸੋਹਣ ਲਾਲ ਢੰਡਾ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।

## ਰੇਨਬੋ ਪਬਲਿਕ ਸਕੂਲ ਤੇ ਰੇਨਬੋ ਸਟਾਰਸ 'ਚ ਸ਼ਹੀਦ ਭਗਤ ਸਿੰਘ ਦੇ ਜਨਮ ਦਿਨ 'ਤੇ ਵਿਸ਼ੇਸ਼ ਸ਼ਰਧਾਂਜਲੀ ਪ੍ਰੋਗਰਾਮ

ਆਦਮਪੁਰ (ਪਰਮਜੀਤ ਸਿੰਘ)- ਰੇਨਬੋ ਪਬਲਿਕ ਸਕੂਲ ਸੱਤੋਵਾਲੀ ਆਦਮਪੁਰ ਅਤੇ ਰੇਨਬੋ ਸਟਾਰਸ ਵਿੱਚ ਪ੍ਰਬੰਧਕ ਅਨਿਲ ਕੁਮਾਰ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮਹਾਨ ਸੁਤੰਤਰਤਾ ਸੈਨਾਨੀ ਅਤੇ ਅਮਰ ਕ੍ਰਾਂਤੀਕਾਰੀ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦਾ ਜਨਮ ਦਿਨ ਬਹੁਤ ਹੀ ਸ਼ਰਧਾ ਤੇ ਸਨਮਾਨ ਨਾਲ ਮਨਾਇਆ ਗਿਆ। ਜਿਸ ਦੀ ਪ੍ਰਧਾਨਗੀ ਮੈਨੇਜਰ ਜੋਧ ਸਿੰਘ ਡੋਗਰਾ ਅਤੇ ਪ੍ਰਿੰਸੀਪਲ ਸੰਧਿਆ ਖੁਰਾਨਾ ਦੁਆਰਾ ਕੀਤੀ ਗਈ। ਇਸ ਸਮਾਗਮ ਦੇ ਆਰੰਭ ਵਿੱਚ ਸਰਦਾਰ ਭਗਤ ਸਿੰਘ ਜੀ ਦੀ ਫੋਟੋ ਉੱਪਰ ਫੁੱਲ ਭੇਟ ਕੀਤੇ ਗਏ ਅਤੇ ਦੋ ਮਿੰਟ ਦਾ ਮੌਨ ਰੱਖ ਕੇ ਉਹਨਾਂ ਦੇ ਬਲਿਦਾਨ ਨੂੰ ਯਾਦ ਕੀਤਾ ਗਿਆ। ਇਸ ਮੌਕੇ ਦੇਸ਼ ਦੇ ਇਸ ਮਹਾਨ ਸਪੁੱਤਰ ਨੂੰ ਯਾਦ ਕਰਦਿਆਂ ਉਹਨਾਂ ਦੇ ਦੱਸੇ ਹੋਏ ਮਾਰਗ ਉੱਤੇ ਚੱਲਣ ਦਾ ਸੰਕਲਪ ਲਿਆ ਗਿਆ। ਇਸ ਸਮਾਗਮ ਦੇ ਦੌਰਾਨ ਚਾਰਾਂ ਸਦਨਾਂ ਦੇ ਵਿਦਿਆਰਥੀਆਂ ਸਰਦਾਰ ਭਗਤ ਸਿੰਘ ਦੇ ਜੀਵਨ ਦੇ ਬਾਰੇ ਅਤੇ ਦੇਸ਼ ਭਗਤਾਂ ਨਾਲ ਸੰਬੰਧਤ ਕਵਿਤਾਵਾਂ, ਸਮੂਹ ਗੀਤ ਪੇਸ਼ ਕੀਤੇ ਗਏ। ਪ੍ਰੋਗਰਾਮ ਦੇ ਦੌਰਾਨ ਨੰਨ੍ਹੇ-ਮੁੰਨੇ ਬੱਚਿਆਂ ਨੇ ਸਰਦਾਰ ਭਗਤ ਸਿੰਘ ਦਾ ਰੂਪ ਧਾਰਨ ਕਰਕੇ ਸਾਰਿਆਂ ਦਾ ਮਨ ਮੋਹ ਲਿਆ। ਅੰਤ ਵਿੱਚ ਸਕੂਲ ਦੇ ਮੈਨੇਜਰ ਅਤੇ ਪ੍ਰਿੰਸੀਪਲ ਨੇ ਬੱਚਿਆਂ ਨੂੰ ਸਰਦਾਰ ਭਗਤ ਸਿੰਘ ਦੇ ਆਦਰਸ਼ਾਂ ਉੱਪਰ ਚੱਲਣ ਅਤੇ ਦੇਸ਼ ਪ੍ਰਤੀ ਆਪਣੀ ਜ਼ਿੰਮੇਦਾਰੀ ਨੂੰ ਨਿਭਾਉਣ ਲਈ ਪ੍ਰੇਰਿਤ ਕੀਤਾ।




## ਜਸਵਿੰਦਰ ਸਿੰਘ ਚੌਹਾਨ ਵੱਲੋਂ ਹਾਈ ਕਮਾਂਡ ਦਾ ਧੰਨਵਾਦ



ਅੱਡਾ ਸਰਾਂ (ਜਸਵੀਰ ਕਾਜਲ)-ਜਸਵਿੰਦਰ ਸਿੰਘ ਚੌਹਾਨ ਦੇ ਅਕਾਲੀ ਦਲ ਵਾਰਸ ਪੰਜਾਬ ਦੇ ਅੱਡਾ ਸਰਾਂ (ਕੰਧਾਲਾ ਜੱਟਾਂ) ਤੋਂ ਸਰਕਲ ਪ੍ਰਧਾਨ ਨਿਯੁਕਤ ਕਰਨ 'ਤੇ ਹਾਈ ਕਮਾਂਡ ਦਾ ਧੰਨਵਾਦ ਕੀਤਾ। ਚੌਹਾਨ ਨੇ ਕਿਹਾ ਕਿ ਮੈਨੂੰ ਜੋ ਪਾਰਟੀ ਹਾਈ ਕਮਾਂਡ ਨੇ ਸੇਵਾ ਬਖ਼ਸ਼ੀ ਹੈ ਮੈਂ ਪੂਰੀ ਤਨਦੇਹੀ ਨਾਲ ਸੇਵਾ ਨਿਭਾਵਾਂਗਾ ਅਤੇ ਪਾਰਟੀ ਦੇ ਕੰਮਾਂ ਨੂੰ ਸੰਚਾਰੂ ਢੰਗਾਂ ਨਾਲ ਚਲਾਉਣ ਲਈ ਵਚਨਬੱਧ ਰਹਾਂਗਾ। ਇਸ ਮੌਕੇ ਅਰਮਾਨ ਪ੍ਰੀਤ ਸਿੰਘ ਚੌਹਾਨ/ਫੌਜੀ ਦਸੂਹਾ, ਵਰਿੰਦਰ ਸਿੰਘ, ਸੁਖਜੀਤ ਸਿੰਘ, ਪਰਮਿੰਦਰ ਸਿੰਘ, ਸੋਨੂ ਪੰਡਤ, ਵਰਿਦਰ ਸਿੰਘ, ਤਨਵੀਰ ਸਿੰਘ, ਮਨਰਾਜ, ਸੁਖਪ੍ਰੀਤ ਸਿੰਘ ਆਦਿ ਹਾਜ਼ਰ ਸਨ।

## ਐੱਸ ਡੀ ਕਾਲਜ ਫਾਰ ਵੂਮੈਨ 'ਚ ਏਡਜ਼ ਸੰਬੰਧੀ ਜਾਗਰੂਕਤਾ ਲੈਕਚਰ

ਸੁਲਤਾਨਪੁਰ ਲੋਧੀ (ਹਨੀ)-ਐਸ ਡੀ ਕਾਲਜ ਫਾਰ ਵੂਮੈਨ ਵਿਖੇ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਅਗਵਾਈ ਵਿਚ ਏਡਜ਼ ਸੰਬੰਧੀ ਜਾਗਰੂਕਤਾ ਲੈਕਚਰ ਕਰਵਾਇਆ ਗਿਆ ਜੋ ਮਾਸਿਕ ਗਤੀਵਿਧੀ ਕੈਲੰਡਰ ਤਹਿਤ ਹਿੰਦੀ ਵਿਭਾਗ ਵੱਲੋਂ ਮੈਡਮ ਰਜਨੀ ਬਾਲਾ ਦੀ ਦੇਖ-ਰੇਖ ਹੇਠ ਐੱਨ ਐੱਸ ਐੱਸ ਵਿਭਾਗ, ਰੈੱਡ ਰਿਬਨ ਕਲੱਬ ਅਤੇ ਨਾਕੋ ਕਲੱਬ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ। ਲੈਕਚਰ ਦਾ ਮੁੱਖ ਉਦੇਸ਼ ਵਿਦਿਆਰਥਣਾਂ ਨੂੰ ਐੱਚ ਆਈ ਵੀ ( ਏਡਜ਼ ) ਦੇ ਕਾਰਨਾਂ, ਫੈਲਣ ਦੇ ਤਰੀਕਿਆਂ, ਬਚਾਅ ਦੇ ਉਪਾਵਾਂ ਅਤੇ ਜ਼ਰੂਰੀ ਸਾਵਧਾਨੀਆਂ ਬਾਰੇ ਜਾਗਰੂਕ ਕਰਨਾ ਸੀ। ਇਸ ਮੌਕੇ ਵਿਦਿਆਰਥਣਾਂ ਨੂੰ ਏਡਜ਼ ਨਾਲ ਸੰਬੰਧਤ ਗਲਤ ਧਾਰਨਾਵਾਂ ਤੋਂ ਬਚਣ ਅਤੇ ਐੱਚ ਆਈ ਵੀ ਨਾਲ ਜੀ ਰਹੇ ਵਿਅਕਤੀਆਂ ਪ੍ਰਤੀ ਭੇਦਭਾਵ ਨਾ ਕਰਨ ਲਈ ਵੀ ਪ੍ਰੇਰਿਤ ਕੀਤਾ ਗਿਆ।ਇਸ ਮੌਕੇ ਬੀ.ਏ. ਫਾਈਨਲ ਸਾਲ ਦੀਆਂ ਵਿਦਿਆਰਥਣਾਂ ਅਮਨਦੀਪ ਕੌਰ ਅਤੇ ਨਵਜੋਤ ਕੌਰ ਮੱਟੂ ਨੇ ਜਾਗਰੂਕਤਾ ਸੰਬੰਧੀ ਜਾਣਕਾਰੀ ਭਰਪੂਰ ਵਿਚਾਰ ਪੇਸ਼ ਕਰਦਿਆਂ ਐੱਚ ਆਈ ਵੀ ਦੀ ਲਾਗ ਤੋਂ ਬਚਾਅ ਲਈ ਜਾਗਰੂਕਤਾ, ਜ਼ਿੰਮੇਵਾਰ ਵਿਵਹਾਰ, ਸੁਰੱਖਿਅਤ ਤਰੀਕਿਆਂ ਅਤੇ ਸਮੇਂ ਸਿਰ ਡਾਕਟਰੀ ਸਲਾਹ ਦੀ ਮਹੱਤਤਾ ਬਾਰੇ ਵੀ ਵਿਚਾਰ ਸਾਂਝੇ ਕੀਤੇ।



# ਬਜ਼ੁਰਗ ਦੇ ਘਰ ਹਥਿਆਰਬੰਦ ਨੌਜਵਾਨਾਂ ਵੱਲੋਂ ਹਮਲਾ

ਡੇਰਾਬੱਸੀ (ਵਿਨੈ ਕੁਮਾਰ ਜੈਨ)-ਡੇਰਾਬੱਸੀ ਦੇ ਦਾਦਪੁਰਾ ਮੁਹੱਲੇ ਵਿਖੇ ਇਟਲੀ ਤੋਂ ਪਰਤੇ ਇੱਕ ਬਜ਼ੁਰਗ ਦੇ ਘਰ ਕੁਝ ਵਿਅਕਤੀਆਂ ਵੱਲੋਂ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰਨ ਦੇ ਦੋਸ਼ ਲੱਗਣ ਦਾ ਮਾਮਲਾ ਸਾਹਮਣੇ ਆਇਆ ਹੈ। ਪੀੜਤ ਰਾਮ ਰਤਨ ਨੇ ਇਸ ਘਟਨਾ ਪਿੱਛੇ ਆਪਣੇ ਭਤੀਜੇ ਦੇ ਪਰਵਾਰਕ


**ਪੁਲਸ ਵੱਲੋਂ ਮਾਮਲੇ ਦੀ ਜਾਂਚ ਸ਼ੁਰੂ**



ਵਿਵਾਦ ਨਾਲ ਸੰਬੰਧਤ ਧਿਰ ਦਾ ਹੱਥ ਹੋਣ ਦਾ ਸ਼ੱਕ ਜਤਾਇਆ ਹੈ। ਪੁਲਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਦੋਸ਼ਾਂ ਦੀ ਪੁਸ਼ਟੀ ਜਾਂਚ ਤੋਂ ਬਾਅਦ ਹੀ ਹੋ ਸਕੇਗੀ। ਰਾਮ ਰਤਨ ਨੇ ਦੱਸਿਆ ਕਿ ਉਹ ਕੁਝ ਸਮਾਂ ਪਹਿਲਾਂ ਆਪਣੇ ਬੱਚਿਆਂ ਨੂੰ ਮਿਲਣ ਇਟਲੀ ਗਿਆ ਹੋਇਆ ਸੀ ਅਤੇ 16 ਸਤੰਬਰ ਨੂੰ ਵਾਪਸ ਡੇਰਾਬੱਸੀ ਆਇਆ ਸੀ। ਘਟਨਾ ਵਾਲੇ ਦਿਨ ਉਹ ਬਿਮਾਰ ਹੋਣ ਕਾਰਨ ਘਰ ਵਿੱਚ ਆਰਾਮ ਕਰ ਰਿਹਾ ਸੀ ਅਤੇ ਉਸ ਦੀ ਧੀ ਵੀ ਉਸ ਨੂੰ ਮਿਲਣ ਆਈ ਹੋਈ ਸੀ। ਉਸ ਮੁਤਾਬਕ ਸ਼ਾਮ ਕਰੀਬ 5 ਤੋਂ ਸਾਢੇ 5 ਵਜੇ ਅਚਾਨਕ 6 ਤੋਂ 8 ਵਿਅਕਤੀ ਉਸ ਦੇ ਘਰ ਦੇ ਬਾਹਰ ਆ ਪੁੱਜੇ। ਬਜ਼ੁਰਗ ਨੇ ਦੋਸ਼ ਲਾਇਆ ਕਿ ਉਕਤ ਵਿਅਕਤੀਆਂ ਕੋਲ ਤਲਵਾਰਾਂ ਅਤੇ ਗੰਡਾਸੀਆਂ ਸਮੇਤ ਤੇਜ਼ਧਾਰ ਹਥਿਆਰ ਸਨ ਅਤੇ ਉਨ੍ਹਾਂ ਵੱਲੋਂ ਹਮਲਾ ਕੀਤਾ ਗਿਆ। ਘਟਨਾ ਕਾਰਨ ਪਰਵਾਰ ਦੇ ਮੈਂਬਰਾਂ ਅਤੇ ਆਸ-ਪਾਸ ਦੇ ਲੋਕਾਂ ਵਿੱਚ ਸਹਿਮ ਦਾ ਮਾਹੌਲ ਬਣ ਗਿਆ। ਪੀੜਤ ਨੇ ਦੱਸਿਆ ਕਿ ਉਸ ਦੇ ਭਤੀਜੇ ਮਨੀਸ਼ ਕੁਮਾਰ ਦਾ ਕਰੀਬ 15 ਸਾਲ ਪਹਿਲਾਂ ਬਨੂੜ ਇਲਾਕੇ ਦੀ ਹਰਜੀਤ ਨਾਲ ਵਿਆਹ ਹੋਇਆ ਸੀ। ਦੋਵੇਂ ਇਸ ਸਮੇਂ ਇਟਲੀ ਵਿੱਚ ਰਹਿੰਦੇ ਹਨ ਅਤੇ ਉਨ੍ਹਾਂ ਦੇ ਦੋ ਬੱਚੇ ਹਨ। ਉਸ ਮੁਤਾਬਕ ਪਤੀ-ਪਤਨੀ ਵਿਚਾਲੇ ਪਿਛਲੇ ਕੁਝ ਸਮੇਂ ਤੋਂ ਕਥਿਤ ਤੌਰ 'ਤੇ ਘਰੇਲੂ ਵਿਵਾਦ ਚੱਲ ਰਿਹਾ ਹੈ। ਰਾਮ ਰਤਨ ਦਾ ਕਹਿਣਾ ਹੈ ਕਿ ਉਸ ਦਾ ਇਸ ਵਿਵਾਦ ਨਾਲ ਕੋਈ ਸਿੱਧਾ ਲੈਣਾ-ਦੇਣਾ ਨਹੀਂ, ਪਰ ਪਰਵਾਰ ਵਿੱਚ ਵੱਡਾ ਹੋਣ ਕਾਰਨ ਉਸ ਨੂੰ ਨਿਸ਼ਾਨਾ ਬਣਾਏ ਜਾਣ ਦਾ ਖ਼ਦਸ਼ਾ ਹੈ।ਘਟਨਾ ਮਗਰੋਂ ਪੁਲਸ ਦੇ 112 ਨੰਬਰ 'ਤੇ ਸੂਚਨਾ ਦਿੱਤੀ ਗਈ। ਪੁਲਸ ਟੀਮ ਵੱਲੋਂ ਮੌਕੇ 'ਤੇ ਪਹੁੰਚ ਕੇ ਹਾਲਾਤ ਦਾ ਜਾਇਜ਼ਾ ਲਿਆ ਗਿਆ। ਪੀੜਤ ਬਜ਼ੁਰਗ ਨੇ ਪੁਲਸ ਤੋਂ ਆਪਣੀ ਅਤੇ ਪਰਵਾਰ ਦੀ ਸੁਰੱਖਿਆ ਯਕੀਨੀ ਬਣਾਉਣ ਦੇ ਨਾਲ ਮਾਮਲੇ ਦੀ ਨਿਰਪੱਖ ਜਾਂਚ ਕਰਕੇ ਜ਼ਿੰਮੇਵਾਰ ਪਾਏ ਜਾਣ ਵਾਲੇ ਵਿਅਕਤੀਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਹੈ।ਪੁਲਸ ਵੱਲੋਂ ਮਾਮਲੇ ਨਾਲ ਜੁੜੇ ਸਾਰੇ ਪਹਿਲੂਆਂ ਦੀ ਜਾਂਚ ਕੀਤੀ ਜਾ ਰਹੀ ਹੈ। ਜਾਂਚ ਪੂਰੀ ਹੋਣ ਤੋਂ ਬਾਅਦ ਹੀ ਹਮਲੇ ਦੇ ਅਸਲ ਕਾਰਨਾਂ ਅਤੇ ਇਸ ਵਿੱਚ ਸ਼ਾਮਲ ਵਿਅਕਤੀਆਂ ਬਾਰੇ ਸਥਿਤੀ ਸਪੱਸ਼ਟ ਹੋ ਸਕੇਗੀ।

## ਸ਼ਾਰਟ ਸਰਕਟ ਨਾਲ ਦੁਕਾਨ ਨੂੰ ਲੱਗੀ ਅੱਗ

ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)-ਪਿੰਡ ਅੱਤੋਵਾਲ ਵਿਖੇ ਇੱਕ ਦਰਦਨਾਕ ਹਾਦਸਾ ਵਾਪਰਿਆ। ਸਥਾਨਕ ਨਿਵਾਸੀ ਲਵਦੀਪ ਸਿੰਘ ਪੁੱਤਰ ਸਵ. ਪ੍ਰਿਤਪਾਲ ਸਿੰਘ ਦੀ ਕਾਰ ਏ ਸੀ ਰਿਪੇਅਰ ਦੀ ਦੁਕਾਨ ਨੂੰ ਬਿਜਲੀ ਦੇ ਸ਼ਾਰਟ ਸਰਕਟ ਕਾਰਨ ਅੱਗ ਲੱਗ ਗਈ।ਮਿਲੀ ਜਾਣਕਾਰੀ ਅਨੁਸਾਰ ਲਵਦੀਪ ਸਿੰਘ ਸਵੇਰੇ ਕਰੀਬ 9:30 ਵਜੇ ਕਿਸੇ ਕੰਮ ਲਈ ਹੁਸ਼ਿਆਰਪੁਰ ਗਿਆ ਹੋਇਆ ਸੀ। ਇਸ ਦੌਰਾਨ ਉਸ ਨੂੰ ਫੋਨ 'ਤੇ ਸੂਚਨਾ ਮਿਲੀ ਕਿ ਉਸ ਦੀ ਦੁਕਾਨ ਵਿੱਚੋਂ ਧੂੰਆਂ ਨਿਕਲ ਰਿਹਾ ਹੈ। ਜਦੋਂ ਤੱਕ ਉਹ ਵਾਪਸ ਪਰਤਿਆ, ਅੱਗ ਨੇ ਭਿਆਨਕ ਰੂਪ ਧਾਰਨ ਕਰ ਲਿਆ ਸੀ। ਪੀੜਤ ਅਨੁਸਾਰ ਅੱਗ ਲੱਗਣ ਦਾ ਕਾਰਨ ਉਸ ਦੇ ਵਪਾਰਕ ਬਿਜਲੀ ਕੁਨੈਕਸ਼ਨ (ਖਾਤਾ ਨੰ: 3008660236) ਦੇ ਮੀਟਰ ਤੋਂ ਆ ਰਹੀ ਸਪਲਾਈ ਵਾਲੀ ਤਾਰ ਵਿੱਚ ਹੋਇਆ ਸ਼ਾਰਟ ਸਰਕਟ ਦੱਸਿਆ ਜਾ ਰਿਹਾ ਹੈ। ਇਸ ਅੱਗ ਕਾਰਨ ਦੁਕਾਨ ਵਿੱਚ ਪਿਆ ਸਾਰਾ ਸਮਾਨ ਸੜ ਕੇ ਸੁਆਹ ਹੋ ਗਿਆ, ਜਿਸ ਵਿੱਚ ਏ ਸੀ ਗੈਸ ਦੇ ਕੈਨ, ਇਨਵਰਟਰ, ਪ੍ਰੈਸ਼ਰ ਪੰਪ, ਏ.ਸੀ. ਫਿਲਟਰ ਸ਼ਾਮਲ ਹਨ। ਇਸ ਤੋਂ ਇਲਾਵਾ ਦੁਕਾਨ ਵਿੱਚ ਖੜ੍ਹੇ 2 ਮੋਟਰਸਾਈਕਲ - ਇੱਕ ਬੁਲੇਟ ਕਲਾਸਿਕ (ਜੋ ਇੱਕ ਗਾਹਕ ਨੇ ਵੇਚਣ ਲਈ ਰੱਖਿਆ ਹੋਇਆ ਸੀ) ਅਤੇ ਇੱਕ ਯਾਮਾਹਾ ਵੀ ਪੂਰੀ ਤਰ੍ਹਾਂ ਸੜ ਗਏ। ਪੀੜਤ ਨੇ ਦੱਸਿਆ ਕਿ ਇਸ ਹਾਦਸੇ ਵਿੱਚ ਉਸ ਦਾ ਲਗਭਗ 6 ਲੱਖ ਰੁਪਏ ਦਾ ਨੁਕਸਾਨ ਹੋਇਆ ਹੈ।



## ਹਰੇਕ ਵਿਦਿਆਰਥੀ ਦੀ ਸੁਰੱਖਿਆ, ਤੰਦਰੁਸਤੀ ਨੂੰ ਯਕੀਨੀ ਬਣਾਉਣਾ 'ਵਰਸਿਟੀ ਦੀ ਸਭ ਤੋਂ ਵੱਡੀ ਜ਼ਿੰਮੇਵਾਰੀ : ਐੱਲ ਪੀ ਯੂ

ਜਲੰਧਰ (ਸ਼ੈਲੀ ਐਲਬਰਟ)-ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਨੇ ਦੁਹਰਾਇਆ ਕਿ ਇਸ ਦਾ ਕੈਂਪਸ ਸੁਰੱਖਿਅਤ ਹੈ ਅਤੇ ਕੈਂਪਸ ਦੀਆਂ ਗਤੀਵਿਧੀਆਂ ਆਮ ਹਨ।ਕੈਂਪਸ ਵਿੱਚ ਸਥਿਤੀ ਆਮ ਹੋਣ ਤੋਂ ਬਾਅਦ, ਯੂਨੀਵਰਸਿਟੀ ਪ੍ਰਸ਼ਾਸਨ, ਸਿਵਲ ਅਤੇ ਪੁਲਿਸ ਅਧਿਕਾਰੀਆਂ ਅਤੇ ਵਿਦਿਆਰਥੀ ਪ੍ਰਤੀਨਿਧੀਆਂ ਵਿਚਕਾਰ ਇੱਕ ਸਾਂਝੀ ਮੀਟਿੰਗ ਹੋਈ। ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਸਰਬਸੰਮਤੀ ਨਾਲ ਇਹ ਰਾਏ ਸੀ ਕਿ ਅਸ਼ਾਂਤੀ ਮੁੱਖ ਤੌਰ 'ਤੇ ਉਨ੍ਹਾਂ ਬਾਹਰੀ ਲੋਕਾਂ ਕਾਰਨ ਪੈਦਾ ਹੋਈ ਸੀ, ਜੋ ਸ਼ਾਂਤੀ ਭੰਗ ਕਰਨ ਦੇ ਇਰਾਦੇ ਨਾਲ ਗੈਰ-ਕਾਨੂੰਨੀ ਢੰਗ ਨਾਲ ਕੈਂਪਸ ਵਿੱਚ ਦਾਖਲ ਹੋਏ ਸਨ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ, ਅਤੇ ਕਾਨੂੰਨ ਅਨੁਸਾਰ ਢੁਕਵੀਂ ਕਾਰਵਾਈ ਕੀਤੀ ਜਾਵੇਗੀ। ਯੂਨੀਵਰਸਿਟੀ ਨੇ ਸੋਸ਼ਲ ਮੀਡੀਆ 'ਤੇ ਪ੍ਰਸਾਰਿਤ ਜਾਣਕਾਰੀ ਦੀ ਰਿਵਿਊ ਅਤੇ ਵੈਰੀਫਿਕੇਸ਼ਨ ਕੀਤੀ ਹੈ ਅਤੇ ਬੇਬੁਨਿਆਦ ਅਤੇ ਝੂਠੇ ਦਾਅਵਿਆਂ ਦਾ ਜ਼ੋਰਦਾਰ ਖੰਡਨ ਕਰਦਾ ਹੈ। ਐੱਲ ਪੀ ਯੂ ਵਿਦਿਆਰਥੀਆਂ, ਮਾਪਿਆਂ ਅਤੇ ਆਮ ਲੋਕਾਂ ਨੂੰ ਵੀ ਅਪੀਲ ਕਰਦਾ ਹੈ ਕਿ ਉਹ ਸੋਸ਼ਲ ਮੀਡੀਆ 'ਤੇ ਨਕਲੀ ਸਮੱਗਰੀ 'ਤੇ ਨਹੀਂ ਸਗੋਂ ਸਿਰਫ਼ ਪ੍ਰਮਾਣਿਤ ਜਾਣਕਾਰੀ 'ਤੇ ਭਰੋਸਾ ਕਰਨ। ਇਹ ਬਹੁਤ ਹੀ ਮੰਦਭਾਗਾ ਹੈ ਕਿ ਤਣਾਅਪੂਰਨ ਮਾਹੌਲ ਦੇ ਵਿਚਕਾਰ, ਕੁਝ ਸਮਾਜ ਵਿਰੋਧੀ ਤੱਤਾਂ ਨੇ ਸਥਿਤੀ ਦਾ ਫਾਇਦਾ ਉਠਾਉਣ ਦੀ ਕੋਸ਼ਿਸ਼ ਕੀਤੀ, ਜਿਸ ਦੇ ਨਤੀਜੇ ਵਜੋਂ ਯੂਨੀਵਰਸਿਟੀ ਦੀ ਜਾਇਦਾਦ ਨੂੰ ਨੁਕਸਾਨ ਪਹੁੰਚਿਆ ਅਤੇ ਕੰਮ ਵਿੱਚ ਵਿਘਨ ਪਿਆ। ਐੱਲ ਪੀ ਯੂ ਭਾਈਚਾਰੇ ਵਿੱਚ ਅਜਿਹੇ ਵਿਵਹਾਰ ਲਈ ਕੋਈ ਜਗ੍ਹਾ ਨਹੀਂ ਹੈ। ਯੂਨੀਵਰਸਿਟੀ ਨੂੰ ਵਿਸ਼ਵਾਸ ਹੈ ਕਿ ਕਾਨੂੰਨ ਦੇ ਅਨੁਸਾਰ ਬਾਹਰੀ ਘੁਸਪੈਠੀਆਂ ਵਿਰੁੱਧ ਢੁਕਵੀਂ ਕਾਰਵਾਈ ਕੀਤੀ ਜਾਵੇਗੀ।

## 'ਆਦਿ ਧਰਮ' ਦੇਸ਼ ਦੇ ਮੂਲ ਨਿਵਾਸੀ,ਆਦਿ ਵਾਸੀਆਂ ਦੀ ਤਰੱਕੀ ਤੇ ਖੁਸ਼ਹਾਲੀ ਦਾ ਪ੍ਰਤੀਕ : ਬਾਲਯੋਗੀ ਪ੍ਰਗਟ ਨਾਥ

ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)-ਆਦਿ ਧਰਮ ਭਾਰਤ ਦੇ ਕਰੋੜਾਂ ਮੂਲ ਨਿਵਾਸੀ, ਆਦਿ ਵਾਸੀਆਂ ਦੀ ਤਰੱਕੀ ਅਤੇ ਖੁਸ਼ਹਾਲੀ ਦਾ ਅਸਲ ਪ੍ਰਤੀਕ ਹੈ, ਕਿਉਂਕਿ ਆਦਿ ਧਰਮ ਗੁਰੂਆਂ, ਮਹਾਨ ਰਹਿਬਰਾਂ ਦਾ ਸਥਾਪਤ ਕੀਤਾ ਮਨੁੱਖੀ ਅਧਿਕਾਰਾਂ ਦਾ ਆਰਥਿਕ, ਧਾਰਮਿਕ, ਸਮਾਜਕ ਅਤੇ ਸੰਵਿਧਾਨਕ ਸੰਘਰਸ਼ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਬਾਲਯੋਗੀ ਬਾਬਾ ਪ੍ਰਗਟ ਨਾਥ ਜੀ ਚੇਅਰਮੈਨ ਅਡਵਾਇਜ਼ਰੀ ਬੋਰਡ ਭਗਵਾਨ ਵਾਲਮੀਕਿ ਤੀਰਥ ਸਥਲ ਸ਼ਰਾਇਨ ਬੋਰਡ, ਸ੍ਰੀ ਅੰਮ੍ਰਿਤਸਰ ਸਾਹਿਬ ਨੇ ਕਿਹਾ ਸਮਤਾ, ਸਮਾਨਤਾ ਅਤੇ ਭਾਈਚਾਰਕ ਸਾਂਝ ਮਜ਼ਬੂਤ ਕਰਨ ਲਈ ਸਥਾਪਿਤ ਕੀਤੇ ਆਦਿ ਧਰਮ ਦੇ 100 ਸਾਲਾ ਸਥਾਪਨਾ ਦਿਵਸ



ਸਮਾਗਮਾਂ ਵਿਚ ਸਮੂਹ ਸੰਤ ਸਮਾਜ ਅਤੇ ਸੰਗਤਾਂ ਹੁੰਮ ਹੁਮਾ ਕੇ ਪਹੁੰਚਣ ਅਤੇ ਗੁਰੂਆਂ ਰਹਿਬਰਾਂ ਦੀ ਕ੍ਰਾਂਤੀਕਾਰੀ ਵਿਚਾਰਧਾਰਾ ਨੂੰ ਘਰ ਘਰ ਪਹੁੰਚਾਉਣ। ਇਸ ਮੌਕੇ ਸੰਤ ਸਤਵਿੰਦਰ ਹੀਰਾ ਸ੍ਰੀ ਗੁਰੂ ਰਵਿਦਾਸ ਇਤਿਹਾਸਕ ਧਰਮ ਅਸਥਾਨ ਚਰਨਛੋਹ ਸੱਚਖੰਡ ਬੇਗਮਪੁਰਾ ਸ੍ਰੀ ਖੁਰਾਲਗੜ੍ਹ ਸਾਹਿਬ (ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਰਜਿ.ਭਾਰਤ) ਅਤੇ ਮਹੰਤ ਪ੍ਰਸ਼ੋਤਮ ਲਾਲ ਗੱਦੀ ਨਸ਼ੀਨ ਇਤਿਹਾਸਕ ਦੇਹਰਾ ਸ੍ਰੀ ਗੁਰੂ ਰਵਿਦਾਸ ਮੰਦਿਰ ਸੱਚਖੰਡ ਚੱਕ ਹਕੀਮ ਫਗਵਾੜਾ, ਕੈਪਟਨ ਬੀ ਆਰ ਨਈਅਰ ਸੀਨੀ.ਐਗਜ਼ਿਕਟਿਵ ਮੈਂਬਰ ਆਦਿ ਧਰਮ ਐਕਸ਼ਨ ਕਮੇਟੀ ਬਰਮਿੰਘਮ ਯੂ ਕੇ, ਓ ਪੀ ਰਾਣਾ ਮੀਡੀਆ ਇੰਚਾਰਜ ਨੇ ਬਾਬਾ ਬਾਲਯੋਗੀ ਪ੍ਰਗਟ ਨਾਥ ਨੂੰ ਆਦਿ ਧਰਮ ਸਮਾਗਮਾਂ ਵਿੱਚ ਸ਼ਾਮਲ ਹੋਣ ਲਈ ਸੱਦਾ ਪੱਤਰ ਦਿੱਤਾ। ਸੰਤ ਸਤਵਿੰਦਰ ਹੀਰਾ,ਮਹੰਤ ਪ੍ਰਸ਼ੋਤਮ ਲਾਲ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਮਹਾਨ ਆਦਿ ਧਰਮ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਡੇਰਾ 108 ਸੰਤ ਮੇਲਾ ਰਾਮ ਨਗਰ (ਫਿਲੌਰ ) ਵਿਖੇ ਸੰਤ ਸਰਵਣ ਦਾਸ ਜੀ ਮਹਾਰਾਜ ਬੋਹਣ ਵਾਲਿਆਂ ਦੀ ਰਹਿਨੁਮਾਈ ਅਤੇ ਸੰਤ ਪਰਮਜੀਤ ਦਾਸ ਜੀ ਨਗਰ ਵਾਲਿਆਂ ਦੀ ਦੇਖ ਰੇਖ ਹੇਠ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਲੋਂ ਬਹੁਤ ਸ਼ਰਧਾ ਪੂਰਵਕ ਮਨਾਏ ਜਾਣਗੇ।

## ਭਗਤ ਸਿੰਘ ਦੇ ਜਨਮ ਦਿਹਾੜੇ 'ਤੇ 60 ਲੋਕਾਂ ਨੇ ਕੀਤਾ ਖ਼ੂਨਦਾਨ



ਡੇਰਾਬੱਸੀ (ਵਿਨੈ ਕੁਮਾਰ ਜੈਨ)-ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ ਦਿਹਾੜੇ ਦੇ ਮੌਕੇ 'ਤੇ ਪ੍ਰਾਪਰਟੀ ਡੀਲਰਜ਼ ਐਂਡ ਬਿਲਡਰਜ਼ ਐਸੋਸੀਏਸ਼ਨ ਅਤੇ ਭਾਰਤ ਵਿਕਾਸ ਪ੍ਰੀਸ਼ਦ ਵਿਵੇਕਾਨੰਦ ਵੱਲੋਂ ਡੇਰਾਬੱਸੀ ਦੇ ਕਮਿਊਨਿਟੀ ਹਾਲ ਵਿਖੇ ਇੱਕ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਵਿੱਚ ਇੰਡਸ ਹਸਪਤਾਲ ਡੇਰਾਬੱਸੀ ਦੀ ਟੀਮ ਨੇ ਖ਼ੂਨ ਇਕੱਤਰ ਕਰਨ ਲਈ ਆਪਣੀਆਂ ਸੇਵਾਵਾਂ ਦਿੱਤੀਆਂ। ਕੈਂਪ ਦੌਰਾਨ ਕੁੱਲ 60 ਲੋਕਾਂ ਨੇ ਉਤਸ਼ਾਹ ਨਾਲ ਖ਼ੂਨਦਾਨ ਕੀਤਾ। ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ਡੇਰਾਬੱਸੀ ਹਲਕੇ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਸ਼ਿਰਕਤ ਕੀਤੀ। ਉਨ੍ਹਾਂ ਖ਼ੂਨਦਾਨੀਆਂ ਦਾ ਹੌਸਲਾ ਵਧਾਉਂਦਿਆਂ ਕਿਹਾ ਕਿ ਖ਼ੂਨਦਾਨ ਮਾਨਵਤਾ ਦੀ ਸੇਵਾ ਦਾ ਇੱਕ ਬਹੁਤ ਹੀ ਮਹੱਤਵਪੂਰਨ ਕਾਰਜ ਹੈ। ਉਨ੍ਹਾਂ ਲੋਕਾਂ ਨੂੰ ਨਿਯਮਿਤ ਤੌਰ 'ਤੇ ਖ਼ੂਨਦਾਨ ਕਰਨ ਅਤੇ ਦੂਜਿਆਂ ਨੂੰ ਵੀ ਇਸ ਲਈ ਪ੍ਰੇਰਿਤ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਨਗਰ ਕੌਂਸਲ ਪ੍ਰਧਾਨ ਆਸ਼ੂ ਉਪਨੇਜਾ, ਕੌਂਸਲਰ ਨਰੇਸ਼ ਉਪਨੇਜਾ, ਵਾਈਸ ਪ੍ਰਧਾਨ ਦਵਿੰਦਰ ਸਿੰਘ ਸੈਣੀ, ਕੌਂਸਲਰ ਦਵਿੰਦਰ ਸਿੰਘ ਅਤੇ ਮਾਸਟਰ ਕਰਮ ਸਿੰਘ ਸਮੇਤ ਹੋਰ ਮੁੱਖ ਸ਼ਖਸੀਅਤਾਂ ਵੀ ਹਾਜ਼ਰ ਸਨ।

# ਸ਼ੇਰੋਵਾਲੀਆ ਵੱਲੋਂ ਨੁੱਕੜ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ



ਸ਼ਾਹਕੋਟ (ਅਮਨਦੀਪ ਸੈਦਪੁਰੀ)-ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਵੱਲੋਂ ਪਿਛਲੇ ਕਾਫੀ ਦਿਨਾਂ ਤੋਂ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਨੁੱਕੜ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ।ਬੀਤੇ ਦਿਨ ਸ਼ੇਰੋਵਾਲੀਆ ਵੱਲੋਂ ਪਿੰਡ ਧਰਮੀਵਾਲ ਦੇ ਸਾਬਕਾ ਸਰਪੰਚ ਅਤੇ ਬਲਾਕ ਸੰਮਤੀ ਮੈਂਬਰ ਸਵਰਨ ਸਿੰਘ ਧਰਮੀਵਾਲ ਦੇ ਗ੍ਰਹਿ ਵਿਖੇ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਪਿੰਡ ਵਾਸੀਆਂ ਵੱਲੋਂ ਸ਼ੇਰੋਵਾਲੀਆ ਨੂੰ ਵਿਸ਼ਵਾਸ ਦਿਵਾਇਆ ਗਿਆ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਪਿੰਡ ਧਰਮੀਵਾਲ ਤੋਂ ਪਹਿਲਾਂ ਵਾਂਗ ਵੱਧ ਤੋਂ ਵੱਧ ਵੋਟਾਂ ਪਵਾ ਕੇ ਜਿੱਤ ਵਿੱਚ ਯੋਗਦਾਨ ਪਾਇਆ ਜਾਵੇਗਾ। ਇਸ ਮੌਕੇ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਨੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਮੌਕੇ 'ਤੇ ਹੀ ਸਬੰਧਿਤ ਅਧਿਕਾਰੀਆਂ ਨੂੰ ਹੱਲ ਕਰਵਾਉਣ ਲਈ ਹਦਾਇਤ ਕੀਤੀ। ਉਨ੍ਹਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਉਹ ਕਦੇ ਝੂਠ ਦੀ ਰਾਜਨੀਤੀ ਨਹੀਂ ਕਰਦੇ। ਉਹਨਾ ਕਿਹਾ ਕਿ 2027 ਵਿੱਚ ਕਾਂਗਰਸ ਦੀ ਸਰਕਾਰ ਬਣੇਗੀ ਅਤੇ ਪਿੰਡ ਧਰਮੀਵਾਲ ਦੇ ਰਹਿੰਦੇ ਵਿਕਾਸ ਕਾਰਜ ਮੁਕੰਮਲ ਕੀਤੇ ਜਾਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੋਨੂੰ ਕੰਗ ਪੀ.ਏ, ਕੁਲਦੀਪ ਰਾਮ ਸਰਪੰਚ, ਸ਼ੀਤਲ ਸਿੰਘ, ਅਮਰੀਕ ਸਿੰਘ ਪੰਚ, ਗੁਰਦੇਵ ਸਿੰਘ ਪੰਚ, ਇੰਦਰਜੀਤ ਸਿੰਘ, ਗੁਰਮੁਖ ਸਿੰਘ, ਜਸਵੀਰ ਸਿੰਘ ਖਾਲਸਾ, ਹਰਪਿੰਦਰ ਸਿੰਘ, ਮਨਦੀਪ ਸਿੰਘ, ਬਲਵਿੰਦਰ ਸਿੰਘ ਦਿਉਲ, ਬਲਵਿੰਦਰ ਸਿੰਘ ਖਾਲਸਾ, ਸੰਦੀਪ ਸਿੰਘ ਸੁਖਵਿੰਦਰ ਸਿੰਘ ਆਦਿ ਮੌਜੂਦ ਸਨ।

## ਰੇਲ ਗੱਡੀ ਦੀ ਲਪੇਟ 'ਚ ਆਉਣ ਨਾਲ ਨੌਜਵਾਨ ਦੀ ਮੌਤ

ਡੇਰਾਬੱਸੀ (ਵਿਨੈ ਕੁਮਾਰ ਜੈਨ)-ਡੇਰਾਬੱਸੀ ਖੇਤਰ ਅਧੀਨ ਪੈਂਦੇ ਰੇਲਵੇ ਸਟੇਸ਼ਨ ਘੱਗਰ-ਚੰਡੀਗੜ੍ਹ ਨੇੜੇ ਰੇਲ ਗੱਡੀ ਦੀ ਲਪੇਟ ਵਿੱਚ ਆਉਣ ਕਾਰਨ ਇੱਕ ਅਣਪਛਾਤੇ ਨੌਜਵਾਨ ਦੀ ਮੌਤ ਹੋ ਗਈ। ਘਟਨਾ 27 ਸਤੰਬਰ ਦੀ ਰਾਤ ਕਰੀਬ 11:10 ਵਜੇ ਦੀ ਦੱਸੀ ਜਾ ਰਹੀ ਹੈ। ਰੇਲਵੇ ਪੁਲਿਸ ਵੱਲੋਂ ਮ੍ਰਿਤਕ ਦੀ ਪਛਾਣ ਕਰਵਾਉਣ ਲਈ ਡੇਰਾਬਸੀ ਦੇ ਸਿਵਲ ਹਸਪਤਾਲ ਦੇ ਮੁਰਦਾ ਘਰ ਵਿੱਚ ਰੱਖੀ ਗਈ ਹੈ। ਮਾਮਲੇ ਦੀ ਜਾਂਚ ਕਰ ਰਹੇ ਏ.ਐੱਸ.ਆਈ. ਗੁਰਜਿੰਦਰ ਸਿੰਘ ਵੱਲੋਂ ਦਿੱਤੀ ਜਾਣਕਾਰੀ ਮੁਤਾਬਕ ਮ੍ਰਿਤਕ ਦੀ ਉਮਰ ਕਰੀਬ 25 ਤੋਂ 30 ਸਾਲ ਦੱਸੀ ਗਈ ਹੈ। ਫਿਲਹਾਲ ਉਸ ਦੀ ਪਛਾਣ ਸਬੰਧੀ ਕੋਈ ਠੋਸ ਜਾਣਕਾਰੀ ਸਾਹਮਣੇ ਨਹੀਂ ਆ ਸਕੀ। ਮ੍ਰਿਤਕ ਦੀ ਸ਼ਨਾਖ਼ਤ ਨਾ ਹੋਣ ਕਾਰਨ ਪੁਲਿਸ ਨੇ ਲਾਸ਼ ਨੂੰ ਪਛਾਣ ਅਤੇ ਅਗਲੀ ਕਾਨੂੰਨੀ ਕਾਰਵਾਈ ਲਈ 72 ਘੰਟਿਆਂ ਵਾਸਤੇ ਸਿਵਲ ਹਸਪਤਾਲ ਦੀ ਮੋਰਚਰੀ ਵਿੱਚ ਰਖਵਾਇਆ ਹੈ। ਪੁਲਸ ਵੱਲੋਂ ਜਾਰੀ ਹੁਲੀਆ ਮੁਤਾਬਕ ਮ੍ਰਿਤਕ ਦਾ ਰੰਗ ਗੋਰਾ, ਸਿਰ ਦੇ ਵਾਲ ਅਤੇ ਮੁੱਛਾਂ ਕਾਲੀਆਂ ਹਨ। ਉਸ ਨੇ ਕਾਲੇ ਰੰਗ ਦੀ ਪੈਂਟ ਅਤੇ ਹੋਰ ਕੱਪੜੇ ਪਾਏ ਹੋਏ ਸਨ।

## ਡਾ. ਜਸਪ੍ਰੀਤ ਸਿੰਘ ਬੀਜਾ ਵੱਲੋਂ ਬਾਬਰਪੁਰ ਵਿਖੇ ਭਰਵੀਂ ਮੀਟਿੰਗ



**ਦੋਰਾਹਾ (ਹਰਮਿੰਦਰ ਸੇਠ)**-ਹਲਕਾ ਪਾਇਲ ਦੇ ਪਿੰਡ ਬਾਬਰਪੁਰ ਵਿਖੇ ਡਾ. ਜਸਪ੍ਰੀਤ ਸਿੰਘ ਬੀਜਾ ਵੱਲੋਂ ਇੱਕ ਭਰਵੀਂ ਮੀਟਿੰਗ ਕੀਤੀ ਗਈ।ਇਸ ਦੌਰਾਨ ਇਲਾਕੇ ਦੇ ਵਿਕਾਸ ਕਾਰਜਾਂ, ਖਾਸ ਕਰਕੇ ਸੜਕਾਂ ਨਾਲ ਸੰਬੰਧਤ ਕੰਮਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।ਡਾ. ਬੀਜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਅਨੁਸਾਰ ਹਲਕਾ ਪਾਇਲ ਦੀਆਂ ਸਾਰੀਆਂ ਸੜਕਾਂ ਨਾਲ ਸੰਬੰਧਤ ਰਹਿੰਦੇ ਕੰਮ ਜਲਦ ਮੁਕੰਮਲ ਕਰਨ ਲਈ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬਿਹਤਰ ਆਵਾਜਾਈ ਸਹੂਲਤਾਂ ਮੁਹੱਈਆ ਕਰਵਾਉਣ ਲਈ ਸੰਬੰਧਤ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਲਿਆ ਜਾ ਰਿਹਾ ਹੈ।ਇਸ ਮੌਕੇ ਰਵੀ ਸਿੰਘ ਜੌਹਲ, ਸੁਖਪਾਲ ਸਿੰਘ, ਨਿਰਧੋਲ ਸਿੰਘ, ਜਸਵੀਰ ਸਿੰਘ, ਭੋਲਾ ਜੀ (ਸਾਬਕਾ ਪੀ ਐਸ ਪੀ ਸੀ ਐਲ), ਨੋਨੀ, ਪ੍ਰਦੀਪ ਸਿੰਘ, ਦਲੇਰ ਸਿੰਘ, ਪਿਆਰਾ ਸਿੰਘ, ਗੁਰੀ, ਸ਼ੈਲੂ ਸਿੰਘ, ਗਗਨਦੀਪ, ਗੁਰਪ੍ਰੀਤ ਸਿੰਘ ਅਤੇ ਰਾਮਜੀਤ ਸਿੰਘ ਸਮੇਤ ਹੋਰ ਪਤਵੰਤੇ ਅਤੇ ਸਥਾਨਕ ਵਸਨੀਕ ਹਾਜ਼ਰ ਸਨ।ਡਾ. ਬੀਜਾ ਵੱਲੋਂ ਪਿੰਡ ਪੱਧਰ 'ਤੇ ਮੀਟਿੰਗਾਂ ਕਰਕੇ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਵਿਕਾਸ ਕਾਰਜਾਂ ਸੰਬੰਧੀ ਫੀਡਬੈਕ ਲੈਣ ਦਾ ਸਿਲਸਿਲਾ ਜਾਰੀ ਹੈ। ਹਾਲ ਹੀ ਵਿੱਚ ਵੀ ਉਨ੍ਹਾਂ ਵੱਲੋਂ ਹਲਕਾ ਪਾਇਲ ਦੇ ਵੱਖ-ਵੱਖ ਪਿੰਡਾਂ ਵਿੱਚ ਵਰਕਰਾਂ ਅਤੇ ਸਥਾਨਕ ਲੋਕਾਂ ਨਾਲ ਮੀਟਿੰਗਾਂ ਕੀਤੀਆਂ ਗਈਆਂ ਹਨ।

## ਬੰਗੜ ਸੁਪਰ ਸਪੈਸ਼ਲਿਟੀ ਹਸਪਤਾਲ ਵੱਲੋਂ ਖ਼ੂਨਦਾਨ ਕੈਂਪ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਬੰਗੜ ਸੁਪਰ ਸਪੈਸ਼ਲਿਟੀ ਹਸਪਤਾਲ ਫਿਰੋਜ਼ਪੁਰ ਵੱਲੋਂ 'ਲਾਇਨਜ਼ ਕਲੱਬ ਆਸ਼ੀਰਵਾਦ, ਫਿਰੋਜ਼ਪੁਰ' ਤੇ 'ਅਨਿਲ ਬਾਗੀ ਬਲੱਡ ਬੈਂਕ' ਦੇ ਸਹਿਯੋਗ ਨਾਲ ਖ਼ੂਨਦਾਨ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਲੋਕਾਂ ਨੇ ਉਤਸ਼ਾਹ ਨਾਲ ਹਿੱਸਾ ਲੈਂਦਿਆਂ ਕੁੱਲ 72 ਯੂਨਿਟ ਖੂਨ ਦਾਨ ਕੀਤਾ। ਇਸ ਮੌਕੇ ਬੰਗੜ ਸੁਪਰ ਸਪੈਸ਼ਲਿਟੀ ਹਸਪਤਾਲ ਦੀ ਬਲਜੀਤ ਕੌਰ ਬੰਗੜ ਤੇ ਐੱਮ.ਡੀ. ਆਸ਼ੂ ਬੰਗੜ ਨੇ ਖ਼ੂਨਦਾਨੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਖ਼ੂਨਦਾਨ ਇੱਕ ਮਹਾਨ ਸਮਾਜਿਕ ਸੇਵਾ ਹੈ। ਇੱਕ ਯੂਨਿਟ ਖੂਨ ਕਿਸੇ ਲੋੜਵੰਦ ਮਰੀਜ਼ ਦੀ ਜ਼ਿੰਦਗੀ ਬਚਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਅ ਸਕਦਾ ਹੈ। ਉਨ੍ਹਾਂ ਨੇ ਲੋਕਾਂ ਨੂੰ ਨਿਯਮਿਤ ਤੌਰ 'ਤੇ ਖੂਨ ਦਾਨ ਕਰਨ ਲਈ ਪ੍ਰੇਰਿਤ ਕੀਤਾ। ਕੈਂਪ ਨੂੰ ਸਫਲ ਬਣਾਉਣ ਵਿੱਚ ਬੰਗੜ ਹਸਪਤਾਲ ਦੀ ਟੀਮ ਵੱਲੋਂ ਮੈਨੇਜਰ ਸਰਬਜੀਤ ਸਿੰਘ ਤੇ ਐਡਮਿਨ ਅਫਜ਼ਲ ਮਸੀਹ ਨੇ ਵਿਸ਼ੇਸ਼ ਭੂਮਿਕਾ ਨਿਭਾਈ। ਲਾਇਨਜ਼ ਕਲੱਬ ਆਸ਼ੀਰਵਾਦ ਵੱਲੋਂ ਪ੍ਰਧਾਨ ਡਾ. ਨਿਰਮਲ ਜੋਸ਼ੀ, ਸਕੱਤਰ ਜਤਿੰਦਰ ਮਨਿਕਾ, ਖਜ਼ਾਨਚੀ ਸੰਤੋਖ ਟੱਖੀ ਤੇ ਪੀ.ਆਰ.ਓ. ਐਡਵੋਕੇਟ ਸੰਦੀਪ ਸ਼ਰਮਾ ਨੇ ਕੈਂਪ ਦੇ ਪ੍ਰਬੰਧਾਂ ਵਿੱਚ ਸਹਿਯੋਗ ਦਿੱਤਾ ਤੇ ਖ਼ੂਨਦਾਨੀਆਂ ਦਾ ਹੌਸਲਾ ਵਧਾਇਆ। ਅਨਿਲ ਬਾਗੀ ਬਲੱਡ ਬੈਂਕ ਵੱਲੋਂ ਸੁਪਰਵਾਈਜ਼ਰ ਰਵਿੰਦਰ ਸਿੰਘ (ਰਵੀ) ਤੇ ਉਨ੍ਹਾਂ ਦੀ ਟੀਮ ਨੇ ਖੂਨ ਇਕੱਠਾ ਕਰਨ ਤੇ ਕੈਂਪ ਦੀਆਂ ਮੈਡੀਕਲ ਪ੍ਰਕਿਰਿਆਵਾਂ ਨੂੰ ਸੁਚਾਰੂ ਢੰਗ ਨਾਲ ਸੰਪੰਨ ਕੀਤਾ। ਬੰਗੜ ਸੁਪਰ ਸਪੈਸ਼ਲਿਟੀ ਹਸਪਤਾਲ ਪ੍ਰਬੰਧਨ ਨੇ ਸਾਰੇ ਖ਼ੂਨਦਾਨੀਆਂ, ਲਾਇਨਜ਼ ਕਲੱਬ ਆਸ਼ੀਰਵਾਦ ਅਤੇ ਅਨਿਲ ਬਾਗੀ ਬਲੱਡ ਬੈਂਕ ਦੀ ਟੀਮ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਅਜਿਹੇ ਸਮਾਜ ਸੇਵੀ ਉਪਰਾਲੇ ਭਵਿੱਖ ਵਿੱਚ ਵੀ ਜਾਰੀ ਰੱਖੇ ਜਾਣਗੇ।

## ਉਪਵੈਦ ਬੇਰੁਜ਼ਗਾਰ ਯੂਨੀਅਨ ਵੱਲੋਂ ਸਿਹਤ ਮੰਤਰੀ ਦੇ ਘਰ ਦਾ ਘੇਰਾਓ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਉਪ ਵੈਦ ਬੇਰੁਜ਼ਗਾਰ ਯੂਨੀਅਨ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਸਿਹਤ ਮੰਤਰੀ ਡਾਕਟਰ ਬਲਬੀਰ ਸਿੰਘ ਦੀ ਕੋਠੀ ਦਾ ਘਿਰਾਓ ਕੀਤਾ ਗਿਆ ਤੇ 11 ਸਾਲਾਂ ਤੋਂ ਉਪ-ਵੈਦ ਦੀਆਂ ਪੋਸਟਾਂ ਨਾ ਕੱਢੇ ਜਾਣ 'ਤੇ ਰੋਸ ਪ੍ਰਦਰਸ਼ਨ ਜ਼ਾਹਰ ਕੀਤਾ। ਇਸ ਮੌਕੇ ਪਟਿਆਲਾ ਦੇ ਤਹਿਸੀਲਦਾਰ ਗਗਨਦੀਪ ਸਿੰਘ ਵੱਲੋਂ 1-10-2026 ਨੂੰ ਸਿਹਤ ਮੰਤਰੀ ਨਾਲ ਪੈਨਲ ਮੀਟਿੰਗ ਦਾ ਪ੍ਰੋਗਰਾਮ ਯੂਨੀਅਨ ਨੂੰ ਲਿਖਤੀ ਰੂਪ ਵਿੱਚ ਪ੍ਰਦਾਨ ਕੀਤਾ ਗਿਆ ਤੇ ਭਰੋਸਾ ਦਿਵਾਇਆ ਕਿ ਜਲਦ ਹੀ ਪੋਸਟਾਂ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇਗਾ। ਇਸ ਮੌਕੇ ਯੂਨੀਅਨ ਦੇ ਵੱਖ ਵੱਖ ਆਗੂ ਰਵਿੰਦਰ ਸਿੰਘ ਬ੍ਰਹੀ, ਸੂਬਾ ਪ੍ਰਧਾਨ ਰਵਿੰਦਰ ਸਿੰਘ ਘੱਗਾ, ਸੂਬਾ ਮੀਤ ਪ੍ਰਧਾਨ ਅਵੀ ਕੁਮਾਰ, ਫਾਜ਼ਿਲਕਾ ਜ਼ਿਲ੍ਹਾ ਪ੍ਰਧਾਨ ਕਮਲਜੀਤ ਸਿੰਘ, ਜ਼ਿਲ੍ਹਾ ਪ੍ਰਧਾਨ ਬਠਿੰਡਾ ਸੁਮਨ, ਜੋਤੀ ਰਾਣੀ, ਰਿਧੀ ਰਾਣੀ ਆਦਿ ਹਾਜ਼ਰ ਸਨ। ਸੂਬਾ ਯੂਨੀਅਨ ਦੇ ਪ੍ਰਧਾਨਾਂ ਤੇ ਸਾਥੀਆਂ ਨੇ ਰੋਸ ਪ੍ਰਦਰਸ਼ਨ ਦੌਰਾਨ ਚੇਤਾਵਨੀ ਦਿੱਤੀ ਕਿ ਜੇਕਰ 1-10-2026 ਨੂੰ ਸਿਹਤ ਮੰਤਰੀ ਪੈਨਲ ਮੀਟਿੰਗ ਵਿੱਚ ਪੋਸਟਾਂ ਦੇ ਨੋਟੀਫਿਕੇਸ਼ਨ ਜਾਰੀ ਕਰਵਾਉਣ ਦਾ ਫੈਸਲਾ ਨਹੀਂ ਲੈਂਦੇ ਤਾਂ ਆਉਣ ਵਾਲੇ ਦਿਨਾਂ ਵਿੱਚ ਯੂਨੀਅਨ ਵੱਲੋਂ ਸਿਹਤ ਮੰਤਰੀ ਖਿਲਾਫ ਸੰਘਰਸ਼ ਨੂੰ ਤੇਜ਼ ਕੀਤਾ ਜਾਵੇਗਾ।

## ਅੱਖਾਂ ਦਾ ਮੁਫ਼ਤ ਜਾਂਚ ਤੇ ਅਪ੍ਰੇਸ਼ਨ ਕੈਂਪ ਲਗਾਇਆ



**ਰਾਏਕੋਟ (ਇਕਬਾਲ ਸਿੰਘ ਵੈਰੂਵਾਲੀ)**-ਮੰਦਰ ਸ਼ਿਵਾਲਾ ਮੰਦਰ (ਤਲਾਬ ਵਾਲਾ ਮੰਦਰ) ਦੀ ਪ੍ਰਬੰਧਕੀ ਕਮੇਟੀ ਵੱਲੋਂ ਅੱਖਾਂ ਦਾ ਜਾਂਚ ਅਤੇ ਅਪ੍ਰੇਸ਼ਨ ਕੈਂਪ ਆਈ ਕੇਅਰ ਸੈਂਟਰ ਕੈਂਥ ਕਲੋਨੀ ਰਾਏਕੋਟ ਦੇ ਵਿਸ਼ੇਸ਼ ਸਹਿਯੋਗ ਨਾਲ ਲਗਾਇਆ ਗਿਆ।ਕੈਂਪ ਦਾ ਉਦਘਾਟਨ ਮੰਦਰ ਕਮੇਟੀ ਪ੍ਰਧਾਨ ਇੰਦਰਪਾਲ ਗੋਲਡੀ ਵੱਲੋਂ ਕੀਤਾ ਗਿਆ।ਕੈਂਪ ਦੌਰਾਨ ਅੱਖਾਂ ਦੇ ਮਾਹਰ ਡਾਕਟਰ ਬਲਵਿੰਦਰ ਸਿੰਘ ਵੱਲੋ 152 ਮਰੀਜ਼ਾਂ ਦੀ ਜਾਂਚ ਕੀਤੀ ਗਈ ਤੇ ਲੋੜਵੰਦ ਮਰੀਜ਼ਾਂ ਨੂੰ ਦਵਾਈਆਂ ਤੇ ਐਨਕਾਂ ਦਿੱਤੀਆਂ ਗਈਆਂ।ਕੈਂਪ ਵਿੱਚ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦੀ ਅੱਖਾਂ ਦੀ ਜਾਂਚ, ਬਿਮਾਰੀਆਂ ਦੀ ਪਛਾਣ ਤੇ ਅਗਲੇ ਇਲਾਜ ਸਬੰਧੀ ਜ਼ਰੂਰੀ ਸਲਾਹ ਦਿੱਤੀ ਗਈ।ਕੈਂਪ ਦੇ ਸਫਲ ਆਯੋਜਨ ਲਈ ਪ੍ਰਬੰਧਕਾਂ ਵੱਲੋਂ ਡਾਕਟਰੀ ਟੀਮ, ਸਹਿਯੋਗੀਆਂ ਤੇ ਸਮੂਹ ਸੇਵਾਦਾਰਾਂ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਡਾ. ਸਿਕੰਦਰ ਕੁਮਾਰ, ਅਸ਼ੋਕ ਕਨੌਜੀਆ, ਕਮਲੇਸ਼ ਗੋਗਨਾ, ਮੀਤ ਪ੍ਰਧਾਨ ਪ੍ਰਦੀਪ ਜੈਨ, ਰਮਨ ਚੋਪੜਾ, ਸੈਕਟਰੀ ਰਾਜ ਕੁਮਾਰ ਸਿੰਗਲਾ, ਖ਼ਜ਼ਾਨਚੀ ਰਜਨੀਸ਼ ਗੁਪਤਾ, ਸੱਤਪਾਲ ਵਰਮਾ, ਪ੍ਰਭਜੋਤ ਸਿੰਘ ਹਾਜ਼ਰ ਸਨ।

## ਵਿਧਾਇਕ ਸੇਖੋਂ ਨੇ ਰਾਜਸਥਾਨ ਫੀਡਰ ਕੈਨਾਲ ਦੇ ਸੁਰੱਖਿਆ ਕਾਰਜਾਂ ਦਾ ਰੱਖਿਆ ਨੀਂਹ ਪੱਥਰ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਲੋਕਾਂ ਦੀ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਵਿਧਾਇਕ ਫ਼ਰੀਦਕੋਟ ਗੁਰਦਿੱਤ ਸਿੰਘ ਸੇਖੋਂ ਵੱਲੋਂ ਚਹਿਲ ਰੋਡ ਵਿਖੇ ਰਾਜਸਥਾਨ ਫੀਡਰ ਕੈਨਾਲ ਤੇ ਸੁਰੱਖਿਆ ਕਾਰਜਾਂ ਨੀਂਹ ਪੱਥਰ ਰੱਖਿਆ ਗਿਆ।ਉਨ੍ਹਾਂ ਦੱਸਿਆ ਕਿ ਇਸ ਪ੍ਰਾਜੈਕਟ 'ਤੇ ਲਗਭਗ ?2.47 ਕਰੋੜ ਦੀ ਲਾਗਤ ਆਵੇਗੀ।ਇਸ ਮੌਕੇ ਵਿਧਾਇਕ ਸੇਖੋਂ ਨੇ ਕਿਹਾ ਕਿ ਨਹਿਰਾਂ ਦੀ ਸੁਰੱਖਿਆ ਅਤੇ ਮਜ਼ਬੂਤੀ ਲਈ ਇਹ ਕਾਰਜ ਬੇਹੱਦ ਮਹੱਤਵਪੂਰਨ ਹਨ।ਉਨ੍ਹਾਂ ਕਿਹਾ ਕਿ ਰਾਜਸਥਾਨ ਫੀਡਰ ਕੈਨਾਲ 'ਤੇ ਰੇਲਿੰਗ ਨਾ ਹੋਣ ਕਾਰਨ ਕਈ ਵਾਰ ਦੁਰਘਟਨਾਵਾਂ ਹੋ ਜਾਂਦੀਆਂ ਸਨ ਅਤੇ ਕੀਮਤੀ ਜਾਨਾਂ ਚਲੀਆਂ ਜਾਂਦੀਆਂ ਸਨ।ਲੋਕਾਂ ਦੀ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਰੇਲਿੰਗ ਦਾ ਕੰਮ ਸ਼ੁਰੂ ਕਰਵਾਇਆ ਜਾ ਰਿਹਾ ਹੈ।ਇਨ੍ਹਾਂ ਕੰਮਾਂ ਨਾਲ ਨਹਿਰੀ ਢਾਂਚੇ ਨੂੰ ਹੋਰ ਮਜ਼ਬੂਤੀ ਮਿਲੇਗੀ ਅਤੇ ਇਲਾਕੇ ਦੇ ਲੋਕਾਂ ਨੂੰ ਵੀ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਵਿੱਚ ਮਦਦ ਮਿਲੇਗੀ।ਉਨ੍ਹਾਂ ਇਸ ਉਪਰਾਲੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ।ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਅਮਨਦੀਪ ਸਿੰਘ, ਜਗਮੋਹਨ ਸਿੰਘ ਲੱਕੀ ਚੇਅਰਮੈਨ ਪੀ.ਏ.ਡੀ.ਬੀ, ਪ੍ਰਧਾਨ ਨਗਰ ਕੌਂਸਲ ਬਲਜਿੰਦਰ ਸਿੰਘ ਬੱਬੂ ਅਹੂਜਾ, ਰਜਿੰਦਰਦਾਸ ਰਿੰਕੂ ਚੇਅਰਮੈਨ ਸਪੋਰਟਸ ਵੈਲਫੇਅਰ ਬੋਰਡ, ਅਤੁਲ ਗੋਇਲ ਚੇਅਰਮੈਨ ਅਗਰਵਾਲ ਵੈਲਫੇਅਰ ਬੋਰਡ, ਜਗਤਾਰ ਸਿੰਘ ਤਾਰੀ ਐਮ.ਸੀ, ਜਗਜੀਰ ਸਿੰਘ ਜੱਗਾ ਐਮ.ਸੀ, ਸੁਖਵਿੰਦਰ ਸਿੰਘ ਸੁੱਖਾ, ਕੇਵਲ ਸਿੰਘ ਐਮ.ਸੀ, ਮਾਸਟਰ ਅਮਰਜੀਤ ਸਿੰਘ, ਲਵਪ੍ਰੀਤ ਸਿੰਘ ਕਾਬਲਵਾਲਾ ਤੋਂ ਇਲਾਵਾ ਇਲਾਕਾ ਨਿਵਾਸੀ ਹਾਜ਼ਰ ਸਨ।

## ਆਰੀਅਨਜ਼ ਕਾਲਜ ਵਿਖੇ ਵਿਸ਼ਵ ਫਾਰਮੇਸੀ ਹ਼ਫਤਾ ਮਨਾਇਆ




**ਰਾਜਪੁਰਾ (ਰਮੇਸ਼ ਕਟਾਰੀਆ)**-ਚੰਡੀਗੜ੍ਹ ਨੇੜੇ ਰਾਜਪੁਰਾ ਸਥਿਤ ਆਰੀਅਨਜ਼ ਕਾਲਜ ਆਫ਼ ਫਾਰਮੇਸੀ ਨੇ ਅਕਾਦਮਿਕ ਸੈਸ਼ਨਾਂ, ਵਿਦਿਆਰਥੀ ਮੁਕਾਬਲਿਆਂ ਤੇ ਭਾਈਚਾਰਕ ਜਾਗਰੂਕਤਾ ਗਤੀਵਿਧੀਆਂ ਨਾਲ 'ਵਿਸ਼ਵ ਫਾਰਮੇਸੀ ਹ਼ਫਤਾ 2026' ਮਨਾਇਆ।ਇਸ ਹ਼ਫਤੇ ਦੌਰਾਨ ਸਿਹਤ ਸੰਭਾਲ ਵਿੱਚ ਫਾਰਮਾਸਿਸਟਾਂ ਦੀ ਭੂਮਿਕਾ ਤੇ ਐਂਟੀ-ਮਾਈਕਰੋਬਾਇਲ ਰੋਧਕਤਾ (ਏ ਐੱਮ ਆਰ) ਬਾਰੇ ਜਾਗਰੂਕਤਾ ਵਧਾਉਣ ਦੀ ਲੋੜ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ।ਪੀ ਜੀ ਆਈ ਐੱਮ ਈ ਆਰ ਦੇ ਡਾ. ਬਿਕਾਸ਼ ਮੇਧੀ ਨੇ 17 ਸਤੰਬਰ ਨੂੰ ਇਨ੍ਹਾਂ ਸਮਾਗਮਾਂ ਦੀ ਸ਼ੁਰੂਆਤ ਕੀਤੀ।ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਨੇ ਦਵਾਈਆਂ ਦੀ ਸੁਰੱਖਿਅਤ ਤੇ ਜ਼ਿੰਮੇਵਾਰ ਵਰਤੋਂ ਨੂੰ ਉਤਸ਼ਾਹਤ ਕਰਨ ਵਿੱਚ ਫਾਰਮਾਸਿਸਟਾਂ ਦੀ ਮਹੱਤਤਾ ਬਾਰੇ ਚਰਚਾ ਕੀਤੀ।ਹ਼ਫਤੇ ਭਰ, ਵਿਦਿਆਰਥੀਆਂ ਨੇ ਅਕਾਦਮਿਕ ਤੇ ਉਦਯੋਗਿਕ ਖੇਤਰ ਦੇ ਮਾਹਰਾਂ ਨਾਲ ਗੱਲਬਾਤ ਕੀਤੀ, ਜਿਨ੍ਹਾਂ ਵਿੱਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਪ੍ਰੋਫੈਸਰ ਡਾ. ਰਿਚਾ ਸ਼੍ਰੀ, ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਐਸੋਸੀਏਟ ਪ੍ਰੋਫੈਸਰ ਡਾ. ਡਿੰਪਲ ਸੇਠੀ ਚੋਪੜਾ, ਇੰਟੈਗ੍ਰਮ ਆਈ ਪੀ ਦੀ ਸੰਸਥਾਪਕ ਤੇ ਸੀਈਓ ਅਤੇ ਸਰਕਾਰੀ ਪੇਟੈਂਟ ਏਜੰਟ ਡਾ. ਸ਼ਵੇਤਾ ਸੇਨ, ਵਾਲੈਂਸ ਲੈਬ ਰਾਜਪੁਰਾ ਦੇ ਸੀਨੀਅਰ ਮੈਨੇਜਰ ਡਾ. ਓਂਕਾਰ ਸਿੰਘ ਅਤੇ ਚਿਤਕਾਰਾ ਯੂਨੀਵਰਸਿਟੀ ਪਟਿਆਲਾ ਦੀ ਸਹਾਇਕ ਪ੍ਰੋਫੈਸਰ ਤੇ ਖੋਜ ਵਿਦਵਾਨ ਗੁਰਬਿੰਦਰ ਕੌਰ ਸ਼ਾਮਲ ਸਨ।ਪਾਰੈਕਸਲ ਨੇ ਵੀ ਇਸ ਪ੍ਰੋਗਰਾਮ ਵਿੱਚ ਉਦਯੋਗਿਕ ਦ੍ਰਿਸ਼ਟੀਕੋਣ ਪੇਸ਼ ਕਰਕੇ ਆਪਣਾ ਯੋਗਦਾਨ ਪਾਇਆ।ਇਨ੍ਹਾਂ ਗਤੀਵਿਧੀਆਂ ਨੇ ਵਿਦਿਆਰਥੀਆਂ ਨੂੰ ਆਪਣੇ ਗਿਆਨ ਨੂੰ ਜਨਤਕ ਜਾਗਰੂਕਤਾ ਵਿੱਚ ਬਦਲਣ ਦੇ ਕਈ ਮੌਕੇ ਪ੍ਰਦਾਨ ਕੀਤੇ।ਇੱਕ 'ਫਾਰਮਾ ਕੁਇਜ਼' ਰਾਹੀਂ ਉਨ੍ਹਾਂ ਦੇ ਪੇਸ਼ੇਵਰ ਗਿਆਨ ਦੀ ਪਰਖ ਕੀਤੀ ਗਈ, ਜਦਕਿ ਨੁੱਕੜ ਨਾਟਕ, ਲੀਫਲੈਟ ਮੁਕਾਬਲੇ, ਸਾਈਟੂਨ ਮੁਕਾਬਲੇ ਤੇ ਪੋਸਟਰ ਪੇਸ਼ਕਾਰੀ ਨੇ ਉਨ੍ਹਾਂ ਨੂੰ ਰਚਨਾਤਮਕ ਢੰਗ ਨਾਲ ਸਿਹਤ ਸੰਬੰਧੀ ਸੰਦੇਸ਼ ਪਹੁੰਚਾਉਣ ਲਈ ਉਤਸ਼ਾਹਤ ਕੀਤਾ।ਏ ਐੱਮ ਆਰ ਜਾਗਰੂਕਤਾ ਰੈਲੀ ਰਾਹੀਂ ਵਿਦਿਆਰਥੀਆਂ ਨੇ ਐਂਟੀ-ਬਾਇਓਟਿਕਸ ਦੀ ਜ਼ਿੰਮੇਵਾਰ ਵਰਤੋਂ ਦਾ ਸੰਦੇਸ਼ ਕਲਾਸਰੂਮ ਤੋਂ ਬਾਹਰ ਲੋਕਾਂ ਤੱਕ ਪਹੁੰਚਾਇਆ। ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਪ੍ਰੋਫੈਸਰ ਡਾ. ਰਾਜੇਸ਼ ਕੁਮਾਰ ਗੋਇਲ ਨੇ ਸਮਾਪਤੀ ਸਮਾਰੋਹ ਦੀ ਅਗਵਾਈ ਕੀਤੀ।

# ਸਰਕਾਰ ਨੇ ਪੁਰਾਣੀ ਪੈਨਸ਼ਨ ਲਾਗੂ ਨਾ ਕਰਕੇ ਮੁਲਾਜ਼ਮਾਂ ਨਾਲ ਕੀਤਾ ਧੋਖਾ : ਗੁਰਜੰਟ ਕੋਕਰੀ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚਾ ਪੰਜਾਬ ਦੇ ਸੂਬਾ ਕਨਵੀਨਰ ਗੁਰਜੰਟ ਸਿੰਘ ਕੋਕਰੀ, ਕੋ ਕਨਵੀਨਰ ਟਹਿਲ ਸਿੰਘ ਸਰਾਭਾ, ਰਣਦੀਪ ਸਿੰਘ ਫਤਿਹਗੜ੍ਹ ਸਾਹਿਬ, ਦਰਸ਼ੀ ਕਾਂਤ ਰਾਜਪੁਰਾ, ਡਿੰਪਲ ਰੁਹੇਲਾ, ਕੰਵਲਜੀਤ ਸਿੰਘ ਰੋਪੜ ਆਗੂਆਂ ਵੱਲੋਂ ਸਾਂਝਾ ਪ੍ਰੈਸ ਨੋਟ ਜਾਰੀ ਕਰਦੇ ਹੋਏ ਪੰਜਾਬ ਸਰਕਾਰ ਦੇ ਪੁਰਾਣੀ ਪੈਨਸ਼ਨ ਸਕੀਮ ਸਬੰਧੀ ਦੋਗਲੇ ਮਾਪਦੰਡ ਦੀ ਨੀਤੀ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਉਨ੍ਹਾਂ ਦੱਸਿਆ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਭਗਵੰਤ ਸਿੰਘ ਮਾਨ ਵਲੋਂ ਪੰਜਾਬ ਦੇ ਐਨ ਪੀ ਐਸ ਮੁਲਾਜ਼ਮਾਂ ਨਾਲ 2022 ਦੀਆਂ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਤੋਂ ਪਹਿਲਾਂ ਵਾਅਦਾ ਕੀਤਾ ਗਿਆ ਸੀ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੇ ਐਨ ਪੀ ਐਸ ਪੈਨਸ਼ਨ ਸਕੀਮ ਬੰਦ ਕਰਕੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇਗੀ। ਪੰਜਾਬ ਦੇ ਮੁਲਾਜ਼ਮਾਂ ਦੇ ਸੰਘਰਸ਼ ਸਦਕਾ ਪੰਜਾਬ ਸਰਕਾਰ ਵੱਲੋਂ 18 ਨਵੰਬਰ 2022 ਨੂੰ ਪੁਰਾਣੀ ਪੈਨਸ਼ਨ ਸਕੀਮ ਜਾਰੀ ਸਬੰਧੀ ਇੱਕ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ। ਜਿਸ ਨੂੰ ਆਮ ਆਦਮੀ ਪਾਰਟੀ ਵੱਲੋਂ ਦੂਜੇ ਵੱਖ ਵੱਖ ਰਾਜਾਂ ਵਿੱਚ ਵਿਧਾਨ ਸਭਾ ਦੀਆਂ ਚੋਣਾਂ ਸਮੇਂ ਜਾ ਕੇ ਕਰੋੜਾਂ ਰੁਪਏ ਦੇ ਇਸ਼ਤਿਆਰ ਦੇ ਕੇ ਮੁਲਾਜ਼ਮਾਂ ਨੂੰ ਭਰਮਾਉਣ ਦਾ ਯਤਨ ਕੀਤਾ ਗਿਆ। ਪਰ ਨੋਟੀਫਿਕੇਸ਼ਨ ਲਾਗੂ ਨਾ 'ਤੇ ਪੰਜਾਬ ਦੇ ਮੁਲਾਜ਼ਮਾਂ ਵੱਲੋਂ ਮਾਨਯੋਗ ਹਾਈਕੋਰਟ ਵਿੱਚ ਪਟੀਸ਼ਨ ਦਾਇਰ ਕੀਤੀ ਤੇ ਮਾਨਯੋਗ ਹਾਈਕੋਰਟ ਵੱਲੋਂ ਮੁਲਾਜ਼ਮਾਂ ਦੇ ਹੱਕ ਵਿੱਚ ਫੈਸਲਾ ਕੀਤਾ ਗਿਆ ਹੈ।ਪੰਜਾਬ ਸਰਕਾਰ ਵੱਲੋਂ ਮਾਨਯੋਗ ਹਾਈਕੋਰਟ ਵਿੱਚ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦੀ ਬਜਾਏ ਚਾਰ ਮਹੀਨੇ ਦਾ ਸਮਾਂ ਮੰਗ ਕੇ ਅਸਿੱਧੇ ਢੰਗ ਨਾਲ ਯੂਨੀਫਾਈਡ ਪੈਨਸ਼ਨ ਸਕੀਮ ਲਾਗੂ ਕਰਨ ਦੀ ਤਿਆਰੀ ਕਰ ਲਈ ਹੈ, ਜਿਸ ਨੂੰ ਦੇਸ਼ ਤੇ ਪੰਜਾਬ ਸਰਕਾਰ ਦੇ ਮੁਲਾਜ਼ਮ ਪਹਿਲਾਂ ਹੀ ਠੁਕਰਾ ਚੁੱਕੇ ਹਨ। ਇਸ ਤਰ੍ਹਾਂ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਪੰਜਾਬ ਦੇ ਲਗਭਗ ਢਾਈ ਲੱਖ ਐਨ.ਪੀ.ਐਸ ਮੁਲਾਜ਼ਮਾਂ ਨਾਲ ਪੁਰਾਣੀ ਪੈਨਸ਼ਨ ਸਕੀਮ ਲਾਗੂ ਨਾ ਬਹੁਤ ਵੱਡਾ ਧੋਖਾ ਕੀਤਾ ਗਿਆ ਹੈ।ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਦਾ ਪੈਸਾ ਸ਼ੇਅਰ ਮਾਰਕੀਟ ਵਿੱਚ ਲਗਾਉਣ ਦੀ ਬਜਾਏ ਹਰ ਸਾਲ ਦਾ ਲਗਭਗ 6000 ਕਰੋੜ ਰੁਪਏ ਪੰਜਾਬ ਦੇ ਲੋਕਾਂ ਤੇ ਪੰਜਾਬ ਦੀ ਡਿਵੈਲਪਮੈਂਟ ਲਈ ਵਰਤੇ।ਆਗੂਆਂ ਵਲੋਂ ਪੰਜਾਬ ਸਰਕਾਰ ਨੂੰ ਸਖਤ ਚੇਤਾਵਨੀ ਦਿੰਦੇ ਹੋਏ ਕਿਹਾ ਗਿਆ ਕਿ ਜੇਕਰ ਪੰਜਾਬ ਸਰਕਾਰ ਵੱਲੋਂ 1972 ਦੇ ਪੈਨਸ਼ਨ ਨਿਯਮ ਅਨੁਸਾਰ ਨਿਸ਼ਚਿਤ ਲਾਭਾਂ ਵਾਲੀ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਤੋਂ ਟਾਲਾ ਵੱਟਿਆ ਤਾਂ ਪੰਜਾਬ ਦੇ ਐਨ ਪੀ ਐਸ ਮੁਲਾਜ਼ਮ ਜਲਦੀ ਹੀ ਸੰਘਰਸ਼ ਨੂੰ ਹੋਰ ਤਿੱਖਾ ਕਰਨਗੇ।

## ਔਰਤ ਦੀਆਂ ਵਾਲੀਆਂ ਖੋਹਣ ਦੇ ਮਾਮਲੇ 'ਚ ਤਿੰਨ ਗ੍ਰਿਫ਼ਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਮੁਖ਼ਤਿਆਰ ਭਾਰਦਵਾਜ)**-ਥਾਣਾ ਬਸੀ ਪਠਾਣਾ ਪੁਲਸ ਵੱਲੋਂ ਇੱਕ ਮਹਿਲਾ ਤੋਂ ਸੋਨੇ ਦੀਆਂ ਵਾਲੀਆਂ ਖੋਹਣ ਦੇ ਮਾਮਲੇ ਵਿੱਚ ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤੇ ਜਾਣ ਦੀ ਸੂਚਨਾ ਹੈ, ਜਦਕਿ ਇੱਕ ਨਾਬਾਲਗ ਹੋਣ ਕਾਰਨ ਉਸ ਨੂੰ ਵੱਖਰੀ ਕਾਨੂੰਨੀ ਕਾਰਵਾਈ ਤਹਿਤ ਲਿਆ ਗਿਆ ਹੈ।

ਪੁਲਸ ਨੇ ਇਸ ਸਬੰਧੀ ਮੁਕੱਦਮਾ ਨੰਬਰ 206 ਮਿਤੀ 26 ਸਤੰਬਰ 2026 ਨੂੰ ਧਾਰਾ 307 ਬੀ.ਐਨ.ਐਸ. ਤਹਿਤ ਦਰਜ ਕੀਤਾ ਹੈ।ਪੁਲਸ ਸੂਤਰਾਂ ਅਨੁਸਾਰ ਪਿੰਡ ਕੋਟਲਾ ਵਾਸੀ 62 ਸਾਲਾ ਪਰਮਜੀਤ ਕੌਰ ਨੇ ਸ਼ਿਕਾਇਤ ਦਿੱਤੀ ਕਿ 25 ਸਤੰਬਰ ਨੂੰ ਕਰੀਬ ਸਾਢੇ 4 ਵਜੇ ਜਦੋਂ ਉਹ ਐਕਟਿਵਾ 'ਤੇ ਸਾਦਕਪੁਰ ਤੋਂ ਅੱਗੇ ਜਾ ਰਹੀ ਸੀ ਤਾਂ ਇੱਕ ਮੋਟਰਸਾਈਕਲ 'ਤੇ ਸਵਾਰ ਚਾਰ ਨੌਜਵਾਨਾਂ ਨੇ ਰਸਤਾ ਪੁੱਛਣ ਦੇ ਬਹਾਨੇ ਉਸ ਨੂੰ ਰੋਕਣ ਦੀ ਕੋਸ਼ਿਸ਼ ਕੀਤੀ।ਮਹਿਲਾ ਵੱਲੋਂ ਸਕੂਟਰੀ ਨਾ ਰੋਕਣ 'ਤੇ ਉਨ੍ਹਾਂ ਨੇ ਐਕਟਿਵਾ ਨੂੰ ਲੱਤ ਮਾਰ ਦਿੱਤੀ, ਜਿਸ ਕਾਰਨ ਉਹ ਸੜਕ ਕਿਨਾਰੇ ਡਿੱਗ ਪਈ।

ਇਸ ਉਪਰੰਤ ਉਕਤ ਨੌਜਵਾਨਾਂ ਨੇ ਕਥਿਤ ਤੌਰ 'ਤੇ ਲੋਹੇ ਦੀ ਤਿੱਖੀ ਚੀਜ਼ ਦਿਖਾ ਕੇ ਉਸ ਦੇ ਕੰਨਾਂ ਵਿੱਚੋਂ ਸੋਨੇ ਦੀਆਂ ਵਾਲੀਆਂ ਖੋਹ ਲਈਆਂ ਤੇ ਧਮਕੀਆਂ ਦਿੰਦੇ ਹੋਏ ਫਰਾਰ ਹੋ ਗਏ।ਪੁਲਸ ਨੇ ਇਸ ਵਾਰਦਾਤ ਦੇ ਸਬੰਧ ਵਿੱਚ ਕਰਮਨਦੀਪ ਸਿੰਘ ਉਰਫ਼ ਕਰਮਨ, ਜੁਝਾਰ ਸਿੰਘ ਉਰਫ਼ ਯਾਰੀ ਤੇ ਹਰਪ੍ਰੀਤ ਸਿੰਘ ਉਰਫ਼ ਹਰਸ਼ ਨੂੰ ਗ੍ਰਿਫ਼ਤਾਰ ਕੀਤਾ ਹੈ।ਪੁਲਸ ਵੱਲੋਂ ਖੋਹੀਆਂ ਵਾਲੀਆਂ ਤੇ ਵਾਰਦਾਤ ਵਿੱਚ ਵਰਤੇ ਮੋਟਰਸਾਈਕਲ ਦੀ ਬਰਾਮਦਗੀ ਲਈ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ।

## ਸਵ. ਕੇਵਲ ਕ੍ਰਿਸ਼ਨ ਸਿੰਗਲਾ ਦੀ 20ਵੀਂ ਬਰਸੀ ਮੌਕੇ ਪਰਵਾਰ ਨੇ ਪੌਦੇ ਲਗਾਏ



**ਸਮਾਣਾ (ਇਕਬਾਲ ਸਿੰਘ ਬੱਲ)**-ਸਵ. ਕੇਵਲ ਕ੍ਰਿਸ਼ਨ ਸਿੰਗਲਾ ਦੀ 20ਵੀਂ ਬਰਸੀ ਮੌਕੇ ਉਨ੍ਹਾਂ ਦੀ ਯਾਦ ਨੂੰ ਸਮਰਪਤ ਉਨ੍ਹਾਂ ਦੀ ਧਰਮਪਤਨੀ ਰੌਸ਼ਨੀ ਸਿੰਗਲਾ, ਸਪੁੱਤਰ ਲਲਿਤ ਸਿੰਗਲਾ ਅਤੇ ਰੀਤੀ ਸਿੰਗਲ ਅਤੇ ਉਨ੍ਹਾਂ ਦੇ ਪਰਵਾਰਕ ਮੈਂਬਰ ਨੂੰਹ ਰਿਤੂ ਸਿੰਗਲਾ ਤੇ ਮਨੀਸ਼ਾ ਸਿੰਗਲਾ ਅਤੇ ਪੋਤਰੇ ਆਰਵ ਸਿੰਗਲਾ ਤੇ ਮੌਲਿਕ ਸਿੰਗਲਾ ਵੱਲੋਂ ਸ਼ਹੀਦ ਫਲਾਈਟ ਲੈਫਟੀਨੈਂਟ ਮੋਹਿਤ ਗਰਗ ਵੱਲੋਂ ਨਿਰਵਾਇਰਮੈਂਟ ਪਾਰਕ ਸਮਾਣਾ ਵਿਖੇ ਪੌਦੇ ਲਗਾਏ ਗਏ।ਇਸ ਦੇ ਨਾਲ ਹੀ ਪਾਰਕ ਵਿਖੇ ਪਿਛਲੇ 20 ਸਾਲਾਂ ਤੋਂ ਬਣੇ ਸਕਿਊਰਟੀ ਰੂਮ ਅਤੇ ਸਟੋਰ ਰੂਮ ਵਿੱਚ ਬਿਜਲੀ ਫਿਟਿੰਗ ਦੀ ਸੇਵਾ ਵੀ ਕਰਵਾਈ ਗਈ।ਪਾਰਕ ਦੀ ਸਾਂਭ-ਸੰਭਾਲ ਦੀਆਂ ਸੇਵਾਵਾਂ ਨਿਭਾਅ ਰਹੇ ਪੱਤਰਕਾਰ ਹਰਜਿੰਦਰ ਸਿੰਘ ਸਵੱਦਾ ਨੇ ਦੱਸਿਆ ਕਿ ਸਿੰਗਲਾ ਭਰਾਵਾਂ ਵੱਲੋਂ ਆਪਣੇ ਪਿਤਾ ਦੀ ਬਰਸੀ ਮੌਕੇ ਪਾਰਕ ਵਿੱਚ ਕੋਈ ਸੇਵਾ ਕਰਨ ਦੀ ਇੱਛਾ ਪ੍ਰਗਟਾਈ ਗਈ।ਇਸੇ ਤਹਿਤ ਦੋਵੇਂ ਕਮਰਿਆਂ ਤੇ ਪਾਰਕ ਦੀਆਂ ਹੋਰ ਜ਼ਰੂਰੀ ਥਾਵਾਂ 'ਤੇ ਰੋਸ਼ਨੀ ਲਈ ਬਿਜਲੀ ਫਿਟਿੰਗ ਦੀ ਸੇਵਾ ਕਰਵਾਈ ਗਈ।ਉਨ੍ਹਾਂ ਸਿੰਗਲਾ ਪਰਵਾਰ ਦਾ ਇਸ ਸੇਵਾ ਲਈ ਤਹਿ ਦਿਲੋਂ ਧੰਨਵਾਦ ਕੀਤਾ।ਸਿੰਗਲਾ ਭਰਾਵਾਂ ਦੀ ਇਨਵਾਇਰਮੈਂਟ ਪਾਰਕ ਨਾਲ ਪਿਛਲੇ 10-12 ਸਾਲਾਂ ਤੋਂ ਸਾਂਝ ਹੈ ਅਤੇ ਉਹ ਰੋਜ਼ਾਨਾ ਸੈਰ ਲਈ ਇਸ ਪਾਰਕ ਵਿੱਚ ਆਉਂਦੇ ਹਨ।ਇਸ ਮੌਕੇ ਉਨ੍ਹਾਂ ਵੱਲੋਂ ਪੱਤਰਕਾਰ ਹਰਜਿੰਦਰ ਸਿੰਘ ਦੀ ਸਿਹਤਯਾਬੀ ਲਈ ਅਰਦਾਸ ਵੀ ਕੀਤੀ ਗਈ।ਪਾਰਕ ਦੀ ਸਾਂਭ-ਸੰਭਾਲ ਦੀ ਸੇਵਾ ਦੀ ਭਰਪੂਰ ਸ਼ਲਾਘਾ ਕੀਤੀ ਗਈ।ਇਸ ਮੌਕੇ ਮਾਲੀ ਲਖਵਿੰਦਰ ਸਿੰਘ, ਮਾਲੀ ਰਜਿੰਦਰ ਸਿੰਘ, ਦਿਲਪ੍ਰੀਤ ਸਿੰਘ ਗੋਲੂ ਤੇ ਹਨੀ ਮੌਜੂਦ ਰਹੇ।

## ਗਿਆਸਪੁਰਾ ਵੱਲੋਂ ਰੌਲ ਵਿਖੇ ਵਿਕਾਸ ਕਾਰਜਾਂ ਦਾ ਉਦਘਾਟਨ



**ਦੋਰਾਹਾ (ਹਰਮਿੰਦਰ ਸੇਠ)**-ਹਲਕਾ ਪਾਇਲ ਦੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਪਿੰਡ ਰੌਲ ਵਿਖੇ 7 ਲੱਖ ਰੁਪਏ ਦੀ ਲਾਗਤ ਨਾਲ ਸੀਵਰੇਜ, ਗਲੀਆਂ-ਨਾਲੀਆਂ ਅਤੇ ਬਰਮਾਂ 'ਤੇ ਇੰਟਰਲਾਕ ਟਾਈਲਾਂ ਲਗਾਉਣ ਦੇ ਮੁਕੰਮਲ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ।ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਵਪੱਖੀ ਵਿਕਾਸ ਨੂੰ ਤਰਜੀਹ ਦਿੱਤੀ ਜਾ ਰਹੀ ਹੈ ਅਤੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਵਿਧਾਇਕ ਗਿਆਸਪੁਰਾ ਨੇ ਕਿਹਾ ਕਿ ਪਿੰਡਾਂ ਦੀਆਂ ਗਲੀਆਂ-ਨਾਲੀਆਂ, ਸੀਵਰੇਜ ਅਤੇ ਹੋਰ ਬੁਨਿਆਦੀ ਢਾਂਚੇ ਨਾਲ ਸੰਬੰਧਤ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਮੁਕੰਮਲ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਲੋੜੀਂਦੇ ਵਿਕਾਸ ਕਾਰਜਾਂ ਦੀ ਪਛਾਣ ਕਰਕੇ ਪੜਾਅਵਾਰ ਢੰਗ ਨਾਲ ਉਨ੍ਹਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ।ਇਸ ਮੌਕੇ ਪਿੰਡ ਵਾਸੀਆਂ ਨੇ ਮੁਕੰਮਲ ਹੋਏ ਵਿਕਾਸ ਕਾਰਜਾਂ ਲਈ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਦਾ ਧੰਨਵਾਦ ਕੀਤਾ। ਵਿਧਾਇਕ ਨੇ ਭਰੋਸਾ ਦਿੱਤਾ ਕਿ ਹਲਕਾ ਪਾਇਲ ਦੇ ਬਾਕੀ ਰਹਿੰਦੇ ਵਿਕਾਸ ਕਾਰਜਾਂ ਨੂੰ ਵੀ ਤਰਜੀਹ ਦੇ ਕੇ ਮੁਕੰਮਲ ਕਰਵਾਇਆ ਜਾਵੇਗਾ।

# 'ਮਾਵਾਂ-ਧੀਆਂ ਨੂੰ ਇਨਸਾਫ਼ ਦਿਵਾਓ, ਪੰਜਾਬ ਬਚਾਓ' ਤਹਿਤ ਵਿਸ਼ਾਲ ਮਹਿਲਾ ਰੈਲੀ

### ■ ਬੀਬਾ ਬਾਦਲ ਨੇ ਸੂਬਾ ਸਰਕਾਰ ਨੂੰ ਨਸ਼ਿਆਂ ਤੇ ਵਿਗੜੀ ਕਾਨੂੰਨ ਵਿਵਸਥਾ 'ਤੇ ਘੇਰਿਆ




**ਸਮਾਣਾ (ਇਕਬਾਲ ਸਿੰਘ ਬੱਲ/ਗੁਰਪਿਆਰ ਸਿੰਘ ਬੱਲ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਚਲਾਈ ਗਈ 'ਮਾਵਾਂ-ਧੀਆਂ ਨੂੰ ਇਨਸਾਫ਼ ਦਿਵਾਓ, ਪੰਜਾਬ ਬਚਾਓ' ਮੁਹਿੰਮ ਤਹਿਤ ਸਮਾਣਾ ਦੇ ਰੋਇਲ ਪੈਲੇਸ (ਗਿੱਲ ਪੈਲੇਸ) ਵਿਖੇ ਇੱਕ ਵਿਸ਼ਾਲ ਰੈਲੀ ਕੀਤੀ ਗਈ।ਹਲਕਾ ਇੰਚਾਰਜ ਜਗਮੀਤ ਸਿੰਘ ਹਰਿਆਊ ਦੀ ਰਹਿਨੁਮਾਈ ਤੇ ਮਹਿਲਾ ਪ੍ਰਧਾਨ ਹਰਜੀਤ ਕੌਰ ਦੀ ਅਗਵਾਈ ਹੇਠ ਕਰਵਾਏ ਗਏ ਇਸ ਸਮਾਗਮ ਵਿੱਚ ਸਾਬਕਾ ਕੇਂਦਰੀ ਮੰਤਰੀ ਤੇ ਮੈਂਬਰ ਪਾਰਲੀਮੈਂਟ ਬੀਬਾ ਹਰਸਿਮਰਤ ਕੌਰ ਬਾਦਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਸਮਾਗਮ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਪਹੁੰਚੀਆਂ ਮਹਿਲਾਵਾਂ ਦੇ ਲਾਮਿਸਾਲ ਇਕੱਠ ਨੇ ਨਵਾਂ ਇਤਿਹਾਸ ਰਚ ਦਿੱਤਾ।

ਸਮਾਗਮ ਦੌਰਾਨ ਹਲਕਾ ਇੰਚਾਰਜ ਜਗਮੀਤ ਸਿੰਘ ਹਰਿਆਊ ਦੀ ਧਰਮ ਪਤਨੀ ਡਾ. ਜਗਜੋਤ ਕੌਰ ਤੇ ਮਹਿਲਾ ਮੰਡਲ ਦੀਆਂ ਆਗੂਆਂ ਵੱਲੋਂ ਬੀਬਾ ਹਰਸਿਮਰਤ ਕੌਰ ਬਾਦਲ ਦਾ ਗੁਲਦਸਤੇ (ਬੁੱਕੇ) ਭੇਟ ਕਰਕੇ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਵੱਖ-ਵੱਖ ਮਹਿਲਾ ਬੁਲਾਰਿਆਂ ਨੇ ਸ਼੍ਰੋਮਣੀ ਅਕਾਲੀ ਦਲ ਦੀਆਂ ਜਨ-ਹਿੱਤ ਨੀਤੀਆਂ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ।ਸਮਾਗਮ ਵਿੱਚ ਔਰਤਾਂ ਦਾ ਉਤਸ਼ਾਹ ਵੇਖਣਯੋਗ ਸੀ, ਜਿਨ੍ਹਾਂ ਨੇ ਖੜ੍ਹੇ ਹੋ ਕੇ ਬੀਬਾ ਬਾਦਲ ਦਾ ਸਵਾਗਤ ਕੀਤਾ।ਇਕੱਠ ਨੂੰ ਸੰਬੋਧਨ ਕਰਦਿਆਂ ਬੀਬਾ ਹਰਸਿਮਰਤ ਕੌਰ ਬਾਦਲ ਨੇ ਪੰਜਾਬ ਦੀ ਮੌਜੂਦਾ ਆਮ ਆਦਮੀ ਪਾਰਟੀ ਸਰਕਾਰ ਤੇ ਮੁੱਖ ਮੰਤਰੀ 'ਤੇ ਤਿੱਖੇ ਨਿਸ਼ਾਨੇ ਸਾਧੇ।ਉਨ੍ਹਾਂ ਕਿਹਾ ਕਿ 3 ਮਹੀਨਿਆਂ ਵਿੱਚ ਨਸ਼ਾ ਖ਼ਤਮ ਕਰਨ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ ਸਰਕਾਰ ਦੇ ਰਾਜ ਵਿੱਚ ਨਸ਼ਾ ਖ਼ਤਮ ਹੋਣ ਦੀ ਬਜਾਏ ਹੋਰ ਵਧ ਗਿਆ ਹੈ ਤੇ ਮਾਵਾਂ ਦੇ ਜਵਾਨ ਪੁੱਤ ਨਸ਼ਿਆਂ ਦੀ ਭੇਟ ਚੜ੍ਹ ਰਹੇ ਹਨ।ਸੂਬੇ ਦੀ ਵਿਗੜੀ ਕਾਨੂੰਨ ਵਿਵਸਥਾ 'ਤੇ ਚਿੰਤਾ ਪ੍ਰਗਟਾਉਂਦਿਆਂ ਉਨ੍ਹਾਂ ਕਿਹਾ ਕਿ ਅੱਜ ਪੰਜਾਬ ਵਿੱਚ ਔਰਤਾਂ ਤੇ ਧੀਆਂ-ਭੈਣਾਂ ਬਿਲਕੁਲ ਵੀ ਸੁਰੱਖਿਅਤ ਨਹੀਂ ਹਨ।ਦਿਨ-ਦਿਹਾੜੇ ਔਰਤਾਂ ਦੇ ਕੰਨਾਂ ਦੀਆਂ ਵਾਲੀਆਂ ਲਾਹੀਆਂ ਜਾ ਰਹੀਆਂ ਹਨ ਤੇ ਹੱਥਾਂ ਵਿੱਚੋਂ ਮੋਬਾਈਲ ਝਪਟੇ ਜਾ ਰਹੇ ਹਨ।ਬੀਬਾ ਬਾਦਲ ਨੇ ਪਟਿਆਲਾ ਜ਼ਿਲ੍ਹੇ ਵਿੱਚ ਹੁਣ ਤੱਕ ਕੀਤੀਆਂ 4 ਸਫ਼ਲ ਰੈਲੀਆਂ ਲਈ ਵਰਕਰਾਂ ਦੀ ਮਿਹਨਤ ਦੀ ਸ਼ਲਾਘਾ ਕੀਤੀ।ਉਨ੍ਹਾਂ ਐਲਾਨ ਕੀਤਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਆਉਣ 'ਤੇ ਕਣਕ ਦੀ ਵੰਡ ਸਕੀਮ ਤਹਿਤ ਪ੍ਰਤੀ ਜੀਅ ਰਾਸ਼ਨ ਵਧਾ ਕੇ ਦਿੱਤਾ ਜਾਵੇਗਾ, ਸ਼ਗਨ ਸਕੀਮ ਦੀ ਰਾਸ਼ੀ ਵਧਾ ਕੇ 1 ਲੱਖ ਰੁਪਏ ਕੀਤੀ ਜਾਵੇਗੀ ਤੇ ਔਰਤਾਂ ਨੂੰ ਆਤਮ-ਨਿਰਭਰ ਬਣਾਉਣ ਤੇ ਉੱਚ ਸਿੱਖਿਆ/ਕਾਰੋਬਾਰ ਲਈ 10 ਲੱਖ ਰੁਪਏ ਤੱਕ ਦਾ ਬਿਨਾਂ ਵਿਆਜ ਲੋਨ ਦਿੱਤਾ ਜਾਵੇਗਾ।

ਸਮਾਗਮ ਦੌਰਾਨ ਹਲਕਾ ਇੰਚਾਰਜ ਜਗਮੀਤ ਸਿੰਘ ਹਰਿਆਊ ਨੇ ਸਰਕਾਰ ਦੀਆਂ ਨਾਕਾਮੀਆਂ ਦੀ ਪੋਲ ਖੋਲ੍ਹਦਿਆਂ ਕਿਹਾ ਕਿ ਮੌਜੂਦਾ ਸਰਕਾਰ ਹਰ ਫਰੰਟ 'ਤੇ ਫੇਲ੍ਹ ਸਾਬਿਤ ਹੋਈ ਹੈ।ਲੋਕ ਅੱਜ ਵੀ ਸ੍ਰ. ਪ੍ਰਕਾਸ਼ ਸਿੰਘ ਬਾਦਲ ਦੇ ਸਮੇਂ ਚਲਾਈਆਂ ਗਈਆਂ ਲੋਕ-ਭਲਾਈ ਸਕੀਮਾਂ ਨੂੰ ਯਾਦ ਕਰ ਰਹੇ ਹਨ।ਉਨ੍ਹਾਂ ਆਈਆਂ ਸਾਰੀਆਂ ਮਹਿਲਾਵਾਂ ਤੇ ਪਾਰਟੀ ਵਰਕਰਾਂ ਦਾ ਧੰਨਵਾਦ ਕੀਤਾ।

## ਪਬਲਿਕ ਕਾਲਜ 'ਚ ਦੋ ਰੋਜ਼ਾ ਸਾਹਿਤਕ ਤੇ ਪੁਸਤਕ ਮੇਲਾ ਸੰਪੰਨ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਦੀ ਅਗਵਾਈ ਵਿੱਚ ਪਬਲਿਕ ਕਾਲਜ ਸਮਾਣਾ ਦੇ ਵਿਹੜੇ ਵਿੱਚ ਚੱਲ ਰਹੇ ਸਾਹਿਤਕ ਤੇ ਪੁਸਤਕ ਮੇਲੇ ਦੇ ਦੂਜੇ ਦਿਨ ਦੀ ਆਰੰਭਤਾ ਕਾਲਜ ਦੇ ਸੈਮੀਨਾਰ ਹਾਲ ਵਿੱਚ ਕਾਲਜ ਵਾਈਸ ਪ੍ਰਿੰਸੀਪਲ ਡਾ. ਹਰਕੀਰਤਨ ਕੌਰ ਦੇ ਸੁਆਗਤੀ ਸ਼ਬਦਾਂ ਨਾਲ ਹੋਈ।


ਉਨ੍ਹਾਂ ਮੁੱਖ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨਾਂ ਨੂੰ ਜੀ ਆਇਆਂ ਕਿਹਾ।ਇਸ ਤੋਂ ਬਾਅਦ ਡਾ. ਬਲਕਾਰ ਸਿੰਘ ਨੇ ਦਿਨ ਦੀ ਸਾਰੀ ਰੂਪ-ਰੇਖਾ ਦੱਸੀ। ਇਸ ਤੋਂ ਬਾਅਦ ਯੁਵਾ ਸਾਹਿਤ ਅਕਾਦਮੀ ਪੁਰਸਕਾਰ ਜੇਤੂ ਕਵੀ ਰਣਧੀਰ ਨੇ ਆਪਣੀ ਸਾਹਿਤਕ ਸਿਰਜਣ ਪ੍ਰਕਿਰਿਆ ਸੰਬੰਧੀ ਆਪਣੇ ਵਿਚਾਰ ਸਾਂਝੇ ਕੀਤੇ।ਇਸ ਤੋਂ ਬਾਅਦ ਡਾ. ਦਰਸ਼ਨ ਬੁੱਟਰ ਨੇ ਆਪਣੀਆਂ ਸਾਹਿਤਕ ਰਚਨਾਵਾਂ ਨਾਲ ਰੂ-ਬ-ਰੂ ਕਰਵਾਉਂਦਿਆਂ ਆਪਣੇ ਅਨੁਭਵ ਸਾਂਝੇ ਕੀਤੇ।ਕਾਲਜ ਦੇ ਪੰਜਾਬੀ ਵਿਭਾਗ ਦੇ ਸਾਬਕਾ ਮੁਖੀ ਡਾ. ਸ਼ਮਸ਼ੇਰ ਸਿੰਘ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਜੀਵਨ ਵਿੱਚ ਸਾਹਿਤਕ ਤੇ ਪੁਸਤਕ ਮੇਲਿਆਂ ਦੀ ਮਹੱਤਤਾ ਸੰਬੰਧੀ ਭਾਵਪੂਰਤ ਵਿਚਾਰ ਚਰਚਾ ਕੀਤੀ।ਇਸ ਤੋਂ ਬਾਅਦ ਕਾਲਜ ਵਿਦਿਆਰਥੀਆਂ ਅਤੇ ਅਧਿਆਪਕਾਂ ਦਾ ਇੱਕ ਕਵੀ-ਦਰਬਾਰ ਕਰਵਾਇਆ ਗਿਆ ਜਿਸ ਵਿੱਚ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਆਪੋ-ਆਪਣੀਆਂ ਰਚਨਾਵਾਂ ਸੁਣਾਈਆਂ।ਪਹਿਲੇ ਸੈਸ਼ਨ ਦੇ ਅੰਤ ਤੇ ਪ੍ਰੋ. ਨਰਿੰਦਰ ਸਿੰਘ ਨੇ ਸਾਰਿਆਂ ਦਾ ਧੰਨਵਾਦ ਕੀਤਾ।ਮੰਚ ਸੰਚਾਲਨ ਦੀ ਭੂਮਿਕਾ ਡਾ. ਬਲਕਾਰ ਸਿੰਘ ਨੇ ਨਿਭਾਈ।ਸਮਾਗਮ ਦੇ ਦੂਜੇ ਸੈਸ਼ਨ ਵਿੱਚ ਇੱਕ ਸੱਭਿਆਚਾਰਕ ਅਤੇ ਸਾਹਿਤਕ ਕੁਇਜ਼ ਮੁਕਾਬਲਾ ਕਰਵਾਇਆ ਗਿਆ।ਇਸ ਮੁਕਾਬਲੇ ਵਿੱਚ ਬਿਆਸ ਟੀਮ ਪਹਿਲੇ, ਸਤਲੁਜ ਟੀਮ ਦੂਜੇ ਅਤੇ ਰਾਵੀ ਟੀਮ ਤੀਜੇ ਸਥਾਨ 'ਤੇ ਰਹੀ।ਸਮਾਗਮ ਨੂੰ ਸਫਲ ਬਣਾਉਣ 'ਚ ਯੋਗਦਾਨ ਪਾਉਣ ਵਾਲੇ ਵਿਦਿਆਰਥੀਆਂ ਦਾ ਕਿਤਾਬਾਂ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਅੰਤ ਵਿੱਚ ਡਾ. ਅਰਵਿੰਦਰ ਕੌਰ ਮੁਖੀ ਪੰਜਾਬੀ ਵਿਭਾਗ ਨੇ ਦੋਨੋ ਦਿਨ ਦੇ ਪੂਰੇ ਸਮਾਗਮ ਦੀ ਰਿਪੋਰਟ ਪੜ੍ਹੀ ਅਤੇ ਸਾਰਿਆਂ ਦਾ ਧੰਨਵਾਦ ਕੀਤਾ। ਮੰਚ ਸੰਚਾਲਨ ਦੀ ਭੂਮਿਕਾ ਡਾ. ਮਨਦੀਪ ਕੌਰ ਨੇ ਨਿਭਾਈ। ਇਸ ਮੌਕੇ ਪੰਜਾਬੀ ਵਿਭਾਗ ਦੇ ਅਧਿਆਪਕਾਂ ਤੋਂ ਇਲਾਵਾ ਕਾਲਜ ਦੇ ਸਮੁੱਚੇ ਸਟਾਫ਼ ਨੇ ਸ਼ਮੂਲੀਅਤ ਕੀਤੀ।

## ਵਿਕਾਸ ਦੇ ਮੁੱਦੇ 'ਤੇ 2027 'ਚ ਲੋਕ 'ਆਪ' ਦੇ ਹੱਕ 'ਚ ਫ਼ਤਵਾ ਦੇਣਗੇ : ਮਨਦੀਪ/ਜਗਦੀਪ

**ਬੱਧਨੀ ਕਲਾਂ (ਨਛੱਤਰ ਸੰਧੂ)**-ਟਰੱਕ ਯੂਨੀਅਨ ਦੇ ਨਿਹਾਲ ਸਿੰਘ ਵਾਲਾ ਦੇ ਪ੍ਰਧਾਨ ਮਨਦੀਪ ਗਿੱਲ ਤੇ ਨਗਰ ਕੌਂਸਲ ਦੇ ਪ੍ਰਧਾਨ ਜਗਦੀਪ ਗਟਰਾ ਨੇ ਕਿਹਾ ਕਿ ਪੰਜਾਬ ਵਿੱਚ ਪਿਛਲੇ ਸਮੇਂ ਦੌਰਾਨ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸਿੱਖਿਆ, ਸਿਹਤ, ਬਿਜਲੀ, ਰੁਜ਼ਗਾਰ ਤੇ ਪਿੰਡਾਂ ਦੇ ਵਿਕਾਸ ਸਮੇਤ ਵੱਖ-ਵੱਖ ਖੇਤਰਾਂ ਵਿੱਚ ਕਰਵਾਏ ਗਏ ਕੰਮ ਲੋਕਾਂ ਦੇ ਸਾਹਮਣੇ ਹਨ।ਉਨ੍ਹਾਂ ਕਿਹਾ ਕਿ ਹੁਣ ਲੋਕ ਸਿਰਫ਼ ਸਿਆਸੀ ਬਿਆਨਾਂ ਜਾਂ ਵਾਅਦਿਆਂ 'ਤੇ ਨਹੀਂ, ਸਗੋਂ ਜ਼ਮੀਨੀ ਪੱਧਰ 'ਤੇ ਹੋਏ ਕੰਮਾਂ ਨੂੰ ਦੇਖ ਕੇ ਆਪਣਾ ਫ਼ੈਸਲਾ ਕਰਨਗੇ।ਉਨ੍ਹਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵਿਕਾਸ ਹੀ ਸਭ ਤੋਂ ਵੱਡਾ ਮੁੱਦਾ ਬਣੇਗਾ ਤੇ ਲੋਕ ਸਰਕਾਰ ਦੀ ਕਾਰਗੁਜ਼ਾਰੀ ਦਾ ਮੁਲਾਂਕਣ ਆਪਣੇ ਤਜਰਬੇ ਦੇ ਆਧਾਰ 'ਤੇ ਕਰਨਗੇ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਰਵਾਇਤੀ ਸਿਆਸੀ ਦਾਅਵਿਆਂ ਤੋਂ ਅੱਗੇ ਵਧ ਕੇ ਇਹ ਦੇਖ ਰਹੇ ਹਨ ਕਿ ਕਿਸ ਸਰਕਾਰ ਨੇ ਜ਼ਮੀਨੀ ਪੱਧਰ 'ਤੇ ਕੀ ਕੰਮ ਕੀਤਾ ਹੈ? ਕਰਮਾ ਨੇ ਦਾਅਵਾ ਕੀਤਾ ਕਿ ਲੋਕਾਂ ਵਿੱਚ ਆਮ ਆਦਮੀ ਪਾਰਟੀ ਪ੍ਰਤੀ ਰੁਝਾਨ ਕਾਇਮ ਹੈ ਤੇ ਉਹ ਵਿਕਾਸ ਦੇ ਮੁੱਦੇ ਨੂੰ ਲੈ ਕੇ 2027 ਵਿੱਚ ਪਾਰਟੀ ਦੇ ਹੱਕ ਵਿੱਚ ਫ਼ਤਵਾ ਸੁਣਾਉਣਗੇ।



## ਵਿਦਿਆਰਥਣ ਅਨੁਪ੍ਰੀਤ ਦੀ ਰਾਜ ਪੱਧਰੀ ਲੋਕ ਗੀਤ ਮੁਕਾਬਲੇ ਲਈ ਚੋਣ



**ਮਾਨਸਾ (ਆਤਮਾ ਸਿੰਘ ਪਮਾਰ)**-ਸ੍ਰੀ ਨਰਾਇਣ ਸਰਵਹਿੱਤਕਾਰੀ ਵਿੱਦਿਆ ਮੰਦਰ ਮਾਨਸਾ ਦੀ ਹੋਣਹਾਰ ਵਿਦਿਆਰਥਣ ਅਨੁਪ੍ਰੀਤ ਦੀ ਲੋਕ ਗੀਤ ਅੱਪਰ ਪ੍ਰਾਇਮਰੀ-2026 ਮੁਕਾਬਲੇ ਲਈ ਚੋਣ ਹੋਣ 'ਤੇ ਸਕੂਲ ਅਤੇ ਪਰਵਾਰ 'ਚ ਖੁਸ਼ੀ ਦੀ ਲਹਿਰ ਦੌੜ ਗਈ ਹੈ। ਅਨੁਪ੍ਰੀਤ ਨੇ ਆਪਣੀ ਸੁਰੀਲੀ ਆਵਾਜ਼ ਅਤੇ ਸ਼ਾਨਦਾਰ ਗਾਇਕੀ ਨਾਲ ਇਸ ਮੁਕਾਬਲੇ 'ਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਦਿਆਂ ਇਹ ਉਪਲੱਬਧੀ ਹਾਸਲ ਕੀਤੀ ਹੈ।ਵਿਦਿਆਰਥਣ ਦੀ ਇਸ ਸਫਲਤਾ ਪਿੱਛੇ ਉਸ ਦੀ ਗਾਈਡ ਅਧਿਆਪਕਾ ਦਾ ਮਹੱਤਵਪੂਰਨ ਯੋਗਦਾਨ ਰਿਹਾ। ਉਨ੍ਹਾਂ ਵੱਲੋਂ ਅਨੁਪ੍ਰੀਤ ਨੂੰ ਲਗਾਤਾਰ ਮਾਰਗਦਰਸ਼ਨ ਅਤੇ ਅਭਿਆਸ ਕਰਵਾਇਆ ਗਿਆ, ਜਿਸ ਸਦਕਾ ਉਸ ਨੇ ਮੁਕਾਬਲੇ ਲਈ ਆਪਣੀ ਤਿਆਰੀ ਨੂੰ ਹੋਰ ਮਜ਼ਬੂਤ ਕਰ ਸਕੀ।ਸਕੂਲ ਮੁਖੀ ਰਜੇਸ਼ ਕੁਮਾਰ ਨੇ ਅਨੁਪ੍ਰੀਤ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ ਅਤੇ ਉਸ ਦੇ ਮਾਪਿਆਂ ਨੂੰ ਵੀ ਇਸ ਮਾਣਮੱਤੀ ਪ੍ਰਾਪਤੀ ਲਈ ਹਾਰਦਿਕ ਵਧਾਈ ਦਿੱਤੀ।ਸਕੂਲ ਪਰਵਾਰ ਵੱਲੋਂ ਅਨੁਪ੍ਰੀਤ ਨੂੰ ਭਵਿੱਖ 'ਚ ਵੀ ਇਸੇ ਤਰ੍ਹਾਂ ਮਿਹਨਤ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਂਅ ਰੌਸ਼ਨ ਕਰਨ ਲਈ ਸ਼ੁੱਭਕਾਮਨਾਵਾਂ ਦਿੱਤੀਆਂ ਗਈਆਂ।

## ਲੋਕ ਹਿੱਤ ਤੇ ਵਿਕਾਸ ਕਾਰਜਾਂ ਤੋਂ ਪ੍ਰਭਾਵਤ ਹੋ ਕੇ ਵੱਖ-ਵੱਖ ਪਾਰਟੀਆਂ ਦੇ 'ਆਪ' ਚ ਸ਼ਾਮਲ ਹੋਏ ਲੋਕ : ਡਾ. ਅਰੋੜਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼ਹਿਰ ਦੇ ਵਾਰਡ ਨੰਬਰ 32 ਸਥਿਤ ਗ੍ਰੀਨਫੀਲਡ ਕਾਲੋਨੀ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਭਰਵਾਂ ਸਮਰਥਨ ਮਿਲਿਆ, ਜਦੋਂ ਵੱਖ-ਵੱਖ ਸਿਆਸੀ ਪਾਰਟੀਆਂ ਨਾਲ ਸੰਬੰਧਤ ਰਮਨਦੀਪ ਕੌਰ, ਵੀਰਪਾਲ ਕੌਰ, ਸ਼ਰਨਦੀਪ ਕੌਰ, ਕਮਲ, ਸਰਬਜੀਤ ਕੌਰ, ਸਾਜਨ ਨੰਤਰਪਾਲ ਸਿੰਘ ਸਮੇਤ ਸੈਂਕੜੇ ਸਮਰਥਕਾਂ ਨੇ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ।ਇਨ੍ਹਾਂ ਸਾਰਿਆਂ ਨੇ ਸਾਬਕਾ ਕੌਂਸਲਰ ਬੂਟਾ ਸਿੰਘ ਦੇ ਸਹਿਯੋਗ ਨਾਲ ਆਮ ਆਦਮੀ ਪਾਰਟੀ ਵਿੱਚ ਸ਼ਮੂਲੀਅਤ ਕੀਤੀ।ਇਸ ਮੌਕੇ ਹਲਕਾ ਮੋਗਾ ਦੀ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਪਾਰਟੀ ਵਿੱਚ ਸ਼ਾਮਲ ਹੋਏ ਸਾਰੇ ਨਵੇਂ ਸਾਥੀਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਅਤੇ ਇਲਾਕੇ ਵਿੱਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਪ੍ਰਤੀ ਲੋਕਾਂ ਦਾ ਭਰੋਸਾ ਲਗਾਤਾਰ ਮਜ਼ਬੂਤ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰੇਕ ਸਾਥੀ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਸਾਰਿਆਂ ਨੂੰ ਨਾਲ ਲੈ ਕੇ ਇਲਾਕੇ ਦੇ ਵਿਕਾਸ ਲਈ ਕੰਮ ਕੀਤਾ ਜਾਵੇਗਾ।ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਕਿਹਾ ਕਿ ਲੋਕਾਂ ਦਾ ਪਾਰਟੀ ਨਾਲ ਜੁੜਨਾ ਜਿੱਥੇ ਪਾਰਟੀ ਲਈ ਖੁਸ਼ੀ ਦੀ ਗੱਲ ਹੈ, ਉੱਥੇ ਹੀ ਇਸ ਨਾਲ ਜਨਤਾ ਪ੍ਰਤੀ ਜ਼ਿੰਮੇਵਾਰੀ ਵੀ ਹੋਰ ਵਧਦੀ ਹੈ।ਇਸ ਮੌਕੇ ਮੇਅਰ ਵਿਨੇਪਾਲ ਕੌਰ, ਸੀਨੀਅਰ ਡਿਪਟੀ ਮੇਅਰ ਰਾਕੇਸ਼ ਬਜਾਜ, ਕੌਂਸਲਰ ਅਵਤਾਰ ਸਿੰਘ, ਕੌਂਸਲਰ ਸੁਖਰਾਜ ਸਿੰਘ ਗੋਪੀ, ਯੂਥ ਆਗੂ ਵਿੱਕੀ ਦੌਧਰੀਆ, ਕੌਂਸਲਰ ਪ੍ਰਿੰਸਪਾਲ ਅਰੋੜਾ ਅਤੇ ਬਲਾਕ ਪ੍ਰਧਾਨ ਮਹਿਲਾ ਵਿੰਗ ਗੁਰਪ੍ਰੀਤ ਕੌਰ ਸਮੇਤ ਪਾਰਟੀ ਦੇ ਹੋਰ ਆਗੂ, ਵਰਕਰ ਅਤੇ ਸਮਰਥਕ ਹਾਜ਼ਰ ਸਨ।

## ਰਾਧੇ ਸ਼ਾਮ ਤੇ ਸੰਦੀਪ ਕੰਬੋਜ ਕਾਂਗਰਸ ਪਾਰਟੀ ਓਬੀਸੀ ਵਿੰਗ ਦੇ ਜ਼ਿਲ੍ਹਾ ਕੋਆਰਡੀਨੇਟਰ ਚੁਣੇ

### ਸਾਬਕਾ ਵਿਧਾਇਕ ਰਮਿੰਦਰ ਆਵਲਾ ਨੇ ਦਿੱਤੀ ਵਧਾਈ



**ਜਲਾਲਾਬਾਦ (ਜੀਤ ਕੁਮਾਰ)**-ਕਾਂਗਰਸ ਪਾਰਟੀ ਦੇ ਓਬੀਸੀ ਵਿਭਾਗ ਦੇ ਜ਼ਿਲ੍ਹਾ ਫਾਜ਼ਿਲਕਾ ਦੇ ਕੁਆਰਡੀਨੇਟਰ ਰਾਧੇ ਸ਼ਾਮ ਚੱਕ ਬੰਨ ਵਾਲਾ ਤੇ ਜ਼ਿਲ੍ਹਾ ਫਿਰੋਜ਼ਪੁਰ ਤੋਂ ਓਬੀਸੀ ਵਿਭਾਗ ਦੇ ਜ਼ਿਲ੍ਹਾ ਕੁਆਰਟੀਨੇਟਰ ਸੰਦੀਪ ਕੰਬੋਜ ਮਾਹਮੂ ਜੋਈਆ ਨੂੰ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਸਾਬਕਾ ਵਿਧਾਇਕ ਰਮਿੰਦਰ ਸਿੰਘ ਆਵਲਾ ਨੇ ਸੰਦੀਪ ਕੰਬੋਜ ਤੇ ਰਾਧੇ ਸ਼ਾਮ ਨੂੰ ਕਾਂਗਰਸ ਪਾਰਟੀ ਦੇ ਓਬੀਸੀ ਵਿਭਾਗ ਦੇ ਜ਼ਿਲ੍ਹਾ ਕੋਆਰਡੀਨੇਟਰ ਨਿਯੁਕਤ ਹੋਣ 'ਤੇ ਵਧਾਈਆਂ ਤੇ ਸ਼ੁੱਭ-ਕਾਮਨਾਵਾਂ ਦਿੱਤੀਆਂ। ਉਨ੍ਹਾਂ ਲੱਡੂ ਨਾਲ ਮੂੰਹ ਮਿੱਠਾ ਕਰਵਾਉਂਦਿਆਂ ਨਵੀਂ ਜ਼ਿੰਮੇਵਾਰੀ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਤੇ ਆਸ ਪ੍ਰਗਟਾਈ ਕਿ ਉਹ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਮਿਹਨਤ ਤੇ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਦੋਵੇਂ ਨਵਨਿਯੁਕਤ ਅਹੁਦੇਦਾਰ ਸੰਦੀਪ ਕੰਬੋਜ ਮਾਹਮੂ ਜੋਈਆ ਤੇ ਰਾਧੇ ਸ਼ਾਮ ਚੱਕ ਬੰਨਵਾਲਾ ਨੇ ਕਿਹਾ ਕਿ ਉਨ੍ਹਾਂ ਨੂੰ ਪਾਰਟੀ ਵੱਲੋਂ ਸੌਂਪੀ ਗਈ ਜ਼ੁੰਮੇਵਾਰੀ ਨੂੰ ਪੂਰੀ ਲਗਨ ਨਾਲ ਨਿਭਾਉਣਗੇ ਤੇ ਪਾਰਟੀ ਦੀਆਂ ਗਤੀਵਿਧੀਆਂ ਲੋਕਾਂ ਤੱਕ ਪਹੁੰਚਾਉਣ ਦੀ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ।

## ਪੰਨੀਵਾਲਾ ਫੱਤਾ ਵਿਖੇ ਮੁ਼ਫਤ ਸਿਹਤ ਕੈਂਪ 2 ਨੂੰ

**ਮਲੋਟ (ਰਜਿੰਦਰ ਜੁਨੇਜਾ)**

ਮਹਾਤਮਾ ਗਾਂਧੀ ਜਯੰਤੀ ਮੌਕੇ ਪੰਜਾਬ ਕਾਂਗਰਸ ਕਮੇਟੀ ਦੇ ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਦੇ ਸੂਬਾ ਸਹਿ-ਸੰਯੋਜਕ ਫ਼ਤਿਹ ਸਿੰਘ ਬਾਦਲ ਦੀ ਅਗਵਾਈ ਹੇਠ 2 ਅਕਤੂਬਰ ਨੂੰ ਅਰਮਾਡਾ ਪੈਲੇਸ ਪੰਨੀਵਾਲਾ ਫੱਤਾ ਵਿਖੇ ਇੱਕ ਵਿਸ਼ਾਲ ਮੁ਼ਫਤ ਮੈਡੀਕਲ ਜਾਂਚ ਤੇ ਖ਼ੂਨਦਾਨ ਕੈਂਪ ਲਗਾਇਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਫ਼ਤਿਹ ਸਿੰਘ ਬਾਦਲ ਨੇ ਦੱਸਿਆ ਕਿ ਇਹ ਕੈਂਪ ਸਵੇਰੇ 9 ਵਜੇ ਤੋਂ ਦੁਪਹਿਰ 2 ਵਜੇ ਤੱਕ ਚੱਲੇਗਾ।

ਕੈਂਪ ਦੌਰਾਨ ਖ਼ੂਨ ਦੇ ਲੋੜੀਂਦੇ ਟੈਸਟ, ਸਰਵਾਈਕਲ ਤੇ ਜੋੜਾਂ ਦੇ ਦਰਦ ਦੀ ਥੈਰੇਪੀ ਬਿਲਕੁਲ ਮੁ਼ਫਤ ਕੀਤੀ ਜਾਵੇਗੀ।ਇਸ ਤੋਂ ਇਲਾਵਾ ਲੋੜਵੰਦ ਮਰੀਜ਼ਾਂ ਨੂੰ ਐਨਕਾਂ, ਅੱਖਾਂ ਦੀਆਂ ਦਵਾਈਆਂ, ਜਨਰਲ ਦਵਾਈਆਂ ਤੇ ਨਸ਼ਾ ਛੱਡਣ ਵਾਲੀਆਂ ਦਵਾਈਆਂ ਵੀ ਮੁਫ਼ਤ ਵੰਡੀਆਂ ਜਾਣਗੀਆਂ।ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਕੈਂਪ ਵਿੱਚ ਪਹੁੰਚ ਕੇ ਵੱਧ ਤੋਂ ਵੱਧ ਲਾਭ ਉਠਾਉਣ।

# ਚੀਫ ਜਸਟਿਸ ਵੱਲੋਂ ਲੁਧਿਆਣਾ ਕੋਰਟ ਕੰਪਲੈਕਸ 'ਚ ਲਿਫਟ ਦਾ ਉਦਘਾਟਨ



**ਲੁਧਿਆਣਾ (ਰਾਜ ਸਿੰਗਲਾ)**-ਜੂਡੀਸ਼ੀਅਲ ਕੋਰਟਸ ਕੰਪਲੈਕਸ, ਲੁਧਿਆਣਾ ਵਿਖੇ ਦੋ ਬਲਾਕਾਂ ਨੂੰ ਜੋੜਨ ਵਾਲੇ ਕੋਰੀਡੋਰ ਅਤੇ ਲਿਫਟ ਦਾ ਉਦਘਾਟਨ ਜਸਟਿਸ ਦੀਪਕ ਸਿੱਬਲ, ਜੱਜ ਪੰਜਾਬ ਅਤੇ ਹਰਿਆਣਾ ਹਾਈਕੋਰਟ ਅਤੇ ਪ੍ਰਸ਼ਾਸਨਿਕ ਜੱਜ, ਸੈਸ਼ਨਜ਼ ਡਵੀਜ਼ਨ, ਲੁਧਿਆਣਾ ਵੱਲੋਂ ਜੂਡੀਸ਼ੀਅਲ ਕੋਰਟਸ ਕੰਪਲੈਕਸ, ਲੁਧਿਆਣਾ ਵਿਖੇ ਪਹੁੰਚ ਕੇ ਇਮਾਰਤ ਦੇ ਦੋ ਬਲਾਕਾਂ ਨੂੰ ਆਪਸ ਵਿੱਚ ਜੋੜਨ ਵਾਲੇ ਕੋਰੀਡੋਰ ਅਤੇ ਲਿਫਟ ਦਾ ਰਸਮੀ ਉਦਘਾਟਨ ਕੀਤਾ ਗਿਆ। ਜੂਡੀਸ਼ੀਅਲ ਕੋਰਟਸ ਕੰਪਲੈਕਸ ਵਿਖੇ ਪਹੁੰਚਣ 'ਤੇ ਜਸਟਿਸ ਦੀਪਕ ਸਿੱਬਲ ਦਾ ਜ਼ਿਲ੍ਹਾ ਤੇ ਸੈਸ਼ਨ ਜੱਜ ਲੁਧਿਆਣਾ ਹਰਪ੍ਰੀਤ ਕੌਰ ਰੰਧਾਵਾ, ਡੇਜ਼ੀ ਬਾਂਗੜ ਐਡੀਸ਼ਨਲ ਚੀਫ ਜੂਡੀਸ਼ੀਅਲ ਮੈਜਿਸਟ੍ਰੇਟ, ਹਿਮਾਂਸ਼ੂ ਅਰੋੜਾ ਚੀਫ ਜੂਡੀਸ਼ੀਅਲ ਮੈਜਿਸਟ੍ਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਵਲੀਨ ਸਿੰਘ ਚੀਫ ਜੂਡੀਸ਼ੀਅਲ ਮੈਜਿਸਟ੍ਰੇਟ, ਕਮਿਸ਼ਨਰ ਆਫ ਪੁਲਿਸ ਸਵੱਪਨ ਸ਼ਰਮਾ, ਸਮੂਹ ਜੂਡੀਸ਼ੀਅਲ ਅਫਸਰ ਸਾਹਿਬਾਨ, ਮੈਡਮ ਦਰਪਨ ਆਹਲੂਵਾਲੀਆ ਐੱਸ.ਐੱਸ.ਪੀ., ਖੰਨਾ ਅਤੇ ਬਾਰ ਐਸੋਸੀਏਸ਼ਨ, ਲੁਧਿਆਣਾ ਦੇ ਪ੍ਰਧਾਨ ਵਿਪਿਨ ਸੱਗੜ, ਵਾਈਸ ਪ੍ਰਧਾਨ ਅਨਿਲ ਸੱਗੜ ਤੇ ਮੈਡਮ ਹਰਸਿਮਰਤ ਕੌਰ ਅਤੇ ਸੈਕਟਰੀ ਮਨਿੰਦਰ ਹੀਰ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਵਾਤਾਵਰਨ ਦੀ ਸੰਭਾਲ ਅਤੇ ਹਰਿਆਵਲ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਜਸਟਿਸ ਦੀਪਕ ਸਿੱਬਲ ਵੱਲੋਂ ਜੂਡੀਸ਼ੀਅਲ ਕੋਰਟਸ ਕੰਪਲੈਕਸ ਵਿਖੇ ਬੂਟੇ ਲਗਾਏ ਗਏ ਅਤੇ ਉਨ੍ਹਾਂ ਵੱਲੋਂ ਵਾਤਾਵਰਨ ਦੀ ਸੰਭਾਲ ਅਤੇ ਵੱਧ ਤੋਂ ਵੱਧ ਬੂਟੇ ਲਗਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਗਿਆ।ਇਸ ਉਪਰੰਤ ਮਾਨਯੋਗ ਜਸਟਿਸ ਦੀਪਕ ਸਿੱਬਲ ਵੱਲੋਂ ਜੂਡੀਸ਼ੀਅਲ ਕੋਰਟਸ ਕੰਪਲੈਕਸ ਦੀ ਇਮਾਰਤ ਦੇ ਦੋ ਬਲਾਕਾਂ ਨੂੰ ਆਪਸ ਵਿੱਚ ਜੋੜਨ ਵਾਲੇ ਕੋਰੀਡੋਰ ਅਤੇ ਲਿਫਟ ਦਾ ਰਿਬਨ ਕੱਟ ਕੇ ਉਦਘਾਟਨ ਕੀਤਾ ਗਿਆ।ਇਸ ਤੋਂ ਬਾਅਦ ਜਸਟਿਸ ਦੀਪਕ ਸਿੱਬਲ ਵੱਲੋਂ ਬਾਰ ਮੈਂਬਰਾਂ, ਪੁਲਸ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਅਤੇ ਆਪਣੇ ਵਿਚਾਰ ਸਾਂਝੇ ਕੀਤੇ।

# ਖੰਨਾ 'ਚ ਡੋਪ ਟੈਸਟ 'ਤੇ ਘਮਾਸਾਨ : ਐੱਸ ਐੱਮ ਓ ਦੇ ਕਮਰੇ 'ਚ ਜ਼ਬਰਦਸਤ ਹੰਗਾਮਾ

**ਖੰਨਾ (ਸੁਖਵਿੰਦਰ ਸਿੰਘ ਭਾਦਲਾ)**-ਖੰਨਾ ਦੀ ਸਿਆਸਤ ਵਿੱਚ ਨਸ਼ਿਆਂ ਦੇ ਮੁੱਦੇ ਨੂੰ ਲੈ ਕੇ ਸ਼ੁਰੂ ਹੋਈ ਡੋਪ ਟੈਸਟ ਦੀ ਚੁਣੌਤੀ ਸਰਕਾਰੀ ਹਸਪਤਾਲ ਵਿੱਚ ਉਸ ਸਮੇਂ ਵੱਡੇ ਵਿਵਾਦ ਵਿੱਚ ਬਦਲ ਗਈ, ਜਦੋਂ ਡੋਪ ਟੈਸਟ ਦੀ ਰਿਪੋਰਟ ਨਾਲੋਂ ਵੱਧ ਸਵਾਲ ਸੈਂਪਲ ਲੈਣ ਦੀ ਪ੍ਰਕਿਰਿਆ ਅਤੇ ਹਸਪਤਾਲ ਪ੍ਰਬੰਧਨ ਦੀ ਭੂਮਿਕਾ ਨੂੰ ਲੈ ਕੇ ਖੜ੍ਹੇ ਹੋ ਗਏ। ਪੰਜਾਬ ਦੇ ਕੈਬਨਿਟ ਮੰਤਰੀ ਤੇ ਖੰਨਾ ਤੋਂ 'ਆਪ' ਵਿਧਾਇਕ ਤਰੁਣਪ੍ਰੀਤ ਸਿੰਘ ਸੌਂਦ ਦੇ ਡੋਪ ਟੈਸਟ ਦੀ ਰਿਪੋਰਟ ਨੈਗੇਟਿਵ ਆਉਣ ਤੋਂ ਬਾਅਦ ਅਕਾਲੀ ਦਲ, ਕਾਂਗਰਸ ਤੇ ਭਾਜਪਾ ਆਗੂਆਂ ਨੇ ਸਰਕਾਰੀ ਹਸਪਤਾਲ ਦੇ ਐੱਸ ਐੱਮ ਓ ਡਾ. ਮਨਿੰਦਰ ਸਿੰਘ ਭਸੀਨ ਦੀ ਕਾਰਜਸ਼ੈਲੀ 'ਤੇ ਗੰਭੀਰ ਸਵਾਲ ਚੁੱਕ ਦਿੱਤੇ।ਅਕਾਲੀ ਦਲ ਦੇ ਹਲਕਾ ਇੰਚਾਰਜ ਯਾਦਵਿੰਦਰ ਸਿੰਘ ਯਾਦੂ ਅਤੇ ਕਾਂਗਰਸ ਦੇ ਸਾਬਕਾ ਮੰਤਰੀ ਗੁਰਕੀਰਤ ਸਿੰਘ ਕੋਟਲੀ ਸਮੇਤ ਹੋਰ ਆਗੂ ਹਸਪਤਾਲ ਪਹੁੰਚੇ ਤਾਂ ਮਾਹੌਲ ਗਰਮਾ ਗਿਆ।ਉਨ੍ਹਾਂ ਸਵਾਲ ਕੀਤਾ ਕਿ ਜਦੋਂ ਸਾਰਿਆਂ ਲਈ 11 ਵਜੇ ਦਾ ਸਮਾਂ ਤੈਅ ਕੀਤਾ ਗਿਆ ਸੀ ਤਾਂ ਮੰਤਰੀ ਦਾ ਸੈਂਪਲ ਇਸ ਤੋਂ ਪਹਿਲਾਂ ਹੀ ਕਿਉਂ ਲਿਆ ਗਿਆ? ਵਿਰੋਧੀ ਆਗੂਆਂ ਨੇ ਸਿਰਫ਼ ਟਾਈਮਿੰਗ 'ਤੇ ਹੀ ਸਵਾਲ ਨਹੀਂ ਚੁੱਕੇ, ਸਗੋਂ ਇਹ ਵੀ ਦੋਸ਼ ਲਾਇਆ ਕਿ ਮੰਤਰੀ ਦਾ ਸੈਂਪਲ ਲੈਣ ਲਈ ਹਸਪਤਾਲ ਵਿੱਚ ਮੌਜੂਦ ਹੋਰ ਲੈਬ ਟੈਕਨੀਸ਼ਨਾਂ ਦੀ ਬਜਾਏ ਇੱਕ ਮਹਿਲਾ ਕਰਮਚਾਰੀ ਦੀ ਡਿਊਟੀ ਲਗਾਈ ਗਈ।ਆਗੂਆਂ ਨੇ ਇਸ ਨੂੰ ਜਾਂਚ ਦਾ ਵਿਸ਼ਾ ਦੱਸਦਿਆਂ ਸਵਾਲ ਕੀਤਾ ਕਿ ਜੇਕਰ ਹਸਪਤਾਲ ਵਿੱਚ ਹੋਰ ਪੁਰਸ਼ ਲੈਬ ਟੈਕਨੀਸ਼ਨ ਮੌਜੂਦ ਸਨ ਤਾਂ ਖਾਸ ਤੌਰ 'ਤੇ ਮਹਿਲਾ ਕਰਮਚਾਰੀ ਦੀ ਡਿਊਟੀ ਕਿਉਂ ਲਗਾਈ ਗਈ? ਵਿਰੋਧੀ ਆਗੂਆਂ ਨੇ ਸਵਾਲ ਕੀਤਾ ਕਿ ਜੇਕਰ ਡੋਪ ਟੈਸਟ ਨੂੰ ਲੈ ਕੇ ਸਾਰੀਆਂ ਸਿਆਸੀ ਧਿਰਾਂ ਇੱਕੋ ਥਾਂ ਅਤੇ ਇੱਕੋ ਸਮੇਂ ਟੈਸਟ ਕਰਵਾਉਣ ਲਈ ਪਹੁੰਚੀਆਂ ਸਨ ਤਾਂ ਪ੍ਰਕਿਰਿਆ ਸਾਰਿਆਂ ਲਈ ਇੱਕੋ ਜਿਹੀ ਕਿਉਂ ਨਹੀਂ ਰੱਖੀ ਗਈ? ਉਨ੍ਹਾਂ ਇਹ ਵੀ ਕਿਹਾ ਕਿ ਸੈਂਪਲ ਲੈਣ ਤੋਂ ਲੈ ਕੇ ਰਿਪੋਰਟ ਤਿਆਰ ਕਰਨ ਤੱਕ ਪੂਰੀ ਪ੍ਰਕਿਰਿਆ ਪਾਰਦਰਸ਼ੀ ਹੋਣੀ ਚਾਹੀਦੀ ਸੀ।ਮੰਤਰੀ ਸੌਂਦ ਆਪਣਾ ਡੋਪ ਟੈਸਟ ਕਰਵਾਉਣ ਤੋਂ ਬਾਅਦ ਉਥੋਂ ਰਵਾਨਾ ਹੋ ਗਏ।ਇਸ ਤੋਂ ਬਾਅਦ ਯਾਦਵਿੰਦਰ ਸਿੰਘ ਯਾਦੂ ਅਤੇ ਗੁਰਕੀਰਤ ਸਿੰਘ ਕੋਟਲੀ ਨੇ ਵੀ ਆਪਣੇ ਡੋਪ ਟੈਸਟ ਕਰਵਾਏ, ਜਿਨ੍ਹਾਂ ਦੀ ਰਿਪੋਰਟ ਨੈਗੇਟਿਵ ਆਈ।ਕੈਬਨਿਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਵਿਰੋਧੀ ਧਿਰਾਂ ਕੋਲ ਕੋਈ ਮੁੱਦਾ ਨਹੀਂ, ਇਸ ਲਈ ਜਾਣਬੁੱਝ ਕੇ ਬੇਬੁਨਿਆਦ ਦੋਸ਼ ਲਗਾਏ ਜਾ ਰਹੇ ਹਨ।ਸੌਂਦ ਨੇ ਕਿਹਾ ਕਿ ਉਨ੍ਹਾਂ ਦੇ ਡੋਪ ਟੈਸਟ ਦੀ ਰਿਪੋਰਟ ਜਨਤਾ ਦੇ ਸਾਹਮਣੇ ਆ ਚੁੱਕੀ ਹੈ ਤੇ ਵਿਰੋਧੀ ਇਸ ਮਾਮਲੇ ਵਿੱਚ ਵੀ ਫੇਲ੍ਹ ਸਾਬਿਤ ਹੋਏ ਹਨ। ਅਕਾਲੀ ਦਲ ਦੇ ਹਲਕਾ ਇੰਚਾਰਜ ਯਾਦਵਿੰਦਰ ਸਿੰਘ ਯਾਦੂ ਨੇ ਦੋਸ਼ ਲਗਾਇਆ ਕਿ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਦਾ ਸੈਂਪਲ ਸਹੀ ਤਰੀਕੇ ਨਾਲ ਨਹੀਂ ਲਿਆ ਗਿਆ ਤੇ ਇਸ ਆਧਾਰ 'ਤੇ ਗਲਤ ਰਿਪੋਰਟ ਤਿਆਰ ਕੀਤੀ ਗਈ।ਉਨ੍ਹਾਂ ਇਸ ਪੂਰੀ ਪ੍ਰਕਿਰਿਆ ਲਈ ਐੱਸ ਐੱਮ ਓ ਨੂੰ ਜ਼ਿੰਮੇਵਾਰ ਠਹਿਰਾਉਂਦਿਆਂ ਕਿਹਾ ਕਿ ਜੇਕਰ ਮੰਤਰੀ ਨੂੰ ਆਪਣੀ ਰਿਪੋਰਟ 'ਤੇ ਪੂਰਾ ਭਰੋਸਾ ਹੈ ਤਾਂ ਉਹ ਉਨ੍ਹਾਂ ਦੇ ਨਾਲ ਚੱਲ ਕੇ ਪੀ ਜੀ ਆਈ ਤੇ ਅੰਬਾਲਾ ਤੋਂ ਵੀ ਡੋਪ ਟੈਸਟ ਕਰਵਾਉਣ।ਯਾਦੂ ਨੇ ਕਿਹਾ ਕਿ ਉਹ ਖੰਨਾ ਤੋਂ ਇਲਾਵਾ ਪੀ ਜੀ ਆਈ ਤੇ ਅੰਬਾਲਾ ਵਿੱਚ ਵੀ ਲਾਈਵ ਹੋ ਕੇ ਆਪਣਾ ਟੈਸਟ ਕਰਵਾਉਣਗੇ ਅਤੇ ਰਿਪੋਰਟਾਂ ਜਨਤਕ ਕਰਨਗੇ। ਕਾਂਗਰਸ ਦੇ ਸਾਬਕਾ ਮੰਤਰੀ ਗੁਰਕੀਰਤ ਸਿੰਘ ਕੋਟਲੀ ਨੇ ਦੋਸ਼ ਲਗਾਇਆ ਕਿ ਤਰੁਣਪ੍ਰੀਤ ਸਿੰਘ ਸੌਂਦ ਨੇ ਡੋਪ ਟੈਸਟ ਲਈ ਸੈਂਪਲ ਪਾਰਦਰਸ਼ੀ ਤਰੀਕੇ ਨਾਲ ਨਹੀਂ ਦਿੱਤਾ।ਉਨ੍ਹਾਂ ਕਿਹਾ ਕਿ ਸੈਂਪਲ ਲੈਣ ਦੀ ਪ੍ਰਕਿਰਿਆ ਲਾਈਵ ਨਹੀਂ ਕੀਤੀ ਗਈ ਤੇ ਨਾ ਹੀ ਕਿਸੇ ਦੀ ਮੌਜੂਦਗੀ ਜਾਂ ਕੈਮਰੇ ਸਾਹਮਣੇ ਸੈਂਪਲ ਦੀ ਜਾਂਚ ਕੀਤੀ ਗਈ।

## ਵਿਦਿਆਰਥੀ ਗਲਤ ਅਫਵਾਹਾਂ 'ਤੇ ਵਿਸ਼ਵਾਸ ਨਾ ਕਰਨ : ਐੱਸ ਐੱਸ ਪੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਡੀ.ਜੀ.ਪੀ. ਪੰਜਾਬ ਦੀ ਰਹਿਨੁਮਾਈ ਹੇਠ ਡੀ.ਆਈ.ਜੀ. ਪਟਿਆਲਾ ਰੇਂਜ ਸ੍ਰ. ਕੁਲਦੀਪ ਸਿੰਘ ਚਾਹਲ ਤੇ ਐੱਸ.ਐੱਸ.ਪੀ. ਪਟਿਆਲਾ ਸ੍ਰ. ਹਰਮਨਦੀਪ ਸਿੰਘ ਹੰਸ ਨੇ ਚਿਤਕਾਰਾ ਯੂਨੀਵਰਸਿਟੀ ਵਿੱਚ ਹਾਲ ਹੀ ਦੇ ਘਟਨਾਕ੍ਰਮ ਤੋਂ ਬਾਅਦ ਅਮਨ-ਕਾਨੂੰਨ ਨੂੰ ਬਣਾਈ ਰੱਖਣ ਲਈ ਤੁਰੰਤ ਕਦਮ ਚੁੱਕੇ ਹਨ।ਐੱਸ ਪੀ ਰਾਜਪੁਰਾ, ਡੀਐੱਸਪੀ ਬਨੂੜ ਤੇ ਐੱਸ ਐੱਚ ਓ ਬਨੂੜ ਸਮੇਤ ਸੀਨੀਅਰ ਅਧਿਕਾਰੀ ਸਥਿਤੀ ਦਾ ਜਾਇਜ਼ਾ ਲੈਣ ਤੇ ਕਿਸੇ ਵੀ ਹੋਰ ਵਾਧੇ ਨੂੰ ਰੋਕਣ ਲਈ ਯੂਨੀਵਰਸਿਟੀ ਪ੍ਰਬੰਧਨ ਨਾਲ ਸਿੱਧੇ ਸੰਪਰਕ ਵਿੱਚ ਹਨ।ਵਿਦਿਆਰਥੀ ਸੋਸ਼ਲ ਮੀਡੀਆ ਗਰੁੱਪਾਂ ਰਾਹੀਂ ਫੈਲ ਰਹੀਆਂ ਅਣ-ਪ੍ਰਮਾਣਿਤ ਸੂਚਨਾਵਾਂ ਤੇ ਅਫਵਾਹਾਂ ਕਾਰਨ ਇਹ ਸਥਿਤੀ ਪੈਦਾ ਹੋਈ ਹੈ।ਪੁਲਸ ਵੱਲੋਂ ਤੱਥਾਂ ਦੀ ਪੜਤਾਲ ਕਰਕੇ ਇਸ ਸਬੰਧੀ ਲੋੜੀਂਦੀ ਕਾਰਵਾਈ ਕੀਤੀ ਜਾ ਰਹੀ ਹੈ।ਵਿਦਿਆਰਥੀਆਂ ਅਤੇ ਜਨਤਾ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਸੋਸ਼ਲ ਮੀਡੀਆ 'ਤੇ ਕਿਸੇ ਵੀ ਅਣ-ਪ੍ਰਮਾਣਿਤ ਸੰਦੇਸ਼ਾਂ, ਵੀਡੀਓ ਜਾਂ ਪੋਸਟਾਂ 'ਤੇ ਵਿਸ਼ਵਾਸ ਨਾ ਕਰਨ ਜਾਂ ਅੱਗੇ ਭੇਜਣ ਤੇ ਸਿਰਫ਼ ਪ੍ਰਮਾਣਿਤ ਜਾਣਕਾਰੀ 'ਤੇ ਭਰੋਸਾ ਕਰਨ।

## ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਨੇ ਵਿਸ਼ਵ ਦਿਲ ਦਿਵਸ ਮਨਾਇਆ




**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਵਿਸ਼ਵ ਹਿਰਦੇ ਦਿਵਸ ਮੌਕੇ ਜਾਗਰੂਕਤਾ ਫੈਲਾਉਣ ਲਈ ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਦੀ ਸ਼ਾਖਾ ਸੁਨਾਮ ਵੱਲੋਂ ਚਲਾਏ ਜਾ ਰਹੇ ਸਿਹਤ ਪ੍ਰੋਜੈਕਟ ਦੇ ਤਹਿਤ ਵਿਸ਼ਵ ਦਿਲ ਦਿਵਸ ਮਨਾਇਆ ਗਿਆ।ਇਸ ਮੌਕੇ ਸਾਧਵੀ ਕਾਤਿਆਨੀ ਭਾਰਤੀ ਨੇ ਕਿਹਾ ਕਿ ਦਿਲ ਦੀਆਂ ਬਿਮਾਰੀਆਂ ਅਕਸਰ ਚੁੱਪਚਾਪ ਅਤੇ ਬਿਨਾਂ ਕਿਸੇ ਸ਼ੁਰੂਆਤੀ ਲੱਛਣ ਦੇ ਵਿਕਸਤ ਹੁੰਦੀਆਂ ਹਨ, ਇਸ ਲਈ ਸਮੇਂ ਸਿਰ ਸੁਚੇਤ ਰਹਿਣਾ ਬਹੁਤ ਜ਼ਰੂਰੀ ਹੈ।ਅੱਜ ਦੇ ਸਮੇਂ ਵਿੱਚ ਬਦਲਦੀ ਜੀਵਨਸ਼ੈਲੀ, ਗਲਤ ਖਾਣ-ਪੀਣ ਦੀਆਂ ਆਦਤਾਂ, ਮਾਨਸਿਕ ਤਣਾਅ, ਸਰੀਰਕ ਅਕਿਰਿਆਸ਼ੀਲਤਾ ਅਤੇ ਸਿਗਰਟਨੋਸ਼ੀ ਕਾਰਨ ਦਿਲ ਦੀਆਂ ਬਿਮਾਰੀਆਂ ਦੇ ਮਾਮਲੇ ਲਗਾਤਾਰ ਵਧ ਰਹੇ ਹਨ ਅਤੇ ਨੌਜਵਾਨ ਵੀ ਇਸ ਦਾ ਸ਼ਿਕਾਰ ਹੋ ਰਹੇ ਹਨ।ਇਸ ਮੌਕੇ ਸਿਹਤ ਮਾਹਰ ਡਾ. ਰਾਜ ਕੁਮਾਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਬਲੱਡ ਪ੍ਰੈਸ਼ਰ, ਸ਼ੂਗਰ ਅਤੇ ਕੋਲੈਸਟ੍ਰੋਲ ਦੀ ਨਿਯਮਤ ਤੌਰ 'ਤੇ ਜਾਂਚ ਕਰਵਾਉਣ।ਹਰ ਵਿਅਕਤੀ ਆਪਣੇ ਰੋਜ਼ਮਰ੍ਹਾ ਜੀਵਨ ਵਿੱਚ ਸੰਤੁਲਿਤ ਖੁਰਾਕ ਅਪਣਾਉਂਦੇ ਹੋਏ ਜੰਕ ਫੂਡ ਅਤੇ ਜ਼ਿਆਦਾ ਨਮਕ ਅਤੇ ਚੀਨੀ ਦੇ ਸੇਵਨ ਤੋਂ ਬਚੇ ਅਤੇ ਆਪਣੀ ਖੁਰਾਕ ਵਿੱਚ ਤਾਜ਼ੇ ਫਲ, ਹਰੀਆਂ ਸਬਜ਼ੀਆਂ ਅਤੇ ਪੌਸ਼ਟਿਕ ਅਨਾਜ ਸ਼ਾਮਲ ਕੀਤੀਆਂ ਜਾਣ।ਉਹਨਾਂ ਦੱਸਿਆ ਕਿ ਰੋਜ਼ਾਨਾ ਘੱਟੋ-ਘੱਟ 30 ਮਿੰਟ ਸੈਰ, ਯੋਗਾ ਜਾਂ ਹਲਕੀ ਕਸਰਤ ਕਰੋ ਅਤੇ ਨਸ਼ਾ ਮੁਕਤ ਜੀਵਨ ਜਿਉਂਦੇ ਹੋਏ ਸਿਗਰਟਨੋਸ਼ੀ ਅਤੇ ਤੰਬਾਕੂ ਦੇ ਸੇਵਨ ਤੋਂ ਪੂਰੀ ਤਰ੍ਹਾਂ ਦੂਰ ਰਹੋ। ਇਸ ਸਮੇਂ ਨਬਜ਼ ਮਾਹਰ ਡਾ. ਰਾਜ ਕੁਮਾਰ ਨੇ 150 ਮਰੀਜ਼ਾਂ ਦੀ ਨਬਜ਼ ਦੀ ਜਾਂਚ ਕੀਤੀ ਅਤੇ ਸਰੀਰ ਨੂੰ ਸਿਹਤਮੰਦ ਰੱਖਣ ਲਈ ਸੰਤੁਲਿਤ ਖੁਰਾਕ ਅਤੇ ਕਸਰਤ ਕਰਨ ਦੀ ਸਲਾਹ ਦਿੱਤੀ।

## ਹੱਕੀ ਮੰਗਾਂ ਲਈ ਐੱਨ ਐੱਚ ਐੱਮ ਮੁਲਾਜ਼ਮਾਂ ਨੇ ਸਿਵਲ ਸਰਜਨ ਦਫ਼ਤਰ ਦੇ ਬਾਹਰ ਦਿੱਤਾ ਧਰਨਾ



ਚੋਹਲਾ ਸਾਹਿਬ (ਰਮਨ ਚੱਢਾ)-ਐੱਨ. ਐੱਚ. ਐੱਮ. ਇੰਪਲਾਈਜ਼ ਯੂਨੀਅਨ ਪੰਜਾਬ ਵੱਲੋਂ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਹੱਕੀ ਅਤੇ ਜਾਇਜ਼ ਮੰਗਾਂ ਦੇ ਹੱਲ ਲਈ ਸੰਘਰਸ਼ ਨੂੰ ਹੋਰ ਤੇਜ਼ ਕਰਨ ਦਾ ਐਲਾਨ ਕੀਤਾ ਗਿਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਯੂਨੀਅਨ ਦੇ ਪ੍ਰਧਾਨ ਮਨਦੀਪ ਸਿੰਘ ਚੌਹਾਨ ਨੇ ਪੱਤਰਕਾਰਾਂ ਨਾਲ ਗਲਬਾਤ ਦੌਰਾਨ ਕੀਤਾ। ਉਨ੍ਹਾਂ ਦੱਸਿਆ ਕਿ ਯੂਨੀਅਨ ਵੱਲੋਂ ਜਾਰੀ ਕੀਤੇ ਗਏ ਸੰਘਰਸ਼ ਪ੍ਰੋਗਰਾਮ ਤਹਿਤ ਜ਼ਿਲ੍ਹਾ ਤਰਨ ਤਾਰਨ ਵਿੱਚ ਸਿਵਲ ਸਰਜਨ ਦਫ਼ਤਰ ਦੇ ਬਾਹਰ ਜ਼ਿਲ੍ਹਾ ਪੱਧਰੀ ਧਰਨਾ ਦਿੱਤਾ ਗਿਆ ਜਿਸ ਵਿੱਚ ਸਰਕਾਰ ਅਤੇ ਵਿਭਾਗ ਖਿਲਾਫ਼ ਜਮ ਕੇ ਨਾਅਰੇਬਾਜ਼ੀ ਕੀਤੀ ਗਈ; ਇਸ ਮੌਕੇ ਸਿਵਲ ਸਰਜਨ ਰਾਹੀਂ ਸਿਹਤ ਵਿਭਾਗ ਅਤੇ ਸਰਕਾਰ ਨੂੰ ਐੱਨ.ਐੱਚ.ਐੱਮ. ਮੁਲਾਜ਼ਮਾਂ ਦੀਆਂ ਲੰਬਿਤ ਮੰਗਾਂ ਸਬੰਧੀ ਜਾਣੂ ਕਰਵਾਉਂਦੇ ਹੋਏ ਮੰਗ ਪੱਤਰ ਵੀ ਸੌਂਪਿਆ ਗਿਆ। ਯੂਨੀਅਨ ਆਗੂ ਜੈਸਮੀਨ ਕੌਰ ਵੱਲੋਂ ਦੱਸਿਆ ਗਿਆ ਕਿ ਸਰਕਾਰ ਅੱਗੇ ਮੁੱਖ ਤੌਰ 'ਤੇ ਐੱਨ.ਐੱਚ.ਐੱਮ. ਮੁਲਾਜ਼ਮਾਂ ਦੀਆਂ ਸਾਲਾਂ ਤੋਂ ਲਟਕਦੀਆਂ ਜਾਇਜ਼ ਮੰਗਾਂ ਨੂੰ ਤੁਰੰਤ ਵਿਭਾਗੀ ਕਮੇਟੀ ਰਾਹੀਂ ਹੱਲ ਕਰਨ, ਪਿਛਲੀ ਮੀਟਿੰਗ ਵਿੱਚ ਕੀਤੇ ਗਏ ਫੈਸਲਿਆਂ ਨੂੰ ਲਾਗੂ ਕਰਨ ਅਤੇ ਮੰਗਾਂ ਦੇ ਸਥਾਈ ਹੱਲ ਲਈ ਵਿਸ਼ੇਸ਼ ਕਮੇਟੀ ਦੀ ਮੀਟਿੰਗ ਬੁਲਾ ਕੇ ਐੱਨ.ਐੱਚ.ਐੱਮ. ਮੁਲਾਜ਼ਮਾਂ ਤੇ 'ਬਰਾਬਰ ਕੰਮ ਬਰਾਬਰ ਤਨਖਾਹ' ਦੇ ਸਿਧਾਂਤ ਨੂੰ ਲਾਗੂ ਕਰਨ, ਤਨਖਾਹਾਂ ਵਿੱਚ ਸਨਮਾਨਜਨਕ ਵਾਧਾ ਕਰਨ ਅਤੇ ਲੰਬੇ ਸਮੇ ਤੋਂ ਵੱਖ-ਵੱਖ ਕੈਡਰਾਂ ਨਾਲ ਸਬੰਧਤ ਲੰਬਿਤ ਮਸਲਿਆਂ ਅਤੇ ਸਰਕਾਰ ਤੇ ਸਿਹਤ ਵਿਭਾਗ ਕੋਲ ਪਹਿਲਾਂ ਤੋਂ ਚੱਲ ਰਹੀਆਂ ਫਾਈਲਾਂ ਦਾ ਵੀ ਜਲਦ ਨਿਪਟਾਰਾ ਕਰਨ ਦੀ ਮੰਗ ਕੀਤੀ ਹੈ। ਉਨ੍ਹਾਂ ਦੱਸਿਆ ਕਿ ਉਪਰੋਕਤ ਤੋਂ ਇਲਾਵਾ ਹੋਰ ਵੀ ਕਈ ਮੰਗਾਂ ਦਾ ਜ਼ਿਕਰ ਕੀਤਾ ਗਿਆ ਹੈ। ਯੂਨੀਅਨ ਵੱਲੋਂ ਸਪੱਸ਼ਟ ਕੀਤਾ ਗਿਆ ਹੈ ਕਿ ਜੇਕਰ ਸਰਕਾਰ ਵੱਲੋਂ ਮੰਗਾਂ ਦੇ ਹੱਲ ਲਈ ਠੋਸ ਕਾਰਵਾਈ ਨਾ ਕੀਤੀ ਗਈ ਤਾਂ 9 ਅਕਤੂਬਰ ਦੀ ਮਹਾ ਰੈਲੀ ਉਪਰੰਤ ਸੰਘਰਸ਼ ਨੂੰ ਹੋਰ ਤਿੱਖਾ, ਤੇਜ਼ ਅਤੇ ਵਿਸ਼ਾਲ ਕੀਤਾ ਜਾਵੇਗਾ। ਇਸ ਸਮੇਂ ਅਮਰਜੀਤ ਕੌਰ, ਸੰਦੀਪ ਸਿੰਘ, ਡਾ ਕੇ.ਪੀ. , ਡਾ ਦਿਲਬਾਗ ਸਿੰਘ, ਰਮਨਦੀਪ ਕੌਰ ਸੀ.ਐਚ.ਓ. ਕੈਰੋਂ, ਵਿਦਿਆ ਦੇਵੀ, ਅਮਰਜੀਤ ਕੌਰ ਸੀ.ਐੱਚ.ਓ ਖੇਮਕਰਨ, ਵਿਸ਼ਾਲ ਕੁਮਾਰ, ਕੁਲਵੰਤ ਕੌਰ, ਨਵਜੋਤ ਕੌਰ ਸਰਹਾਲੀ, ਰਵਿੰਦਰ ਕੌਰ, ਜੀਵਨਜੋਤ ਸਿੰਘ, ਮਨਦੀਪ ਕੌਰ ਸੀ.ਐੱਚ.ਓ ਝਬਾਲ, ਮਨਜਿੰਦਰ ਸਿੰਘ, ਡਾ. ਪਰੋਮੀ, ਪ੍ਰਭਜੀਤ ਕੌਰ ਸੁਰਸਿੰਘ, ਡਾ ਰਵਿੰਦਰ ਕੌਰ, ਯੋਗੇਸ਼ ਗਿੱਲ, ਡਾ. ਸ਼ਰਨ ਕਸੇਲ, ਡਾ. ਚੰਦਨ ਸ਼ਰਮਾ ਘਰਿਆਲਾ, ਹਰਜਿੰਦਰ ਸਿੰਘ, ਸੁਖਪਾਲ ਕੌਰ ਮੀਆਂਵਿੰਡ, ਡਾ. ਗੁਰਸ਼ਰਨ ਸਿੰਘ, ਤਰੁਣ, ਰਜਨੀ ਸ਼ਰਮਾ, ਸੰਦੀਪ ਸਿੰਘ ਸੀ. ਓ., ਕੰਵਲਜੀਤ ਕੌਰ ਡੀ.ਐੱਸ.ਏ., ਸਿਮਰਜੀਤ ਸਿੰਘ, ਆਰੂਸ਼ ਭੱਲਾ, ਕੋਮਲਜੀਤ ਕੌਰ, ਸੁਮਨ ਸਿੱਧੂ, ਪ੍ਰਗਟ ਸਿੰਘ, ਕਮਲਜੀਤ ਕੌਰ, ਮਨਿੰਦਰ ਕੌਰ ਆਦਿ ਐੱਨ.ਐੱਚ.ਐੱਮ ਕਰਮਚਾਰੀ ਹਾਜ਼ਰ ਸਨ।

## ਸਪੈਸ਼ਲ ਕਾਡਰ ਅਧਿਆਪਕਾਂ ਵੱਲੋਂ ਸੰਗਰੂਰ ਵਿਖੇ ਮੁੱਖ ਰੈਲੀ 2 ਨੂੰ

**ਪਠਾਨਕੋਟ (ਦਵਿੰਦਰ ਸਿੰਘ)**-ਸਪੈਸ਼ਲ ਕਾਡਰ ਅਧਿਆਪਕ ਫਰੰਟ ਪੰਜਾਬ ਵੱਲੋਂ ਪੇ-ਸਕੇਲ ਦੀ ਮੰਗ ਨੂੰ ਲੈ ਕੇ 2 ਅਕਤੂਬਰ ਨੂੰ ਸੰਗਰੂਰ ਵਿਖੇ ਮੁੱਖ ਰੈਲੀ ਕੀਤੀ ਜਾ ਰਹੀ ਹੈ।ਫਰੰਟ ਦੇ ਆਗੂ ਮੁਨੀਸ਼ ਕੁਮਾਰ, ਅਜੇ ਕੁਮਾਰ ਅਤੇ ਸ਼ਾਮ ਲਾਲ ਵੱਲੋਂ ਸਰਕਾਰ 'ਤੇ ਦੋਸ਼ ਲਗਾਇਆ ਗਿਆ ਕਿ ਪਿਛਲੇ ਤਿੰਨ ਸਾਲਾਂ ਤੋਂ ਪੇ-ਸਕੇਲ ਦੀ ਮੰਗ ਨੂੰ ਲੈ ਕੇ ਵਿੱਤ ਮੰਤਰੀ, ਸਿੱਖਿਆ ਮੰਤਰੀ ਪੰਜਾਬ ਅਤੇ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਮੀਟਿੰਗਾਂ ਕੀਤੀਆਂ ਗਈਆਂ ਹਨ, ਪਰ ਅਜੇ ਤੱਕ ਮਸਲੇ ਦਾ ਹੱਲ ਨਹੀਂ ਕੀਤਾ ਗਿਆ।

ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਅਤੇ ਸਿੱਖਿਆ ਮੰਤਰੀ ਵੱਲੋਂ ਪੇ-ਸਕੇਲ ਲਾਗੂ ਕਰਨ ਸਬੰਧੀ ਭਰੋਸਾ ਦਿੱਤਾ ਗਿਆ ਸੀ, ਪਰ ਉਨ੍ਹਾਂ ਮੁਤਾਬਕ ਇਹ ਮਾਮਲਾ ਅਜੇ ਵੀ ਲਟਕ ਰਿਹਾ ਹੈ। ਉਨ੍ਹਾਂ ਕਿਹਾ ਕਿ ਅਧਿਆਪਕ ਲੰਮੇ ਸਮੇਂ ਤੋਂ ਆਪਣੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਕਰ ਰਹੇ ਹਨ ਅਤੇ ਸਰਕਾਰ ਵੱਲੋਂ ਮਸਲੇ ਦਾ ਹੱਲ ਨਾ ਹੋਣ ਕਾਰਨ ਉਨ੍ਹਾਂ ਵਿੱਚ ਰੋਸ ਹੈ।ਫਰੰਟ ਦੇ ਆਗੂਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 2 ਅਕਤੂਬਰ ਨੂੰ ਸੰਗਰੂਰ ਵਿਖੇ ਮੁੱਖ ਧਰਨੀ ਰੈਲੀ ਕੀਤੀ ਜਾਵੇਗੀ।

ਉਨ੍ਹਾਂ ਪੰਜਾਬ ਦੇ ਕਾਡਰ ਨਾਲ ਸਬੰਧਤ ਅਧਿਆਪਕਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਰੈਲੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਵੱਲੋਂ ਮੰਗਾਂ ਦੀ ਪੂਰਤੀ ਸਬੰਧੀ ਕੋਈ ਠੋਸ ਕਾਰਵਾਈ ਨਹੀਂ ਕੀਤੀ ਜਾਂਦੀ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਆਗੂਆਂ ਨੇ ਚਿਤਾਵਨੀ ਦਿੱਤੀ ਕਿ ਪੇ-ਸਕੇਲ ਲਾਗੂ ਕਰਨ ਵਿੱਚ ਦੇਰੀ ਹੋਣ 'ਤੇ ਅਗਲੇ ਪੜਾਅ ਦੀ ਰਣਨੀਤੀ ਤੈਅ ਕੀਤੀ ਜਾਵੇਗੀ।

## ਆਜ਼ਾਦੀ ਘੁਲਾਟੀਏ ਦੀ ਇਕਲੌਤੀ ਧੀ ਆਰਥਿਕ ਸੰਕਟ ਕਾਰਨ ਦਰ-ਦਰ ਦੀਆਂ ਠੋਕਰਾਂ ਖਾਣ ਲਈ ਮਜਬੂਰ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਦੇਸ਼ ਦੀ ਆਜ਼ਾਦੀ ਲਈ ਅੰਗਰੇਜ਼ ਹਕੂਮਤ ਵਿਰੁੱਧ ਸੰਘਰਸ਼ ਕਰਨ ਵਾਲੇ ਆਜ਼ਾਦੀ ਘੁਲਾਟੀਏ ਮੇਜਾ ਸਿੰਘ ਵਲਟੋਹਾ ਦੀ ਇਕਲੌਤੀ ਧੀ ਰਣਜੀਤ ਕੌਰ ਆਰਥਿਕ ਤੰਗੀ ਕਾਰਨ ਮੁਸ਼ਕਲਾਂ ਦਾ ਸਾਹਮਣਾ ਕਰ ਰਹੀ ਹੈ।ਰਣਜੀਤ ਕੌਰ ਨੇ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਆਪਣੇ ਪਰਿਵਾਰ ਲਈ ਬਣਦੀਆਂ ਸਰਕਾਰੀ ਸਹੂਲਤਾਂ ਅਤੇ ਆਰਥਿਕ ਸਹਾਇਤਾ ਮੁਹੱਈਆ ਕਰਵਾਉਣ ਦੀ ਮੰਗ ਕੀਤੀ ਹੈ।ਰਣਜੀਤ ਕੌਰ ਨੇ ਦੱਸਿਆ ਕਿ ਉਸ ਦੇ ਪਿਤਾ ਮੇਜਾ ਸਿੰਘ ਵਲਟੋਹਾ ਨੇ ਦੇਸ਼ ਨੂੰ ਅੰਗਰੇਜ਼ੀ ਹਕੂਮਤ ਤੋਂ ਆਜ਼ਾਦ ਕਰਵਾਉਣ ਲਈ ਸੰਘਰਸ਼ ਕੀਤਾ ਸੀ।ਉਨ੍ਹਾਂ ਦੀ ਕੁਰਬਾਨੀ ਅਤੇ ਆਜ਼ਾਦੀ ਸੰਗਰਾਮ ਨਾਲ ਸਬੰਧਤ ਤਾਮਰ ਪੱਤਰ ਸਮੇਤ ਹੋਰ ਦਸਤਾਵੇਜ਼ ਵੀ ਉਸ ਕੋਲ ਮੌਜੂਦ ਹਨ।ਉਸ ਨੇ ਕਿਹਾ ਕਿ ਜਿਸ ਪਰਿਵਾਰ ਦੇ ਮੁਖੀ ਨੇ ਦੇਸ਼ ਦੀ ਆਜ਼ਾਦੀ ਲਈ ਆਪਣਾ ਜੀਵਨ ਲਾਇਆ, ਅੱਜ ਉਸੇ ਪਰਿਵਾਰ ਦੀ ਧੀ ਨੂੰ ਆਰਥਿਕ ਤੰਗੀ ਕਾਰਨ ਆਪਣੀਆਂ ਮੁੱਢਲੀਆਂ ਲੋੜਾਂ ਪੂਰੀਆਂ ਕਰਨੀਆਂ ਔਖੀਆਂ ਹੋ ਰਹੀਆਂ ਹਨ।ਉਸ ਨੇ ਦੱਸਿਆ ਕਿ ਘਰ ਦੀ ਆਰਥਿਕ ਹਾਲਤ ਕਮਜ਼ੋਰ ਹੋਣ ਕਾਰਨ ਗੁਜ਼ਾਰਾ ਚਲਾਉਣਾ ਮੁਸ਼ਕਲ ਹੋ ਗਿਆ ਹੈ। ਆਪਣੇ ਹੱਕਾਂ ਅਤੇ ਬਣਦੀਆਂ ਸਰਕਾਰੀ ਸਹੂਲਤਾਂ ਲਈ ਉਹ ਕਈ ਵਾਰ ਸਬੰਧਤ ਅਧਿਕਾਰੀਆਂ ਦੇ ਦਫ਼ਤਰਾਂ ਵਿੱਚ ਜਾ ਕੇ ਆਪਣੀ ਫਰਿਆਦ ਰੱਖ ਚੁੱਕੀ ਹੈ, ਪਰ ਹਾਲੇ ਤੱਕ ਉਸ ਦੀ ਸਮੱਸਿਆ ਦਾ ਪੱਕਾ ਹੱਲ ਨਹੀਂ ਹੋ ਸਕਿਆ।ਉਸ ਨੇ



ਕਿਹਾ ਕਿ ਹਰ ਵਾਰ ਆਸ ਲੈ ਕੇ ਸਰਕਾਰੀ ਦਫ਼ਤਰਾਂ ਦੇ ਚੱਕਰ ਲਾਉਣੇ ਪੈਂਦੇ ਹਨ, ਪਰ ਮਾਮਲਾ ਹੱਲ ਨਾ ਹੋਣ ਕਾਰਨ ਨਿਰਾਸ਼ਾ ਹੀ ਹੱਥ ਲੱਗਦੀ ਹੈ।ਰਣਜੀਤ ਕੌਰ ਨੇ ਦੱਸਿਆ ਕਿ ਉਸ ਦੀ ਨੂੰਹ ਆਪਣੀਆਂ ਦੋ ਧੀਆਂ ਨੂੰ ਛੱਡ ਕੇ ਘਰੋਂ ਚਲੀ ਗਈ ਹੈ।ਹੁਣ ਬੁਢਾਪੇ ਦੀ ਉਮਰ ਵਿੱਚ ਦੋ ਪੋਤਰੀਆਂ ਦੀ ਜ਼ਿੰਮੇਵਾਰੀ ਵੀ ਉਸ ਦੇ ਸਿਰ ਆ ਗਈ ਹੈ। ਉਸ ਨੇ ਕਿਹਾ ਕਿ ਬੱਚੀਆਂ ਦੀ ਦੇਖਭਾਲ, ਪੜ੍ਹਾਈ ਅਤੇ ਰੋਜ਼ਾਨਾ ਦੀਆਂ ਲੋੜਾਂ ਪੂਰੀਆਂ ਕਰਨਾ ਆਰਥਿਕ ਤੰਗੀ ਦੇ ਦੌਰ ਵਿੱਚ ਉਸ ਲਈ ਬਹੁਤ ਔਖਾ ਹੈ। ਇਸ ਕਾਰਨ ਉਸ ਨੂੰ ਆਪਣੀਆਂ ਪੋਤਰੀਆਂ ਸਮੇਤ ਦਰ-ਦਰ ਦੀਆਂ ਠੋਕਰਾਂ ਖਾਣ ਲਈ ਮਜਬੂਰ ਹੋਣਾ ਪੈ ਰਿਹਾ ਹੈ।ਉਸ ਨੇ ਕਿਹਾ ਕਿ ਉਸ ਦੀ ਇੱਛਾ ਕਿਸੇ ਤੋਂ ਖੈਰਾਤ ਮੰਗਣ ਦੀ ਨਹੀਂ, ਸਗੋਂ ਆਪਣੇ ਪਿਤਾ ਵੱਲੋਂ ਦੇਸ਼ ਦੀ ਆਜ਼ਾਦੀ ਲਈ ਕੀਤੀ ਕੁਰਬਾਨੀ ਦੇ ਮੱਦੇਨਜ਼ਰ ਪਰਿਵਾਰ ਨੂੰ ਮਿਲਣ ਵਾਲੇ ਹੱਕ ਅਤੇ ਨਿਯਮਾਂ ਅਨੁਸਾਰ ਬਣਦੀਆਂ ਸਹੂਲਤਾਂ ਪ੍ਰਾਪਤ ਕਰਨ ਦੀ ਹੈ।

ਤਾਮਰ ਪੱਤਰ ਦਿਖਾਉਂਦਿਆਂ ਰਣਜੀਤ ਕੌਰ ਨੇ ਕਿਹਾ ਕਿ ਉਸ ਦੇ ਪਿਤਾ ਨੇ ਜਿਸ ਦੇਸ਼ ਦੀ ਆਜ਼ਾਦੀ ਲਈ ਸੰਘਰਸ਼ ਕੀਤਾ, ਉਸੇ ਦੇਸ਼ ਵਿੱਚ ਉਨ੍ਹਾਂ ਦੀ ਔਲਾਦ ਨੂੰ ਆਪਣੇ ਹੱਕਾਂ ਲਈ ਸਰਕਾਰੀ ਦਫ਼ਤਰਾਂ ਦੇ ਚੱਕਰ ਲਾਉਣੇ ਪੈ ਰਹੇ ਹਨ।ਰਣਜੀਤ ਕੌਰ ਨੇ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਉਸ ਦੇ ਮਾਮਲੇ ਦੀ ਹਮਦਰਦੀ ਨਾਲ ਜਾਂਚ ਕਰਵਾਈ ਜਾਵੇ ਅਤੇ ਆਜ਼ਾਦੀ ਘੁਲਾਟੀਏ ਦੇ ਪਰਿਵਾਰ ਨਾਲ ਸਬੰਧਤ ਹੋਣ ਦੇ ਨਾਤੇ ਉਸ ਨੂੰ ਨਿਯਮਾਂ ਅਨੁਸਾਰ ਬਣਦੀਆਂ ਸਹੂਲਤਾਂ ਅਤੇ ਆਰਥਿਕ ਸਹਾਇਤਾ ਦਿੱਤੀ ਜਾਵੇ।ਉਸ ਨੇ ਕਿਹਾ ਕਿ ਸਰਕਾਰੀ ਸਹਾਇਤਾ ਮਿਲਣ ਨਾਲ ਉਸ ਦੀਆਂ ਮੁਸ਼ਕਲਾਂ ਘੱਟ ਹੋਣ ਦੇ ਨਾਲ-ਨਾਲ ਉਸ ਦੀਆਂ ਪੋਤਰੀਆਂ ਦੀ ਪੜ੍ਹਾਈ ਅਤੇ ਭਵਿੱਖ ਵੀ ਬਿਹਤਰ ਬਣ ਸਕੇਗਾ।

## ਟੈਕਨੀਕਲ ਸਰਵਿਸਿਜ਼ ਯੂਨੀਅਨ ਸਬ-ਡਵੀਜ਼ਨ ਬਿਆਸ ਦੇ ਨਵੇਂ ਅਹੁਦੇਦਾਰ ਥਾਪੇ



ਬਿਆਸ (ਪਰਮਜੀਤ ਸਿੰਘ ਰੱਖੜਾ):ਟੈਕਨੀਕਲ ਸਰਵਿਸ ਯੂਨੀਅਨ ਸਬ ਡਵੀਜ਼ਨ ਬਿਆਸ ਦੀ ਮੀਟਿੰਗ ਦੌਰਾਨ ਨਵੇਂ ਅਹੁਦੇਦਾਰਾਂ ਨੂੰ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਟੈਕਨੀਕਲ ਸਰਵਿਸਿਜ਼ ਯੂਨੀਅਨ ਦੇ ਸਰਕਲ ਪ੍ਰਧਾਨ ਕੰਵਲਜੀਤ ਸਿੰਘ ਬੁਟਾਰੀ ਨੇ ਦੱਸਿਆ ਕਿ ਟੈਕਨੀਕਲ ਸਰਵਿਸਿਜ਼ ਯੂਨੀਅਨ ਬਿਆਸ ਦੀ ਪਹਿਲੀ ਕਮੇਟੀ ਭੰਗ ਕਰਨ ਤੋਂ ਬਾਅਦ ਅਗਲੇ ਦੋ ਸਾਲ ਲਈ ਸਬ ਡਵੀਜ਼ਨ ਬਿਆਸ ਦੇ ਨਵੇਂ ਅਹੁਦੇਦਾਰਾਂ ਨੂੰ ਜ਼ਿੰਮੇਵਾਰੀਆਂ ਦਿੱਤੀਆਂ ਗਈਆਂ ਹਨ। ਇਸ ਵਿੱਚ ਖੁਸ਼ਵਿੰਦਰ ਸਿੰਘ ਨੂੰ ਪ੍ਰਧਾਨ, ਯੋਧਬੀਰ ਸਿੰਘ ਨੂੰ ਮੀਤ ਪ੍ਰਧਾਨ, ਮੁਕੇਸ਼ ਕੁਮਾਰ ਨੂੰ ਸੀਨੀਅਰ ਮੀਤ ਪ੍ਰਧਾਨ, ਬਲਬੀਰ ਸਿੰਘ ਨੂੰ ਸਕੱਤਰ ਜਨਰਲ, ਮਲਕੀਤ ਸਿੰਘ ਨੂੰ ਜੁਇੰਟ ਸਕੱਤਰ, ਅੰਮ੍ਰਿਤਪਾਲ ਸਿੰਘ ਅਤੇ ਸ਼ਮਸ਼ੇਰ ਸਿੰਘ ਨੂੰ ਕੈਸ਼ੀਅਰ ਵਜੋਂ ਸੇਵਾਵਾਂ ਸੌਂਪੀਆਂ ਗਈਆਂ ਹਨ।

## ਸ਼ਮਸ਼ੇਰ ਸਿੰਘ ਨੇ ਬਹਿਰਾਮਪੁਰ 'ਚ ਲਾਭਪਾਤਰੀਆਂ ਨੂੰ ਸਿਹਤ ਯੋਜਨਾ ਦੇ ਕਾਰਡ ਵੰਡੇ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਵਿਧਾਨ ਸਭਾ ਹਲਕਾ ਦੀਨਾਨਗਰ ਦੇ ਇੰਚਾਰਜ ਸ਼ਮਸ਼ੇਰ ਸਿੰਘ ਨੇ ਬਹਿਰਾਮਪੁਰ ਵਿਖੇ ਆਮ ਲੋਕਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਦੇ ਤਹਿਤ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਵਾਲੇ ਕਾਰਡ ਲਾਭਪਾਤਰੀਆਂ ਨੂੰ ਵੰਡੇ।ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ ਨਾਲ ਲੋਕ ਮਿਲਣੀ ਕਰਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਵੀ ਹੱਲ ਕੀਤੀਆਂ।ਇਸ ਮੌਕੇ ਸਮਸ਼ੇਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਆਮ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣ ਲਈ ਵਚਨਬੱਧ ਹੈ।ਉਨ੍ਹਾਂ ਦੱਸਿਆ ਕਿ ਇਹ ਸਿਹਤ ਯੋਜਨਾ ਕਾਰਡ ਗਰੀਬ ਅਤੇ ਲੋੜਵੰਦ ਪਰਿਵਾਰਾਂ ਲਈ ਵੱਡਾ ਸਹਾਰਾ ਬਣਨਗੇ, ਜਿਸ ਨਾਲ ਹੁਣ ਕੋਈ ਵੀ ਵਿਅਕਤੀ ਇਲਾਜ ਦੇ ਖਰਚੇ ਕਰਕੇ ਚੰਗੀਆਂ ਸਿਹਤ ਸੇਵਾਵਾਂ ਤੋਂ ਵਾਂਝਾ ਨਹੀਂ ਰਹੇਗਾ।

ਉਨ੍ਹਾਂ ਕਿਹਾ ਕਿ ਕਾਰਡ ਧਾਰਕ ਸਰਕਾਰੀ ਦੇ ਨਾਲ-ਨਾਲ ਸੂਚੀਬੱਧ ਪ੍ਰਾਈਵੇਟ ਹਸਪਤਾਲਾਂ ਵਿੱਚ ਵੀ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਕਰਵਾ ਸਕਣਗੇ।ਉਨ੍ਹਾਂ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨਾਲ ਜੋ ਵਾਅਦੇ ਕੀਤੇ ਸਨ ਉਨ੍ਹਾਂ ਵਾਅਦਿਆਂ ਨੂੰ ਹਰ ਹਾਲ ਪੂਰਾ ਕੀਤਾ ਗਿਆ ਹੈ।ਇਸ ਮੌਕੇ ਲਾਭਪਾਤਰੀਆਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਹਲਕਾ ਇੰਚਾਰਜ ਸਮਸ਼ੇਰ ਸਿੰਘ ਨੇ ਧੰਨਵਾਦ ਕਰਦਿਆਂ ਕਿਹਾ ਕਿ ਸਿਹਤ ਬੀਮਾ ਕਾਰਡ ਬਣਨ ਨਾਲ ਉਨ੍ਹਾਂ ਨੂੰ ਵੱਡੀ ਰਾਹਤ ਮਿਲੀ ਹੈ।

## ਰਾਜੋਕੇ ਦੀ ਪੰਚਾਇਤ ਵੱਲੋਂ ਕੁੱਝ ਅਹਿਮ ਮਤੇ ਪਾਸ



ਖਾਲੜਾ/ਭਿੱਖੀਵਿੰਡ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ)-ਪਿੰਡ ਰਾਜੋਕੇ ਦੀ ਪੰਚਾਇਤ ਅਤੇ ਮੋਹਤਬਰਾਂ ਨੇ ਪਿੰਡ ਦੇ ਲੜਕੇ-ਲੜਕੀਆਂ ਵੱਲੋਂ ਆਪਸ ਵਿੱਚ ਵਿਆਹ ਕਰਵਾਉਣ ਦੇ ਮਾਮਲੇ ਨੂੰ ਲੈ ਕੇ ਅਹਿਮ ਮਤੇ ਪਾਸ ਕੀਤੇ ਹਨ।ਥਾਣਾ ਖਾਲੜਾ ਅਧੀਨ ਪੈਂਦੇ ਇਸ ਪਿੰਡ ਵਿੱਚ ਹੋਈ ਇਕੱਤਰਤਾ ਦੌਰਾਨ ਫ਼ੈਸਲਾ ਕੀਤਾ ਗਿਆ ਕਿ ਪਿੰਡ ਦਾ ਜਿਹੜਾ ਲੜਕਾ ਪਿੰਡ ਦੀ ਹੀ ਲੜਕੀ ਨਾਲ ਵਿਆਹ ਕਰਵਾਏਗਾ, ਉਸ ਦਾ ਪਿੰਡ ਵੱਲੋਂ ਬਾਈਕਾਟ ਕੀਤਾ ਜਾਵੇਗਾ ਅਤੇ ਉਸ ਨੂੰ ਪਿੰਡ ਵਿੱਚ ਨਹੀਂ ਰਹਿਣ ਦਿੱਤਾ ਜਾਵੇਗਾ।ਇਸ ਦੇ ਨਾਲ ਹੀ ਉਸ ਦੀ ਪਿੰਡ ਵਿੱਚੋਂ ਵੋਟ ਕਟਾਉਣ ਦੀ ਗੱਲ ਵੀ ਕਹੀ ਗਈ ਹੈ।ਮਜ਼ਦੂਰ ਆਗੂ ਗੁਰਬੀਰ ਸਿੰਘ ਗੱਟੀ ਰਾਜੋਕੇ ਨੇ ਦੱਸਿਆ ਕਿ ਗੁਰਦੁਆਰਾ ਧੰਨ-ਧੰਨ ਬਾਬਾ ਮੁਰਾਦੀ ਦਾਸ ਜੀ ਵਿਖੇ ਪੰਚਾਇਤ ਅਤੇ ਪਿੰਡ ਦੇ ਮੋਹਤਬਰਾਂ ਦੀ ਇਕੱਤਰਤਾ ਹੋਈ। ਇਸ ਮੌਕੇ ਸਰਪੰਚ ਨਿਰਮਲ ਸਿੰਘ, ਸਰਪੰਚ ਨਿਸ਼ਾਨ ਸਿੰਘ, ਸਰਪੰਚ ਰਾਜਬੀਰ ਸਿੰਘ, ਨੰਬਰਦਾਰ ਮਨਜਿੰਦਰ ਸਿੰਘ, ਨੰਬਰਦਾਰ ਬਲਦੇਵ ਸਿੰਘ, ਮੈਂਬਰ ਅਮਰਜੀਤ ਸਿੰਘ, ਮੈਂਬਰ ਸਤਿਨਾਮ ਸਿੰਘ, ਮੈਂਬਰ ਬਲਦੇਵ ਸਿੰਘ, ਕਿਸਾਨ ਆਗੂ ਦਲੇਰ ਸਿੰਘ, ਜਗਤਾਰ ਸਿੰਘ ਅਤੇ ਹੋਰ ਪਿੰਡ ਵਾਸੀ ਹਾਜ਼ਰ ਸਨ।ਉਨ੍ਹਾਂ ਕਿਹਾ ਕਿ ਪਿੰਡ ਵਿੱਚ ਲੜਕੇ-ਲੜਕੀਆਂ ਵੱਲੋਂ ਆਪਸ ਵਿੱਚ ਕਰਵਾਏ ਜਾ ਰਹੇ ਵਿਆਹਾਂ ਕਾਰਨ ਪਿੰਡ ਦਾ ਮਾਹੌਲ ਵਿਗੜਨ ਅਤੇ ਆਪਸੀ ਦੁਸ਼ਮਣੀਆਂ ਵਧਣ ਦਾ ਹਵਾਲਾ ਦਿੰਦਿਆਂ ਇਹ ਮਤਾ ਪਾਸ ਕੀਤਾ ਗਿਆ ਹੈ।ਮਤੇ ਅਨੁਸਾਰ ਅਜਿਹਾ ਵਿਆਹ ਕਰਵਾਉਣ ਵਾਲੇ ਲੜਕੇ-ਲੜਕੀ ਦਾ ਪਿੰਡ ਅਤੇ ਪੰਚਾਇਤ ਵੱਲੋਂ ਬਾਈਕਾਟ ਕੀਤਾ ਜਾਵੇਗਾ ਅਤੇ ਕੋਈ ਵੀ ਮੋਹਤਬਰ ਉਨ੍ਹਾਂ ਦਾ ਸਾਥ ਨਹੀਂ ਦੇਵੇਗਾ।ਉਨ੍ਹਾਂ ਦੱਸਿਆ ਕਿ ਜੇਕਰ ਕੋਈ ਲੜਕਾ-ਲੜਕੀ ਘਰੋਂ ਭੱਜ ਕੇ ਅਦਾਲਤੀ ਵਿਆਹ ਕਰਵਾਉਂਦੇ ਹਨ ਤਾਂ ਉਨ੍ਹਾਂ ਦੀ ਗਵਾਹੀ ਪਾਉਣ ਵਾਲੇ ਵਿਅਕਤੀ ਦਾ ਵੀ ਪਿੰਡ ਵੱਲ ਬਾਈਕਾਟ ਕਰਨ ਦਾ ਫ਼ੈਸਲਾ ਕੀਤਾ ਗਿਆ ਹੈ। ਇਸ ਤੋਂ ਇਲਾਵਾ ਅਜਿਹੇ ਲੜਕੇ-ਲੜਕੀ ਦੀ ਪਿੰਡ ਵਿੱਚੋਂ ਵੋਟ ਕਟਾਉਣ ਦੀ ਗੱਲ ਵੀ ਮਤੇ ਵਿੱਚ ਕੀਤੀ ਗਈ ਹੈ।ਇਸ ਮੌਕੇ ਇੱਕ ਹੋਰ ਮਤਾ ਪਾਸ ਕਰਦਿਆਂ ਫ਼ੈਸਲਾ ਕੀਤਾ ਗਿਆ ਕਿ ਜੇਕਰ ਪਿੰਡ ਦਾ ਕੋਈ ਵਿਅਕਤੀ ਨਸ਼ਾ ਵੇਚਦਾ ਫੜਿਆ ਜਾਂਦਾ ਹੈ ਤਾਂ ਉਸ ਦੀ ਜ਼ਮਾਨਤ ਕਰਵਾਉਣ ਜਾਂ ਉਸ ਦੇ ਮਗਰ ਜਾਣ ਲਈ ਕੋਈ ਵੀ ਵਿਅਕਤੀ ਅੱਗੇ ਨਹੀਂ ਆਵੇਗਾ।

## ਐੱਲ ਜੀ ਇੰਡੀਆ ਨੇ ਸੈਮੀ-ਆਟੋਮੈਟਿਕ ਵਾਸ਼ਿੰਗ ਮਸ਼ੀਨਾਂ ਦੀ ਨਵੀਂ ਰੇਂਜ ਲਾਂਚ ਕੀਤੀ

ਅੰਮ੍ਰਿਤਸਰ : ਐਲਜੀ ਇਲੈਕਟ੍ਰਾਨਿਕਸ ਇੰਡੀਆ ਲਿਮਿਟਿਡ ਨੇ 8 ਤੋਂ 12 ਕਿਲੋ ਸਮਰੱਥਾ ਵਾਲੀਆਂ ਸੈਮੀ-ਆਟੋਮੈਟਿਕ ਵਾਸ਼ਿੰਗ ਮਸ਼ੀਨਾਂ ਦੇ 15 ਮਾਡਲ ਲਾਂਚ ਕੀਤੇ ਹਨ।ਕੰਪਨੀ ਮੁਤਾਬਕ ਨਵੀਂ ਰੇਂਜ ਵਿੱਚ ਸ਼ਾਨਦਾਰ ਧੁਆਈ, ਸਮਾਰਟ ਸਹੂਲਤਾਂ ਅਤੇ ਪ੍ਰੀਮੀਅਮ ਡਿਜ਼ਾਈਨ ਦਿੱਤਾ ਗਿਆ ਹੈ।ਮਸ਼ੀਨਾਂ ਵਿੱਚ ਡੁਅਲ ਸਪਿਨ ਸ਼ਾਵਰ, ਰੋਲਰ ਜੈੱਟ ਪਲਸੇਟਰ+, ਅਲਟਰਾ ਸਕ੍ਰਬ ਵਾਲ, ਸਮਾਰਟ ਲਿੰਟ ਫਿਲਟਰ ਅਤੇ ਵਿੰਡ ਜੈੱਟ ਡਰਾਈ+ ਵਰਗੀਆਂ ਸਹੂਲਤਾਂ ਹਨ।

ਕੰਪਨੀ ਦੀ ਯੋਜਨਾ 2027 ਤੱਕ ਇਨ੍ਹਾਂ ਮਸ਼ੀਨਾਂ ਨੂੰ 10 ਤੋਂ ਵੱਧ ਦੇਸ਼ਾਂ ਵਿੱਚ ਨਿਰਯਾਤ ਕਰਨ ਦੀ ਹੈ।ਐਲਜੀ ਇੰਡੀਆ ਦੇ ਯੰਗ ਮਿਨ ਹਵਾਂਗ ਨੇ ਕਿਹਾ ਕਿ ਨਵੀਂ ਰੇਂਜ ਤਕਨਾਲੋਜੀ, ਟਿਕਾਊ ਇੰਜੀਨੀਅਰਿੰਗ ਅਤੇ ਪ੍ਰੀਮੀਅਮ ਡਿਜ਼ਾਈਨ ਦਾ ਸੁਮੇਲ ਹੈ।ਮਸ਼ੀਨਾਂ ਦਾ ਨਿਰਮਾਣ ਗ੍ਰੇਟਰ ਨੋਇਡਾ ਸਥਿਤ ਸਮਾਰਟ ਫੈਕਟਰੀ ਵਿੱਚ ਕੀਤਾ ਜਾ ਰਿਹਾ ਹੈ।

## ਸੀ ਪੀ ਆਈ (ਐੱਮਐੱਲ) ਲਿਬਰੇਸ਼ਨ ਨੇ ਸ਼ਹੀਦ ਭਗਤ ਸਿੰਘ ਦਾ ਜਨਮ ਦਿਵਸ ਮਨਾਇਆ



ਬਟਾਲਾ (ਤਰਲੋਕ ਬੱਗਾ)-ਸੀਪੀਆਈ (ਐੱਮਐੱਲ) ਲਿਬਰੇਸ਼ਨ ਵੱਲੋਂ ਸ਼ਹੀਦੇ ਆਜ਼ਮ ਭਗਤ ਸਿੰਘ ਦੇ ਜਨਮ ਦਿਨ ਸਥਾਨਕ ਦਫਤਰ ਫੈਜ਼ਪੁਰਾ ਵਿਖੇ ਮਨਾਇਆ ਗਿਆ ਜਿਸਦੀ ਪ੍ਰਧਾਨਗੀ ਓਮ ਪ੍ਰਕਾਸ਼ ਸ਼ਹਿਰਕਾ, ਬਲਬੀਰ ਸਿੰਘ ਉਚਾ ਧਕਾਲਾ, ਹਰਵਿੰਦਰ ਸਿੰਘ ਮੱਲ੍ਹੀ ਨੇ ਕੀਤੀ।ਸਟੇਜ ਸਕੱਤਰ ਦੀ ਜ਼ਿੰਮੇਵਾਰੀ ਕਾਮਰੇਡ ਬਲਬੀਰ ਸਿੰਘ ਮੂਧਲ ਨੇ ਨਿਭਾਈ।ਇਸ ਸਮੇਂ ਇਹ ਇਕੱਠ ਨੂੰ ਸੰਬੋਧਨ ਕਰਦਿਆਂ ਲਿਬਰੇਸ਼ਨ ਦੇ ਸੂਬਾ ਆਗੂ ਕਾਮਰੇਡ ਗੁਲਜ਼ਾਰ ਸਿੰਘ ਭੁੰਬਲੀ, ਆਰਐੱਮਪੀਆਈ ਦੇ ਸੂਬਾ ਆਗੂ ਕਾਮਰੇਡ ਸ਼ਮਸ਼ੇਰ ਸਿੰਘ ਨਵਾਂ ਪਿੰਡ, ਕਾਮਰੇਡ ਮੰਗਲ ਸਿੰਘ ਧਰਮਕੋਟ, ਕਾਮਰੇਡ ਨਿਰਮਲ ਸਿੰਘ ਛੱਜਲਵੱਡੀ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਦੇਸ਼ ਨੂੰ ਆਜ਼ਾਦ ਕਰਵਾਉਣ ਪਿੱਛੋਂ ਕਿਸ ਕਿਸਮ ਦੀ ਕਿਰਤੀ ਜਮਾਤ ਦਾ ਰਾਜ ਸਥਾਪਤ ਕਰਨਾ ਚਾਹੁੰਦੇ ਸਨ ਜਿੱਥੇ ਮਨੁੱਖ ਹੱਥੋਂ ਮਨੁੱਖ ਦੀ ਲੁੱਟ ਦਾ ਖਾਤਮਾ ਹੋ ਸਕੇ ਪਰ ਅਜ਼ਾਦੀ ਤੋਂ ਬਾਅਦ ਰਾਜਸੱਤਾ ਤੇ ਕਾਬਜ਼ ਹੋਈਆਂ ਸਰਕਾਰਾਂ ਦੀਆਂ ਲੋਕ ਵਿਰੋਧੀ ਨੀਤੀਆਂ ਕਾਰਨ ਦੇਸ਼ ਅੰਦਰ ਮਹਿੰਗਾਈ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ, ਗੁੰਡਾਗਰਦੀ ਅਤੇ ਨਸ਼ਿਆਂ ਦਾ ਬੋਲਬਾਲਾ ਹੈ।ਇਨ੍ਹਾਂ ਨੀਤੀਆਂ ਕਾਰਨ ਅਮੀਰ ਹੋਰ ਅਮੀਰ ਗਰੀਬ ਹੋਰ ਗਰੀਬ ਹੁੰਦਾ ਜਾ ਰਿਹਾ ਹੈ।2014 ਤੋਂ ਦੇਸ਼ ਅੰਦਰ ਧਰਮਾਂ ਦੇ ਨਾਂਅ 'ਤੇ ਵੰਡਿਆ ਪਾਈਆਂ ਜਾ ਰਹੀਆਂ ਹਨ।ਦੇਸ਼ ਦੇ ਕੁਦਰਤੀ ਸਾਧਨ ਕਾਰਪੋਰੇਟ ਘਰਾਣਿਆਂ ਨੂੰ ਵੇਚੇ ਜਾ ਰਹੇ ਹਨ, ਸਿੱਖਿਆ ਦਾ ਭਗਵਾਂਕਰਨ ਕੀਤਾ ਜਾ ਰਿਹਾ ਹੈ ਇਲਾਜ ਆਮ ਲੋਕਾਂ ਦੀ ਪਹੁੰਚ ਤੋਂ ਬਾਹਰ ਜਾ ਚੁੱਕਾ ਹੈ।ਦੇਸ਼ ਦੇ ਗਰੀਬਾਂ, ਘੱਟ ਗਿਣਤੀਆਂ, ਦਲਿਤਾਂ-ਔਰਤਾਂ ਤੇ ਹਾਸ਼ੀਆਗਤ ਵਸੋਂ ਸਮੂਹਾਂ ਨੂੰ ਵੋਟ ਦੇ ਅਧਿਕਾਰ ਤੋਂ ਵਾਂਝੇ ਕਰਨ ਦੀ ਸਾਜਿਸ਼ ਤਹਿਤ ਕੀਤੀ ਜਾ ਰਹੀ ਵੋਟਰ ਸੂਚੀਆਂ ਦੀ ਵਿਸ਼ੇਸ਼ ਡੂੰਘੀ ਸੁਧਾਈ (ਐੱਸ.ਆਈ.ਆਰ.) ਸਰਾਸਰ ਗੈਰ ਕਾਨੂੰਨੀ ਅਤੇ ਸੰਵਿਧਾਨ ਵਿਰੋਧੀ ਕਾਰਵਾਈ ਹੈ। ਉਨ੍ਹਾਂ ਦੋਸ਼ ਲਾਇਆ ਕਿ ਸੀਈਸੀ ਵੱਲੋਂ ਮੋਦੀ ਸਰਕਾਰ ਦੇ ਥਾਪੜੇ ਨਾਲ ਕੀਤੀ ਜਾ ਰਹੀ ਐੱਸ.ਆਈ.ਆਰ. ਦੇ ਜ਼ਰੀਏ ਆਰ. ਐੱਸ. ਐੱਸ., ਭਾਜਪਾ ਦੀ ਲੋਕ-ਰਾਜ ਦੇ ਖਾਤਮੇ ਦੀ ਵਿਨਾਸ਼ਕਾਰੀ ਸਾਜਿਸ਼ ਸਿਰੇ ਚੜ੍ਹਾਈ ਜਾ ਰਹੀ ਹੈ।ਅੰਤ 'ਚ ਰੋਸ ਮਾਰਚ ਕਰਕੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਤੇ ਮੋਦੀ ਸਰਕਾਰ ਦਾ ਪੁਤਲਾ ਫੂਕ ਕੇ ਮੰਗ ਕੀਤੀ ਕਿ ਮੁੱਖ ਚੋਣ ਕਮਿਸ਼ਨਰ (ਸੀਈਸੀ) ਫੌਰੀ ਅਸਤੀਫ਼ਾ ਦੇਵੇ।ਉਨ੍ਹਾਂ ਸੀਈਸੀ ਦੀਆਂ ਆਪਹੁਦਰੀਆਂ ਕਾਰਵਾਈਆਂ ਬਦਲੇ ਉਸ ਖਿਲਾਫ਼ ਮੁਕੱਦਮਾ ਚਲਾ ਕੇ ਉਸਨੂੰ ਜੇਲ੍ਹ 'ਚ ਬੰਦ ਕੀਤੇ ਜਾਣ ਦੀ ਵੀ ਮੰਗ ਕੀਤੀ ਹੈ।ਇਸ ਮੌਕੇ ਪ੍ਰੇਮ ਮਸੀਹ ਸੋਨਾ, ਰਾਜੂ ਬਟਾਲਾ, ਸੀਪੀਆਈ ਆਗੂ ਕਾਮਰੇਡ ਮਦਨ ਲਾਲ, ਜੋਗਿੰਦਰ ਪਾਲ ਲੇਹਲ, ਫੂਲ ਚੰਦ, ਬਚਨ ਸਿੰਘ ਬੋਪਾਰਾਏ, ਬਸ਼ੀਰ ਗਿੱਲ ਆਦਿ ਹਾਜ਼ਰ ਸਨ।

## ਸੀ ਪੀ ਆਈ ਐੱਮ ਵੱਲੋਂ ਸਾਰੇ ਵਿਧਾਇਕਾਂ ਨੂੰ ਦਿੱਤੇ ਜਾਣਗੇ ਮੰਗ ਪੱਤਰ: ਸੁਰਿੰਦਰ ਸਹਿਗਲ



ਪਠਾਨਕੋਟ (ਦਵਿੰਦਰ ਸਿੰਘ)-ਸੀ ਪੀ ਆਈ ਐੱਮ ਜ਼ਿਲ੍ਹਾ ਪਠਾਨਕੋਟ ਦੇ ਸਕੱਤਰੇਤ ਦੀ ਮੀਟਿੰਗ ਕਾ. ਸੁਰਿੰਦਰ ਸਹਿਗਲ ਦੀ ਪ੍ਰਧਾਨਗੀ ਹੇਠ ਹੋਈ।ਸਕੱਤਰੇਤ ਦੇ ਫੈਸਲਿਆਂ ਦੀ ਜਾਣਕਾਰੀ ਦਿੰਦਿਆਂ ਕਾ. ਸੁਧਾ ਰਾਣੀ ਅਤੇ ਪਰਸ਼ੋਤਮ ਕੁਮਾਰ ਨੇ ਦੱਸਿਆ ਕਿ ਪਾਰਟੀ ਵੱਲੋਂ ਪੰਜਾਬ ਦੇ ਐੱਮ ਐੱਲ ਏ ਨੂੰ ਲੋਕਾਂ ਦੀਆਂ ਮੰਗਾ ਸਬੰਧੀ ਮੰਗ ਪੱਤਰ ਦਿੱਤੇ ਜਾਣਗੇ।ਇਸੇ ਲੜੀ ਵਿੱਚ ਫੈਸਲਾ ਕੀਤਾ ਗਿਆ ਕਿ ਪਠਾਨਕੋਟ ਦੇ ਐੱਮ ਐੱਲ ਏ ਅਸ਼ਵਨੀ ਸ਼ਰਮਾ ਦੇ ਪਾਰਟੀ ਦਫ਼ਤਰ ਵਿਖੇ 01 ਅਕਤੂਬਰ ਨੂੰ ਮੰਗ ਪੱਤਰ ਦਿੱਤਾ ਜਾਵੇਗਾ।ਐੱਮ ਐੱਲ ਏ ਸੁਜਾਨਪੁਰ ਨਰੇਸ਼ ਪੁਰੀ ਅਤੇ ਐੱਮ ਐੱਲ ਏ ਭੋਆ ਲਾਲ ਚੰਦ ਕਟਾਰੂਚੱਕ ਨੂੰ 3 ਅਕਤੂਬਰ ਨੂੰ ਮੰਗ ਪੱਤਰ ਦਿੱਤੇ ਜਾਣਗੇ।ਮੰਗਾਂ ਬਾਰੇ ਗੱਲ ਕਰਦਿਆਂ ਕਾ. ਸਹਿਗਲ ਨੇ ਦੱਸਿਆ ਕਿ ਅਸੀਂ ਆਸ ਕਰਦੇ ਹਾਂ ਕਿ ਮਜ਼ਦੂਰਾਂ ਕਿਸਾਨਾਂ ਅਤੇ ਲੋਕਾਂ ਦੀਆਂ ਮੰਗਾ ਦੀ ਸਾਰੇ ਵਿਧਾਇਕ ਹਮਾਇਤ ਕਰਨਗੇ।ਉਨਾਂ ਕਿਹਾ ਕਿ ਪਾਰਟੀ ਮੰਗ ਕਰਦੀ ਹੈ ਕਿ 29 ਲੇਬਰ ਲਾਅ ਤੋੜ ਕੇ ਬਣਾਏ ਗਏ ਚਾਰ ਕੋਡ ਰੱਦ ਕੀਤੇ ਜਾਣ ਕਿਉਂਕਿ ਇਹ ਕੋਡ ਮਜ਼ਦੂਰਾਂ ਨੂੰ ਕਾਰਪੋਰੇਟ ਘਰਾਣਿਆਂ ਦੇ ਗੁਲਾਮ ਬਣਾਉਂਦੇ ਹਨ ਅਤੇ ਮਜ਼ਦੂਰਾਂ ਦੇ ਹੱਕਾਂ ਅਤੇ ਹਿਤਾ ਦੀ ਰਾਖੀ ਨਹੀਂ ਕਰਦੇ ।ਇਸਨੂੰ ਰੱਦ ਕਰਕੇ ਮਜ਼ਦੂਰ ਪੱਖੀ ਲੇਬਰ ਲਾਅ ਬਹਾਲ ਕੀਤੇ ਜਾਣ।ਮਨਰੇਗਾ ਨੂੰ ਖਤਮ ਕਰਕੇ ਨਵੇਂ ਨਾਂਅ ਨਾਲ ਬਣਾਇਆ ਕਾਨੂੰਨ ਮਨਰੇਗਾ ਅਧੀਨ ਮਜ਼ਦੂਰਾਂ ਦੇ ਕੰਮ ਦੀ ਗਰੰਟੀ ਨੂੰ ਖਤਮ ਕਰਕੇ ਮਜ਼ਦੂਰਾਂ ਨੂੰ ਬੇਰੁਜਗਾਰ ਕਰਦਾ ਹੈ।ਇਨ੍ਹਾਂ ਕਾਨੂੰਨਾਂ ਸਬੰਧੀ ਰਾਜ ਸਰਕਾਰ ਕੇਂਦਰ ਕੋਲੋਂ ਮੰਗ ਕਰੇ।ਕਿਸਾਨਾਂ ਅਤੇ ਮਜ਼ਦੂਰਾਂ ਦੇ ਕਰਜ਼ੇ ਮੁਆਫ਼ ਕੀਤੇ ਜਾਣ।ਸਰਕਾਰ ਅਮਨ ਕਾਨੂੰਨ ਦੀ ਵਿਗੜੀ ਹਾਲਤ ਵਿੱਚ ਸੁਧਾਰ ਕਰੇ।ਭ੍ਰਿਸ਼ਟਾਚਾਰ ਅਤੇ ਨਸ਼ਾ ਪੰਜਾਬ ਵਿੱਚ ਬਹੁਤ ਵੱਧ ਚੁੱਕਾ ਹੈ।ਸਰਕਾਰ ਇਸ ਨੂੰ ਠੱਲ ਪਾਵੇ।ਮਹਿੰਗਾਈ ਬੇਲਗਾਮ ਹੋ ਗਈ ਹੈ, ਇਸ ਨੂੰ ਰੋਕਿਆ ਜਾਵੇ।ਅਮਰੀਕਾ ਨਾਲ ਮੁਕਤ ਵਪਾਰ ਸਮਝੌਤਾ ਰੱਦ ਕੀਤਾ ਜਾਵੇ ਅਤੇ ਕਿਸਾਨਾਂ ਲਈ ਐੱਮ ਐੱਸ ਪੀ ਨੂੰ ਕਾਨੂੰਨੀ ਬਣਾਇਆ ਜਾਵੇ।ਉਨ੍ਹਾਂ ਕਿਹਾ ਕਿ ਮਜ਼ਦੂਰਾਂ ਕਿਸਾਨਾਂ ਅਤੇ ਲੋਕਾਂ ਨਾਲ ਸਬੰਧਿਤ ਮੰਗਾਂ ਲਈ ਸੰਘਰਸ਼ ਦੀ ਸ਼ੁਰੂਆਤ ਹੈ।ਇਨ੍ਹਾਂ ਮੰਗਾਂ ਲਈ ਤਿੱਖੇ ਸੰਘਰਸ਼ ਕੀਤੇ ਜਾਣਗੇ।

## 20 ਦਿਨਾਂ 'ਚ ਦੂਜੀ ਵਾਰ ਕਰਿਆਨਾ ਸਟੋਰ 'ਚ ਚੋਰੀ



ਧਾਰੀਵਾਲ, (ਮਨਦੀਪ ਵਿੱਕੀ)-ਧਾਰੀਵਾਲ ਸ਼ਹਿਰ ਵਿੱਚ ਦਿਨ-ਬ-ਦਿਨ ਵਧ ਰਹੀਆਂ ਚੋਰੀ ਦੀਆਂ ਵਾਰਦਾਤਾਂ ਕਾਰਨ ਦੁਕਾਨਦਾਰਾਂ ਵਿੱਚ ਭਾਰੀ ਡਰ ਅਤੇ ਦਹਿਸ਼ਤ ਦਾ ਮਾਹੌਲ ਪਾਇਆ ਜਾ ਰਹਾ ਹੈ।ਤਾਜ਼ਾ ਮਾਮਲਾ ਛੋਟੇ ਬੱਸ ਸਟੈਂਡ ਨੇੜੇ ਸ਼ੀਤਲਾ ਮਾਤਾ ਮੰਦਰ ਦੇ ਸਾਹਮਣੇ ਸਥਿਤ ਪਿਆਰਾ ਲਾਲ ਹਾਂਡਾ ਕਰਿਆਨਾ ਸਟੋਰ ਤੋਂ ਸਾਹਮਣੇ ਆਇਆ ਹੈ, ਜਿੱਥੇ ਚੋਰਾਂ ਨੇ ਮਹਿਜ਼ 20 ਦਿਨਾਂ ਦੇ ਅੰਦਰ ਦੂਜੀ ਵਾਰ ਚੋਰੀ ਦੀ ਘਟਨਾ ਨੂੰ ਅੰਜਾਮ ਦਿੱਤਾ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੁਕਾਨ ਦੇ ਮਾਲਕ ਸੁਰਿੰਦਰ ਹਾਂਡਾ ਨੇ ਦੱਸਿਆ ਕਿ ਤਕਰੀਬਨ 20 ਦਿਨ ਪਹਿਲਾਂ ਵੀ ਉਨ੍ਹਾਂ ਦੀ ਦੁਕਾਨ 'ਚ ਚੋਰੀ ਹੋਈ ਸੀ ਅਤੇ ਹੁਣ ਦੁਬਾਰਾ ਚੋਰਾਂ ਨੇ ਉਨ੍ਹਾਂ ਦੀ ਦੁਕਾਨ ਨੂੰ ਨਿਸ਼ਾਨਾ ਬਣਾਇਆ ਹੈ।ਉਨ੍ਹਾਂ ਦੱਸਿਆ ਕਿ ਇਸ ਵਾਰ ਚੋਰ ਦੁਕਾਨ ਵਿੱਚੋਂ ਮਹਿੰਗੀਆਂ ਆਈਟਮਾਂ ਚੋਰੀ ਕਰਕੇ ਫਰਾਰ ਹੋ ਗਏ ਹਨ, ਜਿਸ ਨਾਲ ਉਨ੍ਹਾਂ ਦਾ ਤਕਰੀਬਨ 40 ਹਜ਼ਾਰ ਰੁਪਏ ਦਾ ਆਰਥਿਕ ਨੁਕਸਾਨ ਹੋਇਆ ਹੈ।ਦੁਕਾਨਦਾਰ ਸੁਰਿੰਦਰ ਹਾਂਡਾ ਨੇ ਦੱਸਿਆ ਕਿ ਘਟਨਾ ਦੀ ਸੂਚਨਾ ਤੁਰੰਤ 112 ਨੰਬਰ ਤੇ ਦਿੱਤੀ ਗਈ ਹੈ ਅਤੇ ਪੁਲਸ ਕੋਲ ਸ਼ਿਕਾਇਤ ਦਰਜ ਕਰਵਾ ਦਿੱਤੀ ਗਈ ਹੈ।ਉਨ੍ਹਾਂ ਨੇ ਪ੍ਰਸ਼ਾਸਨ ਅਤੇ ਪੁਲਸ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਇਲਾਕੇ ਵਿੱਚ ਗਸ਼ਤ ਵਧਾਈ ਜਾਵੇ, ਚੋਰਾਂ ਨੂੰ ਜਲਦ ਤੋਂ ਜਲਦ ਗ੍ਰਿਫ਼ਤਾਰ ਕੀਤਾ ਜਾਵੇ ਅਤੇ ਉਨ੍ਹਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕਰਕੇ ਪੀੜਤ ਦੁਕਾਨਦਾਰਾਂ ਨੂੰ ਇਨਸਾਫ਼ ਦਿਵਾਇਆ ਜਾਵੇ।

## ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਵੱਲੋਂ ਸਤਿਸੰਗ ਭੰਡਾਰੇ ਦਾ ਆਯੋਜਨ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਦਿਵਯ ਜਯੋਤੀ ਜਾਗ੍ਰਤੀ ਸੰਸਥਾਨ ਵੱਲੋਂ ਸਤਿਸੰਗ ਭੰਡਾਰੇ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਦਿਵਯ ਗੁਰੂ ਆਸ਼ੂਤੋਸ਼ ਮਹਾਰਾਜ ਦੇ ਸ਼ਿਸ਼ ਸਵਾਮੀ ਸੁਰਿੰਦਰ ਨੇ ਮਨੁੱਖੀ ਜੀਵਨ ਵਿੱਚ ਪ੍ਰੇਮ ਦੀ ਅਸਲ ਮਹੱਤਤਾ ਬਾਰੇ ਦੱਸਦੇ ਹੋਏ ਕਿਹਾ ਕਿ ਪ੍ਰੇਮ ਸਭ ਤੋਂ ਸੁੰਦਰ ਅਤੇ ਬ੍ਰਹਮ ਅਨੁਭਵ ਹੈ।ਪ੍ਰੇਮ ਸਿਰਫ਼ ਇੱਕ ਭਾਵਨਾਤਮਕ ਖਿੱਚ ਨਹੀਂ ਹੈ; ਇਹ ਇੱਕ ਅਜਿਹੀ ਅਵਸਥਾ ਹੈ ਜਿੱਥੇ ਸਵਾਰਥ ਅਲੋਪ ਹੋ ਜਾਂਦਾ ਹੈ, ਸਮਰਪਣ, ਦਇਆ ਅਤੇ ਨੇੜਤਾ ਨੂੰ ਰਾਹ ਦਿੰਦਾ ਹੈ।ਮਨੁੱਖ ਦੁਨੀਆ ਵਿੱਚ ਬਹੁਤ ਸਾਰੇ ਰਿਸ਼ਤਿਆਂ ਨੂੰ ਪਿਆਰ ਦਾ ਨਾਮ ਦਿੰਦਾ ਹੈ, ਪਰ ਸੱਚਾ ਪਿਆਰ ਉਦੋਂ ਪਛਾਣਿਆ ਜਾਂਦਾ ਹੈ ਜਦੋਂ ਸਮਰਪਣ ਦੀ ਭਾਵਨਾ ਉਮੀਦਾਂ ਦੀ ਥਾਂ ਲੈਂਦੀ ਹੈ, ਅਤੇ ਕੁਰਬਾਨੀ ਦੀ ਭਾਵਨਾ ਮਲਕੀਅਤ ਦੀ ਥਾਂ ਲੈਂਦੀ ਹੈ।ਸੰਸਾਰਿਕ ਪਿਆਰ ਅਕਸਰ ਹਾਲਾਤ, ਉਮੀਦਾਂ ਅਤੇ ਰਿਸ਼ਤਿਆਂ ਤੇ ਅਧਾਰਤ ਹੁੰਦਾ ਹੈ, ਅਤੇ ਇਸ ਲਈ ਇਹ ਸਮੇਂ ਅਤੇ ਹਾਲਾਤ ਦੇ ਨਾਲ ਬਦਲ ਸਕਦਾ ਹੈ। ਸਵਾਮੀ ਜੀ ਨੇ ਗੁਰੂ-ਸ਼ਿਸ਼ ਦੇ ਰਿਸ਼ਤੇ ਦੀ ਮਹੱਤਤਾ ਬਾਰੇ ਦੱਸਦੇ ਹੋਏ ਕਿਹਾ ਕਿ ਗੁਰੂ ਦਾ ਪਿਆਰ ਸ਼ਿਸ਼ ਨੂੰ ਉਸਦੇ ਅਸਲ ਸੁਭਾਅ ਦਾ ਅਹਿਸਾਸ ਕਰਾਉਂਦਾ ਹੈ।ਗੁਰੂ ਸ਼ਿਸ਼ ਦੇ ਅੰਦਰ ਛੁਪੀ ਬ੍ਰਹਮ ਚੇਤਨਾ ਨੂੰ ਜਗਾਉਣ ਦਾ ਮਾਰਗ ਤਿਆਰ ਕਰਦਾ ਹੈ।ਗੁਰੂ ਦਾ ਪਿਆਰ ਉਹ ਸ਼ਕਤੀ ਹੈ ਜੋ ਸ਼ਿਸ਼ ਨੂੰ ਅਗਿਆਨਤਾ ਤੋਂ ਗਿਆਨ ਵੱਲ, ਝੂਠ ਤੋਂ ਸੱਚ ਵੱਲ ਅਤੇ ਹਨੇਰੇ ਤੋਂ ਪ੍ਰਕਾਸ਼ ਵੱਲ ਲੈ ਜਾਂਦੀ ਹੈ। ਉਨ੍ਹਾਂ ਨੇ ਸ਼ਰਧਾਲੂਆਂ ਨੂੰ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਜਦੋਂ ਦਿਲ ਵਿੱਚ ਗੁਰੂ ਪ੍ਰਤੀ ਵਿਸ਼ਵਾਸ, ਸ਼ਰਧਾ ਅਤੇ ਪਿਆਰ ਜਾਗਦਾ ਹੈ, ਤਾਂ ਇੱਕ ਅੰਦਰੂਨੀ ਪਰਿਵਰਤਨ ਹੁੰਦਾ ਹੈ। ਇਸ ਮੌਕੇ ਸਵਾਮੀ ਜਨਾਂ ਦੁਆਰਾ ਪੇਸ਼ ਕੀਤੇ ਗਏ ਗੁਰਬਾਣੀ ਕੀਰਤਨ ਅਤੇ ਭਜਨਾਂ ਨੇ ਮਾਹੌਲ ਨੂੰ ਸ਼ਰਧਾ ਨਾਲ ਭਰ ਦਿੱਤਾ।

## ਸ਼ਹੀਦੇ ਆਜ਼ਮ ਭਗਤ ਸਿੰਘ ਦਾ ਜਨਮ ਦਿਨ ਮਨਾਇਆ



ਪਠਾਨਕੋਟ (ਦਵਿੰਦਰ ਸਿੰਘ)-ਭਾਜਪਾ ਮੈਡੀਕਲ ਸੈਲ ਦੇ ਸਾਬਕਾ ਜ਼ਿਲਾ ਪ੍ਰਧਾਨ ਵਿਸ਼ਵਜੀਤ ਤਰਨਾਚ ਦੀ ਅਗਵਾਈ ਵਿੱਚ ਪਿੰਡ ਬਸਰੂਪ ਵਿਖੇ ਸ਼ਹੀਦੇ ਆਜ਼ਮ ਭਗਤ ਸਿੰਘ ਦਾ ਜਨਮਦਿਨ ਮਨਾਇਆ ਗਿਆ ਅਤੇ ਲੋਕਾਂ ਨੂੰ ਲੱਡੂ ਵੰਡੇ ਗਏ, ਵਿਸ਼ਵਜੀਤ ਤਰਨਾਚ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ, ਅਤੇ ਹੋਰ ਸ਼ਹੀਦਾਂ ਨੇ ਆਪਣੀਆਂ ਕੁਰਬਾਨੀਆਂ ਦੇ ਕੇ ਸਾਨੂੰ ਆਜ਼ਾਦੀ ਦਵਾਈ ਸੀ ਜਿਸ ਦੇ ਚਲਦੇ ਅਸੀਂ ਇਸ ਦਾ ਆਨੰਦ ਮਾਣ ਰਹੇ ਹਾਂ।ਉਨ੍ਹਾਂ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਨਮਣ ਕੀਤੇ ! ਇਸ ਮੌਕੇ ਤੇ ਦਵਿੰਦਰ ਕੁਮਾਰ, ਜੋਗਿੰਦਰ ਸਿੰਘ, ਬੋਧਰਾਜ, ਲਖਵਿੰਦਰ ਸਿੰਘ, ਵਰਿੰਦਰ ਕੁਮਾਰ, ਦੇਵਰਾਜ, ਮਨੋਹਰ ਲਾਲ, ਸੁਨੀਲ ਕੁਮਾਰ ਆਦਿ ਸ਼ਾਮਿਲ ਸਨ।

## ਰੇਲ ਗੱਡੀ ਹੇਠਾਂ ਆਉਣ ਨਾਲ ਅਣਪਛਾਤੇ ਵਿਅਕਤੀ ਦੀ ਮੌਤ

**ਧਾਰੀਵਾਲ, (ਮਨਦੀਪ ਵਿੱਕੀ)**- ਰੇਲਵੇ ਪੁਲਸ ਚੌਕੀ ਧਾਰੀਵਾਲ ਦੇ ਇੰਚਾਰਜ ਗੁਰਪ੍ਰੀਤ ਸਿੰਘ ਅਤੇ ਏਐੱਸਆਈ ਮੇਜਰ ਸਿੰਘ ਚਾਹਲ ਨੇ ਦੱਸਿਆ ਕਿ ਪਠਾਨਕੋਟ-ਅੰਮ੍ਰਿਤਸਰ ਰੇਲਵੇ ਮਾਰਗ ਉਪਰ ਰੇਲਵੇ ਸਟੇਸ਼ਨ ਸੋਹਲ ਤੋਂ ਥੋੜੀ ਦੂਰੀ 'ਤੇ ਧਾਰੀਵਾਲ ਵਾਲੇ ਪਾਸੇ ਰੇਲ ਗੱਡੀ ਹੇਠਾਂ ਆਉਣ ਨਾਲ ਇਕ 40 ਸਾਲਾ ਅਣਪਛਾਤੇ ਵਿਅਕਤੀ ਦੀ ਮੌਤ ਹੋ ਗਈ। ਉਨ੍ਹਾਂ ਦੱਸਿਆ ਵਿਭਾਗੀ ਕਾਰਵਾਈ ਕਰਦਿਆਂ ਮ੍ਰਿਤਕ ਦੀ ਲਾਸ਼ ਨੂੰ ਸ਼ਨਾਖਤ ਵਾਸਤੇ 72 ਘੰਟੇ ਲਈ ਸਿਵਲ ਹਸਪਤਾਲ ਗੁਰਦਾਸਪੁਰ ਵਿਖੇ ਮੋਰਚਰੀ ਵਿੱਚ ਰੱਖ ਦਿੱਤਾ ਹੈ। ਮ੍ਰਿਤਕ ਨੇ ਚਿੱਟੀਆਂ ਪੀਲੀਆਂ ਧਾਰੀਆਂ ਵਾਲੀ ਨੀਲੇ ਫਿੱਕੇ ਰੰਗ ਦੀ ਟੀ-ਸ਼ਰਟ ਤੇ ਨੀਲਾ ਅਸਮਾਨੀ ਰੰਗ ਦਾ ਪਜਾਮਾ ਪਾਇਆ ਹੋਇਆ ਹੈ।

## ਕੰਮ ਦੇ ਗਾਰੰਟੀ ਕਾਨੂੰਨ ਨੂੰ ਲਾਗੂ ਕਰਵਾਉਣ ਲਈ ਲੜਾਈ ਲੜਾਂਗੇ: ਜਸਬੀਰ ਸਿੰਘ ਝਬਾਲ



ਝਬਾਲ:(ਹਰਜਿੰਦਰ ਸਿੰਘ ਸੋਨੀ)-ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਜ਼ਿਲ੍ਹਾ ਅੰਮ੍ਰਿਤਸਰ ਦੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਤਲਵੰਡੀ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੇ ਫੈਸਲੇ ਪ੍ਰੈੱਸ ਨੂੰ ਰਿਲੀਜ਼ ਕਰਦਿਆਂ ਜਥੇਬੰਦੀ ਦੇ ਜ਼ਿਲ੍ਹਾ ਜਨਰਲ ਸਕੱਤਰ ਜਸਬੀਰ ਸਿੰਘ ਝਬਾਲ ਨੇ ਦਸਿਆ ਕਿ ਕੇਂਦਰ ਦੀ ਭਾਜਪਾ ਸਰਕਾਰ ਨੇ ਮਜ਼ਦੂਰਾਂ ਦੇ ਕੰਮ ਦੇ ਗਾਰੰਟੀ ਕਾਨੂੰਨ ਮੰਨਰੇਗਾ ਵਿੱਚ ਬਦਲਾਅ ਕਰਕੇ ਮਜ਼ਦੂਰਾਂ ਦੇ ਹੱਕਾਂ ਤੇ ਡਾਕਾ ਮਾਰਿਆ ਹੈ।ਕਾਨੂੰਨ ਮੁਤਾਬਕ ਮਜ਼ਦੂਰਾਂ ਨੂੰ ਪਿੰਡਾਂ ਵਿੱਚ ਕਿਤੇ ਵੀ ਕੰਮ ਨਹੀਂ ਦਿੱਤਾ ਜਾ ਰਿਹਾ ਜਿਸ ਕਾਰਨ ਪਿੰਡਾਂ ਵਿਚ ਖੇਤ ਮਜ਼ਦੂਰਾਂ ਦੀ ਹਾਲਤ ਬਹੁਤ ਹੀ ਤਰਸਯੋਗ ਹੈ ਕਿਉਂਕਿ ਕਿ ਮਹਿੰਗਾਈ ਦਿਨੋ-ਦਿਨ ਵੱਧ ਦੀ ਜਾ ਰਹੀ ਹੈ ਅਤੇ ਪੇਂਡੂ ਖੇਤ ਮਜ਼ਦੂਰ ਰੋਟੀ ਤੋਂ ਤਰਸ ਰਹੇ ਹਨ ਕਿਉਂਕਿ ਜੋ ਪਿੰਡਾਂ ਵਿਚ ਸਰਕਾਰ ਵਲੋਂ ਡੀਪੂਆਂ ਤੋਂ ਬਣਦੀ ਕਣਕ ਵੀ ਉਹਨਾਂ ਨੂੰ ਸਮੇਂ ਸਿਰ ਨਹੀਂ ਮਿਲ ਰਹੀ।ਪੇਂਡੂ ਮਜ਼ਦੂਰ ਕਈ ਬੀਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ ਜੋ ਮਹਿੰਗੇ ਇਲਾਜ ਕਰਾਉਣੇ ਉਹਨਾਂ ਦੇ ਵਸ ਦੀ ਗੱਲ ਨਹੀਂ ਹੈ।ਦੂਸਰੇ ਪਾਸੇ ਪੇਂਡੂ ਮਜ਼ਦੂਰਾਂ ਦੇ ਵਿਹੜੇਆਂ ਵਿੱਚ ਨਸ਼ਾ ਧੜਾ ਧੜ ਵਿੱਕ ਰਿਹਾ ਹੈ ਜਿਸ ਕਾਰਣ ਉਨ੍ਹਾਂ ਦੇ ਨੌਜਵਾਨ ਬੱਚੇ ਮੌਤ ਦੇ ਮੂੰਹ ਵਿਚ ਜਾ ਰਹੇ ਹਨ।ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਮਜ਼ਦੂਰ ਵਿਰੋਧੀ ਨੀਤੀਆਂ ਖਿਲਾਫ ਜਨਅੰਦੋਲਨ ਸ਼ੁਰੂ ਕੀਤਾ ਜਾਵੇਗਾ।ਪਿੰਡਾਂ ਦੇ ਮਜ਼ਦੂਰਾਂ ਦੇ ਲੋਕਲ ਮਸਲਿਆਂ ਤੇ ਲਾਮਬੰਦੀ ਕਰਕੇ ਸੰਘਰਸ਼ ਤੇਜ਼ ਕੀਤਾ ਜਾਵੇਗਾ।ਇਸ ਮੀਟਿੰਗ ਵਿੱਚ ਸਤਨਾਮ ਸਿੰਘ ਕਲੇਰ, ਜਗੀਰ ਸਿੰਘ ਸਰਜਾ,ਨਿਸ਼ਾਨ ਸਿੰਘ, ਅਜਮੇਲ ਸਿੰਘ ਛੇਹਰਟਾ, ਕੁਲਦੀਪ ਸਿੰਘ ਜੱਬੋਵਾਲ, ਰੇਸ਼ਮ ਸਿੰਘ ਖਿਆਲਾ, ਰਣਜੀਤ ਸਿੰਘ, ਸੁਭਾਸ਼ ਚੰਦਰ, ਤਰਸੇਮ ਸਿੰਘ ਬਾਠ, ਲਖਵਿੰਦਰ ਸਿੰਘ ਕਲੇਰ ਤੇ ਹੋਰ ਆਗੂ ਸਾਥ ਹਾਜ਼ਰ ਸਨ ।

## ਕੈਬ ਯਾਤਰੀਆਂ ਨੂੰ ਬੁਕਿੰਗ ਤੇ ਕਿਰਾਏ ਦੀਆਂ ਮੁਸ਼ਕਲਾਂ

ਚੰਡੀਗੜ੍ਹ, : ਸ਼ਹਿਰ ਵਿੱਚ ਐਪ-ਆਧਾਰਿਤ ਕੈਬ ਸੇਵਾਵਾਂ 'ਤੇ ਪਾਬੰਦੀਆਂ ਦੇ ਦਰਮਿਆਨ ਯਾਤਰੀਆਂ ਨੇ ਬੁਕਿੰਗ ਰੱਦ ਕਰਕੇ ਦੂਜੇ ਪਲੇਟਫਾਰਮ 'ਤੇ ਜਾਣ ਲਈ ਕਹੇ ਜਾਣ ਅਤੇ ਵੱਧ ਕਿਰਾਏ ਦੀਆਂ ਸ਼ਿਕਾਇਤਾਂ ਕੀਤੀਆਂ ਹਨ।

ਕੁਝ ਯਾਤਰੀਆਂ ਮੁਤਾਬਕ ਪਹਿਲਾਂ ਕੀਤੀ ਬੁਕਿੰਗ ਰੱਦ ਕਰਕੇ ਭਾਰਤ ਟੈਕਸੀ ਤੋਂ ਸੇਵਾ ਲੈਣ ਲਈ ਕਿਹਾ ਗਿਆ, ਜਿੱਥੇ ਕਿਰਾਇਆ ਪਹਿਲਾਂ ਦੱਸੇ ਕਿਰਾਏ ਨਾਲੋਂ ਕਾਫ਼ੀ ਵੱਧ ਸੀ।ਚੰਡੀਗੜ੍ਹ ਪ੍ਰਸ਼ਾਸਨ ਵੱਲੋਂ ਓਲਾ, ਇਨਡ੍ਰਾਈਵ, ਉਬਰ ਅਤੇ ਰੈਪੀਡੋ ਦੇ ਲਾਇਸੈਂਸ ਮੁਅੱਤਲ ਕੀਤੇ ਜਾਣ ਤੋਂ ਬਾਅਦ ਭਾਰਤ ਟੈਕਸੀ ਪ੍ਰਮੁੱਖ ਉਪਲਬਧ ਐਪ-ਆਧਾਰਿਤ ਵਿਕਲਪ ਬਣੀ ਹੈ।ਯਾਤਰੀਆਂ ਨੇ ਸਪੱਸ਼ਟ ਕਿਰਾਏ, ਬੁਕਿੰਗ ਦੀ ਪਾਰਦਰਸ਼ਤਾ ਅਤੇ ਆਪਣੀ ਪਸੰਦ ਦੀ ਨਿਯਮਾਂ ਅਨੁਸਾਰ ਸੇਵਾ ਚੁਣਨ ਦੀ ਸਹੂਲਤ ਯਕੀਨੀ ਬਣਾਉਣ ਦੀ ਮੰਗ ਕੀਤੀ ਹੈ।

## ਜ਼ਿਲ੍ਹਾ ਅਧਿਕਾਰੀਆਂ ਨੇ ਸਰਕਾਰੀ ਸਕੂਲਾਂ 'ਚ ਸਫ਼ਾਈ ਪ੍ਰਬੰਧਾਂ ਦਾ ਲਿਆ ਜਾਇਜ਼ਾ



ਪਠਾਨਕੋਟ, (ਦਵਿੰਦਰ ਸਿੰਘ)-ਸਕੂਲ ਸਿੱਖਿਆ ਵਿਭਾਗ ਵੱਲੋਂ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਲਈ ਸਾਫ਼-ਸੁਥਰਾ, ਸਿਹਤਮੰਦ, ਸੁਰੱਖਿਅਤ ਅਤੇ ਸੁਖਾਵਾਂ ਵਾਤਾਵਰਣ ਯਕੀਨੀ ਬਣਾਉਣ ਲਈ ਸਫ਼ਾਈ ਪ੍ਰਬੰਧਾਂ ਨੂੰ ਲਗਾਤਾਰ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਜ਼ਿਲ੍ਹਾ ਪਠਾਨਕੋਟ ਵਿੱਚ ਸਫ਼ਾਈ ਮੁਹਿੰਮ ਤਹਿਤ ਵੱਖ-ਵੱਖ ਸਰਕਾਰੀ ਸਕੂਲਾਂ ਦਾ ਦੌਰਾ ਕਰਕੇ ਸਫ਼ਾਈ ਪ੍ਰਬੰਧਾਂ ਅਤੇ ਬੁਨਿਆਦੀ ਸਹੂਲਤਾਂ ਦਾ ਜਾਇਜ਼ਾ ਲਿਆ ਗਿਆ।ਇਸ ਸਬੰਧੀ ਜ਼ਿਲ੍ਹਾ ਸਿੱਖਿਆ ਅਫ਼ਸਰ ਪਠਾਨਕੋਟ ਸ੍ਰੀਮਤੀ ਕਮਲਦੀਪ ਕੌਰ ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ) ਡੀ.ਜੀ. ਸਿੰਘ ਵੱਲੋਂ ਵੱਖ-ਵੱਖ ਸਕੂਲਾਂ ਦਾ ਦੌਰਾ ਕਰਕੇ ਸਕੂਲ ਪਰਿਸਰ ਵਿੱਚ ਸਫ਼ਾਈ ਅਤੇ ਵਿਦਿਆਰਥੀਆਂ ਲਈ ਉਪਲਬਧ ਸਹੂਲਤਾਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਸਕੂਲ ਮੁਖੀਆਂ ਅਤੇ ਸਟਾਫ਼ ਨੂੰ ਸਫ਼ਾਈ ਪ੍ਰਬੰਧਾਂ ਨੂੰ ਹੋਰ ਸੁਚੱਜੇ ਢੰਗ ਨਾਲ ਬਣਾਈ ਰੱਖਣ ਅਤੇ ਸਕੂਲਾਂ ਵਿੱਚ ਸਾਫ਼-ਸੁਥਰਾ ਵਾਤਾਵਰਣ ਕਾਇਮ ਰੱਖਣ ਲਈ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ ਗਏ।ਇਸ ਤਹਿਤ ਸਰਕਾਰੀ ਪ੍ਰਾਇਮਰੀ ਸਕੂਲ ਭੂਰ, ਬੇਲੀ ਚੰਗਾ, ਸਰਕਾਰੀ ਪ੍ਰਾਇਮਰੀ ਸਕੂਲ ਐੱਮ.ਸੀ. ਬਾਜ਼ਾਰ, ਸਰਕਾਰੀ ਪ੍ਰਾਇਮਰੀ ਸਕੂਲ ਮਲਿਕਪੁਰ, ਸਰਕਾਰੀ ਪ੍ਰਾਇਮਰੀ ਸਕੂਲ ਬਧਾਨੀ, ਐੱਸ.ਐੱਮ.ਐੱਸ. ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਠਾਨਕੋਟ (ਲੜਕੀਆਂ), ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਲਿਕਪੁਰ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਧਾਨੀ ਵਿਖੇ ਸਫ਼ਾਈ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ।ਦੌਰੇ ਦੌਰਾਨ ਸਕੂਲਾਂ ਦੇ ਮਿਡ-ਡੇ ਮੀਲ ਖੇਤਰ, ਪਖਾਨਿਆਂ, ਪੀਣ ਵਾਲੇ ਪਾਣੀ ਦੇ ਸਥਾਨ, ਬਰਤਨ ਧੋਣ ਵਾਲੇ ਖੇਤਰ, ਵਾਸ਼ ਬੇਸਿਨ, ਕੂੜਾ ਪ੍ਰਬੰਧਨ ਅਤੇ ਸਮੁੱਚੇ ਸਕੂਲ ਪਰਿਸਰ ਸਬੰਧੀ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ। ਇਸ ਦੌਰਾਨ ਸਕੂਲ ਮੁਖੀਆਂ ਨੂੰ ਸਫ਼ਾਈ ਪ੍ਰਬੰਧਾਂ ਦੀ ਨਿਰੰਤਰ ਨਿਗਰਾਨੀ ਕਰਦੇ ਹੋਏ ਵਿਦਿਆਰਥੀਆਂ ਲਈ ਸੁਚੱਜੀਆਂ ਅਤੇ ਸੁਵਿਧਾਜਨਕ ਸਹੂਲਤਾਂ ਯਕੀਨੀ ਬਣਾਉਣ ਲਈ ਪ੍ਰੇਰਿਤ ਕੀਤਾ ਗਿਆ।ਅਧਿਕਾਰੀਆਂ ਵੱਲੋਂ ਸਕੂਲਾਂ ਵਿੱਚ ਸਫ਼ਾਈ ਦੇ ਨਾਲ-ਨਾਲ ਹੱਥ ਧੋਣ ਦੀ ਆਦਤ, ਸਾਫ਼ ਪਾਣੀ ਦੀ ਵਰਤੋਂ, ਕੂੜੇ ਦੇ ਢੁੱਕਵੇਂ ਪ੍ਰਬੰਧਨ ਅਤੇ ਸਫ਼ਾਈ ਪ੍ਰਤੀ ਵਿਦਿਆਰਥੀਆਂ ਵਿੱਚ ਜਾਗਰੂਕਤਾ ਪੈਦਾ ਕਰਨ 'ਤੇ ਵੀ ਜ਼ੋਰ ਦਿੱਤਾ ਗਿਆ।ਇਸ ਮੌਕੇ ਸਮਾਰਟ ਸਕੂਲ ਕੋਆਰਡੀਨੇਟਰ ਸੰਜੀਵ ਮਨੀ, ਸੀਐੱਚਟੀ ਅਮਰਤੀ ਦੇਵੀ, ਸੀਐੱਚਟੀ ਸੁਖਜੀਤ ਕੌਰ, ਪ੍ਰਿੰਸੀਪਲ ਜੋਤੀ ਪ੍ਰਾਸ਼ਰ, ਪ੍ਰਿੰਸੀਪਲ ਮੀਨਮ ਸਿਖਾ, ਸੀਐੱਚਟੀ ਮਾਧਵੀ, ਸ਼ਮਾ, ਸਮਰਿਤੀ, ਕੁਸੁਮ, ਬਲਕਾਰ ਅੱਤਰੀ ਸਮੇਤ ਹੋਰ ਕਰਮਚਾਰੀ ਹਾਜ਼ਰ ਸਨ।

## ਸੋਹਲ 'ਚ 'ਆਪ' ਨੂੰ ਛੱਡ ਕੇ ਦਰਜਨਾਂ ਪਰਿਵਾਰ ਬਸਪਾ 'ਚ ਸ਼ਾਮਲ



ਧਾਰੀਵਾਲ (ਮਨਦੀਪ ਵਿੱਕੀ)-ਬਹੁਜਨ ਸਮਾਜ ਪਾਰਟੀ ਵਿਧਾਨ ਸਭਾ ਹਲਕਾ ਕਾਦੀਆਂ ਦੀ ਮੀਟਿੰਗ ਇੰਜੀ ਕਸਤੂਰੀ ਲਾਲ ਦੀ ਪ੍ਰਧਾਨਗੀ ਹੇਠ ਸੱਤਪਾਲ ਸੋਹਲ ਦੇ ਗ੍ਰਹਿ ਵਿਖੇ ਹੋਈ।ਮੀਟਿੰਗ ਵਿੱਚ ਬਸਪਾ ਦੇ ਜ਼ੋਨ ਇੰਚਾਰਜ ਜੇ ਪੀ ਭਗਤ ਅਤੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਸੁਰਿੰਦਰ ਚੌਧਰੀ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਮੌਕੇ ਬਹੁਜਨ ਸਮਾਜ ਪਾਰਟੀ ਦੀ ਵਿਚਾਰਧਾਰਾ ਤੋਂ ਪ੍ਰਭਾਵਿਤ ਹੋ ਕੇ ਦਰਜਨਾਂ ਪਰਿਵਾਰ ਆਮ ਆਦਮੀ ਪਾਰਟੀ ਛੱਡ ਕੇ ਬਹੁਜਨ ਸਮਾਜ ਪਾਰਟੀ ਵਿੱਚ ਸ਼ਾਮਲ ਹੋਏ।ਇੰਜੀ. ਕਸਤੂਰੀ ਲਾਲ ਪ੍ਰਧਾਨ ਹਲਕਾ ਕਾਦੀਆਂ ਨੇ ਕਿਹਾ ਕਿ ਪਾਰਟੀ ਨੂੰ ਬੂਥ ਲੈਵਲ ਤੇ ਮਜ਼ਬੂਤ ਕਰਨ ਦੀ ਮੁਹਿੰਮ ਜਾਰੀ ਹੈ ਜਿਸ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਜ਼ੋਨ ਇੰਚਾਰਜ ਜੇ ਪੀ ਭਗਤ ਅਤੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਸੁਰਿੰਦਰ ਚੌਧਰੀ ਨੇ ਦੱਸਿਆ ਕਿ ਬਸਪਾ ਸੰਸਥਾਪਕ ਸਾਹਿਬ ਸ੍ਰੀ ਕਾਂਸ਼ੀ ਰਾਮ ਦਾ ਜਨਮ ਦਿਨ ਜੋਨ ਪੱਧਰ ਤੇ 9 ਅਕਤੂਬਰ ਨੂੰ ਗੁਰਦਾਸਪੁਰ ਮਨਾਇਆ ਜਾ ਰਿਹਾ ਹੈ।ਸਾਰੇ ਅਹੁਦੇਦਾਰਾਂ ਅਤੇ ਵਰਕਰਾਂ ਨੇ ਭਰੋਸਾ ਦਿੱਤਾ ਕਿ ਗੁਰਦਾਸਪੁਰ ਵਿਖੇ ਮਨਾਏ ਜਾ ਰਹੇ ਸਾਹਿਬ ਸ੍ਰੀ ਕਾਂਸ਼ੀ ਰਾਮ ਦੇ ਜਨਮ ਦਿਨ ਸਮਾਗਮ ਵਿੱਚ ਹਲਕਾ ਕਾਦੀਆਂ ਤੋਂ ਵੱਡੀ ਗਿਣਤੀ ਵਿੱਚ ਪਾਰਟੀ ਦੇ ਅਹੁਦੇਦਾਰਾਂ ਤੇ ਵਰਕਰਾਂ ਵੱਲੋਂ ਸ਼ਮੂਲੀਅਤ ਕੀਤੀ ਜਾਵੇਗੀ।ਇਸ ਮੌਕੇ ਸੱਤਪਾਲ ਸੋਹਲ, ਰਮੇਸ਼ ਕੁਮਾਰ ਪ੍ਰਿੰਸੀਪਲ, ਰਾਜ ਪਾਲ ਜਨਰਲ ਸਕੱਤਰ, ਰਵੀ ਕੁਮਾਰ ਇੰਚਾਰਜ, ਰਤਨ ਚੰਦ ਲੇਹਲ, ਤਜਿੰਦਰ ਕੁਮਾਰ ਸਕੱਤਰ, ਰਣਜੀਤ ਸਿੰਘ, ਚਮਨ ਲਾਲ, ਕੁਲਦੀਪ ਕੁਮਾਰ, ਪੂਰਨ ਚੰਦ, ਬਲਬੀਰ ਸਿੰਘ, ਗੁਰਮੇਜ ਸਿੰਘ, ਪਵਨ ਕੁਮਾਰ, ਯੋਗ ਰਾਜ, ਵਿਜੇ ਕੁਮਾਰ, ਪਾਲ, ਤੁਲਸੀ ਰਾਮ, ਰਾਕੀ, ਰੋਸ਼ਨ ਆਦਿ ਹਾਜ਼ਰ ਹੋਏ।

## ਡੀ ਆਰ ਹੈਰੀਟੇਜ ਪਬਲਿਕ ਸਕੂਲ 'ਚ ਜਪੁਜੀ ਸਾਹਿਬ ਦਾ ਪਾਠ ਕਰਵਾਇਆ



ਬਟਾਲਾ (ਡਾ. ਮਲਵਿੰਦਰ ਸਿੰਘ)-ਬੀਤੇ ਦਿਨੀਂ ਡੀ. ਆਰ. ਹੈਰੀਟੇਜ ਪਬਲਿਕ ਸਕੂਲ ਬਟਾਲਾ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਦੇਵੀ ਜੀ ਦੇ ਵਿਆਹ ਪੁਰਬ ਮੌਕੇ ਸ੍ਰੀ ਜਪਜੀ ਸਾਹਿਬ ਜੀ ਦਾ ਪਾਠ ਕਰਵਾਇਆ ਗਿਆ ਜਿਸ ਵਿੱਚ ਸਕੂਲ ਦੀ ਪ੍ਰਿੰਸੀਪਲ ਹਰਪ੍ਰੀਤ ਕੌਰ, ਸਮੂਹ ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀ ਸ਼ਾਮਿਲ ਹੋਏ! ਇਸ ਮੌਕੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਦੇ ਇਤਿਹਾਸ ਤੋਂ ਜਾਣੂ ਕਰਵਾਇਆ ਗਿਆ ਅਤੇ ਸਭ ਵੱਲੋਂ ਮਿਲ ਕੇ ਸ੍ਰੀ ਜਪੁਜੀ ਸਾਹਿਬ ਦਾ ਪਾਠ ਕੀਤਾ ਗਿਆ ਅਤੇ ਕੀਰਤਨ ਉਪਰੰਤ ਅਰਦਾਸ ਕਰਕੇ ਕੜਾਹ ਪ੍ਰਸ਼ਾਦ ਦੀ ਦੇਗ ਵਰਤਾਈ ਗਈ! ਇਸ ਮੌਕੇ ਸਕੂਲ ਪ੍ਰਿੰਸੀਪਲ ਹਰਪ੍ਰੀਤ ਕੌਰ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਦੀ ਸਭ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਗੁਰੂ ਨਾਨਕ ਦੇਵ ਜੀ ਵੱਲੋਂ ਦਿੱਤੀਆਂ ਗਈਆਂ ਸਿੱਖਿਆਵਾਂ ਅੱਜ ਵੀ ਮਨੁੱਖਤਾ ਲਈ ਚਾਨਣ ਮੁਨਾਰਾ ਹਨ। ਉਨ੍ਹਾਂ ਕਿਹਾ ਕਿ ਸਾਨੂੰ ਸਭ ਨੂੰ ਗੁਰੂ ਸਾਹਿਬ ਦੇ ਉਪਦੇਸ਼ ਨਾਮ ਜਪੋ, ਕਿਰਤ ਕਰੋ ਅਤੇ ਵੰਡ ਛਕੋ ਨੂੰ ਆਪਣੇ ਜੀਵਨ ਵਿੱਚ ਅਪਣਾਉਣਾ ਚਾਹੀਦਾ ਹੈ!

## ਅਮਰੀਕੀ ਸਫ਼ੀਰ ਵਫ਼ਦ ਸਮੇਤ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਏ ਨਤਮਸਤਕ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਅਮਰੀਕੀ ਸਫ਼ੀਰ ਸਰਜੀਓ ਗੋਰ ਨੇ ਅੱਜ 28 ਮੈਂਬਰੀ ਵਫ਼ਦ ਸਮੇਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਘਰ ਪ੍ਰਤੀ ਆਪਣੀ ਸ਼ਰਧਾ ਪ੍ਰਗਟ ਕੀਤੀ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਅਮਰੀਕੀ ਸਫ਼ੀਰ ਦਾ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ, ਧਾਰਮਿਕ ਪੁਸਤਕਾਂ ਅਤੇ ਲੋਈ ਦੇ ਕੇ ਸਨਮਾਨ ਕੀਤਾ।

ਇਸ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅਮਰੀਕੀ ਵਫ਼ਦ ਦਾ ਸ੍ਰੀ ਹਰਿਮੰਦਰ ਸਾਹਿਬ ਵਿਖੇ ਪੁੱਜਣ 'ਤੇ ਸਵਾਗਤ ਕਰਦਿਆਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਮੁੱਚੀ ਮਨੁੱਖਤਾ ਲਈ ਅਧਿਆਤਮਕ ਪ੍ਰੇਰਣਾ ਦਾ ਕੇਂਦਰ ਹੈ, ਜਿੱਥੇ ਹਰ ਧਰਮ, ਵਰਗ ਅਤੇ ਦੇਸ਼ ਦੇ ਲੋਕ ਬਿਨਾਂ ਕਿਸੇ ਭੇਦਭਾਵ ਦੇ ਨਤਮਸਤਕ ਹੋਣ ਪੁੱਜਦੇ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਵਿਚਾਰਧਾਰਾ ਸਮੁੱਚੀ ਮਾਨਵਤਾ ਨੂੰ ਬਰਾਬਰੀ, ਸੇਵਾ ਅਤੇ ਸਰਬੱਤ ਦੇ ਭਲੇ ਦਾ ਸੰਦੇਸ਼ ਦਿੰਦੀ ਹੈ।

ਇਸ ਦੌਰਾਨ ਅਮਰੀਕੀ ਸਫ਼ੀਰ ਸਰਜੀਓ ਗੋਰ ਨੇ ਸ੍ਰੀ ਹਰਿਮੰਦਰ ਸਾਹਿਬ ਦੀ ਪਾਵਨ ਮਰਯਾਦਾ, ਗੁਰਬਾਣੀ ਕੀਰਤਨ ਅਤੇ ਗੁਰੂ ਘਰ ਦੀ ਸੇਵਾ-ਪਰੰਪਰਾ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਵਿਜ਼ਟਰ ਬੁੱਕ ਵਿੱਚ ਆਪਣੀਆਂ ਭਾਵਨਾਵਾਂ ਪ੍ਰਗਟ ਕਰਦਿਆਂ ਉਨ੍ਹਾਂ ਲਿਖਿਆ ਇਕ ਖਾਸ ਜਗ੍ਹਾ ਤੇ ਵਾਪਸ ਆਉਣ ਮਾਣ ਮਹਿਸੂਸ ਹੋ ਰਿਹਾ ਹੈ। ਉਹ 15 ਸਾਲ ਪਹਿਲਾਂ ਵੀ ਇਥੇ ਨਤਮਸਤਕ ਹੋਣ ਆਏ ਸਨ।


**ਉੱਤਰ ਰੇਲਵੇ**

**ਈ-ਟੈਂਡਰ ਸੰਖੇਪ ਸੂਚਨਾ**

**ਸਮਾਪਨ ਮਿਤੀ/ਸਮਾਂ : 14.10.2026 15:00**

**ਸੰਖੇਪ ਅਤੇ ਟੈਂਡਰ ਵੇਰਵਾ**

| | | | |
|---|---|---|---|
| ਸੰਖੇਪ ਨੰ: | 1 | ਆਈਆਰਈਪੀਐਸ ਦੇ ਅਨੁਸਾਰ ਸੰਖੇਪ ਪ੍ਰਕਾਸ਼ਨ ਮਿਤੀ : | 26/09/2026 13:14 |
| ਟੈਂਡਰ ਨੰ: | 433_TELE_JAT_2_26-27 (ਖੁਲੀ ਟੈਂਡਰ) | | |
| ਕੰਮ ਦਾ ਨਾਮ | JAT-MCTM ਸੈਕਸ਼ਨ ਵਿਚ ਬਲਾਕ ਵਰਕਿੰਗ ਦੀ ਵਿਸ਼ਵਯਨੀਯਤਾ ਨੂੰ ਬੇਹਤਰ ਬਣਾਨ ਦੇ ਲਈ ਖਰਾਬ 4-ਕਵਾਡ ਕੇਬਲ ਨੂੰ 6-ਕਵਾਡ ਤੋਂ ਬਦਲਨਾ । | | |
| ਟੈਂਡਰ ਸਮਾਪਨ ਮਿਤੀ ਸਮਾਂ | 14/10/2026 15:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 22/09/2026 19:42 |
| ਵਿਗਿਆਪਿਤ ਮੁਲ (ਰੁ:) | 45950170.70 | ਆਈ.ਆਰ.ਈ.ਪੀ.ਐਸ ਦੇ ਅਨੁਸਾਰ ਬੋਲੀ ਸ਼ੁਰੂ ਮਿਤੀ | 30/09/2026 |
| ਬਿਆਨਾ ਰਾਸ਼ੀ (ਰੁ:) | 919000 | ਪੂਰਾ ਕਰਨ ਦਾ ਸਮਾਂ | 6 ਮਹੀਨੇ |

**ਸੰਖੇਪ ਆਇਟਮ ਐਨਆਈਟੀ ਹੇਡਰ**

| ਫੀਚਰ ਨਾਮ | ਆਇਟਮ ਹਟਾ ਦਿਤਾ ਗਿਆ | ਆਇਟਮ ਜੋੜਿਆ ਗਿਆ |
|---|---|---|
| New Item at Sr. no. 20 of SCH-A Supply and Installation Item Qty-365 Day | Nil | SUPERVISION: QUAD/OFC cable parameter testing using a mobile platform for testing the characteristics of OFC cables, splicing, OFC Terminal Equipment, cable joints, EMC sockets, etc. The Mobile Platform shall carry sophisticated measuring instruments and electronic gadgets, which shall be made available by the Railway. All other materials, maintenance, accessories along with required manpower, 01 (one) Cable Jointer/Splicer and 01 (one) Helper, shall be provided by the Contractor. If required, two numbers of Mobile Platforms shall be provided, keeping the testing parameters the same or as instructed by the Engineer-in-Charge. (i) Charges per day as per the logbook entry. (For this item, the scope of kilometres (KMs) is taken in Item No. 21 of this Schedule) |
| New Item at Sr.no. 21 of SCH-A Supply and Installation Item Qty-12000 KMs | Nil | Fuel charges for Item No. 20 of this Schedule - "SUPERVISION: QUAD/OFC cable parameter testing", including testing of the characteristics of OFC cables, splicing, OFC Terminal Equipment, cable joints, EMC sockets, etc., through a suitable mobile platform for testing. The Mobile Platform shall carry sophisticated measuring instruments and electronic gadgets to be provided by the Railway. All other required materials, maintenance, accessories, and manpower, including Supervisor/Cable Jointer/Splicer/Helper, shall be provided by the Contractor. If required, two numbers of Mobile Platforms shall be provided, maintaining the same parameters or as instructed by the Engineer-in-Charge. Fuelling Charges: Fuelling charges shall be payable per kilometre run, as per the entries recorded in the logbook in schedule item no 20. |
| Condition Type (Special Condition) | Nil | All materials related to this work, required to be shifted from Jammu Div. S&T Stores or any other location within Jammu Division to the site, and any released materials required to be shifted from the site back to Jammu Div. S&T Stores or any other location within Jammu Division, shall be transported by the Contractor at his own cost. No separate payment shall be made to the Contractor in this regard |

ਟੈਂਡਰ ਸੂਚਨਾ ਨੰ: 433_TELE_JAT_2_26-27 ਮਿਤੀ : - 26.09.2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

3366/26

# ਮੋਗਾ 'ਚ ਵਿਸ਼ਾਲ 'ਬਨੇਗਾ' ਵਲੰਟੀਅਰ...

(ਸਫ਼ਾ 1 ਦੀ ਬਾਕੀ)



ਵਿਦਿਆਰਥੀਆਂ ਨੇ ਭਗਤ ਸਿੰਘ ਦੀ ਫੋਟੋ ਅਤੇ ਬਨੇਗਾ ਵਾਲੀਆਂ ਟੀ-ਸ਼ਰਟਾਂ ਪਹਿਨ ਕੇ ਇਸ ਇਤਿਹਾਸਕ ਪ੍ਰੋਗਰਾਮ ਵਿੱਚ ਸ਼ਮੂਲੀਅਤ ਕੀਤੀ।ਇਸ ਸਮਾਗਮ ਦਾ ਉਦਘਾਟਨ ਅਤੇ ਸਵਾਗਤੀ ਭਾਸ਼ਣ ਤਿਆਰੀ ਕਮੇਟੀ ਦੇ ਕਨਵੀਨਰ ਅਤੇ ਨੌਜਵਾਨ ਦੇ ਸਾਬਕਾ ਸੂਬਾ ਸਕੱਤਰ ਕੁਲਦੀਪ ਭੋਲਾ ਨੇ ਕੀਤਾ।ਉਨ੍ਹਾਂ ਇਸ ਪਰਮਗੁਣੀ ਭਗਤ ਸਿੰਘ ਦੇ ਜਨਮ ਦਿਨ ਦੀਆਂ ਸਭ ਨੂੰ ਮੁਬਾਰਕਾਂ ਦਿੰਦਿਆਂ ਅਤੇ ਕਿਹਾ ਕਿ ਪਰਮਗੁਣੀ ਭਗਤ ਸਿੰਘ ਦਾ ਸਮੁੱਚਾ ਜੀਵਨ ਦੇਸ਼ ਨੂੰ ਆਜ਼ਾਦ ਕਰਵਾ ਕੇ ਸਮਾਜਵਾਦੀ ਪ੍ਰਬੰਧ ਸਥਾਪਿਤ ਕਰਨ ਦੇ ਸੰਘਰਸ਼ ਵਿੱਚ ਗੁਜ਼ਰਿਆ। ਅੱਜ ਦੀ ਨੌਜਵਾਨ ਪੀੜ੍ਹੀ ਨੂੰ ਉਨ੍ਹਾਂ ਦੇ ਇਨਕਲਾਬੀ ਜੀਵਨ ਤੋਂ ਸੇਧ ਲੈਣੀ ਚਾਹੀਦੀ ਹੈ।ਇਸ ਵਲੰਟੀਅਰ ਸੰਮੇਲਨ ਨੂੰ ਵਿਸ਼ੇਸ਼ ਤੌਰ ਤੇ ਸੰਬੋਧਨ ਕਰਦਿਆਂ ਬਨੇਗਾ ਪ੍ਰਾਪਤੀ ਮੁਹਿੰਮ ਦੇ ਮੁੱਖ ਸਲਾਹਕਾਰ ਸਾਥੀ ਜਗਰੂਪ ਸਿੰਘ ਨੇ ਪਰਮਗੁਣੀ ਭਗਤ ਸਿੰਘ ਦੇ ਜਨਮ ਦਿਨ ਦੀਆਂ ਮੁਬਾਰਕਬਾਦਾਂ ਦਿੰਦਿਆਂ ਭਗਤ ਸਿੰਘ ਦੇ ਜੀਵਨ ਫਲਸਫੇ ਨੂੰ ਸਲਾਮ ਪੇਸ਼ ਕੀਤੀ। ਉਨ੍ਹਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਪਰਮਗੁਣੀ ਭਗਤ ਸਿੰਘ ਇਕ ਮਹਾਨ ਸ਼ਹੀਦ ਹੋਣ ਦੇ ਨਾਲ ਨਾਲ ਉਹ ਇੱਕ ਕੋਟੀ ਦਾ ਵਿਦਵਾਨ ਵੀ ਸੀ ਅਤੇ ਉਸ ਨੇ ਆਪਣੀ ਵਿਦਵਤਾ ਦੇ ਬਲ 'ਤੇ ਹੀ ਦੁਨੀਆ ਦਾ ਧਿਆਨ ਆਪਣੇ ਵੱਲ ਖਿੱਚਿਆ ਹੈ।ਭਗਤ ਦੀ ਜੇਲ੍ਹ ਡਾਇਰੀ ਅਤੇ ਹੱਥਾਂ ਲਿਖਤਾਂ ਉਸ ਦੀ ਵਿਦਵਤਾ ਦਾ ਉੱਤਮ ਸਬੂਤ ਹਨ।ਅਜੋਕੇ ਹਲਾਤ 'ਤੇ ਚਰਚਾ ਕਰਦਿਆਂ ਉਨ੍ਹਾਂ ਕਿਹਾ ਕਿ ਦੇਸ਼ ਦੇ ਹਾਕਮਾਂ ਵੱਲੋਂ ਭਾਵੇਂ ਹਜ਼ਾਰਾਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ ਕਿ ਲੋਕਾਂ ਦੇ ਰੋਹ ਨੂੰ ਹਰ ਹੀਲੇ ਦਬਾਇਆ ਜਾਵੇ ਪਰ ਪਰਮਗੁਣੀ ਭਗਤ ਸਿੰਘ ਦੀ ਵਿਚਾਰਧਾਰਾ ਅਤੇ ਇਨਕਲਾਬੀ ਜੋਸ਼ ਅੱਜ ਵੀ ਨਵੀਂ ਪੀੜ੍ਹੀ (ਜਨਰੇਸ਼ਨ ਜ਼ੀ) ਦੀ ਅਗਵਾਈ ਕਰ ਰਿਹਾ ਹੈ ਅਤੇ ਉਹ ਆਪਣੇ ਸੰਘਰਸ਼ਾਂ ਨੂੰ ਜਿੱਤ ਕਰ ਰਹੇ ਹਨ।ਉਨ੍ਹਾਂ ਨੌਜਵਾਨਾਂ ਅਤੇ ਵਿਦਿਆਰਥੀਆਂ ਨੂੰ ਭਗਤ ਸਿੰਘ ਦਾ ਗਹਿਨ ਅਧਿਐਨ ਕਰਨ ਅਤੇ ਭਗਤ ਸਿੰਘ ਦੇ ਸੁਪਨਿਆਂ ਦਾ ਸਮਾਜ ਬਣਾਉਣ ਲਈ ਅੱਗੇ ਆਉਣ ਦੀਆਂ ਅਪੀਲ ਕੀਤੀ। ਸੁਖਜਿੰਦਰ ਮਹੇਸਰੀ ਅਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਰਮਨ ਧਰਮੂਵਾਲਾ ਨੇ ਭਗਤ ਸਿੰਘ ਦੇ ਜਨਮ ਦਿਨ ਦੇ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਭਗਤ ਸਿੰਘ ਦੀ ਵਾਰਿਸ ਜਵਾਨੀ ਉਨ੍ਹਾਂ ਦੇ ਪਾਏ ਪੂਰਨਿਆਂ 'ਤੇ ਚੱਲ ਕੇ ਇਕ ਵੱਡੀ ਲਾਮਬੰਦੀ ਕਰ ਰਹੀ ਹੈ, ਜੋ ਭਗਤ ਸਿੰਘ ਕੌਮੀ ਰੁਜ਼ਗਾਰ ਗਾਰੰਟੀ ਕਾਨੂੰਨ ਦੇਸ਼ ਦੀ ਪਾਰਲੀਮੈਂਟ ਵਿੱਚੋਂ ਪਾਸ ਕਰਵਾਉਣ ਲਈ ਚੱਲ ਰਹੇ ਸੰਘਰਸ਼ ਨੂੰ ਹੋਰ ਤੇਜ਼ ਕਰੇਗੀ।ਉਨ੍ਹਾਂ ਅੱਗੇ ਕਿਹਾ ਕਿ ਭਗਤ ਸਿੰਘ ਕੌਮੀ ਰੁਜ਼ਗਾਰ ਗਾਰੰਟੀ ਕਾਨੂੰਨ (ਬਨੇਗਾ) ਹਰ ਇਕ ਲਈ ਰੁਜ਼ਗਾਰ ਦੀ ਗਾਰੰਟੀ ਕਰਕੇ ਸਭ ਦੇ ਚੰਗੇ ਭਵਿੱਖ ਦੀ ਆਸ ਨੂੰ ਪੂਰਾ ਕਰਦਾ ਹੈ।ਆਗੂਆਂ ਨੇ ਅੱਗੇ ਕਿਹਾ ਕਿ ਮੌਜੂਦਾ [illegible] ਸਰਕਾਰਾਂ ਵੱਲੋਂ ਉਨ੍ਹਾਂ ਖਿਲਾਫ ਉੱਠ ਰਹੇ ਸੰਘਰਸ਼ਾਂ ਨੂੰ ਖੁੰਢਾ ਕਰਨ ਲਈ ਇਕ ਸੋਚੀ ਸਮਝੀ ਚਾਲ ਤਹਿਤ ਜਵਾਨੀ ਨੂੰ ਨਸ਼ਿਆਂ ਦੀ ਲਤ ਲਾਈ ਜਾ ਰਹੀ ਅਤੇ ਆਪਣੇ ਮੁਨਾਫ਼ੇ ਵਧਾਉਣ ਲਈ ਲੋਕਾਂ ਦੇ ਘਰਾਂ ਵਿੱਚ ਸੱਥਰ ਵਿਛਾਏ ਜਾ ਰਹੇ ਹਨ।ਆਗੂਆਂ ਨੇ ਅੱਗੇ ਕਿਹਾ ਕਿ ਨਸ਼ਿਆਂ ਨੂੰ ਹਕੀਕਤ ਵਿੱਚ ਖ਼ਤਮ ਕਰਨ ਭਗਤ ਸਿੰਘ ਕੌਮੀ ਰੁਜ਼ਗਾਰ ਗਾਰੰਟੀ ਕਾਨੂੰਨ ਨੂੰ ਪਾਸ ਕਰਵਾ ਕੇ ਲਾਗੂ ਕਰਵਾਉਣਾ ਅੱਜ ਸਮੇਂ ਦੀ ਅਣਸਰਦੀ ਲੋੜ ਹੈ।ਆਗੂਆਂ ਨੇ ਨਸ਼ਿਆਂ ਦੇ ਹਕੀਕੀ ਖਾਤਮੇ ਲਈ ਜਲਦੀ ਇਕ ਮੁਹਿੰਮ ਚਲਾਉਣ ਦਾ ਐਲਾਨ ਵੀ ਕੀਤਾ। ਇਸ ਮੌਕੇ ਏ ਆਈ ਐਸ ਐਫ ਦੇ ਸੂਬਾ ਸਕੱਤਰ ਸੁਖਵਿੰਦਰ ਮਲੋਟ ਅਤੇ ਗੁਰਜੰਟ ਸਿੰਘ ਨੇ ਪਿਛਲੇ ਦਿਨੀਂ ਪੰਜਾਬ ਦੀਆਂ ਪ੍ਰਮੁੱਖ ਨਿੱਜੀ ਯੂਨੀਵਰਸਿਟੀਆਂ ਵਿੱਚ ਵਿਦਿਆਰਥੀਆਂ ਨਾਲ ਹੋਏ ਜਬਰ ਜ਼ੁਲਮ ਅਤੇ 3 ਵਿਦਿਆਰਥੀਆਂ ਵੱਲੋਂ ਕੀਤੀ ਖੁਦਕੁਸ਼ੀ ਦੀ ਘਟਨਾ 'ਤੇ ਚਿੰਤਾ ਪ੍ਰਗਟ ਕਰਦਿਆਂ ਇਸ ਦੇ ਜ਼ਿੰਮੇਵਾਰ ਲੋਕਾਂ ਖਿਲਾਫ ਕਾਰਵਾਈ ਕਰਨ ਦੀ ਮੰਗ ਕੀਤੀ।ਉਨ੍ਹਾਂ ਇਹ ਵੀ ਕਿਹਾ ਕਿ ਅਜਿਹੀਆਂ ਘਟਨਾਵਾਂ ਵਿਦਿਆਰਥੀਆਂ ਤੋਂ ਸਿੱਖਿਆ ਖੋਹਣ ਦੀਆਂ ਸਾਜ਼ਿਸ਼ਾਂ ਹਨ ਜਿਸ ਨੂੰ ਭਗਤ ਸਿੰਘ ਦੇ ਵਾਰਿਸ ਵਿਦਿਆਰਥੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰਨਗੇ ਅਤੇ ਇਸ ਖਿਲਾਫ ਸੰਘਰਸ਼ ਕਰਨਗੇ। ਇਸ ਇਤਿਹਾਸਕ ਦਿਨ ਮੌਕੇ ਸਰਬ ਭਾਰਤ ਨੌਜਵਾਨ ਸਭਾ ਦੇ ਸਾਬਕਾ ਸੂਬਾ ਪ੍ਰਧਾਨ ਪਰਮਜੀਤ ਢਾਬਾਂ, ਇਟਕ ਦੇ ਸੂਬਾ ਪ੍ਰਧਾਨ ਸੁਖਦੇਵ ਸ਼ਰਮਾ, ਸ਼ਹੀਦ ਨਛੱਤਰ ਸਿੰਘ ਟਰੱਸਟ ਦੇ ਚੇਅਰਮੈਨ ਜਗਦੀਸ਼ ਚਾਹਲ, ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਕਸ਼ਮੀਰ ਗਦਾਈਆਂ, ਸਰਬ ਭਾਰਤ ਨੌਜਵਾਨ ਸਭਾ ਲੜਕੀਆਂ ਦੀ ਸੂਬਾ ਕੋ ਕਨਵੀਨਰ ਜਸਪ੍ਰੀਤ ਬੱਧਨੀ ਨੇ ਕਿਹਾ ਕਿ ਅੱਜ ਸਮਾਜ ਵਿੱਚ ਹੋ ਰਹੇ ਹਰ ਤਰ੍ਹਾਂ ਦੇ ਸੰਘਰਸ਼ ਦੀ ਅਗਰਵਾਈ ਪਰਮਗੁਣੀ ਭਗਤ ਸਿੰਘ ਦੀ ਵਿਚਾਰਧਾਰਾ ਕਰ ਰਹੀ ਹੈ, ਜਿਸ ਨਾਲ ਭਗਤ ਸਿੰਘ ਦਾ ਵਿਚਾਰਧਾਰਕ ਕੱਦ ਦੁਨੀਆ ਵਿੱਚ ਹੋਰ ਵੱਡਾ ਹੋ ਰਿਹਾ ਹੈ।ਆਗੂਆਂ ਨੇ ਅੱਗੇ ਕਿਹਾ ਕਿ ਆਜ਼ਾਦੀ ਤੋਂ ਬਾਅਦ ਬਣੀਆਂ ਸਰਮਾਏਦਾਰੀ ਸਰਕਾਰਾਂ ਵੱਲੋਂ ਭਗਤ ਸਿੰਘ ਦੀ ਸੋਚ ਵਿੱਚ ਖੋਟ ਲਿਆਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾਂ ਰਹੀਆਂ ਹਨ, ਜਿਸ ਕਾਰਨ ਭਗਤ ਸਿੰਘ ਦੇ ਸੁਪਨੇ ਅਧੂਰੇ ਹਨ। ਉਨ੍ਹਾਂ ਕਿਹਾ ਕਿ ਜਵਾਨੀ ਨੂੰ ਭਗਤ ਸਿੰਘ ਦੇ ਸੁਪਨਿਆਂ ਦਾ ਸਮਾਜ ਸਿਰਜਣ ਲਈ ਅੱਗੇ ਆਉਣਾ ਚਾਹੀਦਾ ਹੈ।ਇਸ ਮੌਕੇ ਲੋਕਾਂ ਦੇ ਸੰਵਿਧਾਨਕ ਹੱਕਾਂ 'ਤੇ ਡਾਕਾ ਮਾਰਨ ਵਾਲੇ ਐਸ. ਆਈ.ਆਰ. ਦੇ ਦੋਸ਼ੀ ਮੁੱਖ ਚੋਣ ਕਮਿਸ਼ਨ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਲਈ ਮਤਾ, ਉੱਚ ਵਿੱਦਿਅਕ ਅਦਾਰਿਆਂ ਵਿੱਚ ਲੜਕੀਆਂ ਨਾਲ ਜਬਰ ਜ਼ਨਾਹ ਖਿਲਾਫ ਕਰਵਾਈ ਕਰਵਾਉਣ ਅਤੇ ਨੇਕ ਵਿੱਦਿਆ ਨੀਤੀ ਦੀ ਪ੍ਰਾਪਤੀ ਲਈ ਮਤੇ ਪਾਸ ਕਰਕੇ ਸਭ ਸੰਮਤੀ ਨਾਲ ਪਾਸ ਕੀਤੇ ਗਏ। ਇਸ ਮੌਕੇ ਇਸ ਸਮਾਗਮ ਨੂੰ ਹੋਰਨਾਂ ਤੋਂ ਇਲਾਵਾ ਗੁਰਦਿਆਲ ਢਾਬਾਂ, ਮਦਨ ਗੁਰਦਾਸਪੁਰ, ਨਰਿੰਦਰ ਢਾਬਾਂ, ਗੁਰਵਿੰਦਰ ਦੀਨਾ, ਨਵਨੀਤ ਕੌਰ, ਸੋਨਾ ਸਿੰਘ ਧੁਨਕੀਆਂ, ਗੋਰਾ ਪਿਪਲੀ, ਜਸਪ੍ਰੀਤ ਬੱਧਨੀ, ਚਰਨਜੀਤ ਚਮੇਲੀ, ਰਾਜਵਿੰਦਰ ਨੱਤਾਂ, ਰਮਨਦੀਪ ਕੌਰ ਮੁਕਤਸਰ, ਹਰਭਜ ਸਿੰਘ, ਸਵਰਨ ਖੋਸਾ, ਜਗਜੀਤ ਧੂੜ ਕੋਟ, ਡਾ. ਇੰਦਰਬੀਰ ਗਿੱਲ, ਸੁਰਜ ਕੌਰ, ਚੰਦਰ ਭੁੱਟਰ ਅਤੇ ਹਰਮਨਦੀਪ ਆਦਿ ਆਗੂਆਂ ਦੀ ਅਗਵਾਈ ਵਿੱਚ ਸੈਂਕੜੇ ਬਨੇਗਾ ਵਲੰਟੀਅਰਾਂ ਨੇ ਇਸ ਇਤਿਹਾਸਕ ਪ੍ਰੋਗਰਾਮ ਵਿੱਚ ਸ਼ਮੂਲੀਅਤ ਕੀਤੀ।

# ਵੋਟਰ ਸੂਚੀਆਂ 'ਚ ਗੜਬੜ ਨੂੰ ਲੈ ਕੇ ਕਾਂਗਰਸ ਨੇ ਮੋਦੀ, ਅਮਿਤ ਸ਼ਾਹ ਤੇ ਗਿਆਨੇਸ਼ ਕੁਮਾਰ ਦਾ ਪੁਤਲਾ ਫੂਕਿਆ

**ਹੁਸ਼ਿਆਰਪੁਰ (ਓ ਪੀ ਰਾਣਾ)**-ਜ਼ਿਲ੍ਹਾ ਕਾਂਗਰਸ ਨੇ ਦੇਸ਼ ਦੀ ਚੋਣ ਪ੍ਰਕਿਰਿਆ ਦੇ ਗੰਭੀਰ ਖਤਰੇ ਨੂੰ ਮੱਦੇਨਜ਼ਰ ਰੱਖਦੇ ਹੋਏ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਅਹੁਦੇ ਤੋਂ ਹਟਾਉਣ ਅਤੇ ਉਨ੍ਹਾਂ ਖ਼ਿਲਾਫ ਐੱਫ ਆਈ ਆਰ ਦਰਜ ਕਰਨ ਦੀ ਮੰਗ ਨੂੰ ਲੈ ਕੇ ਡੀ.ਸੀ ਦਫ਼ਤਰ ਹੁਸ਼ਿਆਰਪੁਰ ਦੇ ਬਾਹਰ ਧਰਨਾ ਤੇ ਰੋਸ ਮੁਜ਼ਾਹਰਾ ਕੀਤਾ ਗਿਆ। ਜ਼ਿਲ੍ਹਾ ਕਾਂਗਰਸ ਦੇ ਪ੍ਰਧਾਨ ਦਲਜੀਤ ਸਿੰਘ ਗਿਲਜੀਆਂ ਨੇ ਦੋਸ਼ ਲਾਇਆ ਕਿ ਗਿਆਨੇਸ਼ ਕੁਮਾਰ ਨੇ ਚੋਣ ਪ੍ਰਕਿਰਿਆ ਨੂੰ ਖ਼ਰਾਬ ਕੀਤਾ ਅਤੇ ਨੁਕਸਾਨ ਪਹੁੰਚਾਇਆ ਹੈ। ਉਨ੍ਹਾਂ ਦਾਅਵਾ ਕੀਤਾ ਕਿ ਵੋਟਰ ਸੂਚੀਆਂ ਵਿੱਚੋਂ ਨਾਂਅ ਕੱਟ ਕੇ ਇਕੱਲੇ ਦਮ 'ਤੇ ਹੀ 13.8 ਕਰੋੜ ਵੋਟਰਾਂ ਨੂੰ ਵੋਟ ਦੇ ਅਧਿਕਾਰ ਤੋਂ ਵਾਂਝਾ ਕਰ ਦਿੱਤਾ ਗਿਆ ਹੈ। ਉਨ੍ਹਾਂ ਦੋਸ਼ ਲਾਇਆ ਕਿ ਜਿਨ੍ਹਾਂ ਵੋਟਰਾਂ ਦੇ ਨਾਂ ਕੱਟੇ ਗਏ ਹਨ, ਉਨ੍ਹਾਂ ਨੂੰ ਆਪਣਾ ਪੱਖ ਰੱਖਣ ਅਤੇ ਆਪਣੇ ਵੋਟ ਦੇ ਅਧਿਕਾਰ ਦੀ ਰਾਖੀ ਕਰਨ ਦਾ ਢੁਕਵਾਂ ਮੌਕਾ ਨਹੀਂ ਦਿੱਤਾ ਗਿਆ। ਵੋਟਰ ਸੂਚੀਆਂ ਵਿੱਚ ਗੜਬੜੀਆਂ ਨੂੰ ਲੈ ਕੇ ਜ਼ਿਲ੍ਹਾ ਕਾਂਗਰਸ ਦੀ ਸਮੁੱਚੀ



ਲੀਡਰਸ਼ਿਪ ਤੇ ਵੱਡੀ ਗਿਣਤੀ ਚ ਕਾਂਗਰਸੀ ਵਰਕਰਾਂ ਨੇ ਨਰਿੰਦਰ ਮੋਦੀ, ਅਮਿਤ ਸ਼ਾਹ ਤੇ ਗਿਆਨੇਸ਼ ਕੁਮਾਰ ਦਾ ਪੁਤਲਾ ਫੂਕਿਆ ਤੇ ਰੱਜ ਕੇ ਨਾਅਰੇਬਾਜੀ ਕੀਤੀ। ਇਸ ਮੌਕੇ ਦਲਜੀਤ ਗਿਲਜੀਆਂ ਦੇ ਨਾਲ ਪੰਜਾਬ ਕਾਂਗਰਸ ਦੇ ਕਾਰਜਕਾਰੀ ਪ੍ਰਧਾਨ ਸੰਗਤ ਸਿੰਘ ਗਿਲਜੀਆਂ, ਸਾਬਕਾ ਵਿਧਾਇਕ ਪਵਨ ਆਦੀਆਂ, ਅਰੁਣ ਡੋਗਰਾ ਸਾਬਕਾ ਵਿਧਾਇਕ, ਇੰਦੂ ਬਾਲਾ ਸਾਬਕਾ ਵਿਧਾਇਕ, ਲਵ ਕੁਮਾਰ ਗੋਲਡੀ ਸਾਬਕਾ ਵਿਧਾਇਕ, ਅਮਰਪ੍ਰੀਤ ਲਾਲੀ ਸਾਬਕਾ ਪੰਜਾਬ ਯੂਥ ਪ੍ਰਧਾਨ, ਐਡਵੋਕੇਟ ਰੋਹਿਤ ਜੋਸ਼ੀ, ਸੁੰਦਰ ਸ਼ਾਮ ਅਰੋੜਾ ਸਾਬਕਾ ਮੰਤਰੀ, ਰਣਜੀਤ ਕੁਮਾਰ, ਯਾਮੀਨੀ ਗੋਮਰ, ਅਮਰਪਾਲ ਕਾਕਾ, ਅਮਰਜੀਤ ਢਾਡੀਕਟਵਾਲ, ਡਾ ਕੁਲਦੀਪ ਨੰਦਾ, ਸੁਰਿੰਦਰ ਸਿੱਧੂ, ਬਲਵਿੰਦਰ ਬਿੱਟੂ, ਰਜਨੀਸ਼ ਟੰਡਨ, ਹਰਮਿੰਦਰ ਕੌਰ, ਪਰਮਵੀਰ ਢਾਡੀਕਟਵਾਲ, ਭੁਪਿੰਦਰ ਘੁੰਮਣ, ਨਵੀ ਗੀਹਲ, ਹੰਸਰਾਜ ਸਤਿਆਲ, ਅਸ਼ੋਕ ਮਹਿਰਾ, ਸਰਵਨ ਸਿੰਘ,ਸੁਰਿੰਦਰ ਸਿੱਧੂ ਤੇ ਹੋਰ ਵੱਡੀ ਗਿਣਤੀ 'ਚ ਕਾਂਗਰਸੀ ਆਗੂ ਮੌਜੂਦ ਸਨ।

## ਝੋਨੇ ਦੇ ਖਰੀਦ ਸੀਜ਼ਨ ਤੋਂ ਪਹਿਲਾਂ ਪੰਜਾਬ ਲਈ 42786 ਕਰੋੜ ਦੀ ਸੀ ਸੀ ਐੱਲ ਮਨਜ਼ੂਰੀ: ਕਟਾਰੂਚੱਕ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਸੂਬੇ ਵਿੱਚ 1 ਅਕਤੂਬਰ ਤੋਂ ਸ਼ੁਰੂ ਹੋਣ ਜਾ ਰਹੇ ਝੋਨੇ ਦੇ ਆਗਾਮੀ ਖਰੀਦ ਸੀਜ਼ਨ ਤੋਂ ਪਹਿਲਾਂ, ਪੰਜਾਬ ਰਾਜ ਨੂੰ ਅਕਤੂਬਰ ਮਹੀਨੇ ਲਈ 42786.68 ਕਰੋੜ ਰੁਪਏ ਦੀ ਨਕਦ ਕਰਜ਼ਾ ਹੱਦ (ਸੀ ਸੀ ਐੱਲ) ਦੀ ਮਨਜ਼ੂਰੀ ਦੇ ਰੂਪ ਵਿੱਚ ਵੱਡੀ ਰਾਹਤ ਦਿੱਤੀ ਗਈ ਹੈ।



ਇੱਥੇ ਜਾਰੀ ਇੱਕ ਬਿਆਨ ਵਿੱਚ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਸੀ ਸੀ ਐੱਲ ਦੀ ਮਨਜ਼ੂਰੀ ਨਾਲ ਸੂਬਾ ਸਰਕਾਰ ਵੱਲੋਂ ਖਰੀਦ ਕਾਰਜ ਸੁਚਾਰੂ ਢੰਗ ਨਾਲ ਕਿਸਾਨਾਂ ਨੂੰ ਤੁਰੰਤ ਅਤੇ ਨਿਰਵਿਘਨ ਭੁਗਤਾਨ ਯਕੀਨੀ ਬਣਾਇਆ ਜਾ ਸਕੇਗਾ।ਇਸ ਜਾਣਕਾਰੀ ਦਿੰਦਿਆਂ ਮੰਤਰੀ ਨੇ ਦੱਸਿਆ ਕਿ ਕਿਸਾਨਾਂ ਵੱਲੋਂ ਮੰਡੀਆਂ ਵਿੱਚ ਲਿਆਂਦੇ ਜਾਣ ਵਾਲੇ ਝੋਨੇ ਦੀ ਪੈਕਿੰਗ ਲਈ ਵਿਭਾਗ ਵੱਲੋਂ 5 ਲੱਖ ਬਾਰਦਾਨਾ ਵੀ ਪ੍ਰਾਪਤ ਹੋ ਚੁੱਕਾ ਹੈ। ਕਟਾਰੂਚੱਕ ਨੇ ਦੱਸਿਆ ਕਿ ਸੂਬੇ ਨੂੰ ਸੀਜ਼ਨ 2026-27 ਲਈ 185 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਦਾ ਟੀਚਾ ਮਿਲਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਇਸ ਸਾਲ ਘੱਟੋ-ਘੱਟ ਸਮਰਥਨ ਮੁੱਲ ਰੁਪਏ 2461 ਰੁਪਏ ਪ੍ਰਤੀ ਕੁਇੰਟਲ ਦੇ ਹਿਸਾਬ ਨਾਲ ਖਰੀਦੀ ਜਾਵੇਗੀ।ਵਿਭਾਗ ਕਿਸਾਨਾਂ ਨੂੰ ਨਿਰਵਿਘਨ ਅਤੇ ਸੁਚਾਰੂ ਢੰਗ ਨਾਲ ਚਲਾਉਣ ਲਈ ਪੂਰੇ ਤਰ੍ਹਾਂ 1887 ਮੰਡੀਆਂ ਨੋਟੀਫਾਈ ਕੀਤੀਆਂ ਜਾ ਚੁੱਕੀਆਂ ਹਨ ਅਤੇ ਜ਼ਰੂਰਤ ਅਨੁਸਾਰ ਹੋਰ ਮੰਡੀਆਂ ਵੀ ਆਰਜ਼ੀ ਕੀਤੀਆਂ ਜਾਣਗੀਆਂ।

# ਨਸ਼ੇ ਨੂੰ ਬੰਦ ਕਰਨ ਦੀ ਬਜਾਇ ਨਸ਼ੇ ਖਿਲਾਫ਼ ਬੋਲਣ ਵਾਲਿਆਂ ਦੀ ਜ਼ੁਬਾਨਬੰਦੀ ਹੋ ਰਹੀ: ਢਿੱਲੋਂ



**ਜਲੰਧਰ (ਸ਼ੈਲੀ ਐਲਬਰਟ)**-"ਮੇਰੇ ਦੋ ਪੁੱਤ ਨਸ਼ਿਆਂ ਨਾਲ ਮਾਰੇ ਗਏ, ਪਤਨੀ ਦੀ ਵੀ ਮੌਤ ਹੋ ਚੁੱਕੀ ਹੈ, ਮੇਰੀਆਂ ਅੱਖਾਂ ਦੀ ਰੌਸ਼ਨੀ ਵੀ ਚਲੀ ਗਈ, ਨਾ ਮੇਰੇ ਕੋਈ ਅੱਗੇ ਰਿਹਾ, ਨਾ ਪਿੱਛੇ, ਮੈਂ ਗੁਰਦੁਆਰੇ ਵਿੱਚ ਰਾਤਾਂ ਕੱਟ ਰਿਹਾਂ ਹਾਂ। ਪਤਾ ਨਹੀਂ ਮੇਰੀ ਮੌਤ ਉੱਤੇ ਚਿਤਾ ਨੂੰ ਲਾਂਬੂ ਕੌਣ ਲਾਵੇਗਾ।'' ਆਪਣੀ ਹੱਡਬੀਤੀ ਸਾਂਝੀ ਕਰਦਿਆਂ ਜਲੰਧਰ ਜ਼ਿਲ੍ਹੇ ਦੇ ਬਿਲਗਾ ਦੇ ਰਮੇਸ਼ ਦਾ ਰੋਣਾ ਨਹੀਂ ਰੁਕ ਰਿਹਾ ਸੀ। ਰਮੇਸ਼ ਵਰਗੀ ਹੀ ਦਾਸਤਾਂ ਜਲੰਧਰ ਦੇ ਤਿਲਕ ਨਗਰ ਦੀ ਇੱਕ ਹੋਰ ਬੀਬੀ ਨੇ ਵੀ ਸੁਣਾਈ, ਉਨ੍ਹਾਂ ਦੱਸਿਆ ਮੇਰੇ ਦੋ ਮੁੰਡੇ ਨਸ਼ੇ ਨਾਲ ਮਰ ਚੁੱਕੇ ਹਨ। ਇੱਕ ਜਦੋਂ ਮੁੰਡਾ ਮਰਿਆ ਤਾਂ ਉਸ ਦੀ ਪਤਨੀ ਤੇ ਬੱਚਾ ਘਰ ਛੱਡ ਕੇ ਚਲੇ ਗਏ, ਦੂਜੇ ਦੀਆਂ ਦੋ ਜਨਾਨੀਆਂ ਅਤੇ ਦੋ ਬੱਚੇ ਸਨ ਉਹ ਵੀ ਚਲੇ ਗਏ। ਘਰ-ਬਾਰ ਇਨ੍ਹਾਂ ਨੇ ਵੇਚ ਦਿੱਤਾ, ਤਿਲਕ ਨਗਰ ਵਿੱਚ ਹਰ ਮੁਹੱਲੇ ਵਿੱਚ ਨਸ਼ਾ ਹੈ, ਪੁਲਸ ਵੀ ਨਸ਼ਾ ਵੇਚਣ ਵਾਲਿਆਂ ਕੋਲ ਵਿਕਾਊ ਹੈ। ਰਮੇਸ਼ ਤੇ ਤਿਲਕ ਨਗਰ ਵਾਲੀ ਇਹ ਬੀਬੀ ਉਨ੍ਹਾਂ ਨਸ਼ੇ ਕਾਰਨ ਉੱਜੜੇ ਡੇਢ ਦਰਜਨ ਤੋਂ ਵੱਧ ਲੋਕਾਂ ਵਿੱਚੋਂ ਸਨ, ਜਿਨ੍ਹਾਂ ਦੀ ਦੁੱਖਭਰੀ ਅਵਾਜ਼ ਨੂੰ ਸਾਂਝਾ ਕਰਨ ਲਈ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਤੇ ਸਟੇਟ ਮੀਡੀਆ ਇੰਚਾਰਜ ਵਿਨੀਤ ਜੋਸ਼ੀ ਨੇ ਮੀਡੀਆ ਦੇ ਰੂਬਰੂ ਕੀਤਾ ਸੀ।

ਭਾਰਤੀ ਜਨਤਾ ਪਾਰਟੀ ਵਲੋਂ 18 ਸਤੰਬਰ ਤੋਂ ਚਾਰ ਨਸ਼ਾ ਮੁਕਤ ਪੰਜਾਬ ਯਾਤਰਾਵਾਂ ਕੱਢੀਆਂ ਜਾ ਰਹੀਆਂ ਹਨ। ਜਿਨ੍ਹਾਂ ਦੀ 30 ਸਤੰਬਰ ਨੂੰ ਸਮਾਪਤੀ ਮੌਕੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਜਲੰਧਰ ਵਿੱਚ ਵਿਸ਼ਾਲ ਜਨਤਕ ਇਕੱਠ ਨੂੰ ਸੰਬੋਧਨ ਕਰਨ ਪਹੁੰਚ ਰਹੇ ਹਨ। ਇਨ੍ਹਾਂ ਯਾਤਰਾਵਾਂ ਦੇ ਦੌਰਾਨ ਹੀ ਪੰਜਾਬ ਭਾਜਪਾ ਵਲੋਂ ਵੱਖ-ਵੱਖ ਥਾਵਾਂ ਉੱਤੇ ਪ੍ਰੈਸ ਕਾਨਫਰੰਸਾਂ ਕਰ ਕੇ ਨਸ਼ੇ ਕਾਰਨ ਉੱਜੜੇ ਲੋਕਾਂ ਦੀ ਅਵਾਜ਼ ਨੂੰ ਮੀਡੀਆ ਰਾਹੀਂ ਚੁੱਕਿਆ ਜਾ ਰਿਹਾ ਹੈ। ਨਸ਼ਾ ਪੀੜ੍ਹਤ ਪਰਿਵਾਰਾਂ ਦੀਆਂ ਗੱਲਾਂ ਸੁਣਨ ਤੋਂ ਬਾਅਦ ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਾ ਬੰਦ ਕਰਨ ਦੀ ਬਜਾਏ ਨਸ਼ਿਆਂ ਵਿਰੁੱਧ ਬੋਲਣ ਵਾਲਿਆਂ ਦੀ ਆਵਾਜ਼ ਬੰਦ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

## ਭਗਤ ਸਿੰਘ ਦਾ ਜੱਦੀ ਘਰ ਮੋਮਬੱਤੀਆਂ ਨਾਲ ਜਗਮਗਾ ਉੱਠਿਆ

**ਬੰਗਾ (ਅਵਤਾਰ ਕਲੇਰ)**-ਸ਼ਹੀਦ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ ਸ਼ਹੀਦੀ ਯਾਦਗਾਰ ਕਮੇਟੀ ਇਲਾਕਾ ਬੰਗਾ, ਪੰਜਾਬ ਲੋਕ ਸਭਿਆਚਾਰਕ ਮੰਚ ਅਤੇ ਹੋਰ ਵੱਖ ਵੱਖ ਲੋਕ-ਪੱਖੀ ਸੰਸਥਾਵਾਂ ਸਮੂਹ ਨਗਰ ਨਿਵਾਸੀਆਂ ਨੇ ਮਿਲ ਕੇ ਸ਼ਹੀਦ ਭਗਤ ਸਿੰਘ ਦੇ ਜਨਮ ਦਿਹਾੜੇ ਮੌਕੇ ਗੰਭੀਰ ਵਿਚਾਰ ਚਰਚਾ ਕੀਤੀ। ਇਸ ਮੌਕੇ ਨਗਰ ਨਿਵਾਸੀਆਂ ਨੇ ਆਪਣੇ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਤਿਖਾ ਰੋਸ ਜਤਾਇਆ ਕਿ ਸ਼ਹੀਦ ਭਗਤ ਸਿੰਘ ਦੇ ਜਨਮ ਦਿਹਾੜੇ ਮੌਕੇ ਉਹਨਾਂ ਦੇ ਜੱਦੀ ਪਿੰਡ ਨੂੰ ਅੱਜ ਸਰਕਾਰ ਵੱਲੋਂ ਬਿਲਕੁਲ ਭੁਲਾ ਦਿੱਤਾ ਗਿਆ। ਭਗਤ ਸਿੰਘ ਦਾ ਜੱਦੀ ਘਰ ਮੋਮਬੱਤੀਆਂ ਨਾਲ ਜਗ ਮਗ ਜਗ ਮਗ ਕਰਨ ਲਗਾ ਦਿੱਤਾ। ਇਹਨਾਂ ਸੰਸਥਾਵਾਂ ਦੇ ਆਗੂਆਂ ਅਮੋਲਕ ਸਿੰਘ, ਤੀਰਥ ਰਸੂਲਪੁਰੀ, ਖੁਸ਼ੀ ਗੁਣਾਂਚੌਰ ,ਦੇਵਰਾਜ ਗੁਣਾਂ ਚੌਰ, ਨੰਦ ਲਾਲ, ਕੁਲਵਿੰਦਰ ਖਟਕੜ ਆਦਿ ਨੇ ਨੇ ਲੋਕਾਂ ਦੇ ਮਨਾਂ ਨੂੰ ਵੀ ਰੌਸ਼ਨ ਕੀਤਾ ਕਿ ਭਗਤ ਸਿੰਘ ਦਾ ਜੇਕਰ ਸੁਪਨਾ ਪੂਰਾ ਹੋ ਗਿਆ ਹੁੰਦਾ ਤਾਂ ਸਾਮਰਾਜੀ ਬਹੁ ਕੌਮੀ ਕੰਪਨੀਆਂ ਸਾਡੇ ਮੁਲਕ ਦੀਆਂ ਸਾਮਰਾਜੀਆਂ ਦੀਆਂ ਸੇਵਾਦਾਰ ਕੰਪਨੀਆਂ ਜਿਵੇਂ ਜੰਗਲ ਜਲ ਜਮੀਨ ਸਿੱਖਿਆ ਸਿਹਤ ਬਿਜਲੀ ਪਾਣੀ ਉੱਪਰ ਮੁਕੰਮਲ ਜੱਫਾ ਮਾਰ ਰਹੀਆਂ ਨੇ ਇਹ ਨਹੀਂ ਸੀ ਹੋਣਾ। ਮੁਲਕ ਅੰਦਰ ਥਾਂ ਥਾਂ ਵਿਦਿਆਰਥੀਆਂ ਆਦਿਵਾਸੀਆਂ ਕਿਰਤੀ ਕਿਸਾਨਾਂ ਮੁਲਾਜ਼ਮਾਂ ਬੇਰੁਜ਼ਗਾਰ ਲੋਕਾਂ ਦੇ ਘੋਲਾਂ ਨੂੰ ਲਾਠੀਆਂ ਦੇ ਦਬਾਉਣ ਲਈ ਹਰ ਹਰਬਾ ਵਰਤਿਆ ਜਾ ਰਿਹਾ ਹੈ।ਅੱਜ ਦੀ ਇਕੱਤਰਤਾ ਵਿੱਚ ਜ਼ੋਰਦਾਰ ਮੰਗ ਕੀਤੀ ਕਿ ਪੂਰੇ ਦੇਸ਼ ਦੇ ਅੰਦਰ ਬੁੱਧੀਜੀਵੀ ਲੇਖਕਾਂ ਸਾਹਿਤਕਾਰਾਂ ਇਤਿਹਾਸਕਾਰਾਂ ਵਿਦਿਆਰਥੀ ਆਗੂਆਂ ਨੂੰ ਬਿਨਾਂ ਮੁਕੱਦਮਾ ਚਲਾਏ ਦਹਾਕਿਆਂ ਤੋਂ ਜੇਲਾਂ ਅੰਦਰ ਡੱਕ ਕੇ ਰੱਖਣਾ ਬੰਦ ਕੀਤਾ ਜਾਏ। ਆਦਿਵਾਸੀ ਲੋਕਾਂ ਦੀ ਜਿੰਦਗੀ ਦੀ ਕਵਿਤਾ ਲਿਖਣ ਵਾਲਿਆਂ ਨੂੰ ਫਾਂਸੀ ਲਗਾ ਕੇ ਉਹਨਾਂ ਦੀ ਆਵਾਜ਼ ਬੰਦ ਕਰਨਾ ਬੰਦ ਕੀਤਾ ਜਾਏ। ਖਟਕੜ ਕਲਾਂ ਤੋਂ ਇਹ ਵੀ ਮੰਗ ਕੀਤੀ ਗਈ ਕਿ ਪਾਸ਼ ਦੇ ਪਿੰਡ ਤਲਵੰਡੀ ਸਲੇਮ ਵਿਖੇ ਬਣੇ ਪਾਸ਼ ਹੰਸ ਰਾਜ ਯਾਦਗਾਰੀ ਕੰਪਲੈਕਸ ਦਾ ਮੁਹਾਂਦਰਾ ਬਦਲਣਾ ਬੰਦ ਕੀਤਾ ਜਾਏ। ਮਜ਼ਦੂਰ ਆਗੂ ਹਰਮੇਸ਼ ਮਾਲੜੀ ਨੂੰ ਜਾਤੀ ਸੂਚਕ ਸ਼ਬਦ ਬੋਲਣ ਵਾਲੇ ਸਰਪੰਚ ਅਤੇ ਉਸ ਦੇ ਜੋਟੀਦਾਰਾਂ ਤੇ ਕੇਸ ਦਰਜ ਕੀਤਾ ਜਾਏ।

# ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਨੂੰ ਲੈ ਕੇ ਦਿੱਤਾ ਧਰਨਾ


**ਮੋਹਾਲੀ (ਗੁਰਜੀਤ ਬਿੱਲਾ)**-ਸੀਨੀਅਰ ਕਾਂਗਰਸੀ ਆਗੂ ਤੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਵੱਲੋਂ 'ਵੋਟ ਚੋਰੀ' ਦੇ ਮੁੱਦੇ ਅਤੇ ਚੋਣ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਤੇ ਨਿਰਪੱਖਤਾ ਦੀ ਮੰਗ ਨੂੰ ਲੈ ਕੇ ਡੀ.ਸੀ. ਦਫ਼ਤਰ ਮੋਹਾਲੀ ਦੇ ਬਾਹਰ ਵਿਸ਼ਾਲ ਧਰਨਾ ਦਿੱਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰ, ਆਗੂ ਅਤੇ ਅਹੁਦੇਦਾਰ ਪਹੁੰਚੇ। ਧਰਨੇ ਦੌਰਾਨ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਉਠਾਈ ਗਈ ਅਤੇ ਉਨ੍ਹਾਂ ਦਾ ਪੁਤਲਾ ਵੀ ਫੂਕਿਆ ਗਿਆ।ਬਲਬੀਰ ਸਿੰਘ ਸਿੱਧੂ ਨੇ ਕਿਹਾ ਕਿ ਭਾਰਤ ਦੇ ਸੰਵਿਧਾਨ ਨੇ ਹਰ ਨਾਗਰਿਕ ਨੂੰ ਬਰਾਬਰ ਵੋਟ ਦਾ ਅਧਿਕਾਰ ਦਿੱਤਾ ਹੈ, ਚਾਹੇ ਉਹ ਅਮੀਰ ਹੋਵੇ ਜਾਂ ਗਰੀਬ। 13 ਕਰੋੜ 35 ਲੱਖ ਲੋਕਾਂ ਨੂੰ ਉਨ੍ਹਾਂ ਦੇ ਵੋਟ ਦੇ ਅਧਿਕਾਰ ਤੋਂ ਵਾਂਝਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਕਾਂਗਰਸ ਦਾ ਸਪਸ਼ਟ ਮੰਨਣਾ ਹੈ ਕਿ ਵੋਟਰ ਸੂਚੀਆਂ ਵਿੱਚ ਪਾਰਦਰਸ਼ਤਾ, ਸਹੀ ਜਾਂਚ ਅਤੇ ਹਰ ਯੋਗ ਨਾਗਰਿਕ ਦੇ ਵੋਟ ਦੇ ਅਧਿਕਾਰ ਦੀ ਰੱਖਿਆ ਯਕੀਨੀ ਬਣਾਈ




ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪਿਛਲੇ 10 ਮਹੀਨਿਆਂ ਦੌਰਾਨ ਚੋਣ ਕਮਿਸ਼ਨ ਦੇ ਅੰਦਰ ਹੀ ਚੋਣ ਕਮਿਸ਼ਨਰ ਸ. ਸੁਖਬੀਰ ਸਿੰਘ ਸੰਧੂ ਅਤੇ ਡਾ. ਵਿਵੇਕ ਜੋਸ਼ੀ ਵੱਲੋਂ ਘੱਟੋ-ਘੱਟ 14 ਵਾਰ ਵੱਖ-ਵੱਖ ਫ਼ੈਸਲਿਆਂ ਅਤੇ ਹੁਕਮਾਂ 'ਤੇ ਲਿਖਤੀ ਇਤਰਾਜ਼ ਦਰਜ ਕੀਤੇ ਗਏ ਹਨ। ਇਹ ਇਤਰਾਜ਼ ਨਵੇਂ ਵੋਟਰਾਂ ਦੀ ਰਜਿਸਟ੍ਰੇਸ਼ਨ, ਵੋਟਰ ਸੂਚੀਆਂ ਵਿੱਚੋਂ ਨਾਂਅ ਹਟਾਉਣ ਜਾਂ ਜੋੜਨ, ਐੱਸ ਆਈ ਆਰ ਦੀ ਪ੍ਰਕਿਰਿਆ ਅਤੇ ਵੋਟਰ ਡੇਟਾਬੇਸ ਦੀ ਸੰਭਾਲ ਨਾਲ ਜੁੜੇ ਮਾਮਲਿਆਂ 'ਤੇ ਸਨ। ਇਸ ਧਰਨੇ ਨੂੰ ਸ਼੍ਰੀ ਕਮਲ ਕਿਸ਼ੋਰ ਸ਼ਰਮਾ ਪ੍ਰਧਾਨ ਜਿਲ੍ਹਾ ਕਾਂਗਰਸ ਕਮੇਟੀ ਮੋਹਾਲੀ,ਮੁਲਾਜਮ ਆਗੂ ਲੱਖਾਂ ਸਿੰਘ ਜੀ,ਵਿਜੇ ਸ਼ਰਮਾ ਟਿੰਕੂ ਹਲਕਾ ਇੰਚਾਰਜ ਖਰੜ,ਉਦੇਵੀਰ ਸਿੰਘ ਢਿੱਲੋਂ,ਮਨਜੀਤ ਸਿੰਘ ਝਲਬੂਟੀ,ਕਮਲਜੀਤ ਚਾਵਲਾ, ਯਾਦਵਿੰਦਰ ਸਿੰਘ ਬੰਨੀ ਕੰਗ, ਰਣਜੀਤ ਸਿੰਘ ਨਗਲੀਆਂ ਐਸ. ਸੀ. ਸੈੱਲ ਚੈਅਰਮੈਨ, ਰਣਜੀਤ ਸਿੰਘ ਪੰਡਿਆਲਾ ਸਾਬਕਾ ਪ੍ਰਧਾਨ ਜ਼ਿਲ੍ਹਾ ਕਾਂਗਰਸ ਮੋਹਾਲੀ ,ਬੀਬੀ ਬਲਜੀਤ ਕੌਰ ਪ੍ਰਧਾਨ ਮਹਿਲਾ ਕਾਂਗਰਸ, ਠੇਕੇਦਾਰ ਮੋਹਣ ਸਿੰਘ ਬਠਲਾਣਾ,ਹਰਦਿਆਲ ਚੰਦ ਬਡਬਰ,ਨੇ ਸੰਬੋਧਨ ਕੀਤਾ ਇਸ ਮੌਕੇ ਹੋਰਨਾਂ ਤੋਂ ਇਲਾਵਾ ਬੀਬੀ ਪਰਮਜੀਤ ਕੌਰ ਪ੍ਰਧਾਨ ਮਹਿਲਾ ਕਾਂਗਰਸ ਮੋਹਾਲੀ ਬੀਬੀ ਸਵਰਨਜੀਤ ਕੌਰ ਸਾਬਕਾ ਪ੍ਰਧਾਨ ਮਹਿਲਾ ਕਾਂਗਰਸ ਮੋਹਾਲੀ, ਕੰਵਰਬੀਰ ਸਿੰਘ ਸਿੱਧੂ ਤੋਂ ਇਲਾਵਾ ਵੱਡੀ ਗਿਣਤੀ ਵਿਚ ਕਾਂਗਰਸ ਪਾਰਟੀ ਦੇ ਅਹੁਦੇਦਾਰ ਅਤੇ ਵਰਕਰ ਪਿੰਡਾਂ ਦੇ ਪੰਚ,ਸਰਪੰਚ ਹਾਜ਼ਰ ਸਨ।

## ਵਿਸ਼ਾਲ ਕਲਸ਼ ਯਾਤਰਾ ਨਾਲ ਸ੍ਰੀਮਦ ਭਾਗਵਤ ਕਥਾ ਦੀ ਸ਼ੁਰੂਆਤ


**ਜ਼ੀਰਕਪੁਰ (ਜਤਿੰਦਰ ਕੁਮਾਰ)**-ਹਾਈਲੈਂਡ ਪਾਰਕ ਹਾਈਰਾਈਜ਼ ਸੁਸਾਇਟੀ ਵਿੱਚ ਸ਼ਰਧਾ ਅਤੇ ਭਗਤੀ ਭਾਵਨਾ ਦੇ ਵਿਚਕਾਰ ਵਿਸ਼ਾਲ ਕਲਸ਼ ਯਾਤਰਾ ਨਾਲ ਸ੍ਰੀਮਦ ਭਾਗਵਤ ਕਥਾ ਦੀ ਸ਼ੁਰੂਆਤ ਹੋਈ। ਵੱਡੀ ਗਿਣਤੀ ਵਿੱਚ ਔਰਤਾਂ ਨੇ ਸਿਰ 'ਤੇ ਕਲਸ਼ ਧਾਰਨ ਕਰਕੇ ਯਾਤਰਾ ਵਿੱਚ ਹਿੱਸਾ ਲਿਆ। ਸ਼ਰਧਾਲੂਆਂ ਦੀ ਮੌਜੂਦਗੀ ਅਤੇ ਧਾਰਮਿਕ ਜੈਕਾਰਿਆਂ ਨਾਲ ਨਿਕਲੀ ਕਲਸ਼



ਯਾਤਰਾ ਕਾਰਨ ਪੂਰੀ ਸੁਸਾਇਟੀ ਦਾ ਮਾਹੌਲ ਭਗਤੀਮਈ ਹੋ ਗਿਆ।ਕਲਸ਼ ਯਾਤਰਾ ਤੋਂ ਬਾਅਦ ਵਿਧੀਵਤ ਢੰਗ ਨਾਲ ਸ੍ਰੀਮਦ ਭਾਗਵਤ ਕਥਾ ਆਰੰਭ ਹੋਈ। ਕਥਾ ਵਿਆਸ ਆਚਾਰੀਆ ਜੈਦੇਵ ਭਾਰਦਵਾਜ ਮਹਾਰਾਜ ਨੇ ਪਹਿਲੇ ਦਿਨ ਸ਼ਰਧਾਲੂਆਂ ਨੂੰ ਭਾਗਵਤ ਮਹਾਤਮ ਦਾ ਵਰਣਨ ਸੁਣਾਇਆ। ਉਨ੍ਹਾਂ ਸ੍ਰੀਮਦ ਭਾਗਵਤ ਕਥਾ ਦੇ ਧਾਰਮਿਕ ਅਤੇ ਅਧਿਆਤਮਿਕ ਮਹੱਤਵ ਬਾਰੇ ਚਾਨਣਾ ਪਾਉਂਦਿਆਂ ਕਿਹਾ ਕਿ ਕਥਾ ਦਾ ਸਰਵਣ ਮਨੁੱਖ ਨੂੰ ਧਰਮ ਅਤੇ ਭਗਤੀ ਦੇ ਮਾਰਗ ਨਾਲ ਜੋੜਦਾ ਹੈ। ਕਥਾ ਸੁਣਨ ਲਈ ਸੁਸਾਇਟੀ ਵਾਸੀਆਂ ਵਿੱਚ ਖਾਸਾ ਉਤਸ਼ਾਹ ਦੇਖਣ ਨੂੰ ਮਿਲਿਆ। ਹਾਈਲੈਂਡ ਪਾਰਕ ਹਾਈਰਾਈਜ਼ ਸੁਸਾਇਟੀ ਦੇ ਪ੍ਰਧਾਨ ਰਾਜੀਵ ਕੱਕੜ ਨੇ ਕਿਹਾ ਕਿ ਸੁਸਾਇਟੀ ਵਿੱਚ ਸਾਰੇ ਤਿਉਹਾਰ ਅਤੇ ਧਾਰਮਿਕ ਸਮਾਗਮ ਪੂਰੀ ਸ਼ਰਧਾ ਅਤੇ ਆਪਸੀ ਸਹਿਯੋਗ ਨਾਲ ਮਨਾਏ ਜਾਂਦੇ ਹਨ। ਇਸ ਨਾਲ ਆਪਸੀ ਭਾਈਚਾਰਾ ਵਧਣ ਦੇ ਨਾਲ ਸੁਸਾਇਟੀ ਵਿੱਚ ਸਕਾਰਾਤਮਕ ਮਾਹੌਲ ਵੀ ਬਣਦਾ ਹੈ। ਵਿਸ਼ਾਲ ਕਲਸ਼ ਯਾਤਰਾ ਨਾਲ ਸ਼ੁਰੂ ਹੋਏ ਇਸ ਧਾਰਮਿਕ ਸਮਾਗਮ ਦੇ ਪਹਿਲੇ ਹੀ ਦਿਨ ਸ਼ਰਧਾਲੂਆਂ ਦਾ ਉਤਸ਼ਾਹ ਦੇਖਣਯੋਗ ਸੀ। ਭਗਤੀ, ਆਸਥਾ ਅਤੇ ਧਾਰਮਿਕ ਉਤਸ਼ਾਹ ਨਾਲ ਸਰਾਬੋਰ ਹਾਈਲੈਂਡ ਪਾਰਕ ਹਾਈਰਾਈਜ਼ ਵਿੱਚ ਹੁਣ ਕਥਾ ਦੇ ਅਗਲੇ ਪ੍ਰਸੰਗ ਸ਼ਰਧਾਲੂਆਂ ਨੂੰ ਸ੍ਰੀਮਦ ਭਾਗਵਤ ਦੇ ਅਧਿਆਤਮਿਕ ਸੰਦੇਸ਼ ਨਾਲ ਜੋੜਨਗੇ।


## ਸ਼ਹੀਦ ਭਗਤ ਸਿੰਘ ਦਾ ਜਨਮ ਦਿਵਸ ਮਨਾਇਆ

**ਮਾਹਿਲਪੁਰ (ਸ.ਫ਼ਰੀ)**-ਮਾਹਿਲਪੁਰ ਵਿਖੇ ਕਿਸਾਨ ਆਗੂਆਂ ਤੇ ਨੌਜਵਾਨਾਂ ਵਲੋਂ ਮਿਲ ਕੇ ਸ਼ਹੀਦ ਭਗਤ ਸਿੰਘ ਦਾ ਜਨਮ ਦਿਵਸ ਮਨਾਇਆ ਗਿਆ।ਸ਼ਹੀਦ-ਏ-ਆਜਮ ਦੀ ਫੋਟੋ ਨੂੰ ਸਿਜਦਾ ਕਰਦਿਆਂ ਸਾਰੇ ਸਾਥੀਆਂ ਨੇ ਦੇਸ਼ ਦੀ ਏਕਤਾ ਤੇ ਅਖੰਡਤਾ ਨੂੰ ਬਚਾਉਣ



ਲਈ ਸ਼ਹੀਦਾਂ ਦੇ ਦਰਸਾਏ ਮਾਰਗ ਤੇ ਚੱਲਣ ਦਾ ਅਹਿਦ ਲਿਆ।ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਹੁਸ਼ਿਆਰਪੁਰ ਦੇ ਜ਼ਿਲ੍ਹਾ ਪ੍ਰਚਾਰ ਸਕੱਤਰ ਤਲਵਿੰਦਰ ਸਿੰਘ ਹੀਰ,ਖੇਡ ਪ੍ਰਮੋਟਰ ਜਗਰਾਜ ਸਿੰਘ ਜੱਗਾ,ਧੀਰਜ ਕੁਮਾਰ,ਪਰਮਿੰਦਰ ਸਿੰਘ, ਮਨੀ ਮਾਹਿਲਪੁਰ,ਸਰਦਾਰ ਹਰਪ੍ਰੀਤ ਸਿੰਘ ਹੈਪੀ ਮਾਹਿਲਪੁਰ ਨੇ ਦੇਸ਼ ਵਾਸੀਆਂ ਨੂੰ ਸ਼ਹੀਦ ਭਗਤ ਸਿੰਘ ਦੇ ਜਨਮ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ ਤੇ ਨੌਜਵਾਨਾਂ ਨੂੰ ਸ਼ਹੀਦਾਂ ਦੀ ਸੋਚ ਤੇ ਚੱਲਣ ਤੇ ਦੇਸ਼ ਨੂੰ ਫਿਰਕਾਪ੍ਰਸਤ ਤਾਕਤਾਂ ਤੋਂ ਬਚਾਉਣ ਲਈ ਅੱਗੇ ਆਉਣ ਲਈ ਸੱਦਾ ਦਿੱਤਾ।


## ਖਾਲਸਾ ਕਾਲਜ 'ਚ ਕੁਇਜ਼ ਲਈ ਮੈਗਾ ਭਾਗੀਦਾਰੀ ਮੁਹਿੰਮ ਕਰਵਾਈ



**ਮਾਹਿਲਪੁਰ (ਸ.ਫ਼ਰੀ)**-ਵਿਕਸਿਤ ਭਾਰਤ ਯੰਗ ਲੀਡਰਜ਼ ਡਾਇਲਾਗ 2027 ਵਿੱਚ ਨੌਜਵਾਨਾਂ ਦੀ ਵੱਧ ਤੋਂ ਵੱਧ ਭਾਗੀਦਾਰੀ ਨੂੰ ਯਕੀਨੀ ਬਣਾਉਣ ਦੇ ਮਕਸਦ ਨਾਲ ਖੇਤਰ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿੱਚ ਵੀ. ਬੀ. ਵਾਈ. ਐਲ. ਡੀ.-2027 ਕੁਇਜ਼ ਲਈ ਮੈਗਾ ਭਾਗੀਦਾਰੀ ਮੁਹਿੰਮ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦੌਰਾਨ ਕਾਲਜ ਦੇ ਐਨ ਐਸ ਐਸ ਵਲੰਟੀਅਰਾਂ ਅਤੇ ਵਿਦਿਆਰਥੀਆਂ ਨੂੰ ਮਾਈ ਭਾਰਤ ਪੋਰਟਲ 'ਤੇ ਕਰਵਾਏ ਜਾ ਰਹੇ ਵੀ ਬੀ ਵਾਈ ਐਲ.ਡੀ. ਕੁਇਜ਼, ਇਸ ਦੀ ਪ੍ਰਕਿਰਿਆ ਅਤੇ ਮੁਕਾਬਲੇ ਦੇ ਆਉਣ ਵਾਲੇ ਪੜਾਵਾਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ ਗਈ ਅਤੇ ਵਿਦਿਆਰਥੀਆਂ ਨੂੰ ਉਕਤ ਕੁਇਜ਼ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਹਿੱਸਾ ਲੈਣ ਅਤੇ ਵਿਕਸਿਤ ਭਾਰਤ ਦੇ ਨਿਰਮਾਣ ਦੀ ਪ੍ਰਕਿਰਿਆ ਵਿੱਚ ਸਰਗਰਮ ਭਾਈਵਾਲ ਬਣਨ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਰਾਸ਼ਟਰੀ ਸੇਵਾ ਯੋਜਨਾ, ਖੇਤਰੀ ਡਾਇਰੈਕਟੋਰੇਟ, ਚੰਡੀਗੜ੍ਹ, ਯੁਵਾ ਮਾਮਲੇ ਅਤੇ ਖੇਡ ਮੰਤਰਾਲਾ, ਭਾਰਤ ਸਰਕਾਰ ਤੋਂ ਯੰਗ ਪ੍ਰੋਫੈਸ਼ਨਲ ਅੰਕੁਸ਼ ਨਿਸ਼ਾਵਨ ਨੇ ਵਿਦਿਆਰਥੀਆਂ ਨੂੰ ਵਿਕਸਿਤ ਭਾਰਤ ਯੰਗ ਲੀਡਰਜ਼ ਡਾਇਲਾਗ 2027 ਦੀ ਪੂਰੀ ਪ੍ਰਕਿਰਿਆ ਤੋਂ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਵੀ ਬੀ ਵਾਈ ਐਲ ਡੀ ਸਿਰਫ਼ ਇੱਕ ਮੁਕਾਬਲਾ ਨਹੀਂ, ਸਗੋਂ ਦੇਸ਼ ਦੇ ਨੌਜਵਾਨਾਂ ਨੂੰ ਲੀਡਰਸ਼ਿਪ, ਨਵੀਨਤਾ, ਵਿਚਾਰ-ਵਟਾਂਦਰੇ ਅਤੇ ਰਾਸ਼ਟਰ ਨਿਰਮਾਣ ਨਾਲ ਜੋੜਨ ਵਾਲਾ ਇੱਕ ਅਹਿਮ ਰਾਸ਼ਟਰੀ ਮੰਚ ਹੈ। ਉਨ੍ਹਾਂ ਦੱਸਿਆ ਕਿ ਵਿਕਸਿਤ ਭਾਰਤ ਕੁਇਜ਼ 17 ਅਗਸਤ ਤੋਂ 30 ਸਤੰਬਰ 2026 ਤੱਕ ਮਾਈ ਭਾਰਤ ਪੋਰਟਲ ਤੇ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ 15 ਤੋਂ 29 ਸਾਲ ਉਮਰ ਵਰਗ ਦੇ ਨੌਜਵਾਨ ਹਿੱਸਾ ਲੈ ਸਕਦੇ ਹਨ। ਇਸ ਮੌਕੇ ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਪ੍ਰੋਫੈਸਰ ਅਰਾਧਨਾ ਦੁੱਗਲ ਨੇ ਵਿਦਿਆਰਥੀਆਂ ਨੂੰ ਅਜਿਹੇ ਰਾਸ਼ਟਰੀ ਪ੍ਰੋਗਰਾਮਾਂ ਵਿੱਚ ਸਰਗਰਮ ਭਾਗੀਦਾਰੀ ਲਈ ਉਤਸ਼ਾਹਿਤ ਕੀਤਾ।

# ਬਲਾਚੌਰ ਦੇ ਕਈ ਪ੍ਰਮੁੱਖ ਆਗੂਆਂ ਨੇ ਫੜਿਆ ਅਕਾਲੀ ਦਲ ਦਾ ਪੱਲਾ


**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ, ਰਾਮ ਲਾਲ)**-ਅਕਾਲੀ ਦਲ (ਬਾਦਲ) ਵੱਲੋਂ ਹਲਕਾ ਬਲਾਚੌਰ ਵਿੱਚ ਪਾਰਟੀ ਸੰਗਠਨ ਨੂੰ ਮਜ਼ਬੂਤ ਕਰਨ ਲਈ ਵਿੱਢੀ ਗਈ ਮੁਹਿੰਮ ਨੂੰ ਉਸ ਸਮੇਂ ਵੱਡੀ ਸਫ਼ਲਤਾ ਮਿਲੀ, ਜਦੋਂ ਵਾਰਡ ਨੰਬਰ 8 ਦੇ ਵੱਖ-ਵੱਖ ਸਿਆਸੀ ਧਿਰਾਂ ਨਾਲ ਸਬੰਧਤ ਕਈ ਪ੍ਰਮੁੱਖ ਆਗੂਆਂ ਅਤੇ ਵਰਕਰਾਂ ਨੇ ਪਾਰਟੀ ਦੀਆਂ ਨੀਤੀਆਂ ਵਿੱਚ ਵਿਸ਼ਵਾਸ ਪ੍ਰਗਟਾਉਂਦਿਆਂ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਮੂਲੀਅਤ ਕਰਨ ਦਾ ਐਲਾਨ ਕੀਤਾ। ਇਹ



ਸ਼ਮੂਲੀਅਤ ਹਲਕਾ ਇੰਚਾਰਜ ਹਨੀ ਟੌਸਾ ਦੀ ਯੋਗ ਅਤੇ ਪ੍ਰਭਾਵਸ਼ਾਲੀ ਅਗਵਾਈ ਹੇਠ ਕਰਵਾਈ ਗਈ।ਜ਼ਿਕਰਯੋਗ ਹੈ ਕਿ ਜਦੋਂ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਵੱਲੋਂ ਹਨੀ ਟੌਸਾ ਨੂੰ ਹਲਕਾ ਬਲਾਚੌਰ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ, ਉਹ ਅਤੇ ਉਨ੍ਹਾਂ ਦੀ ਪੂਰੀ ਟੀਮ ਦਿਨ-ਰਾਤ ਹਲਕੇ ਦੇ ਘਰ-ਘਰ ਤੱਕ ਪਹੁੰਚ ਕਰਕੇ ਲੋਕਾਂ ਨੂੰ ਪਾਰਟੀ ਨਾਲ ਜੋੜਨ ਵਿੱਚ ਜੁਟੇ ਹੋਏ ਹਨ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਣ ਵਾਲੇ ਪ੍ਰਮੁੱਖ ਆਗੂਆਂ ਵਿੱਚ: ?ਪਰਵਿੰਦਰ ਸਿੰਘ ਲਾਲੀ,? ਰਮੇਸ਼ ਲਾਲ ਜਸਵੀਰ ਸਿੰਘ, ?ਪਰਮਜੀਤ ਸਿੰਘ, ?ਮਨਿੰਦਰ ਕੁਮਾਰ, ?ਸੋਨੂੰ ਅਤੇ ਉਨ੍ਹਾਂ ਦੇ ਹੋਰ ਅਨੇਕਾਂ ਸਮਰਥਕ ਸ਼ਾਮਲ ਹਨ। ਹਲਕਾ ਇੰਚਾਰਜ ਹਨੀ ਟੌਸਾ ਦੀ ਲੀਡਰਸ਼ਿਪ ਵਿੱਚ ਪੂਰਨ ਭਰੋਸਾ ਜਤਾਉਂਦਿਆਂ ਇਹਨਾਂ ਸਾਰੇ ਆਗੂਆਂ ਨੇ ਪਾਰਟੀ ਦਾ ਪੱਲਾ ਫੜਿਆ।ਇਸ ਮੌਕੇ ਪਾਰਟੀ ਵਿੱਚ ਸ਼ਾਮਲ ਹੋਏ ਆਗੂਆਂ ਨੇ ਸਾਂਝੇ ਤੌਰ 'ਤੇ ਆਖਿਆ ਕਿ ਉਹ ਹਲਕਾ ਇੰਚਾਰਜ ਹਨੀ ਟੌਸਾ ਦੀ ਮਿਹਨਤੀ ਲੀਡਰਸ਼ਿਪ ਅਤੇ ਪਾਰਟੀ ਦੀਆਂ ਨੀਤੀਆਂ ਤੋਂ ਬਹੁਤ ਪ੍ਰਭਾਵਿਤ ਹਨ। ਦੂਜੇ ਪਾਸੇ, ਹਲਕਾ ਇੰਚਾਰਜ ਹਨੀ ਟੌਸਾ ਨੇ ਪਾਰਟੀ ਵਿੱਚ ਆਏ ਸਾਰੇ ਨਵੇਂ ਸਾਥੀਆਂ ਦਾ ਨਿੱਘਾ ਸਵਾਗਤ ਕੀਤਾ। ਇਸ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਹਲਕਾ ਇੰਚਾਰਜ ਹਨੀ ਟੌਸਾ ਤੋਂ ਇਲਾਵਾ ਤਰਲੋਚਨ ਸਿੰਘ, ਬਿਮਲ ਕੁਮਾਰ ਸਿਆਣਾ ਸਾਬਕਾ ਚੇਅਰਮੈਨ, ਸਤਨਾਮ ਸਿੰਘ ਸਹੂੰਗੜਾ, ਅਜਮੇਰ ਸਿੰਘ ਭਾਗਪੁਰ, ਗੁਰਦੀਪ ਬਕਾਪੁਰ, ਰਾਣਾ ਰਣਦੀਪ ਕੌਸ਼ਲ ਸਾਬਕਾ ਪ੍ਰਧਾਨ, ਯੂਥ ਆਗੂ ਬਿੱਟੂ ਹੱਕਲਾ ਨਰਿੰਦਰ ਚੇਚੀ ਜ਼ਿਲ੍ਹਾ ਪ੍ਰਧਾਨ ਬੀ.ਸੀ. ਵਿੰਗ), ਬਿੱਟੂ ਆਦੋਆਣਾ, ਸਰਬਜੀਤ ਕੋਹਲੀ ਗੌਰਵ ਚੌਹਾਨ, ਅਵਤਾਰ ਸਿੰਘ, ਓਂਕਾਰ ਭੁੰਬਲਾ, ਸੰਮੀ ਸਰਪੰਚ ਉਧਨੋਵਾਲ, ਦਿਲਾਵਰ ਦਿੱਲੀ ਅਤੇ ਸੋਹਣ ਸਿੰਘ ਟੱਪਰੀਆਂ ਸਮੇਤ ਸਮੂਹ ਅਕਾਲੀ ਟੀਮ ਦੇ ਅਹੁਦੇਦਾਰ ਅਤੇ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਸ਼ਹੀਦ-ਏ-ਆਜ਼ਮ ਸ੍ਰ. ਭਗਤ ਸਿੰਘ ਦਾ ਜਨਮ ਦਿਨ ਮਨਾਇਆ

**ਚੰਡੀਗੜ੍ਹ (ਸੁਰਜੀਤ ਸੁਮਨ)**-'ਸ਼ਹੀਦ-ਏ-ਆਜ਼ਮ ਸ੍ਰ. ਭਗਤ ਸਿੰਘ ਦੀ ਜ਼ਿੰਦਗੀ ਸਾਡੇ ਲਈ ਸਿਰਫ ਇਤਿਹਾਸ ਦਾ ਇੱਕ ਅਧਿਆਇ ਹੀ ਨਹੀਂ, ਸਗੋਂ ਅੱਜ ਨੌਜਵਾਨ ਪੀੜ੍ਹੀ ਲਈ ਹਿੰਮਤ,



ਕੁਰਬਾਨੀ ਅਤੇ ਆਪਣੇ ਅਸੂਲਾਂ 'ਤੇ ਡਟੇ ਰਹਿਣ ਦੀ ਪ੍ਰੇਰਣਾ ਅਤੇ ਤਾਕਤ ਬਣਨ ਦਾ ਅਧਿਆਇ ਹੈ।' ਉਨ੍ਹਾਂ ਆਪਣੀ ਛੋਟੀ ਉਮਰ ਵਿੱਚ ਦੇਸ਼ ਦੀ ਆਜ਼ਾਦੀ ਲਈ ਜੋ ਸੰਘਰਸ਼ ਕਰਦਿਆਂ ਕੁਰਬਾਨੀ ਦਿੱਤੀ, ਉਹ ਸਦਾ ਯਾਦ ਰਹੇਗੀ।' ਉੱਘੇ ਸਮਾਜ ਸੇਵੀ ਅਮਰੀਕ ਸਿੰਘ ਹੈਪੀ ਨੇ ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਅੱਜ ਜਿਹੜੀ ਆਜ਼ਾਦੀ ਅਸੀਂ ਮਾਣ ਰਹੇ ਹਾਂ, ਉਹ ਸ੍ਰ. ਭਗਤ ਸਿੰਘ ਦੀ ਹੀ ਦੇਣ ਹੈ। ਉਨ੍ਹਾਂ ਕਾਵਿਕ ਭਾਸ਼ਾ ਵਿੱਚ ਗੱਲ ਕਰਦਿਆਂ ਕਿਹਾ, 'ਮਿੱਟੀ ਪੰਜਾਬ ਦੀ ਅੱਜ ਵੀ ਤੇਰੇ ਕਦਮਾਂ ਨੂੰ ਲੱਭਦੀ ਏ/ ਭਗਤ ਸਿੰਘਾ, ਤੇਰੀ ਸ਼ਹਾਦਤ ਹਰ ਧੜਕਣ ਵਿੱਚ ਵੱਸਦੀ ਏ।' ਜ਼ਿਕਰਯੋਗ ਹੈ ਕਿ ਅਮਰੀਕ ਸਿੰਘ ਹੈਪੀ ਵੱਲੋਂ ਆਪਣੇ ਸਾਥੀਆਂ ਸਮੇਤ ਸ਼ਹੀਦ ਭਗਤ ਸਿੰਘ ਦੇ ਜਨਮ ਦਿਨ ਮੌਕੇ ਉਨ੍ਹਾਂ ਨੂੰ ਯਾਦ ਕਰਦਿਆਂ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਬਿੱਲਾ ਭੂਰੜਿਆਂ, ਕੁਲਜੀਤ ਸਿੰਘ, ਜਗਜੀਤ ਸਿੰਘ, ਰਜਿੰਦਰ ਸਿੰਘ ਲਾਡੀ, ਜਸਮੇਰ ਸਿੰਘ ਬਾਠ, ਪੰਕਜ ਕੁਮਾਰ, ਲਖਬੀਰ ਸਿੰਘ ਭੱਟੀ, ਹਰਮਨਦੀਪ ਸਿੰਘ, ਜਸਪ੍ਰੀਤ ਸਿੰਘ, ਡਾ. ਅਵਤਾਰ ਸਿੰਘ, ਅਵਨੀਤ ਸਿੰਘ ਨਵੀ ਆਦਿ ਸਾਰਿਆਂ ਨੇ ਸ਼ਹੀਦ ਭਗਤ ਸਿੰਘ ਦੇ ਜਨਮ ਦਿਨ 'ਤੇ ਸ਼ਰਧਾਂਜਲੀ ਭੇਟ ਕੀਤੀ।

ਜਨਮ ਦਿਨ ਮੁਬਾਰਕ



ਬੇਬੀ ਕਰਿਸਟਲ
ਸ੍ਰੀ ਮੁਕਤਸਰ ਸਾਹਿਬ

ਵਰ੍ਹੇਗੰਢ ਮੁਬਾਰਕ



ਪੱਤਰਕਾਰ ਹਾਕਮ ਸਿੰਘ ਭੱਟੀ ਲਖਮੀਰ ਵਾਲਾ, ਰਜਵੰਤ ਕੌਰ ਨੇ ਵਿਆਹ ਦੀ ਵਰ੍ਹੇਗੰਢ ਮਨਾਈ।

## ਰੋਟਰੀ ਕਲੱਬ ਹੁਸ਼ਿਆਰਪੁਰ ਮਿਡ ਟਾਊਨ ਵੱਲੋਂ ਸ਼ਹੀਦ ਭਗਤ ਸਿੰਘ ਨੂੰ ਸ਼ਰਧਾਂਜਲੀ ਭੇਟ

**ਹੁਸ਼ਿਆਰਪੁਰ (ਓ ਪੀ ਰਾਣਾ)**-ਰੋਟਰੀ ਕਲੱਬ ਹੁਸ਼ਿਆਰਪੁਰ ਮਿਡ ਟਾਊਨ ਵੱਲੋਂ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ ਸ਼ਹੀਦ ਭਗਤ ਸਿੰਘ ਚੌਂਕ ਵਿਖੇ ਸ਼ਰਧਾਂਜਲੀ ਸਮਾਗਮ ਕਰਵਾਇਆ। ਇਸ ਮੌਕੇ ਕਲੱਬ ਦੇ ਮੈਂਬਰਾਂ ਨੇ ਮਹਾਨ



ਕ੍ਰਾਂਤੀਕਾਰੀ ਦੀ ਪ੍ਰਤਿਮਾ 'ਤੇ ਫੁੱਲ ਭੇਟ ਕਰਕੇ ਨਮਨ ਕੀਤਾ ਅਤੇ ਦੇਸ਼ ਦੀ ਆਜ਼ਾਦੀ ਲਈ ਦਿੱਤੀ ਗਈ ਕੁਰਬਾਨੀ ਨੂੰ ਸ਼ਰਧਾ ਨਾਲ ਯਾਦ ਕੀਤਾ। ਸਮਾਗਮ ਦੌਰਾਨ ਹਾਜ਼ਰ ਮੈਂਬਰਾਂ ਨੇ ਕਿਹਾ ਕਿ ਸ਼ਹੀਦ-ਏ-ਆਜ਼ਮ ਭਗਤ ਸਿੰਘ ਦਾ ਜੀਵਨ ਦੇਸ਼ ਭਗਤੀ, ਸਾਹਸ, ਤਿਆਗ ਅਤੇ ਰਾਸ਼ਟਰ ਸੇਵਾ ਦੀ ਅਦੁੱਤੀ ਮਿਸਾਲ ਹੈ। ਉਨ੍ਹਾਂ ਨੇ ਆਪਣਾ ਜਵਾਨ ਜੀਵਨ ਦੇਸ਼ ਦੀ ਆਜ਼ਾਦੀ ਲਈ ਸਮਰਪਿਤ ਕਰ ਦਿੱਤਾ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਣਾ ਦਾ ਅਮਿੱਟ ਸਰੋਤ ਬਣੇ। ਬੁਲਾਰਿਆਂ ਨੇ ਕਿਹਾ ਕਿ ਅੱਜ ਦੇ ਨੌਜਵਾਨਾਂ ਨੂੰ ਭਗਤ ਸਿੰਘ ਦੇ ਆਦਰਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦੀ ਲੋੜ ਹੈ ਤਾਂ ਜੋ ਉਹ ਰਾਸ਼ਟਰ ਨਿਰਮਾਣ ਵਿੱਚ ਸਰਗਰਮ ਭੂਮਿਕਾ ਨਿਭਾ ਸਕਣ। ਕਲੱਬ ਦੇ ਪ੍ਰਧਾਨ ਰੋਟੇਰੀਅਨ ਰਾਕੇਸ਼ ਕਪੂਰ ਨੇ ਕਿਹਾ ਕਿ ਭਗਤ ਸਿੰਘ ਸਿਰਫ਼ ਇੱਕ ਵਿਅਕਤੀ ਨਹੀਂ ਸਗੋਂ ਇੱਕ ਵਿਚਾਰਧਾਰਾ ਹਨ, ਜੋ ਦੇਸ਼ ਵਾਸੀਆਂ ਨੂੰ ਹਮੇਸ਼ਾ ਦੇਸ਼ ਹਿੱਤ ਨੂੰ ਸਰਵੋਪਰਿ ਰੱਖਣ ਦੀ ਪ੍ਰੇਰਣਾ ਦਿੰਦੀ ਹੈ। ਕਲੱਬ ਦੇ ਸਕੱਤਰ ਰੋਟੇਰੀਅਨ ਇੰਦਰਪਾਲ ਸਿੰਘ ਸਚਦੇਵਾ ਨੇ ਕਿਹਾ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਸਦਕਾ ਹੀ ਅੱਜ ਦੇਸ਼ ਆਜ਼ਾਦ ਮਾਹੌਲ ਵਿੱਚ ਤਰੱਕੀ ਕਰ ਰਿਹਾ ਹੈ। ਇਸ ਮੌਕੇ ਰੋਟੇਰੀਅਨ ਜਗਮੀਤ ਸਿੰਘ ਸੇਠੀ, ਰੋਟੇਰੀਅਨ ਡੀ ਪੀ ਕਥੂਰੀਆ, ਰੋਟੇਰੀਅਨ ਕੁਲਜੀਤ ਸਿੰਘ ਸੈਣੀ, ਰੋਟੇਰੀਅਨ ਜੋਗਿੰਦਰ ਸਿੰਘ, ਰੋਟੇਰੀਅਨ ਰਜਨੀਸ਼ ਗੁਲਿਆਨੀ , ਰੋਟੇਰੀਅਨ ਗੋਪਾਲ ਵਾਸੁਦੇਵਾ, ਰੋਟੇਰੀਅਨ ਤਜਿੰਦਰ ਓਹਰੀ, ਰੋਟੇਰੀਅਨ ਰਮੇਸ਼ ਚੱਢਾ ਅਤੇ ਰੋਟੇਰੀਅਨ ਵਿਕਰਮ ਸ਼ਰਮਾ ਸਮੇਤ ਹੋਰ ਮੈਂਬਰ ਹਾਜ਼ਰ ਸਨ। ਸਮਾਗਮ ਦੇ ਅੰਤ ਵਿੱਚ ਸਾਰੇ ਮੈਂਬਰਾਂ ਨੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਜੀ ਵੱਲੋਂ ਦਿਖਾਏ ਰਾਹ 'ਤੇ ਚੱਲਣ ਅਤੇ ਸਮਾਜ ਤੇ ਰਾਸ਼ਟਰ ਦੀ ਸੇਵਾ ਲਈ ਨਿਰੰਤਰ ਯਤਨਸ਼ੀਲ ਰਹਿਣ ਦਾ ਸੰਕਲਪ ਲਿਆ।

# ਨਸ਼ਾ ਮੁਕਤ ਯਾਤਰਾ ਤਹਿਤ ਦਸੂਹਾ ਵਿਖੇ ਪ੍ਰੋਗਰਾਮ ਕਰਵਾਇਆ

**ਦਸੂਹਾ (ਕਰਨੈਲ ਮਾਂਗਟ)**-ਪੰਜਾਬ ਨੂੰ ਨਸ਼ਿਆਂ ਦੇ ਕੋਹੜ ਤੋਂ ਮੁਕਤ ਕਰਵਾਉਣ ਲਈ ਕੱਢੀ ਜਾ ਰਹੀ 'ਨਸ਼ਾ ਮੁਕਤ ਯਾਤਰਾ' ਦੇ ਤਹਿਤ ਦਸੂਹਾ ਦੇ ਗੁਰੂ ਹਰਗੋਬਿੰਦ ਪੈਟਰੋਲ ਪੰਪ





(ਸਾਹੀ ਪੰਪ) ਵਿਖੇ ਇੱਕ ਵਿਸ਼ਾਲ ਪ੍ਰੋਗਰਾਮ ਉਲੀਕਿਆ ਗਿਆ। ਭਾਜਪਾ ਦੇ ਨੌਜਵਾਨ ਅਤੇ ਗਤੀਸ਼ੀਲ ਆਗੂ ਡਾ. ਹਰਸਿਮਰਤ ਸਾਹੀ ਦੀ ਯੋਗ ਅਗਵਾਈ ਹੇਠ ਹੋਏ ਇਸ ਵਿਸ਼ਾਲ ਇਕੱਠ ਵਿੱਚ ਵਰਕਰਾਂ ਅਤੇ ਇਲਾਕਾ ਨਿਵਾਸੀਆਂ ਨੇ ਸ਼ਮੂਲੀਅਤ ਕਰਕੇ ਨਸ਼ਿਆਂ ਖਿਲਾਫ਼ ਡਟਣ ਦਾ ਸੰਕਲਪ ਲਿਆ। ਇਸ ਵਿਸ਼ੇਸ਼ ਮੌਕੇ 'ਤੇ ਪਾਰਟੀ ਦੇ ਕਈ ਸੀਨੀਅਰ ਅਹੁਦੇਦਾਰਾਂ ਅਤੇ ਪ੍ਰਮੁੱਖ ਸ਼ਖਸੀਅਤਾਂ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ, ਜਿਨ੍ਹਾਂ ਵਿੱਚ ਕਿਸ਼ਤਵਾੜ ਤੋ ਐਮ.ਐਲ.ਏ. ਸ਼ਗੁਨ ਪਰਿਹਾਰ , ਅਸ਼ਵਨੀ ਸ਼ਰਮਾ ਸਾਬਕਾ ਪ੍ਰਧਾਨ ਪੰਜਾਬ ਬੀ ਜੇ ਪੀ, ਐਮ ਐਲ ਏ ਜੰਗੀ ਲਾਲ ਮਹਾਜਨ, ਵਿਜੇ ਸਾਂਪਲਾ ਸਾਬਕਾ ਮੰਤਰੀ, ਪਰਮਿੰਦਰ ਸਿੰਘ ਬਰਾੜ ਜਨਰਲ ਸੈਕਟਰੀ ਪੰਜਾਬ ਬੀ ਜੇ ਪੀ, ਮਹੰਤ ਰਾਜ ਗਿਰੀ, ਰਕੇਸ਼ ਸ਼ਰਮਾ ਪ੍ਰਭਾਰੀ, ਮੀਨੂ ਸੇਠੀ ਸੈਕਟਰੀ ਪੰਜਾਬ ਬੀਜੇਪੀ, ਸੰਜੀਵ ਮਨਹਾਸ ਜ਼ਿਲਾ ਪ੍ਰਧਾਨ , ਰਘੁਨਾਥ ਰਾਣਾ ਹਲਕਾ ਇੰਚਾਰਜ ਪ੍ਰਮੁੱਖ ਸਨ। ਇਨ੍ਹਾਂ ਆਗੂਆਂ ਦੀ ਮੌਜੂਦਗੀ ਨੇ ਪ੍ਰੋਗਰਾਮ ਨੂੰ ਹੋਰ ਵੀ ਪ੍ਰਭਾਵਸ਼ਾਲੀ ਬਣਾਇਆ। ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਡਾ. ਹਰਸਿਮਰਤ ਸਾਹੀ ਨੇ ਨਸ਼ਿਆਂ ਦੇ ਮੁੱਦੇ ਦੇ ਨਾਲ-ਨਾਲ ਸੂਬੇ ਵਿੱਚ ਢਹਿ-ਢੇਰੀ ਹੋ ਚੁੱਕੀ ਕਾਨੂੰਨ ਵਿਵਸਥਾ ਨੂੰ ਲੈ ਕੇ ਸਰਕਾਰ 'ਤੇ ਤਿੱਖਾ ਹਮਲਾ ਬੋਲਿਆ। ਇਸ ਮੌਕੇ ਤੇ ਅਸ਼ੋਕ ਸਭਰਵਾਲ, ਕਰਨਪਾਲ ਸਿੰਘ ਗੋਲਡੀ, ਓਮਕਾਰ ਸਿੰਘ, ਡਿੰਕੀ ਰਾਣਾ, ਪਸ਼ਵਿੰਦਰ ਸਿੰਘ, ਰਾਮ ਸ਼ਰਨ ਪ੍ਰੈਸ਼ਰ, ਜਸਵੰਤ ਭੱਪੂ, ਰਜਨੀ ਕੌਸ਼ਲ, ਮਨੋਜ ਕੁਮਾਰ, ਤਰਲੋਚਨ ਸਿੰਘ, ਨਵਦੀਪ ਸਿੰਘ, ਖੁਸ਼ਵੰਤ ਸਿੰਘ ਚੀਮਾ, ਸ਼ਾਮ ਸਿੰਘ, ਸੁਭਾਸ਼ ਚੰਦਰ, ਬੱਬੀ ਡੋਗਰਾ ਅਤੇ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਹਾਜ਼ਰ ਸਨ।

## ਮਾਰਕੀਟ ਕਮੇਟੀ ਢਿਲਵਾਂ ਦੇ ਚੈਅਰਮੈਨ ਦਾ ਤਾਜਪੋਸ਼ੀ ਸੰਬੰਧੀ ਸਮਾਗਮ

**ਢਿਲਵਾਂ (ਪਲਵਿੰਦਰ ਸਿੰਘ ਜੈ ਰਾਮਪੁਰ)**-ਮਾਰਕੀਟ ਕਮੇਟੀ ਢਿਲਵਾਂ ਦੇ ਚੈਅਰਮੈਨ ਬਿਕਰਮਜੀਤ ਸਿੰਘ ਕੋਹਾੜ ਦੀ ਤਾਜਪੋਸ਼ੀ ਸਬੰਧੀਂ ਮਾਰਕੀਟ ਕਮੇਟੀ ਢਿੱਲਵਾਂ ਦਫਤਰ ਵਿਚ ਸਮਾਗਮ ਕਰਵਾਇਆ ਗਿਆ। ਸਵੇਰੇ ਸਭ ਤੋਂ ਪਹਿਲਾ 9.30 ਵਜੇ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਆਰੰਭ ਕੀਤਾ ਗਿਆ, ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਉਪਰੰਤ ਵੱਖ ਵੱਖ ਜਥਿਆਂ ਵੱਲੋ ਗੁਰਬਾਣੀ ਸੁਣਾ ਕੇ ਹਾਜਿਰ ਸੰਗਤਾਂ ਨੂੰ ਨਿਹਾਲ ਕੀਤਾ ਕੀਤਾ ।ਗੁਰੂ ਦਾ ਲੰਗਰ ਅਟੁੱਟ ਵਰਤਾਇਆ ਗਿਆ। ਇਸ ਮੌਕੇ ਹਲਕਾ ਇੰਚਾਰਜ ਹਰਸਿਮਰਨ ਸਿੰਘ ਘੁੰਮਣ ਵਿਸ਼ੇਸ਼ ਤੌਰ ਤੇ ਪੁਹੰਚੇ। ਉਹਨਾਂ



ਨਵੇਂ ਬਣੇ ਚੈਅਰਮੈਨ ਬਿਕਰਮਜੀਤ ਸਿੰਘ ਕੋਹਾੜ ਦੀ ਤਾਜਪੋਸ਼ੀ ਤੇ ਵਧਾਈਆ ਦਿੱਤੀਆਂ। ਇਸ ਮੌਕੇ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਢਿੱਲਵਾਂ ਕੁਲਦੀਪ ਪਾਠਕ, ਬਲਜੀਤ ਸਿੰਘ ਢਿੱਲੋ ਸਿਟੀ ਪ੍ਰਧਾਨ, ਵਿੱਕੀ ਭੰਮਰਾ ਕੋਆਰਡੀਨੇਟਰ ਹਲਕਾ ਭੁਲੱਥ, ਸੁਰਜੀਤ ਸਿੰਘ ਗੋਰਾ, ਹੈਪੀ ਖੱਦਰ ਚੈਅਰਮੈਨ, ਦਲਵੀਰ ਸਿੰਘ ਵਸੀਕਾ ਕੌਂਸਲਰ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜਿਰ ਸਨ।